13-FEB-PAGE-1.qxd 2/12/2023 8:41 PM Page 1

ਸੋਮਵਾਰ, 13 ਫਰਵਰੀ, 2023
1 ਫੱਗਣ { ਨਾਨਕਸ਼ਾਹੀ 554 / ਬਿਕਰਮੀ 2079
ਜਿਲਦ/VOL. : 71
ਅੰਕ/NO. : 254

# ਨਵਾਂ ਜ਼ਮਾਨਾ

DAILY NAWAN ZAMANA • MONDAY, 13 FEBRUARY, 2023 ਜਲੰਧਰ

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ   Regd. No : Pb/JL-123/2021-23, (R.N.I.)-00068/57   E-mail : nawanzamana@gmail.com   www.nawanzamana.in   ਸਫ਼ੇ : 12

## ਅਯੁੱਧਿਆ ਕੇਸ ਵਾਲੇ ਜਸਟਿਸ ਨਜ਼ੀਰ ਬਣੇ ਰਾਜਪਾਲ

### ਰਿਟਾਇਰਮੈਂਟ ਦੇ ਚਾਲੀ ਦਿਨਾਂ ਦੇ ਅੰਦਰ ਨਵੀਂ ਨਿਯੁਕਤੀ, 6 ਨਵੇਂ ਰਾਜਪਾਲਾਂ ਦੀ ਲਿਸਟ 'ਚ ਕੈਪਟਨ ਦਾ ਨਾਂਅ ਨਹੀਂ

**ਨਵੀਂ ਦਿੱਲੀ** : ਕੇਂਦਰ ਸਰਕਾਰ ਨੇ ਐਤਵਾਰ 6 ਰਾਜਾਂ 'ਚ ਨਵੇਂ ਰਾਜਪਾਲ ਨਿਯੁਕਤ ਕੀਤੇ। ਇਨ੍ਹਾਂ ਵਿਚ ਸੁਪਰੀਮ ਕੋਰਟ ਦੇ ਰਿਟਾਇਰਡ ਜਸਟਿਸ ਐੱਸ ਅਬਦੁਲ ਨਜ਼ੀਰ ਤੇ ਚਾਰ ਭਾਜਪਾ ਆਗੂ ਸ਼ਾਮਲ ਹਨ। ਇਸ ਤੋਂ ਇਲਾਵਾ 7 ਰਾਜਾਂ ਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਰਾਜਪਾਲਾਂ ਤੇ ਉਪ ਰਾਜਪਾਲਾਂ ਨੂੰ ਇੱਧਰ-ਉੱਧਰ ਕੀਤਾ। ਸ਼ਿਵਾਜੀ 'ਤੇ ਬਿਆਨ ਦੇ ਕੇ ਵਿਵਾਦਾਂ ਵਿਚ ਆਏ ਰਾਜਪਾਲ ਭਗਤ ਸਿੰਘ ਕੋਸ਼ਿਆਰੀ ਦਾ ਅਸਤੀਫਾ ਰਾਸ਼ਟਰਪਤੀ ਦਰੋਪਦੀ ਮੁਰਮੂ ਨੇ ਸਵੀਕਾਰ ਕਰਕੇ ਉਨ੍ਹਾ ਦੀ ਥਾਂ ਰਮੇਸ਼ ਬੈਂਸ ਨੂੰ ਨਿਯੁਕਤ ਕੀਤਾ ਹੈ, ਜਿਹੜੇ ਝਾਰਖੰਡ ਦੇ ਰਾਜਪਾਲ ਸਨ।



ਸਭ ਤੋਂ ਹੈਰਾਨੀ ਭਰੀ ਨਿਯੁਕਤੀ ਜਸਟਿਸ ਅਬਦੁਲ ਨਜ਼ੀਰ ਦੀ ਆਂਧਰਾ ਪ੍ਰਦੇਸ਼ ਦੇ ਰਾਜਪਾਲ ਵਜੋਂ ਹੋਈ ਹੈ। ਉਹ ਅਯੁੱਧਿਆ ਵਿਚ ਰਾਮ ਮੰਦਰ ਦੇ ਹੱਕ ਵਿਚ ਫੈਸਲਾ ਦੇਣ ਵਾਲੀ ਸੁਪਰੀਮ ਕੋਰਟ ਦੇ ਜੱਜਾਂ ਦੀ ਬੈਂਚ ਵਿਚ ਸ਼ਾਮਲ ਸਨ। ਉਹ ਚਾਰ ਜਨਵਰੀ ਨੂੰ ਰਿਟਾਇਰ ਹੋਏ ਸਨ ਤੇ 40 ਦਿਨਾਂ ਵਿਚ ਹੀ ਉਨ੍ਹਾ ਨੂੰ ਰਾਜਪਾਲ ਦੇ ਅਹੁਦੇ ਵਜੋਂ ਨਿਵਾਜਿਆ ਗਿਆ ਹੈ। ਰਿਟਾਇਰਮੈਂਟ ਵੇਲੇ ਜਸਟਿਸ ਨਜ਼ੀਰ ਨੇ ਕਿਹਾ ਸੀ—ਜੇ 9 ਨਵੰਬਰ ਨੂੰ ਆਏ ਫੈਸਲੇ ਵਿਚ ਮੈਂ ਵੱਖਰੀ ਰਾਇ ਰੱਖੀ ਹੁੰਦੀ ਤਾਂ ਆਪਣੇ ਭਾਈਚਾਰੇ ਦਾ ਹੀਰੋ ਬਣ ਗਿਆ ਹੁੰਦਾ, ਪਰ ਮੈਂ ਭਾਈਚਾਰੇ ਨਹੀਂ, ਦੇਸ਼ ਬਾਰੇ ਸੋਚਿਆ ਸੀ। ਦੇਸ਼ ਲਈ ਸਭ ਨਿਛਾਵਰ ਹੈ। ਜਸਟਿਸ ਨਜ਼ੀਰ ਤਿੰਨ ਤਲਾਕ ਅਤੇ ਨੋਟਬੰਦੀ ਵਰਗੇ ਮਾਮਲਿਆਂ 'ਚ ਫੈਸਲਾ ਦੇਣ ਵਾਲੀਆਂ ਬੈਂਚਾਂ ਦਾ ਵੀ ਹਿੱਸਾ ਰਹੇ। ਆਂਧਰਾ ਦੇ ਮੌਜੂਦਾ ਰਾਜਪਾਲ ਬਿਸਵਾ ਭੂਸ਼ਣ ਹਰੀਚੰਦਨ ਨੂੰ ਛੱਤੀਸਗੜ੍ਹ ਬਦਲ ਦਿੱਤਾ ਗਿਆ ਹੈ। ਅਯੁੱਧਿਆ ਬਾਰੇ ਫੈਸਲਾ ਸੁਣਾਉਣ ਵਾਲੀ ਬੈਂਚ ਦੇ ਮੁਖੀ ਚੀਫ ਜਸਟਿਸ ਰੰਜਨ ਗੋਗੋਈ ਨੂੰ ਮੋਦੀ ਸਰਕਾਰ ਨੇ ਰਾਜ ਸਭਾ ਦੀ ਮੈਂਬਰੀ ਦੇ ਕੇ ਨਿਵਾਜਿਆ ਸੀ।

ਜਿਨ੍ਹਾਂ 13 ਰਾਜਾਂ ਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿਚ ਰਾਜਪਾਲਾਂ ਤੇ ਉਪ ਰਾਜਪਾਲਾਂ ਨੂੰ ਬਦਲਿਆ ਗਿਆ ਹੈ, ਉਨ੍ਹਾਂ ਵਿੱਚੋਂ 9 ਵਿਚ ਇਸੇ ਸਾਲ ਅਸੰਬਲੀ ਚੋਣਾਂ ਹਨ। ਉੱਤਰ-ਪੂਰਬੀ ਰਾਜਾਂ ਤ੍ਰਿਪੁਰਾ, ਮੇਘਾਲਿਆ, ਨਾਗਾਲੈਂਡ ਤੇ ਮਿਜ਼ੋਰਮ ਵਿਚ ਚੋਣ ਪ੍ਰਕਿਰਿਆ ਸ਼ੁਰੂ ਹੋ ਚੁੱਕੀ ਹੈ। ਹਿੰਦੀ ਪੱਟੀ ਦੇ ਤਿੰਨ ਵੱਡੇ ਰਾਜਾਂ ਮੱਧ ਪ੍ਰਦੇਸ਼, ਰਾਜਸਥਾਨ ਤੇ ਛੱਤੀਸਗੜ੍ਹ ਵਿਚ ਨਵੰਬਰ ਵਿਚ ਚੋਣਾਂ ਹੋਣੀਆਂ ਹਨ। ਦੱਖਣ ਦੇ ਕਰਨਾਟਕ ਤੇ ਤਿਲੰਗਾਨਾ ਵਿਚ ਵੀ ਇਸੇ ਸਾਲ ਚੋਣਾਂ ਹਨ। ਜੰਮੂ-ਕਸ਼ਮੀਰ ਤੋਂ ਅੱਡ ਕਰਕੇ ਕੇਂਦਰ ਸ਼ਾਸਤ ਪ੍ਰਦੇਸ਼ ਬਣਾਏ ਗਏ ਲੱਦਾਖ ਵਿਚ ਉਪ ਰਾਜਪਾਲ ਦੀ ਨਵੀਂ ਨਿਯੁਕਤੀ ਕੀਤੀ ਗਈ ਹੈ।

ਨਵੀਂਆਂ ਨਿਯੁਕਤੀਆਂ ਨਾਲ ਭਾਜਪਾ ਦੇ ਅੰਦਰੂਨੀ ਕਲੇਸ਼ ਨੂੰ ਖਤਮ ਕਰਨ ਦੀ ਵੀ ਕੋਸ਼ਿਸ਼ ਕੀਤੀ ਗਈ ਹੈ। ਆਸਾਮ ਦੇ ਨਵੇਂ ਲਾਏ ਗਏ ਰਾਜਪਾਲ ਗੁਲਾਬ ਚੰਦ ਕਟਾਰੀਆ ਰਾਜਸਥਾਨ ਅਸੰਬਲੀ ਵਿਚ ਆਪੋਜ਼ੀਸ਼ਨ ਦੇ ਆਗੂ ਸਨ ਤੇ ਮੁੱਖ ਮੰਤਰੀ ਦੇ ਅਹੁਦੇ ਦੇ ਦਾਅਵੇਦਾਰ ਸਨ। ਉਥੇ ਸਾਬਕਾ ਮੁੱਖ ਮੰਤਰੀ ਵਸੁੰਧਰਾ ਸਿੰਧੀਆ ਨਾਲ ਉਨ੍ਹਾ ਦੀ ਬਣਦੀ ਨਹੀਂ ਸੀ। ਨਾਗਾਲੈਂਡ ਤੇ ਮੇਘਾਲਿਆ ਵਿਚ 27 ਫਰਵਰੀ ਨੂੰ ਵੋਟਾਂ ਪੈ ਰਹੀਆਂ ਹਨ। ਇਨ੍ਹਾਂ ਰਾਜਾਂ ਵਿਚ ਸਿਆਸੀ ਅਸਥਿਰਤਾ ਦਾ ਇਤਿਹਾਸ ਰਿਹਾ ਹੈ। ਚੋਣਾਂ ਤੋਂ ਬਾਅਦ ਸਰਕਾਰਾਂ ਬਣਾਉਣ ਵਿਚ ਰਾਜਪਾਲ ਅਹਿਮ ਰੋਲ ਨਿਭਾਉਂਦੇ ਹਨ। ਬਿਹਾਰ ਦੇ ਰਾਜਪਾਲ ਫਗੂ ਚੌਹਾਨ ਨੂੰ ਮੇਘਾਲਿਆ ਬਦਲ ਦਿੱਤਾ ਗਿਆ ਹੈ, ਜਦਕਿ ਮਨੀਪੁਰ ਦੇ ਰਾਜਪਾਲ ਲਾ ਗਣੇਸ਼ਨ, ਜਿਨ੍ਹਾ ਪੱਛਮੀ ਬੰਗਾਲ ਦਾ ਚਾਰਜ ਵੀ ਸੰਭਾਲਿਆ, ਨੂੰ ਨਾਗਾਲੈਂਡ ਬਦਲ ਦਿੱਤਾ ਗਿਆ ਹੈ। ਹਿਮਾਚਲ ਦੇ ਮੌਜੂਦਾ ਰਾਜਪਾਲ ਰਜਿੰਦਰ ਵਿਸ਼ਵਾਨਾਥ ਅਰਲੇਕਰ ਨੂੰ ਬਿਹਾਰ ਦਾ ਨਵਾਂ ਰਾਜਪਾਲ ਨਿਯੁਕਤ ਕੀਤਾ ਗਿਆ ਹੈ। ਸਾਬਕਾ ਲੋਕ ਸਭਾ ਮੈਂਬਰ ਤੇ ਸੀਨੀਆਰ ਭਾਜਪਾ ਆਗੂ ਸੀ ਪੀ ਰਾਧਾਕ੍ਰਿਸ਼ਨਨ ਨੂੰ ਝਾਰਖੰਡ ਦਾ ਰਾਜਪਾਲ ਬਣਾ ਦੇਣ ਨਾਲ ਤਾਮਿਲਨਾਡੂ ਦੇ ਸੂਬਾ ਭਾਜਪਾ ਪ੍ਰਧਾਨ ਕੇ ਅੰਨਾਮਲਾਈ ਨੂੰ ਸੁੱਖ ਦਾ ਸਾਹ ਆਵੇਗਾ, ਕਿਉਂਕਿ ਉਨ੍ਹਾ ਨਾਲ ਰਾਧਾਕ੍ਰਿਸ਼ਨਨ ਦੀ ਬਣਦੀ ਨਹੀਂ ਸੀ। ਯੂ ਪੀ ਦੇ ਆਰ ਐੱਸ ਐੱਸ ਦੇ ਪਿਛੋਕੜ ਵਾਲੇ ਸ਼ਿਵ ਪ੍ਰਤਾਪ ਸ਼ੁਕਲਾ ਨੂੰ ਹਿਮਾਚਲ ਦਾ ਰਾਜਪਾਲ ਬਣਾਇਆ ਗਿਆ ਹੈ। ਛੱਤੀਸਗੜ੍ਹ ਦੀ ਰਾਜਪਾਲ ਅਨੁਸੂਈਆ ਉਈਕੇ ਨੂੰ ਮਨੀਪੁਰ ਬਦਲ ਦਿੱਤਾ ਗਿਆ ਹੈ। ਸੂਤਰਾਂ ਮੁਤਾਬਕ ਭਾਜਪਾ ਵਾਲਿਆਂ ਨੂੰ ਉਸ ਬਾਰੇ ਸ਼ਿਕਾਇਤਾਂ ਸਨ। ਉਈਕੇ ਆਦਿਵਾਸੀ ਭਾਈਚਾਰੇ ਤੋਂ ਹੈ ਅਤੇ ਮੁਰਮੂ ਨੂੰ ਰਾਸ਼ਟਰਪਤੀ ਬਣਾਉਣ ਵੇਲੇ ਉਹ ਰਾਸ਼ਟਰਪਤੀ ਦੇ ਅਹੁਦੇ ਦੀ ਦਾਅਵੇਦਾਰ ਮੰਨੀ ਜਾ ਰਹੀ ਸੀ। ਪੰਜਾਬ ਦੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ, ਜਿਨ੍ਹਾ ਆਪਣੀ ਪਾਰਟੀ ਪੰਜਾਬ ਲੋਕ ਕਾਂਗਰਸ ਨੂੰ ਭਾਜਪਾ ਵਿਚ ਰਲਾ ਦਿੱਤਾ ਸੀ, ਨੂੰ ਮਹਾਰਾਸ਼ਟਰ ਦਾ ਰਾਜਪਾਲ ਬਣਾਉਣ ਦੀਆਂ ਕਿਆਸ-ਅਰਾਈਆਂ ਕਈ ਦਿਨਾਂ ਤੋਂ ਚੱਲ ਰਹੀਆਂ ਸਨ, ਪਰ ਲਿਸਟ ਵਿਚ ਉਨ੍ਹਾ ਦਾ ਨਾਂਅ ਨਹੀਂ ਆਇਆ। ਲੱਦਾਖ ਦੇ ਉਪ ਰਾਜਪਾਲ ਰਾਧਾ ਕ੍ਰਿਸ਼ਨਨ ਮਾਥੁਰ ਦਾ ਅਸਤੀਫਾ ਪ੍ਰਵਾਨ ਕਰਕੇ ਉਨ੍ਹਾ ਦੀ ਥਾਂ ਅਰੁਣਾਚਲ ਪ੍ਰਦੇਸ਼ ਦੇ ਮੌਜੂਦਾ ਰਾਜਪਾਲ ਬ੍ਰਿਗੇਡੀਅਰ ਬੀ ਡੀ ਮਿਸ਼ਰਾ (ਰਿਟਾਇਰਡ) ਨੂੰ ਥਾਪਿਆ ਗਿਆ ਹੈ। ਲੈਫਟੀਨੈਂਟ ਜਨਰਲ (ਰਿਟਾਇਰਡ) ਕਾਇਵਾਲਿਆ ਤ੍ਰਿਵਿਕਰਮ ਪਾਰਨੇਕ ਨੂੰ ਅਰੁਣਾਚਲ ਪ੍ਰਦੇਸ਼ ਦਾ ਰਾਜਪਾਲ ਥਾਪਿਆ ਗਿਆ ਹੈ।

## ਚੰਡੀਗੜ੍ਹ-ਮਨਾਲੀ ਹਾਈਵੇ ਬੰਦ



**ਮੰਡੀ** : ਕੁੱਲੂ ਤੇ ਮੰਡੀ ਵਿੱਚ 'ਪੰਜ ਮੀਲ' ਨੇੜੇ ਪਹਾੜ ਖਿਸਕਣ ਕਾਰਨ ਚੰਡੀਗੜ੍ਹ-ਮਨਾਲੀ ਹਾਈਵੇ 'ਤੇ ਟਰੈਫਿਕ ਬਲਾਕ ਹੋ ਗਿਆ। ਦੋਹੀਂ ਪਾਸੀਂ ਗੱਡੀਆਂ ਦੀਆਂ ਲੰਮੀਆਂ ਲਾਈਨਾਂ ਲੱਗ ਗਈਆਂ।

### ਦਿੱਲੀ ਦੇ ਮੇਅਰ ਦੀ ਚੋਣ ਹੁਣ 16 ਨੂੰ

**ਨਵੀਂ ਦਿੱਲੀ** : ਦਿੱਲੀ ਦੇ ਉਪ ਰਾਜਪਾਲ ਵੀ ਕੇ ਸਕਸੈਨਾ ਨੇ ਦਿੱਲੀ ਨਗਰ ਨਿਗਮ ਦੇ ਮੇਅਰ ਦੀ ਚੋਣ 16 ਫਰਵਰੀ ਨੂੰ ਕਰਵਾਏ ਜਾਣ ਲਈ ਐਤਵਾਰ ਪ੍ਰਵਾਨਗੀ ਦੇ ਦਿੱਤੀ। ਇਸ ਮੌਕੇ ਡਿਪਟੀ ਮੇਅਰ ਤੇ ਸਟੈਂਡਿੰਗ ਕਮੇਟੀ ਦੇ ਛੇ ਮੈਂਬਰਾਂ ਦੀ ਵੀ ਚੋਣ ਕੀਤੀ ਜਾਵੇਗੀ। ਇਸ ਮਿਤੀ ਦੀ ਤਜਵੀਜ਼ ਦਿੱਲੀ ਸਰਕਾਰ ਵੱਲੋਂ ਦਿੱਤੀ ਗਈ ਸੀ। ਨਿਗਮ ਹਾਊਸ 'ਚ ਰੌਲੇ-ਰੱਪੇ ਕਾਰਨ ਤਿੰਨ ਵਾਰ ਮੇਅਰ ਦੀ ਚੋਣ ਨਹੀਂ ਹੋ ਸਕੀ ਤੇ ਬੀਤੇ ਵੀਰਵਾਰ ਨੂੰ ਨਗਰ ਨਿਗਮ ਨੇ ਮੇਅਰ ਦੀ ਚੋਣ ਲਈ 16 ਫਰਵਰੀ ਮਿਤੀ ਨਿਰਧਾਰਤ ਕੀਤੀ ਸੀ, ਜਿਸ ਨੂੰ ਉਪ ਰਾਜਪਾਲ ਨੇ ਪ੍ਰਵਾਨਗੀ ਦੇ ਦਿੱਤੀ ਹੈ।

### ਵਟਸਐਪ 'ਤੇ ਫੋਟੋ ਦੀ ਅਸਲ ਕੁਆਲਿਟੀ ਬਰਕਰਾਰ ਰਹੇਗੀ

**ਸਾਨ ਫਰਾਂਸਿਸਕੋ** : ਮੇਟਾ ਦੀ ਮਾਲਕੀ ਵਾਲੇ ਵਟਸਐਪ ਵੱਲੋਂ ਇਕ ਨਵੇਂ ਫੀਚਰ 'ਤੇ ਕੰਮ ਕੀਤਾ ਜਾ ਰਿਹਾ ਹੈ, ਜਿਸ ਰਾਹੀਂ ਫੋਟੋਆਂ ਨੂੰ ਭੇਜਣ ਵੇਲੇ ਉਨ੍ਹਾਂ ਦੀ ਅਸਲ ਕੁਆਲਿਟੀ ਨਸ਼ਟ ਨਹੀਂ ਹੋਵੇਗੀ। ਡਬਲਿਊ ਏ ਬੀਟਾਇਨਫੋ ਅਨੁਸਾਰ ਇਸ ਨਵੇਂ ਫੀਚਰ ਨਾਲ ਖਪਤਕਾਰਾਂ ਨੂੰ ਫੋਟੋ ਦੇ ਖਰਾਬ ਹੋਣ ਦੀ ਚਿੰਤਾ ਨਹੀਂ ਸਤਾਏਗੀ।

### ਸੁੱਖੂ ਦੀ ਰਿਹਾਇਸ਼ ਨੇੜਲੀ ਇਮਾਰਤ 'ਚ ਅੱਗ

**ਸ਼ਿਮਲਾ** : ਹਿਮਾਚਲ ਦੇ ਮੁੱਖ ਮੰਤਰੀ ਸੁਖਵਿੰਦਰ ਸੁੱਖੂ ਦੀ ਰਿਹਾਇਸ਼ ਤੋਂ ਮਹਿਜ਼ 200 ਮੀਟਰ ਦੀ ਦੂਰੀ 'ਤੇ ਤਿੰਨ ਮੰਜ਼ਲਾ ਪੁਰਾਣੀ ਇਮਾਰਤ ਵਿੱਚ ਐਤਵਾਰ ਤੜਕੇ ਅੱਗ ਲੱਗ ਗਈ। ਮਾਲ ਰੋਡ, ਛੋਟਾ ਸ਼ਿਮਲਾ ਤੇ ਬਾਇਲੂਗੰਜ ਤੋਂ ਪੁੱਜੀਆਂ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਨੇ ਅੱਗ 'ਤੇ ਕਾਬੂ ਪਾਇਆ। ਜਾਨੀ ਨੁਕਸਾਨ ਤੋਂ ਬਚਾਅ ਰਿਹਾ। ਇਸ ਇਮਾਰਤ ਦਾ ਮਾਲਕ ਸੰਦੀਪ ਸਾਹਨੀ ਹੈ। 'ਫਿਰਗਰੋਵ' ਨਾਂਅ ਦੀ ਇਹ ਇਮਾਰਤ ਮੁੱਖ ਮੰਤਰੀ ਦੀ ਰਿਹਾਇਸ਼ 'ਓਕਓਵਰ' ਤੋਂ 200 ਮੀਟਰ ਦੀ ਦੂਰੀ 'ਤੇ ਸਥਿਤ ਹੈ।

### ਆਪੋਜ਼ੀਸ਼ਨ ਦੀ ਮੀਟਿੰਗ ਅੱਜ

**ਨਵੀਂ ਦਿੱਲੀ** : ਰਾਜ ਸਭਾ 'ਚ ਆਪੋਜ਼ੀਸ਼ਨ ਦੇ ਆਗੂ ਤੇ ਕਾਂਗਰਸ ਪ੍ਰਧਾਨ ਮਲਿਕਾਰੁਜਨ ਖੜਗੇ ਨੇ ਵਿਰੋਧੀ ਪਾਰਟੀਆਂ ਦੀ ਸੋਮਵਾਰ ਨੂੰ ਮੀਟਿੰਗ ਸੱਦੀ ਹੈ। ਇਸ ਮੌਕੇ ਰਾਜ ਸਭਾ 'ਚ ਵਿਰੋਧੀ ਧਿਰਾਂ ਦੀ ਕਾਰਵਾਈ ਬਾਰੇ ਯੋਜਨਾ ਉਲੀਕੀ ਜਾਵੇਗੀ। ਅਡਾਨੀ ਮਾਮਲੇ ਬਾਰੇ ਖੜਗੇ ਸਾਂਝੀ ਸੰਸਦੀ ਕਮੇਟੀ ਵੱਲੋਂ ਜਾਂਚ ਕਰਵਾਉਣ ਦੀ ਮੰਗ 'ਤੇ ਅੜੇ ਹੋਏ ਹਨ।

### ਦਿੱਲੀ-ਮੁੰਬਈ ਐੱਕਸਪ੍ਰੈੱਸ ਵੇ ਸ਼ੁਰੂ

**ਦੌਸਾ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਤਵਾਰ ਦਿੱਲੀ-ਮੁੰਬਈ ਐੱਕਸਪ੍ਰੈੱਸ ਵੇ ਦੇ 246 ਕਿਲੋਮੀਟਰ ਲੰਮੇ ਪਹਿਲੇ ਫੇਜ਼ ਦਾ ਇਥੇ ਉਦਘਾਟਨ ਕੀਤਾ। ਉਨ੍ਹਾ ਐੱਕਸਪ੍ਰੈੱਸ ਵੇ ਦਾ ਦਿੱਲੀ-ਦੌਸਾ-ਲਲਸੋਤ ਸੈਕਸ਼ਨ ਦੇਸ਼ ਵਾਸੀਆਂ ਨੂੰ ਸਮਰਪਿਤ ਕੀਤਾ।

### 17 ਸਵਾਰੀਆਂ ਜ਼ਖਮੀ

**ਬਠਿੰਡਾ** : ਮੌੜ ਤੋਂ ਬਠਿੰਡਾ ਜਾ ਰਹੀ ਪੀ ਆਰ ਟੀ ਸੀ ਦੀ ਬੱਸ ਪਿੰਡ ਮਾਈਸਰਖਾਨਾ ਨੇੜੇ ਬੇਕਾਬੂ ਹੋ ਕੇ ਪਲਟਣ ਨਾਲ 17 ਸਵਾਰੀਆਂ ਜ਼ਖਮੀ ਹੋ ਗਈਆਂ। ਡਰਾਈਵਰ ਗੁਰਪ੍ਰੀਤ ਸਿੰਘ ਮੁਤਾਬਕ ਅੱਗੇ ਚੱਲ ਰਹੀ ਐੱਸ ਯੂ ਵੀ ਵੱਲੋਂ ਕੱਟ ਮਾਰ ਦੇਣ ਕਾਰਨ ਹਾਦਸਾ ਹੋਇਆ। ਦੂਸਰੇ ਪਾਸੇ ਮੋਟਰਸਾਈਕਲ ਜਾ ਰਿਹਾ ਸੀ, ਜਿਸ ਨੂੰ ਬਚਾਉਂਦਿਆਂ ਬੱਸ ਬੇਕਾਬੂ ਹੋ ਗਈ।

### ਜੰਮੂ-ਕਸ਼ਮੀਰ ਦੇ ਲੋਕਾਂ ਨੂੰ ਪਿਆਰ ਦੀ ਲੋੜ, ਬੁਲਡੋਜ਼ਰ ਦੀ ਨਹੀਂ : ਰਾਹੁਲ



**ਨਵੀਂ ਦਿੱਲੀ** : ਰਾਹੁਲ ਗਾਂਧੀ ਨੇ ਜੰਮੂ-ਕਸ਼ਮੀਰ 'ਚ ਨਾਜਾਇਜ਼ ਕਬਜ਼ਿਆਂ ਨੂੰ ਢਾਹੁਣ ਲਈ ਕੀਤੀ ਜਾ ਰਹੀ ਕਾਰਵਾਈ ਲਈ ਭਾਜਪਾ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਹੈ ਕਿ ਜੰਮੂ-ਕਸ਼ਮੀਰ ਦੇ ਲੋਕਾਂ ਨੂੰ ਰੁਜ਼ਗਾਰ, ਵਧੀਆ ਕਾਰੋਬਾਰ ਤੇ ਪਿਆਰ ਦੀ ਲੋੜ ਹੈ, ਪਰ ਉਥੇ 'ਭਾਜਪਾ ਬੁਲਡੋਜ਼ਰ' ਚਲਾਇਆ ਜਾ ਰਿਹਾ ਹੈ। ਇਸ ਕਾਰਵਾਈ ਖਿਲਾਫ ਕਾਂਗਰਸ ਸਣੇ ਨੈਸ਼ਨਲ ਕਾਨਫਰੰਸ ਤੇ ਪੀ ਡੀ ਪੀ ਨੇ ਵੀ ਆਵਾਜ਼ ਉਠਾਈ ਹੈ ਤੇ ਨਾਜਾਇਜ਼ ਕਬਜ਼ੇ ਹਟਾਉਣ ਦੀ ਕਾਰਵਾਈ ਰੋਕਣ ਦੀ ਮੰਗ ਕੀਤੀ ਹੈ। ਰਾਹੁਲ ਗਾਂਧੀ ਨੇ ਟਵੀਟ ਕੀਤਾ—ਲੋਕਾਂ ਨੇ ਜਿਸ ਜ਼ਮੀਨ 'ਤੇ ਦਹਾਕਿਆਂ ਤੋਂ ਮਿਹਨਤ ਕੀਤੀ ਹੈ, ਉਸ ਨੂੰ ਖੋਹਿਆ ਜਾ ਰਿਹਾ ਹੈ।

### ਅਮਰੀਕਾ ਨੇ ਕੈਨੇਡਾ 'ਤੇ ਉਡਦੀ ਅਣਪਛਾਤੀ ਚੀਜ਼ ਫੁੰਡੀ

**ਵਾਸ਼ਿੰਗਟਨ** : ਅਮਰੀਕਾ ਦੇ ਐੱਫ-22 ਲੜਾਕੂ ਜਹਾਜ਼ ਨੇ ਕੈਨੇਡਾ 'ਤੇ ਉਡਦੀ ਹੋਈ ਸਿਲੰਡਰ ਦੇ ਆਕਾਰ ਵਾਲੀ ਇਕ ਅਣਪਛਾਤੀ ਚੀਜ਼ ਨੂੰ ਹੇਠਾਂ ਸੁੱਟ ਲਿਆ। ਬੀਤੇ ਦੋ ਦਿਨਾਂ 'ਚ ਅਜਿਹੀ ਦੂਜੀ ਘਟਨਾ ਵਾਪਰੀ ਹੈ।

ਅਮਰੀਕੀ ਅਸਮਾਨ 'ਤੇ ਉੱਡਦੇ ਚੀਨ ਦੇ ਜਾਸੂਸੀ ਗੁਬਾਰੇ ਨੂੰ ਬੀਤੇ ਸਨਿੱਚਰਵਾਰ ਐਟਲਾਂਟਿਕ ਮਹਾਸਾਗਰ 'ਚ ਡੇਗ ਦਿੱਤਾ ਗਿਆ ਸੀ। ਕੈਨੇਡਾ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਉੱਤਰੀ ਯੂਕੋਨ ਖਿੱਤੇ 'ਚ ਡੇਗੀ ਗਈ ਇਸ ਵਸਤੂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੈਨੇਡਾ ਦੀ ਫੌਜ ਵੱਲੋਂ ਇਸ ਵਸਤੂ ਦੇ ਮਲਬੇ ਨੂੰ ਇਕੱਠਾ ਕਰਕੇ ਉਸ ਦੀ ਜਾਂਚ ਕੀਤੀ ਜਾਵੇਗੀ।

### ਪੰਜਾਬ 'ਚ ਅਮਨ-ਕਾਨੂੰਨ ਦੀ ਸਥਿਤੀ 'ਚ ਸੁਧਾਰ : ਕੇਜਰੀਵਾਲ

**ਨਵੀਂ ਦਿੱਲੀ** : ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਕਿਹਾ ਹੈ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਦੀ ਕਾਨੂੰਨ ਵਿਵਸਥਾ 'ਚ ਕਾਫੀ ਸੁਧਾਰ ਹੋਇਆ ਹੈ। ਉਨ੍ਹਾ ਟਵਿੱਟਰ 'ਤੇ ਇਕ ਮੀਡੀਆ ਰਿਪੋਰਟ ਨੂੰ ਟੈਗ ਕਰਦਿਆਂ ਸੁਨੇਹਾ ਦਿੱਤਾ ਕਿ ਪੰਜਾਬ 'ਚ ਪਹਿਲਾਂ ਗੈਂਗਸਟਰਾਂ ਨੂੰ ਸਿਆਸੀ ਸੁਰੱਖਿਆ ਮਿਲੀ ਹੋਈ ਸੀ, ਪਰ ਹੁਣ ਹਾਲਾਤ ਬਦਲ ਗਏ ਹਨ। ਉਨ੍ਹਾ ਕਿਹਾ ਕਿ ਸੂਬਾ ਵਾਸੀਆਂ ਦੇ ਸਹਿਯੋਗ ਨਾਲ ਭਗਵੰਤ ਮਾਨ ਨੇ ਪੰਜਾਬ ਦੀ ਕਾਨੂੰਨ ਵਿਵਸਥਾ 'ਚ ਸੁਧਾਰ ਲਿਆਂਦਾ ਹੈ।

### ਚਾਰ ਹਾਈ ਕੋਰਟਾਂ ਦੇ ਨਵੇਂ ਚੀਫ ਜਸਟਿਸ

**ਨਵੀਂ ਦਿੱਲੀ** : ਕਾਨੂੰਨ ਮੰਤਰੀ ਕਿਰਨ ਰਿਜੀਜੂ ਨੇ ਚਾਰ ਹਾਈ ਕੋਰਟਾਂ ਦੇ ਚੀਫ ਜਸਟਿਸਾਂ ਦੀ ਨਿਯੁਕਤੀ ਬਾਰੇ ਐਤਵਾਰ ਟਵਿੱਟਰ 'ਤੇ ਜਾਣਕਾਰੀ ਦਿੱਤੀ। ਜਸਟਿਸ ਸੋਨੀਆ ਗਿਰੀਧਰ ਗੋਕਾਨੀ ਨੂੰ ਗੁਜਰਾਤ ਹਾਈ ਕੋਰਟ ਦੀ ਚੀਫ ਜਸਟਿਸ ਨਿਯੁਕਤ ਕੀਤਾ ਗਿਆ ਹੈ।

ਰਾਜਸਥਾਨ ਹਾਈ ਕੋਰਟ ਦੇ ਜਸਟਿਸ ਸੰਦੀਪ ਮਹਿਤਾ ਨੂੰ ਗੁਹਾਟੀ ਹਾਈ ਕੋਰਟ, ਓਡੀਸ਼ਾ ਹਾਈ ਕੋਰਟ ਦੇ ਜਸਟਿਸ ਜਸਵੰਤ ਸਿੰਘ ਨੂੰ ਤ੍ਰਿਪੁਰਾ ਹਾਈ ਕੋਰਟ ਤੇ ਗੁਹਾਟੀ ਹਾਈ ਕੋਰਟ ਦੇ ਜਸਟਿਸ ਐੱਨ ਕੋਤੀਸ਼ਵਰ ਸਿੰਘ ਨੂੰ ਜੰਮੂ-ਕਸ਼ਮੀਰ ਤੇ ਲੱਦਾਖ ਹਾਈ ਕੋਰਟ ਦਾ ਚੀਫ ਜਸਟਿਸ ਨਿਯੁਕਤ ਕੀਤਾ ਗਿਆ ਹੈ।

## ਨਵੇਂ ਬੀਜ, ਨਵੀਂ ਬਿਜਾਈ, ਨਵੀਂ ਸਿੰਚਾਈ ਤੇ ਨਵੇਂ ਮੰਡੀਕਰਨ ਨਾਲ ਨਵੀਂ ਖੇਤੀ ਸੰਭਵ : ਭਗਵੰਤ ਮਾਨ

### ਪਹਿਲੀ ਸਰਕਾਰ-ਕਿਸਾਨ ਮਿਲਣੀ 'ਚ ਪੰਜਾਬ ਭਰ ਤੋਂ ਕਿਸਾਨ ਹੋਏ ਸ਼ਾਮਲ

**ਲੁਧਿਆਣਾ** : ਪੀ ਏ ਯੂ ਵਿਚ ਐਤਵਾਰ ਪਹਿਲੀ ਸਰਕਾਰ ਕਿਸਾਨ ਮਿਲਣੀ ਕਰਵਾਈ ਗਈ, ਜਿਸ ਵਿੱਚ ਮੁੱਖ ਮਹਿਮਾਨ ਵਜੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਸ਼ਿਰਕਤ ਕੀਤੀ, ਜਦਕਿ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਮਿਲਣੀ ਦਾ ਉਦੇਸ਼ ਪੰਜਾਬ ਦੀ ਨਵੀਂ ਖੇਤੀ ਨੀਤੀ ਬਣਾਉਣ ਲਈ ਕਿਸਾਨਾਂ ਨਾਲ ਸਲਾਹ-ਮਸ਼ਵਰਾ ਕਰਨਾ ਅਤੇ ਉਹਨਾਂ ਦੀਆਂ ਰਾਵਾਂ ਜਾਨਣਾ ਸੀ। ਇਸ ਮਿਲਣੀ ਵਿੱਚ ਪੰਜਾਬ ਭਰ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਕਿਸਾਨ ਸ਼ਾਮਲ ਹੋਏ। ਵੀਹ ਦੇ ਕਰੀਬ ਸਟਾਲਾਂ 'ਤੇ ਕਿਸਾਨਾਂ ਨੇ ਆਪਣੀ ਦਿਲਚਸਪੀ ਅਨੁਸਾਰ ਫਸਲ ਦੀ ਬਿਜਾਈ ਅਤੇ ਹੋਰ ਮੁੱਦਿਆਂ ਬਾਰੇ ਮਾਹਰਾਂ ਨਾਲ ਸਲਾਹ-ਮਸ਼ਵਰਾ ਕੀਤਾ। ਮੁੱਖ ਮੰਤਰੀ ਭਗਵੰਤ ਮਾਨ ਨੇ ਹਰ ਸਟਾਲ 'ਤੇ ਰੁਕ ਕੇ ਕਿਸਾਨਾਂ ਨਾਲ ਗੱਲਬਾਤ ਕੀਤੀ, ਉਹਨਾਂ ਦੀਆਂ ਸ਼ਿਕਾਇਤਾਂ ਸੁਣੀਆਂ ਅਤੇ ਉਹਨਾਂ ਦੇ ਸੁਝਾਅ ਅਤੇ ਸਮੱਸਿਆਵਾਂ ਦੇ ਹੱਲ ਬਾਰੇ ਕਿਸਾਨਾਂ ਦੇ ਨਜ਼ਰੀਏ ਨੂੰ ਜਾਣਿਆ। ਬਾਅਦ ਵਿੱਚ ਮੁੱਖ ਪੰਡਾਲ ਵਿੱਚ ਪਹੁੰਚ ਕੇ ਉਹਨਾ ਕਿਸਾਨਾਂ ਨੂੰ ਸੰਬੋਧਨ ਕੀਤਾ। ਮੁੱਖ ਮੰਤਰੀ ਨੇ ਆਪਣੇ ਭਾਸ਼ਣ ਵਿਚ ਕਿਹਾ ਕਿ ਇਸ ਮਿਲਣੀ ਵਿੱਚ ਪੰਜਾਬ ਦੇ ਕੋਨੇ-ਕੋਨੇ ਤੋਂ ਵੱਖ-ਵੱਖ ਫਸਲਾਂ ਦੀ ਖੇਤੀ ਕਰਨ ਵਾਲੇ ਕਿਸਾਨ ਵੀਰ ਅਤੇ ਭੈਣਾਂ ਸ਼ਾਮਲ ਹੋਈਆਂ ਹਨ, ਇਹ ਆਪਣੀ ਤਰ੍ਹਾਂ ਦਾ ਇੱਕ ਨਿਵੇਕਲਾ ਤਜਰਬਾ ਹੈ।



ਉਹਨਾ ਕਿਹਾ ਕਿ ਕਿਸਾਨਾਂ ਨੇ ਵੀ ਇਸ ਗੱਲ ਦਾ ਅੰਦਾਜ਼ਾ ਨਹੀਂ ਲਾਇਆ ਹੋਣਾ ਕਿ ਇਸ ਸਮਾਗਮ ਦੀ ਰੂਪ-ਰੇਖਾ ਨੇੜਿਉਂ ਮਾਹਰਾਂ ਅਤੇ ਸਰਕਾਰੀ ਨੁਮਾਇੰਦਿਆਂ ਨਾਲ ਵਿਚਾਰ-ਵਟਾਂਦਰੇ ਵਾਲੀ ਹੋਵੇਗੀ਼ ਅਸੀਂ ਖੇਤੀ ਸਮੱਸਿਆਵਾਂ ਬਾਰੇ ਜਾਣ ਰਹੇ ਹਾਂ ਅਤੇ ਇਹਨਾਂ ਸਮੱਸਿਆਵਾਂ ਦਾ ਹੱਲ ਕਿਸਾਨਾਂ ਦੇ ਨਜ਼ਰੀਏ ਤੋਂ ਕੱਢਣ ਲਈ ਸਰਕਾਰ ਯਤਨਸ਼ੀਲ ਹੈ। ਫਸਲ ਦੇ ਬੀਜਾਂ ਤੋਂ ਲੈ ਕੇ ਮੰਡੀਕਰਨ ਤੱਕ ਹਰ ਮੁੱਦੇ 'ਤੇ ਨਵੀਂ ਪਹੁੰਚ ਅਪਣਾਉਣ ਦੀ ਗੱਲ ਕਰਦਿਆਂ ਮੁੱਖ ਮੰਤਰੀ ਨੇ ਖੇਤੀ ਨੂੰ ਕਿਸਮਤ ਦੇ ਆਸਰੇ ਨਾ ਛੱਡੇ ਜਾਣ ਦਾ ਤਹੱਈਆ ਕੀਤਾ। ਉਹਨਾ ਕਿਹਾ ਕਿ ਨਹਿਰੀ ਪਾਣੀ, ਬਿਜਲੀ, ਸਹਾਇਕ ਕਿੱਤੇ, ਪ੍ਰੋਸੈਸਿੰਗ ਆਦਿ ਦੇ ਨਾਲ-ਨਾਲ ਮੰਡੀਕਰਨ ਵੱਲ ਵੀ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ। ਨਵੀਂ ਖੇਤੀ ਨੂੰ ਸੰਭਵ ਬਣਾਉਣ ਲਈ ਨਵੇਂ ਬੀਜ, ਨਵੀਂ ਬਿਜਾਈ, ਨਵੀਂ ਸਿੰਚਾਈ ਤੇ ਨਵਾਂ ਮੰਡੀਕਰਨ ਢਾਂਚਾ ਉਸਾਰਨ ਦੀ ਸਰਕਾਰ ਦੀ ਕੋਸ਼ਿਸ਼ ਜਾਰੀ ਹੈ।

ਫਸਲੀ ਚੱਕਰ ਬਾਰੇ ਗੱਲ ਕਰਦਿਆਂ ਮਾਨ ਨੇ ਕਿਹਾ ਕਿ ਪੰਜਾਬ ਨੇ ਹੁਣ ਤੱਕ ਝੋਨਾ ਪੈਦਾ ਕਰਕੇ ਆਪਣੇ ਕੁਦਰਤੀ ਸਰੋਤ ਭਾਰਤ ਨੂੰ ਦਾਨ ਕੀਤੇ ਹਨ, ਪਰ ਹੁਣ ਖੇਤੀ ਉਤਪਾਦਨ ਨੂੰ ਨਵੀਨ ਤਕਨੀਕਾਂ ਨਾਲ ਜੋੜਨਾ ਸਰਕਾਰ ਦੀ ਪਹਿਲ ਹੈ। ਉਹਨਾ ਗੰਨੇ ਦੀ ਪ੍ਰੋਸੈਸਿੰਗ, ਲੀਚੀ, ਕਿੰਨੂ, ਲਸਣ ਅਤੇ ਸਬਜ਼ੀਆਂ ਦੀ ਪ੍ਰੋਸੈਸਿੰਗ ਦੇ ਯੂਨਿਟ ਪੰਜਾਬ ਦੇ ਵੱਖ-ਵੱਖ ਥਾਵਾਂ 'ਤੇ ਲਾਉਣ ਦੀਆਂ ਯੋਜਨਾਵਾਂ ਬਾਰੇ ਕਿਸਾਨਾਂ ਨੂੰ ਜਾਣੂੰ ਕਰਵਾਇਆ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੀ ਬਾਸਮਤੀ, ਜੋ ਪੂਰੀ ਦੁਨੀਆ ਵਿੱਚ ਆਪਣੇ ਮਹਿਕ ਤੇ ਸਵਾਦ ਲਈ ਜਾਣੀ ਜਾਂਦੀ ਹੈ, ਨੂੰ ਹੁਲਾਰਾ ਦੇਣ ਦੀਆਂ ਕੋਸ਼ਿਸ਼ਾਂ ਜਾਰੀ ਹਨ। ਧਰਤੀ ਹੇਠਲੇ ਪਾਣੀ ਦੀ ਬੱਚਤ ਲਈ ਨਹਿਰੀ ਪਾਣੀ ਨੂੰ ਪੰਜਾਬ ਦੇ ਕੋਨੇ-ਕੋਨੇ ਤੱਕ ਪਹੁੰਚਾਉਣਾ ਉਹਨਾ ਦੀ ਸਰਕਾਰ ਦੀ ਪ੍ਰਮੁੱਖਤਾ ਹੋਵੇਗੀ। ਬਿਜਲੀ ਉਤਪਾਦਨ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਕੋਲੇ ਦੀ ਸਮੱਸਿਆ ਦਾ ਹੱਲ ਕਰ ਲਿਆ ਗਿਆ ਹੈ ਅਤੇ ਖੇਤੀ ਨਾਲ ਸੰਬੰਧਤ ਸਭ ਖੇਤਰਾਂ ਦੇ ਪ੍ਰਬੰਧ ਵਿੱਚ ਪਾਰਦਰਸ਼ਤਾ ਲਿਆਉਣ ਦੀ ਕੋਸ਼ਿਸ਼ ਨਿਰੰਤਰ ਜਾਰੀ ਹੈ। ਖੇਤ ਮਜ਼ਦੂਰਾਂ ਦੀ ਬਿਹਤਰੀ ਨੂੰ ਵੀ ਸਰਕਾਰ ਦੀ ਪਹਿਲ ਦੱਸਦਿਆਂ ਉਹਨਾ ਇੱਛਾ ਪ੍ਰਗਟ ਕੀਤੀ ਕਿ ਪੰਜਾਬ ਅਤੇ ਪੰਜਾਬੀਆਂ ਨੂੰ ਸਭ ਤੋਂ ਵੱਧ ਖੁਸ਼ ਅਤੇ ਖੁਸ਼ਹਾਲ ਬਣਾਉਣਾ ਉਹਨਾ ਦੀ ਸਭ ਤੋਂ ਵੱਡੀ ਕਾਮਨਾ ਹੈ।

ਖੇਤੀਬਾੜੀ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ 75 ਸਾਲਾਂ ਦੇ ਇਤਿਹਾਸ ਵਿੱਚ ਪਹਿਲੀ ਵਾਰ ਕਿਸਾਨਾਂ ਨਾਲ ਮਸ਼ਵਰਾ ਕੀਤਾ ਜਾ ਰਿਹਾ ਹੈ। ਇਸ ਮਿਲਣੀ ਦੇ ਦੋ ਉਦੇਸ਼ ਹਨ, ਪਹਿਲਾ ਰਵਾਇਤੀ ਫਸਲੀ ਚੱਕਰ 'ਚੋਂ ਕਿਸਾਨੀ ਨੂੰ ਬਾਹਰ ਕੱਢਣ ਲਈ ਕਿਸਾਨਾਂ ਦੀਆਂ ਰਾਵਾਂ ਅਤੇ ਸੁਝਾਵਾਂ ਨੂੰ ਜਾਨਣਾ ਅਤੇ ਦੂਸਰਾ ਇਹਨਾਂ ਸੁਝਾਵਾਂ ਦੇ ਅਧਾਰ 'ਤੇ ਪੰਜਾਬ ਦੀ

• ਬਾਕੀ ਸਫ਼ਾ 2 'ਤੇ

### ਵਾਤਾਵਰਣ ਨੂੰ ਹਾਨੀ ਪਹੁੰਚਾਉਣ ਵਾਲੇ 85 ਉਦਯੋਗ ਬੰਦ ਕਰਨ ਦੇ ਹੁਕਮ

**ਚੰਡੀਗੜ੍ਹ** : ਨੈਸ਼ਨਲ ਗ੍ਰੀਨ ਟ੍ਰਿਬਿਊਨਲ (ਐੱਨ ਜੀ ਟੀ) ਨੇ ਪੰਜਾਬ ਦੇ 85 ਉਦਯੋਗਾਂ ਨੂੰ ਬੰਦ ਕਰਨ ਦੇ ਹੁਕਮ ਜਾਰੀ ਕੀਤੇ ਹਨ, ਜੋ ਵਾਤਾਵਰਣ ਨੂੰ ਨੁਕਸਾਨ ਪਹੁੰਚਾ ਰਹੇ ਹਨ। ਇਸ ਦੇ ਨਾਲ ਹੀ 4452 ਉਦਯੋਗਿਕ ਇਕਾਈਆਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤੇ ਗਏ ਹਨ। ਇਹ ਜਾਣਕਾਰੀ ਕੇਂਦਰੀ ਵਾਤਾਵਰਨ ਮੰਤਰੀ ਅਸ਼ਵਨੀ ਕੁਮਾਰ ਚੌਬੇ ਨੇ ਰਾਜ ਸਭਾ 'ਚ ਪੰਜਾਬ ਤੋਂ ਸੰਸਦ ਮੈਂਬਰ ਬਲਬੀਰ ਸਿੰਘ ਸੀਚੇਵਾਲ ਦੇ ਸਵਾਲ 'ਤੇ ਦਿੱਤੀ।

ਪੰਜਾਬ ਵਿੱਚ ਪਾਣੀ ਦਾ ਪ੍ਰਦੂਸ਼ਣ ਇੱਕ ਵੱਡੀ ਸਮੱਸਿਆ ਬਣ ਗਿਆ ਹੈ। ਮੰਤਰੀ ਚੌਬੇ ਅਨੁਸਾਰ ਪੰਜਾਬ ਵਿੱਚ 25,374 ਉਦਯੋਗਿਕ ਇਕਾਈਆਂ ਹਨ, ਜਿਨ੍ਹਾਂ ਵਿੱਚੋਂ 2,906 ਬੰਦ ਹੋ ਚੁੱਕੀਆਂ ਹਨ, ਪਰ 22,468 ਅਜੇ ਵੀ ਚੱਲ ਰਹੀਆਂ ਹਨ। ਪੰਜਾਬ ਵਿੱਚ 6,293 ਉਦਯੋਗ ਵਾਤਾਵਰਣ ਦੇ ਨਿਯਮਾਂ ਦੀ ਪਾਲਣਾ ਨਹੀਂ ਕਰ ਰਹੇ, ਜਿਸ ਕਾਰਨ ਪੰਜਾਬ ਦੇ ਪੰਜ ਦਰਿਆ ਪ੍ਰਦੂਸ਼ਤ ਹੋ ਰਹੇ ਹਨ ਅਤੇ ਤਿੰਨ ਦਰਿਆਵਾਂ ਦਾ ਪੱਧਰ ਅਤਿ ਪ੍ਰਦੂਸ਼ਤ ਪਾਣੀ ਦੀ ਸ਼੍ਰੇਣੀ ਵਿੱਚ ਆਉਂਦਾ ਹੈ। ਚੌਬੇ ਨੇ ਜਾਣਕਾਰੀ ਸਾਂਝੀ ਕੀਤੀ ਹੈ ਕਿ ਵਾਤਾਵਰਣ ਦੀ ਸੁਰੱਖਿਆ ਨੂੰ ਲੈ ਕੇ ਵਾਰ-ਵਾਰ ਚੇਤਾਵਨੀਆਂ ਦਿੱਤੀਆਂ ਜਾ ਰਹੀਆਂ ਹਨ। ਇਸ ਦੇ ਬਾਵਜੂਦ ਪੰਜਾਬ ਦੀਆਂ 28 ਫੀਸਦੀ ਉਦਯੋਗਿਕ ਇਕਾਈਆਂ ਵਾਤਾਵਰਣ ਦੇ ਮਾਪਦੰਡਾਂ ਦੀ ਪਾਲਨਾ ਨਹੀਂ ਕਰ ਰਹੀਆਂ ਹਨ।

ਹਿਮਾਚਲ ਵਿੱਚ ਸਿਰਫ 3.03% ਅਤੇ ਹਰਿਆਣਾ ਵਿੱਚ 1.50% ਉਦਯੋਗਿਕ ਇਕਾਈਆਂ ਨਿਯਮਾਂ ਦੀ ਪਾਲਣਾ ਨਹੀਂ ਕਰਦੀਆਂ ਹਨ। ਪੰਜਾਬ ਵਿੱਚ 4452 ਯੂਨਿਟਾਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤੇ ਗਏ ਹਨ, ਜਦਕਿ 85 ਨੂੰ ਬੰਦ ਕਰਨ ਦੇ ਹੁਕਮ ਦਿੱਤੇ ਗਏ ਹਨ। 1756 ਉਦਯੋਗਿਕ ਇਕਾਈਆਂ ਵਿਰੁੱਧ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਉਹਨਾ ਕਿਹਾ ਕਿ ਐੱਨ ਜੀ ਟੀ ਨੇ ਕੇਂਦਰੀ ਅਤੇ ਰਾਜ ਪ੍ਰਦੂਸ਼ਣ ਕੰਟਰੋਲ ਬੋਰਡ ਨੂੰ ਇਸ ਮਾਮਲੇ ਵਿੱਚ ਕਾਰਵਾਈ ਕਰਨ ਦੇ ਹੁਕਮ ਦਿੱਤੇ ਹਨ, ਪਰ ਅਜੇ ਤੱਕ ਕਿਸੇ ਖਿਲਾਫ ਕੋਈ ਕੇਸ ਦਰਜ ਨਹੀਂ ਕੀਤਾ ਗਿਆ। ਉਦਯੋਗਪਤੀਆਂ ਨੂੰ ਉਦਯੋਗ ਸਥਾਪਤ ਕਰਨ ਅਤੇ ਚਲਾਉਣ ਲਈ ਰਾਜ ਪ੍ਰਦੂਸ਼ਣ ਕੰਟਰੋਲ ਬੋਰਡ ਤੋਂ ਸਹਿਮਤੀ ਲੈਣੀ ਪੈਂਦੀ ਹੈ। ਬੋਰਡ ਵੱਲੋਂ ਉਦਯੋਗਾਂ ਤੋਂ ਰਹਿੰਦ-ਖੂੰਹਦ ਦੇ ਨਿਪਟਾਰੇ ਅਤੇ ਹੋਰ ਮਾਮਲਿਆਂ ਸੰਬੰਧੀ ਨਿਯਮ ਬਣਾਏ ਗਏ ਹਨ। ਪਾਲਣਾ ਨਾ ਕਰਨ ਦੀ ਸੂਰਤ ਵਿੱਚ ਵਾਟਰ ਐਕਟ, 1974, ਏਅਰ ਐਕਟ, 1981 ਅਤੇ ਵਾਤਾਵਰਣ (ਸੁਰੱਖਿਆ) ਐਕਟ, 1986 ਦੇ ਉਪਬੰਧਾਂ ਦੇ ਤਹਿਤ ਉਦਯੋਗਿਕ ਇਕਾਈ ਵਿਰੁੱਧ ਕਾਰਵਾਈ ਕੀਤੀ ਜਾਂਦੀ ਹੈ।

### ਠੰਢ ਅਜੇ ਨਹੀਂ ਜਾ ਰਹੀ

**ਚੰਡੀਗੜ੍ਹ** : ਪੰਜਾਬ ਸਣੇ ਪੂਰੇ ਉੱਤਰ ਭਾਰਤ 'ਚ ਇੱਕ ਵਾਰ ਫਿਰ ਤੋਂ ਠੰਢ ਵਧ ਸਕਦੀ ਹੈ, ਜਿਸ ਦੀ ਵਜਾ ਪੱਛਮੀ ਗੜਬੜੀ ਦੱਸੀ ਜਾ ਰਹੀ ਹੈ। ਮੌਸਮ ਵਿਭਾਗ ਮੁਤਾਬਕ ਪੱਛਮੀ ਗੜਬੜ ਪੂਰਬ ਵੱਲ ਵਧ ਰਹੀ ਹੈ, ਜਿਸ ਕਾਰਨ ਉੱਤਰ-ਪੱਛਮੀ ਭਾਰਤ ਦੇ ਕਈ ਰਾਜ ਪ੍ਰਭਾਵਤ ਹੋਣਗੇ। ਨਾਲ ਹੀ ਤਾਪਮਾਨ 'ਚ ਵੀ ਕਾਫੀ ਗਿਰਾਵਟ ਦੇਖਣ ਨੂੰ ਮਿਲੇਗੀ। ਮੌਸਮ ਵਿਭਾਗ ਦਾ ਇਹ ਵੀ ਕਹਿਣਾ ਹੈ ਕਿ ਆਉਣ ਵਾਲੇ ਦੋ ਤੋਂ ਤਿੰਨ ਦਿਨਾਂ ਦੌਰਾਨ ਦਿੱਲੀ, ਹਰਿਆਣਾ, ਪੰਜਾਬ, ਮੱਧ ਪ੍ਰਦੇਸ਼, ਰਾਜਸਥਾਨ ਅਤੇ ਪੱਛਮੀ ਉੱਤਰ ਪ੍ਰਦੇਸ 'ਚ ਠੰਢ ਵਧਣ ਦੀ ਸੰਭਾਵਨਾ ਹੈ। ਪਹਾੜੀ ਖੇਤਰਾਂ 'ਚ ਮੀਂਹ ਅਤੇ ਬਰਫਬਾਰੀ ਦੀ ਵੀ ਸੰਭਾਵਨਾ ਹੈ।

### ਪੱਤਰਕਾਰਾਂ ਦੀ ਲੋੜ

'ਨਵਾਂ ਜ਼ਮਾਨਾ' ਨੂੰ ਮੋਗਾ ਜ਼ਿਲ੍ਹੇ ਲਈ ਹੇਠ ਲਿਖੇ ਸਟੇਸ਼ਨਾਂ ਲਈ ਸੂਝਵਾਨ ਤੇ ਤਜਰਬੇਕਾਰ ਪੱਤਰਕਾਰਾਂ ਦੀ ਲੋੜ ਹੈ।

ਨਿਹਾਲ ਸਿੰਘ ਵਾਲਾ, ਫਤਿਹਗੜ੍ਹ ਪੰਜਤੂਰ, ਸਮਾਲਸਰ, ਬੱਧਨੀ ਕਲਾਂ, ਨੱਥੂਵਾਲਾ ਗਰਬੀ, ਢੁੱਡੀ ਕੇ, ਬਿਲਾਸਪੁਰ, ਸਮਾਧਭਾਈ, ਬਰਗਾੜੀ। ਚਾਹਵਾਨ ਸੱਜਣ ਕੰਮ ਵਾਲੇ ਦਿਨ 10.30 ਤੋਂ 5 ਵਜੇ ਤੱਕ 0181-5097300 'ਤੇ ਸੰਪਰਕ ਕਰਨ।

*-ਮੈਨੇਜਰ*

### ਪੱਤਰਕਾਰਾਂ ਲਈ ਸੂਚਨਾ

'ਨਵਾਂ ਜ਼ਮਾਨਾ' ਦੇ ਜਿਨ੍ਹਾਂ ਪ੍ਰਤੀਨਿਧਾਂ ਦੇ ਸ਼ਨਾਖਤੀ ਕਾਰਡ ਦੀ ਮਿਆਦ ਲੰਘ ਚੁੱਕੀ ਹੈ, ਉਨ੍ਹਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪੋ-ਆਪਣੇ ਕਾਰਡ ਜਲਦੀ ਤੋਂ ਜਲਦੀ 'ਨਵਾਂ ਜ਼ਮਾਨਾ' ਦਫਤਰ ਆ ਕੇ ਬਾਅਦ ਦੁਪਹਿਰ ਸ਼ੁੱਕਰਵਾਰ ਅਤੇ ਸੋਮਵਾਰ ਨੂੰ 2 ਵਜੇ ਤੋਂ ਸ਼ਾਮ 5 ਵਜੇ ਤੱਕ ਨਵਿਆਉਣ। ਆਪਣਾ ਪੁਰਾਣਾ ਅਧਿਕਾਰ ਪੱਤਰ ਨਾਲ ਲੈ ਕੇ ਆਉਣ।

*-ਮੈਨੇਜਰ*

### ਅੱਜ-ਨਾਮਾ

ਬੋਲਿਆ ਬੋਨੀ ਅਜਨਾਲੇ ਵਿੱਚ ਬੜਾ ਤਿੱਖਾ,
ਮਾਰ ਗਿਆ ਬਾਦਲਾਂ 'ਤੇ ਕਰੜੀ ਸੱਟ ਬੇਲੀ।
ਚੁਣ-ਚੁਣ ਨੁਕਸ ਗਿਣਾਏ ਸਨ ਬਾਦਲਾਂ ਦੇ,
ਕੱਢ ਰਿਹਾ ਜਿੱਦਾਂ ਸੀ ਅੰਦਰਲਾ ਵੱਟ ਬੇਲੀ।
ਹੋਈਆਂ ਹਾਰਾਂ ਦੇ ਮਿਹਣੇ ਸਨ ਬਹੁਤ ਮਾਰੇ,
ਅਕਾਲੀ ਨੀਤੀ ਵੀ ਸਾਰੀ ਗਿਆ ਛੱਟ ਬੇਲੀ।
ਚਰਚਾ ਲੋਕ ਕਈ ਮਗਰ ਸਨ ਬਹੁਤ ਕਰਦੇ,
ਕੀਤੀ ਇਹਨਾਂ ਵੀ ਕਿਹੜੀ ਕੋਈ ਘੱਟ ਬੇਲੀ।
ਬਾਦਲ ਮਾੜਾ ਤਾਂ ਆਖੀ ਜਾਏ ਬੁਰਾ ਬੇਸ਼ੱਕ
ਆਪਣੀ ਫਾਈਲ ਵੀ ਕਦੀ ਇਹ ਪੜ੍ਹੇ ਬੇਲੀ।
ਹਕੂਮਤੀ ਦੌਰ ਦੀ ਕਰੇ ਕੁਝ ਯਾਦ ਇਹ ਵੀ,
ਪਿਉ-ਪੁੱਤ ਕਿਤੇ ਵੀ ਕਦੇ ਨਹੀਂ ਖੜ੍ਹੇ ਬੇਲੀ।

-ਤੀਸ ਮਾਰ ਖਾਂ

## ਮੋਦੀ-ਅਡਾਨੀ ਖਿਲਾਫ ਪ੍ਰਦਰਸ਼ਨ ਕਰਦੇ 'ਆਪ' ਵਰਕਰਾਂ 'ਤੇ ਪਾਣੀ ਦੀਆਂ ਬੁਛਾੜਾਂ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਆਮ ਆਦਮੀ ਪਾਰਟੀ ਨੇ ਹਿੰਡਨਬਰਗ ਰਿਪੋਰਟ ਦੁਆਰਾ ਪਰਦਾ ਫਾਸ਼ ਕੀਤੇ ਅਡਾਨੀ ਦੇ ਘੁਟਾਲਿਆਂ ਸੰਬੰਧੀ ਮੋਦੀ ਸਰਕਾਰ ਨੂੰ ਘੇਰਿਆ ਅਤੇ ਮੋਦੀ-ਅਡਾਨੀ ਘੁਟਾਲਾ ਆਜ਼ਾਦੀ ਤੋਂ ਬਾਅਦ ਹੁਣ ਤੱਕ ਦਾ ਸਭ ਤੋਂ ਵੱਡਾ ਘੁਟਾਲਾ ਕਰਾਰ ਦਿੱਤਾ। ਐਤਵਾਰ ਚੰਡੀਗੜ੍ਹ ਵਿਖੇ ਮੁੱਖ ਦਫਤਰ 'ਚ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਜਨਰਲ ਸਕੱਤਰ ਅਤੇ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਅਤੇ ਬੁਲਾਰਿਆਂ ਨੀਲ ਗਰਗ, ਡਾ. ਸੰਨੀ ਆਹਲੂਵਾਲੀਆ ਅਤੇ ਸਮਿੰਦਰ ਖਿੰਡਾ ਨੇ ਮੋਦੀ ਸਰਕਾਰ ਦੌਰਾਨ ਅਡਾਨੀ ਦੀ ਸੰਪਤੀ 'ਚ ਹੋਏ ਵਾਧੇ ਨੂੰ ਲੈ ਕੇ ਭਾਜਪਾ ਦੀਆਂ ਲੋਕ ਵਿਰੋਧੀ ਅਤੇ ਪੂੰਜੀਵਾਦ ਪੱਖੀ ਨੀਤੀਆਂ 'ਤੇ ਸਵਾਲ ਖੜ੍ਹੇ ਕੀਤੇ।



ਪ੍ਰੈੱਸ ਕਾਨਫਰੰਸ ਉਪਰੰਤ ਆਮ ਆਦਮੀ ਪਾਰਟੀ ਦੇ ਵਿਧਾਇਕ ਅਤੇ ਪਾਰਟੀ ਅਹੁਦੇਦਾਰਾਂ ਨੇ ਚੰਡੀਗੜ੍ਹ ਸਥਿਤ ਭਾਜਪਾ ਦਫਤਰ ਅੱਗੇ ਰੋਸ ਪ੍ਰਦਰਸ਼ਨ ਵੀ ਕੀਤਾ ਅਤੇ ਮੋਦੀ ਸਰਕਾਰ ਅਤੇ ਅਡਾਨੀ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਵੀ ਕੀਤੀ। ਇਸ ਦੌਰਾਨ ਪ੍ਰਸ਼ਾਸਨ ਨੇ ਪ੍ਰਦਰਸ਼ਨਕਾਰੀਆਂ 'ਤੇ ਪਾਣੀ ਦੀਆਂ ਬੁਛਾੜਾਂ ਅਤੇ ਲਾਠੀਚਾਰਜ ਕੀਤਾ, ਜਿਸ ਵਿੱਚ ਕਈ ਮਹਿਲਾਵਾਂ ਸਮੇਤ ਕਈ ਪਾਰਟੀ ਅਹੁਦੇਦਾਰ ਗੰਭੀਰ ਜ਼ਖਮੀ ਹੋ ਗਏ। ਉਥੇ ਚੰਡੀਗੜ੍ਹ ਪੁਲਸ ਆਪਣੀ ਆਵਾਜ਼ ਬੁਲੰਦ ਕਰ ਰਹੇ ਆਮ ਆਦਮੀ ਪਾਰਟੀ ਦੇ ਕਈ ਵਰਕਰਾਂ ਅਤੇ ਅਹੁਦੇਦਾਰਾਂ ਨੂੰ ਗ੍ਰਿਫਤਾਰ ਕਰਕੇ ਥਾਣੇ ਲੈ ਗਈ। 'ਆਪ' ਆਗੂਆਂ ਦਾ ਕਹਿਣਾ ਸੀ ਕਿ ਭਾਜਪਾ ਉਨ੍ਹਾਂ ਦੀ ਆਵਾਜ਼ ਨੂੰ ਦਬਾਅ ਨਹੀਂ ਸਕਦੀ ਅਤੇ ਉਹ ਲੋਕ ਹਿੱਤ ਲਈ ਪੂੰਜੀਪਤੀਆਂ ਦੀ ਸਕੀ ਸਰਕਾਰ ਵਿਰੁੱਧ ਆਵਾਜ਼ ਉਠਾਉਂਦੇ ਰਹਿਣਗੇ।

ਨੀਲ ਗਰਗ ਨੇ ਕਿਹਾ ਕਿ ਮੋਦੀ-ਅਡਾਨੀ ਘੁਟਾਲਾ ਦੇਸ਼ ਦੀ ਆਜ਼ਾਦੀ ਤੋਂ ਬਾਅਦ ਹੁਣ ਤੱਕ ਦਾ ਸਭ ਤੋਂ ਵੱਡਾ ਘੁਟਾਲਾ ਹੈ। ਮੋਦੀ ਸਰਕਾਰ ਤੋਂ ਪਹਿਲਾਂ 2014 ਵਿੱਚ ਅਡਾਨੀ ਦੀ ਜਾਇਦਾਦ 37000 ਕਰੋੜ ਸੀ ਅਤੇ 2018 ਵਿੱਚ 59000 ਕਰੋੜ ਸੀ। 2020 'ਚ ਉਹੀ ਜਾਇਦਾਦ ਵਧ ਕੇ ਢਾਈ ਲੱਖ ਕਰੋੜ ਦੀ ਹੋ ਗਈ ਅਤੇ 2022 ਵਿੱਚ ਇਹ 13 ਲੱਖ ਕਰੋੜ ਹੋ ਗਈ। ਮੋਦੀ ਸਰਕਾਰ ਦੀਆਂ ਪੂੰਜੀਵਾਦ ਪੱਖੀ ਨੀਤੀਆਂ ਸਦਕਾ 2014 'ਚ 609ਵੇਂ ਤੋਂ ਛਾਲ ਲਗਾ ਕੇ ਅਡਾਨੀ 2022 ਵਿੱਚ ਦੁਨੀਆ ਦੇ ਤੀਜੇ ਸਭ ਤੋਂ ਅਮੀਰ ਵਿਅਕਤੀ ਬਣ ਗਏ।

ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਜਿੱਥੇ ਦੇਸ਼ ਦੀ ਆਰਥਿਕਤਾ ਮਾੜੇ ਹਾਲਾਤ ਅਤੇ ਆਮ ਲੋਕ ਬੇਰੁਜ਼ਗਾਰੀ ਆਦਿ ਨਾਲ ਜੂਝ ਰਹੇ ਹਨ, ਉੱਥੇ ਇੱਕ ਵਿਅਕਤੀ ਨੂੰ ਸਾਰੇ ਸਾਧਨ ਦੇ ਕੇ ਮੋਦੀ ਜੀ ਨੇ ਉਸ ਨੂੰ ਦੁਨੀਆ ਦਾ ਦੂਜਾ ਸਭ ਤੋਂ ਅਮੀਰ ਵਿਅਕਤੀ ਬਣਾ ਦਿੱਤਾ।

ਉਨ੍ਹਾ ਕਿਹਾ ਕਿ ਇਸ ਦੇਸ਼ ਦੇ ਕਰੋੜਾਂ ਲੋਕਾਂ ਨੇ ਆਪਣਾ ਪੈਸਾ ਐੱਲ ਆਈ ਸੀ ਵਿੱਚ ਨਿਵੇਸ਼ ਕੀਤਾ ਹੈ। ਕਿਸੇ ਨੇ ਆਪਣੀ ਧੀ ਦੇ ਵਿਆਹ ਲਈ ਪੈਸੇ ਰੱਖੇ ਹਨ। ਕਿਸੇ ਨੇ ਬੁਢਾਪਾ ਪੈਨਸ਼ਨ ਲਈ ਪੈਸੇ ਰੱਖੇ ਹਨ। ਘਰ ਵਿੱਚ ਕੋਈ ਬਿਮਾਰ ਹੋਣ ਦੀ ਸੂਰਤ ਵਿੱਚ ਪੈਸੇ ਰੱਖੇ ਗਏ ਹਨ। ਘਰ ਬਣਾਉਣ ਲਈ ਪੈਸਾ ਲਗਾਇਆ ਗਿਆ ਹੈ। ਲੋਕਾਂ ਨੇ ਐੱਸ ਬੀ ਆਈ ਵਿੱਚ ਪੈਸਾ ਨਿਵੇਸ਼ ਕੀਤਾ ਹੈ, ਕਿਉਂਕਿ ਉਹ ਪੈਸਾ ਉਨ੍ਹਾਂ ਲਈ ਮੁਸੀਬਤ ਵਿੱਚ ਲਾਭਦਾਇਕ ਹੋਵੇਗਾ, ਪਰ ਅੱਜ ਲੋਕਾਂ ਦੇ ਕਰੋੜਾਂ ਰੁਪਏ ਐੱਲ ਆਈ ਸੀ ਅਤੇ ਐੱਸ ਬੀ ਆਈ ਵਿੱਚ ਡੁੱਬ ਰਹੇ ਹਨ। 8 ਦਿਨਾਂ 'ਚ ਐੱਲ ਆਈ ਸੀ ਦੇ 65,400 ਕਰੋੜ ਰੁਪਏ ਡੁੱਬ ਗਏ। ਆਮ ਆਦਮੀ ਪਾਰਟੀ ਜੇ ਪੀ ਸੀ ਤੋਂ ਇਸ ਦੀ ਜਾਂਚ ਦੀ ਮੰਗ ਕਰ ਰਹੀ ਹੈ? ਜੇਕਰ ਮੋਦੀ ਜੀ ਗਲਤ ਨਹੀਂ ਤਾਂ ਜਾਂਚ ਤੋਂ ਕਿਉਂ ਭੱਜ ਰਹੇ ਹਨ? ਉਨ੍ਹਾ ਕਿਹਾ ਕਿ ਕੀ ਇਹ ਕਾਲਾ ਧਨ ਅਡਾਨੀ ਤੋਂ ਭਾਜਪਾ ਨੂੰ ਜਾਂਦਾ ਹੈ? ਭਾਜਪਾ ਉਸ ਪੈਸੇ ਨੂੰ ਹਾਰਸ-ਟ੍ਰੇਡਿੰਗ 'ਚ ਲਗਾਉਂਦੀ ਹੈ। ਅਡਾਨੀ ਵਿਰੁੱਧ ਨਾ ਤਾਂ ਈ ਡੀ ਕਾਰਵਾਈ ਕਰਦੀ ਹੈ, ਨਾ ਸੀ ਬੀ ਆਈ ਅਤੇ ਨਾ ਹੀ ਸੇਬੀ। ਜੇਕਰ ਵਿਰੋਧੀ ਧਿਰ ਵਿਰੁੱਧ ਕਾਰਵਾਈ ਕਰਨੀ ਪਵੇ ਤਾਂ ਸਾਰੀਆਂ ਸੰਸਥਾਵਾਂ ਸਰਗਰਮ ਹੋ ਜਾਂਦੀਆਂ ਹਨ। ਉਹ ਸਾਰਿਆਂ ਨੂੰ ਜੇਲ੍ਹ ਵਿੱਚ ਡੱਕਣ ਲੱਗ ਜਾਂਦੇ ਹਨ, ਪਰ ਜਦੋਂ ਏਨਾ ਵੱਡਾ ਘੁਟਾਲਾ ਫੜਿਆ ਗਿਆ ਹੈ ਤਾਂ ਦੁਨੀਆ ਦੀ ਸਭ ਤੋਂ ਵੱਡੀ ਪਾਰਟੀ ਮੋਦੀ ਜੀ ਨੇ ਅਡਾਨੀ ਦੇ ਨਾਲ ਮਿਲ ਕੇ ਦੁਨੀਆ ਦਾ ਸਭ ਤੋਂ ਵੱਡਾ ਘੁਟਾਲਾ ਕੀਤਾ ਹੈ ਤਾਂ ਸਰਕਾਰ ਅਤੇ ਸਰਕਾਰੀ ਸੰਸਥਾਵਾਂ ਚੁੱਪ ਹਨ।

CMYK

13-FEB-PAGE-1.qxd 2/12/2023 8:41 PM Page 2



## ਕੌਮੀ ਇਨਸਾਫ਼ ਮੋਰਚੇ ਲਈ ਜਥਾ ਰਵਾਨਾ



ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)-ਬੰਦੀ ਸਿੰਘਾਂ ਦੀ ਰਿਹਾਈ ਲਈ ਮੋਹਾਲੀ 'ਚ ਲੱਗੇ ਕੌਮੀ ਇਨਸਾਫ਼ ਮੋਰਚੇ 'ਚ ਪਿੰਡ ਜਲਾਲਦੀਵਾਲ ਤੋਂ ਇਕ ਜਥਾ ਰਵਾਨਾ ਹੋਇਆ। ਇਸ ਮੌਕੇ ਗੱਲ ਕਰਦਿਆਂ ਕੇਵਲ ਸਿੰਘ ਪੂਨੀਆ, ਪਸ਼ੌਰਾ ਸਿੰਘ ਨੇ ਕਿਹਾ ਕਿ ਸਜ਼ਾਵਾਂ ਭੁਗਤ ਚੁੱਕੇ ਬੰਦੀ ਸਿੰਘਾਂ ਨੂੰ ਰਿਹਾਅ ਕਰਾਉਣ ਲਈ ਸੰਘਰਸ਼ ਕੀਤਾ ਜਾ ਰਿਹਾ ਹੈ, ਪਰ ਮੌਕੇ ਦੀਆਂ ਸਰਕਾਰਾਂ ਵੱਲੋਂ ਬੰਦੀ ਸਿੰਘਾਂ ਨੂੰ ਜਾਣ-ਬੁੱਝ ਕੇ ਰਿਹਾਅ ਨਹੀਂ ਕੀਤਾ ਜਾ ਰਿਹਾ, ਜਦਕਿ ਇਸ ਦੇਸ ਵਿੱਚ ਬਲਾਤਕਾਰ ਵਰਗੀਆਂ ਸੰਗੀਨ ਜੁਰਮਾਂ 'ਚ ਸਜ਼ਾ ਤੁਗਤ ਰਹੇ ਲੋਕਾਂ ਨੂੰ ਪੈਰੋਲ 'ਤੇ ਭੇਜਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਬੰਦੀ ਸਿੰਘਾਂ ਦੀ ਰਿਹਾਈ ਲਈ ਜੋ ਮੋਰਚਾ ਚੱਲ ਰਿਹਾ ਹੈ, ਉਸ ਵਿੱਚ ਹਰ ਇੱਕ ਨੂੰ ਆਪਣਾ ਬਣਦਾ ਯੋਗਦਾਨ ਪਾਉਣਾ ਚਾਹੀਦਾ ਹੈ। ਇਸ ਮੌਕੇ ਕੇਵਲ ਸਿੰਘ ਪੂਨੀਆ, ਪਸ਼ੌਰਾ ਸਿੰਘ, ਮੱਘਰ ਸਿੰਘ, ਪਰਮਜੀਤ ਸਿੰਘ, ਗੁਰਮੇਲ ਸਿੰਘ, ਬਲਦੇਵ ਸਿੰਘ, ਇੰਦਰਜੀਤ ਸਿੰਘ ਮੋੜ, ਮਨਮੋਹਣ ਸਿੰਘ ਵਿੱਕੀ, ਰਾਜਵਿੰਦਰ ਰਾਜੂ, ਜਗਸੀਰ ਮੱਲ੍ਹੀ, ਹੈਪੀ, ਰਵਿੰਦਰ ਸਿੰਘ, ਨੇਕ ਸਿੰਘ, ਬਲਦੇਵ ਸਿੰਘ, ਗੁਰਜੀਤ ਸਿੰਘ, ਬਲਦੇਵ ਸਿੰਘ ਤੇ ਇੰਦਰਜੀਤ ਸਿੰਘ ਤੋਂ ਇਲਾਵਾ ਹੋਰ ਵੀ ਆਦਿ ਹਾਜ਼ਰ ਸਨ।

## ਪ੍ਰਾਈਵੇਟ ਅਦਾਰਿਆਂ ਤੇ ਦੁਕਾਨਾਂ ਦੇ ਨਾਂਅ ਪੰਜਾਬੀ 'ਚ ਲਿਖਣ ਸੰਬੰਧੀ ਕਾਰਜ ਸਾਧਕ ਅਫ਼ਸਰ ਤੇ ਵਪਾਰ ਮੰਡਲ ਨਾਲ ਮੀਟਿੰਗ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਣ)-ਜ਼ਿਲ੍ਹਾ ਭਾਸ਼ਾ ਦਫ਼ਤਰ ਸ੍ਰੀ ਮੁਕਤਸਰ ਸਾਹਿਬ ਵੱਲੋਂ ਨਗਰ ਕੌਂਸਲ, ਸ੍ਰੀ ਮੁਕਤਸਰ ਸਾਹਿਬ ਦੇ ਕਾਰਜ ਸਾਧਕ ਅਫ਼ਸਰ ਰਜਨੀਸ਼ ਕੁਮਾਰ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਜਗਰੀਤ ਕੌਰ ਸੰਧੂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਹੁਕਮਾਂ ਦੀ ਰੋਸ਼ਨੀ ਵਿੱਚ ਭਾਸ਼ਾ ਵਿਭਾਗ ਪੰਜਾਬ ਵੱਲੋਂ ਸਰਕਾਰੀ/ਅਰਧ ਸਰਕਾਰੀ ਦਫ਼ਤਰਾਂ/ਵਿਭਾਗਾਂ/ਅਦਾਰਿਆਂ/ਸੰਸਥਾਵਾਂ/ਬੋਰਡਾਂ/ਨਿਗਮਾਂ ਅਤੇ ਗ਼ੈਰ-ਸਰਕਾਰੀ ਸੰਸਥਾਵਾਂ/ਪਬਲਿਕ ਅਤੇ ਪ੍ਰਾਈਵੇਟ ਦੁਕਾਨਾਂ ਦੇ ਨਾਂਅ, ਨਾਂਅ ਪੱਟੀਆਂ, ਸਾਈਨ ਬੋਰਡ ਆਦਿ ਪੰਜਾਬੀ 'ਚ ਲਿਖਣ ਲਈ ਵਿੱਢੀ ਮੁਹਿਮ ਤਹਿਤ ਮੀਟਿੰਗ ਆਯੋਜਿਤ ਕੀਤੀ ਗਈ। ਮੀਟਿੰਗ 'ਚ ਅੱਜ ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਜਗਰੀਤ ਕੌਰ ਸੰਧੂ ਅਤੇ ਕਾਰਜ ਸਾਧਕ ਅਫ਼ਸਰ ਰਜਨੀਸ਼ ਕੁਮਾਰ ਵੱਲੋਂ ਵਪਾਰ ਮੰਡਲ, ਸ੍ਰੀ ਮੁਕਤਸਰ ਸਾਹਿਬ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਨਾਲ ਉਪਰੋਕਤ ਵਿਸ਼ੇ ਦੇ ਸੰਬੰਧ 'ਚ ਵਿਚਾਰ ਵਟਾਂਦਰਾ ਕੀਤਾ ਗਿਆ। ਜ਼ਿਲ੍ਹਾ ਭਾਸ਼ਾ ਅਫ਼ਸਰ ਵੱਲੋਂ ਉਨ੍ਹਾਂ ਨੂੰ ਸਰਕਾਰ ਵੱਲੋਂ ਜਾਰੀ ਕੀਤੀਆਂ ਹਦਾਇਤਾਂ ਅਤੇ ਨਿਰਦੇਸ਼ਾਂ ਸੰਬੰਧੀ ਪੱਤਰ ਸੌਂਪਿਆ ਗਿਆ।

## ਬਾਲ ਮਨੋਵਿਗਿਆਨ, ਪੋਸ਼ਣ ਤੇ ਸਿਹਤ ਜਾਗਰੂਕਤਾ ਸੰਬੰਧੀ ਵਰਕਸ਼ਾਪ



ਕੋਟ ਈਸੇ ਖਾਂ (ਅਰੋੜਾ)-ਸਕੂਲ ਸਿੱਖਿਆ ਵਿਭਾਗ ਪੰਜਾਬ ਦੁਆਰਾ ਜਾਰੀ ਦਿਸ਼ਾ-ਨਿਰਦੇਸ਼ ਅਨੁਸਾਰ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਸ੍ਰੀਮਤੀ ਕੰਚਨ ਬਾਲਾ ਵੱਲੋਂ ਬਲਾਕ ਧਰਮਕੋਟ 2 ਦੇ ਸਮੂਹ ਪ੍ਰਾਇਮਰੀ ਸਕੂਲਾਂ ਵਿੱਚ ਬਾਲ ਮਨੋਵਿਗਿਆਨ, ਪੋਸ਼ਣ ਤੇ ਸਿਹਤ ਜਾਗਰੂਕਤਾ ਵਿਸ਼ਿਆਂ ਸੰਬੰਧੀ ਮਦਰ ਵਰਕਸ਼ਾਪ ਦਾ ਆਯੋਜਨ ਕਰਾਇਆ ਗਿਆ। ਸੈਂਟਰ ਫਤਿਹਗੜ੍ਹ ਕੋਰੋਟਾਣਾ ਸੀ.ਐੱਚ.ਟੀ ਸੰਜੀਵ ਕੁਮਾਰ, ਸੈਂਟਰ ਕੜਿਆਲ ਤੇ ਕੋਟ ਈਸੇ ਖਾਂ ਸੀ.ਐੱਚ.ਟੀ ਬਿੰਦਰ ਕੌਰ, ਸੈਂਟਰ ਮੰਦਰ ਸੀ.ਐੱਚ.ਟੀ. ਵੀਨਾ ਰਾਣੀ, ਸੈਂਟਰ ਮਹਿਲ ਸੀ.ਐੱਚ.ਟੀ ਸਵਰਨਜੀਤ ਸਿੰਘ, ਸੈਂਟਰ ਫ਼ਤਿਹਗੜ੍ਹ ਪੰਜਤੂਰ ਜਸਕੀਰਤ ਕੌਰ, ਬੀ.ਐੱਮ.ਟੀ ਮਨਜੀਤ ਸਿੰਘ ਤੇ ਬਲਾਕ ਮੀਡੀਆ ਇੰਚਾਰਜ ਯੋਗੇਸ਼ ਠਾਕੁਰ ਦੁਆਰਾ ਸਕੂਲਾਂ ਦੇ ਅਧਿਆਪਕਾਂ ਨੂੰ ਸਹਿਯੋਗ ਕਰਦੇ ਹੋਏ ਮਦਰ ਵਰਕਸ਼ਾਪ ਦੌਰਾਨ ਬੱਚਿਆਂ ਦੀਆਂ ਮਾਤਾਵਾਂ ਨੂੰ ਜੀ ਆਇਆਂ ਨੂੰ ਆਖਿਆ ਗਿਆ। ਉਨ੍ਹਾਂ ਨੂੰ ਬੱਚਿਆਂ ਦੇ ਮਨੋਵਿਗਿਆਨ ਨੂੰ ਸਮਝਣ, ਸਹੀ ਪੋਸ਼ਣ ਲਈ ਭੋਜਨ ਦਾ ਧਿਆਨ ਰੱਖਣ ਅਤੇ ਵੱਖ-ਵੱਖ ਬਿਮਾਰੀਆਂ ਤੋਂ ਬਚਾਅ ਕਰਨ ਲਈ ਜਾਗਰੂਕ ਕਰਨ ਸੰਬੰਧੀ ਗਤੀਵਿਧੀਆਂ ਕਰਾਉਂਦੇ ਹੋਏ ਗੱਲਬਾਤ ਕੀਤੀ ਗਈ। ਵਰਕਸ਼ਾਪ ਵਿੱਚ ਬੱਚਿਆਂ ਦੀਆਂ ਮਾਤਾਵਾਂ ਵੱਲੋਂ ਬਹੁਤ ਚੀ ਦਿਖਾਉਂਦੇ ਹੋਏ ਵਿਭਾਗ ਵੱਲੋਂ ਬੱਚਿਆਂ ਦੇ ਸਰਵਪੱਖੀ ਵਿਕਾਸ ਸੰਬੰਧੀ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ ਗਈ।

## ਨੌਵੀਂ ਜਮਾਤ ਦੇ ਵਿਦਿਆਰਥੀਆਂ ਦਾ ਸਾਇੰਸ ਟੂਰ ਲਾਇਆ



ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਪੰਜਾਬ ਸਰਕਾਰ ਤੇ ਸਿੱਖਿਆ ਵਿਭਾਗ ਦੇ ਦਿਸ਼ਾ-ਨਿਰਦੇਸਾਂ ਅਨੁਸਾਰ ਸ਼ਹੀਦ ਨਾਇਕ ਮਹਿੰਦਰ ਸਿੰਘ ਸਰਕਾਰੀ ਹਾਈ ਸਕੂਲ ਭੂੰਦੜ ਦੇ ਨੌਵੀਂ ਜਮਾਤ ਦੇ ਵਿਦਿਆਰਥੀਆਂ ਦਾ ਸਾਇੰਸ ਟੂਰ ਮਹਾਰਾਜਾ ਰਣਜੀਤ ਸਿੰਘ ਟੈਕਨੀਕਲ ਯੂਨੀਵਰਸਿਟੀ ਬਠਿੰਡਾ ਦਾ ਲਾਇਆ ਗਿਆ। ਵਿਦਿਆਰਥੀ ਯੂਨੀਵਰਸਿਟੀ ਦਾ ਵਿਸ਼ਾਲ ਕੈਂਪਸ ਦੇਖ ਕੇ ਬਹੁਤ ਖੁਸ਼ ਹੋਏ। ਇਸ ਦੌਰਾਨ ਵਿਦਿਆਰਥੀਆਂ ਨੇ ਵੱਖ-ਵੱਖ ਲਾਈਵ ਮਾਡਲਾਂ ਤੇ ਪ੍ਰਦਰਸ਼ਨੀਆਂ ਨੂੰ ਦੇਖ ਆਧੁਨਿਕ ਸਾਇੰਸ ਤੇ ਟੈਕਨੋਲਜੀ ਦੇ ਖੇਤਰ ਵਿੱਚ ਭਰਪੂਰ ਗਿਆਨ ਹਾਸਲ ਕੀਤਾ। ਵਿਦਿਆਰਥੀਆਂ ਦੁਆਰਾ ਵਿਗਿਆਨਕ ਮਾਹਰਾਂ ਦੇ ਭਾਸ਼ਣਾਂ ਨੂੰ ਬੜੇ ਹੀ ਧਿਆਨ ਨਾਲ ਸੁਣਿਆ। ਸਾਇੰਸ ਅਧਿਆਪਕ ਵਰਿੰਦਰ ਸਿੰਘ ਤੇ ਜਸਪਾਲ ਕੌਰ ਨੇ ਨਵੀਨਤਮ ਟੈਕਨੋਲਜੀ ਦੇ ਵੱਖ-ਵੱਖ ਮਾਡਲਾਂ ਨੂੰ ਸਮਝਣ ਵਿੱਚ ਵਿਦਿਆਰਥੀਆਂ ਦੀ ਸਹਾਇਤਾ ਕੀਤੀ। ਮੁੱਖ ਅਧਿਆਪਕਾ ਸ੍ਰੀਮਤੀ ਪੂਜਾ ਰਾਣੀ ਵੱਲੋਂ ਸਮੁੱਚੇ ਟੂਰ ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਦੇ ਯੂਨੀਵਰਸਿਟੀ ਜਾਣ ਅਤੇ ਰਿਫ਼ਰੈਸ਼ਮੈਂਟ ਦਾ ਵਧੀਆ ਪ੍ਰਬੰਧ ਕੀਤਾ ਗਿਆ।

## ਬਾਬਾ ਮੋਨੀ ਜੀ ਕਾਲਜ ਦਾ ਐੱਮ ਐੱਸ ਸੀ ਆਈ ਟੀ ਭਾਗ-1 ਦਾ ਨਤੀਜਾ ਸੌ ਫੀਸਦੀ



ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਪੰਜਾਬੀ ਯੂਨੀਵਰਸਿਟੀ ਵੱਲੋਂ ਐਲਾਨੇ ਗਏ ਐਮ ਐਸ ਸੀ ਆਈ ਟੀ ਭਾਗ-1 (ਸਮੈਸਟਰ-2) ਦੇ ਨਤੀਜਿਆਂ 'ਚੋਂ ਬਾਬਾ ਮੋਨੀ ਜੀ ਡਿਗਰੀ ਕਾਲਜ ਲਹਿਰਾ ਮੁਹੱਬਤ (ਬਠਿੰਡਾ) ਦਾ ਨਤੀਜਾ ਸੌ ਫੀਸਦੀ ਰਿਹਾ। ਕਾਲਜ ਦੀਆਂ ਵਿਦਿਆਰਥਣਾਂ ਦੀਪਿਕਾ ਪੁੱਤਰੀ ਰਾਜੇਸ਼ ਗੋਇਲ 'ਰਾਮਪੁਰਾ ਫੂਲ' ਨੇ ਪਹਿਲਾ, ਸੁਖਪ੍ਰੀਤ ਕੌਰ ਪੁੱਤਰੀ ਅੰਗਰੇਜ਼ ਸਿੰਘ 'ਮਹਿਰਾਜ' ਨੇ ਦੂਜਾ ਅਤੇ ਮਨਪ੍ਰੀਤ ਕੌਰ ਪੁੱਤਰੀ ਸੁਖਚੈਨ ਸਿੰਘ 'ਮਹਿਰਾਜ' ਨੇ ਤੀਜਾ ਸਥਾਨ ਹਾਸਲ ਕਰਕੇ ਕਾਲਜ ਅਤੇ ਆਪਣੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ ਹੈ। ਬਾਕੀ ਸਾਰੀਆਂ ਵਿਦਿਆਰਥਣਾਂ ਨੇ ਪਹਿਲੇ ਦਰਜੇ ਵਿੱਚ ਪ੍ਰੀਖਿਆ ਪਾਸ ਕੀਤੀ। ਕਾਲਜ ਡਾਇਰੈਕਟਰ ਕੇਸਰ ਸਿੰਘ ਧਲੇਵਾਂ ਅਤੇ ਮੈਨੇਜਿੰਗ ਡਾਇਰੈਕਟਰ ਲਖਵੀਰ ਸਿੰਘ ਸਿੱਧੂ ਨੇ ਵਿਦਿਆਰਥੀਆਂ ਅਤੇ ਸਮੂਹ ਸਟਾਫ ਨੂੰ ਵਧਾਈ ਦਿੰਦਿਆਂ ਵਿਦਿਆਰਥਣਾਂ ਨੂੰ ਹੋਰ ਵਧੇਰੇ ਮਿਹਨਤ ਕਰਕੇ ਤਰੱਕੀਆਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਪ੍ਰੋ. ਹਰਪਿੰਦਰ ਕੌਰ, ਪ੍ਰੋ. ਹਰਮਨਪ੍ਰੀਤ ਕੌਰ, ਪ੍ਰੋ. ਵਰਦੀਪ ਕੌਰ, ਪ੍ਰੋ. ਰਮਨਦੀਪ ਕੌਰ, ਪ੍ਰੋ. ਪ੍ਰਦੀਪ ਕੌਰ, ਪ੍ਰੋ. ਰਣਜੀਤ ਕੌਰ, ਪ੍ਰੋ. ਵਰਿੰਦਰ ਸਿੰਘ, ਪ੍ਰੋ. ਕੁਲਦੀਪ ਕੌਰ, ਪ੍ਰੋ. ਮੋਨਿਕਾ ਗਰਗ, ਪ੍ਰੋ. ਦਲਜੀਤ ਕੌਰ, ਪ੍ਰੋ. ਗੁਰਪ੍ਰੀਤ ਕੌਰ (ਕੰਪਿਊਟਰ) ਅਤੇ ਪ੍ਰੋ. ਗੁਰਪ੍ਰੀਤ ਕੌਰ ਆਦਿ ਸਟਾਫ ਮੈਂਬਰ ਹਾਜ਼ਰ ਸਨ।

## ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਤੇ ਸਕੱਤਰ ਦਾ ਵਿਸ਼ੇਸ਼ ਸਨਮਾਨ



ਧੂਰੀ (ਸੁਖਦੇਵ ਧੂਰੀ, ਬਿੰਨੀ ਗਰਗ)-ਜਰਨਲਿਜਮ ਐਸੋਸੀਏਸ਼ਨ ਰਜਿ: ਦੇ ਪ੍ਰਧਾਨ ਲਖਵੀਰ ਸਿੰਘ ਧਾਂਦਰਾਂ ਦੀ ਅਗਵਾਈ ਹੇਠ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਪ੍ਰਧਾਨ ਸੁਖਦੇਵ ਸ਼ਰਮਾ ਤੇ ਸਕੱਤਰ ਡਾ. ਅਮਰਜੀਤ ਸਿੰਘ ਦਾ ਵਿਸ਼ੇਸ਼ ਸਨਮਾਨ ਪੈਨਸ਼ਨਰਜ ਐਸੋਸੀਏਸ਼ਨ ਦੇ ਦਫ਼ਤਰ ਵਿਖੇ ਕੀਤਾ ਗਿਆ। ਇਸ ਮੌਕੇ ਜਰਨਲਿਜਮ ਐਸੋਸੀਏਸ਼ਨ ਦੇ ਸਮੂਹ ਮੈਂਬਰਾਂ ਨੇ ਸੁਖਦੇਵ ਸ਼ਰਮਾ ਤੇ ਡਾ. ਅਮਰਜੀਤ ਸਿੰਘ ਨੂੰ ਸਨਮਾਨ ਚਿੰਨ੍ਹ ਅਤੇ ਸਿਰੋਪਾਓ ਪਾ ਕੇ ਸਨਮਾਨ ਕਰਦਿਆਂ ਮੁਬਾਰਕਬਾਦ ਦਿੱਤੀ ਗਈ। ਪੈਨਸ਼ਨ ਐਸੋਸੀਏਸ਼ਨ ਦੇ ਪ੍ਰਧਾਨ ਸੁਖਦੇਵ ਸ਼ਰਮਾ ਤੇ ਸਕੱਤਰ ਡਾ. ਅਮਰਜੀਤ ਸਿੰਘ ਨੇ ਜਰਨਲਿਜਮ ਐਸੋਸੀਏਸ਼ਨ ਵੱਲੋਂ ਦਿੱਤੇ ਗਏ ਮਾਣ-ਸਤਿਕਾਰ ਲਈ ਉਨ੍ਹਾਂ ਧੰਨਵਾਦ ਕੀਤਾ। ਇਸ ਮੌਕੇ ਜਰਨਲਿਜਮ ਐਸੋਸੀਏਸ਼ਨ ਰਜਿ: ਦੇ ਅਹੁਦੇਦਾਰ ਤਰਸੇਮ ਸ਼ਰਮਾ, ਪਵਨ ਕੁਮਾਰ ਵਰਮਾ, ਮਲਕੀਤ ਸਿੰਘ ਚਾਂਗਲੀ, ਰਤਨ ਸਿੰਘ ਭੰਡਾਰੀ, ਸੁਖਵਿੰਦਰ ਸਿੰਘ ਪਲਾਹਾ, ਸੁਰਿੰਦਰ ਧੂਰੀ, ਮਹੇਸ਼ ਜਿੰਦਲ, ਹਰਨੇਕ ਪੇਧਨੀ, ਰਾਮ ਗੋਪਾਲ, ਦੀਪਕ ਵਸ਼ਿਸ਼ਟ ਤੇ ਰਾਕੇਸ਼ ਗਰਗ ਹਾਜ਼ਰ ਸਨ।

## ਫੀਲਡ 'ਚ ਵਿਜ਼ਟ ਕਰਕੇ ਚੱਲ ਰਹੇ ਕੰਮਾਂ ਦਾ ਜਾਇਜ਼ਾ ਲੈਣ ਅਧਿਕਾਰੀ : ਚੇਅਰਮੈਨ

ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)-ਪੰਜਾਬ ਸਰਕਾਰ ਵੱਲੋਂ ਨਵ ਨਿਯੁਕਤ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਸ੍ਰੀ ਸੁਖਜੀਤ ਸਿੰਘ ਢਿੱਲਵਾਂ ਨੇ ਜ਼ਿਲ੍ਹੇ ਅੰਦਰ ਚੱਲ ਰਹੀਆਂ ਵੱਖ-ਵੱਖ ਵਿਕਾਸ ਕਾਰਜਾਂ ਸਬੰਧੀ ਅਧਿਕਾਰੀਆਂ ਨਾਲ ਮੀਟਿੰਗ ਕਰਦੇ ਹੋਏ ਕਿਹਾ ਕਿ ਜ਼ਿਲ੍ਹੇ ਵਿੱਚ ਵਿਕਾਸ ਕਾਰਜਾਂ ਸੰਬੰਧੀ ਯੋਜਨਾ ਕਮੇਟੀ ਵੱਲੋਂ ਜੋ ਕੰਮ ਚੱਲ ਰਹੇ ਹਨ। ਇਨ੍ਹਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਅਧਿਕਾਰੀ ਸਮੇਂ ਸਮੇਂ ਫੀਲਡ ਵਿੱਚ ਵਿਜ਼ਟ ਕਰਦੇ ਰਹਿਣ। ਉਨ੍ਹਾਂ ਕਿਹਾ ਕਿ ਚੱਲ ਰਹੇ ਕੰਮਾਂ ਪ੍ਰਤੀ ਪ੍ਰਗਤੀ ਰਿਪੋਰਟ ਸਬੰਧੀ ਸਮੇਂ ਸਮੇਂ ਸਿਰ ਉਨ੍ਹਾਂ ਨੂੰ ਜਾਣਕਾਰੀ ਦਿੰਦੇ ਰਹਿਣ। ਉਨ੍ਹਾਂ ਨੇ ਵੱਖ-ਵੱਖ ਪਿੰਡਾਂ ਵਿੱਚ ਸੀਵਰੇਜ ਸੰਬੰਧੀ ਸਮੱਸਿਆਵਾਂ ਤੇ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਮੁੜ ਸੁਰਜੀਤ ਛੱਪੜਾ ਦੀ ਪ੍ਰਗਤੀ ਸਬੰਧੀ ਵਿਸਥਾਰ ਨਾਲ ਵਿਚਾਰ ਚਰਚਾ ਕੀਤੀ ਗਈ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਵਿੱਚ ਗੰਦੇ ਪਾਣੀ ਦੀ ਨਿਕਾਸੀ ਜਾਂ ਸੀਵਰੇਜ ਸਬੰਧੀ ਜੋ ਵੀ ਸਮੱਸਿਆਵਾਂ ਹਨ, ਇਸ ਸਬੰਧੀ ਸਬੰਧਤ ਪਿੰਡ ਵਾਸੀਆਂ ਨਾਲ ਮਿਲ ਕੇ ਜ਼ਮੀਨੀ ਪੱਧਰ 'ਤੇ ਯੋਜਨਾ ਬਣਾਈ ਜਾਵੇ। ਗੰਦੇ ਪਾਣੀ ਦੀ ਨਿਕਾਸੀ ਤੇ ਸੀਵਰੇਜ ਦਾ ਪ੍ਰਬੰਧੀ ਇਸ ਢੰਗ ਨਾਲ ਕੀਤਾ ਜਾਵੇ ਕਿ ਪੂਰੇ ਪਿੰਡ ਦੇ ਗੰਦਾ ਪਾਣੀ ਦੀ ਨਿਕਾਸੀ ਯੋਜਨਾਬੱਧ ਤਰੀਕੇ ਨਾਲ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਇਹ ਦੇਖਿਆ ਗਿਆ ਹੈ ਕਿ ਜਦ ਗੰਦਾ ਪਾਣੀ ਪਿੰਡ ਦੀਆਂ ਗਲੀਆਂ ਵਿੱਚ ਫੈਲ ਜਾਂਦਾ ਹੈ ਤਾਂ ਪਿੰਡ ਵਾਸੀਆਂ ਨੂੰ ਬਹੁਤ ਸਮੱਸਿਆਵਾਂ ਪੇਸ਼ ਆਉਂਦੀਆਂ ਹਨ।

# ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਮੁਫ਼ਤ ਚੱਲ ਰਹੇ ਸੈਂਟਰਾਂ ਦਾ ਉਦਘਾਟਨ



ਸੈਂਟਰ ਦਾ ਉਦਘਾਟਨ ਕਰਦੇ ਹੋਏ ਟਰੱਸਟ ਦੇ ਅਹੁਦੇਦਾਰ।

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਣ)-ਡਾਕਟਰ ਐਸ ਪੀ ਸਿੰਘ ਉਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਹਰ ਇੱਕ ਖੇਤਰ 'ਚ ਅਣਗਿਣਤ ਕੰਮ ਕੀਤੇ ਜਾ ਰਹੇ ਹਨ, ਇਸ ਲੜੀ ਤਹਿਤ ਪਿੰਡਾਂ ਅਤੇ ਸ਼ਹਿਰਾਂ 'ਚ ਨੌਜਵਾਨ ਲੜਕੇ ਲੜਕੀਆਂ ਨੂੰ ਆਤਮਨਿਰਭਰ ਬਣਾਉਣ ਲਈ ਸੰਨੀ ਉਬਰਾਏ ਸਵੈ ਰੋਜ਼ਗਾਰ ਯੋਜਨਾ ਸਕੀਮ ਅਧੀਨ ਮੁਫ਼ਤ ਸਿਲਾਈ ਸਿਖਲਾਈ ਸੈਂਟਰ, ਕੰਪਿਊਟਰ ਸੈਂਟਰ, ਬਿਊਟੀ ਪਾਰਲਰ ਸੈਂਟਰ ਖੋਲ੍ਹੇ ਜਾ ਰਹੇ ਹਨ ਤਾਂ ਜੋ ਬੇਰੁਜ਼ਗਾਰੀ ਨੂੰ ਠੱਲ੍ਹ ਪਾਈ ਜਾ ਸਕੇ ਅਤੇ ਲੋਕ ਆਪਣੇ ਕੰਮਾਂ ਵਿੱਚ ਨਿਪੁੰਨ ਹੋ ਕੇ ਆਪਣੇ ਪਰਵਾਰਾਂ ਦਾ ਵਧੀਆ ਢੰਗ ਨਾਲ ਪਾਲਣ ਪੋਸਣ ਕਰ ਸਕਣ। ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਅਤੇ ਮੈਡਮ ਇੰਦਰਜੀਤ ਕੌਰ ਡਾਇਰੈਕਟਰ ਐਜੂਕੇਸ਼ਨ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਦਿਸ਼ਾ ਨਿਰਦੇਸ਼ਾਂ 'ਤੇ ਸ੍ਰੀ ਗੁਰੂ ਰਵਿਦਾਸ ਧਰਮਸ਼ਾਲਾ ਗੋਨੇਆਣਾ ਰੋਡ ਸ੍ਰੀ ਮੁਕਤਸਰ ਸਾਹਿਬ ਵਿਖੇ ਮੁਫਤ ਸਿਲਾਈ ਸਿਖਲਾਈ ਸੈਂਟਰ ਅਤੇ ਬਿਊਟੀ ਪਾਰਲਰ ਸਿਖਲਾਈ ਸੈਂਟਰ ਖੋਲ੍ਹੇ ਗਏ ਹਨ ਜਿਸ ਦਾ ਉਦਘਾਟਨ ਸੁਖਜਿੰਦਰ ਸਿੰਘ ਪ੍ਰਧਾਨ ਟਰੱਕ ਯੂਨੀਅਨ ਸ੍ਰੀ ਮੁਕਤਸਰ ਸਾਹਿਬ ਵੱਲੋਂ ਕੀਤਾ ਗਿਆ ਅਤੇ ਮੁੱਖ ਮਹਿਮਾਨ ਵੱਲੋਂ ਉਬਰਾਏ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ। ਗੁਰਬਿੰਦਰ ਸਿੰਘ ਬਰਾੜ ਇੰਚਾਰਜ ਮਾਲਵਾ ਜ਼ੋਨ ਅਤੇ ਅਰਵਿੰਦਰ ਪਾਲ ਸਿੰਘ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਮੁਕਤਸਰ ਸਾਹਿਬ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਅਜਿਹੇ ਸੈਂਟਰਾਂ ਤੋਂ ਸਿਖਲਾਈ ਲੈ ਕੇ ਸੈਂਕੜਿਆਂ ਦੀ ਗਿਣਤੀ 'ਚ ਨੌਜਵਾਨ ਲੜਕੇ ਲੜਕੀਆਂ ਵਧੀਆ ਜ਼ਿੰਦਗੀ ਬਤੀਤ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸ੍ਰੀ ਮੁਕਤਸਰ ਸਾਹਿਬ ਜ਼ਿਲੇ 'ਚ ਅਜਿਹੇ 7 ਦੇ ਕਰੀਬ ਸਿਖਲਾਈ ਸੈਂਟਰ ਚੱਲ ਰਹੇ ਹਨ। ਇਸ ਮੌਕੇ ਗੁਰਬਿੰਦਰ ਸਿੰਘ ਬਰਾੜ ਇੰਚਾਰਜ ਮਾਲਵਾ ਜ਼ੋਨ, ਅਰਵਿੰਦਰ ਪਾਲ ਸਿੰਘ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਮੁਕਤਸਰ ਸਾਹਿਬ, ਬਲਵਿੰਦਰ ਸਿੰਘ ਬਰਾੜ, ਮਾਸਟਰ ਰਾਜਿੰਦਰ ਸਿੰਘ, ਸੁਖਬੀਰ ਸਿੰਘ ਜ਼ੈਲਦਾਰ, ਸੋਮਨਾਥ, ਅਸ਼ੋਕ ਕੁਮਾਰ, ਬਰਨੇਕ ਸਿੰਘ ਸਿਲਾਈ ਸਿਖਲਾਈ ਅਧਿਆਪਕ ਰੇਣੂ ਸ਼ਰਮਾ ਅਤੇ ਬਿਊਟੀ ਪਾਰਲਰ ਸਿਖਲਾਈ ਅਧਿਆਪਕ ਮੌਜੂਦ ਸਨ।

## ਆਰ ਟੀ ਆਈ ਰਾਹੀਂ ਗਲਤ ਸੂਚਨਾ ਦੇਣ ਵਾਲੇ ਅਧਿਕਾਰੀ ਖਿਲਾਫ ਕਾਰਵਾਈ ਦੀ ਮੰਗ

ਜਲੰਧਰ (ਨ ਜ਼ ਸ)-ਆਰ ਟੀ ਆਈ ਐਕਟੀਵਿਸਟ ਜਗੀਰ ਸਿੰਘ ਮੁਆਈ ਨੇ ਆਰ ਟੀ ਆਈ ਐਕਟ ਰਾਹੀਂ ਜਾਣਕਾਰੀ ਮੰਗਣ ਉਪਰੰਤ ਉਸ ਦੀ ਗਲਤ ਸੂਚਨਾ ਦੇਣ 'ਤੇ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਜਲੰਧਰ ਨੂੰ ਦਰਖਾਸਤ ਦੇ ਕੇ ਮੰਗ ਕੀਤੀ ਹੈ ਕਿ ਇਸ ਮਾਮਲੇ ਦੀ ਨਿਰਪੱਖ ਜਾਂਚ ਕਰਵਾਈ ਜਾਵੇ। ਜਗੀਰ ਸਿੰਘ ਨੇ ਦਰਖਾਸਤ ਵਿੱਚ ਲਿਖਿਆ ਹੈ ਕਿ ਉਨ੍ਹਾ ਨੇ ਪੰਚਾਇਤ ਸਕੱਤਰ ਰਜਿੰਦਰ ਕੁਮਾਰ-ਕਮ-ਸੂਚਨਾ ਅਧਿਕਾਰੀ ਗਰਾਮ ਪੰਚਾਇਤ ਮੁਆਈ ਤੋਂ ਆਰ ਟੀ ਆਈ ਐਕਟ ਰਾਹੀਂ ਜਾਣਕਾਰੀ ਮੰਗੀ ਸੀ ਕਿ ਸਾਬਕਾ ਸਰਪੰਚ ਹਰਵਿੰਦਰ ਸਿੰਘ ਦੇ ਸਮੇਂ ਪੰਜਾਬ ਸਰਕਾਰ ਵੱਲੋਂ ਪਿੰਡ ਮੁਆਈ ਦੀ ਜਿੰਮ ਵਾਸਤੇ ਮਸ਼ੀਨਾਂ ਦਿੱਤੀਆਂ ਗਈਆਂ ਸਨ, ਜੋ ਮੌਜੂਦਾ ਪੰਚਾਇਤ ਨੇ ਖੁਰਦ-ਬੁਰਦ ਕਰ ਦਿੱਤੀਆਂ ਹਨ, ਜਿਸ ਦਾ ਜਵਾਬ ਉਸ ਨੇ ਨਿੱਲ ਦਿੱਤਾ ਹੈ। ਇਸ ਤੋਂ ਇਲਾਵਾ ਪਿੰਡ ਦੀ ਸ਼ਾਮਲਾਟ ਜ਼ਮੀਨ 'ਤੇ ਵੱਖ ਵੱਖ ਲੋਕਾਂ ਵੱਲੋਂ ਕੀਤੇ ਨਜਾਇਜ਼ ਕਬਜ਼ਿਆਂ ਬਾਰੇ, ਜਿਸ ਬਾਰੇ ਵੀ ਆਰ ਟੀ ਆਈ ਐਕਟ ਰਾਹੀਂ ਉਕਤ ਸੂਚਨਾ ਅਧਿਕਾਰੀ ਵੱਲੋਂ ਜਾਣਕਾਰੀ ਮੰਗੀ ਗਈ ਸੀ ਤੇ ਇਸ ਬਾਰੇ ਜਗੀਰ ਸਿੰਘ ਦੀ ਦਰਖਾਸਤ 'ਤੇ ਪੰਚਾਇਤ ਅਫਸਰ ਵੱਲੋਂ ਮੌਕਾ ਵੀ ਦੇਖਿਆ ਗਿਆ ਸੀ, ਪਰ ਉਸ 'ਤੇ ਕੋਈ ਕਾਰਵਾਈ ਨਹੀਂ ਕੀਤੀ ਗਈ ਅਤੇ ਨਾ ਹੀ ਸਾਨੂੰ ਕੋਈ ਸੂਚਨਾ ਦਿੱਤੀ ਗਈ ਹੈ। ਉਨ੍ਹਾ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਜਲੰਧਰ ਤੋਂ ਇੱਕ ਦਰਖਾਸਤ ਦੇ ਕੇ ਮੰਗ ਕੀਤੀ ਹੈ ਕਿ ਉਕਤ ਮਾਮਲਿਆਂ ਦੀ ਜਾਂਚ-ਪੜਤਾਲ ਕਰਵਾ ਕੇ ਇਸ ਮਾਮਲੇ 'ਚ ਸ਼ਾਮਲ ਦੋਸ਼ੀਆਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ।

# ਕਤਲ ਦਾ ਮੁਕੱਦਮਾ ਦਰਜ ਹੋਣ 'ਤੇ 4 ਮੁਲਜ਼ਮ 48 ਘੰਟਿਆਂ 'ਚ ਗ੍ਰਿਫ਼ਤਾਰ

ਸੰਗਰੂਰ (ਪ੍ਰਵੀਨ ਸਿੰਘ)-ਸ੍ਰੀ ਸੁਰੇਂਦਰ ਲਾਂਬਾ, ਐਸ.ਐਸ.ਪੀ ਨੇ ਦੱਸਿਆ ਕਿ ਜ਼ਿਲ੍ਹਾ ਪੁਲਸ ਸੰਗਰੂਰ ਵੱਲੋਂ ਮਾੜੇ ਅਨਸਰਾਂ ਖਿਲਾਫ ਚਲਾਈ ਗਈ ਮੁਹਿੰਮ ਤਹਿਤ ਕਾਰਵਾਈ ਕਰਦੇ ਹੋਏ ਥਾਣਾ ਛਾਜਲੀ ਵਿਖੇ ਕਤਲ ਦੇ ਮੁਕੱਦਮੇ ਵਿੱਚ 04 ਦੋਸ਼ੀ 48 ਘੰਟਿਆਂ ਅੰਦਰ ਗ੍ਰਿਫਤਾਰ ਕੀਤੇ ਗਏ। ਸ੍ਰੀ ਸੁਰੇਂਦਰ ਲਾਂਬਾ ਨੇ ਦੱਸਿਆ ਕਿ 8 ਫਰਵਰੀ ਨੂੰ ਜਸਵੀਰ ਕੌਰ ਪਤਨੀ ਬੂਟਾ ਸਿੰਘ ਵਾਸੀ ਨੰਗਲਾ ਥਾਣਾ ਲਹਿਰਾ ਨੇ ਥਾਣਾ ਛਾਜਲੀ ਵਿਖੇ ਇਤਲਾਹ ਦਿੱਤੀ ਕਿ 7 ਫਰਵਰੀ ਨੂੰ ਉਸਦਾ ਪਤੀ ਬੂਟਾ ਸਿੰਘ (ਮ੍ਰਿਤਕ), ਰਾਮਕਰਨ ਸਿੰਘ ਤੇ ਦਮਨਜੀਤ ਸਿੰਘ ਬੱਕਰੀਆਂ ਚਰਾਉਣ ਲਈ ਸੂਲਰ ਘਰਾਟ ਵਾਲੀ ਨਹਿਰ ਦੇ ਕਿਨਾਰੇ ਗਏ ਸੀ, ਜਿੱਥੇ ਉਨ੍ਹਾਂ ਦੀ ਇੱਕ ਬੱਕਰੀ ਗੁੰਮ ਹੋ ਗਈ। ਜੋ ਬੱਕਰੀ ਦੀ ਭਾਲ ਵਿਚ ਮੱਘਰ ਸਿੰਘ ਵਾਸੀ ਮੌੜਾਂ ਦੇ ਘਰ ਚਲੇ ਗਏ, ਕਿਉਂਕਿ ਮੱਘਰ ਸਿੰਘ ਪਾਸ ਵੀ ਬੱਕਰੀਆਂ ਹਨ ਤਾਂ ਮੱਘਰ ਸਿੰਘ ਵਗੈਰਾ ਨੇ ਬੂਟਾ ਸਿੰਘ ਵਗੈਰਾ ਉਪਰ ਹਮਲੇ ਕਰ ਦਿੱਤਾ, ਜਿੱਥੋਂ ਬੂਟਾ ਸਿੰਘ ਵਗੈਰਾ ਮੌਕਾ ਤੋਂ ਭੱਜ ਗਏ ਤਾਂ ਦੋਸ਼ੀਆਨ ਉਕਤਾਨ ਨੇ ਬੂਟਾ ਸਿੰਘ ਤੇ ਦਮਨਪ੍ਰੀਤ ਸਿੰਘ ਨੂੰ ਘੇਰ ਕੇ ਉਨ੍ਹਾਂ ਦੀ ਬਹੁਤ ਕੁੱਟਮਾਰ ਕੀਤੀ ਤੇ ਜਿੰਨ ਗੱਡੀ ਵਿੱਚ ਪਾ ਕੇ ਬੰਦੀ ਬਣਾ ਕੇ ਲੈ ਗਏ, ਜਿਸ ਤੋਂ ਬਾਅਦ ਬੂਟਾ ਸਿੰਘ ਅਤੇ ਦਮਨਜੀਤ ਸਿੰਘ ਨੂੰ ਸਿਵਲ ਹਸਪਤਾਲ ਦਾਖਲ ਕਰਾਇਆ, ਜਿੱਥੋਂ ਇਲਾਜ ਲਈ ਉਨ੍ਹਾਂ ਨੂੰ ਰਾਜਿੰਦਰਾ ਹਸਪਤਾਲ ਪਟਿਆਲਾ ਦਾ ਰੈਫਰ ਕਰ ਦਿੱਤਾ ਸੀ। ਦੌਰਾਨੇ ਇਲਾਜ ਮੁੱਦਈ ਮੁਕੱਦਮਾ ਦੇ ਪਤੀ ਬੂਟਾ ਸਿੰਘ ਦੀ ਮੌਤ ਹੋ ਗਈ। ਜਿਸ ਦੇ ਅਧਾਰ 'ਤੇ ਮੁਕੱਦਮਾ ਨੰਬਰ 13 ਮਿਤੀ 08.02.2023 ਅ/ਧ 302, 365, 341, 342, 323, 148, 149 ਹਿੰ:ਡੰ: ਥਾਣਾ ਛਾਜਲੀ ਬਰਖਿਲਾਫ਼ ਮੱਘਰ ਸਿੰਘ ਪੁੱਤਰ ਨੌਰੰਗ ਸਿੰਘ, ਸਰਬਜੀਤ ਸਿੰਘ ਪੁੱਤਰ ਮੱਘਰ ਸਿੰਘ ਵਾਸੀਆਨ ਮੌੜਾਂ, ਗੁਰਪ੍ਰੀਤ ਸਿੰਘ ਪੁੱਤਰ ਰਾਮਜੀਤ ਸਿੰਘ ਵਾਸੀ ਬਘਰੌਲ, ਗੁਰਦਾਸ ਸਿੰਘ ਪੁੱਤਰ ਕਰਨੈਲ ਸਿੰਘ ਵਾਸੀ ਸੇਖੋਂ ਅਤੇ ਦੋ ਨਾਮਾਲੂਮ ਵਿਅਕਤੀਆਂ ਦਰਜ ਰਜਿਸਟਰ ਕਰਕੇ ਤਫ਼ਤੀਸ਼ ਮੁੱਖ ਅਫ਼ਸਰ ਥਾਣਾ ਛਾਜਲੀ ਵੱਲੋਂ ਅਮਲ ਵਿੱਚ ਲਿਆਂਦੀ ਗਈ। ਦੌਰਾਨੇ ਤਫ਼ਤੀਸ਼ ਦੋਸ਼ੀਆਨ ਮੱਘਰ ਸਿੰਘ ਪੁੱਤਰ ਨੌਰੰਗ ਸਿੰਘ, ਸਰਬਜੀਤ ਸਿੰਘ ਪੁੱਤਰ ਮੱਘਰ ਸਿੰਘ ਵਾਸੀਆਨ ਮੌੜਾਂ, ਗੁਰਪ੍ਰੀਤ ਸਿੰਘ ਪੁੱਤਰ ਰਾਮਜੀਤ ਸਿੰਘ ਵਾਸੀ ਬਘਰੌਲ, ਗੁਰਦਾਸ ਸਿੰਘ ਪੁੱਤਰ ਕਰਨੈਲ ਸਿੰਘ ਵਾਸੀ ਸੇਰੋਂ ਨੂੰ 48 ਘੰਟਿਆਂ ਦੇ ਅੰਦਰ-ਅੰਦਰ ਗ੍ਰਿਫ਼ਤਾਰ ਕੀਤਾ ਗਿਆ। ਉਪ ਕਪਤਾਨ ਪੁਲਸ ਸਬ ਡਵੀਜ਼ਨ ਦਿੜਬਾ ਅਤੇ ਮੁੱਖ ਅਫ਼ਸਰ ਥਾਣਾ ਦਿੜਬਾ ਨੂੰ ਹਦਾਇਤ ਕੀਤੀ ਗਈ ਹੈ ਕਿ ਮੁਕੱਦਮਾ ਦੀ ਤਫ਼ਤੀਸ਼ ਡੂੰਘਾਈ ਨਾਲ ਕਰਕੇ ਮੁਕੱਦਮਾ ਦਾ ਜਲਦ ਨਿਪਟਾਰਾ ਕੀਤਾ ਜਾਵੇ ਤਾਂ ਜੁ ਦੋਸ਼ੀਆਨ ਨੂੰ ਸਜ਼ਾ ਦਿਵਾਈ ਜਾ ਸਕੇ।

## ਛੇਵਾਂ ਪੇਅ ਕਮਿਸ਼ਨ ਪੈਨਸ਼ਨਰਾਂ 'ਤੇ ਲਾਗੂ ਨਾ ਕਰਨ ਕਾਰਨ ਭਾਰੀ ਰੋਸ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਹਰਭਗਵਾਨ ਕੰਬੋਜ ਸੂਬਾ ਕਾਰਜਕਾਰੀ ਪ੍ਰਧਾਨ ਨੇ ਪ੍ਰੈਸ ਨੂੰ ਦੱਸਿਆ ਕਿ ਛੇਵਾਂ ਪੇਅ ਕਮਿਸ਼ਨ ਲਾਗੂ ਨਾ ਕਰਨ 'ਤੇ ਪੰਚਾਇਤੀ ਰਾਜ ਦੇ ਪੈਨਸ਼ਨਰਾਂ 'ਚ ਭਾਰੀ ਰੋਸ ਹੈ। ਬੀਤੇ ਦਿਨੀਂ ਗੁਰਮੇਜ ਸਿੰਘ ਸੀਨੀਅਰ ਮੀਤ ਪ੍ਰਧਾਨ ਦੀ ਅਗਵਾਈ 'ਚ ਇੱਕ ਵਫਦ ਕੁਲਦੀਪ ਸਿੰਘ ਧਾਲੀਵਾਲ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਪੰਜਾਬ ਨੂੰ ਮਿਲਿਆ। ਵਫਦ ਵਿੱਚ ਹਰਭਗਵਾਨ ਕੰਬੋਜ ਸੂਬਾ ਕਾਰਜਕਾਰੀ ਪ੍ਰਧਾਨ, ਜੈ ਦੇਵ ਸਿੰਘ ਸੀਨੀਅਰ ਮੀਤ ਪ੍ਰਧਾਨ, ਓਮ ਪ੍ਰਕਾਸ਼ ਮੀਤ ਪ੍ਰਧਾਨ ਅੰਮ੍ਰਿਤਸਰ, ਸੁਖਦੇਵ ਸਿੰਘ, ਅਸ਼ੋਕ ਕੁਮਾਰ ਪੰਚਾਇਤ ਸਕੱਤਰ, ਪ੍ਰਵੀਨ ਕੁਮਾਰ ਗੁਪਤਾ ਡੇਰਾ ਬੱਸੀ, ਬੂਟਾ ਸਿੰਘ ਰੋਡ ਇਸਪੈਕਟਰ ਫਿਰੋਜ਼ਪੁਰ, ਗੁਰਚਰਨ ਸਿੰਘ ਪੀਓ ਕੁਰਾਲੀ ਤੇ ਸੁਖਦੇਵ ਸਿੰਘ ਮੋਹਾਲੀ ਸ਼ਾਮਲ ਸਨ। ਕੁਲਦੀਪ ਸਿੰਘ ਧਾਲੀਵਾਲ ਨੇ ਵਫਦ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਵੱਲੋਂ ਕੇ ਸ਼ਿਵ ਪ੍ਰਸਾਦ, ਵਧੀਕ ਮੁੱਖ ਸਕੱਤਰ ਪੇਂਡੂ ਵਿਕਾਸ ਤੇ ਪੰਚਾਇਤ ਅਤੇ ਗੁਰਪ੍ਰੀਤ ਸਿੰਘ ਖਹਿਰਾ ਡਾਇਰੈਕਟਰ ਪੰਚਾਇਤ ਨੂੰ ਛੇਵਾਂ ਪੇਅ ਕਮਿਸ਼ਨ ਪੈਨਸ਼ਨਰਾਂ 'ਤੇ ਲਾਗੂ ਕਰਨ ਲਈ ਆਦੇਸ਼ ਜਾਰੀ ਕਰ ਦਿੱਤੇ ਗਏ ਹਨ। ਜਲਦ ਹੀ ਨੋਟੀਫਿਕੇਸ਼ਨ ਮਹਿਕਮੇ ਵੱਲੋਂ ਜਾਰੀ ਕਰ ਦਿੱਤਾ ਜਾਵੇਗਾ।

# ਮੋਟਰਸਾਈਕਲ ਚੋਰ ਗਰੋਹ ਦੇ ਚਾਰ ਮੈਂਬਰਾਂ ਨੂੰ 6 ਮੋਟਰਸਾਈਕਲਾਂ ਸਣੇ ਪੁਲਸ ਨੇ ਦਬੋਚਿਆ



ਜਾਣਕਾਰੀ ਦਿੰਦੇ ਰਮਨਦੀਪ ਸਿੰਘ ਬਾਵਾ।

ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ) ਐੱਸ.ਐਚ.ਓ ਰਮਨਦੀਪ ਸਿੰਘ ਬਾਵਾ ਨੇ ਕਿਹਾ ਕਿ ਜ਼ਿਲ੍ਹਾ ਪੁਲਿਸ ਮੁਖੀ ਸ੍ਰੀ ਸੁਰੇਂਦਰ ਲਾਂਬਾ ਵੱਲੋਂ ਮਾੜੇ ਅਨਸਰਾਂ ਖਿਲਾਫ਼ ਚਲਾਈ ਗਈ ਮੁਹਿੰਮ 'ਤੇ ਕਾਰਵਾਈ ਕਰਦਿਆਂ ਡੀ.ਐਸ.ਪੀ ਸ੍ਰੀ ਯੋਗੇਸ਼ ਸ਼ਰਮਾ ਦੀ ਅਗਵਾਈ ਹੇਠ ਥਾਣਾ ਸਿਟੀ ਦੀ ਪੁਲਸ ਨੇ ਮੋਟਰਸਾਈਕਲ ਚੋਰ ਗਿਰੋਹ ਦੇ ਚਾਰ ਮੈਂਬਰਾਂ ਨੂੰ ਕਾਬੂ ਕਰਨ ਵਿੱਚ ਸਫ਼ਲਤਾ ਪ੍ਰਾਪਤ ਕੀਤੀ ਹੈ।

ਲੰਘੇ ਦਿਨੀਂ ਥਾਣਾ ਸਿਟੀ ਵਿਖੇ ਸਤੀਸ਼ ਕੁਮਾਰ ਦਾ ਮੋਟਰਸਾਈਕਲ ਚੋਰੀ ਹੋਣ ਸੰਬੰਧੀ ਮੁੱਕਦਮਾ ਦਰਜ ਕੀਤਾ ਗਿਆ ਸੀ। ਸੀਸੀਟੀਵੀ ਫੁਟੇਜ ਤੇ ਪੁਲਸ ਟੀਮ ਵੱਲੋਂ ਡੂੰਘਾਈ ਨਾਲ ਪੜਤਾਲ ਕਰਦਿਆਂ ਮਨਦੀਪ ਸਿੰਘ, ਸ਼ਾਹ ਮੁਹੰਮਦ ਵਾਸੀਆਨ ਭਸੌੜ ਅਤੇ ਸ਼ਮਰੀ ਉਰਫ ਮੋਟਾ ਤੇ ਮੁਹੰਮਦ ਅਸਗਰ ਉਰਫ ਬੱਗਾ ਨੂੰ ਨਾਮਜ਼ਦ ਕਰਦਿਆਂ ਉਨ੍ਹਾਂ ਦੇ ਕਬਜ਼ੇ ਵਿੱਚੋਂ ਵੱਖ ਵੱਖ ਕਿਸਮਾਂ ਦੇ ਛੇ ਚੋਰੀ ਦੇ ਮੋਟਰਸਾਈਕਲ ਬਰਾਮਦ ਕੀਤੇ ਗਏ ਹਨ। ਸ੍ਰੀ ਬਾਵਾ ਨੇ ਦੱਸਿਆ ਕਿ ਫੜੇ ਗਏ ਮੁਲਜ਼ਮਾਂ ਤੋਂ ਬਾਰੀਕੀ ਨਾਲ ਪੁੱਛ-ਗਿੱਛ ਕੀਤੀ ਜਾ ਰਹੀ ਹੈ ਅਤੇ ਦੌਰਾਨੇ ਤਫ਼ਤੀਸ਼ ਮੁਲਜ਼ਮਾਂ ਤੋਂ ਹੋਰ ਵੀ ਸੁਰਾਗ ਲੱਗਣ ਦੀ ਸੰਭਾਵਨਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪੁਰਾਣੇ ਮੋਟਰਸਾਈਕਲਾਂ ਅਤੇ ਕਾਰਾਂ ਦੇ ਜਿੰਦਰਾ ਸਿਸਟਮ ਦਾ ਰੀਵਿਊ ਕਰਾਉਣ, ਕਿਉਂਕਿ ਦੌਰਾਨੇ ਪੁੱਛਗਿੱਛ ਇਹ ਗੱਲ ਸਾਹਮਣੇ ਆਈ ਹੈ ਕਿ ਇਹ ਮੁਲਜ਼ਮ ਜ਼ਿਆਦਾਤਰ ਪੁਰਾਣੇ ਵਹੀਕਲਾ ਨੂੰ ਵੀ ਚੋਰੀ ਕਰਦੇ ਸਨ, ਕਿਉਂਕਿ ਪੁਰਾਣੇ ਵਹੀਕਲ ਅਕਸਰ ਹੀ ਹੋਰ ਵਹੀਕਲਾਂ ਦੀਆਂ ਚਾਬੀਆਂ ਨਾਲ ਖੁੱਲ੍ਹ ਜਾਂਦੇ ਹਨ। ਉਨ੍ਹਾਂ ਲੋਕਾਂ ਨੂੰ ਪੁਰਾਣੇ ਜਿੰਦਰੇ ਬਦਲਵਾਉਣ ਅਤੇ ਆਪਣੇ ਵਹੀਕਲ ਘਰਾਂ ਅੰਦਰ ਪਾਰਕ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਪੁਲਸ ਹਰ ਵੇਲੇ ਲੋਕਾਂ ਦੀ ਜਾਨ ਵਾ ਮਾਲ ਦੀ ਰਾਖ਼ੀ ਲਈ ਤਤਪਰ ਹੈ। ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਪੁਰਾਣੇ ਵਹੀਕਲਾਂ ਦੀ ਸਾਂਭ ਸੰਭਾਲ ਤੇ ਜਿੰਦਰੇ ਬਦਲਵਾਉਣ ਨਾਲ ਚੋਰਾਂ ਦੀਆਂ ਸਾਜ਼ਿਸ਼ਾਂ ਨੂੰ ਨਾਕਾਮ ਕੀਤਾ ਜਾ ਸਕਦਾ ਹੈ।

ਉਨ੍ਹਾਂ ਸ਼ਰਾਰਤੀ ਅਨਸਰਾਂ ਨੂੰ ਤਾੜਨਾ ਕਰਦਿਆਂ ਕਿਹਾ ਕਿ ਕਿਸੇ ਨੂੰ ਕਿਸੇ ਕੀਮਤ 'ਤੇ ਬਖ਼ਸਿਆ ਨਹੀਂ ਜਾਵੇਗਾ ਅਤੇ ਸਖ਼ਤੀ ਨਾਲ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਲੋਕਾਂ ਨੂੰ ਪੁਰਾਣੇ ਵਹੀਕਲਾਂ ਨੂੰ ਆਪਣੇ ਘਰਾਂ ਦੇ ਅੰਦਰ ਹੀ ਲਾਉਣ ਦੀ ਅਪੀਲ ਵੀ ਕੀਤੀ।

## ਰਸਤਾ ਭਟਕੇ ਲੜਕੇ ਨੂੰ ਸਰਹਿੰਦ ਪੁਲਸ ਨੇ ਕੀਤਾ ਮਾਪਿਆਂ ਹਵਾਲੇ



ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਰਾਸਤਾ ਭਟਕ ਕੇ ਪਟਿਆਲਾ ਤੋਂ ਸਾਈਕਲ 'ਤੇ ਸਰਹਿੰਦ ਪੁੱਜੇ ਇੱਕ 13 ਸਾਲਾ ਲੜਕੇ ਨੂੰ ਸਰਹਿੰਦ ਪੁਲਸ ਵੱਲੋਂ ਉਸ ਦੇ ਮਾਪਿਆਂ ਹਵਾਲੇ ਕੀਤੇ ਜਾਣ ਦਾ ਸਮਾਚਾਰ ਹੈ। ਥਾਣਾ ਸਰਹਿੰਦ ਵਿਖੇ ਤਾਇਨਾਤ ਸਹਾਇਕ ਥਾਣੇਦਾਰ ਜਸਵਿੰਦਰ ਸਿੰਘ ਨੇ ਦੱਸਿਆ ਕਿ ਥਾਣਾ ਸਰਹਿੰਦ ਦੇ ਮੁੱਖ ਮੁਨਸ਼ੀ ਮਨਦੀਪ ਸਿੰਘ ਨੂੰ ਇੱਕ ਰੇਹੜੀ ਵਾਲੇ ਨੇ ਦੱਸਿਆ ਕਿ ਸਾਈਕਲ 'ਤੇ ਸਵਾਰ ਇੱਕ ਨਾਬਾਲਿਗ ਲੜਕਾ ਸਰਹਿੰਦ ਦੇ ਮਾਧੋਪੁਰ ਨਜ਼ਦੀਕ ਦੇਖਿਆ ਗਿਆ, ਜੋ ਕਿ ਰਸਤਾ ਭਟਕਿਆ ਜਾਪਦਾ ਸੀ। ਉਨ੍ਹਾ ਦੱਸਿਆ ਕਿ ਮੁਨਸ਼ੀ ਮਨਦੀਪ ਸਿੰਘ ਵੱਲੋਂ ਮੁਸ਼ਤੈਦੀ ਵਰਤਦਿਆਂ ਉਕਤ ਰੇਹੜੀ ਵਾਲੇ ਨੂੰ ਬੱਚੇ 'ਤੇ ਨਿਗਾਹ ਰੱਖਣ ਦੀ ਤਾਕੀਦ ਕਰਦੇ ਹੋਏ ਉਨ੍ਹਾਂ ਨੂੰ ਸੂਚਿਤ ਕੀਤਾ ਗਿਆ, ਜਿਸ 'ਤੇ ਉਹ ਪੁਲਸ ਪਾਰਟੀ ਸਮੇਤ ਮੌਕੇ 'ਤੇ ਪਹੁੰਚੇ ਤਾਂ ਬੱਚਾ ਥੋੜ੍ਹਾ ਘਬਰਾਇਆ ਹੋਇਆ ਸੀ, ਜਿਸ ਦੀ ਕਾਊਂਸਲਿੰਗ ਕਰਦੇ ਹੋਏ ਉਸ ਦਾ ਨਾਮ-ਪਤਾ ਪੁੱਛਿਆ ਗਿਆ ਤਾਂ ਉਸ ਨੇ ਆਪਣੀ ਪਹਿਚਾਣ ਹਰਮੀਤ ਸਿੰਘ ਮਿੱਠੂ ਵਾਸੀ ਅਰਬਨ ਸਟੇਟ ਪਟਿਆਲਾ ਵਜੋਂ ਦੱਸੀ। ਉਸ ਨੇ ਦੱਸਿਆ ਕਿ ਉਹ ਸਾਈਕਲ 'ਤੇ ਘੁੰਮਦਾ ਹੋਇਆ ਰਸਤਾ ਭਟਕ ਕੇ ਇੱਥੇ ਪਹੁੰਚ ਗਿਆ, ਜਿਸ ਉਪਰੰਤ ਉਸ ਦੇ ਵਾਰਿਸਾਂ ਨਾਲ ਸੰਪਰਕ ਕਰਕੇ ਬੱਚੇ ਨੂੰ ਉਨ੍ਹਾਂ ਦੇ ਹਵਾਲੇ ਕਰ ਦਿੱਤਾ ਗਿਆ।

## ਐਡਵੋਕੇਟ ਬਿੱਕਰ ਸਿੰਘ ਵੱਲੋਂ ਮਾਤਾ-ਪਿਤਾ ਦੀ ਯਾਦ 'ਚ ਸਕੂਲ ਨੂੰ ਰਾਸ਼ੀ ਦਾਨ



ਛਾਜਲੀ (ਜਸਵੀਰ ਲਾਡੀ) ਇੱਥੋਂ ਥੋੜ੍ਹੀ ਦੂਰ ਪਿੰਡ ਛਾਜਲਾ ਦੇ ਪ੍ਰਾਇਮਰੀ ਸਕੂਲ ਵਿਖੇ ਮਾਪੇ-ਅਧਿਆਪਕ ਅਤੇ ਪੰਚਾਇਤ ਦੀ ਮੀਟਿੰਗ ਹੈੱਡ ਟੀਚਰ ਸ੍ਰੀ ਜਗਦੀਸ਼ ਲਾਲ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਐਡਵੋਕੇਟ ਬਿੱਕਰ ਸਿੰਘ ਨੇ ਆਪਣੇ ਮਾਤਾ-ਪਿਤਾ ਦੀ ਯਾਦ ਵਿੱਚ 22000/-ਦੀ ਰਾਸ਼ੀ ਸਕੂਲ ਦੀ ਬਿਲਡਿੰਗ ਨੂੰ ਰੰਗ ਰੋਗਨ ਕਰਨ ਲਈ ਦਾਨ ਵਜੋਂ ਦਿੱਤੀ। ਪੰਚਾਇਤ ਮੈਂਬਰ ਦਰਸ਼ਨ ਸਿੰਘ ਤੇ ਗੁਰਜੰਟ ਸਿੰਘ ਨੇ ਦੱਸਿਆ ਕਿ ਹਫਤੇ ਦੇ ਅੰਦਰ ਹੀ ਸਕੂਲ ਦੇ ਦੋ ਹਜ਼ਾਰ ਫੁੱਟ ਵਿਹੜੇ ਵਿੱਚ ਇੰਟਰਲੌਕ ਲਾ ਦਿੱਤੀ ਜਾਵੇਗੀ। ਲਾਭ ਸਿੰਘ ਛਾਜਲਾ ਆਗੂ ਤਰਕਸ਼ੀਲ ਸੁਸਾਇਟੀ ਪੰਜਾਬ ਸੱਤੀ ਸਿੰਘ ਨੇ ਸਕੂਲ ਵਿੱਚ ਹੋਰ ਕਮਰਿਆਂ ਦੀ ਗਰਾਂਟ ਦੀ ਪੰਜਾਬ ਸਰਕਾਰ ਤੋਂ ਮੰਗ ਕੀਤੀ ਤਾਂ ਜੋ ਧੁੱਪ ਤੇ ਛਾਂ ਵਿੱਚ ਬੱਚਿਆਂ ਨੂੰ ਕਿਸੇ ਕਿਸਮ ਦੀ ਸਮੱਸਿਆ ਨਾ ਆਵੇ। ਸਕੂਲ ਅਧਿਆਪਕ ਪ੍ਰਿਤਪਾਲ ਸਿੰਘ, ਅਸ਼ੋਕ ਕੁਮਾਰ, ਰਾਣੀ ਕੌਰ ਨੇ ਸਕੂਲ ਦੇ ਸਾਲਾਨਾ ਸਮਾਗਮ ਦੀ ਤਿਆਰੀ ਲਈ ਵੀ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਕਮੇਟੀ ਮੈਂਬਰਾਂ ਨੂੰ ਸਕੂਲ ਵਿੱਚ ਬੱਚਿਆਂ ਦੇ ਦਾਖਲੇ ਵਧਾਉਣ ਤੇ ਦੂਰੋਂ ਆਉਣ ਜਾਣ ਲਈ ਪ੍ਰਬੰਧ ਦੀ ਮੰਗ ਕੀਤੀ।

## ਸ਼ਹੀਦਾਂ ਦੀ ਯਾਦ 'ਚ ਦੋ ਰੋਜ਼ਾ ਧਾਰਮਕ ਸਮਾਗਮ

ਤਪਾ ਮੰਡੀ (ਅਰੁਣ ਗੋਇਲ) ਸ਼ਹੀਦਾਂ ਦੀ ਯਾਦ 'ਚ ਭੂਤ ਪਰਵਾਰ ਵੱਲੋਂ ਦੋ ਰੋਜ਼ਾ ਧਾਰਮਿਕ ਸਮਾਗਮ ਮੌਕੇ ਸ੍ਰੀ ਆਖੰਡ ਰਮਾਇਣ ਪਾਠ ਦੇ ਭੋਗ ਸ਼ਰਧਾ ਪੂਰਵਕ ਪਾਏ ਗਏ, ਜਿਸ ਵਿੱਚ ਮਹੰਤ ਅਵਧਕਿਸ਼ੋਰ ਐਂਡ ਪਾਰਟੀ ਨੇ ਸਤਿਸੰਗ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਸ਼ਹੀਦ ਰਘੁਵੀਰ ਚੰਦ ਭੂਤ ਦੇ ਪੁੱਤਰਾਂ ਅਸ਼ੋਕ ਕੁਮਾਰ, ਨਰੇਸ਼ ਕੁਮਾਰ ਤੇ ਸੰਜੀਵ ਕੁਮਾਰ ਟਿੰਕੋ ਨੇ ਦੱਸਿਆ ਕਿ ਲਗਭਗ 33 ਸਾਲ ਪਹਿਲਾਂ ਪਿਤਾ ਰਘੁਵੀਰ ਚੰਦ ਭੂਤ, ਸ੍ਰੀ ਓਮ ਪ੍ਰਕਾਸ਼, ਮੁਨੀਮ ਕੇਵਲ ਕ੍ਰਿਸ਼ਨ ਤੇ ਗੰਨਮੈਨ ਗੁਰਨਾਮ ਸਿੰਘ ਨੂੰ ਖਾੜਕੂਆਂ ਨੇ ਸ਼ਹੀਦ ਕਰ ਦਿੱਤਾ ਸੀ, ਜਿਨ੍ਹਾਂ ਦੀ ਯਾਦ ਨੂੰ ਤਾਜ਼ਾ ਰੱਖਣ ਲਈ ਸ੍ਰੀ ਆਖੰਡ ਰਮਾਇਣ ਪਾਠ ਦੇ ਭੋਗ ਪਾਏ ਗਏ ਹਨ, ਜਿਸ ਵਿੱਚ ਧਾਰਮਿਕ ਸ਼ਖ਼ਸੀਅਤਾਂ ਸੰਤ ਬਾਬਾ ਭਗਵਾਨ ਦਾਸ ਜੀ, ਸੰਤ ਬਾਬਾ ਵਿਵੇਕ ਮੁਨੀ, ਜੈ ਮੁਨੀ, ਬਿਆਨ ਮੁਨੀ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਕਿਹਾ ਕਿ ਮਾਤਾ-ਪਿਤਾ ਜੀ ਨੂੰ ਯਾਦ ਕਰਨ ਲਈ ਕਰਾਏ ਜਾਂਦੇ ਧਾਰਮਿਕ ਸਮਾਗਮ ਸਭ ਤੋਂ ਵੱਡਾ ਉਪਰਾਲਾ ਹੈ, ਇਸ ਨਾਲ ਆਪਣੀ ਕਮਾਈ 'ਚੋਂ ਦਸਵੰਧ ਨਿਕਲ ਜਾਂਦਾ ਹੈ। ਸਮਾਗਮ 'ਚ ਨਗਰ ਕੌਂਸਲ ਦੇ ਪ੍ਰਧਾਨ ਅਨਿਲ ਕੁਮਾਰ ਭੂਤ, ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਸੁਰੇਸ਼ ਕੁਮਾਰ ਕਾਲਾ, ਸ਼ੈਲਰ ਐਸੋਸੀਏਸ਼ਨ ਦੇ ਪ੍ਰਧਾਨ ਸੰਜੀਵ ਕੁਮਾਰ ਟਾਂਡਾ, ਪ੍ਰਵੀਨ ਗੋਇਲ, ਮਦਨ ਗਰਗ, ਬਿੱਟੂ ਭੈਣੀ, ਸੂਰਜ ਭਾਨ ਆਲੀਕੇ, ਮੈਨੇਜਰ ਵੇਅਰਹਾਊਸ ਜਗਦੇਵ ਸਿੰਘ, ਮੈਨੇਜਰ ਮਾਰਕਫੈਡ ਜਗਨ ਨਾਥ ਸ਼ਰਮਾ, ਪਨਗ੍ਰੇਨ ਇੰਚਾਰਜ ਮੋਹਿਤ ਗੋਇਲ ਤੇ ਤਪਸ਼ ਗੋਇਲ, ਤਰਸੇਮ ਚੰਦ ਬਾਂਸਲ, ਉਗਰ ਸੈਨ ਮੋੜ, ਮਨੋਜ ਕੁਮਾਰ ਸਿੰਗਲਾ, ਮੁਨੀਸ਼ ਮਿੱਤਲ, ਪਵਨ ਕੁਮਾਰ ਢਿੱਲਵਾਂ, ਬਿੰਦਰ ਬਾਂਸਲ, ਜੰਗ ਬਹਾਦੁਰ ਮੋੜ, ਹਰਦੀਪ ਸਿੰਘ ਮਾਨ, ਮੁਨੀਰ ਮਿੱਤਲ, ਡਾ. ਬਾਲ ਚੰਦ ਬਾਂਸਲ, ਪਵਨ ਕੁਮਾਰ ਬਤਾਰਾ, ਪਟਵਾਰੀ ਪ੍ਰਦੀਪ ਕੁਮਾਰ, ਜਵਾਹਰ ਲਾਲ ਬਾਂਸਲ, ਸੰਜੂ ਮੋੜ, ਆਸ਼ੂ ਭੂਤ, ਸੱਤਪਾਲ ਮੋੜ, ਅਸ਼ਵਨੀ ਬਹਾਵਲਪੁਰੀਆ, ਵਨੀਤ ਗਰਗ, ਮੇਘ ਰਾਜ ਭੂਤ, ਜੀਵਨ ਭੂਤ, ਹੇਮ ਰਾਜ ਭੂਤ, ਪਵਨ ਕੁਮਾਰ ਭੂਤ, ਮੁਕੇਸ਼ ਚੰਡੀਗੜ੍ਹ ਆਦਿ ਵੱਡੀ ਗਿਣਤੀ 'ਚ ਮੰਡੀ ਨਿਵਾਸੀਆਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਔਰਤਾਂ ਨੇ ਹਾਜ਼ਰੀ ਲਵਾਈ।

## ਨਾਰਦਰਨ ਰੇਲਵੇ ਮੈਨਜ਼ ਯੂਨੀਅਨ ਪੁਰਾਣੀ ਪੈਨਸ਼ਨ ਬਹਾਲੀ ਲਈ ਸ਼ੁਰੂ ਕਰੇਗੀ ਹਸਤਾਖਰ ਅਭਿਆਨ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਅੱਜ ਨਾਰਦਨ ਰੇਲਵੇ ਮੈਨਸ ਯੂਨੀਅਨ ਸਰਹਿੰਦ ਬਰਾਂਚ ਵੱਲੋਂ ਪੁਰਾਣੀ ਪੈਨਸ਼ਨ ਦੀ ਬਹਾਲੀ ਲਈ ਹਸਤਾਖਰ ਅਭਿਆਨ ਚਲਾਇਆ ਜਾਵੇਗਾ। ਇਹ ਹਸਤਾਖਰ ਅਭਿਆਨ ਆਲ ਇੰਡੀਆ ਰੇਲਵੇ ਮੈਨਸ ਫੈਡਰੇਸ਼ਨ ਤੇ ਸੰਯੁਕਤ ਮੋਰਚਾ ਜੁਆਇੰਟ ਫੋਰਮ ਫਾਰ ਰੀਸਟੋਰੇਸ਼ਨ ਓਲਡ ਪੈਨਸ਼ਨ ਸਕੀਮ (ਐੱਨ ਜੇ ਸੀ ਏ) ਆਦੇਸ਼ 'ਤੇ ਚਲਾਇਆ ਜਾਵੇਗਾ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਨਾਰਦਨ ਰੇਲਵੇ ਮੈਨਸ ਯੂਨੀਅਨ ਯੂਥ ਵਿੰਗ ਦੇ ਪ੍ਰਧਾਨ ਅਤੇ ਸਰਹਿੰਦ ਬਰਾਂਚ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ 10 ਫਰਵਰੀ ਤੋਂ ਲੈ ਕੇ 20 ਫਰਵਰੀ ਤੱਕ ਹਸਤਾਖਰ ਅਭਿਆਨ ਚਲਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਅਭਿਆਨ 'ਚ ਕੇਂਦਰ ਅਤੇ ਰਾਜ ਸਰਕਾਰ ਦੀਆਂ ਕਰਮਚਾਰੀ ਯੂਨੀਅਨਾਂ, ਡਿਫੈਂਸ, ਪੋਸਟਲ, ਕਨਫੈਡਰੇਸ਼ਨ ਆਫ ਸੈਂਟਰਲ ਗੌਰਮਿੰਟ ਇੰਪਲਾਈਜ਼ ਤੇ ਟੀਚਰ ਯੂਨੀਅਨਾਂ ਵੀ ਸ਼ਾਮਲ ਰਹਿਣ ਗਈਆਂ। ਉਨ੍ਹਾ ਦੱਸਿਆ ਕਿ 21 ਫਰਵਰੀ ਨੂੰ ਪੂਰੇ ਦੇਸ਼ ਭਰ 'ਚ ਪੁਰਾਣੀ ਪੈਨਸ਼ਨ ਦੀ ਬਹਾਲੀ ਨੂੰ ਲੈ ਕੇ ਭਾਰਤ ਦੇ ਰਾਸ਼ਟਰਪਤੀ ਨੂੰ ਈਮੇਲ ਦੇ ਮਾਧਿਅਮ ਰਾਹੀਂ ਵਿਗਿਆਪਨ ਸੌਂਪਿਆ ਜਾਵੇਗਾ। ਉਨ੍ਹਾ ਕਿਹਾ ਕਿ ਬਰਾਂਚ ਤੇ ਜ਼ਿਲ੍ਹਾ ਪੱਧਰੀ ਰੈਲੀਆਂ, ਮਸ਼ਾਲ ਜਲੂਸ ਦਾ ਆਯੋਜਨ ਵੀ ਕੀਤਾ ਜਾਵੇਗਾ। ਇਨ੍ਹਾਂ ਰੈਲੀਆਂ ਰਾਹੀ ਕਰਮਚਾਰੀਆਂ ਅਤੇ ਆਮ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ ਤਾਂ ਕਿ ਪੁਰਾਣੀ ਪੈਨਸ਼ਨ ਦੀ ਬਹਾਲੀ ਦਾ ਅੰਦੋਲਨ ਜਨ ਅੰਦੋਲਨ ਬਣ ਸਕੇ। ਜੁਲਾਈ ਅਤੇ ਅਗਸਤ ਦੇ ਮਹੀਨੇ 'ਚ ਸੰਯੁਕਤ ਮੋਰਚੇ ਵੱਲੋਂ ਪੁਰਾਣੀ ਪੈਨਸ਼ਨ ਦੀ ਬਹਾਲੀ ਦੇ ਮੁੱਦੇ ਨੂੰ ਲੈ ਕੇ ਨਵੀਂ ਦਿੱਲੀ ਵਿਖੇ ਸੰਸਦ ਭਵਨ ਦੇ ਸਾਹਮਣੇ ਇੱਕ ਵਿਸ਼ਾਲ ਰੈਲੀ ਕੀਤੀ ਜਾਵੇਗੀ।

# ਮੋਦੀ-ਅਡਾਨੀ ਘੋਟਾਲਾ ਆਜ਼ਾਦੀ ਤੋਂ ਬਾਅਦ ਹੁਣ ਤੱਕ ਦਾ ਸਭ ਤੋਂ ਵੱਡਾ ਘੋਟਾਲਾ : ਅਨਵਰ, ਜੈਨ





ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ) ਆਮ ਆਦਮੀ ਪਾਰਟੀ ਘੱਟ ਗਿਣਤੀ ਸੈੱਲ ਦੇ ਜ਼ਿਲ੍ਹਾ ਪ੍ਰਧਾਨ ਡਾ. ਅਨਵਰ ਭਸੌੜ ਤੇ 'ਆਪ' ਆਗੂ ਅਤੇ ਵਪਾਰ ਮੰਡਲ ਪੰਜਾਬ ਦੇ ਸੂਬਾ ਐਕਟਿੰਗ ਪ੍ਰਧਾਨ ਵਿਕਾਸ ਜੈਨ ਨੇ ਹਿੰਡਨਬਰਗ ਰਿਪੋਰਟ ਦੁਆਰਾ ਪਰਦਾਫਾਸ਼ ਕੀਤੇ ਅਡਾਨੀ ਦੇ ਘੋਟਾਲਿਆਂ ਸੰਬੰਧੀ ਮੋਦੀ ਸਰਕਾਰ ਨੂੰ ਘੇਰਦਿਆਂ ਕਿਹਾ ਕਿ ਮੋਦੀ-ਅਡਾਨੀ ਘੋਟਾਲਾ ਆਜ਼ਾਦੀ ਤੋਂ ਬਾਅਦ ਹੁਣ ਤੱਕ ਦਾ ਸਭ ਤੋਂ ਵੱਡਾ ਘੋਟਾਲਾ ਕਰਾਰ ਦਿੱਤਾ। ਉਨ੍ਹਾਂ ਮੋਦੀ ਸਰਕਾਰ ਦੌਰਾਨ ਅਡਾਨੀ ਦੀ ਸੰਪਤੀ 'ਚ ਹੋਏ ਵਾਧੇ ਨੂੰ ਲੈ ਕੇ ਭਾਜਪਾ ਦੀਆਂ ਲੋਕ ਵਿਰੋਧੀ ਤੇ ਪੂੰਜੀਵਾਦੀ ਪੱਖੀ ਨੀਤੀਆਂ 'ਤੇ ਸਵਾਲ ਖੜ੍ਹੇ ਕੀਤੇ।

ਉਨ੍ਹਾਂ ਕਿਹਾ ਕਿ ਮੋਦੀ-ਅਡਾਨੀ ਘੁਟਾਲਾ ਦੇਸ ਦੀ ਆਜ਼ਾਦੀ ਤੋਂ ਬਾਅਦ ਹੁਣ ਤੱਕ ਦਾ ਸਭ ਤੋਂ ਵੱਡਾ ਘੁਟਾਲਾ ਹੈ। ਮੋਦੀ ਸਰਕਾਰ ਤੋਂ ਪਹਿਲਾਂ 2014 ਵਿੱਚ ਅਡਾਨੀ ਦੀ ਜਾਇਦਾਦ 37000 ਕਰੋੜ ਸੀ ਤੇ 2018 ਵਿੱਚ 59000 ਕਰੋੜ ਸੀ। 2020 'ਚ ਉਹੀ ਜਾਇਦਾਦ ਵਧ ਕੇ ਢਾਈ ਲੱਖ ਕਰੋੜ ਦੀ ਹੋ ਗਈ ਤੇ 2022 ਵਿੱਚ ਇਹ 13 ਲੱਖ ਕਰੋੜ ਹੋ ਗਈ। ਮੋਦੀ ਸਰਕਾਰ ਦੀਆਂ ਪੂੰਜੀਵਾਦੀ ਪੱਖੀ ਨੀਤੀਆਂ ਸਦਕਾ 2014 'ਚ 609ਵੇਂ ਤੋਂ ਛਾਲ ਲਗਾ ਕੇ ਅਡਾਨੀ 2022 ਵਿੱਚ ਦੁਨੀਆਂ ਦੇ ਤੀਜੇ ਸਭ ਤੋਂ ਅਮੀਰ ਵਿਅਕਤੀ ਬਣ ਗਏ।

ਉਨ੍ਹਾਂ ਕਿਹਾ ਕਿ ਜਿੱਥੇ ਦੇਸ਼ ਦੀ ਆਰਥਿਕਤਾ ਮਾੜੇ ਹਲਾਤਾਂ ਅਤੇ ਆਮ ਲੋਕ ਬੇਰੁਜ਼ਗਾਰੀ ਆਦਿ ਨਾਲ ਜੂਝ ਰਹੇ ਹਨ, ਉੱਥੇ ਹੀ ਇੱਕ ਵਿਅਕਤੀ ਨੂੰ ਸਾਰੇ ਸਾਧਨ ਦੇ ਕੇ ਮੋਦੀ ਜੀ ਨੇ ਉਸ ਨੂੰ ਦੁਨੀਆ ਦਾ ਦੂਜਾ ਸਭ ਤੋਂ ਅਮੀਰ ਵਿਅਕਤੀ ਬਣਾ ਦਿੱਤਾ। ਮੋਦੀ ਜੀ ਨੇ ਅਡਾਨੀ ਨੂੰ ਦੇਸ਼ ਦਾ ਕੋਲਾ, ਗੈਸ, ਬਿਜਲੀ, ਪਾਣੀ, ਸੜਕ, ਸੀਮਿੰਟ, ਸਟੀਲ, ਹਵਾਈ ਅੱਡਾ, ਬੰਦਰਗਾਹ ਆਦਿ ਸਭ ਦੇ ਦਿੱਤਾ। ਮੋਦੀ ਸਰਕਾਰ ਕਾਰਨ ਹੀ ਬੰਗਲਾਦੇਸ਼ ਅਤੇ ਸ਼੍ਰੀਲੰਕਾ ਵਿੱਚ ਉਨ੍ਹਾਂ ਨੂੰ ਬਿਜਲੀ ਦਾ ਠੇਕੇ, ਆਸਟ੍ਰੇਲੀਆ ਵਿੱਚ ਖਾਂਣਾਂ ਮਿਲੀਆਂ। ਜਦੋਂ ਆਸਟ੍ਰੇਲੀਆ ਦੇ ਪ੍ਰਾਈਵੇਟ ਬੈਂਕ ਉਨ੍ਹਾਂ ਨੂੰ ਕਰਜ਼ਾ ਦੇਣ ਲਈ ਤਿਆਰ ਨਹੀਂ ਹੋ ਰਹੇ ਸਨ ਤਾਂ ਉਨ੍ਹਾਂ ਨੇ ਐਸਬੀਆਈ ਤੋਂ 7.5 ਹਜ਼ਾਰ ਕਰੋੜ ਰੁਪਏ ਦਾ ਕਰਜ਼ਾ ਲਿਆ। ਮੋਦੀ ਨੇ ਅਡਾਨੀ ਨੂੰ 2.5 ਲੱਖ ਕਰੋੜ ਦਾ ਕਰਜ਼ਾ ਦਿੱਤਾ, ਜਦਕਿ ਪੰਜਾਬ ਦੇ ਕਿਸਾਨਾਂ ਸਿਰ ਕੁੱਲ 96000 ਕਰੋੜ ਦਾ ਕਰਜ਼ਾ ਹੈ ਜਿਨ੍ਹਾਂ ਕਰਕੇ ਆਏ ਦਿਨ ਕਿਸਾਨ ਖ਼ੁਦਕੁਸ਼ੀਆਂ ਕਰਦੇ ਰਹੇ ਹਨ, ਉਹ ਕਰਜ਼ੇ ਮੋਦੀ ਸਰਕਾਰ ਨੇ ਮੁਆਫ਼ ਨਹੀਂ ਕੀਤੇ। ਕਿਸੇ ਬੇਰੋਜ਼ਗਾਰ, ਕਿਸਾਨ, ਰੇਹੜੀ ਵਾਲੇ ਨੂੰ 2.5 ਲੱਖ ਦਾ ਕਰਜ਼ਾ ਚਾਹੀਦਾ ਹੈ, ਜੇਕਰ ਕਿਸੇ ਮਜ਼ਦੂਰ ਨੂੰ ਆਪਣੀ ਧੀ ਦੇ ਵਿਆਹ ਲਈ 2.5 ਲੱਖ ਦਾ ਕਰਜ਼ਾ ਚਾਹੀਦਾ ਹੈ ਤਾਂ ਉਸਦੀ ਜੁੱਤੀ ਟੁੱਟ ਜਾਵੇਗੀ ਪਰ ਕਰਜ਼ਾ ਨਹੀਂ ਮਿਲੇਗਾ ਅਤੇ ਮੋਦੀ ਜੀ ਨੇ ਅਡਾਨੀ ਨੂੰ 2.5 ਲੱਖ ਕਰੋੜ ਦਾ ਕਰਜ਼ਾ ਦੇ ਦਿੱਤਾ ਅਤੇ ਜਦੋਂ ਉਨ੍ਹਾਂ ਦੀਆਂ ਕੰਪਨੀਆਂ ਘਾਟੇ ਵਿੱਚ ਗਈਆਂ ਤਾਂ ਉਨ੍ਹਾਂ ਦੇ 84 ਹਜ਼ਾਰ ਕਰੋੜ ਰੁਪਏ ਮੁਆਫ਼ ਕਰ ਦਿੱਤੇ।

ਉਨ੍ਹਾਂ ਅੱਗੇ ਕਿਹਾ ਕਿ ਜਿਨ੍ਹਾਂ ਦੇਸ਼ਾਂ ਵਿੱਚ ਟੈਕਸ ਵਿੱਚ ਛੋਟ ਹੈ, ਉੱਥੇ ਅਡਾਨੀ ਨੇ 38 ਫਰਜ਼ੀ ਕੰਪਨੀਆਂ ਖੋਲ੍ਹ ਕੇ ਆਪਣੀ ਕੰਪਨੀ ਵਿੱਚ ਹਜ਼ਾਰਾਂ-ਲੱਖਾਂ ਕਰੋੜ ਰੁਪਏ ਦਾ ਨਿਵੇਸ਼ ਕੀਤਾ। ਜਦੋਂ ਉਨ੍ਹਾਂ ਨੇ ਇਹ ਪੈਸਾ ਆਪਣੀਆਂ ਕੰਪਨੀਆਂ ਵਿੱਚ ਨਿਵੇਸ਼ ਕੀਤਾ, ਤਾਂ ਸਟਾਕ ਦੀਆਂ ਕੀਮਤਾਂ ਵਧ ਗਈਆਂ। ਕੰਪਨੀਆਂ ਅਸਲ ਵਿੱਚ ਫਾਇਦੇ 'ਚ ਨਹੀਂ ਸਨ। ਕੰਪਨੀ ਦੇ ਮੁਨਾਫੇ ਦੇ ਹਿਸਾਬ ਨਾਲ ਇਸ ਦੇ ਸ਼ੇਅਰਾਂ ਦੀਆਂ ਕੀਮਤਾਂ ਨਹੀਂ ਵਧ ਰਹੀਆਂ ਸਨ। ਸਗੋਂ ਸ਼ੇਅਰਾਂ ਦੇ ਭਾਅ ਉਸ ਹਿਸਾਬ ਨਾਲ ਵੱਧ ਰਹੇ ਸਨ, ਜੋ ਕਾਲੇ ਧਨ ਅਡਾਨੀ ਵਿਦੇਸ਼ਾਂ ਤੋਂ ਆਪਣੀਆਂ ਕੰਪਨੀਆਂ ਵਿੱਚ ਨਿਵੇਸ਼ ਕਰ ਰਹੇ ਸਨ। ਭਾਰਤ ਵਿੱਚ ਇਸ ਦੇ ਸ਼ੇਅਰਾਂ ਦੀ ਕੀਮਤ ਗ਼ਲਤ ਢੰਗ ਨਾਲ ਵੱਧ ਰਹੀ ਸੀ। ਜਦੋਂ ਮੁੱਲ ਵਧਿਆ ਤਾਂ ਉਸ ਦੇ ਆਧਾਰ 'ਤੇ ਉਨ੍ਹਾਂ ਨੇ ਸਾਰੇ ਬੈਂਕਾਂ ਜਿਵੇਂ ਐੱਸਬੀਆਈ, ਐੱਲਆਈਸੀ, ਪੰਜਾਬ ਨੈਸ਼ਨਲ ਬੈਂਕ ਆਦਿ ਤੋਂ ਕਰਜ਼ਾ ਲਿਆ। ਇਹ ਸਾਰਾ ਕਰਜ਼ਾ ਉਹ ਮੋੜ ਨਹੀਂ ਸਕਿਆ ਕਿਉਂਕਿ ਸਾਰੀਆਂ ਕੰਪਨੀਆਂ ਘਾਟੇ ਵਿੱਚ ਚੱਲ ਰਹੀਆਂ ਸਨ।

## ਟੀਕਾਕਰਨ ਹਫ਼ਤਾ ਅੱਜ ਤੋਂ

ਮੋਹਾਲੀ (ਗੁਰਜੀਤ ਬਿੱਲਾ)-ਸਿਹਤ ਵਿਭਾਗ ਪੰਜਾਬ ਵੱਲੋਂ ਜਾਰੀ ਕੀਤੇ ਗਏ ਹੁਕਮਾਂ ਮੁਤਾਬਕ ਜ਼ਿਲ੍ਹਾ ਭਰ 'ਚ ਵਿਸ਼ੇਸ਼ ਟੀਕਾਕਰਨ ਹਫਤਾ ਮਨਾਇਆ ਜਾ ਰਿਹਾ ਹੈ। ਇਸ ਸੰਬੰਧੀ ਸਿਵਲ ਸਰਜਨ ਡਾ.ਆਦਰਸ਼ਪਾਲ ਕੌਰ ਅਤੇ ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਗਿਰੀਸ਼ ਡੋਗਰਾ ਨੇ ਦੱਸਿਆ ਕਿ ਸਿਹਤ ਵਿਭਾਗ ਦੇ ਹੁਕਮਾਂ ਮੁਤਾਬਕ 13 ਫਰਵਰੀ ਦਿਨ ਸੋਮਵਾਰ ਤੋਂ 17 ਫਰਵਰੀ ਤੱਕ ਵਿਸ਼ੇਸ਼ ਟੀਕਾਕਰਨ ਹਫਤਾ ਮਨਾਇਆ ਜਾ ਰਿਹਾ ਹੈ ਜਿਸ ਦਾ ਮੁੱਖ ਉਦੇਸ਼ 0 ਤੋਂ 5 ਸਾਲ ਤੱਕ ਦੇ ਬੱਚਿਆਂ ਅਤੇ ਗਰਭਵਤੀ ਔਰਤਾਂ ਦੇ ਟੀਕਾਕਰਨ ਦੀ ਕਵਰੇਜ ਨੂੰ ਮਜ਼ਬੂਤ ਕਰਨਾ ਹੈ। ਇਸ ਲਈ 5 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਅਤੇ ਗਰਭਵਤੀ ਔਰਤਾਂ ਜਿਨ੍ਹਾਂ ਦਾ ਟੀਕਾਕਰਨ ਅਧੂਰਾ ਹੈ ਜਾਂ ਕਿਸੇ ਕਾਰਨ ਰਹਿ ਗਿਆ ਹੈ, ਉਸ ਨੂੰ ਪੂਰਾ ਕੀਤਾ ਜਾਵੇਗਾ। ਡਾ.ਆਦਰਸ਼ਪਾਲ ਕੌਰ ਨੇ ਦੱਸਿਆ ਕਿ ਉਨ੍ਹਾਂ ਖੇਤਰਾਂ ਵੱਲ ਵਿਸ਼ੇਸ਼ ਤੌਰ 'ਤੇ ਧਿਆਨ ਦਿੱਤਾ ਜਾਵੇਗਾ ਜਿਵੇਂ ਉਚ ਜੋਖਮ ਵਾਲੇ ਖੇਤਰ ਪ੍ਰਵਾਸੀ ਅਬਾਦੀ, ਖਾਨਾਬਦੋਸ਼ ਸਥਾਨ, ਇੱਟਾਂ ਦੇ ਭੱਠਿਆਂ ਆਦਿ 'ਤੇ ਰਹਿਣ ਵਾਲੇ ਲੋਕਾਂ ਦੇ ਬੱਚਿਆਂ ਅਤੇ ਗਰਭਵਤੀ ਔਰਤਾਂ ਦਾ ਵਿਸ਼ੇਸ਼ ਤੌਰ 'ਤੇ ਧਿਆਨ ਰੱਖਿਆ ਜਾਵੇਗਾ। ਇਸ ਤੋਂ ਇਲਾਵਾ ਜਿਹੜੇ ਬੱਚੇ ਘਰਾਂ ਵਿੱਚ ਪੈਦਾ ਹੁੰਦੇ ਹਨ ਅਤੇ ਉਨ੍ਹਾਂ ਬੱਚਿਆਂ ਦੀਆਂ ਜਨਮ ਖੁਰਾਕਾਂ ਵੀ ਰਹਿ ਜਾਂਦੀਆਂ ਹਨ, ਉਹ ਬੱਚੇ ਵੀ ਇਸ ਮੁਹਿੰਮ ਵਿੱਚ ਸ਼ਾਮਲ ਕੀਤੇ ਜਾਣਗੇ। ਜਿਹੜੇ ਖੇਤਰਾਂ ਜਾਂ ਪਿੰਡਾਂ 'ਚ ਸਰਕਾਰੀ ਸਿਹਤ ਸਹੂਲਤਾਂ ਨਹੀਂ ਹਨ, ਉਨ੍ਹਾਂ ਪਿੰਡਾਂ ਅਤੇ ਖੇਤਰਾਂ 'ਚ ਵੀ ਵਿਸ਼ੇਸ਼ ਤੌਰ 'ਤੇ ਕੈਂਪ ਲਗਾਏ ਜਾਣਗੇ। ਸਿਹਤ ਅਧਿਕਾਰੀਆਂ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਸਰਕਾਰੀ ਸਿਹਤ ਸੰਸਥਾਵਾਂ 'ਚ ਇਸ ਮੁਹਿੰਮ ਦੀਆਂ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ। ਮੁਹਿੰਮ ਤਹਿਤ ਉਪਰੋਕਤ ਥਾਵਾਂ 'ਤੇ ਸੀਨੀਅਰ ਮੈਡੀਕਲ ਅਫਸਰ ਅਤੇ ਟੀਕਾਕਰਨ ਅਫਸਰ ਇਨ੍ਹਾਂ ਕੈਂਪਾਂ ਦਾ ਨਿਰੀਖਣ ਕਰਨਗੇ। ਡਾ. ਆਦਰਸ਼ਪਾਲ ਕੌਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਲੈਣ।

## ਅੱਜ ਬਿਜਲੀ ਬੰਦ ਰਹੇਗੀ

ਅੱਡਾ ਸਰਾਂ (ਕਾਜਲ)-ਸਹਾਇਕ ਇੰਜੀਨੀਅਰ ਪਾਵਰਕਾਮ ਕੰਧਾਲਾ ਜੱਟਾਂ ਨੇ ਦੱਸਿਆ ਕਿ 13 ਫਰਵਰੀ ਨੂੰ 66 ਕੇ ਵੀ ਸਬ ਸਟੇਸ਼ਨ ਕੰਧਾਲਾ ਜੱਟਾਂ ਤੋਂ ਚਲਦਾ 11 ਕੇ ਵੀ ਕਲੋਏ ਫੀਡਰ ਜ਼ਰੂਰੀ ਮੁਰੰਮਤ ਦੇ ਚਲਦਿਆਂ ਬੰਦ ਰਹੇਗਾ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਕਲੋਏ, ਹੇਜਮਾ, ਨਰੀਆਲਾ, ਢੱਟ, ਦਰੀਆ, ਬਾਬਕ, ਜੌੜਾ, ਘੋੜੇਵਾਹਾ, ਬੈਂਚ ਬਾਜਾ ਪਿੰਡਾਂ ਵਿੱਚ ਬਿਜਲੀ ਸਪਲਾਈ ਬੰਦ ਰਹੇਗੀ

...ਸਫ਼ਾ 1 ਦੇ ਬਾਕੀ

## ਨਵੇਂ ਬੀਜ, ਨਵੀਂ ਬਿਜਾਈ, ਨਵੀਂ ਸਿੰਚਾਈ...

ਨਵੀਂ ਖੇਤੀ ਨੀਤੀ ਨੂੰ ਬਣਾਉਣਾ। ਖੇਤੀਬਾੜੀ ਮੰਤਰੀ ਨੇ ਪਿਛਲੇ ਸਮੇਂ ਦੌਰਾਨ ਮੌਜੂਦਾ ਸਰਕਾਰ ਵੱਲੋਂ ਖੇਤੀ ਦੀ ਬਿਹਤਰੀ ਲਈ ਕੀਤੀਆਂ ਗਈਆਂ ਸਾਰੀਆਂ ਕੋਸ਼ਿਸ਼ਾਂ ਦਾ ਵਿਸ਼ੇਸ਼ ਜ਼ਿਕਰ ਕੀਤਾ। ਉਹਨਾ ਕਿਹਾ ਕਿ ਫਸਲ ਖਰੀਦ ਦੀ ਫੌਰੀ ਅਤੇ ਪਾਰਦਰਸ਼ੀ ਨੀਤੀ ਬਣਾਈ ਗਈ ਹੈ। ਸਰਕਾਰ ਨੇ ਗੰਨੇ ਦਾ ਬਕਾਇਆ ਕਿਸਾਨਾਂ ਨੂੰ ਅਦਾ ਕਰ ਦਿੱਤਾ ਹੈ ਅਤੇ ਨਾਲ ਗੰਨੇ ਦੀ ਕੀਮਤ ਵਿੱਚ ਵਾਧਾ ਕੀਤਾ ਹੈ। ਕੋਸ਼ਿਸ਼ ਹੈ ਕਿ ਗੰਨੇ ਦੀ ਬਿਜਾਈ ਹੇਠ ਰਕਬੇ ਵਿੱਚ ਵਾਧਾ ਕਰਕੇ ਫਸਲੀ ਚੱਕਰ ਦਾ ਢੁੱਕਵਾਂ ਬਦਲ ਉਸਾਰਿਆ ਜਾ ਸਕੇ।

ਪੀ ਏ ਯੂ ਦੇ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਨੇ ਕਿਹਾ ਕਿ ਪੀ ਏ ਯੂ ਦੇ ਵਿਹੜੇ ਇਹ ਨਿਵੇਕਲੀ ਮਿਲਣੀ ਹੋ ਰਹੀ ਹੈ, ਜਿਸ ਵਿੱਚ ਸਾਰੇ ਜ਼ਿਲ੍ਹਿਆਂ ਦੇ ਕਿਸਾਨ, ਸਰਕਾਰੀ ਅਧਿਕਾਰੀ ਅਤੇ ਖੇਤੀ ਮਾਹਰ ਇੱਕ-ਦੂਜੇ ਨਾਲ ਸਿਰ ਜੋੜ ਕੇ ਮਸ਼ਵਰਾ ਕਰ ਰਹੇ ਹਨ। ਵਾਈਸ ਚਾਂਸਲਰ ਨੇ ਪੀ ਏ ਯੂ ਅਤੇ ਕਿਸਾਨਾਂ ਦੇ ਅਟੁੱਟ ਰਿਸ਼ਤੇ ਦੀ ਗੱਲ ਕਰਦਿਆਂ 1967 ਤੋਂ ਲੱਗਦੇ ਆ ਰਹੇ ਕਿਸਾਨ ਮੇਲਿਆਂ ਦਾ ਜ਼ਿਕਰ ਕੀਤਾ, ਨਾਲ ਹੀ ਉਹਨਾ ਪੀ ਏ ਯੂ ਵੱਲੋਂ ਫਸਲਾਂ ਦੀਆਂ ਨਵੀਂਆਂ ਕਿਸਮਾਂ ਦੀ ਖੋਜ ਦੇ ਖੇਤਰ ਵਿੱਚ ਕੀਤੇ ਜਾ ਰਹੇ ਕਾਰਜਾਂ ਵੱਲ ਧਿਆਨ ਦੁਆਇਆ। ਵਾਈਸ ਚਾਂਸਲਰ ਨੇ ਕਿਸਾਨਾਂ ਤੱਕ ਖੇਤੀ ਜਾਣਕਾਰੀ ਪਹੁੰਚਾਉਣ ਲਈ ਯੂਨੀਵਰਸਿਟੀ ਵੱਲੋਂ ਅਪਣਾਏ ਜਾ ਰਹੇ ਡਿਜੀਟਲ ਮੀਡੀਆ ਮਾਧਿਅਮਾਂ ਦਾ ਵਿਸ਼ੇਸ਼ ਜ਼ਿਕਰ ਕੀਤਾ। ਉਹਨਾ ਕਿਸਾਨਾਂ ਨੂੰ ਆਉਂਦੇ ਮਾਰਚ ਦੇ ਕਿਸਾਨ ਮੇਲਿਆਂ ਵਿੱਚ ਸ਼ਾਮਲ ਹੋਣ ਦਾ ਸੱਦਾ ਵੀ ਦਿੱਤਾ।

ਇਸ ਮੌਕੇ ਮੁੱਖ ਮੰਤਰੀ ਅਤੇ ਹੋਰ ਪਤਵੰਤਿਆਂ ਨੇ ਜੰਗਲਾਤ ਵਿਭਾਗ ਦੀ ਲੱਕੜ ਖ੍ਰੀਦਣ-ਵੇਚਣ ਲਈ ਬਣਾਈ ਐਪ ਈ-ਟਿੰਬਰ ਦਾ ਲੋਗੋ ਲੋਕ ਅਰਪਿਤ ਕੀਤਾ, ਨਾਲ ਹੀ ਉਹਨਾ ਪਨਸੀਡ ਦੀ ਸਬਜ਼ੀ ਬੀਜਾਂ ਦੀ ਕਿੱਟ ਵੀ ਜਾਰੀ ਕੀਤੀ। ਮੁੱਖ ਮੰਤਰੀ ਅਤੇ ਖੇਤੀਬਾੜੀ ਮੰਤਰੀ ਨੂੰ ਯੂਨੀਵਰਸਿਟੀ ਵੱਲੋਂ ਸਨਮਾਨ ਚਿੰਨ੍ਹਾਂ ਨਾਲ ਨਿਵਾਜ਼ਿਆ ਗਿਆ। ਯੂਨੀਵਰਸਿਟੀ ਦੇ ਨਿਰਦੇਸ਼ਕ ਪਸਾਰ ਸਿੱਖਿਆ ਡਾ. ਗੁਰਮੀਤ ਸਿੰਘ ਬੁੱਟਰ ਨੇ ਮੁੱਖ ਮੰਤਰੀ, ਖੇਤੀਬਾੜੀ ਮੰਤਰੀ, ਹੋਰ ਮੰਤਰੀਆਂ, ਵਿਧਾਇਕਾਂ, ਐੱਮ ਪੀਜ਼ ਅਤੇ ਵਿਸ਼ੇਸ਼ ਤੌਰ 'ਤੇ ਇਸ ਮਿਲਣੀ ਵਿੱਚ ਪੰਜਾਬ ਦੇ ਵੱਖ-ਵੱਖ ਥਾਵਾਂ ਤੋਂ ਸ਼ਾਮਲ ਹੋਏ ਕਿਸਾਨਾਂ ਦਾ ਧੰਨਵਾਦ ਕੀਤਾ।

ਮੰਚ ਸੰਚਾਲਨ ਅੱਪਰ ਨਿਰਦੇਸ਼ਕ ਸੰਚਾਰ ਡਾ. ਤੇਜਿੰਦਰ ਸਿੰਘ ਰਿਆੜ ਅਤੇ ਨਿਰਦੇਸ਼ਕ ਵਿਦਿਆਰਥੀ ਭਲਾਈ ਡਾ. ਨਿਰਮਲ ਜੌੜਾ ਨੇ ਕੀਤਾ।

# ਪੰਜਾਬ ਕੋ-ਐਜੂਕੇਸ਼ਨ ਸਕੂਲ 'ਚ ਸਾਲਾਨਾ ਇਨਾਮ ਵੰਡ ਸਮਾਰੋਹ



ਸਕੂਲ ਵਿੱਚ ਕਰਵਾਏ ਗਏ ਸਾਲਾਨਾ ਸਮਾਗਮ ਦੀ ਤਸਵੀਰ।

ਬਾਘਾ ਪੁਰਾਣਾ (ਮਨੀ ਸਿਗਲਾ)-ਸਥਾਨਕ ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਬਾਘਾ ਪੁਰਾਣਾ ਵਿਖੇ ਦੋ ਦਿਨਾ ਸਾਲਾਨਾ ਇਨਾਮ ਵੰਡ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਪ੍ਰਾਇਮਰੀ ਵਿੰਗ ਦੇ ਬੱਚਿਆਂ ਤੇ ਉਨ੍ਹਾਂ ਦੇ ਮਾਪਿਆਂ ਨੇ ਸ਼ਿਰਕਤ ਕੀਤੀ। ਸਮਾਗਮ ਦੀ ਸ਼ੁਰੂਆਤ ਨੰਨੇ-ਮੁੰਨ੍ਹੇ ਬੱਚਿਆਂ ਵੱਲੋਂ ਧਾਰਮਿਕ ਸ਼ਬਦ ਗਾਇਨ ਕਰਕੇ ਕੀਤੀ ਗਈ। ਇਸ ਮੌਕੇ ਸਕੂਲ ਦੇ ਪ੍ਰਿੰ: ਗੁਰਦੇਵ ਸਿੰਘ, ਡਾਇਰੈਕਟਰ ਸੰਦੀਪ ਮਹਿਤਾ, ਪ੍ਰਿੰ: ਮੈਡਮ ਪ੍ਰਮਿੰਦਰ ਕੌਰ, ਮੈਡਮ ਸੁਧਾ ਮਹਿਤਾ, ਕੋ-ਆਰਡੀਨੇਟਰ ਮੁਕੇਸ਼ ਅਰੋੜਾ, ਕੋ-ਆਰਡੀਨੇਟਰ ਮੈਡਮ ਮਨਜੀਤ ਭੁੱਲਰ, ਮੈਡਮ ਰਿਚਾ, ਮੈਡਮ ਦੀਪਿਕਾ ਮਨਚੰਦਾ ਨੇ ਜੋਤੀ ਪ੍ਰਚੰਡ ਕਰਕੇ ਰੰਗਾਰੰਗ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ। ਨਰਸਰੀ ਕਲਾਸ ਦੇ ਬੱਚਿਆਂ ਵੱਲੋਂ ਸੁਆਗਤੀ ਗੀਤ ਗਾਇਆ ਗਿਆ। ਨੰਨ੍ਹੇ-ਮੁੰਨੇ ਬੱਚਿਆਂ ਵੱਲੋਂ ਸਰਸਵਤੀ ਵੰਦਨਾ, ਰੀਮੈਕਸ-ਸੌਂਗ, ਪੰਜਾਬੀ ਗੀਤ, ਦਾਦੇ-ਦਾਦੀਆਂ ਦੀ ਅਹਿਮੀਅਤ ਦਰਸਾਉਂਦਾ ਨਾਟਕ, ਗਿੱਧਾ, ਯੋਗਾ ਕਰਾਏ ਨਾਲ ਸਬੰਧਤ ਆਈਟਮ, ਟੀ.ਵੀ. ਸ਼ੋਅ, ਪੁਰਾਣੇ ਗੀਤ (ਰੀਮਿਕਸ ਭੰਗੜਾ) ਆਦਿ ਬਹੁਤ ਸ਼ਾਨਦਾਰ ਅੰਦਾਜ਼ ਵਿਚ ਪੇਸ਼ ਕੀਤੇ। ਪ੍ਰਿੰਸੀਪਲ ਗੁਰਦੇਵ ਸਿੰਘ ਵੱਲੋਂ ਬੱਚਿਆਂ ਦੇ ਮਾਪਿਆਂ ਨੂੰ ਸੰਬੋਧਨ ਕਰਦੇ ਹੋਏ ਬੱਚਿਆਂ ਦੀ ਸਕੂਲ ਵਿੱਚ ਹਾਜ਼ਰੀ ਯਕੀਨੀ ਬਣਾਉਣ 'ਤੇ ਜ਼ੋਰ ਦਿੱਤਾ ਗਿਆ। ਡਾਇਰੈਕਟਰ ਸੰਦੀਪ ਮਹਿਤਾ ਵੱਲੋਂ ਬੱਚਿਆਂ ਦੇ ਮਾਪਿਆਂ ਦਾ ਸਮਾਗਮ ਵਿੱਚ ਪਹੁੰਚਣ 'ਤੇ ਸਵਾਗਤ ਕੀਤਾ ਗਿਆ। ਉਨ੍ਹਾਂ ਨੇ ਮਾਪਿਆਂ ਨੂੰ ਸੰਬੋਧਨ ਕਰਦੇ ਹੋਏ ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਸੱਭਿਆਚਾਰਕ ਗਤੀਵਿਧੀਆਂ ਤੇ ਖੇਡਾਂ ਵਿੱਚ ਵੀ ਹਿੱਸਾ ਲੈਂਦੇ ਰਹਿਣ 'ਤੇ ਜ਼ੋਰ ਦਿੱਤਾ ਤਾਂ ਕਿ ਬੱਚੇ ਸਰੀਰਕ ਤੇ ਮਾਨਸਿਕ ਤੌਰ 'ਤੇ ਤੰਦਰੁਸਤ ਰਹਿ ਸਕਣ। ਇਸ ਮੌਕੇ ਸੰਸਥਾ ਦੇ ਦੇ ਕੋ-ਆਰਡੀਨੇਟਰ ਮੁਕੇਸ਼ ਅਰੋੜਾ ਵੱਲੋਂ ਵੀ ਆਏ ਹੋਏ ਮਾਪਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਬੱਚਿਆਂ ਦੇ ਮਾਪਿਆਂ ਦੇ ਲਈ ਗੇਮਾਂ ਦਾ ਪ੍ਰਬੰਧ ਵੀ ਕੀਤਾ ਗਿਆ। ਸਕੂਲ ਵਿਚ ਸਮੇਂ-ਸਮੇਂ 'ਤੇ ਹੋਈਆਂ ਗਤੀਵਿਧੀਆਂ ਤੇ ਪੜ੍ਹਾਈ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਥੀਆਂ ਨੂੰ ਸਮੁੱਚੀ ਮੈਨੇਜਮੈਂਟ ਵੱਲੋਂ ਇਨਾਮ ਵੀ ਤਕਸੀਮ ਕੀਤੇ ਗਏ। ਸਟੇਜ ਸੰਚਾਲਨ ਦੀ ਭੂਮਿਕਾ ਮੈਡਮ ਹਰਪ੍ਰੀਤ ਕੌਰ ਤੇ ਮੈਡਮ ਅੰਜੂ ਵੱਲੋਂ ਨਿਭਾਈ ਗਈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134
Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Fatehpuri
ਸੰਪਾਦਕ : ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

13-Feb-PAGE-3.qxd 2/12/2023 8:40 PM Page 1



# ਮੰਗਾਂ ਪੂਰੀਆਂ ਨਾ ਹੋਈਆਂ ਤਾਂ ਗੁਰਦਾਸਪੁਰ 'ਚ ਹੋਵੇਗਾ ਰੇਲਾਂ ਦਾ ਚੱਕਾ ਜਾਮ : ਸਰਵਣ ਪੰਧੇਰ

**ਮਜੀਠਾ (ਸੋਇਮ ਆਨੰਦ)**

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਜਨਰਲ ਸਕੱਤਰ ਸਰਵਣ ਸਿੰਘ ਪੰਧੇਰ ਅਤੇ ਸੂਬਾ ਆਗੂ ਗੁਰਬਚਨ ਸਿੰਘ ਚੱਬਾ ਨੇ ਦੱਸਿਆ ਕਿ ਪਿਛਲੇ ਮਹੀਨੇ 29 ਅਤੇ 30 ਜਨਵਰੀ ਨੂੰ ਬਟਾਲਾ ਵਿਖੇ ਭਾਰਤ ਮਾਲਾ ਪ੍ਰੋਜੈਕਟ ਤਹਿਤ ਨਿਕਲ ਰਹੇ ਹਾਈਵੇਜ਼ ਪ੍ਰਾਜੈਕਟ ਹੇਠ ਆ ਰਹੀਆਂ ਜ਼ਮੀਨਾਂ ਦੇ ਇੱਕਸਾਰ ਅਤੇ ਯੋਗ ਮੁਆਵਜ਼ੇ ਦੇ ਨਾਲ ਨਾਲ ਹੋਰ ਮੰਗਾਂ ਨੂੰ ਲੈ ਕੇ ਚਲੇ 2 ਦਿਨ ਦੇ ਰੇਲ ਰੋ ਕੋ ਪ੍ਰਦਰਸ਼ਨ ਤੋਂ ਬਾਅਦ ਪ੍ਰਸ਼ਾਸਨ ਨਾਲ ਮੰਗਾਂ ਨੂੰ ਲੈ ਕੇ ਬਣੀ ਸਹਿਮਤੀ ਤੋਂ ਬਾਅਦ ਪ੍ਰਸ਼ਾਸਨ ਨੇ ਮੰਗਾਂ ਤੇ ਕੰਮ ਕਰਨ ਲਈ 20 ਫਰਵਰੀ ਤੱਕ ਦਾ ਸਮਾਂ ਮੰਗਿਆ ਗਿਆ ਸੀ ਅਤੇ ਪ੍ਰਸ਼ਾਸਨ ਦੁਆਰਾ ਯਕੀਨ ਦੁਆਇਆ ਗਿਆ ਸੀ ਕਿ 15 ਦਿਨ ਦੇ ਅੰਦਰ-ਅੰਦਰ ਦੋਬਾਰਾ ਤੋਂ ਐਵਾਰਡ ਕਰਕੇ ਰਕਮ ਖਾਤਿਆਂ ਵਿਚ ਪਾ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਕਿਸਾਨਾਂ ਦੀ ਸਹਿਮਤੀ ਤੋਂ ਬਿਨਾਂ ਧੱਕੇ ਨਾਲ ਜ਼ਮੀਨ 'ਤੇ ਕਬਜ਼ਾ ਲੈਣ ਦੀ ਕੋਸ਼ਿਸ਼ ਨਹੀਂ ਕੀਤੀ ਜਾਵੇਗੀ, ਗੰਨੇ ਦੇ 31 ਜਨਵਰੀ ਤਕ ਦੇ ਬਕਾਏ 15 ਫਰਵਰੀ ਤੱਕ ਪਾ ਦਿੱਤੇ ਜਾਣਗੇ ਅਤੇ ਨਾ ਪਾਏ ਜਾਣ ਦੀ ਸੂਰਤ ਵਿਚ ਕੇਨ ਕਮਿਸ਼ਨ ਦੀ ਹਦਾਇਤ ਅਨੁਸਾਰ ਵਿਆਜ ਸਮੇਤ ਪਾਏ ਜਾਣਗੇ, ਮਿੱਲਾਂ ਵੱਲੋਂ ਬਾਹਰੀ ਸੂਬਿਆਂ ਤੋਂ ਘੱਟ ਰੇਟ 'ਤੇ ਗੰਨਾ ਖਰੀਦਣ 'ਤੇ ਕਾਬੂ ਕੀਤਾ ਜਾਵੇਗਾ, ਹਵਾ ਪ੍ਰਦੂਸ਼ਿਤ ਕਰ ਰਿਹਾ ਮਸਾਣੀਆਂ ਵਿਖੇ ਬਣਿਆ ਪੋਲਟਰੀ ਫਾਰਮ ਉਚਿਤ ਕਾਗਜ਼ੀ ਕਾਰਵਾਈ ਕਰਕੇ ਬੰਦ ਕੀਤਾ ਜਾਵੇਗਾ, ਸ਼ਹੀਦ ਪਰਿਵਾਰਾਂ ਨੂੰ ਮੁਆਵਜ਼ੇ ਅਤੇ ਨੌਕਰੀ ਦੀ ਕਾਰਵਾਈ ਪੂਰੀ ਹੋ ਜਾਵੇਗੀ। ਇਸ ਦੌਰਾਨ ਜਾਰੀ ਪ੍ਰੈੱਸ ਬਿਆਨ ਰਾਹੀਂ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਕਲੇਰ ਬਾਲਾ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਜਰਮਨਜੀਤ ਬੰਡਾਲਾ, ਗੁਰਲਾਲ ਸਿੰਘ ਮਾਨ, ਬਲਦੇਵ ਸਿੰਘ ਬੱਗਾ ਨੇ ਕਿਹਾ ਕਿ ਤਹਿ ਸਮੇਂ ਅੰਦਰ ਮੰਗਾਂ ਪੂਰੀਆਂ ਨਾ ਹੋਣ ਦੀ ਸੂਰਤ ਵਿਚ 20 ਫਰਵਰੀ ਤੋਂ ਗੁਰਦਾਸਪੁਰ ਰੇਲ ਮਾਰਗ ਧਰਨੇ ਵਿਚ ਜ਼ਿਲ੍ਹਾ ਅੰਮ੍ਰਿਤਸਰ ਦੀ ਭਰਵੀਂ ਸ਼ਮੂਲੀਅਤ ਲਈ ਤਿਆਰੀਆਂ ਦੇ ਦੌਰ ਸ਼ੁਰੂ ਕੀਤੇ ਗਏ ਹਨ, ਜਿਸਦੇ ਤਹਿਤ 8 ਜ਼ੋਨਾਂ ਦੀਆਂ ਕੋਰ ਕਮੇਟੀਆਂ ਦੀਆਂ ਮੀਟਿੰਗਾਂ ਕਰਵਾਈਆਂ ਗਈਆਂ। ਇਨ੍ਹਾਂ ਵਿੱਚ ਇੱਥੋਂ ਨਾਲ ਲਗਦੇ ਪਿੰਡ ਹਮਜਾ ਜ਼ੋਨ ਮਜੀਠਾ, ਕੱਥੂਨੰਗਲ ਬਾਬਾ ਬੁੱਢਾ ਸਾਹਿਬ ਜੀ, ਟਾਹਲੀ ਸਾਹਿਬ ਅਤੇ ਜ਼ੋਨ ਬਾਉਲੀ ਸਾਹਿਬ, ਬਾਬਾ ਨੌਧ ਸਿੰਘ ਜੀ, ਸ਼ਹਿਰੀ ਜ਼ੋਨ ਗੁਰੂ ਰਾਮਦਾਸ ਅਤੇ ਜੰਡਿਆਲਾ ਗੁਰੂ ਦੀ ਮੀਟਿੰਗ ਪਿੰਡ ਵੰਨਚੜੀ ਵਿੱਚ ਹੋਈ। ਇਸ ਮੌਕੇ ਆਗੂਆਂ ਨੇ ਕਿਹਾ ਕਿ ਸਰਕਾਰ ਅਤੇ ਪ੍ਰਸ਼ਾਸਨ ਨੂੰ ਚਾਹੀਦਾ ਕਿ ਮੰਗਾਂ 'ਤੇ ਜਲਦ ਤੋਂ ਜਲਦ ਕਾਰਵਾਈ ਕਰਕੇ ਵਾਅਦੇ ਅਨੁਸਾਰ ਸਮਾਂ ਤਮਾਮ ਰਹਿੰਦੇ ਮਸਲੇ ਹੱਲ ਕੀਤੇ ਜਾਣ। ਇਸ ਮੌਕੇ ਜ਼ਿਲ੍ਹਾ ਆਗੂ ਮੰਗਜੀਤ ਸਿੰਘ ਪੰਡੋਰੀ ਸਿੱਧਵਾਂ, ਸਵਿੰਦਰ ਸਿੰਘ ਰੂਪੋਵਾਲੀ, ਕੰਵਲਜੀਤ ਵੰਨਚੜੀ, ਦਿਲਬਾਗ ਸਿੰਘ ਖਾਪੜਖੇੜੀ, ਚਰਨਜੀਤ ਸਿੰਘ ਸਫ਼ੀਪੁਰ, ਸੁਖਦੇਵ ਸਿੰਘ ਕਾਜ਼ੀਕੋਟ, ਗੁਰਦੀਪ ਸਿੰਘ ਹਮਜਾ, ਪ੍ਰਤਾਪ ਸਿੰਘ ਹਮਜਾ ਮੇਜਰ ਸਿੰਘ ਅਬਦੁਲ, ਕਾਬਲ ਸਿੰਘ ਵਰਿਆਮ ਨੰਗਲ, ਗੁਰਬਾਜ ਸਿੰਘ ਭੁੱਲਰ, ਬਲਵਿੰਦਰ ਸਿੰਘ ਕਲੇਰ ਤੋਂ ਇਲਾਵਾ ਜ਼ੋਨ ਕੋਰ ਕਮੇਟੀਆਂ ਦੀ ਸਮੂਹ ਸਕੱਤਰੇਤ ਹਾਜ਼ਰ ਸਨ।



# ਜਗਤਪੁਰ ਕਲਾਂ 'ਚ ਅਕਾਲੀ ਦਲ ਨੂੰ ਵੱਡਾ ਝਟਕਾ, 40 ਪਰਵਾਰਾਂ ਨੇ ਫੜਿਆ 'ਆਪ' ਦਾ ਪੱਲਾ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**

ਹਲਕਾ ਦੀਨਾਨਗਰ ਦੇ ਸਰਕਲ ਪੁਰਾਣਾ ਸ਼ਾਲਾ ਨੇੜਲੇ ਪਿੰਡ ਜਗਤਪੁਰ ਕਲਾਂ ਤੋਂ ਕੱਟੜ ਟਕਸਾਲੀ ਅਕਾਲੀ ਦਲ ਪਰਿਵਾਰ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਦੀ ਅਗਵਾਈ 'ਚ ਆਪਣੀ ਮਾਂ ਪਾਰਟੀ ਨੂੰ ਅਲਵਿਦਾ ਕਹਿ ਕੇ ਆਮ ਆਦਮੀ ਪਾਰਟੀ 'ਚ ਸ਼ਾਮਿਲ ਹੋ ਗਏ ਜਦੋਂਕਿ ਸਾਬਕਾ ਸਰਪੰਚ ਜੋਗਿੰਦਰਪਾਲ ਦੇ ਪ੍ਰਬੰਧਾਂ ਹੇਠ ਜਗਤਪੁਰ ਕਲਾਂ ਵਿਖੇ ਆਪ ਦੇ ਹੋਏ ਮੀਟਿੰਗ ਪ੍ਰੋਗਰਾਮ ਦੌਰਾਨ 'ਆਪ' 'ਚ ਸ਼ਾਮਿਲ ਹੋਏ ਕਰੀਬ 40 ਪਰਿਵਾਰਾਂ 'ਚ ਬਹੁਗਿਣਤੀ ਕੱਟੜ ਅਕਾਲੀ ਪਰਿਵਾਰ ਸਾਬਕਾ ਸਰਪੰਚ ਭਗਵਾਨ ਸਿੰਘ ਦੇ ਪਰਿਵਾਰਾਂ ਨਾਲ ਸਬੰਧਿਤ ਹਨ। ਸ਼ਾਮਿਲ ਹੋਏ ਪਰਿਵਾਰਾਂ ਵਿਚੋਂ ਕੁਝ ਪਰਿਵਾਰ ਕਾਂਗਰਸ ਅਤੇ ਭਾਜਪਾ ਨੂੰ ਛੱਡ ਕੇ ਵੀ ਆਏ ਦੱਸੇ ਗਏ ਹਨ। ਇਨ੍ਹਾਂ ਪਰਿਵਾਰਾਂ 'ਚ ਸਾਬਕਾ ਸਰਪੰਚ ਜੋਗਿੰਦਰਪਾਲ ਪੰਚ, ਬਲਵਿੰਦਰ ਸਿੰਘ ਪੰਚ, ਜੋਗਿੰਦਰ ਕੁਮਾਰ ਪੰਚ ਕਰਨੈਲ ਸਿੰਘ ਪੰਛੀ, ਹਰਜਿੰਦਰ ਸਿੰਘ ਪੱਪੂ, ਬਲਵਿੰਦਰ ਸਿੰਘ ਪੰਚ, ਹਰਜੀਤ ਸਿੰਘ ਜੀਤੂ, ਬਚਿੱਤਰ ਸਿੰਘ, ਦਿਲਬਾਗ ਸਿੰਘ, ਰਵੇਲ ਸਿੰਘ, ਲੱਖਾ ਸਿੰਘ, ਹਰਜਿੰਦਰ ਸਿੰਘ, ਵਿਜੇ ਕੁਮਾਰ, ਜਤਿੰਦਰ ਸਿੰਘ, ਪੂਰਨ ਚੰਦ, ਲਖਵਿੰਦਰ ਸਿੰਘ, ਸਰਵਣ ਸਿੰਘ, ਗੁਰਨਾਮ ਸਿੰਘ, ਜੋਗਿੰਦਰ ਸਿੰਘ ਆਦਿ ਸ਼ਾਮਿਲ ਸਨ। ਸ਼ਾਮਿਲ ਪਰਿਵਾਰਾਂ ਦੇ ਆਗੂ ਸਾਬਕਾ ਸਰਪੰਚ ਜੋਗਿੰਦਰਪਾਲ ਨੇ ਕਿਹਾ ਕਿ ਆਪ ਪਾਰਟੀ ਦੀਆਂ ਵਧੀਆ ਲੋਕ-ਹਿਤੂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਉਨਾਂ ਵਲੋਂ ਆਪ ਪਾਰਟੀ ਦੀ ਅਗਵਾਈ ਕਬੂਲੀ ਹੈ। ਸ਼ਾਮਿਲ ਪਰਿਵਾਰਾਂ ਦਾ ਨਿੱਘਾ ਸੁਆਗਤ ਕਰਦਿਆਂ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਰਵਾਇਤੀ ਪਾਰਟੀਆਂ ਦੀਆਂ ਸਰਕਾਰਾਂ ਜੋ 30 ਸਾਲਾਂ ਦੌਰਾਨ ਫੈਸਲੇ ਨਹੀਂ ਲੈ ਸਕੀਆਂ ਉਹ ਫੈਸਲੇ ਆਪ ਸਰਕਾਰ ਨੇ ਮਹਿਜ਼ ਇੱਕ ਸਾਲ 'ਚ ਹੀ ਲੈ ਕੇ ਜਨਤਾ ਨਾਲ ਕੀਤੇ ਵਾਅਦੇ ਵਫਾ ਕਰ ਦਿੱਤੇ ਹਨ। ਇਹੀ ਕਾਰਨ ਹੈ ਕਿ ਲੋਕ ਮਾਨ ਸਰਕਾਰ ਦੀਆਂ ਪਾਲਿਸੀਆਂ ਤੋਂ ਖ਼ੁਸ਼ ਹੋ ਕੇ ਵਹੀਰਾਂ ਘੱਤ ਆਪ 'ਚ ਸ਼ਾਮਿਲ ਹੋਣ ਲਈ ਉਤਾਵਲੇ ਹਨ। ਉਨ੍ਹਾਂ ਕਿਹਾ ਕਿ ਪਾਰਟੀ 'ਚ ਸ਼ਾਮਿਲ ਹੋਣ ਵਾਲਿਆਂ ਦਾ ਦਰਜਾ-ਬ-ਦਰਜਾ ਬਣਦਾ ਪੂਰਾ ਮਾਣ ਸਤਿਕਾਰ ਕੀਤਾ ਜਾਵੇਗਾ। ਇਸ ਮੌਕੇ ਚੇਅਰਮੈਨ ਗੁਰਨਾਮ ਸਿੰਘ ਲੁਬਾਣਾ, ਸਰਕਲ ਪ੍ਰਧਾਨ ਸਰਪੰਚ ਮਲਕੀਅਤ ਸਿੰਘ, ਆਪ ਆਗੂ ਗੁਰਨਾਮ ਸਿੰਘ ਪੁਰਾਣਾ ਸ਼ਾਲਾ, ਬਲਜੀਤ ਸਿੰਘ ਖਾਲਸਾ ਪੁਰਾਣਾ ਸ਼ਾਲਾ, ਮਲਕਿੰਦਰ ਸਿੰਘ, ਰਕੇਸ਼ ਟਾਂਡਾ, ਰਛਪਾਲ ਸਿੰਘ ਭੁੰਡੇਵਾਲ, ਲੱਖਾ ਸੈਦੋਵਾਲੀਆ ਤੋਂ ਇਲਾਵਾ ਵੱਡੀ ਗਿਣਤੀ 'ਚ ਇਲਾਕਾ ਵਾਸੀ ਹਾਜ਼ਰ ਸਨ।



# ਬਾਲ ਅਧਿਕਾਰਾਂ ਦੀ ਉਲੰਘਣਾ ਦੇ ਮੁੱਦੇ 'ਤੇ ਜੇਲ੍ਹ ਪ੍ਰਸ਼ਾਸਨ ਨੇ ਵੱਟੀ ਚੁੱਪ!



**ਰਈਆ/ਅੰਮ੍ਰਿਤਸਰ (ਡੀ. ਕੇ. ਰੈਡੀ)**

ਨਾਬਾਲਿਗ ਤੇ ਨਿਰਦੋਸ਼ ਬੱਚਿਆਂ ਨੂੰ ਜੇਲ੍ਹਾਂ 'ਚ ਨਜ਼ਰਬੰਦ ਕਰਨ ਤੇ ਜੇਲ੍ਹ ਪ੍ਰਸ਼ਾਸਨ ਦੁਆਰਾ ਬਾਲ ਅਧਿਕਾਰਾਂ ਦੇ ਕੀਤੇ ਜਾ ਰਹੇ 'ਹਨਨ' ਦੇ ਮਾਮਲੇ ਦੀ ਪੈਰਵਾਈ ਕਰਦੇ ਹੋਏ ਘੱਟ ਗਿਣਤੀਆਂ ਲੋਕ ਭਲਾਈ ਸੰਸਥਾ ਦੇ ਪ੍ਰਧਾਨ ਸਤਨਾਮ ਸਿੰਘ ਗਿੱਲ ਨੇ ਜੇਲ੍ਹ ਪ੍ਰਸ਼ਾਸਨ ਨੂੰ ਸਵਾਲਾਂ ਦੇ ਕਟਹਿਰੇ 'ਚ ਖੜਾ ਕਰ ਦਿੱਤਾ ਹੈ। ਪ੍ਰੈੱਸ ਨਾਲ ਗੱਲਬਾਤ ਕਰਦਿਆਂ ਹੋਇਆਂ 'ਸੰਸਥਾ' ਦੇ ਪ੍ਰਧਾਨ ਸਤਨਾਮ ਸਿੰਘ ਗਿੱਲ ਨੇ ਦੱਸਿਆ ਕਿ ਜੇਲ੍ਹਾਂ 'ਚ ਬਿਨਾਂ ਕਸੂਰ ਡੱਕੇ ਬੱਚਿਆਂ ਨੂੰ ਇਨਸਾਫ ਦਿਵਾਉਣ ਅਤੇ ਜੇਲ੍ਹ ਪ੍ਰਸ਼ਾਸਨ ਦੀ ਬਾਲ ਅਧਿਕਾਰਾਂ ਦੇ ਮੁੱਦੇ 'ਤੇ ਜਵਾਬ-ਤਲਬੀ ਨੂੰ ਯਕੀਨੀ ਬਣਾਉਣ ਲਈ ਮਾਮਲਾ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਚੰਡੀਗੜ੍ਹ ਦੇ ਸੁਣਵਾਈ ਅਧੀਨ ਹੈ। ਉਨ੍ਹਾਂ ਨੇ ਕਿਹਾ ਕਿ ਉਨ੍ਹਾ ਦੀ ਸੰਸਥਾ ਨੇ ਸਾਲ 2019 'ਚ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਦਾ ਦਰਵਾਜ਼ਾ ਖੜਕਾਇਆ ਸੀ ਤਾਂ ਕਿ ਬਾਲਾਂ ਨੂੰ ਇਨਸਾਫ ਮਿਲ ਸਕੇ। ਉਨ੍ਹਾਂ ਨੇ ਦੱਸਿਆ ਕਿ ਉਸ ਵੇਲੇ ਪੰਜਾਬ ਦੀਆਂ ਵੱਖ-ਵੱਖ ਜੇਲ੍ਹਾਂ 'ਚ ਕੁੱਲ 46 ਬਾਲ ਨਜ਼ਰਬੰਦ ਸਨ। ਹੁਣ 2023 ਦਾ ਵਰ੍ਹਾ ਸ਼ੁਰੂ ਹੋ ਚੁੱਕਿਆ ਹੈ ਅਤੇ ਜੇਲ੍ਹਾਂ 'ਚ ਬਾਲਾਂ ਦੀ ਗਿਣਤੀ 'ਚ ਵੀ ਚੋਖਾ ਵਾਧਾ ਹੋਣ ਦੀ ਸੰਭਾਵਨਾ ਤੋਂ ਹੁਣ ਇਨਕਾਰ ਨਹੀਂ ਕੀਤਾ ਜਾ ਸਕਦਾ ਹੈ। ਗਿੱਲ ਨੇ ਕਿਹਾ ਕਿ ਸਿਤਮਜ਼ਰੀਫੀ ਦੀ ਗੱਲ ਹੈ ਕਿ ਨਿਰਦੋਸ਼ ਬਾਲਾਂ ਦੀ ਗਿਣਤੀ 'ਚ ਸਾਲਾਨਾ ਇਜ਼ਾਫਾ ਹੋਣਾ ਬਾਦਸਤੂਰ ਜਾਰੀ ਹੈ, ਪਰ ਬਾਲਾਂ ਦੇ ਅਧਿਕਾਰਾਂ ਦੀ ਉਲੰਘਣਾ ਦੀ ਰਫ਼ਤਾਰ 'ਚ ਕਿਤੇ ਵੀ ਕਮੀ ਨਜ਼ਰ ਨਹੀਂ ਆ ਰਹੀ। ਕਮਿਸ਼ਨ ਦੀ ਪ੍ਰਕਿਰਿਆ ਸਹਿਜ ਅਵਸਥਾ ਵਾਲੀ ਹੋਣ ਕਰਕੇ ਬੱਚਿਆਂ ਦੀ ਅਧਿਕਾਰਾਂ ਦੀ ਸੁਰੱਖਿਆ ਚਿੰਤਾ ਦਾ ਵਿਸ਼ਾ ਬਣਿਆ ਹੋਇਆ ਹੈ। ਸਤਨਾਮ ਸਿੰਘ ਗਿੱਲ ਨੇ ਦੱਸਿਆ ਕਿ ਸਾਡੀ ਸੰਸਥਾ ਵੱਲੋਂ ਆਰਟੀਆਈ ਰਾਹੀਂ ਸਾਲ 2019 'ਚ ਵਧੀਕ ਡਾਇਰੈਕਟਰ ਆਫ ਪੁਲਸ ਪੰਜਾਬ ਜੇਲ੍ਹਾਂ ਪਾਸੋਂ ਜੋ ਰਿਪੋਰਟ ਪ੍ਰਾਪਤ ਹੋਈ ਹੈ ਉਸ ਨੇ ਇਹ ਖੁਲਾਸਾ ਕੀਤਾ ਸੀ ਕਿ ਸੂਬੇ ਦੀਆਂ ਜੇਲ੍ਹਾਂ 'ਚ ਕੁੱਲ 46 ਬੱਚੇ ਨਜ਼ਰਬੰਦ ਹਨ ਜੋ ਕਿ ਦੋਸ਼ੀਆਂ ਦੇ ਬਰਾਬਰ ਹੀ ਅਪਰਾਧੀਆਂ ਵਾਂਗ ਸਜ਼ਾ ਭੁਗਤ ਰਹੇ ਹਨ ਜੋ ਕਿ ਸੁਲਝਾਇਆ ਜਾਣ ਵਾਲਾ ਅਹਿਮ ਮਸਲਾ ਹੈ।

# ਬਿਜਲੀ ਕਰਮਚਾਰੀਆਂ 'ਤੇ ਪਾਏ ਕੇਸ ਰੱਦ ਕਰਕੇ ਮੁੜ ਨੌਕਰੀ 'ਤੇ ਬਹਾਲ ਕਰਨ ਦੀ ਮੰਗ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**

ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਸਰਕਲ ਗੁਰਦਾਸਪੁਰ ਦੇ ਪ੍ਰਧਾਨ ਸਾਥੀ ਬਲਵਿੰਦਰ ਉਦੀਪੁਰ ਤੇ ਸਕੱਤਰ ਸਾਥੀ ਰਣਧੀਰ ਸਿੰਘ ਕਾਹਲੋਂ ਨੇ ਪਾਵਰਕੌਮ ਦੀ ਮੈਨੇਜਮੈਂਟ ਵੱਲੋਂ ਸੀਆਰਏ 295 ਅਧੀਨ ਭਰਤੀ ਕੀਤੇ ਕਰਮਚਾਰੀਆਂ ਨੂੰ ਉਨ੍ਹਾਂ ਦੇ ਦਸਤਾਵੇਜ਼ ਦੀ ਵਾਰ-ਵਾਰ ਚੈਕਿੰਗ ਕਰਕੇ ਪ੍ਰੇਸ਼ਾਨ ਕਰਨ ਦੀ ਸਖਤ ਨਿਖੇਧੀ ਕਰਦਿਆਂ ਕਿਹਾ ਕਿ 25 ਦੇ ਕਰੀਬ ਕਰਮਚਾਰੀਆਂ ਤੇ ਪਰਚੇ ਕਰਕੇ ਨੌਕਰੀ ਤੋਂ ਫਾਰਗ ਕਰਕੇ ਮੈਨੇਜਮੈਂਟ ਤੇ ਸਰਕਾਰ ਨੇ ਮੁਲਾਜ਼ਮ ਵਿਰੋਧੀ ਹੋਣ ਦਾ ਸਬੂਤ ਦਿੱਤਾ ਹੈ, ਜਦਕਿ ਇਨ੍ਹਾਂ ਕਰਮਚਾਰੀਆਂ ਨੇ ਨੌਕਰੀ ਲੱਗਣ ਤੋਂ ਪਹਿਲਾਂ ਬਿਜਲੀ ਬੋਰਡ ਦੇ ਅੰਦਰ ਤਿੰਨ ਸਾਲ ਬਤੌਰ ਸਿਖਿਆਰਥੀ ਕੰਮ ਕੀਤਾ ਹੈ। ਇਸ ਦੇ ਬਾਵਜੂਦ ਮੈਨੇਜਮੈਂਟ ਠੇਕੇਦਾਰੀ ਰਾਹੀਂ ਜਾਰੀ ਤਜਰਬੇ ਸਰਟੀਫਿਕੇਟ ਦੇ ਬਹਾਨੇ ਮੁਲਾਜ਼ਮਾਂ ਨੂੰ ਖੱਜਲਖੁਆਰ ਕਰ ਰਹੀ ਹੈ। ਸਰਕਾਰ ਕੋਲੋਂ ਮੰਗ ਕੀਤੀ ਹੈ ਕਿ ਕਰਮਚਾਰੀਆਂ ਦੇ ਪਾਏ ਕੇਸ ਰੱਦ ਕਰਕੇ ਮੁੜ ਨੌਕਰੀ 'ਤੇ ਬਹਾਲ ਕੀਤਾ ਜਾਵੇ, ਨਹੀਂ ਤਾਂ ਫੈਡਰੇਸ਼ਨ ਏਟਕ ਮੈਨੇਜਮੈਂਟ ਅਤੇ ਸਰਕਾਰ ਵਿਰੁੱਧ ਸੰਘਰਸ਼ ਕਰਨ ਲਈ ਮਜਬੂਰ ਹੋਵੇਗੀ। ਇਸ ਮੌਕੇ ਮੰਡਲ ਯੂਨਿਟ ਗੁਰਦਾਸਪੁਰ ਦੇ ਪ੍ਰਧਾਨ ਸਾਥੀ ਸਾਹਿਬ ਸਿੰਘ ਧਾਲੀਵਾਲ, ਮਲਕੀਤ ਸਿੰਘ ਨਿਰਮਲ ਸਿੰਘ ਅਤੇ ਸਤੀਸ਼ ਸੈਣੀ ਵੀ ਹਾਜ਼ਰ ਸਨ।



# ਬੋਨੀ ਅਜਨਾਲਾ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੀ ਮੁੱਢਲੀ ਮੈਂਬਰਸ਼ਿਪ ਤੋਂ ਅਸਤੀਫਾ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**

ਸ਼੍ਰੋਮਣੀ ਅਕਾਲੀ ਦਲ ਵਲੋਂ ਹਲਕਾ ਅਜਨਾਲਾ ਦਾ ਇੰਚਾਰਜ ਬਦਲੇ ਜਾਣ ਤੋਂ ਬਾਅਦ ਅੱਜ ਆਪਣੇ ਸਮਰਥਕਾਂ ਨਾਲ ਅਜਨਾਲਾ ਦੇ ਐਮ. ਆਰ. ਪੈਲੇਸ ਵਿਚ ਕੀਤੀ ਇਕ ਮੀਟਿੰਗ ਦੌਰਾਨ ਬੋਨੀ ਅਜਨਾਲਾ ਨੇ ਸ਼੍ਰੋਮਣੀ ਅਕਾਲੀ ਦਲ ਦੀ ਮੁੱਢਲੀ ਮੈਂਬਰਸ਼ਿਪ ਤੋਂ ਅਸਤੀਫਾ ਦੇ ਦਿੱਤਾ। ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਭੇਜੇ ਅਸਤੀਫੇ ਵਿਚ ਬੋਨੀ ਅਮਰਪਾਲ ਸਿੰਘ ਅਜਨਾਲਾ ਵਿਚ ਸਪੱਸ਼ਟ ਰੂਪ ਵਿਚ ਲਿਖਿਆ ਹੈ ਕਿ ਮੈਨੂੰ ਮੁੱਢਲੀ ਮੈਂਬਰਸ਼ਿਪ ਸਮੇਤ ਹੋਰਨਾਂ ਜ਼ਿੰਮੇਵਾਰੀਆ ਤੋਂ ਅਸਤੀਫਾ ਦੇਣ ਲਈ ਇਸ ਕਰਕੇ ਮਜਬੂਰ ਹੋਣਾ ਪਿਆ ਕਿਉਂਕਿ ਪਾਰਟੀ ਦੀ ਵਿਧਾਨ ਸਭਾ ਚੋਣਾਂ ਦੌਰਾਨ ਪਿੱਠ ਵਿਚ ਛੁਰਾ ਮਾਰਨ ਵਾਲਿਆਂ ਨੂੰ ਹਲਕਾ ਇੰਚਾਰਜ ਅਤੇ ਹੋਰਨਾਂ ਅਹੁਦਿਆਂ ਨਾਲ ਨਿਵਾਜਿਆ ਜਾ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਅੱਜ ਇਕੱਠ ਵਿਚ ਆਈ ਸੰਗਤ ਦਾ ਦਿਲੋਂ ਧੰਨਵਾਦ ਕਰਦੇ ਹਨ ਜਿਨ੍ਹਾਂ ਨੇ ਉਨ੍ਹਾਂ ਨੂੰ ਕਿਸੇ ਵੀ ਸਿਆਸੀ ਰਣਨੀਤੀ ਲਈ ਅਧਿਕਾਰ ਦਿੱਤੇ ਹਨ ਉਹ ਵੀ ਸੰਗਤ ਦੇ ਹਰ ਦੁੱਖ ਸੁੱਖ ਵਿਚ ਭਾਈਭਾਲ ਹੋਣਗੇ ਅਤੇ ਅੱਗੇ ਦੀ ਤਰ੍ਹਾਂ ਅਜਨਾਲਾ ਹਲਕੇ ਦੀ ਸੇਵਾ ਕਰਦੇ ਰਹਿਣਗੇ। ਇਸ ਮੌਕੇ ਉਨ੍ਹਾਂ ਦੇ ਨਾਲ ਡਾ. ਅਵਤਾਰ ਕੌਰ ਅਜਨਾਲਾ, ਕੈਟੀ ਪਰਮਪਾਲ, ਬਲਜੀਤ ਸਿੰਘ ਚਮਿਆਰੀ, ਹਰਿੰਦਰ ਸਿੰਘ ਨਿਜ਼ਾਮਪੁਰਾ, ਐਡਵੋਕੇਟ ਜਤਿੰਦਰ ਸਿੰਘ ਚੋਹਾਨ, ਪਰਦੀਪ ਕੁਮਾਰ ਬੰਟਾ, ਅਸ਼ੋਕ ਕੁਮਾਰ ਮੰਨਣ, ਬੀਬੀ ਜਗਦੀਸ਼ ਕੌਰ, ਬੀਬੀ ਜਸਵਿੰਦਰ ਕੌਰ, ਬੀਬੀ ਕੁਲਬੀਰ ਕੌਰ, ਬੀਬੀ ਪਰਮਜੀਤ ਕੌਰ, ਇੰਦਰਜੀਤ ਸਿੰਘ ਰਮਦਾਸ, ਮਨਦੀਪ ਸਿੰਘ, ਸੁਖਦੇਵ ਸਿੰਘ ਗੋਰੇਨੰਗਲ, ਅਮਰਜੀਤ ਸਿੰਘ ਬਾਜਵਾ, ਅਵਤਾਰ ਸਿੰਘ ਬਾਠ ਡੀਪੂ ਵਾਲੇ, ਹਰਮੀਤ ਸਿੰਘ ਸੰਧੂ, ਤੇਜਿੰਦਰ ਸਿੰਘ ਸੋਨੂੰ, ਪਰਮਜੀਤ ਸਿੰਘ ਪੰਮਾ, ਸੁਸੀਲ ਕੁਮਾਰ, ਬਲਵਿੰਦਰ ਸਿੰਘ ਹਰੜ ਕਲਾਂ, ਵਿਕਰਮ ਬੇਦੀ, ਡਾ. ਦੀਪਕ ਕੁਮਾਰ, ਦੀਪੂ ਅਰੋੜਾ ਅਤੇ ਸ਼ਹਿਰੀ ਪ੍ਰਧਾਨ ਸਾਲੂ ਆਦਿ ਹਾਜ਼ਰ ਸਨ।



# ਖਹਿਰਾ ਕੋਟਲੀ ਤਜਵੀਜ਼ਤ ਟੋਲ ਪਲਾਜ਼ੇ ਵਿਰੁੱਧ ਧਰਨਾ ਜਾਰੀ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**

ਇਥੋਂ ਨਜ਼ਦੀਕ ਗੁਰਦਾਸਪੁਰ-ਡੇਰਾ ਬਾਬਾ ਨਾਨਕ ਰੋਡ ਤੇ ਪਿੰਡ ਖੈਹਰਾ ਕੋਟਲੀ ਵਿਖੇ ਤਜਵੀਜ਼ਤ ਟੋਲ ਪਲਾਜ਼ੇ ਦੇ ਵਿਰੋਧ ਵਿੱਚ ਲਾਇਆ ਧਰਨਾ ਅੱਜ 41ਵਾਂ ਦਿਨ ਵਿੱਚ ਸਾਮਲ ਹੋ ਗਿਆ ਹੈ। ਅੱਜ ਦੇ ਧਰਨੇ ਵਿੱਚ ਪੰਜਾਬ ਕਿਸਾਨ ਯੂਨੀਅਨ ਵੱਲੋਂ ਬਸ਼ੀਰ ਗਿੱਲ ਅਤੇ ਬੇਅੰਤ ਪਾਲ ਸਿੰਘ ਡੇਹਰੀਵਾਲ ਦੀ ਅਗਵਾਈ ਵਿੱਚ ਅਸ਼ਵਨੀ ਕੁਮਾਰ ਲੱਖਣ ਕਲਾਂ, ਸੰਜੀਵ ਕੁਮਾਰ ਰਿੰਕੂ, ਗੋਪਾਲ ਚੰਦ, ਨਰਿੰਦਰ ਸਿੰਘ ਹਰਮੇਸ਼ ਕੁਮਾਰ, ਕੈਪਟਨ ਕੁਲਵੰਤ ਸਿੰਘ, ਮਹਿੰਦਰ ਸਿੰਘ ਲੱਖਣ ਖੁਰਦ, ਗੁਰਵੇਲ ਸਿੰਘ ਭੰਗਵਾ, ਮੰਗਲ ਸਿੰਘ ਅਟਾਰੀ, ਸੁੱਚਾ ਸਿੰਘ ਡੇਹਰੀਵਾਲ, ਅਜੀਤ ਸਿੰਘ ਬਾਬਾ, ਬੇਅੰਤ ਪਾਲ ਸਿੰਘ ਡੇਹਰੀਵਾਲ, ਬਲਵਿੰਦਰ ਸਿੰਘ ਬਿੱਟੂ, ਮੱਖਣ ਸਿੰਘ, ਸਤਨਾਮ ਸਿੰਘ ਲੰਮਾ, ਜਸਪਾਲ ਸਿੰਘ ਗੁੰਬੀ, ਕੁਲਵੰਤ ਸਿੰਘ ਲੰਡਾ, ਹਰਪ੍ਰੀਤ ਲੱਖਣ ਖੁਰਦ, ਮਨਦੀਪ ਸਿੰਘ ਅਜੀਤ ਸਿੰਘ ਘੋਂਟ ਡੇਹਰੀਵਾਲ, ਜਗਜੀਤ ਸਿੰਘ ਸ਼ੇਖਕਬੀਰ, ਚਰਨਜੀਤ ਸਿੰਘ ਸੰਗਤਪੁਰ, ਦਰਸਨ ਸਿੰਘ ਸ਼ੇਖਕਬੀਰ, ਲਖਵਿੰਦਰ ਸਿੰਘ, ਦਲਬੀਰ ਸਿੰਘ, ਮਨਜੀਤ ਸਿੰਘ ਕਾਮਲਪੁਰ, ਜਰਨੈਲ ਸਿੰਘ ਅਤੇ ਹਰਭਜਨ ਸਿੰਘ ਆਦਿ ਜਥਾ ਧਰਨੇ 'ਤੇ ਬੈਠਾ। ਇਸ ਮੌਕੇ ਜਥੇ ਨੂੰ ਹਾਰ ਪਾ ਕੇ ਸਨਮਾਨਿਤ ਕਰਨ ਵਾਲਿਆਂ ਵਿੱਚ ਟਰਾਂਸਪੋਰਟ ਯੂਨੀਅਨ ਦੇ ਬਲਬੀਰ ਸਿੰਘ, ਸਾਬਕਾ ਸੈਨਿਕ ਸੰਘਰਸ਼ ਕਮੇਟੀ ਵੱਲੋਂ ਪ੍ਰੇਮ ਸਿੰਘ ਸੂਬੇਦਾਰ, ਜਮਹੂਰੀ ਕਿਸਾਨ ਸਭਾ ਵੱਲੋਂ ਬਲਕਾਰ ਸਿੰਘ ਨੜਾਂਵਾਲੀ, ਬੀ. ਕੇ. ਏਕਤਾ ਉਗਰਾਹਾਂ ਵੱਲੋਂ ਨਾਜਰ ਸਿੰਘ ਅਤੇ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਵੱਲੋਂ ਦਰਸ਼ਨ ਸਿੰਘ ਆਦਿ ਹਾਜ਼ਰ ਸਨ। ਇਸ ਮੌਕੇ ਬੋਲਦਿਆਂ ਅਸ਼ਵਨੀ ਕੁਮਾਰ ਲੱਖਣ ਕਲਾਂ ਨੇ ਕਿਹਾ ਕਿ ਅਸੀਂ ਇਹ ਟੋਲ ਪਲਾਜ਼ਾ ਕਿਸੇ ਵੀ ਕੀਮਤ 'ਤੇ ਨਹੀਂ ਲੱਗਣ ਦਿਆਂਗੇ। ਪਤਾ ਨਹੀਂ ਕਿਉਂ ਸਰਕਾਰਾਂ ਕਾਰਪੋਰੇਟ ਘਰਾਣਿਆਂ ਦਾ ਹਿੱਤ ਪੂਰਦੀਆਂ ਹਨ। ਸਮੁੱਚੇ ਭਾਰਤ ਦਾ ਗਰੀਬ ਵਰਗ ਅੱਤ ਦਰਜੇ ਦੀ ਮਹਿੰਗਾਈ ਵਿੱਚ ਪਿਸ ਰਿਹਾ ਹੈ। ਗਰੀਬ ਬੰਦੇ ਕੋਲੋਂ ਦੋ ਡੰਗ ਦੀ ਰੋਟੀ ਵੀ ਪੂਰੀ ਕਰਨੀ ਔਖੀ ਹੈ, ਪਰ ਸਰਕਾਰ ਭਾਵੇਂ ਚੰਡੀਗੜ੍ਹ ਦੀ ਹੋਵੇ ਜਾਂ ਫਿਰ ਦਿੱਲੀ ਦੀ ਕੋਈ ਵੀ ਗਰੀਬ ਬੰਦੇ ਦੀ ਬਾਂਹ ਫੜਨ ਨੂੰ ਰਾਜੀ ਨਹੀਂ। ਅੱਤ ਦੀ ਬੇਰੁਜ਼ਗਾਰੀ ਅਤੇ ਮਹਿੰਗਾਈ ਲੋਕਾਂ ਦਾ ਕਚੂੰਬਰ ਕੱਢ ਰਹੀ ਹੈ, ਪਰ ਸਿਆਸੀ ਲੋਕਾਂ ਨੂੰ ਆਪਣੀਆਂ ਸਿਆਸੀ ਰੋਟੀਆਂ ਸੇਕਣ ਦੀ ਪਈ ਹੋਈ ਹੈ। ਇਸ ਲਈ ਅਸੀਂ ਮੰਗ ਕਰਦੇ ਹਾਂ ਕਿ ਪੂਰੇ ਹਿੰਦੋਸਤਾਨ ਵਿੱਚ ਸਭ ਟੋਲ ਪਲਾਜ਼ੇ ਬੰਦ ਕੀਤੇ ਜਾਣ।

# ਪੈਨਸ਼ਨਰਜ਼ ਕਨਫੈਡਰੇਸ਼ਨ ਦੀ ਮਹੀਨਾਵਾਰੀ ਮੀਟਿੰਗ ਸੰਪੰਨ

**ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**

ਪੈਨਸ਼ਨਰਜ਼ ਐਂਡ ਸੀਨੀਅਰ ਸਿਟੀਜ਼ਨ ਵੈਲਫੇਅਰ ਐਸੋਸੀਏਸ਼ਨ (ਰਜਿ) ਦੀ ਤਹਿਸੀਲ ਇਕਾਈ ਪੱਟੀ ਦੀ ਮਹੀਨਾਵਾਰ ਮੀਟਿੰਗ ਜੋਧਬੀਰ ਸ਼ਰਮਾ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਲੌਹੁਕਾ, ਖੇਮਕਰਨ, ਪੱਟੀ, ਸਰਹਾਲੀ, ਖਾਲੜਾ ਅਤੇ ਬੁਰਜ ਆਦਿ ਇਲਾਕੇ ਦੇ ਪੈਨਸ਼ਨਰਜ਼ ਨੇ ਸ਼ਮੂਲੀਅਤ ਕੀਤੀ। ਮੀਟਿੰਗ ਦੀ ਕਾਰਵਾਈ ਦੇ ਆਰੰਭ ਵਿੱਚ ਉਘੇ ਸਮਾਜ ਸੇਵਕ, ਗੌਰਮਿੰਟ ਟੀਚਰ ਯੂਨੀਅਨ ਅਤੇ ਪਸਸਫ ਦੇ ਸਾਬਕਾ ਸਟੇਟ ਪ੍ਰਧਾਨ ਅਤੇ ਮੁਲਾਜ਼ਮ ਲਹਿਰ (ਮਾਸਿਕ ਪੱਤ੍ਰਿਕਾ) ਦੇ ਬਾਨੀ ਸੰਪਾਦਕ ਤਿਰਲੋਚਨ ਸਿੰਘ ਰਾਣਾ ਅਤੇ ਸੀਨੀਅਰ ਪੈਨਸ਼ਨਰ ਸਾਥੀ ਬਲਬੀਰ ਸਿੰਘ ਜੌੜਾ ਦੀ ਦੇ ਅਕਾਲ ਚਲਾਣੇ 'ਤੇ ਦੁੱਖ ਦਾ ਇਜ਼ਹਾਰ ਕਰਦਿਆਂ ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਦੋ ਮਿੰਟ ਦਾ ਮੌਨ ਰੱਖ ਕੇ ਹਾਜ਼ਰ ਪੈਨਸ਼ਨਰ ਸਾਥੀਆਂ ਵਲੋਂ ਸ਼ਰਧਾਂਜਲੀ ਦਿੱਤੀ ਗਈ। ਜਨਰਲ ਸਕੱਤਰ ਜਗਤਾਰ ਸਿੰਘ ਆਸਲ ਨੇ ਮੀਟਿੰਗ ਲਈ ਆਏ ਪੈਨਸ਼ਨਰ ਸਾਥੀਆਂ ਨੂੰ ਜੀ ਆਇਆਂ ਆਖਿਆ ਅਤੇ ਮੀਟਿੰਗ ਦੇ ਏਜੰਡੇ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਬੀਤੇ ਦਿਨੀਂ ਤਰਨਤਾਰਨ ਵਿਖੇ ਆਯੋਜਿਤ ਹੋਈ ਜ਼ਿਲ੍ਹਾ ਇਕਾਈ ਦੀ ਮਾਸਿਕ ਮੀਟਿੰਗ ਦੌਰਾਨ ਹੋਈ ਗੱਲਬਾਤ ਬਾਰੇ ਵਿਸਥਾਰ ਨਾਲ ਦੱਸਿਆ। ਉਪਰੰਤ ਉਨ੍ਹਾਂ ਪੈਨਸ਼ਨਰ ਪੱਟੀ ਤਹਿਸੀਲ ਇਕਾਈ ਦੇ ਸਾਥੀਆਂ ਵਲੋਂ ਪੈਨਸ਼ਨਰਜ਼ ਦੇ ਕੰਮਾਂ ਅਤੇ ਜਥੇਬੰਦਕ ਗਤੀਵਿਧੀਆਂ ਹਿਤ ਨਿਭਾਈ ਭੂਮਿਕਾ ਲਈ ਉਨ੍ਹਾਂ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਸੂਬਾਈ ਅਤੇ ਜ਼ਿਲ੍ਹਾ ਇਕਾਈ ਵਲੋਂ ਨਵੀਆਂ ਚੋਣਾਂ ਕਰਵਾਉਣ ਦੀ ਹਦਾਇਤ ਬਾਰੇ ਵੀ ਦੱਸਿਆ। ਖਜ਼ਾਨਚੀ ਚਾਨਣ ਸਿੰਘ ਨੇ ਜਥੇਬੰਦਕ ਆਮਦਨ ਅਤੇ ਖਰਚ ਬਾਰੇ ਹਰ ਮਹੀਨੇ ਦਾ ਹਿਸਾਬ-ਕਿਤਾਬ ਵਿਸਥਾਰਪੂਰਵਕ ਪੇਸ਼ ਕੀਤਾ ਜਿਸ ਤੇ ਹਾਜ਼ਰੀਨ ਨੇ ਤਸੱਲੀ ਪ੍ਰਗਟ ਕੀਤੀ। ਪ੍ਰਧਾਨ ਜੋਧਬੀਰ ਸ਼ਰਮਾ ਨੇ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਨੂੰ ਅੱਖੋਂ ਪਰੋਖੇ ਕਰਨ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਪੈਨਸ਼ਨਰ ਜਥੇਬੰਦੀਆਂ ਦੇ ਸਾਂਝੇ ਫਰੰਟ ਨੂੰ ਅਣਗੌਲਿਆ ਅਤੇ ਅਣਦੇਖਾ ਕਰਕੇ ਟਾਲਮਟੋਲ ਕਰਨ ਦੀ ਅਲੋਚਨਾ ਕੀਤੀ। ਉਨ੍ਹਾਂ ਆਖਿਆ ਕਿ ਇਸੇ ਕਾਰਨ ਕਰਕੇ ਪੈਨਸ਼ਨਰਾਂ ਵਿੱਚ ਲੰਮੇ ਸਮੇਂ ਤੋਂ ਨਿਰਾਸ਼ਾ ਅਤੇ ਨਾਰਾਜ਼ਗੀ ਦਾ ਆਲਮ ਹੈ। ਉਨ੍ਹਾਂ ਪੈਨਸ਼ਨਰਾਂ ਨੂੰ ਜਨਵਰੀ 2016 ਤੋਂ ਪਹਿਲਾਂ ਬਣੇ ਪੈਨਸ਼ਨਰਾਂ ਦੀਆਂ ਪੈਨਸ਼ਨਾਂ ਸੋਧਣ ਦਾ ਗੁਣਾਂਕ ਮੁਲਾਜ਼ਮਾਂ ਦੇ ਬਰਾਬਰ ਲਾਗੂ ਕਰਨਾ, ਜੁਲਾਈ 2015 ਤੋਂ 119% ਦਾ ਮਹਿੰਗਾਈ ਭੱਤਾ ਦੇਣ ਦਾ ਨੋਟੀਫਿਕੇਸ਼ਨ ਕਰਨ ਦੇ ਨਾਲ ਮਹਿੰਗਾਈ ਭੱਤੇ ਦਾ ਰਹਿੰਦਾ ਬਕਾਇਆ ਦੇਣਾ, ਮੈਡੀਕਲ ਭੱਤਾ 2000 ਰੁਪਏ ਪ੍ਰਤੀ ਮਹੀਨਾ ਕਰਨਾ, ਕੈਸ਼ਲੈੱਸ ਹੈਲਥ ਸਕੀਮ ਨੂੰ ਸਹੀ ਅਰਥਾਂ ਵਿਚ ਸੋਧ ਕੇ ਲਾਗੂ ਕਰਨਾ ਆਦਿ ਕੰਮਾਂ ਸਬੰਧੀ ਫੈਸਲੇ ਲਾਗੂ ਕਰਨਾ ਆਦਿ ਪੈਨਸ਼ਨਰ ਦੀਆਂ ਜਾਇਜ਼ ਪੈਂਡਿੰਗ ਮੰਗਾਂ ਦੱਸੀਆਂ? ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਪੈਨਸ਼ਨਰਾਂ ਦੀਆਂ ਮੰਗਾਂ ਸਬੰਧੀ ਕੋਈ ਸੁਣਵਾਈ ਨਾ ਹੋਈ ਤਾਂ ਅਨਿਸ਼ਚਿਤਕਾਲੀਨ ਸੰਘਰਸ਼ ਵਿਢਣ ਬਾਰੇ ਵਿਉਂਤਬੰਦੀ ਕੀਤੀ ਜਾਵੇਗੀ। ਉਨ੍ਹਾਂ ਨੇ ਦੱਸਿਆ ਕਿ ਪੈਨਸ਼ਨਰਜ਼ ਸਾਥੀਆਂ ਨਾਲ ਸਲਾਹ ਮਸ਼ਵਰਾ ਕਰਕੇ ਨਵੀਂ ਮੈਂਬਰਸ਼ਿਪ ਵਧਾਉਣ ਅਤੇ 25 ਫਰਵਰੀ ਨੂੰ ਨਵੀਆਂ ਚੋਣਾਂ ਕਰਵਾਉਣ ਦਾ ਫੈਸਲਾ ਲਿਆ ਗਿਆ ਹੈ। ਇਸ ਦੇ ਇਲਾਵਾ ਸੂਬਾਈ ਚੋਣ ਅਤੇ ਮੀਟਿੰਗ ਆਦਿ ਕੰਮਾਂ ਲਈ ਜਗਤਾਰ ਸਿੰਘ ਆਸਲ ਅਤੇ ਚਾਨਣ ਸਿੰਘ ਨੂੰ ਡੈਲੀਗੇਟ ਵਜੋਂ ਚੁਣਿਆ ਗਿਆ। ਨਵੀਂ ਮੈਂਬਰਸ਼ਿਪ ਲਈ ਬੀਤੇ ਸਾਲ ਸੇਵਾਮੁਕਤ ਹੋਏ ਪੈਨਸ਼ਨਰਜ਼ ਸਾਥੀਆਂ ਨੂੰ ਆਪਣੀ ਜਥੇਬੰਦੀ ਨਾਲ ਜੋੜਨ ਲਈ ਉਨ੍ਹਾਂ ਤਕ ਨਿਜੀ ਪਹੁੰਚ ਕਰਨ ਦੀ ਸਲਾਹ ਦਿੱਤੀ। ਉਨ੍ਹਾਂ ਨਵੀਂ ਮੈਂਬਰਸ਼ਿਪ ਵਧਾਉਣ ਲਈ ਵੱਖ-ਵੱਖ ਇਲਾਕਿਆਂ ਦੇ ਪੈਨਸ਼ਨਰ ਸਾਥੀਆਂ ਨੂੰ ਪੂਰੀ ਵਾਹ ਲਗਾਉਣ ਤੇ ਮੈਂਬਰਸ਼ਿਪ ਵਧਾਉਣ 'ਤੇ ਜ਼ੋਰ ਦਿੱਤਾ। ਪੈਨਸ਼ਨਰ ਦੀਆਂ ਮੰਗਾਂ ਲਈ ਜਥੇਬੰਦਕ ਗਤੀਵਿਧੀਆਂ ਬਾਰੇ ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਅਤੇ ਸੂਬਾਈ ਆਗੂ ਸਰਕਾਰ ਤੇ ਪੈਨਸ਼ਨਰਜ਼ ਦੀਆਂ ਪੈਂਡਿੰਗ ਮੰਗਾਂ ਲਈ ਲਗਾਤਾਰ ਦਬਾਅ ਵਧਾਉਣ ਲਈ ਪੂਰੀ ਵਾਹ ਲਗਾ ਰਹੇ ਹਨ। ਆਸ ਹੈ ਕਿ ਪੈਨਸ਼ਨਰਜ਼ ਨੂੰ ਸਾਢੇ ਪੰਜ ਸਾਲ ਦਾ ਬਕਾਇਆ ਯਕਮੁਸ਼ਤ ਦਿਵਾਉਣ ਅਤੇ ਕੈਸ਼ਲੈਸ ਮੈਡੀਕਲ ਦੀ ਸਹੂਲਤ ਲਈ ਰਾਹ ਪੱਧਰਾ ਹੋ ਜਾਵੇਗਾ। ਅਖੀਰ ਵਿੱਚ ਉਨ੍ਹਾਂ 15 ਫਰਵਰੀ ਦੇ ਮੁਲਾਜ਼ਮ ਅਤੇ ਪੈਨਸ਼ਨਰਜ਼ ਦੀ ਜ਼ਿਲ੍ਹਾ ਪੱਧਰੀ ਅਤੇ 19 ਫਰਵਰੀ ਦੇ ਸਟੇਟ ਪੱਧਰੀ 17 ਫਰਵਰੀ ਦੇ ਸੂਬਾਈ ਧਰਨੇ ਪ੍ਰਦਰਸ਼ਨ ਬਾਰੇ ਜਾਣਕਾਰੀ ਦਿੱਤੀ ਅਤੇ ਸ਼ਾਮਲ ਹੋਣ ਦੀ ਅਪੀਲ ਕੀਤੀ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਬਲਵਿੰਦਰ ਸਿੰਘ ਸਰਹਾਲੀ, ਸੁੱਖਾ ਸਿੰਘ, ਕਸ਼ਮੀਰ ਸਿੰਘ ਬੁਰਜ, ਰਾਜ ਸਿੰਘ, ਬੇਅੰਤ ਸਿੰਘ ਖੇਮਕਰਨ, ਰਕੇਸ਼ ਕੁਮਾਰ ਸ਼ਰਮਾ, ਗੁਰਨਾਮ ਸਿੰਘ, ਅਜੀਤ ਸਿੰਘ ਲੌਹੁਕਾ, ਨਿਰਮਲ ਸਿੰਘ ਬੁਰਜ, ਰਕੇਸ਼ ਕੁਮਾਰ ਟਾਹ, ਦਰਸ਼ਨ ਸਿੰਘ, ਹਰਜਿੰਦਰ ਸਿੰਘ ਜੰਡ ਅਤੇ ਗੁਰਨਾਮ ਸਿੰਘ ਆਦਿ ਸਾਮਲ ਹੋਏ।

**ਨਵੀਂ ਮੈਂਬਰਸ਼ਿਪ ਤੇ ਚੋਣ ਲਈ ਸਿਰਤੋੜ ਯਤਨ ਕਰਨ 'ਤੇ ਦਿੱਤਾ ਜ਼ੋਰ**



# ਗੁ. ਸਿੰਘ ਸਭਾ ਭੱਲਾ ਕਾਲੋਨੀ ਦੇ ਵਿਕਾਸ ਕਾਰਜ ਜੰਗੀ ਪੱਧਰ 'ਤੇ ਜਾਰੀ : ਮੰਗਲ ਸਿੰਘ

**ਅੰਮ੍ਰਿਤਸਰ (ਅਰੋੜਾ)**

ਗੁਰਦੁਆਰਾ ਸਿੰਘ ਸਭਾ ਭੱਲਾ ਕਾਲੋਨੀ ਛੇਹਰਟਾ ਦੇ ਪ੍ਰਧਾਨ ਬਾਬਾ ਮੰਗਲ ਸਿੰਘ, ਮੀਤ ਪ੍ਰਧਾਨ ਨਰਿੰਦਰ ਸਿੰਘ ਨੋਨੀ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਦੇ ਵਿਕਾਸ ਕਾਰਜ ਸਮੂਹ ਸੰਗਤ ਦੇ ਸਹਿਯੋਗ ਨਾਲ ਜੰਗੀ ਪੱਧਰ 'ਤੇ ਕਰਵਾਏ ਜਾ ਰਹੇ ਹਨ ਅਤੇ ਵਿਕਾਸ ਕਾਰਜਾਂ ਦੇ ਸਹਿਯੋਗ ਵਿੱਚ ਕੋਈ ਵੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਵਿੱਚ ਥੋੜੇ ਸਮੇਂ ਦੇ ਦੌਰਾਨ ਹੀ ਸਟੀਲ ਦਾ ਗੇਟ, ਜਨਰੇਟਰ ਸੁਵਿਧਾ, ਫਰਸ਼ 'ਤੇ ਪੱਥਰ ਦੀ ਸੇਵਾ, ਸ਼ੈਡ ਅਤੇ ਜਨਤਾ ਦੀ ਸੁਵਿਧਾ ਲਈ ਆਧੁਨਿਕ ਬਾਥਰੂਮ ਦਾ ਪ੍ਰਬੰਧ ਅਤੇ ਲੰਗਰ ਹਾਲ ਦੇ ਕੰਮ ਸੰਪੰਨ ਕਰਵਾਏ ਜਾ ਚੁੱਕੇ ਹਨ। ਉਨ੍ਹਾਂ ਨੇ ਦੱਸਿਆ ਕਿ ਵਿਕਾਸ ਕੰਮਾਂ ਵਿੱਚ 10 ਲੱਖ ਰੁਪਏ ਦੀ ਰਾਸ਼ੀ ਖਰਚ ਕੀਤੀ ਜਾ ਚੁੱਕੀ ਹੈ। ਮੰਗਲ ਸਿੰਘ ਅਤੇ ਨਰਿੰਦਰ ਸਿੰਘ ਨੇ ਦੱਸਿਆ ਕਿ ਗੁਰਪੁਰਬ ਦੇ ਮੌਕੇ ਪ੍ਰਭਾਤ ਫੇਰੀਆਂ ਦਾ ਸਿਲਸਿਲਾ ਜਾਰੀ ਰੱਖਿਆ ਜਾ ਰਿਹਾ ਹੈ। ਨਗਰ ਕੀਰਤਨ ਦੀ ਸ਼ੋਭਾ ਯਾਤਰਾ ਵਧਾਉਣ ਅਤੇ ਰੱਖ ਰਖਾਵ ਲਈ ਸ਼ਲਾਘਾਯੋਗ ਪ੍ਰਬੰਧ ਕੀਤੇ ਜਾ ਰਹੇ ਹਨ। ਉਨ੍ਹਾਂ ਨੇ ਸਮੂਹ ਸੰਗਤ ਨੂੰ ਅਪੀਲ ਕੀਤੀ ਕਿ ਗੁਰਦੁਆਰਾ ਸਾਹਿਬ ਦੇ ਵਿਕਾਸ ਕੰਮਾਂ ਦੀ ਸੇਵਾ ਲਈ ਜ਼ਿਆਦਾ ਤੋਂ ਜ਼ਿਆਦਾ ਸਹਿਯੋਗ ਦੇਣ ਤਾਂ ਕਿ ਉਸ ਵਾਹਿਗੁਰੂ ਜੀ ਦੇ ਹਰੇਕ ਪੁਰਬ ਨੂੰ ਬੜੀ ਸ਼ਰਧਾ ਅਤੇ ਵਿਧੀ ਵਿਧਾਨ ਨਾਲ ਮਨਾਇਆ ਜਾ ਸਕੇ। ਇਸ ਮੌਕੇ ਪ੍ਰਿੰਸੀ. ਰਜੇਸ਼ ਪ੍ਰਭਾਕਰ, ਜਤਿੰਦਰ ਸਿੰਘ, ਧਰਮਿੰਦਰ ਸਿੰਘ ਬਿੱਟੂ, ਮਨਿੰਦਰ ਸਿੰਘ ਮਠਾਰੂ ਬੰਬੇ ਵਾਲੇ, ਕੈਪਟਨ ਜੋਗਿੰਦਰ ਸਿੰਘ, ਹਰਬੰਸ ਸਿੰਘ, ਪ੍ਰਿੰਸ, ਅਮਰੀਕ ਸਿੰਘ, ਪਲਵਿੰਦਰ ਸਿੰਘ ਆਦਿ ਨਾਲ ਗੁਰਦੁਆਰਾ ਸਾਹਿਬ ਦੇ ਸਮੂਹ ਪ੍ਰਬੰਧਕ ਅਤੇ ਸੇਵਾਦਾਰ ਮੌਜੂਦ ਸਨ।



# ਜੱਲੋਕੇ ਰੇਤ ਖੱਡ 'ਚ ਮੁਕੰਮਲ ਪਾਰਦਰਸ਼ਤਾ ਲਈ ਲਗਾਈਆਂ ਜਾਣਗੀਆਂ ਪੀ ਓ ਐੱਸ ਮਸ਼ੀਨਾਂ



**ਤਰਨ ਤਾਰਨ (ਪ੍ਰਿਤਪਾਲ ਸਿੰਘ)**

ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਤਰਨਤਾਰਨ ਵਿੱਚ ਸਸਤਾ ਰੇਤਾ ਮੁਹੱਈਆ ਕਰਵਾਉਣ ਲਈ 05 ਫਰਵਰੀ ਨੂੰ ਪਿੰਡ ਜੱਲੋਕੇ ਵਿਖੇ ਸ਼ੁਰੂ ਕੀਤੀ ਗਈ ਜਨਤਕ ਰੇਤ ਖੱਡ ਨੂੰ ਆਮ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਤਰਨ ਤਾਰਨ ਰਿਸ਼ੀਪਾਲ ਸਿੰਘ ਨੇ ਦੱਸਿਆ ਕਿ 05 ਫਰਵਰੀ ਤੋਂ ਲੈ ਕੇ ਜੱਲੋਕੇ ਰੇਤ ਖੱਡ ਤੋਂ ਅੱਜ ਤੱਕ 613 ਟਰਾਲੀਆਂ ਰੇਤੇ ਦੀ ਵਿੱਕਰੀ ਹੋ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਇਸ ਰੇਤ ਖੱਡ ਵਿੱਚੋਂ ਹੁਣ ਰੋਜ਼ਾਨਾ ਲੱਗਭੱਗ 150 ਟਰਾਲੀਆਂ ਰੇਤੇ ਦੀ ਭਰਾਈ ਕੀਤੀ ਜਾ ਰਹੀ ਹੈ।

ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਦੇ ਹੁਕਮਾਂ ਮੁਤਾਬਕ ਰੇਤ ਖਰੀਦਣ ਵਾਲੇ ਨੂੰ ਵਿਭਾਗ ਦੀ ਐਪ ਤੋਂ ਕਿਊ ਆਰ ਕੋਡ ਵੀ ਜਾਰੀ ਕੀਤਾ ਜਾਂਦਾ ਹੈ, ਜਿਸ 'ਤੇ ਖਰੀਦਣ ਵਾਲੇ ਦੀ ਸਾਰੀ ਜਾਣਕਾਰੀ ਮੁਕੰਮਲ ਰੂਪ 'ਚ ਹੁੰਦੀ ਹੈ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਨੂੰ ਸਸਤੇ ਭਾਅ 'ਤੇ ਰੇਤਾ ਮੁਹੱਈਆ ਕਰਵਾਉਣ ਲਈ ਖੋਲ੍ਹੀਆਂ ਗਈਆਂ ਜਨਤਕ ਰੇਤ ਖਾਣਾਂ 'ਚ ਮੁਕੰਮਲ ਪਾਰਦਰਸ਼ਤਾ ਲਈ ਪੀ. ਓ. ਐੱਸ. ਮਸ਼ੀਨਾਂ ਲਾਈਆਂ ਜਾਣਗੀਆਂ, ਜਿਨ੍ਹਾਂ ਰਾਹੀਂ ਡਿਜੀਟਲ ਅਦਾਇਗੀ ਹੋਣ ਦੇ ਨਾਲ ਹੀ ਰੇਤ ਖਰੀਦਣ ਵਾਲੇ ਨੂੰ ਉਸ ਵੱਲੋਂ ਕੀਤੀ ਅਦਾਇਗੀ ਦੀ ਰਸੀਦ ਵੀ ਮਿਲੇਗੀ। ਉਨ੍ਹਾਂ ਦੱਸਿਆ ਕਿ ਖਣਨ ਤੇ ਭੂ ਵਿਗਿਆਨ ਮੰਤਰੀ ਪੰਜਾਬ ਗੁਰਮੀਤ ਸਿੰਘ ਮੀਤ ਹੇਅਰ ਵੱਲੋਂ ਜਨਤਕ ਰੇਤ ਖਾਣਾਂ ਦੇ ਪ੍ਰਬੰਧ 'ਚ ਮੁਕੰਮਲ ਪਾਰਦਰਸ਼ਤਾ ਬਰਕਰਾਰ ਰੱਖਣ ਲਈ ਦਿੱਤੀਆਂ ਹਦਾਇਤਾਂ ਦੇ ਮੱਦੇਨਜ਼ਰ ਵਿਭਾਗ ਵੱਲੋਂ ਇਨ੍ਹਾਂ ਪੀ. ਓ. ਐੱਸ. (ਪੁਆਇੰਟ ਆਫ਼ ਸੇਲ) ਮਸ਼ੀਨਾਂ ਦੀ ਸਪਲਾਈ ਦਾ ਆਰਡਰ ਦੇ ਦਿੱਤਾ ਗਿਆ ਹੈ, ਜੋ ਕਿ ਅਗਲੇ ਦਿਨਾਂ 'ਚ ਉਪਲੱਬਧ ਹੋਣ 'ਤੇ ਜਨਤਕ ਰੇਤ ਖਾਣ ਵਾਲੀ ਥਾਂ 'ਤੇ ਉਪਲੱਬਧ ਹੋ ਜਾਵੇਗੀ।

ਜੱਲੋਕੇ ਰੇਤ ਖੱਡ ਤੋਂ ਰੇਤ ਭਰਨ ਆਏ ਲੋਕਾਂ ਨੇ ਕਿਹਾ ਕਿ ਇਸ ਗੱਲ ਦੀ ਖੁਸ਼ੀ ਹੋਈ ਕਿ ਰੇਤੇ ਦੀ ਪਰਚੀ ਕੇਵਲ ਸਾਢੇ ਪੰਜ ਰੁਪਏ ਘਣ ਫੁੱਟ ਦੇ ਹਿਸਾਬ ਨਾਲ ਕੱਟੀ ਜਾ ਰਹੀ ਹੈ ਜੋ ਕਿ ਬਹੁਤ ਹੀ ਵਾਜਿਬ ਰੇਟ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਇਹ ਬਹੁਤ ਹੀ ਵਧੀਆ ਉਪਰਾਲਾ ਹੈ ਕਿ ਜਿਸ ਨੂੰ ਵੀ ਆਪਣੇ ਲਈ ਰੇਤੇ ਦੀ ਲੋੜ ਹੋਵੇ, ਉਹ ਆਪਣੀ ਟਰਾਲੀ ਅਤੇ ਲੇਬਰ ਲਵੇ ਅਤੇ ਇੱਥੋਂ ਰੇਤਾ ਭਰ ਕੇ ਲੈ ਜਾਵੇ।

# ਸ਼੍ਰੋਮਣੀ ਅਕਾਲੀ ਦਲ ਨੂੰ ਝਟਕਾ, ਦੋ ਸਾਬਕਾ ਕੌਂਸਲਰ ਆਮ ਆਦਮੀ ਪਾਰਟੀ 'ਚ ਸ਼ਾਮਲ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**

ਆਮ ਪਾਰਟੀ ਨੂੰ ਉਸ ਵਕਤ ਬਹੁਤ ਵੱਡਾ ਹੁੰਗਾਰਾ ਮਿਲਿਆ ਜਦੋਂ ਆਮ ਆਦਮੀ ਪਾਰਟੀ ਦੀ ਕਾਰਗੁਜ਼ਾਰੀ ਤੋਂ ਖੁਸ਼ ਹੋ ਕੇ ਸ਼੍ਰੋਮਣੀ ਅਕਾਲੀ ਦਲ ਦੇ ਵਾਰਡ ਨੰਬਰ 1 ਤੋਂ ਸਾਬਕਾ ਕੌਂਸਲਰ ਦਾਰਾ ਸਿੰਘ, ਸਾਬਕਾ ਕੌਂਸਲਰ ਕਸ਼ਮੀਰ ਕੌਰ ਅਤੇ 9 ਨੰਬਰ ਵਾਰਡ ਤੋਂ ਮੰਨਾ ਮਸੀਹ ਆਪਣੇ ਅਨੇਕ ਸਾਥੀਆਂ ਸਮੇਤ ਕੁਲਦੀਪ ਸਿੰਘ ਧਾਲੀਵਾਲ ਕੈਬਨਿਟ ਮੰਤਰੀ ਦੀ ਹਾਜ਼ਰੀ ਵਿਚ ਆਮ ਪਾਰਟੀ ਵਿਚ ਸ਼ਾਮਲ ਹੋ ਗਏ। ਇਸ ਮੌਕੇ ਕੁਲਦੀਪ ਸਿੰਘ ਧਾਲੀਵਾਲ ਨੇ ਪਾਰਟੀ ਵਿਚ ਸ਼ਾਮਲ ਹੋਏ ਕੌਂਸਲਰ ਸਹਿਬਾਨ ਅਤੇ ਵਰਕਰਾ ਨੂੰ ਬਣਦਾ ਮਾਣ-ਸਤਿਕਾਰ ਦੇਣ ਦੀ ਗੱਲ ਕਹੀ। ਉਨ੍ਹਾਂ ਨੇ ਕਿਹਾ ਕਿ ਲਗਭਗ 1 ਸਾਲ ਤੋਂ ਪੰਜਾਬ ਅਤੇ ਅਜਨਾਲਾ ਹਲਕੇ ਦਾ ਜਿੰਨਾ ਵਿਕਾਸ ਆਮ ਪਾਰਟੀ ਨੇ ਕੀਤਾ ਉਨਾ ਕਿਸੇ ਵੀ ਰਾਜਨੀਤਿਕ ਪਾਰਟੀ ਨੇ ਨਹੀਂ ਕੀਤਾ। ਪੰਜਾਬ ਨੂੰ ਲੁੱਟਣ ਤੋਂ ਬਿਨਾਂ ਹੋਰ ਕੁਝ ਵੀ ਨਹੀਂ ਕੀਤਾ। ਇਸ ਮੌਕੇ ਉਨ੍ਹਾਂ ਦੇ ਨਾਲ ਨਗਰ ਪੰਚਾਇਤ ਅਜਨਾਲਾ ਦੇ ਪ੍ਰਧਾਨ ਜਸਪਾਲ ਸਿੰਘ ਭੱਟੀ, ਸ਼ਹਿਰੀ ਪ੍ਰਧਾਨ ਦੀਪਕ ਚੈਨਪੁਰੀਆ, ਸੀਨੀਅਰ ਆਗੂ ਪਵਿੱਤਰ ਸਿੰਘ ਫੈਂਸੀ, ਅਮਰਬੀਰ ਸਿੰਘ ਰਿੰਕੂ, ਰਸ਼ਪਾਲ ਸਿੰਘ ਕੋਟਲਾ ਕਾਜ਼ੀਆਂ, ਦੀਪਕ ਭੱਟੀ, ਸ਼ਿਵਦੀਪ ਸਿੰਘ ਚਾਹਲ, ਮੈਡਮ ਗੀਤਾ ਗਿੱਲ, ਸ਼ਮਸ਼ੇਰ ਸਿੰਘ, ਅਮਿਤ ਪੁਰੀ, ਅੰਮਿਤ ਔਲ ਅਤੇ ਗੁਰਨਾਮ ਸਿੰਘ ਆਦਿ ਹਾਜ਼ਰ ਸਨ।



# ਕੌਮੀ ਲੋਕ ਅਦਾਲਤ 'ਚ ਵੱਖ-ਵੱਖ ਕੇਸਾਂ ਦਾ ਮੌਕੇ 'ਤੇ ਨਿਪਟਾਰਾ

**ਤਰਨਤਾਰਨ (ਪ੍ਰਿਤਪਾਲ ਸਿੰਘ)**

ਨੈਸ਼ਨਲ ਲੀਗਲ ਸਰਵਿਸ ਅਥਾਰਟੀ, ਦਿੱਲੀ ਦੇ ਦਿਸ਼ਾ ਨਿਰਦੇਸ਼ਾਂ ਤੇ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ। ਇਸ ਦੇ ਬਾਰੇ ਪ੍ਰਿਆ ਸੂਦ, ਜ਼ਿਲ੍ਹਾ ਅਤੇ ਸ਼ੈਸਨਜ਼ ਜੱਜ ਸਹਿਤ-ਚੇਅਰਪਰਸਨ-ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਜ਼ਿਲਾ ਕਚਹਿਰੀਆਂ, ਤਰਨ ਤਾਰਨ ਨੇ ਦੱਸਿਆ ਕਿ ਇਹ ਲੋਕ ਅਦਾਲਤ ਦੇਸ਼ ਦੀ ਹਰ ਤਹਿਸੀਲ ਤੋਂ ਲੈ ਕੇ ਸੁਪਰੀਮ ਕੋਰਟ ਤੱਕ ਲਗਾਈ ਗਈ ਹੈ। ਇਸ ਮੌਕੇ ਜ਼ਿਲ੍ਹਾ ਕਚਹਿਰੀ ਤਰਨ ਤਾਰਨ ਵਿਖੇ ਕੋਰਟ ਦੇ (17) ਬੈਂਚਾਂ ਨੇ ਕੇਸਾਂ ਦਾ ਨਿਪਟਾਰਾ ਕੀਤਾ ਜਿਨ੍ਹਾਂ ਵਿੱਚ ਪਹਿਲਾ ਬੈਂਚ, ਪ੍ਰਿਆ ਸੂਦ, ਮਾਣਯੋਗ ਜਿਲ੍ਹਾ ਅਤੇ ਸੈਸ਼ਨਜ਼ ਜੱਜ, ਤਰਨਤਾਰਨ, ਦੂਸਰਾ ਬੈਂਚ ਕੰਵਲਜੀਤ ਸਿੰਘ, ਵਧੀਕ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ, ਤਰਨਤਾਰਨ, ਤੀਸਰਾ ਬੈਂਚ ਰਜਨੀ ਸ਼ੋਕਰਾ, ਵਧੀਕ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ, ਤਰਨਤਾਰਨ (ਪ੍ਰਿੰਸੀਪਲ ਜੱਜ ਫੈਮਲੀ ਕੋਰਟ), ਤਰਨਤਾਰਨ ਚੌਥਾ ਬੈਂਚ ਮਾਣਯੋਗ ਬਗੀਚਾ ਸਿੰਘ, ਸਿਵਲ ਜੱਜ ਸੀਨੀਅਰ ਡਵੀਜ਼ਨ, ਤਰਨਤਾਰਨ, ਪੰਜਵਾਂ ਬੈਂਚ ਮਾਣਯੋਗ ਰਾਜੇਸ਼ ਆਹਲੂਵਾਲੀਆ, ਚੀਫ ਜੂਡੀਸ਼ੀਅਲ ਮੈਜਿਸਟ੍ਰੇਟ, ਤਰਨਤਾਰਨ, ਛੇਵਾਂ ਬੈਂਚ ਮਿਸ. ਈਤੋ ਸੋਡੀ, ਸਿਵਲ ਜੱਜ (ਸੀਨੀਅਰ ਡਵੀਜ਼ਨ), ਤਰਨਤਾਰਨ, ਸਤਵਾਂ ਬੈਂਚ ਤਨਵੀਰ ਸਿੰਘ ਮਾਧਵ ਸਿਵਲ ਜੱਜ (ਸੀਨੀਅਰ ਡੀਵੀਜ਼ਨ), ਤਰਨਤਾਰਨ। ਇਸ ਤੋਂ ਇਲਾਵਾ ਪੱਟੀ ਵਿਖੇ ਤਿੰਨ (03) ਬੈਂਚ ਦਾ ਗਠਨ ਕੀਤਾ ਗਿਆ। ਪਹਿਲਾ ਬੈਂਚ ਮਾਣਯੋਗ ਅਮਨਦੀਪ ਸਿੰਘ, ਵਧੀਕ ਸਿਵਲ ਜੱਜ (ਸੀਨੀਅਰ ਡੀਵੀਜ਼ਨ), ਦੂਸਰਾ ਬੈਂਚ ਮਾਣਯੋਗ ਗੌਰਵ ਗੁਪਤਾ, ਸਿਵਲ ਜੱਜ (ਜੂਨੀਅਰ ਡਵੀਜ਼ਨ), ਤੀਸਰਾ ਬੈਂਚ ਮਾਣਯੋਗ ਗੁਰਪ੍ਰੀਤ ਸਿੰਘ, ਸਿਵਲ ਜੱਜ (ਜੂਨੀਅਰ ਡਵੀਜ਼ਨ), ਪੱਟੀ ਦਾ ਬਣਿਆ। ਇਸ ਤੋਂ ਇਲਾਵਾ ਖਡੂਰ ਸਾਹਿਬ ਵਿਖੇ ਇੱਕ (01) ਬੈਂਚ ਮਾਣਯੋਗ ਮਿਸ ਗੁਰਪ੍ਰੀਤ ਕੌਰ, ਵਧੀਕ ਸਿਵਲ ਜੱਜ (ਸੀਨੀਅਰ ਡਵੀਜ਼ਨ), ਖਡੂਰ ਸਾਹਿਬ ਦਾ ਬਣਿਆ। ਇਸ ਤੋਂ ਇਲਾਵਾ ਕੰਜ਼ਿਊਮਰ ਕੋਰਟ ਅਤੇ ਰੈਵੀਨਿਊ ਕੋਰਟ ਦਾ ਵੀ ਆਯੋਜਨ ਕੀਤਾ ਗਿਆ ਜਿਸ ਵਿੱਚ ਜੱਜ ਸਾਹਿਬਾਨ ਨੇ ਆਪਣੇ ਪੱਧਰ ਤੇ ਕੇਸਾਂ ਦਾ ਨਿਪਟਾਰਾ ਕੀਤਾ। ਇਸ ਲੋਕ ਅਦਾਲਤ ਦੌਰਾਨ 3377 ਕੇਸਾਂ ਨੂੰ ਲਿਆ ਗਿਆ ਅਤੇ 1703 ਕੇਸਾਂ ਦਾ ਨਿਪਟਾਰਾ ਕੀਤਾ ਗਿਆ ਅਤੇ 131134812 ਦੀ ਰਿਕਵਰੀ ਕੀਤੀ ਗਈ। ਉਨ੍ਹਾਂ ਨੇ ਇਹ ਵੀ ਜਾਣਕਾਰੀ ਦਿੱਤੀ ਕਿ ਜੇਕਰ ਲੋਕ ਅਦਾਲਤ ਵਿੱਚ ਕਿਸੇ ਕੇਸ ਦਾ ਫੈਸਲਾ ਹੋ ਜਾਂਦਾ ਹੈ ਤਾਂ ਇਸ ਕੇਸ ਵਿੱਚ ਲੱਗੀ ਕੋਰਟ ਫੀਸ ਵਾਪਿਸ ਹੋ ਜਾਂਦੀ ਹੈ। ਅਦਾਲਤਾਂ ਵਿੱਚ ਸਮੇਂ ਸਮੇਂ ਤੇ ਪ੍ਰੀ ਲੋਕ ਅਦਾਲਤਾਂ ਦਾ ਵੀ ਆਯੋਜਨ ਕੀਤਾ ਗਿਆ ਸੀ। ਰਾਸ਼ਟਰੀ ਲੋਕ ਅਦਾਲਤ ਵਿੱਚ ਦੋ ਧਿਰਾਂ ਦੀ ਆਪਸੀ ਰਜ਼ਾਮੰਦੀ ਨਾਲ ਝਗੜਿਆਂ ਦਾ ਨਿਪਟਾਰਾ ਕੀਤਾ ਜਾਂਦਾ ਹੈ। ਪ੍ਰਤਿਮਾ ਅਰੋੜਾ, ਚੀਫ ਜੂਡੀਸ਼ੀਅਲ ਮੈਜਿਸਟਰੇਟ ਕਮ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨਤਾਰਨ ਨੇ ਦੱਸਿਆ ਕਿ ਰਾਸ਼ਟਰੀ ਲੀਗਲ ਸਰਵਿਸ ਅਥਾਰਟੀ, ਦਿੱਲੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕੌਮੀ ਲੋਕ ਅਦਾਲਤ ਦਾ ਆਯੋਜਨ ਦੇਸ਼ ਭਰ ਦੀਆਂ ਸਾਰੀਆਂ ਅਦਾਲਤਾਂ ਵਿੱਚ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਰਾਸ਼ਟਰੀ ਲੋਕ ਅਦਾਲਤ ਦੌਰਾਨ 138 ਐਨ. ਆਈ. ਐਕਟ. ਬੈਂਕ ਰਿਕਵਰੀ ਕੇਸ, ਲੇਬਰ ਕੇਸ, ਫੋਰਸਟ ਵਿਭਾਗ ਦੇ ਕੇਸ, ਬਿਜਲੀ ਅਤੇ ਕਮੇਟੀ ਘਰ ਦੇ ਹੋਰ ਕੇਸ, ਸਾਰੀ ਤਰ੍ਹਾਂ ਦੇ ਸਿਵਲ ਕੇਸ, ਛੋਟੇ ਘੱਟ ਸਜ਼ਾ ਵਾਲੇ ਅਪਰਾਧ, ਐੱਮ. ਏ. ਸੀ. ਟੀ. ਦੇ ਕੇਸ, ਇੰਸ਼ੋਰੈਂਸ ਕਲੇਮ ਦੇ ਕੇਸ, ਬੈਂਕ ਰਿਕਵਰੀ ਕੇਸ, ਕੰਜ਼ਿਊਮਰ ਕੋਰਟ ਅਤੇ ਰੈਵੀਨਿਊ ਕੋਰਟ ਦਾ ਵੀ ਨਿਪਟਾਰਾ ਆਪਸੀ ਰਜ਼ਾਮੰਦੀ ਨਾਲ ਕੀਤਾ ਗਿਆ ਹੈ।

ਜੇਕਰ ਕੋਈ ਵਿਅਕਤੀ ਆਪਣੇ ਝਗੜੇ ਦਾ ਨਿਪਟਾਰਾ ਆਪਸੀ ਰਜ਼ਾਮੰਦੀ ਨਾਲ ਇਸ ਰਾਸ਼ਟਰੀ ਲੋਕ ਅਦਾਲਤ ਜ਼ਰੀਏ ਹੱਲ ਕਰਨਾ ਚਾਹੁੰਦਾ ਹੈ ਤਾਂ ਉਹ ਆਪਣੀ ਅਰਜ਼ੀ ਆਪਣੇ ਸਬੰਧਤ ਕੋਰਟ ਵਿਚ ਜਾਂ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਫਤਰ ਵਿਖੇ ਦੇ ਸਕਦਾ ਹੈ। ਪ੍ਰਤਿਮਾ ਅਰੋੜਾ, ਚੀਫ ਜੂਡੀਸ਼ੀਅਲ ਮੈਜਿਸਟ੍ਰੇਟ ਕਮ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨਤਾਰਨ ਨੇ ਦੱਸਿਆ ਕਿ ਲੋਕ ਅਦਾਲਤ ਰਾਹੀਂ ਹੱਲ ਕੀਤੇ ਜਾਂਦੇ ਮੁਕੱਦਮਿਆਂ ਦੀ ਅੱਗੇ ਕਿਸੇ ਵੀ ਅਦਾਲਤ ਵਿੱਚ ਅਪੀਲ ਨਹੀਂ ਕੀਤੀ ਜਾ ਸਕਦੀ ਅਤੇ ਲੋਕ ਅਦਾਲਤ ਰਾਹੀਂ ਹੱਲ ਕੀਤੇ ਗਏ ਮਾਮਲੇ ਦਾ ਫੈਸਲਾ ਅੰਤਿਮ ਹੁੰਦਾ ਹੈ। ਪ੍ਰਤਿਮਾ ਅਰੋੜਾ, ਚੀਫ ਜੂਡੀਸ਼ੀਅਲ ਮੈਜਿਸਟ੍ਰੇਟ ਕਮ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨਤਾਰਨ ਨੇ ਦੱਸਿਆ ਕਿ ਲੋਕ ਅਦਾਲਤ ਰਾਹੀਂ ਆਪਣੇ ਮੁਕੱਦਮੇ ਹੱਲ ਕਰਵਾਉਣ ਲਈ ਜਿਥੇ ਲੋਕਾਂ ਦੇ ਪੈਸੇ ਦੀ ਬਚਤ ਹੁੰਦੀ ਹੈ ਉਥੇ ਦੋਹਾਂ ਧਿਰਾਂ ਵਿੱਚ ਪ੍ਰੇਮ ਪਿਆਰ ਵੀ ਬਣਿਆ ਰਹਿੰਦਾ ਹੈ ਅਤੇ ਕੋਈ ਵੀ ਧਿਰ ਆਪਣੇ ਆਪ ਨੂੰ ਜਿੱਤੀ ਜਾ ਹਾਰੀ ਮਹਿਸੂਸ ਨਹੀਂ ਕਰਦੀ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਹੁਣ ਅਗਲੀ ਕੌਮੀ ਲੋਕ ਅਦਾਲਤ 13 ਨੂੰ ਲੱਗੇਗੀ।




# 45ਵਾਂ ਬਾਬਾ ਪੱਲ੍ਹਾ ਯਾਦਗਾਰੀ ਹਾਕੀ ਟੂਰਨਾਮੈਂਟ ਧੂਮ-ਧੜੱਕੇ ਨਾਲ ਸਮਾਪਤ



**ਬੁਤਾਲਾ (ਨਿਰਮਲ ਸਿੰਘ ਸੰਘਾ)**

45ਵਾਂ ਬਾਬਾ ਪੱਲ੍ਹਾ ਯਾਦਗਾਰੀ ਹਾਕੀ ਟੂਰਨਾਮੈਂਟ ਪਿੰਡ ਬੁਤਾਲਾ ਵਿਖੇ ਕਰਵਾਇਆ ਗਿਆ ਜਿਸ ਵਿੱਚ ਸੀਆਰਪੀਐਫ, ਪੰਜਾਬ ਪੁਲਿਸ ਐੱਮਸੀਆਰਆਈ ਕੁਰੂਕਸ਼ੇਤਰ, ਖਾਲਸਾ ਕਾਲਜ ਅੰਮ੍ਰਿਤਸਰ, 9 ਪੰਜਾਬ ਖਾਸਾ, ਐੱਸਆਰਸੀ ਰਾਮਗੜ੍ਹ ਆਦਿ ਟੀਮਾਂ ਨੇ ਭਾਗ ਲਿਆ। ਫਾਈਨਲ ਮੁਕਾਬਲਾ ਪੰਜਾਬ ਪੁਲਿਸ ਜਲੰਧਰ ਅਤੇ ਬਾਬਾ ਪੱਲ੍ਹਾ ਸਪੋਰਟਸ ਕਲੱਬ ਬੁਤਾਲਾ ਦਰਮਿਆਨ ਖੇਡਿਆਂ ਗਿਆ ਜਿਸ ਵਿੱਚ ਪੰਜਾਬ ਪੁਲਸ ਜਲੰਧਰ ਦੀ ਟੀਮ ਜੇਤੂ ਰਹੀ। ਟੂਰਨਾਮੈਂਟ ਦੇ ਹਾਫ ਟਾਈਮ ਵਿੱਚ 80 ਸਾਲ ਅਤੇ 50 ਸਾਲ ਦੇ ਨੌਜਵਾਨਾਂ ਦੀਆਂ ਦੌੜਾਂ ਕਰਵਾਈਆਂ ਗਈਆਂ। ਰੱਸਾਕਸ਼ੀ ਵੀ ਕਰਵਾਈ ਗਈ। ਇਸ ਮੈਚ ਦੌਰਾਨ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਬੁਤਾਲਾ ਦੀਆਂ ਵਿਦਿਆਰਥਣਾਂ ਨੇ ਬੈਂਡ ਅਤੇ ਗਿੱਧੇ ਦੀਆਂ ਆਈਟਮਾਂ ਪੇਸ਼ ਕੀਤੀਆਂ ਜਿਸ ਦਾ ਦਰਸ਼ਕਾਂ ਨੇ ਖੂਬ ਆਨੰਦ ਮਾਣਿਆ। ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਅਤੇ ਸਿਹਤ ਮੰਤਰੀ ਬਲਬੀਰ ਸਿੰਘ ਵੱਲੋਂ ਸੀਨੀਅਰ ਪੱਤਰਕਾਰ ਤਰਲੋਚਨ ਸਿੰਘ ਰਾਹੀਂ ਟੂਰਨਾਮੈਂਟ ਕਮੇਟੀ ਨੂੰ ਇੱਕ ਲੱਖ ਰੁਪਏ ਦੇਣ ਦਾ ਐਲਾਨ ਕੀਤਾ। ਇਨਾਮਾਂ ਦੀ ਵੰਡ ਪਾਰਲੀਮੈਂਟ ਮੰਤਰੀ ਜਸਬੀਰ ਸਿੰਘ ਡਿੰਪਾ ਹਲਕਾ ਖਡੂਰ ਸਾਹਿਬ, ਕਵਲਪ੍ਰੀਤ ਸਿੰਘ ਚਾਹਲ ਇੰਟਰਨੈਸ਼ਨਲ ਖਿਡਾਰੀ, ਉਲੰਪੀਅਨ ਦਿਲਪ੍ਰੀਤ ਸਿੰਘ ਬੱਲ ਨੇ ਸਾਂਝੇ ਤੌਰ 'ਤੇ ਕੀਤੀ। ਪਹਿਲੇ ਅਤੇ ਦੂਜੇ ਨੰਬਰ 'ਤੇ ਆਉਣ ਵਾਲੀਆ ਟੀਮਾਂ ਨੂੰ 71000-51000 ਰੁਪਏ ਦਾ ਇਨਾਮ ਗੁਰਬਿੰਦਰ ਸਿੰਘ ਯੂਐੱਸਏ ਵੱਲੋਂ ਆਪਣੇ ਪਿਤਾ ਦੀਦਾਰ ਸਿੰਘ ਸਰਪੰਚ ਟਕਾਪੁਰ ਦੀ ਯਾਦ ਵਿੱਚ ਦਿੱਤਾ ਗਿਆ। ਇਸ ਮੌਕੇ ਤੇ ਟੂਰਨਾਮੈਂਟ ਕਮੇਟੀ ਦੇ ਪ੍ਰਧਾਨ ਗੁਰਦੇਵ ਸਿੰਘ ਕੈਨੇਡਾ, ਪ੍ਰੋ. ਹਰਭਜਨ ਸਿੰਘ, ਸਰਪੰਚ ਸਵਿੰਦਰ ਸਿੰਘ ਬੱਲ, ਗੁਰਦੇਵ ਸਿੰਘ ਹਰਪਾਲ ਸਿੰਘ (ਜੇਲ ਪੁਲਸ), ਗੁਰਪ੍ਰੀਤ ਸਿੰਘ ਗੋਪੀ, ਡਾਕਟਰ ਬਲਕਾਰ ਸਿੰਘ, ਡਾਕਟਰ ਸੁਖਵੰਤ ਸਿੰਘ, ਬਲਵਿੰਦਰ ਸਿੰਘ ਸੇਠ, ਹੈੱਡਮਾਸਟਰ ਅਰਵਿੰਦਰ ਸਿੰਘ, ਹੈੱਡਮਾਸਟਰ ਹਰਸਰਨ ਸਿੰਘ, ਹੈੱਡਮਾਸਟਰ ਕਰਮ ਸਿੰਘ, ਹੈੱਡਮਾਸਟਰ ਨਗੀਨ ਸਿੰਘ, ਹਰਪ੍ਰੀਤ ਸਿੰਘ ਲਾਲੀ, ਬਲਵਿੰਦਰ ਸਿੰਘ ਕੋਚ, ਸਾਬਕਾ ਸਰਪੰਚ ਸਲਵੰਤ ਸਿੰਘ, ਬਲਰਾਜ ਸਿੰਘ ਸਵਿਟਜ਼ਰਲੈਂਡ, ਰਣਦੀਪ ਸਿੰਘ ਆਸਟ੍ਰੇਲੀਆ, ਬਲਦੇਵ ਸਿੰਘ, ਸਰਬ ਬੱਲ ਨਿਊਜ਼ੀਲੈਂਡ, ਧਨਮਿੰਦਰ ਸਿੰਘ ਕੈਨੇਡਾ, ਨਵਜੋਤ ਸਿੰਘ ਚਰਨਕਮਲ, ਆਸਟ੍ਰੇਲੀਆ, ਦਲਜੀਤ ਸਿੰਘ ਖੰਨਾ, ਦਲਬੀਰ ਸਿੰਘ ਮੈਂਬਰ, ਸਵਿੰਦਰ ਕੌਰ ਮੈਂਬਰ ਪੰਚਾਇਤ, ਬਲਜੀਤ ਕੌਰ ਮੈਂਬਰ ਪੰਚਾਇਤ ਅਤੇ ਅਮਰਜੋਤ ਸਿੰਘ ਜੋਤੀ ਆਦਿ ਹਾਜ਼ਰ ਸਨ।

13-Feb-PAGE-4-2.qxd 2/12/2023 9:20 PM Page 1

ਨਵਾਂ ਜ਼ਮਾਨਾ
ਸੋਮਵਾਰ, 13 ਫਰਵਰੀ 2023

# ਖ਼ੁੱਦਾਰ ਕਵਿਤਰੀ

*ਤਾਮਿਲ ਕਵਿਤਰੀ ਸੁਕੀਰਤਰਾਣੀ ਨੇ ਇਹ ਪਤਾ ਲੱਗਣ ਕਿ ਪੁਰਸਕਾਰ ਸਮਾਰੋਹ ਦਾ ਮੁੱਖ ਸਪਾਂਸਰ ਅਡਾਨੀ ਗਰੁੱਪ ਹੈ, ਦੇ ਬਾਅਦ 'ਦੇਵੀ ਪੁਰਸਕਾਰ' ਲੈਣ ਤੋਂ ਇਨਕਾਰ ਕਰ ਦਿੱਤਾ। ਉਸ ਮੁਤਾਬਕ 'ਸਮਾਗਮ ਦਾ ਹਿੱਸਾ ਹੋਣਾ ਮੇਰੇ ਸਿਧਾਂਤਾਂ, ਮੇਰੀ ਲੇਖਣੀ ਤੇ ਮੇਰੇ ਦਰਸ਼ਨ, ਜਿਸ ਲਈ ਮੈਂ ਹੁਣ ਤੱਕ ਖੜ੍ਹੀ ਹੁੰਦੀ ਆਈ ਹਾਂ, ਦੇ ਖਿਲਾਫ ਜਾਂਦਾ ਹੈ।' ਇਹ ਪੁਰਸਕਾਰ ਸਮਾਗਮ ਨਿਊ ਇੰਡੀਅਨ ਐੱਕਸਪ੍ਰੈੱਸ ਅਖਬਾਰ ਸਮੂਹ ਨੇ 8 ਫਰਵਰੀ ਨੂੰ ਚੇਨਈ ਵਿੱਚ ਕਰਵਾਇਆ ਸੀ। ਇਸ ਵਾਰ ਉਸ ਨੇ ਜਿਨ੍ਹਾਂ 12 ਮਹਿਲਾਵਾਂ ਨੂੰ 'ਦੇਵੀ ਪੁਰਸਕਾਰ' ਲਈ ਚੁਣਿਆ ਸੀ, ਉਨ੍ਹਾਂ ਵਿਚ ਵਿਗਿਆਨਕ ਗਗਨਦੀਪ ਕੰਗ, ਭਾਰਤ ਨਾਟਿਅਮ ਨ੍ਰਿਤਾਂਗਣਾ ਪ੍ਰਿਆਦਰਸ਼ਨੀ ਗੋਵਿੰਦ, ਸਮਾਜ ਸੇਵਕਾ ਰਾਧਿਕਾ ਸੰਥਾਨਕ੍ਰਿਸ਼ਣਾ ਤੇ ਸਕੁਐਸ਼ ਖਿਡਾਰਨ ਜੋਸ਼ਨਾ ਚਿਨੱਪਾ ਵੀ ਸ਼ਾਮਲ ਸਨ। ਸੁਕੀਰਤਰਾਣੀ ਨੇ ਦਲਿਤ ਸਾਹਿਤ ਵਿੱਚ ਉਸ ਦੇ ਯੋਗਦਾਨ ਲਈ ਪੁਰਸਕਾਰ ਦੇਣ ਵਾਸਤੇ ਚੁਣਨ ਲਈ ਨਿਊ ਇੰਡੀਅਨ ਐੱਕਸਪ੍ਰੈੱਸ ਦਾ ਧੰਨਵਾਦ ਕੀਤਾ, ਪਰ ਨਾਲ ਹੀ ਸਮਾਗਮ ਤੋਂ ਪਹਿਲਾਂ ਸਪੱਸ਼ਟ ਕਰ ਦਿੱਤਾ—ਜਿਹੜੀ ਸਿਆਸਤ ਬਾਰੇ ਮੈਂ ਬੋਲਦੀ ਹਾਂ ਤੇ ਜਿਨ੍ਹਾਂ ਵਿਚਾਰਧਾਰਾਵਾਂ ਵਿੱਚ ਵਿਸ਼ਵਾਸ ਰੱਖਦੀ ਹਾਂ, ਉਸ ਲਈ ਅਜਿਹੇ ਕਿਸੇ ਸੰਗਠਨ ਤੋਂ ਜਾਂ ਅਜਿਹੇ ਸਮਾਗਮ 'ਚ ਪੁਰਸਕਾਰ ਹਾਸਲ ਕਰਨ ਨਾਲ ਮੈਨੂੰ ਖੁਸ਼ੀ ਨਹੀਂ ਹੋਵੇਗੀ, ਜਿਸ ਨੂੰ ਅਡਾਨੀ ਗਰੁੱਪ ਵੱਲੋਂ ਆਰਥਕ ਤੌਰ 'ਤੇ ਸਹਿਯੋਗ ਦਿੱਤਾ ਜਾ ਰਿਹਾ ਹੈ, ਇਸ ਲਈ ਮੈਂ ਦੇਵੀ ਪੁਰਸਕਾਰ ਸਵੀਕਾਰ ਕਰਨ ਤੋਂ ਇਨਕਾਰ ਕਰਦੀ ਹਾਂ।*

*ਸੁਕੀਰਤਰਾਣੀ ਕਵਿਤਰੀ ਹੋਣ ਦੇ ਨਾਲ-ਨਾਲ ਟੀਚਰ ਵੀ ਹੈ ਤੇ ਉਸ ਦੇ ਛੇ ਕਵਿਤਾ ਸੰਗ੍ਰਹਿ ਆ ਚੁੱਕੇ ਹਨ। ਉਸ ਦਾ ਸਾਹਿਤਕ ਕਾਰਜ ਭਾਰਤ, ਖਾਸਕਰ ਤਾਮਿਲਨਾਡੂ ਵਿੱਚ ਦਲਿਤ ਮਹਿਲਾਵਾਂ ਦੇ ਜੀਵਨ ਤੇ ਮੁਸ਼ਕਲਾਂ ਦੀ ਗੱਲ ਕਰਦਾ ਹੈ। ਵਿਵਾਦਾਂ ਵਿੱਚ ਬੁਰੀ ਤਰ੍ਹਾਂ ਘਿਰੇ ਅਡਾਨੀ ਗਰੁੱਪ ਵੱਲੋਂ ਸਪਾਂਸਰ ਸਮਾਗਮ ਵਿੱਚ ਪੁਰਸਕਾਰ ਲੈਣ ਤੋਂ ਸੁਕੀਰਤਰਾਣੀ ਵਰਗੀ ਕਵਿਤਰੀ ਹੀ ਇਨਕਾਰ ਕਰ ਸਕਦੀ ਹੈ, ਜਿਹੜੀ ਸਮਝਦੀ ਹੈ ਕਿ ਦੇਸ਼ ਵਿੱਚ ਗਰੀਬਾਂ ਤੇ ਮਜ਼ਦੂਰਾਂ ਦੇ ਦੁੱਖਾਂ ਲਈ ਕਾਰਪੋਰਟ ਘਰਾਣੇ ਤੇ ਉਨ੍ਹਾਂ ਦੀ ਹਮਾਇਤ ਕਰਨ ਵਾਲੀਆਂ ਸਰਕਾਰਾਂ ਹੀ ਜ਼ਿੰਮੇਵਾਰ ਹਨ। ਸੁਕੀਰਤਰਾਣੀ ਦੀਆਂ ਕਵਿਤਾਵਾਂ ਜਦੋਂ ਦਿੱਲੀ ਯੂਨੀਵਰਸਿਟੀ ਨੇ 2021 ਵਿੱਚ ਸਿਲੇਬਸ ਤੋਂ ਹਟਾ ਦਿੱਤੀਆਂ ਸਨ ਤਾਂ ਉਸ ਦੀ ਵਿਆਪਕ ਅਲੋਚਨਾ ਹੋਈ ਸੀ। ਉਦੋਂ ਉਸ ਨੇ ਕਿਹਾ ਸੀ—ਇਸੇ ਤਰ੍ਹਾਂ ਕਿਸੇ ਮਹਿਲਾ ਦੇ ਸਰੀਰ ਨੂੰ 'ਸ਼ਕਤੀਆਂ' ਵੱਲੋਂ ਜਾਣਬੁੱਝ ਕੇ ਅਣਦੇਖਿਆ ਤੇ ਤਬਾਹ ਕਰ ਦਿੱਤਾ ਜਾਂਦਾ ਹੈ। ਮੈਨੂੰ ਯਕੀਨਨ ਹੈਰਾਨੀ ਨਹੀਂ ਹੋਈ ਕਿ ਕਵਿਤਾਵਾਂ ਹਟਾ ਦਿੱਤੀਆਂ ਗਈਆਂ ਹਨ। ਸਾਡੀ ਅਜਿਹੀ ਕੇਂਦਰ ਸਰਕਾਰ ਹੈ, ਜਿਹੜੀ ਸਨਾਤਨ ਵਿੱਚ ਵਿਸ਼ਵਾਸ ਰੱਖਦੀ ਹੈ, ਪਰ ਸਪੱਸ਼ਟ ਰੂਪ ਵਿੱਚ ਮੈਂ ਜੋ ਲਿਖਦੀ ਹਾਂ, ਉਸ ਤੋਂ ਉਹ ਪ੍ਰੇਸ਼ਾਨ ਹਨ। ਮੈਨੂੰ ਹੈਰਾਨੀ ਇਸ ਕਰਕੇ ਨਹੀਂ ਹੋਈ, ਕਿਉਂਕਿ ਸ਼ਕਤੀਸ਼ਾਲੀ ਦਲਿਤ ਅਵਾਜ਼ਾਂ ਨੂੰ ਹਮੇਸ਼ਾ ਮਿਟਾਇਆ ਗਿਆ ਹੈ। ਜਦ ਉਹ ਸਾਡੇ ਕੰਮਾਂ ਦੀ ਸਚਾਈ ਦਾ ਸਾਹਮਣਾ ਨਹੀਂ ਕਰ ਪਾਉਂਦੇ—ਮੇਰੇ, ਬਾਮਾ ਜਾਂ ਮਹਾਸ਼ਵੇਤਾ ਦੇਵੀ ਦੇ—ਤਾਂ ਉਹ ਸਾਨੂੰ ਰੋਕਣ ਦੀ ਕੋਸ਼ਿਸ਼ ਕਰਦੇ ਹਨ, ਪਰ ਸਾਡੇ ਕੰਮ ਖੁਦ ਬੋਲਦੇ ਹਨ। ਜਦ ਹਰ ਅਦਾਰਾ ਵਰਤਮਾਨ ਸਰਕਾਰ ਅੱਗੇ ਲਿਫ ਰਿਹਾ ਹੈ, ਉਦੋਂ ਪੁਰਸਕਾਰ ਤੋਂ ਇਨਕਾਰ ਕਰਕੇ ਸੁਕੀਰਤਰਾਣੀ ਨੇ ਦਿਖਾਇਆ ਹੈ ਕਿ ਅਜਿਹੇ ਸਾਹਿਤਕਾਰ ਵੀ ਹਨ, ਜਿਨ੍ਹਾਂ ਦੀ ਰੀੜ੍ਹ ਦੀ ਹੱਡੀ ਮਜ਼ਬੂਤ ਹੈ।*

## ਸੰਘਰਸ਼ ਲਈ ਫਾਰਮੂਲਾ !

*ਹੋਰ ਸਾਰੀਆਂ ਤਿਆਗ ਕੇ ਲਾਲਸਾਵਾਂ,*
*ਕਰਕੇ ਇੱਕ ਨਿਸ਼ਾਨੇ ਦੀ ਚੋਣ ਯਾਰੋ।*
*ਨੀਅਤ ਦੇਖ ਕੇ ਸਾਫ਼ ਪ੍ਰਬੰਧਕਾਂ ਦੀ,*
*ਧਿਰਾਂ ਹੋਰ ਵੀ ਨਾਲ ਖਲੋਣ ਯਾਰੋ।*
*'ਲਾਏ ਜਾਂਦੇ' ਸਰਕਾਰੀਏ ਪਿੱਠੂਆਂ ਦੇ,*
*ਸ਼ੰਕੇ ਖਦਸ਼ਿਆਂ ਤਾਈਂ ਵੀ ਧੋਣ ਯਾਰੋ।*
*ਬਿਨਾਂ ਏਕੇ ਇਤਫਾਕ ਜੇ ਭਿੜੀ ਜਾਂਦੇ,*
*ਉਹ 'ਜੁਝਾਰੂ' ਹਨੇਰਾ ਹੀ ਢੋਣ ਯਾਰੋ।*
*ਹੱਥ 'ਚ ਰਹੇ 'ਕੰਟ੍ਰੋਲ' ਨਾ ਆਗੂਆਂ ਦੇ,*
*ਪੱਲੇ ਪੈਂਦਾ ਫਿਰ ਅੰਤ ਨੂੰ 'ਰੋਣ' ਯਾਰੋ।*
*ਲੰਮੀ 'ਰੇਸ' ਦੇ ਘੋੜਿਆਂ ਵਾਂਗ ਚਲਦੇ,*
*ਕਾਮਯਾਬ ਸੰਘਰਸ਼ ਉਹ ਹੋਣ ਯਾਰੋ!*

*-ਤਰਲੋਚਨ ਸਿੰਘ 'ਦੁਪਾਲਪੁਰ', 78146-92724*

# ਤੇ ਹੁਣ ਗਾਂ ਨੂੰ ਸਿਆਸੀ ਹਥਿਆਰ ਵਜੋਂ ਵਰਤਣ ਦਾ ਨੀਵਾਂਪਣ



ਡਾ. ਅਰੁਣ ਮਿੱਤਰਾ

ਸਮਰੱਥ ਅਥਾਰਟੀ ਦੀ ਪ੍ਰਵਾਨਗੀ ਅਤੇ ਮੱਛੀ ਪਾਲਣ, ਪਸ਼ੂ ਪਾਲਣ ਅਤੇ ਡੇਅਰੀ ਮੰਤਰਾਲੇ ਦੇ ਪਸ਼ੂ-ਪਾਲਣ ਅਤੇ ਡੇਅਰੀ ਵਿਭਾਗ ਦੇ ਨਿਰਦੇਸ਼ਾਂ 'ਤੇ ਗਾਂ ਮੁੜ ਚਰਚਾ ਵਿੱਚ ਹੈ। 'ਵੈਦਿਕ ਪਰੰਪਰਾ' ਨੂੰ ਮਨਾਉਣ ਅਤੇ ਗਊ ਦੇ ਅਥਾਹ ਲਾਭਾਂ ਨੂੰ ਗਿਣਾਉਣ 'ਤੇ ਜ਼ੋਰ ਦੇਣ ਦੇ ਨਾਲ, ਭਾਰਤ ਦੇ ਪਸ਼ੂ ਭਲਾਈ ਬੋਰਡ ਨੇ ਲੋਕਾਂ ਨੂੰ 14 ਫਰਵਰੀ ਜੋ ਕਿ ਵੈਲੇਨਟਾਈਨ ਦਿਵਸ ਵਜੋਂ ਮਨਾਇਆ ਜਾਂਦਾ ਹੈ, ਨੂੰ 'ਗਊ ਹੱਗ ਡੇ' (ਗਊ ਨੂੰ ਜੱਫੀ ਪਾਉਣ ਦਿਵਸ) ਵਜੋ ਮਨਾਉਣ ਦੀ ਅਪੀਲ ਕੀਤੀ ਸੀ (ਭਾਵੇਂ ਇਸ ਫ਼ਰਮਾਨ ਨੂੰ ਹੁਣ ਵਾਪਸ ਲੈ ਲਿਆ ਗਿਆ ਹੈ)। ਪਸ਼ੂ ਭਲਾਈ ਬੋਰਡ ਨੇ ਇੱਕ ਬਿਆਨ ਵਿੱਚ ਦੱਸਿਆ ਹੈ, "ਅਸੀਂ ਸਾਰੇ ਜਾਣਦੇ ਹਾਂ ਕਿ ਗਊ ਭਾਰਤੀ ਸੰਸਕ੍ਰਿਤੀ ਅਤੇ ਪੇਂਡੂ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹੈ, ਸਾਡੇ ਜੀਵਨ ਨੂੰ ਕਾਇਮ ਰੱਖਦੀ ਹੈ ਅਤੇ ਪਸ਼ੂ ਧਨ ਅਤੇ ਜੈਵ ਵਿਭਿੰਨਤਾ ਦੀ ਪ੍ਰਤੀਨਿਧਤਾ ਕਰਦੀ ਹੈ। ਇਸ ਨੂੰ "ਕਾਮਧੇਨੂ" ਅਤੇ 'ਗੌਮਾਤਾ' ਦੇ ਨਾਂਅ ਨਾਲ ਜਾਣਿਆ ਜਾਂਦਾ ਹੈ, ਕਿਉਂਕਿ ਇਸ ਦਾ ਮਾਂ ਦੀ ਤਰ੍ਹਾਂ ਪੋਸ਼ਕ ਸੁਭਾਅ ਹੈ। ਇਹ ਸਾਰੀ ਮਨੁੱਖਤਾ ਨੂੰ ਅਮੀਰੀ ਪ੍ਰਦਾਨ ਕਰਦੇ ਹਨ।" ਸੰਸਥਾ ਨੇ ਕਿਹਾ ਹੈ ਕਿ ਵੈਦਿਕ ਪਰੰਪਰਾਵਾਂ ਪੱਛਮੀ ਸੰਸਕ੍ਰਿਤੀ ਦੀ ਤਰੱਕੀ ਕਾਰਨ 'ਲੁਪਤ' ਹੋਣ ਦੇ ਕਗਾਰ 'ਤੇ ਹਨ। ਬੋਰਡ ਨੇ ਕਿਹਾ, "ਪੱਛਮੀ ਸੱਭਿਅਤਾ ਦੀ ਚਕਾਚੌਂਧ ਨੇ ਸਾਡੇ ਸੱਭਿਆਚਾਰ ਅਤੇ ਵਿਰਾਸਤ ਨੂੰ ਲੱਗਭੱਗ ਵਿਸਾਰ ਦਿੱਤਾ ਹੈ।

ਪਸ਼ੂ ਭਲਾਈ ਬੋਰਡ ਦੇ ਅਨੁਸਾਰ, ਇਸ ਦੇ ਬਹੁਤ ਸਾਰੇ ਲਾਭਾਂ ਦੇ ਕਾਰਨ, ਗਾਵਾਂ ਨੂੰ ਜੱਫੀ ਪਾਉਣ ਨਾਲ ਭਾਵਨਾਤਮਕ ਵਾਧਾ ਹੋਵੇਗਾ ਅਤੇ "ਵਿਅਕਤੀਗਤ ਅਤੇ ਸਮੂਹਿਕ ਖੁਸ਼ੀ" ਵਿੱਚ ਵਾਧਾ ਹੋਵੇਗਾ। ਇਸ ਲਈ ਸਾਰੇ ਗਊ ਪ੍ਰੇਮੀ ਮਾਂ ਦੀ ਮਹੱਤਤਾ ਨੂੰ ਧਿਆਨ ਵਿੱਚ ਰੱਖਦੇ ਹੋਏ 14 ਫਰਵਰੀ ਨੂੰ ਗਊ ਹੱਗ ਦਿਵਸ ਵਜੋਂ ਮਨਾ ਸਕਦੇ ਹਨ। ਗਊ ਅਤੇ ਜੀਵਨ ਨੂੰ ਖੁਸ਼ਹਾਲ ਅਤੇ ਸਾਕਾਰਾਤਮਕ ਊਰਜਾ ਨਾਲ ਭਰਪੂਰ ਬਣਾਉਣ 'ਬਿਆਨ ਵਿੱਚ ਕਿਹਾ ਗਿਆ ਹੈ। ਇਸ ਕਥਨ ਦਾ ਵਿਗਿਆਨਕ ਢੰਗ ਨਾਲ ਵਿਸ਼ਲੇਸ਼ਣ ਕਰਨ ਦੀ ਲੋੜ ਹੈ, ਕਿਉਂਕਿ ਪਹਿਲਾਂ ਵੀ ਕਈ ਬਿਮਾਰੀਆਂ ਦੇ ਇਲਾਜ ਲਈ ਗਊ-ਮੂਤਰ ਅਤੇ ਗੋਬਰ ਦੀ ਵਰਤੋਂ ਬਾਰੇ ਮੁੱਦੇ ਉਠਾਏ ਗਏ ਹਨ।

ਭੋਪਾਲ ਤੋਂ ਭਾਜਪਾ ਦੀ ਸੰਸਦ ਮੈਂਬਰ ਪ੍ਰੱਗਿਆ ਠਾਕੁਰ ਨੇ ਦਾਅਵਾ ਕੀਤਾ ਸੀ ਕਿ ਉਨ੍ਹਾਂ ਦਾ ਕੈਂਸਰ ਗਊ ਮੂਤਰ ਨਾਲ ਠੀਕ ਹੋਇਆ। ਲਖਨਊ ਦੇ ਰਾਮ ਮਨੋਹਰ ਲੋਹੀਆ ਇੰਸਟੀਚਿਊਟ ਆਫ ਮੈਡੀਕਲ ਸਾਇੰਸਿਜ਼ ਦੇ ਸਰਜਨ ਡਾਕਟਰ ਐੱਸ ਐੱਸ ਰਾਜਪੂਤ ਨੇ ਪੁਸ਼ਟੀ ਕੀਤੀ ਕਿ ਉਸ ਨੇ ਛਾਤੀ ਦੇ ਕੈਂਸਰ ਤੋਂ ਛੁਟਕਾਰਾ ਪਾਉਣ ਲਈ ਤਿੰਨ ਰੈਡੀਕਲ ਓਪਰੇਸ਼ਨ ਕੀਤੇ ਹਨ। ਡਾਕਟਰ ਦੇ ਬਿਆਨ ਨੇ ਗਊ ਮੂਤਰ ਬਾਰੇ ਸਾਧਵੀ ਦੇ ਛਾਤੀ ਦੇ ਕੈਂਸਰ ਦੇ ਇਲਾਜ ਦੇ ਦਾਅਵੇ ਦਾ ਪਰਦਾਫਾਸ਼ ਕਰ ਦਿੱਤਾ।

ਕੋਰੋਨਾ ਵਾਇਰਸ ਦੇ ਸੰਕਰਮਣ ਦੇ ਇਲਾਜ ਦੇ ਤੌਰ 'ਤੇ ਗਊ ਮੂਤਰ ਦੀ ਵਰਤੋਂ ਦੀ ਬਹੁਤ ਚਰਚਾ ਹੋਈ। ਗਾਂ ਦੇ ਗੋਹੇ ਵਿੱਚ ਵੀ ਕੋਰੋਨਾ ਦੀ ਲਾਗ ਨੂੰ ਠੀਕ ਕਰਨ ਦੇ ਗੁਣ ਹੋਣ ਦਾ ਦਾਅਵਾ ਕੀਤਾ ਗਿਆ। ਇਸ ਤੋਂ ਵੀ ਵੱਧ ਇਹ ਦਾਅਵਾ ਕੀਤਾ ਜਾ ਰਿਹਾ ਹੈ ਕਿ ਪਰਮਾਣੂ ਯੁੱਧ ਦੀ ਸਥਿਤੀ 'ਚ ਗਾਂ ਦਾ ਗੋਬਰ ਪ੍ਰਮਾਣੂ ਕਿਰਨਾਂ ਤੋਂ ਇੱਕ ਸ਼ਕਤੀਸ਼ਾਲੀ ਸੁਰੱਖਿਆ ਪ੍ਰਦਾਨ ਕਰਦਾ ਹੈ। ਇੱਥੋਂ ਤੱਕ ਕਿ ਇਹ ਦਾਅਵਾ ਕੀਤਾ ਗਿਆ ਹੈ ਕਿ ਗਾਵਾਂ ਆਕਸੀਜਨ ਛੱਡਦੀਆਂ ਹਨ, ਇਸ ਲਈ ਗਊਆਂ ਵਿੱਚੋਂ ਨਿਕਲੀ ਹਵਾ ਵਿਚ ਸਾਹ ਲੈਣ ਨਾਲ ਕਈ ਬਿਮਾਰੀਆਂ ਠੀਕ ਹੋ ਜਾਂਦੀਆਂ ਹਨ।

ਵਿਗਿਆਨ ਸਬੂਤਾਂ 'ਤੇ ਅਧਾਰਤ ਹੈ ਅਤੇ ਬਹਿਸ ਲਈ ਹਮੇਸ਼ਾ ਤਿਆਰ ਹੈ ਅਤੇ ਸੁਝਾਅ ਮੰਨਣ ਤੋਂ ਕਦੇ ਵੀ ਇਨਕਾਰੀ ਨਹੀਂ ਹੁੰਦਾ। ਵਿਗਿਆਨ ਹੱਠਧਰਮੀ ਨਹੀਂ ਹੈ, ਜਿਵੇਂ ਕਿ ਬਹੁਤ ਸਾਰੇ ਵਿਸ਼ਵਾਸੀ ਲੋਕ ਹਨ। ਦਵਾਈਆਂ ਦੀ ਆਧੁਨਿਕ ਵਿਗਿਆਨਕ ਪ੍ਰਣਾਲੀ ਨੇ ਅਤੀਤ ਵਿੱਚ ਪ੍ਰਾਪਤ ਕੀਤੇ ਗਿਆਨ ਨੂੰ ਵਧਾਇਆ ਅਤੇ ਨਵੀਆਂ ਵਿਗਿਆਨਕ ਕਾਢਾਂ ਦੇ ਆਧਾਰ 'ਤੇ ਸਿਹਤ ਸੰਭਾਲ ਪ੍ਰਣਾਲੀ ਨੂੰ ਹੋਰ ਵਿਕਸਤ ਕੀਤਾ ਹੈ। ਵਿਗਿਆਨ ਅਤੇ ਸਰੀਰ ਵਿਗਿਆਨ ਨੇ ਸਾਨੂੰ ਜੀਵਨ ਪ੍ਰਣਾਲੀਆਂ ਦੀ ਬੁਨਿਆਦੀ ਬਣਤਰ ਅਤੇ ਕੰਮਕਾਜ ਨੂੰ ਸਮਝਾਇਆ। ਸਾਡੇ ਸਰੀਰ ਵਿੱਚ ਜੋ ਵੀ ਲੋੜੀਂਦਾ ਹੈ, ਉਸ ਦੀ ਵਰਤੋਂ ਕਰਨ ਅਤੇ ਉਹਨਾਂ ਸਮੱਗਰੀਆਂ ਨੂੰ ਬਾਹਰ ਕੱਢਣ ਲਈ ਇੱਕ ਵਿਸਤ੍ਰਿਤ ਪ੍ਰਣਾਲੀ ਹੈ, ਜੋ ਜਾਂ ਤਾਂ ਲੋੜੀਂਦੇ ਨਹੀਂ



ਹਨ ਜਾਂ ਨੁਕਸਾਨਦੇਹ ਹਨ। ਇਹ ਆਮ ਜਾਣਕਾਰੀ ਦੀ ਗੱਲ ਹੈ ਕਿ ਅਸੀਂ ਜੋ ਭੋਜਨ ਖਾਂਦੇ ਹਾਂ, ਉਸ ਦਾ ਕੁਝ ਹਿੱਸਾ ਪਚ ਜਾਂਦਾ ਹੈ ਅਤੇ ਬਾਕੀ ਅੰਤੜੀਆਂ ਰਾਹੀਂ ਮਲ ਦੇ ਤੌਰ 'ਤੇ ਬਾਹਰ ਨਿਕਲਦਾ ਹੈ। ਭੋਜਨ ਦੇ ਸਰੀਰ ਵਿੱਚ ਪਚਣ ਤੋਂ ਬਾਅਦ ਹੋਰ ਰਹਿੰਦ-ਖੂੰਹਦ ਪਦਾਰਥ ਪਿਸ਼ਾਬ ਰਾਹੀਂ ਬਾਹਰ ਨਿਕਲ ਜਾਂਦੇ ਹਨ। ਇਸ ਲਈ ਗਾਂ ਅਤੇ ਮਨੁੱਖਾਂ ਦੇ ਪਿਸ਼ਾਬ ਦੀ ਰਸਾਇਣਕ ਰਚਨਾ ਦੀ ਤੁਲਨਾ ਕਰਨਾ ਅਤੇ ਮਨੁੱਖੀ ਸਿਹਤ ਲਈ ਗਊ ਮੂਤਰ ਦੀ ਉਪਯੋਗਤਾ ਅਤੇ ਉੱਤਮਤਾ ਨੂੰ ਸਬੂਤ ਦੇ ਆਧਾਰ 'ਤੇ ਸਾਬਤ ਕਰਨਾ ਮਹੱਤਵਪੂਰਨ ਹੈ। ਪਿਸ਼ਾਬ ਇੱਕ ਤਰਲ ਹੁੰਦਾ ਹੈ, ਜੋ ਕਿ ਗੁਰਦਿਆਂ ਦੁਆਰਾ ਖੂਨ ਦੇ ਪ੍ਰਵਾਹ ਵਿੱਚੋਂ ਰਹਿੰਦ-ਖੂੰਹਦ ਨੂੰ ਬਾਹਰ ਕਢਦਾ ਹੈ। ਗਊ ਜਾਂ ਮਨੁੱਖੀ ਪਿਸ਼ਾਬ ਦੀ ਮੂਲ ਰਚਨਾ ਪਾਣੀ, ਯੂਰੀਆ, ਸੋਡੀਅਮ, ਕਲੋਰਾਈਡ, ਸਲਫੇਟ, ਪੋਟਾਸ਼ੀਅਮ, ਫਾਸਫੇਟ, ਕ੍ਰੀਏਟੀਨਾਈਨ, ਅਮੋਨੀਆ, ਯੂਰਿਕ ਐਸਿਡ, ਕੈਲਸੀਅਮ, ਮੈਗਨੀਸ਼ੀਅਮ ਹਨ। ਕਿਉਂਕਿ ਮਨੁੱਖੀ ਅਤੇ ਗਊ ਮੂਤਰ ਦੀ ਬਣਤਰ ਇੱਕੋ ਜਿਹੀ ਹੈ, ਇਸ ਲਈ ਇਹ ਮੰਨਣਾ ਮੁਸ਼ਕਲ ਹੈ ਕਿ ਇੱਕੋ ਜਿਹੀ ਰਚਨਾ ਨਾਲ ਸਿਰਫ ਗਊ ਮੂਤਰ ਹੀ ਮਨੁੱਖੀ ਸਰੀਰ ਲਈ ਲਾਭਦਾਇਕ ਹੈ?

ਮਨੁੱਖੀ ਸਰੀਰ ਲਈ ਗਊ ਮੂਤਰ ਦੀ ਉਪਯੋਗਤਾ ਬਾਰੇ ਭਾਰਤ ਸਰਕਾਰ ਦੇ ਪਸ਼ੂ ਪਾਲਣ, ਡੇਅਰੀ ਅਤੇ ਮੱਛੀ ਪਾਲਣ ਵਿਭਾਗ ਤੋਂ ਆਰ ਟੀ ਆਈ ਦੇ ਤਹਿਤ ਜਾਣਕਾਰੀ ਪ੍ਰਾਪਤ ਕੀਤੀ ਗਈ ਸੀ। ਉਨ੍ਹਾਂ ਨੇ ਜਵਾਬ ਦਿੱਤਾ ਕਿ "ਜਾਣਕਾਰੀ ਪਸ਼ੂ ਵਿਭਾਗ ਦੇ ਇਸ ਸੀ ਪੀ ਆਈ ਓ ਦੁਆਰਾ ਸੰਭਾਲੀ ਨਹੀਂ ਜਾਂਦੀ। ਇਸ ਦੇ ਨਾਲ ਹੀ ਗੁਰੂ ਅੰਗਦ ਦੇਵ ਵੈਟਰਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ (ਗਡਵਾਸੂ), ਲੁਧਿਆਣਾ ਤੋਂ ਵੀ ਇਹੀ ਜਾਣਕਾਰੀ ਮੰਗੀ ਗਈ ਸੀ। ਗਡਵਾਸੂ ਦੇ 22 ਵਿਭਾਗਾਂ ਤੋਂ ਪ੍ਰਾਪਤ ਜਾਣਕਾਰੀ ਨੇ ਉਨ੍ਹਾਂ ਨਾਲ ਅਜਿਹੀ ਕਿਸੇ ਵੀ ਜਾਣਕਾਰੀ ਤੋਂ ਇਨਕਾਰ ਕੀਤਾ ਹੈ। ਜ਼ਿਕਰਯੋਗ ਹੈ ਕਿ ਭਾਰਤੀ ਖੇਤੀ ਖੋਜ ਪ੍ਰੀਸ਼ਦ (ਆਈ.ਸੀ.ਏ.ਆਰ.), ਨਵੀਂ ਦਿੱਲੀ ਦੁਆਰਾ ਕਰਵਾਈ ਗਈ ਖੇਤੀਬਾੜੀ ਯੂਨੀਵਰਸਿਟੀਆਂ ਅਤੇ ਖੋਜ ਸੰਸਥਾਵਾਂ ਦੀ 2016-17 ਦੀ ਦਰਜਾਬੰਦੀ ਅਨੁਸਾਰ ਗਡਵਾਸੂ, ਲੁਧਿਆਣਾ ਦੇਸ਼ ਦੀਆਂ 14 ਰਾਜ ਵੈਟਰਨਰੀ ਯੂਨੀਵਰਸਿਟੀਆਂ ਵਿੱਚੋਂ ਪਹਿਲੇ ਸਥਾਨ 'ਤੇ ਹੈ।

ਇਹ ਦਾਅਵਾ ਕਿ ਗਊ ਵੱਲੋਂ ਸਾਹ ਰਾਹੀਂ ਛੱਡੀ ਹਵਾ ਲਾਭਦਾਇਕ ਹੈ, ਬਾਰੇ ਜਾਣੀਏ। ਜਦੋਂ ਅਸੀਂ ਸਾਹ ਛੱਡਦੇ ਹਾਂ ਤਾਂ ਹਵਾ ਦੀ ਬਣਤਰ ਲੱਗਭੱਗ ਉਹੀ ਰਹਿੰਦੀ ਹੈ, ਜੋ ਅਸੀਂ ਸਾਹ ਲੈਂਦੇ ਹਾਂ, ਸਿਰਫ ਕਾਰਬਨ ਡਾਈਆਕਸਾਈਡ ਅਤੇ ਆਕਸੀਜਨ ਦੀ ਪ੍ਰਤੀਸ਼ਤਤਾ ਬਦਲਦੀ ਹੈ। ਸਾਹ ਰਾਹੀਂ ਅੰਦਰ ਲਈ ਜਾਣ ਵਾਲੀ ਹਵਾ ਦੀ ਮਾਤਰਾ 21% ਆਕਸੀਜਨ ਅਤੇ 0.4% ਕਾਰਬਨ ਡਾਈਆਕਸਾਈਡ ਹੁੰਦੀ ਹੈ, ਜਦੋਂ ਕਿ ਸਾਹ ਰਾਹੀਂ ਛੱਡਣ ਵਾਲੀ ਹਵਾ ਵਿੱਚ 16.4% ਆਕਸੀਜਨ ਅਤੇ 4.4% ਕਾਰਬਨ ਡਾਈਆਕਸਾਈਡ ਹੁੰਦੀ ਹੈ। ਇਹ ਸਾਰੇ ਜਾਨਵਰਾਂ ਲਈ ਇੱਕੋ ਹੀ ਹੈ। ਇਹੀ ਕਾਰਨ ਹੈ ਕਿ ਜੇ ਕੋਈ ਹੋਰ ਸਾਜ਼ੋ-ਸਾਮਾਨ ਉਪਲੱਬਧ ਨਾ ਹੋਵੇ ਤਾਂ ਪੁਨਰ-ਸੁਰਜੀਤੀ ਦੇ ਹਿੱਸੇ ਵਜੋਂ ਗੰਭੀਰ ਐਮਰਜੈਂਸੀ ਦੀ ਸਥਿਤੀ ਵਿੱਚ ਮੂੰਹ ਤੋਂ ਮੂੰਹ ਰਾਹੀਂ ਸਾਹ ਦੇਣ ਦੀ ਸਿਫਾਰਸ਼ ਕੀਤੀ ਜਾਂਦੀ ਹੈ।

ਸਾਨੂੰ ਸਿਰਫ ਗਾਂ ਨੂੰ ਹੀ ਨਹੀਂ, ਬਲਕਿ ਸਾਰੇ ਜੀਵ-ਜੰਤੂਆਂ ਨੂੰ ਪਿਆਰ ਕਰਨਾ ਚਾਹੀਦਾ ਹੈ ਅਤੇ ਉਨ੍ਹਾਂ ਨੂੰ ਬਚਾਉਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਕੁਦਰਤ ਨੇ ਸਾਨੂੰ ਪਰਿਆਵਰਣ ਨੂੰ ਸੰਤੁਲਤ ਰੱਖਣ ਲਈ ਇੱਕ ਈਕੋ-ਸਿਸਟਮ ਦਿੱਤਾ ਹੈ, ਜਿਸ ਨਾਲ ਇਸ ਸੰਤੁਲਨ ਨੂੰ ਬਣਾਈ ਰੱਖਿਆ ਜਾਂਦਾ ਹੈ। ਗਊ ਹਗ ਦਿਵਸ 'ਤੇ ਬਿਆਨ ਵਿਰੋਧਾਭਾਸ ਨਾਲ ਭਰਿਆ ਹੋਇਆ ਹੈ। ਇਸ ਵਿੱਚ ਕਿਹਾ ਗਿਆ ਹੈ ਕਿ ਸਾਨੂੰ ਆਪਣੇ ਵੈਦਿਕ ਸੱਭਿਆਚਾਰ ਨੂੰ ਸੁਰੱਖਿਅਤ ਰੱਖਣਾ ਚਾਹੀਦਾ ਹੈ। ਇਹ ਮੰਦਭਾਗਾ ਹੈ ਕਿ ਪਸ਼ੂ ਪਾਲਣ ਵਿਭਾਗ ਵਰਗੀ ਵਿਗਿਆਨਕ ਸੰਸਥਾ ਇਹ ਭੁੱਲ ਗਈ ਹੈ ਕਿ ਜੀਵਨ ਇੱਕ ਗਤੀਸ਼ੀਲ ਪ੍ਰਕਿਰਿਆ ਹੈ। ਸਾਡੇ ਕੋਲ ਵੈਦਿਕ ਸੰਸਕ੍ਰਿਤੀ ਅਤੀਤ ਦੇ ਤੌਰ 'ਤੇ ਸਤਿਕਾਰਤ ਹੈ ਅਤੇ ਇਸ ਤੋਂ ਸਿੱਖਣਾ ਚਾਹੀਦਾ ਹੈ, ਪਰ ਜ਼ਿੰਦਗੀ ਅੱਗੇ ਵਧ ਗਈ ਹੈ। ਕੋਈ ਵੀ ਉਸ ਜੀਵਨਸ਼ੈਲੀ 'ਤੇ ਨਹੀਂ ਜਾ ਸਕਦਾ, ਜੋ ਸਾਡੇ ਕੋਲ 25 ਸਾਲ ਪਹਿਲਾਂ ਵੀ ਸੀ, ਪੁਰਾਣੇ ਜ਼ਮਾਨੇ ਦੀ ਤਾਂ ਗੱਲ ਕੀ ਕਰੀਏ। ਵਿਗਿਆਨ ਸਾਰੀ ਮਨੁੱਖਤਾ ਲਈ ਹੈ। ਵੈਦਿਕ ਸੰਸਕ੍ਰਿਤੀ ਅਤੇ ਪ੍ਰਾਚੀਨ ਕਾਲ ਦੀ ਗੱਲ ਕਰਨ ਵਾਲੇ ਆਧੁਨਿਕ ਵਿਗਿਆਨ ਦੁਆਰਾ ਪੱਛਮ ਵਿੱਚ ਵਿਕਸਤ ਕੀਤੇ ਆਧੁਨਿਕ ਯੰਤਰਾਂ ਦੀ ਵਰਤੋਂ ਕਰ ਰਹੇ ਹਨ ਅਤੇ ਉਹ ਪੱਛਮੀ ਸ਼ੈਲੀ ਵਿੱਚ ਜੀਵਨ ਜੀ ਰਹੇ ਹਨ। ਉਹ ਹੁਣ ਖੜਾਵਾਂ ਨਹੀਂ ਪਾਉਂਦੇ ਤੇ ਕਪੜੇ ਵੀ ਆਧੁਨਿਕ ਪਹਿਰਾਵੇ ਦੇ ਮੁਤਾਬਕ ਪਾਉਂਦੇ ਹਨ।

ਅਜੋਕੇ ਦਿਨਾਂ ਵਿੱਚ ਗਊ ਬਾਰੇ ਸਾਰਾ ਪ੍ਰਚਾਰ ਆਰ ਐੱਸ ਐੱਸ ਅਤੇ ਇਸ ਦੀਆਂ ਜਥੇਬੰਦੀਆਂ ਦੇ ਹਿੰਦੂਤਵੀ ਏਜੰਡੇ ਨਾਲ ਜੁੜਿਆ ਹੋਇਆ ਹੈ। ਸਾਰੀ ਖੇਡ ਯੋਜਨਾਬੱਧ ਅਸਪੱਸ਼ਟਤਾ ਫੈਲਾਉਣਾ, ਲੋਕਾਂ ਦੇ ਵਿਸ਼ਵਾਸਾਂ ਦਾ ਸ਼ੋਸ਼ਣ ਕਰਨਾ ਅਤੇ ਇਸ ਨੂੰ ਰਾਜਨੀਤਕ ਉਦੇਸਾਂ ਲਈ ਵਰਤਣਾ ਹੈ। ਇਹ ਤਾਕਤਾਂ ਹਰ ਮੋਰਚੇ 'ਤੇ ਫੇਲ੍ਹ ਹੋ ਕੇ ਹੁਣ ਅਜਿਹੀਆਂ ਮਿੱਥਾਂ ਫੈਲਾ ਰਹੀਆਂ ਹਨ।

ਅੱਜ ਵਿਗਿਆਨਕ ਦ੍ਰਿਸ਼ਟੀਕੋਣ ਅਪਣਾਉਣ ਅਤੇ ਇਸ ਨੂੰ ਸਮਾਜ ਵਿਚ ਪ੍ਰਚਾਰਨ ਦੀ ਲੋੜ ਹੈ, ਨਹੀਂ ਤਾਂ ਰੂੜ੍ਹੀਵਾਦੀ ਸ਼ਕਤੀਆਂ ਇਕ ਵਾਰੀ ਫਿਰ ਗਣੇਸ਼ ਦੀ ਮੂਰਤੀ ਨੂੰ ਦੁੱਧ ਪਿਆਉਣ, ਤਾੜੀਆਂ ਜਾਂ ਥਾਲੀਆਂ ਖੜਕਾਅ ਕੇ ਤੇ ਸ਼ੰਖ ਵਜਾ ਕੇ ਕੋਰੋਨਾ ਭਜਾਉਣ ਦੀਆਂ ਗੱਲਾਂ ਵਿਚ ਜਾਂ ਕਿਸੇ ਹੋਰ ਨਵੇਂ ਢੰਗ ਨਾਲ ਸਾਨੂੰ ਉਲਝਾਅ ਲੈਣਗੀਆਂ ਤੇ ਸਮਾਜ ਨੂੰ ਹੋਰ ਪਿੱਛੇ ਧੱਕਣਗੀਆਂ। ਭਾਵੇਂ ਗਾਂ ਨੂੰ ਜੱਫੀ ਪਾਉਣ ਦਾ ਫਰਮਾਨ ਵਾਪਸ ਲੈ ਲਿਆ ਗਿਆ ਹੈ, ਪਰ ਇਸ ਨੂੰ ਕਿਸੇ ਹੋਰ ਢੰਗ ਨਾਲ ਲਿਆਉਣ ਦੀ ਕੋਸ਼ਿਸ਼ ਕੀਤੀ ਜਾਏਗੀ, ਇਸ ਪ੍ਰਤੀ ਸੁਚੇਤ ਰਹਿਣ ਦੀ ਲੋੜ ਹੈ।

**# ਸੰਪਰਕ : 94170-00360**

# ਜਦੋਂ ਮੈਨੂੰ ਨੌਕਰੀ 'ਚੋਂ ਬਰਖ਼ਾਸਤ ਕਰਨ ਦੀ ਧਮਕੀ ਮਿਲੀ



ਉਜਾਗਰ ਸਿੰਘ

ਅੱਜਕੱਲ੍ਹ ਨੌਜਵਾਨਾਂ ਵਿੱਚ ਸਰਕਾਰੀ ਨੌਕਰੀਆਂ ਪ੍ਰਾਪਤ ਕਰਨ ਦੀ ਪ੍ਰਵਿਰਤੀ ਭਾਰੂ ਹੈ। ਪੜ੍ਹੇ-ਲਿਖੇ ਨੌਜਵਾਨ ਵ੍ਹਾਈਟ ਕਾਲਰ ਜਾਬ ਕਰਨ ਦੇ ਇੱਛੁਕ ਹਨ। ਉਹ ਹੱਥੀਂ ਕਿਰਤ ਕਰਨ ਜਾਂ ਆਪਣਾ ਕੋਈ ਵੀ ਕਾਰੋਬਾਰ ਕਰਨ ਦੀ ਛੇਤੀ ਕੀਤਿਆਂ ਹਿੰਮਤ ਹੀ ਨਹੀਂ ਕਰਦੇ, ਜਦੋਂ ਕਿ ਜ਼ਿੰਦਗੀ ਦੀ ਆਜ਼ਾਦੀ ਆਪਣੇ ਕਾਰੋਬਾਰ ਵਿੱਚ ਹੀ ਹੈ। ਸਰਕਾਰੀ ਨੌਕਰੀ ਗੁਲਾਮੀ ਦੀ ਬਿਹਤਰੀਨ ਕਿਸਮ ਹੈ। ਇਮਾਨਦਾਰੀ ਨਾਲ ਕੰਮ ਕਰਨ ਵਾਲਿਆਂ ਨੂੰ ਅਨੇਕਾਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ, ਕਿਉਂਕਿ ਉਹ ਚਾਪਲੂਸੀ ਕਰਨ ਵਿੱਚ ਮੋਹਰੀ ਨਹੀਂ ਹੁੰਦੇ। ਕੁਝ ਸੀਨੀਅਰ ਅਧਿਕਾਰੀ ਜੂਨੀਅਰ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਆਪਣੇ ਮਾਤਹਿਤ ਦੀ ਥਾਂ ਨਿੱਜੀ ਸੇਵਕ ਸਮਝਦੇ ਹਨ, ਜਿਸ ਕਰਕੇ ਇਮਾਨਦਾਰ, ਕਾਬਲ ਅਤੇ ਮਿਹਨਤੀ ਕਰਮਚਾਰੀਆਂ ਦੇ ਹੌਸਲੇ ਪਸਤ ਹੋ ਜਾਂਦੇ ਹਨ। ਵਿਹਲੜ ਬੈਠ ਕੇ ਅਧਿਕਾਰੀਆਂ ਦੀ ਜੀ ਹਜ਼ੂਰੀ ਨਾਲ ਮੌਜਾਂ ਕਰਦੇ ਹਨ। ਕੰਮ ਕਰਨ ਵਾਲੇ ਕਾਬਲ ਕਰਮਚਾਰੀਆਂ ਨੂੰ ਹੀ ਸਾਰੇ ਕੰਮ ਦਾ ਬੋਝ ਪਾ ਦਿੱਤਾ ਜਾਂਦਾ ਹੈ। ਮੈਂ 33 ਸਾਲ ਪੰਜਾਬ ਦੇ ਲੋਕ ਸੰਪਰਕ ਅਤੇ ਸੂਚਨਾ ਵਿਭਾਗ ਵਿੱਚ ਤਨਦੇਹੀ ਅਤੇ ਇਮਾਨਦਾਰੀ ਨਾਲ ਨੌਕਰੀ ਕੀਤੀ ਹੈ। ਪ੍ਰਾਈਵੇਟ ਨੌਕਰੀ ਦਾ ਇਕ ਲਾਭ ਹੈ, ਉਹ ਕੰਮ ਤਾਂ ਪੂਰਾ ਲੈਂਦੇ ਹਨ ਪ੍ਰੰਤੂ ਕੰਮ ਦੀ ਕਦਰ ਅਤੇ ਮਿਹਨਤ ਦਾ ਮੁੱਲ ਜ਼ਰੂਰ ਪੈਂਦਾ ਹੈ।

1974 ਵਿੱਚ ਜਦੋਂ ਮੈਂ ਪੰਜਾਬ ਸਰਕਾਰ ਦੇ ਸੂਚਨਾ ਤੇ ਪ੍ਰਸਾਰ ਵਿਭਾਗ ਵਿੱਚ ਸਿਵਲ ਸਕੱਤਰੇਤ ਚੰਡੀਗੜ੍ਹ ਵਿਖੇ ਨਿਬੰਧਕਾਰ ਪੰਜਾਬੀ ਦੇ ਅਹੁਦੇ 'ਤੇ ਨਿਯੁਕਤ ਹੋਇਆ ਤਾਂ ਪਹਿਲੇ ਹਫਤੇ ਹੀ ਵਿਭਾਗ ਦੇ ਮੁਖੀ ਨੇ ਮੈਨੂੰ ਨੌਕਰੀ ਵਿੱਚੋਂ ਬਰਖ਼ਾਸਤ ਕਰਨ ਦੀ ਧਮਕੀ ਦੇ ਦਿੱਤੀ। ਉਸ ਸਮੇਂ ਮੈਂ ਮਹਿੰਦਰਾ ਕਾਲਜ ਪਟਿਆਲਾ ਵਿੱਚ ਸ਼ਾਮ ਦੀਆਂ ਕਲਾਸਾਂ ਵਿੱਚ ਐੱਮ ਏ ਪੰਜਾਬੀ ਦੇ ਪਹਿਲੇ ਸਾਲ ਵਿੱਚ ਪੜ੍ਹ ਰਿਹਾ ਸੀ। ਪਹਿਲੇ ਸਾਲ ਦੇ ਇਮਤਿਹਾਨ ਨੇੜੇ ਸਨ। ਇਸ ਦੇ ਨਾਲ ਹੀ ਮੈਂ ਆਤਮਾ ਰਾਮ ਕੁਮਾਰ ਸਭਾ ਸਕੂਲ ਪਟਿਆਲਾ ਵਿੱਚ ਪੜ੍ਹਾ ਰਿਹਾ ਸੀ। ਮੈਂ ਆਪਣੇ ਵੱਡੇ ਭਰਾ ਸ੍ਰੀ ਧਰਮ ਸਿੰਘ ਕੋਲ ਪਟਿਆਲਾ ਸਰਕਾਰੀ ਰਿਹਾਇਸ਼ ਵਿੱਚ ਰਹਿ ਰਿਹਾ ਸੀ। ਮੇਰੀ ਇੱਛਾ ਲੈਕਚਰਾਰ ਬਣਨ ਦੀ ਸੀ, ਕਿਉਂਕਿ ਮੈਨੂੰ ਪੰਜਾਬੀ ਦੇ ਸਾਹਿਤ ਨਾਲ ਲਗਾਓ ਸੀ। ਮੈਂ ਪਟਿਆਲਾ ਵਿਖੇ ਦੋਸਤਾਂ ਨਾਲ ਰਲ ਕੇ ਪੰਜਾਬੀ ਦਾ ਮਾਸਕ ਰਸਾਲਾ 'ਵਹਿਣ' ਪ੍ਰਕਾਸ਼ਤ ਕਰ ਰਿਹਾ ਸੀ। ਮੇਰੀ ਨਿਬੰਧਕਾਰ ਪੰਜਾਬੀ ਦੀ ਚੋਣ ਵੀ 'ਵਹਿਣ' ਰਸਾਲੇ ਦਾ ਸਹਾਇਕ ਸੰਪਾਦਕ ਹੋਣ ਕਰਕੇ ਹੀ ਹੋਈ ਸੀ, ਕਿਉਂਕਿ ਨਿਬੰਧਕਾਰ ਪੰਜਾਬੀ ਦੀ ਅਸਾਮੀ ਸੂਚਨਾ ਤੇ ਪ੍ਰਸਾਰ ਵਿਭਾਗ ਦੇ ਸਰਕਾਰੀ ਰਸਾਲੇ ਜਾਗ੍ਰਤੀ ਪੰਜਾਬੀ ਨਾਲ ਸੰਬੰਧਤ ਸੀ। ਜਦੋਂ ਮੈਨੂੰ ਨਿਯੁਕਤੀ ਪੱਤਰ ਆਇਆ ਤਾਂ ਮੈਂ ਨੌਕਰੀ ਜਾਇਨ ਕਰਨ ਤੋਂ ਆਨਾਕਾਨੀ ਕਰਨ ਲੱਗਿਆ, ਕਿਉਂਕਿ ਮੇਰੇ ਮਨ ਵਿੱਚ ਲੈਕਚਰਾਰ ਬਣਨ ਦੀ ਇੱਛਾ ਉੱਸਲਵੱਟੇ ਲੈ ਰਹੀ ਸੀ। ਮੇਰੇ ਭਰਾ ਨੇ ਕਿਹਾ ਕਿ 'ਜਿੰਨੀ ਉਨ੍ਹਾਂ ਦੀ ਤਨਖਾਹ ਹੁਣ ਇੰਨੀ ਨੌਕਰੀ ਤੋਂ ਬਾਅਦ ਹੋਈ ਹੈ, ਤੇਰੀ ਓਨੀ ਤਨਖ਼ਾਹ ਸ਼ੁਰੂ ਵਿੱਚ ਹੈ। ਨਖ਼ਰੇ ਨਾ ਕਰ ਚੁੱਪ ਕਰਕੇ ਨੌਕਰੀ ਜਾਇਨ ਕਰ ਲੈ।' ਫਿਰ ਮੈਂ ਬਤੌਰ ਨਿਬੰਧਕਾਰ ਪੰਜਾਬੀ ਨੌਕਰੀ ਜਾਇਨ ਕਰ ਲਈ। ਹਰ ਰੋਜ਼ ਪਟਿਆਲਾ ਤੋਂ ਚੰਡੀਗੜ੍ਹ ਬੱਸ ਵਿੱਚ ਜਾਇਆ ਕਰਦਾ ਸੀ। ਕਾਫ਼ੀ ਸਮਾਂ ਸਫ਼ਰ ਵਿੱਚ ਹੀ ਬਰਬਾਦ ਹੁੰਦਾ ਸੀ। ਪੜ੍ਹਾਈ ਲਈ ਸਮਾਂ ਘੱਟ ਮਿਲਦਾ ਸੀ। ਮੇਰੇ ਭਰਾ ਦੇ ਗੁਆਂਢ ਵਿੱਚ ਮੇਰੇ ਨਾਂਅ ਵਾਲਾ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ ਪਟਿਆਲਾ ਵਿੱਚ ਉਜਾਗਰ ਸਿੰਘ ਡਰਾਇਵਰ ਰਹਿੰਦਾ ਸੀ। ਜਦੋਂ ਉਸ ਨੂੰ ਪਤਾ ਲੱਗਾ ਕਿ ਮੇਰੀ ਉਨ੍ਹਾਂ ਦੇ ਵਿਭਾਗ ਵਿੱਚ ਚੰਡੀਗੜ੍ਹ ਨੌਕਰੀ ਲੱਗ ਗਈ ਹੈ, ਉਹ ਮੈਨੂੰ ਤਤਕਾਲੀ ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ ਪਟਿਆਲਾ ਗੋਪਾਲ ਸਿੰਘ ਕੋਲ ਲੈ ਗਿਆ। ਗੋਪਾਲ ਸਿੰਘ ਬਹੁਤ ਹੀ ਸਾਧਾਰਨ, ਨਮਰਤਾ ਅਤੇ ਸਲੀਕੇ ਵਾਲਾ ਅਧਿਕਾਰੀ ਸੀ, ਉਨ੍ਹਾਂ ਮੈਨੂੰ ਕਿਹਾ ਕਿ ਮੈਂ ਪਟਿਆਲਾ ਦੀ ਬਦਲੀ ਕਰਵਾ ਲਵਾਂ। ਨਾਲੇ ਘਰ ਹੀ ਰਹਾਂਗੇ ਤੇ ਪੜ੍ਹਾਈ ਵੀ ਜਾਰੀ ਰੱਖ ਸਕਾਂਗਾ, ਮੈਂ ਸਰਕਾਰੀ ਨੌਕਰੀ ਸੰਬੰਧੀ ਬਿਲਕੁਲ ਅਨਾੜੀ ਸੀ। ਭਾਵੇਂ ਪ੍ਰਾਈਵੇਟ ਨੌਕਰੀ ਕਰਦਾ ਸੀ, ਪ੍ਰੰਤੂ ਅਜੇ ਵੀ ਵਿਦਿਆਰਥੀ ਜੀਵਨ ਵਿੱਚ ਵਿਚਰ ਰਿਹਾ ਸੀ। ਮੈਂ ਸਾਡੇ ਪਾਇਲ ਹਲਕੇ ਦੇ ਵਿਧਾਨਕਾਰ ਸ ਬੇਅੰਤ ਸਿੰਘ ਕੋਲ ਪਟਿਆਲਾ ਦੀ ਬਦਲੀ ਕਰਵਾਉਣ ਲਈ ਚੰਡੀਗੜ੍ਹ ਐੱਮ ਐੱਲ ਏ ਹੋਸਟਲ ਵਿੱਚ ਉਨ੍ਹਾਂ ਕੋਲ ਚਲਾ ਗਿਆ। ਗਿਆਨੀ ਜ਼ੈਲ ਸਿੰਘ ਮੁੱਖ ਮੰਤਰੀ ਸਨ। ਉਹ ਮੈਨੂੰ ਆਪਣੇ ਨਾਲ ਲੈ ਕੇ ਮੁੱਖ ਮੰਤਰੀ ਦੇ ਦਫ਼ਤਰ ਚਲੇ ਗਏ, ਪ੍ਰੰਤੂ ਉਹ ਦਫ਼ਤਰ ਵਿੱਚ ਨਹੀਂ ਸਨ। ਫਿਰ ਉਹ ਮੈਨੂੰ ਸੂਚਨਾ ਤੇ ਪ੍ਰਸਾਰ ਵਿਭਾਗ ਦੇ ਮੁੱਖ ਸੰਸਦੀ ਸਕੱਤਰ ਗੁਰਚਰਨ ਸਿੰਘ ਨਿਹਾਲਸਿੰਘ ਵਾਲਾ ਕੋਲ ਲੈ ਗਏ। ਮੁੱਖ ਸੰਸਦੀ ਸਕੱਤਰ ਕਹਿਣ ਲੱਗੇ ਅਰਜ਼ੀ ਦਿਓ, ਮੈਂ ਹੁਣੇ ਹੁਕਮ ਕਰ ਦਿੰਦਾ ਹਾਂ। ਮੇਰੇ ਕੋਲ ਕੋਈ ਅਰਜ਼ੀ ਨਹੀਂ ਸੀ, ਕਿਉਂਕਿ ਮੈਨੂੰ ਸਰਕਾਰੀ ਕੰਮ-ਕਾਜ ਬਾਰੇ ਅਜੇ ਬਹੁਤੀ ਸਮਝ ਹੀ ਨਹੀਂ ਸੀ। ਸੰਸਦੀ ਸਕੱਤਰ ਨੇ ਆਪਣੇ ਕੋਲੋਂ ਇਕ ਕਾਗਜ਼ ਮੈਨੂੰ ਦਿੱਤਾ ਤੇ ਅਰਜੀ ਲਿਖਣ ਲਈ ਕਿਹਾ। ਮੈਂ ਅਰਜ਼ੀ ਲਿਖ ਦਿੱਤੀ। ਸ੍ਰ. ਬੇਅੰਤ ਸਿੰਘ ਨੇ ਅਰਜ਼ੀ 'ਤੇ ਸਿਫਾਰਸ਼ ਕੀਤੀ ਤੇ ਸੰਸਦੀ ਸਕੱਤਰ ਨੇ ਮੇਰੀ ਬਦਲੀ ਦੇ ਹੁਕਮ ਕਰ ਦਿੱਤੇ। ਮੈਂ ਖ਼ੁਸ਼ੀ ਵਿੱਚ ਅਰਜ਼ੀ ਲੈ ਕੇ ਡਾਇਰੈਕਟਰ ਜਗਜੀਤ ਸਿੰਘ ਸਿੱਧੂ ਦੇ ਪੀ ਏ ਨੂੰ ਦੇ ਦਿੱਤੀ। ਜਗਜੀਤ ਸਿੰਘ ਸਿੱਧੂ ਵਿਭਾਗੀ ਅਧਿਕਾਰੀ ਸਨ, ਪ੍ਰੰਤੂ ਸੰਸਦੀ ਸਕੱਤਰ ਦੇ ਨਜ਼ਦੀਕੀ ਹੋਣ ਕਰਕੇ ਡਾਇਰੈਕਟਰ ਦਾ ਚਾਰਜ ਉਨ੍ਹਾਂ ਕੋਲ ਸੀ। ਮੈਂ ਅਜੇ ਆਪਣੀ ਸ਼ਾਖਾ ਵਿੱਚ ਜਾ ਕੇ ਬੈਠਿਆ ਹੀ ਸੀ ਕਿ ਡਾਇਰੈਕਟਰ ਦਾ ਸੇਵਾਦਾਰ ਮੈਨੂੰ ਬੁਲਾਉਣ ਲਈ ਆ ਗਿਆ। ਸ਼ਾਖ਼ਾ ਵਾਲੇ ਸਾਰੇ ਕਹਿਣ ਲੱਗੇ ਕਿ ਹੁਣ ਮੇਰੀ ਬਦਲੀ ਹੋ ਗਈ ਸਮਝੋ। ਜਦੋਂ ਮੈਂ ਡਾਇਰੈਕਟਰ ਦੇ ਕਮਰੇ ਵਿੱਚ ਦਾਖ਼ਲ ਹੋਇਆ ਤਾਂ ਜਗਜੀਤ ਸਿੰਘ ਸਿੱਧੂ ਮੈਨੂੰ ਟੁੱਟ ਕੇ ਪੈ ਗਏ ਕਿ ਤੂੰ ਨੌਕਰੀ ਕਰਨੀ ਹੈ ਕਿ ਨਹੀਂ? ਮੈਂ ਬਦਲੀ ਦੇ ਹੁਕਮਾਂ ਦੀ ਆਸ ਕਰ ਰਿਹਾ ਸੀ, ਪ੍ਰੰਤੂ ਇਹ ਤਾਂ ਪਾਸਾ ਹੀ ਪੁੱਠਾ ਪੈ ਗਿਆ। ਮੈਨੂੰ ਸਮਝ ਨਾ ਆਵੇ ਕਿ ਇਹ ਕੀ ਹੋ ਗਿਆ? ਮੈਂ ਭੌਰ ਭੌਰ ਹੋ ਗਿਆ। ਡਾਇਰੈਕਟਰ ਤਾਬੜਤੋੜ ਮੇਰੇ 'ਤੇ ਸ਼ਬਦੀ ਹਮਲੇ ਕਰੀ ਜਾਣ, ਜਿਵੇਂ ਮੈਂ ਕੋਈ ਬਜ਼ਰ ਗੁਨਾਹ ਕੀਤਾ ਹੋਵੇ। ਫਿਰ ਉਹ ਕਹਿਣ ਲੱਗੇ ਕਿ ਮੈਂ ਤੈਨੂੰ ਨੌਕਰੀ ਵਿੱਚੋਂ ਬਰਖਾਸਤ ਕਰ ਦੇਵਾਂਗਾ। ਤੂੰ ਸਰਕਾਰੀ ਮੁਲਾਜ਼ਮ ਹੋ ਕੇ ਸਿੱਧਾ ਮੰਤਰੀ ਕੋਲ ਕਿਵੇਂ ਚਲਾ ਗਿਆ? ਬਦਲੀ ਦੀ ਅਰਜ਼ੀ ਸਰਕਾਰੀ ਕਾਗਜ਼ 'ਤੇ ਕਿਉਂ ਲਿਖੀ? ਸ੍ਰ. ਬੇਅੰਤ ਸਿੰਘ ਨੂੰ ਤੂੰ ਕਿਵੇਂ ਜਾਣਦਾ ਹੈਂ? ਮੈਂ ਦੱਸਿਆ ਕਿ ਉਹ ਸਾਡੇ ਵਿਧਾਨਕਾਰ ਹਨ ਅਤੇ ਮੇਰੇ ਪਰਵਾਰ ਨਾਲ ਉਨ੍ਹਾਂ ਦੇ ਪਰਵਾਰਿਕ ਸੰਬੰਧ ਹਨ। ਉਹ ਤਾਂ ਮੈਨੂੰ ਮੁੱਖ ਮੰਤਰੀ ਕੋਲ ਲੈ ਕੇ ਗਏ ਸੀ, ਪ੍ਰੰਤੂ ਮੁੱਖ ਮੰਤਰੀ ਦਫ਼ਤਰ ਵਿੱਚ ਨਹੀਂ ਸਨ। ਡਾਇਰੈਕਟਰ ਥੋੜ੍ਹਾ ਢੈਲਾ ਪੈ ਗਿਆ, ਪ੍ਰੰਤੂ ਉਨ੍ਹਾਂ ਦਾ ਗੁੱਸਾ ਚਿਹਰੇ ਤੋਂ ਸਾਫ ਦਿਸ ਰਿਹਾ ਸੀ। ਮੈਂ ਸੋਚਿਆ 'ਭਲਾ ਹੋਇਆ ਮੇਰਾ ਚਰਖਾ ਟੁੱਟਾ ਜਿੰਦ ਅਜਾਬੋਂ ਛੁੱਟੀ' ਕਿਉਂਕਿ ਮੈਂ ਤਾਂ ਐੱਮ ਏ ਕਰਕੇ ਲੈਕਚਰਾਰ ਲੱਗਣ ਦੇ ਸਪਨੇ ਵੇਖ ਰਿਹਾ ਸੀ। ਮੈਂ ਤਾਂ ਨੌਕਰੀ ਜਾਇਨ ਹੀ ਨਹੀਂ ਕਰ ਰਿਹਾ ਸੀ। ਉਹ ਤਾਂ ਮੇਰੇ ਭਰਾ ਨੇ ਮੈਨੂੰ ਨੌਕਰੀ ਜਾਇਨ ਕਰਨ ਲਈ ਜ਼ੋਰ ਪਾਇਆ ਸੀ। ਵੱਡੇ ਭਰਾ ਨੂੰ ਜਵਾਬ ਨਹੀਂ ਦੇ ਸਕਿਆ। ਮੈਂ ਕਮਰੇ ਵਿੱਚੋਂ ਬਾਹਰ ਆਉਣ ਲੱਗਾ ਤਾਂ ਡਾਇਰੈਕਟਰ ਫਿਰ ਟੁੱਟਕੇ ਪੈ ਗਿਆ ਕਿ ਤੂੰ ਕਿਧਰ ਚੱਲਿਆ ਹੈਂ? ਮੈਂ ਕਿਹਾ ਕਿ ਤੁਸੀਂ ਮੈਨੂੰ ਬਰਖਾਸਤ ਕਰ ਰਹੇ ਹੋ ਤੇ ਫਿਰ ਮੈਂ ਇੱਥੇ ਕੀ ਕਰਨਾ ਹੈ? ਮੈਂ ਪਟਿਆਲਾ ਜਾ ਕੇ ਆਪਣੀ ਪੜ੍ਹਾਈ ਜਾਰੀ ਰੱਖਾਂਗਾ। ਉਸ ਸਮੇਂ ਡਾਇਰੈਕਟਰ ਦੇ ਕੋਲ ਉਰਦੂ ਦੇ ਸਰਕਾਰੀ ਰਸਾਲੇ 'ਪਾਸਵਾਨ' ਦੇ ਸੰਪਾਦਕ ਸੁਰਿੰਦਰ ਸਿੰਘ ਮਾਹੀ ਬੈਠੇ ਸਨ। ਉਹ ਮੈਨੂੰ ਸਮਝਾਉਣ ਲੱਗੇ ਕਿ ਮੰਤਰੀਆਂ ਕੋਲ ਨਹੀਂ ਜਾਈਦਾ, ਜੇਕਰ ਕੋਈ ਮੁਸ਼ਕਲ ਹੋਵੇ ਤਾਂ ਅਧਿਕਾਰੀਆਂ ਨਾਲ ਗੱਲ ਕਰੀਦੀ ਹੈ। ਤੁਸੀਂ ਦਫ਼ਤਰੀ ਨਿਯਮਾਂ ਦੀ ਉਲੰਘਣਾ ਕੀਤੀ ਹੈ। ਹਾਲਾਂਕਿ ਸੁਰਿੰਦਰ ਸਿੰਘ ਮਾਹੀ ਸਟੂਡੈਂਟ ਕਾਂਗਰਸ ਪੰਜਾਬ ਦਾ ਪ੍ਰਧਾਨ ਰਿਹਾ ਸੀ। ਆਪ ਵੀ ਰਾਜਨੀਤਕ ਸਿਫ਼ਾਰਸ਼ ਨਾਲ ਨੌਕਰੀ 'ਤੇ ਲੱਗਿਆ ਸੀ, ਪ੍ਰੰਤੂ ਮੈਨੂੰ ਮੱਤਾਂ ਦੇਣ ਲੱਗ ਪਿਆ।

ਡਾਇਰੈਕਟਰ ਕੁਝ ਨਰਮ ਹੋਇਆ ਤੇ ਮੈਨੂੰ ਸਮਝਾਉਣ ਲੱਗਾ ਕਿ ਤੇਰੀ ਅਸਾਮੀ ਮੁੱਖ ਦਫ਼ਤਰ ਦੀ ਹੈ। ਬਦਲੀ ਨਹੀਂ ਹੋ ਸਕਦੀ। ਮੈਂ ਬਹੁਤ ਨਿੰਮੋਝੂਣਾ ਹੋਇਆ। ਬਦਲੀ ਦੇ ਹੁਕਮਾਂ ਦੀ ਥਾਂ ਨੌਕਰੀ ਵਿੱਚੋਂ ਕੱਢਣ ਦੀ ਧਮਕੀ ਲੈ ਕੇ ਡਾਇਰੈਕਟਰ ਦੇ ਕਮਰੇ ਵਿੱਚੋਂ ਬਾਹਰ ਆ ਗਿਆ। ਸ਼ਾਖ਼ਾ ਵਾਲੇ ਬਦਲੀ ਬਾਰੇ ਪੁੱਛਣ, ਮੈਂ ਉਨ੍ਹਾਂ ਨੂੰ ਕੀ ਦੱਸਾਂ ਕਿ ਮੇਰੇ ਨਾਲ ਤਾਂ ਬੁਰੀ ਹੋਈ ਹੈ? ਸ਼ਾਮ ਨੂੰ ਦਫਤਰੋਂ ਛੁੱਟੀ ਹੋਣ ਤੋਂ ਬਾਅਦ ਮੈਂ ਫਿਰ ਐੱਮ ਐੱਲ ਏ ਹੋਸਟਲ ਸ੍ਰੀ ਬੇਅੰਤ ਸਿੰਘ ਕੋਲ ਚਲਾ ਗਿਆ। ਜਦੋਂ ਮੈਂ ਉਨ੍ਹਾਂ ਨੂੰ ਸਾਰੀ ਗੱਲ ਦੱਸੀ ਤਾਂ ਉਹ ਗੁੱਸੇ ਵਿੱਚ ਅੱਗ-ਬਬੂਲਾ ਹੋ ਗਏ ਤੇ ਕਹਿਣ ਲੱਗੇ ਕਿ ਜਗਜੀਤ ਸਿੰਘ ਸਿੱਧੂ ਆਪ ਸਿਆਸੀ ਪਹੁੰਚ ਕਰਕੇ ਆਈ ਏ ਐੱਸ ਦੀ ਅਸਾਮੀ 'ਤੇ ਲੱਗਿਆ ਬੈਠਾ ਹੈ ਤੇ ਤੁਹਾਨੂੰ ਸਿਆਸੀ ਪਹੁੰਚ ਕਰਾਉਣ ਕਰਕੇ ਨੌਕਰੀ ਵਿੱਚੋਂ ਕੱਢਣ ਦੀ ਧਮਕੀ ਦੇ ਰਿਹਾ ਹੈ। ਤੁਰੰਤ ਉਨ੍ਹਾਂ ਸੰਸਦੀ ਸਕੱਤਰ ਨੂੰ ਫੋਨ ਕੀਤਾ। ਸੰਸਦੀ ਸਕੱਤਰ ਨੇ ਸ੍ਰੀ ਬੇਅੰਤ ਸਿੰਘ ਨੂੰ ਅਗਲੇ ਦਿਨ ਬਰੇਕ ਫਾਸਟ 'ਤੇ ਬੁਲਾ ਲਿਆ। ਡਾਇਰੈਕਟਰ ਨੂੰ ਵੀ ਉਥੇ ਬੁਲਾ ਲਿਆ। ਅਖ਼ੀਰ ਡਾਇਰੈਕਟਰ ਨੇ ਆਪਦੇ ਸ਼ਬਦ ਵਾਪਸ ਲਏ ਤਾਂ ਮਸਲਾ ਹੱਲ ਹੋਇਆ, ਪ੍ਰੰਤੂ ਮੇਰੇ ਵਾਲਾ ਪਰਨਾਲਾ ਉਥੇ ਦਾ ਉਥੇ ਹੀ ਰਿਹਾ। ਮੈਨੂੰ 5 ਸਾਲ ਸਕੱਤਰੇਤ ਵਿੱਚ ਹੀ ਨੌਕਰੀ ਕਰਨੀ ਪਈ। 1979 ਵਿੱਚ ਪਟਿਆਲਾ ਆਉਣ ਦਾ ਇਤਫਾਕ ਬਣਿਆ।

***# ਸੰਪਰਕ : 94178 13072***

## ਪਾਠਕ-ਸੱਥ

### ਸੋਸ਼ਲ ਮੀਡੀਆ ਦੀ ਵਧ ਰਹੀ ਲਤ ਚਿੰਤਾ ਦਾ ਵਿਸ਼ਾ

ਅੱਜ ਦੇ ਸਮੇਂ 'ਚ ਸੋਸ਼ਲ ਮੀਡੀਆ ਸਾਡੀ ਜ਼ਿੰਦਗੀ ਦਾ ਇੱਕ ਅਨਿੱਖੜਵਾਂ ਅੰਗ ਬਣ ਗਿਆ ਹੈ। ਦੋਸਤਾਂ ਅਤੇ ਪਰਵਾਰ ਨਾਲ ਜੁੜੇ ਰਹਿਣ ਤੋਂ ਲੈ ਕੇ ਤਾਜ਼ਾ ਖਬਰਾਂ ਅਤੇ ਰੁਝਾਨਾਂ ਬਾਰੇ ਸੂਚਿਤ ਰਹਿਣ ਤੱਕ ਸੋਸ਼ਲ ਮੀਡੀਆ ਪਲੇਟਫਾਰਮ ਬਹੁਤ ਸਾਰੇ ਲਾਭਾਂ ਦੀ ਪੇਸ਼ਕਸ਼ ਕਰਦੇ ਹਨ। ਹਾਲਾਂਕਿ ਇਹਨਾਂ ਪਲੇਟਫਾਰਮਾਂ ਦੀ ਬਹੁਤ ਜ਼ਿਆਦਾ ਵਰਤੋਂ ਇੱਕ ਖਤਰਨਾਕ ਲਤ ਦਾ ਕਾਰਨ ਬਣ ਸਕਦੀ ਹੈ, ਜਿਸ ਦਾ ਸਾਡੀ ਮਾਨਸਿਕ ਅਤੇ ਭਾਵਨਾਤਮਕ ਤੰਦਰੁਸਤੀ 'ਤੇ ਮਹੱਤਵਪੂਰਣ ਪ੍ਰਭਾਵ ਪੈ ਸਕਦਾ ਹੈ। ਸੋਸ਼ਲ ਮੀਡੀਆ ਦੀ ਲਤ ਸੋਸ਼ਲ ਮੀਡੀਆ ਪਲੇਟਫਾਰਮਾਂ ਦੀ ਬਹੁਤ ਜ਼ਿਆਦਾ ਵਰਤੋਂ ਨੂੰ ਦਰਸਾਉਂਦੀ ਹੈ, ਜੋ ਕਿਸੇ ਵਿਅਕਤੀ ਦੇ ਰੋਜ਼ਾਨਾ ਜੀਵਨ ਦੀਆਂ ਗਤੀਵਿਧੀਆਂ ਵਿੱਚ ਦਖਲ-ਅੰਦਾਜ਼ੀ ਕਰਦਾ ਹੈ। ਜੋ ਲੋਕ ਸੋਸ਼ਲ ਮੀਡੀਆ ਦੇ ਆਦੀ ਹਨ, ਉਹ ਅਣਗਿਣਤ ਘੰਟੇ ਆਪਣੀਆਂ ਫੀਡਾਂ ਰਾਹੀਂ ਬ੍ਰਾਊਜ਼ ਕਰਨ, ਸੂਚਨਾਵਾਂ ਦੀ ਜਾਂਚ ਕਰਨ ਅਤੇ ਆਪਣੀ ਸਮਾਂ-ਸੀਮਾਵਾਂ ਰਾਹੀਂ ਸਕ੍ਰੋਲ ਕਰਨ ਲਈ ਬਿਤਾਉਂਦੇ ਹਨ। ਇਸ ਦੀ ਬਹੁਤ ਜ਼ਿਆਦਾ ਵਰਤੋਂ ਨਾਲ ਨਕਾਰਾਤਮਕ ਨਤੀਜੇ ਨਿਕਲ ਸਕਦੇ ਹਨ, ਜਿਸ ਵਿੱਚ ਉਤਪਾਦਕਤਾ ਵਿੱਚ ਕਮੀ, ਨੀਂਦ ਦੀ ਕਮੀ ਅਤੇ ਸਰੀਰਕ ਸਿਹਤ ਵਿੱਚ ਗਿਰਾਵਟ ਸ਼ਾਮਲ ਹੈ। ਇਸ ਤੋਂ ਇਲਾਵਾ ਸੋਸ਼ਲ ਮੀਡੀਆ ਸਾਡੀ ਮਾਨਸਿਕ ਸਿਹਤ 'ਤੇ ਵੀ ਮਾੜਾ ਪ੍ਰਭਾਵ ਪਾ ਸਕਦਾ ਹੈ। ਸੋਸ਼ਲ ਮੀਡੀਆ 'ਤੇ ਦੂਜਿਆਂ ਨਾਲ ਲਗਾਤਾਰ ਤੁਲਨਾ ਘੱਟ ਸਵੈ-ਮਾਣ ਅਤੇ ਚਿੰਤਾ ਦੀਆਂ ਭਾਵਨਾਵਾਂ ਦਾ ਕਾਰਨ ਬਣ ਸਕਦੀ ਹੈ। ਸੋਸ਼ਲ ਮੀਡੀਆ ਦੀ ਲਤ ਇਕੱਲਤਾ ਅਤੇ ਉਦਾਸੀ ਦੀਆਂ ਭਾਵਨਾਵਾਂ ਦਾ ਕਾਰਨ ਵੀ ਬਣ ਸਕਦੀ ਹੈ, ਕਿਉਂਕਿ ਲੋਕ ਆਪਣੀ ਸਕਰੀਨ 'ਤੇ ਜ਼ਿਆਦਾ ਸਮਾਂ ਬਿਤਾਉਂਦੇ ਹਨ ਅਤੇ ਅਸਲ ਜ਼ਿੰਦਗੀ ਵਿਚ ਦੂਜਿਆਂ ਨਾਲ ਘੱਟ ਸਮਾਂ ਬਿਤਾਉਂਦੇ ਹਨ।

ਸੋਸ਼ਲ ਮੀਡੀਆ ਦੀ ਲਤ ਤੋਂ ਛੁਟਕਾਰਾ ਪਾਉਣ ਲਈ ਇਨ੍ਹਾਂ ਪਲੇਟਫਾਰਮਾਂ 'ਤੇ ਬਿਤਾਏ ਸਮੇਂ ਦਾ ਧਿਆਨ ਰੱਖਣਾ ਜ਼ਰੂਰੀ ਹੈ। ਆਪਣੇ ਲਈ ਸੀਮਾਵਾਂ ਨਿਰਧਾਰਤ ਕਰੋ ਅਤੇ ਸੋਸ਼ਲ ਮੀਡੀਆ 'ਤੇ ਆਪਣਾ ਸਮਾਂ ਸੀਮਤ ਕਰਨ ਲਈ ਸੁਚੇਤ ਕੋਸ਼ਿਸ਼ ਕਰੋ। ਹੋਰ ਗਤੀਵਿਧੀਆਂ ਵਿੱਚ ਸ਼ਾਮਲ ਹੋਣਾ ਵੀ ਮਹੱਤਵਪੂਰਨ ਹੈ, ਜੋ ਤੁਹਾਨੂੰ ਸੰਤੁਸ਼ਟੀ ਅਤੇ ਖੁਸ਼ੀ ਪ੍ਰਦਾਨ ਕਰਦੀਆਂ ਹਨ, ਜਿਵੇਂ ਕਿ ਪੜ੍ਹਨਾ, ਕਸਰਤ ਕਰਨਾ ਅਤੇ ਦੋਸਤਾਂ ਅਤੇ ਪਰਵਾਰ ਨਾਲ ਸਮਾਂ ਬਿਤਾਉਣਾ। ਇਸ ਦੀ ਵਧੇਰੇ ਵਰਤੋਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਸੁਚੇਤ ਰਹਿਣ ਨਾਲ ਅਤੇ ਜੋ ਸਾਨੂੰ ਖੁਸੀ ਦੇ ਸਕਦੀਆਂ ਹਨ, ਉਹਨਾਂ ਗਤੀਵਿਧੀਆਂ ਵਿੱਚ ਸ਼ਾਮਲ ਹੋ ਕੇ ਅਸੀਂ ਖ਼ੁਸ਼ਹਾਲ ਅਤੇ ਸਿਹਤਮੰਦ ਜੀਵਨ ਜੀਅ ਸਕਦੇ ਹਾਂ।

*-ਚਾਨਣਦੀਪ ਸਿੰਘ ਔਲਖ, 98768-88177*

13-FEB-PAGE-5.qxd 2/12/2023 9:08 PM Page 1



# ਐੱਸ ਸੀ ਮੰਤਰੀਆਂ ਤੇ ਵਿਧਾਇਕਾਂ ਦੇ ਘਰਾਂ/ਦਫਤਰਾਂ ਅੱਗੇ 28 ਨੂੰ ਦੇਵਾਂਗੇ ਧਰਨੇ : ਸਮਾਓਂ

## ਰਾਖਵੇਂ ਹਲਕਿਆਂ ਦੇ ਵਿਧਾਇਕਾਂ ਤੇ ਮੰਤਰੀਆਂ 'ਤੇ ਆਪਣੀ ਜ਼ਿੰਮੇਵਾਰੀ ਤੋਂ ਭੱਜਣ ਦੇ ਲਾਏ ਦੋਸ਼



**ਮਾਨਸਾ (ਆਤਮਾ ਸਿੰਘ ਪਮਾਰ)**

ਮਜ਼ਦੂਰ ਮੁਕਤੀ ਮੋਰਚਾ ਪੰਜਾਬ ਵੱਲੋਂ ਰਾਜ ਵਿੱਚ ਨਿੱਤ ਦਿਨ ਦਲਿਤਾਂ ਉੱਪਰ ਹੋ ਰਹੇ ਅੱਤਿਆਚਾਰਾਂ ਸਮੇਂ ਜ਼ਬਾਨ ਬੰਦ ਕਿਉਂ?, ਜਵਾਬ ਦਿਓ ਨਾਹਰੇ ਹੇਠ ਰਾਖਵੇਂ ਹਲਕਿਆਂ ਤੋਂ ਜਿੱਤ ਕੇ ਸੱਤਾ ਦਾ ਅਨੰਦ ਮਾਣ ਰਹੇ ਮੰਤਰੀਆਂ, ਵਿਧਾਇਕਾਂ ਦੇ ਘਰਾਂ, ਦਫਤਰਾਂ ਅੱਗੇ 28 ਫਰਵਰੀ ਨੂੰ ਧਰਨੇ ਦਿੱਤੇ ਜਾਣਗੇ। ਇਹ ਐਲਾਨ ਇਥੇ ਏ ਡੀ ਸੀ ਵਿਕਾਸ ਦਫਤਰ ਅੱਗੇ ਜਾਰੀ 192ਵੇਂ ਦਿਨਾਂ ਤੋਂ ਪੱਕੇ ਮਜ਼ਦੂਰ ਮੋਰਚੇ ਨੂੰ ਸੰਬੋਧਨ ਕਰਦਿਆਂ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਸੂਬਾ ਪ੍ਰਧਾਨ ਭਗਵੰਤ ਸਿੰਘ ਸਮਾਓਂ ਨੇ ਕੀਤਾ। ਉਨ੍ਹਾ ਕਿਹਾ ਕਿ ਆਪ ਸਰਕਾਰ ਦੇ ਰਾਜ ਵਿੱਚ ਪੰਜਾਬ ਅੰਦਰ ਯੂ ਪੀ, ਬਿਹਾਰ ਦੀ ਤਰ੍ਹਾਂ ਨਿੱਤ ਦਿਨ ਦਲਿਤਾਂ ਉੱਪਰ ਅੱਤਿਆਚਾਰ ਹੋ ਰਹੇ ਹਨ। ਉਨ੍ਹਾ ਕਿਹਾ ਕਿ ਮਾਨਸਾ ਜ਼ਿਲ੍ਹੇ ਦੇ ਪਿੰਡ ਰੱਲਾ ਕਤਲ ਕਾਂਡ ਵਿੱਚ ਦੋ ਦਲਿਤਾਂ ਨੂੰ ਫੱਟੜ ਕਰਨ ਤੇ ਇੱਕ ਦਲਿਤ ਔਰਤ ਦਾ ਕਤਲ ਕਰਨ ਸਮੇਤ ਜ਼ਿਲ੍ਹਾ ਮਲੇਰਕੋਟਲਾ ਦੇ ਪਿੰਡ ਮੋਰਾਂਵਾਲੀ ਦਲਿਤ ਬੱਚਿਆਂ ਦੀ ਬੁਰੀ ਤਰ੍ਹਾਂ ਕੁੱਟਮਾਰ ਕਰਨ, ਜ਼ਿਲ੍ਹਾ ਪਟਿਆਲਾ ਵਿੱਚ ਧਨਾਢਾਂ ਦੇ ਕਾਕਿਆਂ ਵੱਲੋਂ 12 ਸਾਲਾਂ ਦੀ ਦਲਿਤ ਬੱਚੀ ਨਾਲ ਹੋਏ ਬਲਾਤਕਾਰ ਹੋਣ, ਜ਼ਿਲ੍ਹਾ ਸੰਗਰੂਰ ਦੇ ਪਿੰਡ ਗੁਜਰਾਂ ਵਿਖੇ ਦੋ ਬੱਕਰੀਆਂ ਵਾਲੇ ਦਲਿਤ ਨੌਜਵਾਨਾਂ ਦੀ ਕੁੱਟਮਾਰ ਕਰਕੇ ਨਕਾਰਾ ਕਰਨ ਤੇ ਦੂਜੇ ਨੂੰ ਮੌਤ ਦੇ ਘਾਟ ਉਤਾਰਨ ਦੀਆਂ ਦਿਲ ਕੰਬਾਊ ਘਟਨਾਵਾਂ ਤੋਂ ਬਾਅਦ ਸਮਾਜਿਕ ਜਬਰ ਦੇ ਪੀੜਤ ਦਲਿਤਾਂ ਨੂੰ ਇਨਸਾਫ ਦਿਵਾਉਣ ਲਈ ਮਜ਼ਦੂਰ, ਦਲਿਤ ਜਥੇਬੰਦੀਆਂ ਨੂੰ ਲੰਬੇ ਸੰਘਰਸ਼ ਕਰਨ ਦੇ ਬਾਅਦ ਵੀ ਪੂਰਾ ਇਨਸਾਫ ਨਹੀਂ ਮਿਲਿਆ। ਉਨ੍ਹਾ ਕਿਹਾ ਕਿ ਮਾਨ ਸਰਕਾਰ ਦਲਿਤਾਂ 'ਤੇ ਹੋ ਰਹੇ ਅੱਤਿਆਚਾਰਾਂ ਨੂੰ ਰੋਕਣ ਲਈ ਗੰਭੀਰ/ਸੰਜੀਦਾ ਨਹੀਂ ਜਾਪਦੀ। ਉਨ੍ਹਾ ਕਿਹਾ ਕਿ ਵੋਟਾਂ ਸਮੇਂ ਹਰ ਦੁੱਖ, ਸੁੱਖ 'ਚ ਖੜਨ ਦਾ ਵਾਅਦਾ ਕਰਨ ਵਾਲੇ ਸੱਤਾਧਾਰੀ ਸਮੇਤ ਵਿਰੋਧੀ ਲੀਡਰ ਵੀ ਸਮਾਜਿਕ ਜਬਰ ਦਾ ਸ਼ਿਕਾਰ ਦਲਿਤ ਪਰਿਵਾਰਾਂ ਦੇ ਸੱਥਰ 'ਤੇ ਬੈਠਣਾ ਵੀ ਮੁਨਾਸਬ ਨਹੀਂ ਸਮਝਦੇ। ਇਥੋਂ ਤੱਕ ਕਿ ਦਲਿਤ ਸਮਾਜ ਦੇ ਰਾਖਵੇਂ ਹਲਕਿਆਂ ਤੋਂ ਜਿੱਤ ਕੇ ਸੱਤਾ ਵਿੱਚ ਬੈਠੇ ਐੱਸ ਸੀ ਤੇ ਬੀ ਸੀ ਮੰਤਰੀਆਂ, ਵਿਧਾਇਕਾਂ ਨੇ ਵੀ ਹਾਲਚਾਲ ਤਾਂ ਕੀ ਪੁੱਛਣਾ ਹੋਇਆ, ਸਗੋਂ ਹਰ ਵਾਰ ਮੂੰਹ ਵਿੱਚ ਘੁੰਗਣੀਆਂ ਪਾ ਲੈਂਦੇ ਹਨ। ਉਨ੍ਹਾ ਕਿਹਾ ਕਿ ਰਾਖਵੇਂ ਹਲਕਿਆਂ ਤੋਂ ਜਿੱਤੇ ਐੱਸ ਸੀ ਲੀਡਰਾਂ ਦੀਆਂ ਮੌਕਾਪ੍ਰਸਤੀਆਂ ਤੇ ਸਵਾਰਥਾਂ ਕਰਕੇ ਹੀ ਦਲਿਤ ਸਮਾਜ ਮੁੜ ਗੁਲਾਮੀ ਦੀ ਦਲਦਲ ਵਿੱਚ ਗ੍ਰਸਤ ਹੁੰਦਾ ਜਾ ਰਿਹਾ ਹੈ। ਉਨ੍ਹਾ ਕਿਹਾ ਕਿ 28 ਫਰਵਰੀ ਨੂੰ ਰਾਖਵੇਂ ਹਲਕਿਆਂ ਤੋਂ ਜਿੱਤੇ ਮੰਤਰੀਆਂ, ਵਿਧਾਇਕਾਂ ਦੇ ਘਰਾਂ/ਦਫਤਰਾਂ ਅੱਗੇ ਰੋਸ ਧਰਨੇ ਦੇ ਕੇ ਉਨ੍ਹਾਂ ਨੂੰ ਲਾਹਣਤਾਂ ਪਾਈਆਂ ਜਾਣਗੀਆਂ ਅਤੇ ਉਨ੍ਹਾਂ ਨੂੰ ਆਪਣੀ ਜ਼ਿੰਮੇਵਾਰੀ ਦਾ ਅਹਿਸਾਸ ਕਰਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਦਲਿਤਾਂ, ਮਜ਼ਦੂਰਾਂ ਦੀ ਆਜ਼ਾਦ ਸਿਆਸੀ ਜਥੇਬੰਦਕ ਤਾਕਤ ਉਸਾਰਨ ਲਈ ਸੰਘਰਸ਼ ਨੂੰ ਲਗਾਤਾਰ ਜਾਰੀ ਰੱਖਿਆ ਜਾਵੇਗਾ। ਇਸ ਸਮੇਂ ਨਿੱਕਾ ਸਿੰਘ ਬਹਾਦਰਪੁਰ ਜ਼ਿਲ੍ਹਾ ਪ੍ਰਧਾਨ, ਮਨਜੀਤ ਕੌਰ ਜੋਗਾ, ਮੇਲਾ ਸਿੰਘ ਮੋਹਰ ਸਿੰਘ ਵਾਲਾ, ਜਰਨੈਲ ਸਿੰਘ ਮਾਨਸਾ, ਗੁਰਮੇਲ ਸਿੰਘ ਖੋਖਰ, ਭੋਲਾ ਸਿੰਘ ਝੱਬਰ, ਕਮਲਪ੍ਰੀਤ ਕੌਰ ਝੁਨੀਰ, ਦਰਸ਼ਨ ਸਿੰਘ ਦਾਨੇਵਾਲਾ, ਗਗਨਦੀਪ ਸਿੰਘ ਖੜਕ ਸਿੰਘ ਵਾਲਾ ਵੀ ਹਾਜ਼ਰ ਸਨ।

## ਵਾਦ-ਵਿਵਾਦ ਮੁਕਾਬਲੇ ਕਰਾਏ



**ਦੋਰਾਹਾ (ਹਰਮਿੰਦਰ ਸਿੰਘ ਸੇਠ)**-ਗੁਰੂ ਨਾਨਕ ਨੈਸ਼ਨਲ ਕਾਲਜ ਵਿਖੇ ਸਮਾਜ-ਸ਼ਾਸਤਰ ਤੇ ਰਾਜਨੀਤੀ ਸ਼ਾਸਤਰ ਵਿਭਾਗ ਵੱਲੋਂ ਵਾਦ-ਵਿਵਾਦ ਮੁਕਾਬਲੇ ਕਰਾਏ ਗਏ, ਜਿਸ ਵਿੱਚ ਭਖਦੇ ਮੁੱਦਿਆਂ: ਪੈਤ੍ਰਿਕ ਸੱਤਾ ਤੇ ਧਰਮ ਅਤੇ ਜਾਤੀ ਦੀ ਰਾਜਨੀਤੀ ਵਿਚ ਭੂਮਿਕਾ ਨੂੰ ਆਧਾਰ ਬਣਾ ਕੇ ਵਿਦਿਆਰਥੀਆਂ ਦੁਆਰਾ ਆਪਣੇ ਵਿਚਾਰ ਪੇਸ਼ ਕੀਤੇ ਗਏ। ਸਮਾਜ ਸ਼ਾਸਤਰ ਵਿਭਾਗ ਦੇ ਮੁਖੀ ਪ੍ਰੋ. ਨਿਧੀ ਸਰੂਪ ਨੇ ਦੱਸਿਆ ਕਿ ਇਹ ਦੋਵੇਂ ਹੀ ਵਿਸ਼ੇ ਵਰਤਮਾਨ ਸਮੇਂ ਤੇ ਹਾਲਾਤਾਂ ਨੂੰ ਦੇਖਦੇ ਹੋਏ ਚੁਣੇ ਗਏ ਹਨ। ਉਨ੍ਹਾਂ ਕਿਹਾ ਕਿ ਲੋੜ ਹੈ ਹੁਣ ਧਰਮ, ਜਾਤ ਤੇ ਪੈਤ੍ਰਿਕ ਸੱਤਾ ਤੋਂ ਉੱਪਰ ਉੱਠ ਕੇ ਸਮਾਜ ਵਿੱਚ ਵਿਚਰਨ ਦੀ ਅਤੇ ਰਾਜ ਲਈ ਨੀਤੀਆਂ ਬਣਾਉਣ ਦੀ ਤਾਂ ਜੁ ਸਮਾਜ ਨੂੰ ਇੱਕ ਨਵੀਂ ਸੇਧ ਪ੍ਰਦਾਨ ਕੀਤੀ ਜਾ ਸਕੇ। ਇਸ ਮੁਕਾਬਲੇ ਵਿੱਚ ਕੁੱਲ 15 ਵਿਦਿਆਰਥੀਆਂ ਨੇ ਭਾਗ ਲਿਆ। ਮੁਕਾਬਲੇ ਦੇ ਅੰਤ ਵੱਲ ਵਧਦਿਆਂ ਕਾਲਜ ਪ੍ਰਿੰਸੀਪਲ ਡਾ. ਨਿਰਲੇਪ ਕੌਰ ਨੇ ਪਹਿਲੇ, ਦੂਜੇ, ਤੀਜੇ ਸਥਾਨ ਤੇ ਰਹਿਣ ਵਾਲੇ ਵਿਦਿਆਰਥੀਆਂ ਨੂੰ ਮੈਡਲ ਪਾ ਕੇ ਸਨਮਾਨਤ ਕੀਤਾ, ਉੱਥੇ ਹੀ ਭਾਗੀਦਾਰ ਵਿਦਿਆਰਥੀਆਂ ਨੂੰ ਹੌਸਲਾ ਅਫਜ਼ਾਈ ਇਨਾਮ ਦਿੱਤੇ ਗਏ। ਇਸ ਸਮੇਂ ਡਾ. ਅਮਨਦੀਪ ਕੁਲਾਰ (ਮੁਖੀ, ਅਰਥ ਸ਼ਾਸਤਰ ਵਿਭਾਗ), ਪ੍ਰੋ. ਕੁਲਵਿੰਦਰ ਕੌਰ (ਸਮਾਜ ਸ਼ਾਸਤਰ ਵਿਭਾਗ), ਪ੍ਰੋ. ਸਨਦੀਪ ਸਿੰਘ ਹੁੰਦਲ (ਮੁਖੀ, ਇਤਿਹਾਸ ਵਿਭਾਗ), ਪ੍ਰੋ. ਹਰਪ੍ਰੀਤ ਕੌਰ ਕਾਹਲੋਂ (ਪੰਜਾਬੀ ਵਿਭਾਗ), ਪ੍ਰੋ. ਮਨਦੀਪ ਕੌਰ (ਰਾਜਨੀਤੀ ਸ਼ਾਸਤਰ ਵਿਭਾਗ), ਪ੍ਰੋ. ਨਵਨੀਤ ਕੌਰ (ਹਿੰਦੀ ਵਿਭਾਗ) ਤੇ ਪ੍ਰੋ. ਜਸਪ੍ਰੀਤ ਕੌਰ (ਰਾਜਨੀਤੀ ਸ਼ਾਸਤਰ ਵਿਭਾਗ) ਹਾਜ਼ਰ ਸਨ।

# ਬਨੇਗਾ ਕਾਨੂੰਨ ਪਾਸ ਹੋਣ ਨਾਲ ਨੌਜਵਾਨਾਂ 'ਚ ਨਿਰਾਸ਼ਤਾ ਖਤਮ ਹੋਵੇਗੀ : ਢਾਬਾਂ, ਧਰਮੂਵਾਲਾ

## ਵਿਦਿਆਰਥੀਆਂ ਤੇ ਨੌਜਵਾਨਾਂ ਵੱਲੋਂ ਬੁਲਾਰੇ ਬਣਾਉਣ ਲਈ ਟ੍ਰੇਨਿੰਗ ਕੈਂਪ



**ਜਲਾਲਾਬਾਦ (ਜੀਤ ਕੁਮਾਰ)**

ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਤੇ ਸਰਬ ਭਾਰਤ ਨੌਜਵਾਨ ਸਭਾ ਪੰਜਾਬ ਵੱਲੋਂ ਚਲਾਈ 'ਰੁਜ਼ਗਾਰ ਪ੍ਰਾਪਤੀ ਮੁਹਿੰਮ' ਤਹਿਤ ਸਥਾਨਕ ਤੰਤਰ ਭਵਨ ਵਿਖੇ ਵਿਦਿਆਰਥੀਆਂ ਤੇ ਨੌਜਵਾਨਾਂ ਵੱਲੋਂ ਬੁਲਾਰੇ ਬਣਨ ਲਈ ਟ੍ਰੇਨਿੰਗ ਕੈਂਪ ਲਾਇਆ ਗਿਆ। ਇਸ ਟ੍ਰੇਨਿੰਗ ਕੈਂਪ ਦੀ ਪ੍ਰਧਾਨਗੀ ਏ ਆਈ ਐੱਸ ਐੱਫ ਦੇ ਜ਼ਿਲ੍ਹਾ ਪ੍ਰਧਾਨ ਰਮਨ ਧਰਮੂਵਾਲਾ ਤੇ ਆਗੂ ਅਮਨਦੀਪ ਕੌਰ ਤੋਤਿਆਂਵਾਲਾ ਨੇ ਕੀਤੀ। ਇਸ ਮੌਕੇ ਬੁਲਾਰੇ ਬਣਾਉਣ ਲਈ ਟ੍ਰੇਨਿੰਗ ਦੇਣ ਲਈ ਵਿਸ਼ੇਸ਼ ਤੌਰ 'ਤੇ ਪਹੁੰਚੇ ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਪ੍ਰਧਾਨ ਐਡਵੋਕੇਟ ਪਰਮਜੀਤ ਢਾਬਾਂ ਤੇ ਰਮਨ ਧਰਮੂਵਾਲਾ ਨੇ ਵਿਦਿਆਰਥੀਆਂ ਅਤੇ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਵਿਦਿਆਰਥੀ ਤੇ ਨੌਜਵਾਨ ਦੇਸ਼ ਦਾ ਸਰਮਾਇਆ ਹੁੰਦੇ ਹਨ ਅਤੇ ਇਸ ਸਰਮਾਏ ਨੂੰ ਸਾਂਭ ਕੇ ਰੱਖਣਾ ਸਰਕਾਰ ਦੀ ਮੁਢਲੀ ਜ਼ਿੰਮੇਵਾਰ ਹੈ।

ਸਾਥੀ ਢਾਬਾਂ ਤੇ ਧਰਮੂਵਾਲਾ ਨੇ ਕਿਹਾ ਕਿ ਦੇਸ਼ ਦੀ ਤਰੱਕੀ ਵਿੱਚ ਹਿੱਸਾ ਪਾਉਣ ਲਈ ਨੌਜਵਾਨ ਦਾ ਬੁਲਾਰਾ ਹੋਣਾ ਇਕ ਅਹਿਮ ਪੱਖ ਹੈ। ਇਕ ਸੱਚਾ ਤੇ ਇਮਾਨਦਾਰ ਬੁਲਾਰਾ ਦੇਸ਼ ਤੇ ਸਮਾਜ ਦੀ ਤਰੱਕੀ ਵਿੱਚ ਹਿੱਸਾ ਪਾਉਣ ਲਈ ਆਪਣਾ ਅਹਿਮ ਰੋਲ ਅਦਾ ਕਰਦਾ ਹੈ। ਉਨ੍ਹਾਂ ਕਿਹਾ ਕਿ ਬੜੇ ਅਫਸੋਸ ਨਾਲ ਕਹਿਣਾ ਪੈਂਦਾ ਹੈ ਕਿ ਦੇਸ਼ ਦੀ ਸੱਤਾ 'ਤੇ ਲੰਮਾ ਸਮਾਂ ਰਾਜ ਕਰਨ ਵਾਲੀਆਂ ਸਰਕਾਰਾਂ ਨੇ ਦੇਸ਼ ਦੇ ਅਸਲ ਸਰਮਾਏ ਨੌਜਵਾਨਾਂ ਨੂੰ ਸਾਂਭਣ ਦਾ ਕੰਮ ਨਹੀਂ ਕੀਤਾ। ਆਗੂਆਂ ਨੇ ਕਿਹਾ ਕਿ ਦੇਸ਼ ਅੰਦਰ ਕੁੱਲ 40 ਕਰੋੜ ਨੌਜਵਾਨ ਬੇਰੁਜ਼ਗਾਰ ਫਿਰ ਰਹੇ ਹਨ। ਉਨ੍ਹਾਂ ਦੇ ਰੁਜ਼ਗਾਰ ਦੀ ਗਰੰਟੀ ਕਰਨ ਦੀ ਬਜਾਏ ਸਿਰਫ ਵੋਟਾਂ ਬਟੋਰਨ ਲਈ ਲਾਰੇ ਲਗਾ ਕੇ ਝੂਠੇ ਵਾਅਦੇ ਕੀਤੇ ਜਾ ਰਹੇ ਹਨ। ਵਿਦਿਆਰਥੀਆਂ ਤੇ ਨੌਜਵਾਨਾਂ ਦੇ ਆਗੂਆਂ ਨੇ ਕਿਹਾ ਕਿ ਸਭ ਲਈ ਰੁਜ਼ਗਾਰ ਗਰੰਟੀ ਕਰਦਾ ਕਾਨੂੰਨ "ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ" (ਬਨੇਗਾ) ਦੇਸ਼ ਦੀ ਪਾਰਲੀਮੈਂਟ 'ਚ ਪਾਸ ਕਰਵਾਉਣਾ ਸਮੇਂ ਦੀ ਮੁੱਖ ਲੋੜ ਬਣ ਗਿਆ ਹੈ।

ਆਗੂਆਂ ਨੇ ਚਿੰਤਾ ਪ੍ਰਗਟਾਉਂਦਿਆਂ ਕਿਹਾ ਕਿ ਨੌਜਵਾਨ ਡਿਗਰੀਆਂ/ਡਿਪਲੋਮੇ ਪ੍ਰਾਪਤ ਕਰਕੇ ਬੇਰੁਜ਼ਗਾਰੀ ਦਾ ਸੰਤਾਪ ਹੰਢਾਉਣ ਕਾਰਨ ਗਲਤ ਰਸਤੇ ਅਪਣਾਉਣ ਲਈ ਮਜਬੂਰ ਹੁੰਦੇ ਹਨ ਤੇ ਉਹ ਹਰ ਵਕਤ ਨਿਰਾਸ਼ਾ 'ਚ ਰਹਿੰਦੇ ਹਨ। ਆਗੂਆਂ ਨੇ ਕਿਹਾ ਕਿ ਜੇਕਰ ਦੇਸ਼ ਦੀ ਸੰਸਦ 'ਚ 'ਬਨੇਗਾ' ਕਾਨੂੰਨ ਪਾਸ ਹੋ ਜਾਂਦਾ ਹੈ ਤਾਂ ਦੇਸ਼ ਦੇ ਨੌਜਵਾਨ ਨਿਰਾਸ਼ਾ 'ਚੋਂ ਨਿੱਕਲ ਕੇ ਉਨ੍ਹਾਂ ਦੀ ਜ਼ਿੰਦਗੀ 'ਚ ਖੁਸ਼ੀਆਂ ਤੇ ਖੇੜੇ ਆਉਣਗੇ, ਕਿਉਂਕਿ ਰੋਜ਼ਗਾਰ ਦੀ ਗਾਰੰਟੀ ਮਨੁੱਖ ਲਈ ਵਧੀਆ ਜ਼ਿੰਦਗੀ ਜਿਉਣ ਦੀ ਗਰੰਟੀ ਬਣਦੀ ਹੈ ਤੇ ਆਰਥਿਕਤਾ ਮਜ਼ਬੂਤ ਹੁੰਦੀ ਹੈ। ਆਗੂਆਂ ਨੇ ਕਿਹਾ ਕਿ ਬਨੇਗਾ ਕਾਨੂੰਨ ਤਹਿਤ ਅਨਪੜ੍ਹ ਤੇ ਅਣਸਿੱਖਿਅਤ ਲਈ 25 ਹਜ਼ਾਰ ਰੁਪਏ ਪ੍ਰਤੀ ਮਹੀਨਾ ਤਨਖਾਹ ਦੀ ਗਰੰਟੀ, ਅਰਧ ਸਿੱਖਿਅਤ ਲਈ 30 ਹਜ਼ਾਰ ਰੁਪਏ ਪ੍ਰਤੀ ਮਹੀਨਾ, ਸਿੱਖਿਅਤ ਲਈ 35 ਹਜ਼ਾਰ ਤੇ ਉੱਚ ਸਿੱਖਿਆ ਲਈ 45 ਹਜ਼ਾਰ ਰੁਪਏ ਪ੍ਰਤੀ ਮਹੀਨਾ ਤਨਖਾਹ ਦੀ ਗਰੰਟੀ ਹੋਣਾ ਹੋਵੇਗਾ। ਇਸ ਦੀ ਪ੍ਰਾਪਤੀ ਲਈ ਹਰ ਵਿਦਿਆਰਥੀ ਤੇ ਨੌਜਵਾਨ ਨੂੰ ਆਪਣੀ ਤਾਕਤ ਮੈਦਾਨ ਵਿੱਚ ਝੋਕ ਦੇਣੀ ਪਵੇਗੀ। ਇਸ ਮੌਕੇ ਹੋਰਾਂ ਤੋਂ ਇਲਾਵਾ ਅਵਨਦੀਪ ਕੌਰ ਤੋਤਿਆਂ ਵਾਲੀ, ਸੈਨਾ ਰਾਏ, ਗੁਰਪ੍ਰੀਤ ਸਿੰਘ ਜੰਡਵਾਲਾ, ਮਨੀਸ਼ਾ ਰਾਣੀ, ਰਮਨਦੀਪ ਕੌਰ, ਗੁਰਪ੍ਰੀਤ ਸਿੰਘ ਅਰਨੀਵਾਲਾ, ਅਕਾਸ਼ਦੀਪ ਬਾਹਮਣੀ ਵਾਲਾ, ਸੁਰਿੰਦਰ ਬਾਹਮਣੀ ਵਾਲਾ, ਸੁਨੀਲ ਕੁਮਾਰ, ਰਾਜਵਿੰਦਰ ਸਿੰਘ, ਸਾਜਨ ਸਿੰਘ ਤੇ ਰਿਸ਼ਵ ਕੁਮਾਰ ਨੇ ਵੀ ਸੰਬੋਧਨ ਕੀਤਾ।

# ਤਰਕਸ਼ੀਲ ਸੁਸਾਇਟੀ ਵੱਲੋਂ ਮਨਸੂਰਦੇਵਾ 'ਚ ਸੈਮੀਨਾਰ 19 ਨੂੰ



ਮੀਟਿੰਗ ਦੌਰਾਨ ਹਾਜ਼ਰ ਸਾਥੀ।

**ਜ਼ੀਰਾ (ਨਰਿੰਦਰ ਅਨੇਜਾ)**-ਤਰਕਸ਼ੀਲ ਸੁਸਾਇਟੀ ਇਕਾਈ ਜ਼ੀਰਾ ਦੀ ਮਹੀਨਾਵਾਰ ਮੀਟਿੰਗ ਜੀਵਨ ਮੱਲ ਸਕੂਲ ਵਿੱਚ ਸੁਰਿੰਦਰ ਕੁਮਾਰ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਤਰਕਸ਼ੀਲ ਸੁਸਾਇਟੀ ਵੱਲੋਂ ਪਿਛਲੇ ਸਾਲ ਲਈ ਗਈ ਚੇਤਨਾ ਪਰਖ ਮੁਕਾਬਲੇ ਦੌਰਾਨ ਜੇਤੂ ਵਿਦਆਰਥੀਆਂ ਨੂੰ ਇਨਾਮਾਂ ਦੀ ਵੰਡ ਕਰਨ ਸਬੰਧੀ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਸੁਸਾਇਟੀ ਵੱਲੋਂ ਫੈਸਲਾ ਕੀਤਾ ਗਿਆ ਕਿ 19 ਫਰਵਰੀ ਨੂੰ ਪਿੰਡ ਮਨਸੂਰਦੇਵਾ ਵਿਖੇ ਫਿਰ ਇਕ ਸੈਮੀਨਾਰ ਕਰਵਾਇਆ ਜਾਵੇਗਾ, ਜਿਸ ਵਿੱਚ ਜ਼ਮੀਨਾਂ ਨਾਲ ਸਬੰਧਤ ਮਾਲ ਵਿਭਾਗ ਦੀਆਂ ਲਿਖਤਾਂ, ਕੰਮਕਾਜ, ਪਲਾਟ, ਜਮ੍ਹਾਂਬੰਦੀ, ਪੈਮਾਇਸ਼ ਆਦਿ ਸਬੰਧੀ ਜਾਣਕਾਰੀ ਦੇਣਗੇ, ਜਿਸ ਵਿੱਚ ਸਦਰ ਫਿਰੋਜ਼ਪੁਰ ਤੋਂ ਮੁੱਖ ਬੁਲਾਰੇ ਵਤਨਪ੍ਰੀਤ ਸਿੰਘ ਸਦਰ ਕਾਨੂੰਗੋ ਹੋਣਗੇ। ਇਸ ਮੀਟਿੰਗ ਵਿੱਚ ਵੇਦ ਪ੍ਰਕਾਸ ਸੋਨੀ, ਪਰਮਜੀਤ ਵਿਦਿਆਰਥੀ, ਹਰਦੀਪ ਸਿੰਘ ਸ਼ੇਰਗਿੱਲ, ਬਾਬੂ ਸਿੰਘ ਭੜਾਣਾ ਜ਼ਿਲ੍ਹਾ ਪ੍ਰਧਾਨ ਟਰੱਕ ਯੂਨੀਅਨ, ਪ੍ਰੇਮ ਕੁਮਾਰ, ਅਜਮੇਰ ਸਿੰਘ ਇਟਿਆਂਵਾਲੀ, ਨਛੱਤਰ ਸਿੰਘ ਭੜਾਣਾ, ਜੁਗਰਾਜ ਸਿੰਘ, ਪ੍ਰਤਾਪ ਸਿੰਘ ਹੀਰਾ ਆਦਿ ਹਾਜ਼ਰ ਸਨ।

# ਖਜ਼ਾਨਾ ਮੰਤਰੀ ਚੀਮਾ ਨੇ ਬੰਤ ਸਿੰਘ ਛਾਜਲੀ ਨੂੰ ਦਿੱਤੀ ਸ਼ਰਧਾਂਜਲੀ

**ਛਾਜਲੀ (ਜਸਵੀਰ ਲਾਡੀ)**

ਸਥਾਨਕ ਸਮਾਰਾਓ ਪੱਤੀ ਦੇ ਗੁਰਦੁਆਰਾ ਸਾਹਿਬ ਵਿਖੇ ਖਜ਼ਾਨਾ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਨੇ ਪੱਤਰਕਾਰ ਹਰਬੰਸ ਸਿੰਘ ਛਾਜਲੀ ਦੇ ਵੱਡੇ ਭਰਾ ਬੰਤ ਸਿੰਘ ਦੀ ਅੰਤਿਮ ਅਰਦਾਸ ਵਿੱਚ ਸ਼ਾਮਲ ਹੋ ਕੇ ਬੰਤ ਸਿੰਘ ਨੂੰ ਸ਼ਰਧਾਂਜਲੀ ਭੇਟ ਕੀਤੀ। ਮੰਤਰੀ ਹਰਪਾਲ ਸਿੰਘ ਚੀਮਾ ਨੇ ਸ਼ਰਧਾਂਜਲੀ ਭੇਟ ਕਰਦੇ ਹੋਏ ਕਿਹਾ ਕਿ ਬੰਤ ਸਿੰਘ ਦੀ ਮੌਤ ਨਾਲ ਪਰਿਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਪਿੰਡ ਛਾਜਲੀ ਵਿਖੇ ਗੁਰਦੁਆਰਾ ਸਾਹਿਬ ਵਿੱਚ ਰੱਖੇ ਗਏ ਸ਼ਰਧਜਲੀ ਸਮਾਰੋਹ ਵਿੱਚ ਸਾਬਕਾ ਵਿਧਾਇਕ ਸੁਰਜੀਤ ਸਿੰਘ ਧੀਮਾਨ, ਸ਼੍ਰੋਮਣੀ ਅਕਾਲੀ ਦਲ ਸਾਬਕਾ ਜ਼ਿਲ੍ਹਾ ਪ੍ਰਧਾਨ ਤੇਜਾ ਸਿੰਘ ਕਮਾਲਪੁਰ, ਐੱਸ.ਜੀ.ਪੀ.ਸੀ. ਮੈਂਬਰ ਹਰਦੇਵ ਸਿੰਘ ਰੋਗਲਾ, ਆਪ ਆਗੂ ਹਰਵਿੰਦਰ ਸਿੰਘ ਮੰਡੇਰ, ਬਲਦੇਵ ਸਿੰਘ ਸ਼ੇਰਗਿੱਲ, ਦਰਸ਼ਨ ਸਿੰਘ ਬਖਸ਼ੀਵਾਲਾ, ਉਪਿੰਦਰ ਸਿੰਘ ਹਨੀ, ਯੂਥ ਆਗੂ ਰਣਧੀਰ ਸਿੰਘ ਸਮੂਰਾਂ, ਸਾਬਕਾ ਚੇਅਰਮੈਨ ਜੀਤੀ ਜਨਾਲ, ਆੜ੍ਹਤੀ ਐਸੋਸੀਏਸ਼ਨ ਦਿੜ੍ਹਬਾ ਦੇ ਪ੍ਰਧਾਨ ਦਰਸ਼ਨ ਸਿੰਘ ਘੁਮਾਣ, ਸਰਪੰਚ ਇੰਦਰਜੀਤ ਸਿੰਘ ਬਾਵਾ, ਸ਼੍ਰੋਮਣੀ ਅਕਾਲੀ ਦਲ ਸੰਯੁਕਤ ਦੇ ਮੀਡੀਆ ਇੰਚਾਰਜ ਗੁਰਮੀਤ ਸਿੰਘ ਜੌਹਲ, ਅਵਤਾਰ ਸਿੰਘ ਛਾਜਲੀ, ਹਰਮੇਸ਼ ਸਿੰਘ ਮੇਸ਼ੀ, ਗੁਰਜੀਤ ਧੌਂਸੀ, ਅਜੈ ਗੋਇਲ, ਪਰਵਿੰਦਰ ਸੋਨੂੰ, ਜਸਵੀਰ ਲਾਡੀ ਪ੍ਰਧਾਨ ਸਹੀਦ ਭਗਤ ਸਿੰਘ ਮੀਡੀਆ ਸੈਂਟਰ ਛਾਜਲੀ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਸ਼੍ਰੋਮਣੀ ਅਕਾਲੀ ਦਲ ਸੰਯੁਕਤ ਦੇ ਪ੍ਰਧਾਨ ਸੁਖਦੇਵ ਸਿੰਘ ਢੀਂਡਸਾ, ਅਜ਼ਾਦ ਪ੍ਰੈੱਸ ਕਲੱਬ ਦਿੜ੍ਹਬਾ, ਤਰਕਸ਼ੀਲ ਸੁਸਾਇਟੀ ਇਕਾਈ ਦਿੜ੍ਹਬਾ ਨੇ ਸ਼ੋਕ ਮਤੇ ਭੇਜ ਕੇ ਪਰਿਵਾਰ ਨਾਲ ਦੁੱਖ ਪ੍ਰਗਟ ਕੀਤਾ।



## ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਇਲਾਜ ਖਰਚੇ 'ਚ ਮਹਿੰਗਾਈ ਮੁਤਾਬਕ ਤੁਰੰਤ ਵਾਧਾ ਕਰੇ : ਸਰਾਭਾ, ਮੈਲਡੇ, ਰਾਣਵਾਂ

**ਮੁੱਲਾਂਪੁਰ ਦਾਖਾਂ (ਗੁਰਮੇਲ ਮੈਲਡੇ)**-ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ ਦੇ ਸਰਪ੍ਰਸਤ ਚਰਨ ਸਿੰਘ ਸਰਾਭਾ, ਪ੍ਰਧਾਨ ਰਣਜੀਤ ਸਿੰਘ ਰਾਣਵਾਂ, ਜਨਰਲ ਸਕੱਤਰ ਸੁਰਿੰਦਰ ਪਿਆਰੀ ਤੇ ਪੰਜਾਬ ਪੈਨਸ਼ਨਰ ਯੂਨੀਅਨ (ਰਜਿ:) ਦੇ ਪ੍ਰਧਾਨ ਗੁਰਮੇਲ ਸਿੰਘ ਮੈਲਡੇ ਜਨਰਲ ਸਕੱਤਰ ਅਵਤਾਰ ਸਿੰਘ ਗਗੜਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਲਈ ਅੱਖਾਂ ਦੇ ਲੈਂਨਜ਼ ਪਵਾਉਣ, ਐਨਕਾਂ ਲਵਾਉਣ ਤੇ ਗੋਡੇ, ਚੂਲੇ, ਦੰਦ ਆਦਿ ਬਦਲਾਉਣ ਦੇ ਰੇਟਾਂ ਵਿੱਚ ਵਾਧਾ ਕੀਤੇ ਨੂੰ ਦਹਾਕੇ ਬੀਤ ਗਏ ਹਨ, ਮਹਿੰਗਾਈ ਅੰਬਰ ਛੂਹ ਰਹੀ ਹੈ। ਇਨ੍ਹਾਂ ਅੰਗਾਂ ਨੂੰ ਬਦਲਾਉਣ ਲਈ ਪ੍ਰਵਾਨਤ ਪ੍ਰਾਈਵੇਟ ਹਸਪਤਾਲ ਸਰਕਾਰ ਵੱਲੋਂ ਪ੍ਰਵਾਨਤ ਰੇਟਾਂ ਤੋਂ ਕਿਤੇ ਵੱਧ ਵਸੂਲੀ ਕਰ ਰਹੇ ਹਨ, ਇਸ ਲਈ ਮਹਿੰਗਾਈ ਤੇ ਪ੍ਰਾਈਵੇਟ ਹਸਪਤਾਲਾਂ ਦੇ ਰੇਟਾਂ ਨੂੰ ਮੁੱਖ ਰੱਖਦਿਆਂ ਇਨ੍ਹਾਂ ਅੰਗਾਂ ਦੀ ਤਬਦੀਲੀ ਲਈ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਸੂਬਾਈ ਆਗੂਆਂ ਚਰਨ ਸਿੰਘ ਸਰਾਭਾ, ਰਣਜੀਤ ਸਿੰਘ ਰਾਣਵਾਂ, ਗੁਰਮੇਲ ਸਿੰਘ ਮੈਲਡੇ ਵੱਲੋਂ ਮੌਜੂਦਾ ਭਗਵੰਤ ਮਾਨ ਸਰਕਾਰ ਤੋਂ ਪੁਰਜ਼ੋਰ ਮੰਗ ਕੀਤੀ ਕਿ ਇਨ੍ਹਾਂ ਅੰਗਾਂ ਨੂੰ ਬਦਲਾਉਣ, ਲੈਂਨਜ਼ ਪਵਾਉਣ ਆਦਿ ਲਈ ਮਹਿੰਗਾਈ ਨੂੰ ਮੁੱਖ ਰੱਖਦਿਆਂ ਪ੍ਰਾਈਵੇਟ ਹਸਪਤਾਲਾਂ ਦੇ ਅਧਾਰ 'ਤੇ ਰੇਟਾਂ ਵਿੱਚ ਤੁਰੰਤ ਵਾਧਾ ਕੀਤਾ ਜਾਵੇ। ਆਗੂਆਂ ਨੇ ਜ਼ੋਰ ਦਿੰਦਿਆਂ ਕਿਹਾ ਕਿ ਚੰਗਾ ਹੋਵੇ ਕਿ ਉੱਚ ਕੁਆਲਟੀ ਦੇ ਉੱਕਤ ਅੰਗਾਂ ਦੀ ਤਬਦੀਲੀ ਸਰਕਾਰੀ ਹਸਪਤਾਲਾਂ ਵਿੱਚ ਮੁਫ਼ਤ ਯਕੀਨੀ ਬਣਾਈ ਜਾਵੇ ਤੇ ਤਨਖਾਹ/ਪੈਨਸ਼ਨ ਨਾਲ ਫਿਕਸ ਮੈਡੀਕਲ ਅਲਾਊਂਸ ਘੱਟੋ-ਘੱਟ 2500 ਰੁਪਏ ਮਹੀਨਾ ਕੀਤਾ ਜਾਵੇ, ਮੈਡੀਕਲ ਰਿਵਰਸਮੈਂਟ ਦੀ ਪ੍ਰਤੀਪੂਰਤੀ ਲਈ ਪ੍ਰਵਾਨਗੀ ਦੀ ਹੱਦ ਦਫਤਰ ਮੁਖੀ ਤੇ ਸਿਵਲ ਸਰਜਨ ਪੱਧਰ 'ਤੇ ਘੱਟੋ-ਘੱਟ 2 ਲੱਖ ਤੱਕ ਵਧਾਈ ਜਾਵੇ ਅਤੇ ਰਿਵਰਸਮੈਂਟ 3 ਮਹੀਨੇ ਵਿੱਚ ਯਕੀਨੀ ਬਣਾਈ ਜਾਵ, ਤਾਂ ਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਹੋ ਰਹੇ ਵਾਧੂ ਖਰਚਿਆਂ ਦੀ ਭਰਪਾਈ ਹੋ ਸਕੇ।

# ਕੋਰਸ ਪੂਰਾ ਕਰ ਚੁੱਕੇ ਸਿਖਿਆਰਥੀਆਂ ਨੂੰ ਸਰਟੀਫਿਕੇਟ ਵੰਡੇ

## ਸਿਖਿਆਰਥੀ ਕੋਰਸਾਂ ਦਾ ਵੱਧ ਤੋਂ ਵੱਧ ਲਾਹਾ ਲੈਣ : ਗਿੱਲ



**ਮੱਖੂ (ਰਛਪਾਲ ਸਿੰਘ ਸੰਧੂ)**

ਉੱਘੇ ਸਮਾਜ ਸੇਵੀ ਡਾ. ਐੱਸ ਪੀ ਸਿੰਘ ਓਬਰਾਏ ਤੇ ਉਨ੍ਹਾ ਦੀ ਸੰਸਥਾ ਸਰਬੱਤ ਦਾ ਭਲਾ ਟਰੱਸਟ ਵੱਲੋਂ ਜਿੱਥੇ ਸਮੇਂ ਸਮੇਂ 'ਤੇ ਲੋੜਵੰਦ ਲੋਕਾਂ ਦੀ ਮੂਹਰੇ ਆ ਕੇ ਮਦਦ ਕੀਤੀ ਜਾਂਦੀ ਹੈ, ਉੱਥੇ ਸੰਸਥਾ ਵੱਲੋਂ ਮੁਫਤ ਕੋਰਸਾਂ ਦੇ ਸੈਂਟਰ ਖੋਲ੍ਹ ਕੇ ਨੌਜਵਾਨਾਂ ਨੂੰ ਹੱਥੀਂ ਹੁਨਰ ਸਿਖਾ ਕੇ ਉਨ੍ਹਾਂ ਨੂੰ ਆਪਣਾ ਰੋਜ਼ਗਾਰ ਚਲਾਉਣ ਲਈ ਵੀ ਤਿਆਰ ਕੀਤਾ ਜਾਂਦਾ ਹੈ। ਇਸੇ ਲੜੀ ਨੂੰ ਅੱਗੇ ਤੋਰਦੇ ਹੋਏ ਕੌਮੀ ਪ੍ਰਧਾਨ ਜੱਸਾ ਸਿੰਘ ਸੰਧੂ ਤੇ ਸਿੱਖਿਆ ਡਾਇਰੈਕਟਰ ਮੈਡਮ ਇੰਦਰਜੀਤ ਕੌਰ ਗਿੱਲ ਦੇ ਦਿਸ਼ਾ ਨਿਰਦੇਸ਼ਾਂ ਤੇ ਜ਼ਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਕਤਨਾ ਦੀ ਯੋਗ ਅਗਵਾਈ ਵਿੱਚ ਗੁਰਦੁਆਰਾ ਸਿੰਘ ਸਭਾ ਪੀਰ ਮੁਹੰਮਦ ਵਿੱਚ ਇੱਕ ਮੁਫਤ ਸਿਲਾਈ ਸੈਂਟਰ ਚਲਾਇਆ ਜਾ ਰਿਹਾ ਹੈ। ਇਸ ਸਿਲਾਈ ਸੈਂਟਰ ਦੇ ਪਹਿਲੇ ਬੈਚ ਦੇ ਖਤਮ ਹੋਣ 'ਤੇ ਸਿੱਖਿਆਰਥੀਆਂ ਨੂੰ ਸਰਟੀਫਿਕੇਟ ਵੰਡੇ ਗਏ। ਇਸ ਮੌਕੇ ਗੁਰਦੁਆਰਾ ਸਾਹਿਬ ਪੀਰ ਮੁਹੰਮਦ ਵਿਖੇ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿੱਚ ਸਿੱਖਿਆ ਡਾਇਰੈਕਟਰ ਮੈਡਮ ਇੰਦਰਜੀਤ ਕੌਰ ਗਿੱਲ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਉਨ੍ਹਾਂ ਵੱਲੋਂ ਕੋਰਸ ਪੂਰਾ ਕਰ ਚੁੱਕੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ ਤੇ ਉਨ੍ਹਾਂ ਨੂੰ ਭਵਿੱਖ ਵਿੱਚ ਅੱਗੇ ਵੱਧਣ ਲਈ ਪ੍ਰੇਰਿਤ ਕੀਤਾ ਅਤੇ ਟਰੱਸਟ ਵੱਲੋਂ ਚੱਲ ਰਹੇ ਕਾਰਜਾਂ ਤੋਂ ਸਿਖਿਆਰਥੀਆਂ ਨੂੰ ਜਾਣੂ ਕਰਵਾਇਆ। ਸੰਸਥਾ ਦੇ ਜ਼ਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਕਤਨਾ, ਇਸਤਰੀ ਵਿੰਗ ਪ੍ਰਧਾਨ ਅਮਰਜੀਤ ਕੌਰ ਛਾਬੜਾ, ਇਕਾਈ ਮਖੂ ਦੇ ਪ੍ਰਧਾਨ ਦਵਿੰਦਰ ਸਿੰਘ ਛਾਬੜਾ, ਬਲਾਕ ਪ੍ਰਧਾਨ ਬਹਾਦਰ ਸਿੰਘ ਭੁੱਲਰ ਨੇ ਆਪਣੇ ਆਪਣੇ ਵਿਚਾਰ ਸਾਂਝੇ ਕੀਤੇ ਤੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਇਸਤਰੀ ਵਿੰਗ ਅਮਰਜੀਤ ਕੌਰ ਛਾਬੜਾ ਤੇ ਇਕਾਈ ਮਖੂ ਦੇ ਪ੍ਰਧਾਨ ਦਵਿੰਦਰ ਸਿੰਘ ਛਾਬੜਾ ਨੇ ਕਿਹਾ ਕਿ ਇਨ੍ਹਾਂ ਸੈਂਟਰਾਂ ਵਿੱਚ ਸਿਖਿਆਰਥੀਆਂ ਤੋਂ ਕਿਸੇ ਵੀ ਤਰ੍ਹਾਂ ਦੀ ਫੀਸ ਨਹੀਂ ਲਈ ਜਾਂਦੀ। ਇਸ ਲਈ ਨੌਜਵਾਨਾਂ ਨੂੰ ਇਸ ਅਵਸਰ ਦਾ ਲਾਹਾ ਲੈਣਾ ਚਾਹੀਦਾ ਹੈ। ਇਸ ਮੌਕੇ ਜਥੇ. ਗੁਰਚਰਨ ਸਿੰਘ ਪ੍ਰਧਾਨ ਗੁਰਦੁਆਰਾ ਸਿੰਘ ਸਭਾ, ਕਿਰਨ ਪੇਂਟਰ, ਜਸਵੰਤ ਸਿੰਘ ਗੋਗੀਆ, ਜਤਿੰਦਰ ਸਿੰਘ, ਪ੍ਰਦੀਪ ਕੌਰ ਟੀਚਰ, ਸੁਮਨਦੀਪ ਕੌਰ ਟੀਚਰ ਤੇ ਸੰਸਥਾ ਦੇ ਮੈਂਬਰ ਹਾਜ਼ਰ ਸਨ।

## ਸਹਾਇਕ ਲਾਇਨਮੈਨਾਂ ਨਾਲ ਧੱਕੇਸ਼ਾਹੀ ਦਾ ਡੱਟ ਕੇ ਵਿਰੋਧ ਕਰਨਗੇ ਬਿਜਲੀ ਕਾਮੇ : ਰਵੀ ਸ਼ਰਮਾ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਟੈਕਨੀਕਲ ਸਰਵਿਸ ਯੂਨੀਅਨ ਸਬ ਡਵੀਜ਼ਨ ਫਿਰੋਜ਼ਪੁਰ ਕੈਂਟ ਨੰਬਰ 2 ਦੇ ਪ੍ਰਧਾਨ ਮਨਜੀਤ ਸਿੰਘ, ਸਕੱਤਰ ਰਵੀ ਸ਼ਰਮਾ, ਸਾਥੀ ਪ੍ਰਦੀਪ ਕੁਮਾਰ, ਮੀਤ ਪ੍ਰਧਾਨ ਜਸਵੰਤ ਸਿੰਘ, ਸਾਥੀ ਦਵਿੰਦਰ ਸਿੰਘ, ਸਾਥੀ ਅਜੈ ਕੁਮਾਰ, ਸੰਜੀਵ ਮੱਕੜ, ਪ੍ਰਦੀਪ ਸਿੰਘ, ਸਾਥੀ ਪ੍ਰਿੰਸ ਤੇ ਹਰਜੀਤ ਸਿੰਘ, ਅਸ਼ੀਸ਼ ਤੇ ਵਿਜੈ ਸਿੰਘ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਪਾਵਰਕਾਮ ਵੱਲੋਂ ਸੀ ਆਰ ਏ 295/19 ਅਧੀਨ ਭਰਤੀ ਕੀਤੇ 3500 ਸਹਾਇਕ ਲਾਇਨਮੈਨਾਂ ਵਿੱਚੋਂ 25 ਸਹਾਇਕ ਲਾਇਨਮੈਨਾਂ ਨੂੰ ਜਾਲ੍ਹੀ ਤਜਰਬਾ ਸਰਟੀਫਿਕੇਟਾਂ ਦੇ ਨਾਂਅ ਹੇਠ ਕ੍ਰਾਈਮ ਬਰਾਂਚ ਮੋਹਾਲੀ ਵੱਲੋਂ ਪਰਚਾ ਦਰਜ ਕਰਕੇ ਜੇਲ੍ਹ ਭੇਜਣ ਤੇ ਨੌਕਰੀ ਤੋਂ ਕੱਢਣ ਦਾ ਰਾਹ ਪੱਧਰਾ ਕਰਨ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਪਾਵਰਕਾਮ ਦੀ ਮੈਨੇਜਮੈਂਟ ਨਾਲ ਵਨ ਟਾਈਮ ਸੈਟਲਮੈਂਟ ਤਹਿਤ ਤਜਰਬਾ ਸਰਟੀਫਿਕੇਟ ਦੇਣ ਦਾ ਸਮਝੌਤਾ ਹੋਇਆ ਸੀ, ਪਰ ਪਾਵਰਕਾਮ ਦੀ ਮੈਨੇਜਮੈਂਟ ਕੀਤੇ ਸਮਝੌਤੇ ਤੋਂ ਭੱਜ ਰਹੀ ਹੈ।ਪਾਵਰਕਾਮ ਦੀ ਮੈਨੇਜਮੈਂਟ ਤੇ ਪੰਜਾਬ ਸਰਕਾਰ ਬੇਰੁਜ਼ਗਾਰਾਂ ਦੀ ਭਰਤੀ ਨਾ ਕਰਕੇ ਆਪਣੀ ਜ਼ਿੰਮੇਵਾਰੀ ਤੋਂ ਭੱਜਦੀ ਨਜ਼ਰ ਆ ਰਹੀ ਹੈ। ਪਾਵਰਕਾਮ ਦੀ ਮੈਨੇਜਮੈਂਟ ਤੇ ਪੰਜਾਬ ਸਰਕਾਰ ਤੋਂ ਬੇਕਸੂਰ ਮੁਲਾਜ਼ਮਾਂ ਨੂੰ ਬਿਨਾਂ ਸ਼ਰਤ ਬਹਾਲ ਕਰਨ ਦੀ ਮੰਗ ਕੀਤੀ।ਜੇਕਰ ਇਨ੍ਹਾਂ ਮੁਲਾਜ਼ਮਾਂ ਨੂੰ ਇਨਸਾਫ ਨਾ ਦਿੱਤਾ ਤਾਂ ਜਥੇਬੰਦੀ ਇਸ ਧੱਕੇਸ਼ਾਹੀ ਖਿਲਾਫ਼ ਡੱਟਵਾਂ ਵਿਰੋਧ ਕਰਦੀ ਹੋਈ ਤਿੱਖਾ ਸੰਘਰਸ਼ ਕਰੇਗੀ, ਜਿਸ ਦੀ ਜ਼ਿੰਮੇਵਾਰੀ ਪਾਵਰਕਾਮ ਮੈਨੇਜਮੈਂਟ ਦੀ ਹੋਵੇਗੀ।

# ਵਿਵੇਕਾਨੰਦ ਵਰਲਡ ਸਕੂਲ 'ਚ ਲਿਟਲ ਸੁਪਰ ਟੇਲੈਂਟ ਮੁਕਾਬਲੇ ਕਰਾਏ




ਜੇਤੂ ਵਿਦਿਆਰਥੀਆਂ ਨੂੰ ਸਨਮਾਨਤ ਕਰਦੇ ਹੋਏ ਮੁੱਖ ਮਹਿਮਾਨ।

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਵਿਵੇਕਾਨੰਦ ਵਰਲਡ ਸਕੂਲ ਫਿਰੋਜ਼ਪੁਰ ਵਿਖੇ ਨੰਨ੍ਹੇ-ਮੁੰਨੇ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਵਧੀਆ ਪਲੇਟਫਾਰਮ ਪ੍ਰਦਾਨ ਕਰਨ ਦੇ ਉਦੇਸ਼ ਨਾਲ ਲਿਟਲ ਸੁਪਰ ਟੇਲੈਂਟ 2023 ਦਾ ਆਯੋਜਨ ਕਰਵਾਇਆ ਗਿਆ।ਇਸ ਪ੍ਰੋਗਰਾਮ ਵਿੱਚ ਫਿਰੋਜ਼ਪੁਰ ਦੇ ਵੱਖ-ਵੱਖ ਪਲੇ ਵੇਅ ਸਕੂਲਾਂ ਦੇ 200 ਤੋਂ ਵੱਧ ਵਿਦਿਆਰਥੀਆਂ ਨੇ ਭਾਗ ਲਿਆ ਤੇ ਦਰਸ਼ਕਾਂ ਤੋਂ ਖੂਬ ਵਾਹ-ਵਾਹ ਖੱਟੀ। ਇਸ ਸਮਾਗਮ ਵਿੱਚ ਸਕੂਲ ਦੀ ਮੁੱਖ ਸਰਪ੍ਰਸਤ ਪ੍ਰਭਾ ਭਾਸਕਰ ਨੇ ਮੁੱਖ ਮਹਿਮਾਨ ਵਜੋਂ ਸ਼ਮ੍ਹਾ ਰੌਸ਼ਨ ਕਰਕੇ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ।ਉਨ੍ਹਾ ਕਿਹਾ ਕਿ ਲਿਟਲ ਸੁਪਰ ਟੇਲੈਂਟ ਦੇ ਇਸ ਮੁਕਾਬਲੇ ਨਾਲ ਛੋਟੇ ਬੱਚਿਆਂ ਵਿੱਚ ਸਮਾਜਿਕ ਤੇ ਭਾਵਨਾਤਮਕ ਗੁਣ ਤਾਂ ਪੈਦਾ ਹੋਣਗੇ ਹੀ, ਸਗੋਂ ਉਨ੍ਹਾਂ ਨੂੰ ਆਪਣੀ ਪ੍ਰਤਿਭਾ ਪੇਸ਼ ਕਰਨ ਦਾ ਮੌਕਾ ਵੀ ਮਿਲੇਗਾ। ਸਕੂਲ ਪ੍ਰਿੰਸੀਪਲ ਮੀਤਾ ਜੈਨ ਦੀ ਅਗਵਾਈ 'ਚ ਕਰਵਾਏ ਕਵਿਤਾ ਉਚਾਰਨ ਮੁਕਾਬਲੇ ਵਿੱਚ ਗੋਲਡਨ ਐਰੋ ਆਰਮੀ ਪ੍ਰੀ ਪ੍ਰਾਇਮਰੀ ਸਕੂਲ ਦੇ ਵਿਦਿਆਰਥੀ ਗੌਰਵ ਸਿੰਘ, ਅਧੀਰ ਤੇ ਰਿਤਿਕ ਸਿੰਘਮ ਕ੍ਰਮਵਾਰ ਪਹਿਲੇ, ਦੂਜੇ ਤੇ ਤੀਜੇ ਸਥਾਨ 'ਤੇ ਰਹੇ।ਡਾਂਸ ਮੁਕਾਬਲੇ ਵਿੱਚ ਗੋਲਡਨ ਐਰੋ ਆਰਮੀ ਪ੍ਰੀ ਪ੍ਰਾਇਮਰੀ ਸਕੂਲ ਦੀ ਜੈਸਿਕਾ ਪਹਿਲੇ, ਗੋਲਡਨ ਐਰੋ ਆਰਮੀ ਪ੍ਰੀ ਪ੍ਰਾਇਮਰੀ ਸਕੂਲ-2 ਦੀ ਮਨਾਲੀ ਐਮ ਕੇ ਦੂਜੇ ਤੇ ਗੋਲਡਨ ਐਰੋ ਪ੍ਰੀ ਪ੍ਰਾਇਮਰੀ ਸਕੂਲ-1 ਦੀ ਵਿਦਿਆਰਥਣ ਪ੍ਰਿਯਾਂਸ਼ੀ ਤੀਜੇ ਸਥਾਨ 'ਤੇ ਰਹੀ।ਫੈਸ਼ਨ ਸ਼ੋਅ 'ਚ ਗੋਲਡਨ ਐਰੋ ਆਰਮੀ ਪ੍ਰੀ ਪ੍ਰਾਇਮਰੀ ਸਕੂਲ-2 ਦੀ ਵਿਦਿਆਰਥਣ ਅਰਧਿਕਾ ਪਹਿਲੇ, ਗੋਲਡਨ ਐਰੋ ਆਰਮੀ ਪ੍ਰੀ ਪ੍ਰਾਇਮਰੀ ਸਕੂਲ-2 ਦੀ ਜੈਸਿਕਾ ਦੂਜੇ ਤੇ ਨੈਨਸੀ ਤੀਜੇ ਸਥਾਨ 'ਤੇ ਰਹੀ।ਪੇਂਟਿੰਗ ਵਿੱਚ ਗੋਲਡਨ ਐਰੋ ਆਰਮੀ ਪ੍ਰੀ ਪ੍ਰਾਇਮਰੀ ਸਕੂਲ-2 ਦੀ ਵਿਦਿਆਰਥਣ ਹਰਸ਼ਿਤਾ ਪਹਿਲੇ, ਅਧਿਰਜ ਦੱਤਾ ਦੂਜੇ ਤੇ ਜੀਨੀਆ ਤੀਜੇ ਸਥਾਨ 'ਤੇ ਰਹੀ।ਇਸ ਮੁਕਾਬਲੇ ਦੇ ਜੇਤੂਆਂ ਨੂੰ ਵਿਵੇਕਾਨੰਦ ਵਰਲਡ ਸਕੂਲ ਵਿੱਚ ਮੁਫ਼ਤ ਦਾਖ਼ਲੇ ਦਾ ਤਜਰਬਾ ਦਿੱਤਾ ਗਿਆ। ਸੰਜਨਾ ਮਿੱਤਲ, ਨਵਿਤਾ ਸਿੰਗਲ, ਡੌਲੀ ਭਾਸਕਰ ਨੇ ਸਮਾਗਮ ਲਈ ਜੱਜ ਦੀ ਭੂਮਿਕਾ ਵਜੋਂ ਕੰਮ ਕੀਤਾ। ਸਕੂਲ ਦੇ ਡਾਇਰੈਕਟਰ ਐੱਸ ਐੱਨ ਰੁਦਰਾ ਨੇ ਇਸ ਮੁਕਾਬਲੇ ਵਿੱਚ ਆਪਣੇ ਹੁਨਰ ਦੇ ਰੰਗ ਬਿਖੇਰਨ ਲਈ ਨੰਨ੍ਹੇ-ਮੁੰਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਇਸ ਪ੍ਰੋਗਰਾਮ ਨੂੰ ਸਫਲਤਾਪੂਰਵਕ ਕਰਵਾਉਣ ਲਈ ਵੱਖ-ਵੱਖ ਪਲੇ ਵੇਅ ਸਕੂਲਾਂ ਦੇ ਪ੍ਰਿੰਸੀਪਲ ਤੇ ਵਿਵੇਕਾਨੰਦ ਸਕੂਲ ਦੀ ਯੋਗ ਟੀਮ ਦਾ ਧੰਨਵਾਦ ਕੀਤਾ।ਇਸ ਮੌਕੇ ਸਕੂਲ ਦੇ ਮੁੱਖ ਪ੍ਰਸ਼ਾਸਕ ਪਰਮਵੀਰ ਸ਼ਰਮਾ, ਡੀਨ ਅਕਾਦਮਿਕ ਪ੍ਰੋਫੈਸਰ ਏ ਕੇ ਸੇਠੀ, ਪ੍ਰਸ਼ਾਸਕ ਵਿਪਨ ਸ਼ਰਮਾ, ਏਵੀਪੀ ਮਹਿਮਾ ਕਪੂਰ ਕੋਆਰਡੀਨੇਟਰ, ਅੰਜਲੀ ਭੰਡਾਰੀ, ਅਮਨ ਭੁੱਲਰ ਕੋਆਰਡੀਨੇਟਰ ਅਕਾਦਮਿਕ ਤੇ ਜਾਨਵੀ ਕਾਲੀਆ ਅਤੇ ਸਕੂਲ ਦਾ ਸਮੁੱਚਾ ਸਟਾਫ਼ ਹਾਜ਼ਰ ਸੀ।

## ਕੌਮੀ ਇਨਸਾਫ਼ ਮੋਰਚਾ ਦੇ ਕਾਰਕੁਨਾਂ 'ਤੇ ਲਾਠੀਚਾਰਜ ਦੀ ਨਿੰਦਾ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਮੀਤ ਪ੍ਰਧਾਨ ਜਸਬੀਰ ਸਿੰਘ ਪਿੱਦੀ ਤੇ ਜ਼ਿਲ੍ਹਾ ਪ੍ਰਧਾਨ ਇੰਦਰਜੀਤ ਸਿੰਘ ਬਾਠ ਨੇ ਦੱਸਿਆ ਕਿ ਮੁਹਾਲੀ-ਚੰਡੀਗੜ੍ਹ ਹੱਦ 'ਤੇ ਲੱਗੇ ਕੌਮੀ ਇਨਸਾਫ਼ ਮੋਰਚੇ ਵੱਲੋਂ ਸ਼ਾਂਤਮਈ ਗ੍ਰਿਫ਼ਤਾਰੀਆਂ ਦੇਣ ਲਈ ਮੁੱਖ ਮੰਤਰੀ ਦੀ ਕੋਠੀ ਜਾਂਦੇ ਵਰਕਰਾਂ 'ਤੇ ਯੂ ਟੀ ਪੁਲਸ ਵੱਲੋਂ ਕੀਤੇ ਲਾਠੀਚਾਰਜ ਤੇ ਪਾਣੀ ਦੀਆਂ ਮਾਰੀਆਂ ਬੁਛਾੜਾਂ ਨਾਲ ਕੇਂਦਰ ਤੇ ਪੰਜਾਬ ਸਰਕਾਰ ਦਾ ਚਿਹਰਾ ਨੰਗਾ ਹੋ ਗਿਆ ਹੈ, ਜਿਸ ਦੀ ਕਿਸਾਨ ਆਗੂਆਂ ਵੱਲੋਂ ਸਖ਼ਤ ਨਿਖੇਧੀ ਕੀਤੀ ਗਈ ਹੈ ਤੇ ਸਵਾਲ ਕੀਤਾ ਗਿਆ ਹੈ ਕਿ ਕੇਂਦਰ ਵਿੱਚ ਚਾਹੇ ਕਾਂਗਰਸ ਜਾਂ ਭਾਜਪਾ ਦੀ ਸਰਕਾਰ ਹੋਵੇ, ਪਰ ਦੋਵਾਂ ਵਿੱਚ ਕੋਈ ਅੰਤਰ ਨਹੀਂ ਕੀਤਾ ਜਾ ਸਕਦਾ।ਉਨ੍ਹਾਂ ਕਿਹਾ ਕਿ ਸਟੇਟ ਪਾਵਰ ਦੀ ਅੰਨ੍ਹੀਂ ਵਰਤੋਂ ਕਰਦਿਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਨੂੰ ਰਿਹਾਅ ਕਰਨ ਵਿੱਚ ਰੁਕਾਵਟਾਂ ਖੜੀਆਂ ਕੀਤੀਆਂ ਜਾ ਰਹੀਆਂ ਹਨ ਤੇ ਸਟੇਟ ਨਾਲ ਅਸਹਿਮਤੀ ਰੱਖਣ ਵਾਲਿਆਂ 'ਤੇ ਦੇਸ਼ ਧ੍ਰੋਹ ਦੇ ਪਰਚੇ ਕਰਕੇ ਅੰਦਰ ਸੁੱਟਿਆ ਜਾ ਰਿਹਾ ਹੈ, ਜੋ ਸਰਾਸਰ ਧੱਕੇਸ਼ਾਹੀ ਹੈ।ਆਗੂਆਂ ਨੇ ਕਿਹਾ ਕਿ ਲੋਕਾਂ ਨੂੰ ਜਾਤ-ਪਾਤ, ਧਰਮਾਂ, ਫ਼ਿਰਕਿਆਂ ਵਿੱਚ ਵੰਡ ਕੇ ਹਾਕਮਾਂ ਵੱਲੋਂ ਰਾਜ-ਗੱਦੀ ਸਲਾਮਤ ਰੱਖੀ ਜਾ ਰਹੀ ਹੈ।ਆਗੂਆਂ ਨੇ ਜ਼ੋਰਦਾਰ ਮੰਗ ਕੀਤੀ ਕਿ ਘਟਨਾ ਦੀ ਜਾਂਚ ਕਰਵਾਈ ਜਾਵੇ ਤੇ ਦੋਸ਼ੀ ਅਧਿਕਾਰੀਆਂ ਖ਼ਿਲਾਫ਼ ਕਾਰਵਾਈ ਕੀਤੀ ਜਾਵੇ, ਸਜ਼ਾਵਾਂ ਕੱਟ ਚੁੱਕੇ ਬੰਦੀ ਸਿੰਘ ਰਿਹਾਅ ਕੀਤੇ ਜਾਣ, ਬਹਿਬਲ ਕਲਾਂ ਗੋਲੀ ਕਾਂਡ ਦੇ ਦੋਸ਼ੀਆਂ ਖ਼ਿਲਾਫ਼ ਪਰਚੇ ਦਰਜ ਕਰਕੇ ਗ੍ਰਿਫ਼ਤਾਰ ਕੀਤਾ ਜਾਵੇ, ਸ੍ਰੀ ਗੁਰੂ ਗ੍ਰੰਥ ਸਾਹਿਬ ਦੀਆਂ ਬੇਅਦਬੀਆਂ ਤੇ 328 ਸਰੂਪਾਂ ਦੀ ਚੋਰੀ ਕਰਨ ਵਾਲੇ ਦੋਸ਼ੀ ਪਛਾਣ ਕੇ ਸਜ਼ਾਵਾਂ ਦਿੱਤੀਆਂ ਜਾਣ, ਖੱਬੀ ਪੱਖੀ ਚਿੰਤਕਾਂ ਨੂੰ ਦੇਸ਼ ਧ੍ਰੋਹ ਦੇ ਪਰਚੇ ਰੱਦ ਕਰਕੇ ਜੇਲ੍ਹਾਂ ਵਿੱਚੋਂ ਤੁਰੰਤ ਰਿਹਾਅ ਕੀਤਾ ਜਾਵੇ ।

## ਮਾਤਾ ਸੁੰਦਰੀ ਗਰਲਜ਼ ਕਾਲਜ ਆਫ ਐਜੂਕੇਸ਼ਨ ਢੱਡੇ ਦੀਆਂ ਵਿਦਿਆਰਥਣਾਂ ਸਮੈਸਟਰ ਦੂਜਾ ਦੀ ਪ੍ਰੀਖਿਆ 'ਚ ਰਹੀਆਂ ਮੋਹਰੀ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਤਾ ਸੁੰਦਰੀ ਗਰੁੱਪ ਆਫ ਇੰਸਟੀਚਿਊਸ਼ਨਜ਼ ਦੀ ਉੱਪ ਸ਼ਾਖਾ ਮਾਤਾ ਸੁੰਦਰੀ ਗਰਲਜ਼ ਕਾਲਜ ਆਫ ਐਜੂਕੇਸ਼ਨ ਢੱਡੇ ਦੀਆਂ ਵਿਦਿਆਰਥਣਾਂ ਦਾ ਨਤੀਜਾ ਬਹੁਤ ਹੀ ਸ਼ਾਨਦਾਰ ਰਿਹਾ।

ਸੰਸਥਾ ਦੇ ਚੇਅਰਮੈਨ ਕੁਲਵੰਤ ਸਿੰਘ ਢੱਡੇ ਤੇ ਐੱਮ ਡੀ ਗੁਰਬਿੰਦਰ ਸਿੰਘ ਨੇ ਬੀ. ਐੱਡ ਦੇ ਇਸ ਸਾਲ ਦੇ ਨਤੀਜੇ ਦੀ ਸ਼ਲਾਘਾ ਕੀਤੀ। ਉਨ੍ਹਾ ਕਿਹਾ ਕਿ ਸਾਡੇ ਪ੍ਰਿੰਸੀਪਲ, ਸਮੂਹ ਸਟਾਫ ਤੇ ਮਾਪਿਆਂ ਦੇ ਸਹਿਯੋਗ ਸਦਕਾ ਸਾਡੀ ਸੰਸਥਾ ਦੇ ਨਤੀਜੇ ਹਮੇਸ਼ਾ ਹੀ ਮੂਹਰਲੀ ਕਤਾਰ ਵਿੱਚ ਰਹੇ ਹਨ। ਸਾਨੂੰ ਸਾਡੇ ਸਮੂਹ ਸਟਾਫ, ਮਾਪਿਆਂ ਤੇ ਵਿਦਿਆਰਥਣਾਂ ਉੱਪਰ ਹਮੇਸ਼ਾ ਮਾਣ ਰਹੇਗਾ। ਇਸ ਮੌਕੇ ਸੰਸਥਾ ਦੇ ਪ੍ਰਿੰਸੀਪਲ ਪ੍ਰੋ: ਰਾਜ ਸਿੰਘ ਬਾਘਾ ਨੇ ਦੱਸਿਆ ਕਿ ਸੰਸਥਾ ਦੀ ਸੋਚ ਹਮੇਸ਼ਾ ਹੀ ਵਿਦਿਆਰਥੀਆਂ ਨੂੰ ਅੰਤਰ ਰਾਸ਼ਟਰੀ ਪੱਧਰ ਦੀ ਸੋਚ ਦੇ ਧਾਰਨੀ ਤੇ ਨੈਤਿਕ ਕਦਰਾਂ ਕੀਮਤਾਂ ਦਾ ਰਾਖਾ ਬਣਾਉਂਦੀ ਹੈ।

ਬੀ.ਐੱਡ. ਵਿਭਾਗ ਦੇ ਮੁਖੀ ਪ੍ਰੋ: ਵੀਰਪਾਲ ਕੌਰ ਨੇ ਦੱਸਿਆ ਕਿ ਪ੍ਰਿਯੰਕਾ ਤੇ ਜਸਪ੍ਰੀਤ ਕੌਰ ਦੋਵਾਂ ਨੇ 84.4% ਅੰਕ ਲੈ ਕੇ ਪਹਿਲਾ ਸਥਾਨ ਹਾਸਲ ਕੀਤਾ, ਵੀਰਪਾਲ ਕੌਰ ਨੇ 83.8% ਲੈ ਕੇ ਦੂਸਰਾ ਸਥਾਨ ਹਾਸਲ ਕੀਤਾ ਅਤੇ ਰੇਨੂੰ ਰਾਣੀ ਨੇ 82.6% ਲੈ ਕੇ ਤੀਸਰਾ ਸਥਾਨ ਹਾਸਲ ਕੀਤਾ। ਇਸ ਮੌਕੇ ਸੰਸਥਾ ਦੇ ਡਾਇਰੈਕਟਰ ਮੈਡਮ ਸਿੰਬਲਜੀਤ ਕੌਰ ਤੇ ਖਜ਼ਾਨਚੀ ਮੈਡਮ ਪ੍ਰਸ਼ੋਤਮ ਕੌਰ ਨੇ ਸ਼ੁੱਭ ਇੱਛਾਵਾਂ ਦਿੱਤੀਆਂ। ਇਸ ਮੌਕੇ ਵਿਭਾਗ ਮੁਖੀ ਪ੍ਰੋ: ਅਮਨਦੀਪ ਕੌਰ, ਪ੍ਰੋ: ਜਸਵਿੰਦਰ ਸਿੰਘ, ਪ੍ਰੋ: ਸ਼ਾਮ ਲਾਲ, ਪ੍ਰੋ: ਪਰਮਿੰਦਰ ਕੌਰ, ਪ੍ਰੋ: ਮਨਪ੍ਰੀਤ ਕੌਰ, ਪ੍ਰੋ: ਵੀਰਇੰਦਰ ਕੌਰ, ਪ੍ਰੋ: ਰਵਿੰਦਰ ਕੁਮਾਰ, ਪ੍ਰੋ: ਰਾਜਵਿੰਦਰ ਕੌਰ, ਪ੍ਰੋ: ਸੋਨਦੀਪ ਕੌਰ, ਪ੍ਰੋ: ਬੀਰਪਾਲ ਕੌਰ, ਐੱਨ. ਐੱਸ.ਐੱਸ. ਕੋਆਰਡੀਨੇਟਰ ਅੰਗਰੇਜ਼ ਸਿੰਘ ਹਾਜ਼ਰ ਸਨ।

# ਉਪ-ਮੰਡਲ ਪੱਧਰ 'ਤੇ ਕੌਮੀ ਲੋਕ ਅਦਾਲਤ 'ਚ 272 ਕੇਸਾਂ ਦਾ ਮੌਕੇ 'ਤੇ ਫੈਸਲਾ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਸਮਾਣਾ ਦੀਆਂ ਨਿਆਇਕ ਅਦਾਲਤਾਂ ਵਿਖੇ ਜ਼ਿਲ੍ਹਾ ਤੇ ਸੈਸ਼ਨ ਜੱਜ ਸ੍ਰੀ ਤਰਸੇਮ ਮੰਗਲਾ ਚੇਅਰਮੈਨ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਤੇ ਸ੍ਰੀਮਤੀ ਸ਼ੁਸ਼ਮਾ ਦੇਵੀ ਸੀ.ਜੇ.ਐੱਮ. ਕਮ-ਸੈਕਟਰੀ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਦੀ ਅਗਵਾਈ ਵਿੱਚ ਸ੍ਰੀ ਸਿਮਰਨ ਸਿੰਘ ਸਿਵਲ ਜੱਜ ਜੂਨੀਅਰ ਡਵੀਜ਼ਨ ਸਮਾਣਾ ਦੀ ਪ੍ਰਧਾਨਗੀ ਹੇਠ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ।

ਉਪ-ਮੰਡਲ ਪੱਧਰ 'ਤੇ ਤਿੰਨ ਕੌਮੀ ਲੋਕ ਅਦਾਲਤਾਂ ਦਾ ਆਯੋਜਨ ਕੀਤਾ ਗਿਆ, ਜਿਨ੍ਹਾਂ ਵਿੱਚੋਂ ਇੱਕ ਕੌਮੀ ਲੋਕ ਅਦਾਲਤ ਦੀ ਪ੍ਰਧਾਨਗੀ ਸ੍ਰੀ ਸਿਮਰਨ ਸਿੰਘ ਸਿਵਲ ਜੱਜ ਜੂਨੀਅਰ ਡਵੀਜ਼ਨ ਸਮਾਣਾ ਕਮ-ਜੁਡੀਸ਼ੀਅਲ ਮੈਜਿਸਟਰੇਟ ਫਸਟ ਕਲਾਸ ਸਮਾਣਾ, ਦੂਜੀ ਕੌਮੀ ਲੋਕ ਅਦਾਲਤ ਦੀ ਪ੍ਰਧਾਨਗੀ ਸ੍ਰੀ ਪਰਸਮੀਤ ਰਿਸ਼ੀ ਪੀ.ਸੀ.ਐੱਸ. ਸਿਵਲ ਜੱਜ ਜੂਨੀਅਰ ਡਵੀਜ਼ਨ, ਸਮਾਣਾ ਤੇ ਤੀਜੀ ਕੌਮੀ ਲੋਕ ਅਦਾਲਤ ਦੀ ਪ੍ਰਧਾਨਗੀ ਸ੍ਰੀ ਆਇਸ਼ਾ ਜਿੰਦਲ ਪੀ.ਸੀ.ਐੱਸ. ਸਿਵਲ ਜੱਜ ਜੂਨੀਅਰ ਡਵੀਜ਼ਨ ਸਮਾਣਾ ਨੇ ਕੀਤੀ। ਇਸ ਕੌਮੀ ਲੋਕ ਅਦਾਲਤ ਵਿੱਚ ਦੀਵਾਨੀ ਤੇ ਸਮਝੌਤਾਯੋਗ ਫੌਜਦਾਰੀ, ਟ੍ਰੈਫਿਕ ਚਲਾਨ, ਬੈਂਕਾਂ ਦੇ ਕੇਸ ਆਦਿ ਸੁਣਵਾਈ ਲਈ ਪੇਸ਼ ਹੋਏ, ਜਿਨ੍ਹਾਂ ਵਿੱਚੋਂ ਜ਼ਿਆਦਾਤਾਰ ਕੇਸਾਂ ਦੇ ਆਪਸੀ ਸਮਝੌਤੇ ਕਰਵਾਏ। ਇਨ੍ਹਾਂ ਕੌਮੀ ਲੋਕ ਅਦਾਲਤਾਂ ਵਿੱਚ ਕੁੱਲ 1000 ਕੇਸ ਸੁਣਵਾਈ ਲਈ ਪੇਸ਼ ਹੋਏ, ਜਿਨ੍ਹਾਂ ਵਿੱਚੋਂ 272 ਕੇਸਾਂ ਦੇ ਆਪਸੀ ਸਮਝੌਤਿਆਂ ਰਾਹੀਂ ਫੈਸਲੇ ਕਰਵਾ ਦਿੱਤੇ ਗਏ ਤੇ ਕਰੀਬ 35501477/- ਰੁਪਏ ਦੇ ਕਰੀਬ ਅਵਾਰਡ ਪਾਸ ਕੀਤੇ ਗਏ। ਇਸ ਮੌਕੇ ਲੋਕ ਅਦਾਲਤ ਕਮੇਟੀ ਮੈਂਬਰ ਐਡਵੋਕੇਟ ਹਰਮਨਦੀਪ ਸਿੱਧੂ, ਨਵਜੋਤ ਗਰਗ, ਪਵਨ ਕੁਮਾਰ ਸ਼ਾਸਤਰੀ, ਡਾ. ਵਿਨੋਦ ਕੁਮਾਰ, ਡਾ: ਸ਼ਾਮ ਲਾਲ ਤੋਂ ਇਲਾਵਾ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਹਰਸਿਮਰਨ ਪਾਲ ਸਿੰਘ ਤੱਤਲਾ, ਮੀਤ ਪ੍ਰਧਾਨ ਗਰਤੇਜ ਸਿੰਘ ਸੰਧੂ, ਸੈਕਟਰੀ ਗੁਰਜੋਤ ਸਿੰਘ ਵਿਰਕ, ਜੁਆਇੰਟ ਸੈਕਟਰੀ ਪ੍ਰਿਤਪਾਲ ਸਿੰਘ ਰਵੇਲ ਤੋਂ ਇਲਾਵਾ ਸਮਾਣਾ ਬਾਰ ਦੇ ਵਕੀਲ ਸਾਹਿਬਾਨ, ਵੱਖ-ਵੱਖ ਬੈਂਕਾਂ ਦੇ ਕਰਮਚਾਰੀ, ਵੱਖ-ਵੱਖ ਥਾਣਿਆਂ ਦੇ ਪੁਲਸ ਅਧਿਕਾਰੀ ਤੇ ਕੇਸਾਂ ਦੀ ਸੁਣਵਾਈ ਵਾਲੇ ਲੋਕ ਹਾਜ਼ਰ ਸਨ।

ਇਸ ਮੌਕੇ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਸ: ਹਰਸਿਮਰਨ ਪਾਲ ਸਿੰਘ ਤਤਲਾ ਨੇ ਕਿਹਾ ਕਿ ਬਾਰ ਤੇ ਬੈਂਚ ਦੇ ਆਪਸੀ ਵਧੀਆ ਤਾਲਮੇਲ ਕਰਕੇ ਲੋਕਾਂ ਨੂੰ ਕੌਮੀ ਲੋਕ ਅਦਾਲਤਾਂ ਦੀ ਮਹੱਤਤਾ ਬਾਰੇ ਦੱਸਦਿਆਂ ਕਿਹਾ ਕਿ ਦੋਨਾਂ ਧਿਰਾਂ ਨੂੰ ਸਮਝਾ ਕੇ ਕੇਸਾਂ ਵਿੱਚ ਹੁੰਦੇ ਨੁਕਸਾਨ ਤੋਂ ਜਾਣੂ ਕਰਵਾ ਕੇ ਆਪਸੀ ਸਹਿਮਤੀ ਨਾਲ ਸਮਝੌਤੇ ਕਰਵਾਏ ਜਾਂਦੇ ਹਨ। ਉਨ੍ਹਾ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੇ ਚਲਦੇ ਕੇਸਾਂ ਦੇ ਫੈਸਲੇ ਕੌਮੀ ਲੋਕ ਅਦਾਲਤਾਂ ਰਾਹੀਂ ਕਰਵਾਉਣ ਤਾਂ ਜੋ ਆਪਸੀ ਪਿਆਰ ਤੇ ਭਾਈਚਾਰਾ ਬਣਿਆ ਰਹੇ ਅਤੇ ਲੋਕ ਕੇਸਾਂ ਰਾਹੀਂ ਹੁੰਦੀ ਪੈਸੇ ਤੇ ਸਮੇਂ ਦੀ ਬਰਬਾਦੀ ਤੋਂ ਬਚੇ ਰਹਿਣ।

# ਸ਼ਹੀਦੀ ਫ਼ਤਿਹ ਮਾਰਚ ਦੇਹਲਾਂ ਸੀਹਾਂ ਤੋਂ ਖਾਲਸਾਈ ਸਜਧਜ ਨਾਲ ਅਗਲੇ ਪੜਾਅ ਲਈ ਰਵਾਨਾ



**ਮੂਨਕ (ਰਾਜਪਾਲ ਸਿੰਗਲਾ)**

ਨਿਹੰਗ ਸਿੰਘਾਂ ਦੀ ਮੁੱਖ ਜਥੇਬੰਦੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਛੇਵੇਂ ਮੁਖੀ ਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਰਹੇ ਸਿੰਘ ਸਾਹਿਬ ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਦੀ ਸ਼ਹੀਦੀ ਸ਼ਤਾਬਦੀ ਨੂੰ ਸਮਰਪਤ ਗੁਰਦੁਆਰਾ ਜਨਮ ਅਸਥਾਨ ਦੇਹਲਾਂ ਸੀਹਾਂ ਤੋਂ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਇੱਕ ਵਿਸ਼ਾਲ ਸ਼ਹੀਦੀ ਫ਼ਤਿਹ ਮਾਰਚ ਪੂਰੀ ਖਾਲਸਾਈ ਸਜ-ਧਜ ਨਾਲ ਆਰੰਭ ਕੀਤਾ ਗਿਆ। ਇਸ ਤੋਂ ਪਹਿਲਾਂ ਪਰਸੋਂ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਰੱਖੇ ਅਖੰਡ ਪਾਠ ਦੇ ਭੋਗ ਪਾਏ ਗਏ। ਰਾਗੀ ਜਥਿਆਂ ਨੇ ਗੁਰਬਾਣੀ ਦਾ ਮਨੋਹਰ ਕੀਰਤਨ ਕੀਤਾ। ਉਪਰੰਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖਤ ਸਾਡਾ ਸਤਿਕਾਰਤ ਦਲ ਪੰਥ ਹੈ। ਕੌਮ ਦੇ ਮਹਾਨ ਯੋਧੇ, ਜੋ ਬੁੱਢਾ ਦਲ ਦੇ ਮੁਖੀ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਮਿਸਾਲੀ ਜਥੇਦਾਰ ਰਹੇ ਦੀ ਸ਼ਤਾਬਦੀ ਬੁੱਢਾ ਦਲ ਤੇ ਸ਼੍ਰੋਮਣੀ ਕਮੇਟੀ ਦੇ ਸਹਿਯੋਗ ਨਾਲ ਮਨਾਈ ਜਾ ਰਹੀ ਹੈ। ਇਹ ਸ਼ਹੀਦੀ ਫ਼ਤਿਹ ਮਾਰਚ ਯਾਦਗਾਰੀ ਤੇ ਇਤਿਹਾਸਕ ਹੈ, ਕਿਉਂਕਿ ਪੂਰੇ ਦੋ ਸੌ ਸਾਲ ਗੁਜ਼ਰ ਗਏ, ਏਡਾ ਵੱਡਾ ਉਪਰਾਲਾ ਨਹੀਂ ਹੋ ਸਕਿਆ, ਹੁਣ ਇਹ ਸ਼ਤਾਬਦੀ ਇਤਿਹਾਸ ਵਿੱਚ ਦਰਜ ਹੋਵੇਗੀ। ਉਨ੍ਹਾਂ ਕਿਹਾ ਸ਼ਹੀਦਾਂ ਦਾ ਖੂਨ ਕੌਮ ਅੰਦਰ ਨਵੀਂ ਜਾਗ੍ਰਿਤੀ ਪੈਦਾ ਕਰਦਾ ਹੈ। ਇਸ ਨਗਰ ਦੇਹਲਾਂ ਸੀਹਾਂ ਦਾ ਅਤੇ ਅਕਾਲੀ ਫੂਲਾ ਸਿੰਘ ਜੀ ਦਾ ਨਾਂਅ ਸੰਸਾਰ ਭਰ ਦੇ ਸ਼ਹੀਦਾਂ ਦੀ ਕਤਾਰ ਵਿੱਚ ਚਮਕਦਾ ਰਹੇਗਾ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੂੰ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ ਅਕਾਲੀ ਨੇ ਸਿਰਪਾਓ, ਸ੍ਰੀ ਸਾਹਿਬ ਤੇ ਯਾਦਗਾਰੀ ਚਿੰਨ੍ਹ ਨਾਲ ਸਨਮਾਨਤ ਕੀਤਾ। ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਕਿਹਾ ਕਿ ਆਪਣੇ ਪੁਰਖਿਆਂ ਨੂੰ ਯਾਦ ਕਰਨਾ ਸਾਡਾ ਫ਼ਰਜ਼ ਹੈ। ਖਾਸਕਰ ਜਿਹੜੇ ਪੰਥ ਦਾ ਮੈਂ ਮੁਖੀ ਹਾਂ, ਉਸ ਸੰਸਥਾ ਮੁਖੀਆਂ ਦੇ ਦਿਹਾੜੇ ਤਾਂ ਮਨਾਏ ਜਾਣੇ ਲਾਜ਼ਮੀ ਹਨ। ਉਨ੍ਹਾਂ ਦੱਸਿਆ ਕਿ 2017 ਦੇ ਵਿੱਚ ਬੁੱਢਾ ਦਲ ਦੇ ਚੌਥੇ ਮੁਖੀ ਬਾਬਾ ਜੱਸਾ ਸਿੰਘ ਆਹਲੂਵਾਲੀਆ ਦੀ ਜਨਮ ਸ਼ਤਾਬਦੀ ਵੀ ਬੁੱਢਾ ਦਲ ਵੱਲੋਂ ਚੜ੍ਹਦੀ ਕਲਾ 'ਚ ਮਨਾਈ ਗਈ ਸੀ। ਹੁਣ ਅਕਾਲੀ ਬਾਬਾ ਫੂਲਾ ਸਿੰਘ ਦੀ ਸ਼ਹੀਦੀ ਸ਼ਤਾਬਦੀ ਮਨਾਈ ਜਾ ਰਹੀ ਹੈ। ਇਹ ਸ਼ਤਾਬਦੀ ਸਮਾਗਮ 2024 ਮਾਰਚ ਤੱਕ ਚੱਲਦੇ ਰਹਿਣਗੇ। ਉਨ੍ਹਾਂ ਕਿਹਾ ਕਿ ਪਾਕਿਸਤਾਨ ਜਿਥੇ ਉਨ੍ਹਾਂ ਦੀ ਸ਼ਹੀਦੀ ਹੋਈ ਸੀ, ਉਸ ਅਸਥਾਨ 'ਤੇ ਵੀ ਸਿੱਖਾਂ ਦਾ ਇਕ ਵਫ਼ਦ ਲੈ ਕੇ ਜਾਵਾਂਗੇ ਤੇ ਜਿਵੇਂ ਵੀ ਹੋਇਆ ਸਮਾਗਮ ਕਰਾਂਗੇ। ਭਾਈ ਗੋਬਿੰਦ ਸਿੰਘ ਲੋਂਗੋਵਾਲ ਸਾਬਕਾ ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ਵੀ ਇਸ ਯਤਨ ਦੀ ਪ੍ਰਸ਼ੰਸਾ ਕੀਤੀ। ਸੰਤ ਬਾਬਾ ਟੇਕ ਸਿੰਘ ਧਨੌਲਾ ਨੇ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ। ਸ਼ਹੀਦੀ ਫ਼ਤਿਹ ਮਾਰਚ ਅਰਦਾਸ ਉਪਰੰਤ ਆਰੰਭ ਹੋਇਆ, ਜਿਸ ਵਿੱਚ ਬਹੁਤ ਸੁੰਦਰ ਹਾਰਾਂ ਨਾਲ ਸ਼ਿੰਗਾਰੀ ਹੋਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ ਸਾਹਿਬ, ਪੰਜ ਪਿਆਰੇ, ਨਿਸ਼ਾਨਚੀ, ਨਗਾਰਚੀ, ਨਰਸਿੰਙੇ ਇਹ ਅਦਭੁੱਤ ਖਾਲਸਾਈ ਨਜ਼ਾਰਾ ਸੀ। ਇਹ ਸ਼ਹੀਦੀ ਫਤਿਹ ਮਾਰਚ ਵਿਚ ਇਤਿਹਾਸਕ ਨਿਸ਼ਾਨ, ਨਿਗਾਰੇ, ਮਹੱਲੇ ਦੀ ਵਿਸ਼ੇਸ਼ ਸੋਭਾ ਬਣੇ। ਇਸ ਤੋਂ ਪਹਿਲਾਂ ਨਰਸਿੰਙਿਆਂ, ਬੈਂਡ ਵਾਜਿਆਂ ਦੀਆਂ ਸ਼ਬਦੀ ਧੁੰਨਾਂ, ਖਾਲਸਾਈ ਜੈਕਾਰਿਆਂ ਦੀ ਗੂੰਜ ਵਿੱਚ ਇਹ ਨਿਹੰਗ ਸਿੰਘਾਂ ਦਾ ਸ਼ਹੀਦੀ ਫ਼ਤਿਹ ਮਾਰਚ ਗੁਰਦੁਆਰਾ ਅਕਾਲੀ ਬਾਬਾ ਫੂਲਾ ਸਿੰਘ ਦੇਹਲਾਂ ਸੀਹਾਂ ਤੋਂ ਅਰੰਭ ਹੋ ਕੇ ਪਿੰਡ ਮੂਣਕ, ਹਮੀਰਗੜ੍ਹ, ਬਾਦਲਗੜ੍ਹ, ਖਾਨੇਵਾਲ, ਪਾਂਤੜਾ, ਕਸਬਾ ਨਿਹਾਲ, ਬੁਰਡ, ਦੋਧਨਾ, ਕਕਰਾਲਾ, ਚੱਕ ਅੰਮ੍ਰਿਤਸਰੀਆਂ, ਸਮਾਣਾ ਵਿਖੇ (ਦੁਪਹਿਰ ਦਾ ਲੰਗਰ) ਤੋਂ ਪਾਸ਼ੀਆਨਾ, ਮਿਲਟਰੀ ਏਰੀਆ, ਫੁਹਾਰਾ ਚੌਂਕ, ਨੀਲਾ ਭਵਨ ਚੌਂਕ, ਖੰਡਾ ਚੌਂਕ, ਗੁ: ਦੂਖ ਨਿਵਾਰਨ ਸਾਹਿਬ ਪਟਿਆਲਾ ਵਿਖੇ ਰਾਤ ਦਾ ਵਿਸ਼ਰਾਮ ਕਰੇਗਾ। ਨਿਹੰਗ ਸਿੰਘਾਂ ਦੀਆਂ ਫੌਜਾਂ ਨੇ ਤਿਆਰ ਬਰ ਤਿਆਰ ਸ਼ਸ਼ਤਰਧਾਰੀ ਹੋ ਕੇ ਸ਼ਮੂਲੀਅਤ ਕੀਤੀ। ਨਿਹੰਗ ਸਿੰਘਾਂ ਨੇ ਸੁੰਦਰ ਦੁਮਾਲਿਆਂ ਤੇ ਚੱਕਰ, ਖੰਡੇ, ਚੰਦ, ਗੁਰਜ, ਸ਼ਿੰਗਾਰ, ਬਾਗਨਖਾ ਸਜਾਈ, ਛੋਟੀਆਂ-ਵੱਡੀਆਂ ਕਿਰਪਾਨਾਂ ਪਹਿਨੀ ਤੇ ਲੱਕ ਪਿੱਛੇ ਢਾਲਾਂ ਸਜਾਏ, ਹੱਥਾਂ ਵਿੱਚ ਨੇਜੇ, ਖੰਡੇ ਫੜੀ, ਨੀਲਿਆਂ ਕੇਸਰੀ ਬਾਨਿਆਂ ਵਿੱਚ ਵਿਸ਼ੇਸ਼ ਮਾਹੌਲ ਦਾ ਦ੍ਰਿਸ਼ ਪੇਸ਼ ਕਰ ਰਹੇ ਸਨ।

## 'ਅਣਖ ਜਗਾਓ-ਆਜ਼ਾਦੀ ਪਾਓ' ਯਾਤਰਾ 26 ਤੋਂ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਗੈਰ-ਰਾਜਨੀਤਕ ਸੰਸਥਾ ਪਾਵਰ ਆਫ ਸੋਸ਼ਲ ਯੂਨਿਟੀ 'ਪੋਸੂ' ਦੀ ਅਗਵਾਈ ਹੇਠ ਸਰਕਾਰਾਂ ਵੱਲੋਂ ਸੰਵਿਧਾਨਕ ਹੱਕਾਂ 'ਤੇ ਮਾਰੇ ਜਾ ਰਹੇ ਡਾਕਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਲਈ "ਅਣਖ ਜਗਾਓ-ਆਜ਼ਾਦੀ ਪਾਓ' ਯਾਤਰਾ 26 ਫਰਵਰੀ 2023 ਤੋਂ ਬਾਬੂ ਮੰਗੂ ਰਾਮ ਦੇ ਪਿੰਡ ਮੁੱਗੋਵਾਲ, ਤਹਿਸੀਲ ਮਾਹਿਲਪੁਰ (ਜ਼ਿਲ੍ਹਾ ਹੁਸ਼ਿਆਰਪੁਰ) ਤੋਂ ਸੰਤ ਸਮਾਜ ਦੀ ਰਹਿਮੁਨਾਈ ਹੇਠ ਸ਼ੁਰੂ ਹੋ ਕੇ ਪੰਜਾਬ ਭਰ 'ਚੋਂ ਹੁੰਦੀ ਹੋਈ 30 ਅਪ੍ਰੈਲ 2023 ਨੂੰ ਸ਼ਹੀਦ ਊਧਮ ਸਿੰਘ ਜੀ ਦੇ ਬੁੱਤ ਸੁਨਾਮ ਵਿਖੇ ਖਤਮ ਹੋਵੇਗੀ। ਸੰਸਥਾ ਦੇ ਪ੍ਰਧਾਨ ਫਕੀਰ ਚੰਦ ਜੱਸਲ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮੰਗਾਂ ਦੀ ਪੂਰਤੀ ਨੂੰ ਲੈ ਕੇ ਕੱਢੀ ਜਾ ਰਹੀ ਯਾਤਰਾ ਨੂੰ ਸਫਲ ਬਣਾਉਣ, ਬੱਚਿਆਂ ਦੇ ਭਵਿੱਖ ਨੂੰ ਬਚਾਉਣ ਤੇ ਸਮਾਜ ਦੀ ਬਿਹਤਰੀ ਲਈ ਲਈ ਰਾਜਨੀਤੀ ਤੇ ਧਰਮਾਂ ਤੋਂ ਉੱਪਰ ਉੱਠ ਕੇ ਆਪਸੀ ਮੱਤਭੇਦ ਤੇ ਸੁਆਰਥਾਂ ਨੂੰ ਤਿਆਗ ਕੇ ਐੱਸ. ਸੀ. ਵਰਗ ਨਾਲ ਸਬੰਧਤ ਸਮੂਹ ਧਾਰਮਿਕ, ਮੁਲਾਜ਼ਮ ਜਥੇਬੰਦੀਆਂ/ਸੰਸਥਾਵਾਂ ਤੇ ਸਾਰੇ ਲੋਕਾਂ ਨੂੰ ਯਾਤਰਾ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ।

CMYK

page-6-13-(FEB)-2023-G-(BV).qxd 2/12/2023 9:30 PM Page 1



# ਮਹਾਂ-ਸ਼ਿਵਰਾਤਰੀ ਨੂੰ ਸਮਰਪਤ ਸ਼ੋਭਾ ਯਾਤਰਾ



ਸ਼ੋਭਾ ਯਾਤਰਾ ਦੀਆਂ ਝਲਕੀਆਂ।

**ਬਾਘਾ ਪੁਰਾਣਾ, (ਮਨੀ ਸਿਗਲਾ)**-ਪ੍ਰਾਚੀਨ ਸ੍ਰੀ ਸ਼ਿਵ ਸ਼ਨੀ ਮੰਦਰ (ਮਾਲ ਸਾਹਿਬ) ਵਿਖੇ ਪ੍ਰਬੰਧਕ ਕਮੇਟੀ ਵੱਲੋਂ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਮਹਾਂ ਸ਼ਿਵਰਾਤਰੀ ਸਬੰਧੀ ਕਸਬੇ ਅੰਦਰ ਵਿਸ਼ਾਲ ਸ਼ੋਭਾ ਯਾਤਰਾ ਸਜਾਈ ਗਈ, ਜਿਸ ਦੀ ਰਵਾਨਗੀ ਆੜ੍ਹਤੀ ਠਾਕਰ ਦਾਸ ਮਿੱਤਲ ਦੇ ਪਰਿਵਾਰ ਵੱਲੋਂ ਹਰੀ ਝੰਡੀ ਦੇ ਕੇ ਕੀਤੀ ਗਈ। ਸ਼ੋਭਾ ਯਾਤਰਾ ਕੱਢਣ ਤੋਂ ਪਹਿਲਾਂ ਮੰਦਰ ਵਿਖੇ ਪੁਜਾਰੀ ਵੱਲੋਂ ਪੂਜਨ ਕੀਤਾ ਗਿਆ। ਸ਼ੋਭਾ ਯਾਤਰਾ 'ਚ ਧਾਰਮਿਕ, ਸਮਾਜਿਕ, ਰਾਜਨੀਤਕ ਆਗੂਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਸ਼ਹਿਰ ਦੇ ਦੁਕਾਨਦਾਰਾਂ ਵੱਲੋਂ ਫੁੱਲਾਂ ਦੀ ਵਰਖਾ ਤੇ ਵੱਖ ਵੱਖ ਤਰ੍ਹਾਂ ਦੇ ਲੰਗਰ ਲਗਾਏ ਗਏ। ਪ੍ਰਬੰਧਕ ਕਮੇਟੀ ਦੁਆਰਾ ਲੰਗਰ ਲਗਾਉਣ ਵਾਲੇ ਦੁਕਾਨਦਾਰਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਵੀ ਕੀਤਾ ਗਿਆ। ਰਾਜ ਕੁਮਾਰ ਗਰਗ, ਜੋਨੀ ਗਰਗ, ਦੀਪਕ ਕੁਮਾਰ, ਸੁਰਿੰਦਰ ਪਾਲ ਸਿੰਘ, ਯੋਗੀ ਬਾਂਸਲ ਤੇ ਕੇਵਲ ਕ੍ਰਿਸ਼ਨ ਬਿੱਟਾ ਨੇ ਦੱਸਿਆ ਕਿ ਇਹ ਸ਼ੋਭਾ ਯਾਤਰਾ ਮੁੱਦਕੀ ਰੋਡ, ਕੋਟਕਪੂਰਾ ਰੋਡ, ਨਿਹਾਲ ਸਿੰਘ ਵਾਲਾ ਰੋਡ, ਚਨੂੰ ਵਾਲਾ ਰੋਡ, ਮੋਗਾ ਰੋਡ ਤੋਂ ਹੁੰਦੀ ਹੋਈ ਮੰਦਰ ਵਿਖੇ ਜਾ ਕੇ ਸਮਾਪਤੀ ਹੋਈ। ਇਸ ਮੌਕੇ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ, ਰਿੰਪੀ ਮਿੱਤਲ, ਬਿੱਟੂ ਮਿੱਤਲ, ਪਵਨ ਗੁਪਤਾ, ਪਵਨ ਗੋਇਲ, ਦਵਿੰਦਰ ਚੀਕਾਂ, ਰਾਮ ਗੁਪਤਾ, ਜਗਸੀਰ ਗਰਗ, ਬਲਵਿੰਦਰ ਗਰਗ, ਰੋਸ਼ਨ ਲਾਲ ਰੋਸ਼ੀ, ਸੰਦੀਪ ਠੰਡੂ, ਕੇਵਲ ਕ੍ਰਿਸ਼ਨ ਬਾਂਸਲ, ਅਸ਼ੋਕੀ ਗਰਗ, ਟੋਨੀ ਗੋਇਲ, ਅਮਿਤ ਗੋਇਲ, ਵਿਜੇ ਬਾਂਸਲ, ਰਜਿੰਦਰ ਗੋਇਲ, ਰਾਕੇਸ਼ ਤੋਤਾ, ਆਸ਼ੂਤੋਸ਼ ਭੰਡਾਰੀ, ਸੰਜੀਵ ਬਾਂਸਲ, ਕ੍ਰਿਸ਼ਨ ਗਰਗ, ਅਸ਼ਵਨੀ ਸ਼ਰਮਾ, ਵਿਜੇ ਸ਼ਰਮਾ ਤੇ ਹੋਰਨਾਂ ਨੇ ਵਧਾਈ ਦਿੱਤੀ।

# ਡਿਪਟੀ ਸਕੱਤਰ ਨੇ ਕੱਲੋ 'ਚ ਓਪਨ ਏਅਰ ਥੀਏਟਰ ਦਾ ਰੱਖਿਆ ਨੀਂਹ ਪੱਥਰ

**ਮਾਨਸਾ (ਆਤਮਾ ਸਿੰਘ ਪਮਾਰ)** : ਯੁਵਾ ਮਾਮਲੇ ਤੇ ਖੇਡ ਮੰਤਰਾਲੇ ਭਾਰਤ ਸਰਕਾਰ ਦੇ ਡਿਪਟੀ ਸੈਕਟਰੀ ਵਰਿੰਦਰ ਸਿੰਘ ਨੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਕੱਲੋ ਵਿਖੇ ਆਧੁਨਿਕ ਸਹੂਲਤਾਂ ਵਾਲੇ ਪ੍ਰੋ. ਅਜਮੇਰ ਔਲਖ ਯਾਦਗਾਰੀ ਓਪਨ ਏਅਰ ਥੀਏਟਰ ਦਾ ਨੀਂਹ ਪੱਥਰ ਰੱਖਦਿਆਂ ਖੁਸ਼ੀ ਦਾ ਇਜ਼ਹਾਰ ਕੀਤਾ ਕਿ ਇਹ ਮੰਚ ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਲਈ ਵੱਡਾ ਚਾਨਣ ਮੁਨਾਰਾ ਸਾਬਿਤ ਹੋਵੇਗਾ। ਵਰਿੰਦਰ ਸਿੰਘ ਨੇ ਕਿਹਾ ਕਿ ਨਹਿਰੂ ਯੁਵਾ ਕੇਂਦਰ ਸੰਗਠਨ ਦੇਸ਼ ਦੀ ਨੌਜਵਾਨ ਸ਼ਕਤੀ ਦਾ ਸਭ ਤੋਂ ਵੱਡਾ ਪਲੇਟਫਾਰਮ ਹੈ, ਜਿਥੇ ਨੌਜਵਾਨ ਯੂਥ ਕਲੱਬਾਂ ਦੀ ਅਗਵਾਈ 'ਚ ਅਪਣੇ ਸੁਨਹਿਰੀ ਭਵਿੱਖ ਦੀ ਸਿਰਜਣਾ ਦੇ ਨਾਲ ਨਾਲ ਹੋਰਨਾਂ ਲੋਕਾਂ ਲਈ ਪ੍ਰੇਰਨਾ ਸਰੋਤ ਵੀ ਬਣਦੇ ਹਨ।

ਉਨ੍ਹਾ ਮਾਨਸਾ ਜ਼ਿਲ੍ਹੇ 'ਚ ਨਹਿਰੂ ਯੁਵਾ ਕੇਂਦਰ ਤੇ ਕਲੱਬਾਂ ਵੱਲੋਂ ਕੀਤੇ ਜਾ ਰਹੇ ਕ੍ਰਾਂਤੀਕਾਰੀ ਕਾਰਜਾਂ ਦੀ ਭਰਵੀਂ ਪ੍ਰਸੰਸਾ ਕਰਦਿਆਂ ਕਿਹਾ ਕਿ ਇਥੋਂ ਦੇ ਵਿਦਿਆਰਥੀਆਂ, ਨੌਜਵਾਨਾਂ 'ਚ ਅਥਾਹ ਪ੍ਰਤਿਭਾ ਹੈ। ਜ਼ਿਲ੍ਹਾ ਯੂਥ ਅਫਸਰ ਸਰਬਜੀਤ ਸਿੰਘ, ਲੇਖਾ ਤੇ ਪ੍ਰੋਗਰਾਮ ਅਫਸਰ ਡਾ. ਸੰਦੀਪ ਘੰਡ ਨੇ ਦੱਸਿਆ ਕਿ ਇਸ ਓਪਨ ਏਅਰ ਥੀਏਟਰ ਦੀ ਸ਼ੁਰੂਆਤ ਤਿੰਨ ਦਿਨਾ ਸ਼ਰਮਦਾਨ ਕੈਂਪ ਦੌਰਾਨ ਕੀਤੀ ਜਾ ਰਹੀ ਹੈ ਅਤੇ ਵੱਖ ਵੱਖ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਇਸ ਨੂੰ ਨੇਪਰੇ ਚਾੜ੍ਹਿਆ ਜਾਵੇਗਾ।




ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫਸਰ ਭੁਪਿੰਦਰ ਕੌਰ, ਡਿਪਟੀ ਡੀਈਓ ਗੁਰਲਾਭ ਸਿੰਘ, ਸਮਾਜ ਸੇਵੀ ਹਰਪ੍ਰੀਤ ਬਹਿਣੀਵਾਲ, ਪ੍ਰੋਜੈਕਟ ਕੋਆਰਡੀਨੇਟਰ ਹਰਦੀਪ ਸਿੱਧੂ ਨੇ ਦੱਸਿਆ ਕਿ ਕੱਲੋ ਵਿਖੇ ਬਣਨ ਵਾਲਾ ਓਪਨ ਏਅਰ ਥੀਏਟਰ ਪੰਜਾਬ ਦੇ ਸਰਕਾਰੀ ਸਕੂਲਾਂ 'ਚ ਬਣਨ ਵਾਲਾ ਪਹਿਲਾ ਆਧੁਨਿਕ ਓਪਨ ਏਅਰ ਥੀਏਟਰ ਹੋਵੇਗਾ, ਜਿਸ 'ਤੇ ਦੋ ਲੱਖ ਤੋਂ ਵੱਧ ਦੇ ਖਰਚੇ ਦਾ ਅਨੁਮਾਨ ਹੈ। ਪਿੰਡ ਦੇ ਸਰਪੰਚ ਰੀਮਾ ਰਾਣੀ, ਸਾਬਕਾ ਸਰਪੰਚ ਹਰਨੇਕ ਸਿੰਘ, ਨੌਜਵਾਨ ਸਪੋਰਟਸ ਕਲੱਬ ਕੱਲੋ ਦੇ ਪ੍ਰਧਾਨ ਰਾਜਵਿੰਦਰ ਸਿੰਘ, ਜੀਵਨ ਸਿੰਘ, ਗੁਰਪਾਲ ਸਿੰਘ ਨੇ ਇਸ ਪ੍ਰੋਜੈਕਟ 'ਤੇ ਖੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਇਸ ਨਾਲ ਸਕੂਲ 'ਚ ਪੜ੍ਹਾਈ ਦੇ ਮਿਆਰ ਦੇ ਨਾਲ ਨਾਲ ਵਿਦਿਆਰਥੀਆਂ 'ਚ ਮੁੱਢਲੇ ਪੜਾਅ ਤੋਂ ਹੀ ਸਾਹਿਤਕ, ਸੱਭਿਆਚਾਰ, ਰੰਗਮੰਚ ਸਰਗਰਮੀਆਂ ਪ੍ਰਤੀ ਉਤਸ਼ਾਹ ਵਧੇਗਾ। ਪ੍ਰਸਿੱਧ ਰੰਗਕਰਮੀ ਮਨਜੀਤ ਕੌਰ ਔਲਖ, ਜ਼ਿਲ੍ਹਾ ਭਾਸ਼ਾ ਅਫਸਰ ਤੇਜਿੰਦਰ ਕੌਰ, ਖੋਜ ਅਫਸਰ ਸ਼ਾਇਰ ਗੁਰਪ੍ਰੀਤ ਤੇ ਲੋਕ ਕਲਾ ਮੰਚ ਮਾਨਸਾ ਦੇ ਪ੍ਰਧਾਨ ਬਿੱਟੂ ਮਾਨਸਾ ਨੇ ਪ੍ਰੋ. ਅਜਮੇਰ ਔਲਖ ਦੀ ਯਾਦ 'ਚ ਬਣਾਏ ਜਾ ਰਹੇ ਇਸ ਓਪਨ ਏਅਰ ਥੀਏਟਰ ਦੀ ਪ੍ਰਸੰਸਾ ਕੀਤੀ।

# ਗੁਰੂ ਨਾਨਕ ਚੈਰੀਟੇਬਲ ਟਰੱਸਟ ਸਕਾਟਲੈਂਡ ਵੱਲੋਂ ਸਮੂਹਕ ਕੰਨਿਆ ਦਾਨ ਮਹਾਂ ਯੱਗ



**ਜਗਰਾਓਂ, (ਅਮਿਤ ਖੰਨਾ)**-ਜਗਰਾਉਂ ਗੁਰੂ ਨਾਨਕ ਚੈਰੀਟੇਬਲ ਟਰੱਸਟ ਯੂ ਕੇ ਵੱਲੋਂ ਚੇਅਰਮੈਨ ਗੁਰਮੇਲ ਸਿੰਘ ਢਿੱਲੋਂ, ਗੁਰਮੇਲ ਸਿੰਘ ਧਾਮੀ, ਹਰਨੇਕ ਸਿੰਘ ਸੈਕਟਰੀ ਤੇ ਨਰੇਸ਼ ਵਰਮਾ ਦੀ ਯੋਗ ਅਗਵਾਈ ਹੇਠ 19ਵਾਂ ਸਮੂਹਿਕ ਕੰਨਿਆ ਦਾਨ ਮਹਾਂਯਗ ਪਿੰਡ ਚੀਮਨਾ ਦੇ ਗੁਰਦੁਆਰਾ ਸਾਹਿਬ ਵਿਖੇ ਕਰਵਾਇਆ ਗਿਆ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਗੁਰਮੇਲ ਸਿੰਘ ਧਾਮੀ ਤੇ ਕੈਪਟਨ ਨਰੇਸ਼ ਵਰਮਾ ਨੇ ਦੱਸਿਆ ਕਿ ਇਸ ਮੌਕੇ ਗੁਰੂ ਗ੍ਰੰਥ ਸਾਹਿਬ ਜੀ ਦੀ ਹਾਜ਼ਰੀ ਵਿੱਚ 21 ਜ਼ਰੂਰਤਮੰਦ ਲੜਕੀਆਂ ਦੇ ਅਨੰਦ ਕਾਰਜ ਕਰਵਾਏ ਗਏ। ਟਰੱਸਟ ਦੇ ਮੈਂਬਰ ਹਰਵਿੰਦਰ ਸਿੰਘ ਤੇ ਹਰਨੇਕ ਸਿੰਘ ਨੇ ਦੱਸਿਆ ਕਿ ਇਸ ਮੌਕੇ ਲੜਕੀ ਨੂੰ ਨਵਾਂ ਘਰ ਵਸਾਉਣ ਲਈ ਜ਼ਰੂਰਤ ਦਾ ਹਰ ਸਾਮਾਨ ਦਿੱਤਾ ਗਿਆ। ਇਸ ਮੌਕੇ ਬਰਾਤਾਂ ਦਾ ਸਵਾਗਤ ਬੈਂਡ ਬਾਜ਼ੇ ਨਾਲ ਕੀਤਾ ਗਿਆ। ਬਰਾਤੀਆਂ ਤੇ ਲੜਕੀ ਵਾਲਿਆਂ ਦੇ ਰਿਸ਼ਤੇਦਾਰਾਂ ਲਈ ਚਾਹ ਨਾਸ਼ਤੇ ਵਿੱਚ ਕਈ ਪ੍ਰਕਾਰ ਦੇ ਪਕੌੜੇ ਤੇ ਮਠਿਆਈਆਂ ਅਤੇ ਦੁਪਹਿਰ ਦੇ ਭੋਜਨ ਦਾ ਖਾਸ ਪ੍ਰਬੰਧ ਕੀਤਾ ਗਿਆ।

ਇਸ ਸਮੇਂ ਸਰਪੰਚ ਇਕਬਾਲ ਸਿੰਘ, ਹਰਨੇਕ ਸਿੰਘ, ਸੈਕਟਰੀ ਹਰਵਿੰਦਰ ਸਿੰਘ, ਗੁਰਮੇਲ ਸਿੰਘ ਧਾਮੀ, ਕੈਪਟਨ ਨਰੇਸ਼ ਵਰਮਾ, ਗੁਰਕ੍ਰਿਪਾਲ ਸਿੰਘ ਢਿੱਲੋਂ, ਸ਼ਸ਼ੀ ਭੂਸ਼ਨ ਜੈਨ, ਦਰਸ਼ਨ ਸਿੰਘ, ਪਿਆਰਾ ਸਿੰਘ, ਗੁਰਪਾਲ ਸਿੰਘ ਸਮਰਾ, ਸੁਖਵਿੰਦਰ ਸਿੰਘ ਤੂਰ, ਪ੍ਰਿਥੀਪਾਲ ਸਿੰਘ, ਤਰਨਦੀਪ ਸਿੰਘ, ਅਮਨਜੀਤ ਸਿੰਘ, ਗੁਰਦੀਪ ਸਿੰਘ, ਗੁਰਬਚਨ ਸਿੰਘ, ਸੁਰਜੀਤ ਸਿੰਘ ਆਦਿ ਹਾਜ਼ਰ ਸਨ।

# ਸਿਹਤ ਵਿਭਾਗ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ



ਮੀਟਿੰਗ ਮੌਕੇ ਹਾਜ਼ਰ ਸਿਹਤ ਵਿਭਾਗ ਦੇ ਪੈਨਸ਼ਨਰ।

**ਮੋਗਾ (ਅਮਰਜੀਤ ਬੱਬਰੀ)**-ਸਿਹਤ ਵਿਭਾਗ ਪੈਨਸ਼ਨਰਜ਼ ਐਸੋਸੀਏਸ਼ਨ ਜ਼ਿਲ੍ਹਾ ਮੋਗਾ ਦੀ ਇੱਕ ਅਹਿਮ ਮੀਟਿੰਗ ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਯਾਦਗਾਰੀ ਹਾਲ ਬੱਸ ਸਟੈਂਡ ਮੋਗਾ ਵਿਖੇ ਚਮਕੌਰ ਸਿੰਘ ਸਰਾਂ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਮੌਕੇ ਨਾਇਬ ਸਿੰਘ, ਮਨਜੀਤ ਸਿੰਘ, ਹਰਚੰਦ ਸਿੰਘ ਮਹੇਸ਼ਰੀ, ਮੈਡਮ ਜਗਪਾਲ ਕੌਰ, ਚਮਨ ਲਾਲ ਨੇ ਆਪਣੇ ਵਿਚਾਰ ਪ੍ਰਗਟ ਕੀਤੇ। ਬੁਲਾਰਿਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਪੈਨਸ਼ਨਰਾਂ ਦੀਆਂ ਵਾਜਬ ਮੰਗਾਂ, ਜਿਨ੍ਹਾਂ ਵਿੱਚ ਛੇਵੇਂ ਤਨਖਾਹ ਕਮਿਸ਼ਨ ਦੀਆਂ ਸਿਫਾਰਸ਼ਾਂ ਅਨੁਸਾਰ ਪੈਨਸ਼ਨਰਾਂ ਦੀਆਂ 2.59 ਦੇ ਗੁਣਾਂਕ ਅਨੁਸਾਰ ਪੈਨਸ਼ਨਾਂ ਸੋਧਣਾ, ਡੀ ਏ ਦੀਆਂ 7 ਸਾਲ ਦੀਆਂ ਕਿਸ਼ਤਾਂ ਦੇ ਬਣਦੇ ਬਕਾਏ ਯਕਮੁਸ਼ਤ ਦੇਣਾ, 01/01/16 ਤੋਂ ਬਾਅਦ ਰਿਟਾਇਰ ਹੋਣ ਵਾਲੇ ਪੈਨਸ਼ਨਰਾਂ ਲਈ ਸੋਧੀ ਹੋਈ ਲੀਵ ਇਨਕੈਸ਼ਮੈਂਟ ਦੇਣ ਬਾਰੇ ਪੱਤਰ ਜਾਰੀ ਕਰਨਾ ਆਦਿ ਸ਼ਾਮਲ ਹਨ, ਪ੍ਰਤੀ ਟਾਲ ਮਟੋਲ ਵਾਲੀ ਨੀਤੀ ਅਪਣਾ ਰਹੀ ਹੈ, ਜਿਸ ਕਾਰਨ ਪੈਨਸ਼ਨਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।

ਮੀਟਿੰਗ ਮੌਕੇ ਫੈਸਲਾ ਕੀਤਾ ਗਿਆ ਕਿ ਆਪਣੀਆਂ ਮੰਗਾਂ ਦੀ ਪ੍ਰਾਪਤੀ ਲਈ ਸਾਂਝੇ ਫ਼ਰੰਟ ਵੱਲੋਂ ਦਿੱਤੇ ਗਏ ਸੱਦੇ ਅਨੁਸਾਰ 15 ਫਰਵਰੀ ਨੂੰ ਜ਼ਿਲ੍ਹਾ ਹੈੱਡ ਕੁਆਟਰ ਤੇ 19 ਫਰਵਰੀ ਨੂੰ ਚੰਡੀਗੜ੍ਹ ਵਿਖੇ ਕੀਤੀ ਜਾ ਰਹੀ ਸੂਬਾ ਪੱਧਰੀ ਰੈਲੀ ਵਿੱਚ ਸਿਹਤ ਵਿਭਾਗ ਦੇ ਪੈਨਸ਼ਨਰ ਭਰਵੀਂ ਗਿਣਤੀ ਵਿੱਚ ਸ਼ਾਮਲ ਹੋਣਗੇ।

ਇਸ ਮੀਟਿੰਗ ਵਿੱਚ ਮੈਡਮ ਬੇਅੰਤ ਕੌਰ, ਨਛੱਤਰ ਕੌਰ, ਸੁਰਿੰਦਰ ਕੌਰ, ਰਣਬੀਰ ਕੌਰ, ਹਰਮੇਸ਼ ਕੁਮਾਰੀ, ਚਮਨ ਲਾਲ, ਅਮਰਜੀਤ ਸਿੰਘ ਬਲਵਿੰਦਰ ਗਿੱਲ, ਸ਼ਾਮ ਸੁੰਦਰ, ਗਿਆਨ ਚੰਦ ਸ਼ਰਮਾ, ਬਲੌਰ ਸਿੰਘ, ਬਲਵਿੰਦਰ ਸ਼ਰਮਾ, ਦੀਵਾਨ ਸਿੰਘ, ਰਾਜਵਿੰਦਰਪਾਲ ਸਿੰਘ, ਰਣਜੀਤ ਵਾਲੀਆ, ਬੰਤਾ ਸਿੰਘ, ਬ੍ਰਿਜ ਲਾਲ, ਨਛੱਤਰ ਸਿੰਘ, ਰਾਜੇਸ਼ ਬਜਾਜ, ਜੁਗਰਾਜ ਸਿੰਘ ਆਦਿ ਸ਼ਾਮਲ ਹੋਏ।

# ਗ੍ਰਾਮ ਪੰਚਾਇਤਾਂ ਦਾ ਦੋ ਰੋਜ਼ਾ ਸਿਖਲਾਈ ਕੈਂਪ ਲਾਇਆ

ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਮਾਛੀਵਾੜਾ ਦੇ ਬਲਾਕ ਵਿਕਾਸ ਤੇ ਪੰਚਾਇਤ ਦਫ਼ਤਰ ਵਿਖੇ ਪ੍ਰਦੇਸ਼ਕ ਦਿਹਾਤੀ ਵਿਕਾਸ ਸੰਸਥਾ ਦੇ ਮਾਨਯੋਗ ਡਾਇਰੈਕਟਰ ਡਾਕਟਰ ਗੁਰਪ੍ਰੀਤ ਸਿੰਘ ਖਹਿਰਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਬੀ ਡੀ ਪੀ ਓ ਗੁਰਪ੍ਰੀਤ ਸਿੰਘ ਮਾਂਗਟ ਦੀ ਅਗਵਾਈ ਵਿੱਚ ਪੰਚਾਇਤ ਰਾਜ ਸੰਸਥਾਵਾਂ ਦੇ ਨੁਮਾਇੰਦਿਆਂ ਤੇ ਕਰਮਚਾਰੀਆਂ ਲਈ ਸਮਰੱਥਾ ਨਿਰਮਾਣ ਪ੍ਰੋਗਰਾਮ ਤਹਿਤ ਗ੍ਰਾਮ ਪੰਚਾਇਤਾਂ ਦਾ ਦੋ ਰੋਜ਼ਾ ਕੈਂਪ ਸਿਖਲਾਈ ਕੈਂਪ ਲਾਇਆ ਗਿਆ।

ਇਸ ਮੌਕੇ ਮਾਸਟਰ ਰੀਸੋਰਸ ਪਰਸਨ ਨੀਲਮ ਸ਼ਰਮਾ ਤੇ ਨਵਰੀਤ ਕੌਰ ਵੱਲੋਂ ਗ੍ਰਾਮ ਪੰਚਾਇਤ, ਕੰਮ, ਸ਼ਕਤੀਆਂ, ਮਤੇ, ਗ੍ਰਾਮ ਸਭਾ, ਮੀਟਿੰਗਾਂ, ਕੋਰਮ, ਮਤੇ, ਕਾਰਜ ਪ੍ਰਣਾਲੀ, 15ਵਾਂ ਵਿੱਤ ਕਮਿਸ਼ਨ, ਜੀਪੀਡੀਪੀ, ਟਿਕਾਊ ਵਿਕਾਸ ਟੀਚੇ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਕੈਂਪ ਦੌਰਾਨ ਵੱਖ-ਵੱਖ ਵਿਭਾਗਾਂ ਜਿਵੇਂ ਕਿ ਵਾਟਰ ਸਪਲਾਈ, ਸੀਡੀਪੀਓ ਦਫਤਰ, ਮਗਨਰੇਗਾ ਦੇ ਅਧਿਕਾਰੀਆਂ ਵੱਲੋਂ ਗ੍ਰਾਮ ਪੰਚਾਇਤਾਂ ਦੇ ਕੰਮ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ ਉਨ੍ਹਾ ਕਿਹਾ ਕਿ ਸਰਕਾਰ ਵੱਲੋਂ 9 ਥੀਮਾਂ ਉਪਰ ਪਿੰਡਾਂ ਦਾ ਵਿਕਾਸ ਕਰਨ ਲਈ ਜ਼ੋਰ ਦਿੱਤਾ ਗਿਆ। ਕੈਂਪ ਵਿੱਚ 116 ਪਿੰਡਾਂ ਦੇ ਸਰਪੰਚ, ਪੰਚ, ਆਂਗਣਵਾੜੀ ਵਰਕਰਾਂ, ਆਸ਼ਾ ਵਰਕਰਾਂ, ਅਧਿਆਪਕਾਂ ਤੋਂ ਇਲਾਵਾ ਕੁਲਵੰਤ ਕੌਰ ਨੀਲੋਂ, ਗੁਰਿੰਦਰ ਕੌਰ ਕੰਪਿਊਟਰ ਆਪਰੇਟਰ, ਵੀਨੂੰ ਰਾਣੀ, ਰਵੀ ਕੁਮਾਰ ਆਦਿ ਹਾਜ਼ਰ ਸਨ।

# ਸੰਤਾਂ ਦੇ ਜਨਮ ਦਿਹਾੜੇ ਨੂੰ ਸਮਰਪਤ ਕਬੱਡੀ ਕੱਪ ਸ਼ਾਨੋ-ਸ਼ੌਕਤ ਨਾਲ ਸੰਪੰਨ



**ਨਾਭਾ (ਵਰਿੰਦਰ ਵਰਮਾ)**-ਸ੍ਰੀਮਾਨ ਸੰਤ ਬਾਬਾ ਸੁਖਦੇਵ ਸਿੰਘ ਜੀ ਮਹਾਰਾਜ ਮੈਮੋਰੀਅਲ ਚੈਰੀਟੇਬਲ ਤੇ ਸਪੋਰਟਸ ਕਲੱਬ (ਰਜਿ) ਅਲੌਹਰਾਂ ਵੱਲੋਂ ਸਮੂਹ ਇਲਾਕਾ ਨਿਵਾਸੀਆ ਦੇ ਸਹਿਯੋਗ ਨਾਲ ਸੰਤਾਂ ਦੇ 79ਵੇਂ ਜਨਮ ਦਿਹਾੜੇ ਨੂੰ ਸਮਰਪਤ ਖੂਹੀ ਸਾਹਿਬ ਸਟੇਡੀਅਮ ਅਲੋਹਰਾਂ ਵਿਖੇ 19ਵਾਂ ਸ਼ਾਨਦਾਰ ਕਬੱਡੀ ਕੱਪ ਕਰਾਇਆ ਗਿਆ, ਜੋ ਵਿਲੱਖਣ ਯਾਦਾਂ ਛੱਡਦਾ ਹੋਇਆ ਸ਼ਾਨੋ ਸ਼ੌਕਤ ਨਾਲ ਸਮਾਪਤ ਹੋ ਗਿਆ।

ਕਬੱਡੀ ਕੱਪ ਮੌਕੇ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ, ਮਨਜੀਤ ਸਿੰਘ ਟਿਵਾਣਾ ਜੇਲ੍ਹ ਸੁਪਰਡੈਂਟ ਪਟਿਆਲਾ, ਜ਼ਿਲ੍ਹਾ ਯੋਜਨਾ ਬੋਰਡ ਚੇਅਰਮੈਨ ਜਸਵੀਰ ਸਿੰਘ ਜੱਸੀ ਸੋਹੀਆਂ ਵਾਲਾ, ਦਵਿੰਦਰ ਅੱਤਰੀ ਡੀ.ਐਸ.ਪੀ ਨਾਭਾ, ਹੈਰੀ ਬੋਪਾਰਾਏ ਐਸ.ਐਚ.ਓ, ਉਘੇ ਲੋਕ ਗਾਇਕ ਹਰਜੀਤ ਹਰਮਨ ਮੁੱਖ ਮਹਿਮਾਨ ਵਜੋ ਪਹੁੰਚੇ। ਕਬੱਡੀ ਕੱਪ ਦਾ ਉਦਘਾਟਨ ਸੰਤ ਸਿੰਘ ਵੱਲੋਂ ਰੀਬਨ ਕੱਟ ਕੇ ਕੀਤਾ ਗਿਆ। ਕਬੱਡੀ ਕੱਪ ਮੌਕੇ ਪੰਜਾਬ ਭਰ ਦੇ ਨਾਮਵਰ ਖਿਡਾਰੀਆਂ ਦੀਆਂ ਟੀਮਾਂ ਨੇ ਭਾਗ ਲਿਆ, ਜਿਨ੍ਹਾਂ ਵਿੱਚ ਇੱਕ ਪਿੰਡ ਓਪਨ (ਲੜਕੇ) ਪਹਿਲਾ ਇਨਾਮ ਭੜੋ ਦੀ ਟੀਮ ਨੇ ਘਣੀਵਾਲ ਦੀ ਟੀਮ ਨੂੰ ਹਰਾ ਕੇ ਕੱਪ ਤੇ ਕਬਜ਼ਾ ਅਤੇ 51000 ਹਜ਼ਾਰ ਰੁਪਏ ਨਕਦ ਇਨਾਮ ਹਾਸਲ ਕੀਤਾ। ਦੂਜੇ ਨੰਬਰ ਦਾ ਇਨਾਮ ਘਣੀਵਾਲ ਦੀ ਟੀਮ ਨੇ 31000 ਰੁਪਏ ਨਕਦ ਹਾਸਲ ਕੀਤਾ।

ਜੇਤੂ ਟੀਮਾਂ ਨੂੰ ਪਹਿਲਾ ਇਨਾਮ ਗੁਰੀ ਅਸਟ੍ਰੇਲੀਆ ਤੇ ਦੂਜਾ ਇਨਾਮ ਗੁਰਜੰਟ ਸਿੰਘ ਕਨੇਡਾ ਵੱਲੋਂ ਦਿੱਤਾ ਗਿਆ। ਆਲ ਓਪਨ (ਲੜਕੀਆਂ) ਪਹਿਲਾ ਇਨਾਮ ਮਿਕਲੋਡ ਦੀ ਟੀਮ ਨੇ ਬੋਬਹਾ ਹਿਸਾਰ ਦੀ ਟੀਮ ਨੂੰ ਹਰਾ ਕੇ ਕੱਪ 'ਤੇ ਕਬਜ਼ਾ ਅਤੇ 31000 ਰੁਪਏ ਨਕਦ ਇਨਾਮ ਹਾਸਲ ਕੀਤਾ, ਦੂਜੇ ਨੰਬਰ ਦਾ ਇਨਾਮ ਬੋਬਹਾ ਹਿਸਾਰ ਦੀ ਟੀਮ ਨੇ 21000 ਰੁਪਏ ਨਕਦ ਹਾਸਲ ਕੀਤਾ। ਜੇਤੂ ਟੀਮਾਂ ਨੂੰ ਇਨਾਮ ਪੰਮਾ ਯੂ.ਐਸ.ਏ ਵੱਲੋਂ ਦਿੱਤੇ ਗਏ। ਖਿਡਾਰੀਆਂ ਦੀ ਮੁੱਢਲੀ ਸਹਾਇਤਾ ਲਈ ਜਨ ਔਸ਼ਧੀ ਕੇਂਦਰ ਮੋਤੀ ਬਾਗ ਨਾਭਾ ਵੱਲੋਂ ਮੈਡੀਕਲ ਕੈਂਪ ਲਾਇਆ ਗਿਆ।

# ਐੱਸ ਡੀ ਕਾਲਜ 'ਚ ਸਲੋਗਨ ਰਾਈਟਿੰਗ ਤੇ ਪੋਸਟਰ ਮੇਕਿੰਗ ਮੁਕਾਬਲਾ



ਪ੍ਰਤੀਯੋਗਤਾ 'ਚ ਭਾਗ ਲੈਣ ਵਾਲੇ ਵਿਦਿਆਰਥੀ ਕਾਲਜ ਪ੍ਰਿੰਸੀਪਲ ਤੇ ਸਟਾਫ ਨਾਲ।

**ਮੋਗਾ (ਅਮਰਜੀਤ ਬੱਬਰੀ)**-ਐੱਸ. ਡੀ. ਕਾਲਜ ਫਾਰ ਵਿਮਨ ਵਿਖੇ ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ ਤੇ ਫਾਈਨ ਆਰਟਸ ਵਿਭਾਗ ਨੇ ਆਪਸੀ ਸਹਿਯੋਗ ਮਾਤ ਭਾਸ਼ਾ ਵਿਸ਼ੇ ਤਹਿਤ ਸਲੋਗਨ ਰਾਈਟਿੰਗ ਤੇ ਪੋਸਟਰ ਮੇਕਿੰਗ ਪ੍ਰਤੀਯੋਗਤਾ ਕਰਾਈ। ਕਾਲਜ ਪ੍ਰਿੰਸੀਪਲ ਡਾ. ਨੀਨਾ ਅਨੇਜਾ ਨੇ ਪ੍ਰਤੀਯੋਗਤਾ ਵਿੱਚ ਭਾਗ ਲੈਣ ਵਾਲੀਆਂ ਵਿਦਿਆਰਥਣਾਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਕਿਹਾ ਕਿ ਮਾਤ ਭਾਸ਼ਾ ਹਰ ਦੇਸ ਦੀ ਕੌਮ ਦਾ ਵਿਰਸਾ ਹੁੰਦੀ ਹੈ। ਹਰ ਵਿਅਕਤੀ ਆਪਣੇ ਹਾਵ-ਭਾਵ ਤੇ ਵਲਵਲੇ ਆਪਣੀ ਮਾਤ ਭਾਸ਼ਾ ਵਿੱਚ ਹੀ ਸਾਰਥਕ ਢੰਗ ਨਾਲ ਪ੍ਰਗਟ ਕਰ ਸਕਦਾ ਹੈ। ਵਿਦਿਆਰਥਣਾਂ ਨੇ ਪੰਜਾਬੀ ਮਾਤ ਭਾਸ਼ਾ ਪ੍ਰਤੀ ਪਿਆਰ ਤੇ ਸਤਿਕਾਰ ਨੂੰ ਦਰਸਾਉਂਦੇ ਹੋਏ ਸਲੋਗਨ ਲਿਖੇ ਅਤੇ ਪੋਸਟਰ ਬਣਾਏ।

ਸਲੋਗਨ ਰਾਈਟਿੰਗ ਪ੍ਰਤੀਯੋਗਤਾ ਵਿੱਚ ਪਹਿਲਾਂ ਸਥਾਨ ਮਿਸ ਅਮਨਦੀਪ ਕੌਰ (ਬੀ.ਏ. ਭਾਗ ਤੀਜਾ) ਨੇ, ਦੂਜਾ ਸਥਾਨ ਮਿਸ ਲਵਪ੍ਰੀਤ ਕੌਰ ਨੇ (ਬੀ.ਏ ਦੂਜਾ) ਤੇ ਤੀਜਾ ਸਥਾਨ ਮਿਸ (ਬੀ .ਏ ਭਾਗ ਪਹਿਲਾ) ਮਿਸ ਗਰਿਮਾ ਤੇ ਮਿਸ ਰਵਨੀਤ ਕੌਰ (ਬੀ.ਏ ਭਾਗ ਦੂਜਾ) ਨੇ ਪ੍ਰਾਪਤ ਕੀਤਾ। ਪੋਸਟਰ ਮੇਕਿੰਗ ਪ੍ਰਤੀਯੋਗਤਾ ਵਿੱਚ ਪਹਿਲਾ ਸਥਾਨ ਮਿਸ ਸੰਦੀਪ ਕੌਰ ਨੇ (ਬੀ ਭਾਗ ਪਹਿਲਾ ਫੂਡ ਪ੍ਰੋਸੈਸਿੰਗ ਐਂਡ ਕੁਆਲਿਟੀ ਮੈਨੇਜਮੈਂਟ), ਦੂਜਾ ਸਥਾਨ ਮਿਸ ਅੰਜਲੀ (ਬੀ.ਐੱਸ.ਸੀ ਭਾਗ ਦੂਜਾ) ਨੇ ਅਤੇ ਤੀਜਾ ਸਥਾਨ ਮਿਸ ਯੁਕਤਾ (ਬੀ.ਏ ਭਾਗ ਦੂਜਾ) ਨੇ ਪ੍ਰਾਪਤ ਕੀਤਾ। ਇਸ ਮੌਕੇ ਡਾ. ਪਲਵਿੰਦਰ ਕੌਰ (ਮੁਖੀ ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ), ਮਿਸਿਜ ਰਮਨਪ੍ਰੀਤ ਕੌਰ, ਮਿਸਿਜ ਊਸ਼ਾ ਰਾਣੀ ਤੇ ਮਿਸਿਜ ਸੰਦੀਪ ਕੌਰ (ਮੁਖੀ ਫਾਈਨ ਆਰਟਸ ਵਿਭਾਗ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਪੰਜਾਬ ਕੌਨਵੈਂਟ ਸਕੂਲ ਵਿਖੇ ਹੈਲਥੀ ਬੇਬੀ ਸ਼ੋਅ ਕਰਵਾਇਆ




**ਬਾਘਾ ਪੁਰਾਣਾ (ਮਨੀ ਸਿੰਗਲਾ)**-ਪੰਜਾਬ ਕੌਨਵੈਂਟ ਸੀਨੀਅਰ ਸੈਕੰਡਰੀ ਸਕੂਲ ਬਾਘਾ ਪੁਰਾਣਾ ਵਿਖੇ ਹੈਲਥੀ ਬੇਬੀ ਸ਼ੋ ਕਰਵਾਇਆ ਗਿਆ, ਜਿਸ ਵਿੱਚ ਇਲਾਕੇ ਦੇ ਪ੍ਰਸਿੱਧ ਡਾਕਟਰ ਡਾ. ਗੁਪਤਾ ਤੇ ਦੰਦਾਂ ਦੇ ਮਾਹਰ ਡਾਕਟਰ ਆਏ, ਜਿਨ੍ਹਾਂ ਨੇ ਉਮਰ ਦੇ ਅਨੁਸਾਰ ਬੱਚਿਆਂ ਦਾ ਸਰੀਰਕ ਮੁਆਇਨਾ ਕੀਤਾ ਤੇ ਤੰਦਰੁਸਤ ਸਿਹਤ ਲਈ ਸੁਝਾਅ ਦਿੱਤੇ। ਇਸ ਪ੍ਰੋਗਰਾਮ ਵਿੱਚ ਇਲਾਕੇ ਦੇ ਸੂਝਵਾਨ ਤੇ ਇਮਾਨਦਾਰ ਐੱਮ.ਐੱਲ.ਏ. ਸ੍ਰ: ਅੰਮ੍ਰਿਤਪਾਲ ਸਿੰਘ ਸੁਖਾਨੰਦ ਨੇ ਆਪਣੇ ਕੀਮਤੀ ਸਮੇਂ ਵਿੱਚੋਂ ਕੁਝ ਸਮਾਂ ਇਨ੍ਹਾਂ ਨੰਨ੍ਹੇ- ਮੁੰਨੇ ਬੱਚਿਆਂ ਨਾਲ ਬਿਤਾਇਆ। ਇਸ ਮੌਕੇ ਨੰਨ੍ਹੇ-ਮੁੰਨੇ ਬੱਚਿਆਂ ਨੇ ਬਹੁਤ ਹੀ ਸ਼ਾਨਦਾਰ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤੇ ਤੇ ਜੇਤੂ ਬੱਚਿਆਂ ਨੂੰ ਸਰਟੀਫਿਕੇਟ, ਤੋਹਫੇ ਦੇ ਕੇ ਉਤਸ਼ਾਹਤ ਕੀਤਾ ਗਿਆ।

ਇਸ ਸਮੇਂ ਚੇਅਰਮੈਨ ਆਰ. ਕੇ. ਗੁਪਤਾ, ਡਾਇਰੈਕਟਰ ਅਜੇਪਾਲ ਸਿੰਘ, ਵਾਈਸ ਚੇਅਰਮੈਨ ਰਮਨ ਮਿੱਤਲ ਰਿੰਪੀ, ਮੈਂਬਰ ਬਲਵਿੰਦਰ ਸਿੰਘ, ਪਰਮਜੀਤ ਸਿੰਘ, ਰਚਨਾ ਮਿੱਤਲ ਵੀ ਇਸ ਸਮੇਂ ਸ਼ਾਮਲ ਹੋਏ। ਪ੍ਰਿੰਸੀਪਲ ਮੈਡਮ ਨੀਲਿਮਾ ਅਰੋੜਾ ਤੇ ਡਾਇਰੈਕਟਰ ਸਰ ਅਜੈਪਾਲ ਸਿੰਘ ਦੀ ਯੋਗ ਅਗਵਾਈ ਹੇਠ ਇਸ ਪ੍ਰੋਗਰਾਮ ਦਾ ਅਗਾਜ਼ ਹੋਇਆ ਤੇ ਵਾਈਟਲ ਕਿਡਸ ਦੇ ਕੋਆਰਡੀਨੇਟਰ ਮੈਡਮ ਸੁਮਨ ਬਾਲਾ ਤੇ ਸਮੂਹ ਸਟਾਫ ਮੈਂਬਰਾ ਦੇ ਸਹਿਯੋਗ ਨਾਲ ਇਸ ਪ੍ਰੋਗਰਾਮ ਨੂੰ ਨੇਪਰੇ ਚਾੜ੍ਹਿਆ ਗਿਆ। ਇਸ ਵਿੱਚ ਵਿਸ਼ੇਸ਼ ਸਹਿਯੋਗ ਜੁਗਰਾਜ ਸਿੰਘ, ਤਾਜ ਮੁਹੰਮਦ, ਮਨਪ੍ਰੀਤ ਸਿੰਘ, ਹਰਪ੍ਰੀਤ ਸਿੰਘ (ਹੈਰੀ), ਦਵਿੰਦਰ ਸਿੰਘ ਬਰਾੜ, ਸ਼ਿਵ ਰਾਜ ਅਰੋੜਾ, ਗਗਨਦੀਪ ਕੌਰ (ਆਰਟ), ਮਨਪ੍ਰੀਤ ਕੌਰ (ਕੁਆਰਡੀਨੇਟਰ) ਆਦਿ ਨੇ ਵੀ ਸਹਿਯੋਗ ਦਿੱਤਾ। ਇਸ ਸਕੂਲ ਵਿੱਚ ਪਹੁੰਚੇ ਹੋਏ ਪਤਵੰਤੇ ਸੱਜਣਾਂ ਦਾ ਮੈਡਮ ਨੀਲਿਮਾ ਅਰੋੜਾ ਵੱਲੋਂ ਤਹਿ ਦਿਲੋਂ ਧੰਨਵਾਦ ਕੀਤਾ ਗਿਆ।

# ਕਮਿਊਨਟੀ ਹੈੱਲਥ ਸੈਂਟਰ ਵਿਖੇ ਕੁਸ਼ਟ ਰੋਗ ਸੰਬੰਧੀ ਸੈਮੀਨਾਰ



ਸੀ ਐੱਚ ਸੀ ਮਮਦੋਟ ਵਿਖ਼ੇ ਕੁਸ਼ਟ ਰੋਗ ਸੰਬੰਧੀ ਲਗਾਏ ਸੈਮੀਨਾਰ ਦਾ ਦ੍ਰਿਸ਼।

**ਮਮਦੋਟ, (ਜਸਬੀਰ ਸਿੰਘ ਕੰਬੋਜ)**-ਸਿਵਲ ਸਰਜਨ ਡਾ: ਰਾਜਿੰਦਰ ਪਾਲ ਦੇ ਨਰਦੇਸ਼ਾਂ ਤੇ ਡਾ. ਰਵਜੀਤ ਸਿੰਘ ਐੱਸ ਐੱਮ ਓ ਦੀ ਅਗਵਾਈ ਹੇਠ ਕਮਿਊਨਟੀ ਹੈਲਥ ਸੈਂਟਰ ਮਮਦੋਟ ਵਿਖੇ ਕੁਸ਼ਟ ਰੋਗਾਂ ਬਾਰੇ ਵਿਸਥਾਰਤ ਜਾਣਕਾਰੀ ਦਿੱਤੀ ਗਈ। ਇਸ ਮੌਕੇ ਜਾਣਕਾਰੀ ਦਿੰਦਿਆਂ ਡਾ. ਨਵੀਨ ਸੇਠੀ ਨੇ ਕਿਹਾ ਕਿ ਮਹਾਤਮਾ ਗਾਂਧੀ ਨੂੰ ਸਮਰਪਤ ਜ਼ਿਲ੍ਹੇ ਅੰਦਰ ਕੁਸ਼ਟ ਰੋਗ ਵਿਰੋਧੀ ਜਾਗਰੂਕਤਾ ਪੰਦਰਵਾੜਾ 30 ਜਨਵਰੀ ਤੋਂ ਮਨਾਇਆ ਜਾ ਰਿਹਾ ਹੈ ਤੇ ਇਸੇ ਸਿਲਸਿਲੇ ਵਿੱਚ ਸਿਹਤ ਵਿਭਾਗ ਵੱਲੋਂ ਵੱਖ ਵੱਖ ਖੇਤਰਾਂ ਵਿੱਚ ਜਾ ਕੇ ਲੋਕਾਂ ਨੂੰ ਇਸ ਬੀਮਾਰੀ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ ਤਾਂ ਜੋ ਇਸ ਬੀਮਾਰੀ ਦਾ ਜੜ੍ਹ ਤੋਂ ਖਾਤਮਾ ਕੀਤਾ ਜਾ ਸਕੇ। ਸੀ ਐੱਚ ਸੀ ਮਮਦੋਟ ਵਿਖੇ ਕਰਵਾਏ ਗਏ ਕੁਸ਼ਟ ਰੋਗ ਮੁਕਤ ਪੰਦਰਵਾੜੇ ਵਿੱਚ ਡਾ: ਨਵੀਨ ਸੇਠੀ ਜ਼ਿਲ੍ਹਾ ਲੈਪਰੋਸੀ ਅਫ਼ਸਰ ਫਿਰੋਜ਼ਪੁਰ ਨੇ ਕੁਸ਼ਟ ਰੋਗ ਬਾਰੇ ਜਾਣੂ ਕਰਵਾਉਂਦਿਆਂ ਇਸ ਦੇ ਕਾਰਨਾਂ ਤੇ ਲੱਛਣਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਡਾ. ਸੇਠੀ ਨੇ ਕਿਹਾ ਕਿ ਕੁਸ਼ਟ ਰੋਗੀਆਂ ਨਾਲ ਹਮੇਸ਼ਾ ਪਿਆਰ ਤੇ ਹਮਦਰਦੀ ਵਾਲਾ ਵਤੀਰਾ ਰੱਖਣਾ ਚਾਹੀਦਾ ਹੈ ਤੇ ਨਾਲ ਹੀ ਉਨ੍ਹਾਂ ਨਿੱਜੀ ਸਾਫ ਸਫਾਈ, ਠੰਡ ਦੇ ਸੀਜ਼ਨ ਦੇ ਮੱਦੇਨਜ਼ਰ ਸਿਹਤ ਦਾ ਖਿਆਲ ਰੱਖਣ ਲਈ ਸੰਦੇਸ਼ ਅਤੇ ਖਾਣ ਪਾਣ ਸਬੰਧੀ ਅਹਿਮ ਨੁਕਤੇ ਸਾਂਝੇ ਕੀਤੇ।

ਇਸ ਮੌਕੇ ਡਾ. ਰੇਖਾ ਮੈਡੀਕਲ ਅਫਸਰ, ਅੰਕੁਸ਼ ਭੰਡਾਰੀ ਬੀ.ਈ.ਈ, ਅਮਰਜੀਤ ਐੱਮ.ਪੀ.ਐੱਚ.ਡਬਲਯੂ (ਮੇਲ) ਸਮੇਤ ਆਸ਼ਾ ਫੈਸੀਲੀਟੇਟਰ ਤੇ ਆਸ਼ਾ ਵਰਕਰ ਮੌਜੂਦ ਸਨ।

# ਅਪਰਾਧਿਕ ਨਿਆਂ ਪ੍ਰਣਾਲੀ 'ਚ ਪੁਲਸ ਦੀ ਭੂਮਿਕਾ 'ਤੇ ਸੈਮੀਨਾਰ



**ਲੁਧਿਆਣਾ (ਐੱਮ ਐੱਸ ਭਾਟੀਆ/ਰੈਕਟਰ ਕਥੂਰੀਆ)** : ਸਕੂਲ ਆਫ਼ ਲਾਅ, ਸੀਟੀ ਯੂਨੀਵਰਸਿਟੀ ਨੇ ਅਪਰਾਧਿਕ ਨਿਆਂ ਪ੍ਰਣਾਲੀ ਵਿੱਚ ਪੁਲਸ ਦੀ ਭੂਮਿਕਾ ਬਾਰੇ ਵਿਦਿਆਰਥੀਆਂ ਨੂੰ ਜਾਣਕਾਰੀ ਦੇਣ ਲਈ ਸੈਮੀਨਾਰ ਕੀਤਾ। ਇਸ ਸੈਮੀਨਾਰ ਵਿੱਚ ਜ਼ਿਲ੍ਹਾ ਲੁਧਿਆਣਾ (ਦਿਹਾਤ) ਦੇ ਐੱਸ ਐੱਸ ਪੀ ਹਰਜੀਤ ਸਿੰਘ ਨੇ ਪੁਲਸ ਦੀ ਭੂਮਿਕਾ ਬਾਰੇ ਦੱਸਦਿਆਂ ਵੱਖ-ਵੱਖ ਮਾਪਦੰਡਾਂ ਬਾਰੇ ਜਾਣੂ ਕਰਵਾਇਆ।

ਉਨ੍ਹਾ ਅਪਰਾਧ ਦੇ ਦ੍ਰਿਸ਼, ਜਾਂਚ ਪ੍ਰਕਿਰਿਆ, ਕਾਨੂੰਨ ਤੇ ਸਮਾਜ ਅਤੇ ਕਾਨੂੰਨ ਦੁਆਰਾ ਸਥਾਪਤ ਕੀਤੀ ਜਾਇਜ਼ ਪ੍ਰਕਿਰਿਆ ਦੇ ਮਾਪਦੰਡਾਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਰਜਿਸਟਰਾਰ ਸਰਬਪ੍ਰੀਤ ਸਿੰਘ, ਸਕੂਲ ਆਫ਼ ਲਾਅ ਤੇ ਫੈਕਲਟੀ ਦੇ ਵਿਦਿਆਰਥੀ ਹਾਜ਼ਰ ਸਨ।

ਸੀਟੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ (ਕਾਰਜਕਾਰੀ) ਡਾ. ਸਤੀਸ਼ ਕੁਮਾਰ ਨੇ ਮਹਿਮਾਨਾਂ ਦਾ ਸਵਾਗਤ ਕੀਤਾ ਤੇ ਵਿਦਿਆਰਥੀਆਂ ਨੂੰ ਸਮਾਜ ਵਿੱਚ ਪੁਲਸ ਦੀ ਮਹੱਤਤਾ ਬਾਰੇ ਚਾਨਣਾ ਪਾਇਆ। ਡਾ. ਸਿਮਰਨਜੀਤ ਗਿੱਲ ਪ੍ਰਿੰਸੀਪਲ ਸਕੂਲ ਆਫ਼ ਲਾਅ, ਸੀਟੀ ਯੂਨੀਵਰਸਿਟੀ ਨੇ ਸਮਾਜ ਵਿੱਚ ਨਿਆਂ ਦੀ ਮਹੱਤਤਾ ਬਾਰੇ ਚਾਨਣਾ ਪਾਇਆ। ਐੱਸ ਐੱਸ ਪੀ ਹਰਜੀਤ ਸਿੰਘ ਨੇ ਕਿਹਾ ਕਿ ਆਮ ਲੋਕਾਂ ਨਾਲ ਮਿਲ ਕੇ ਹੀ ਅਪਰਾਧੀਆਂ ਤੇ ਅਪਰਾਧਾਂ 'ਤੇ ਠੱਲ੍ਹ ਪਾਈ ਜਾ ਸਕਦੀ ਹੈ।

## ਸਥਾਈ ਲੋਕ ਅਦਾਲਤ 'ਚ 177 ਕੇਸਾਂ ਦਾ ਨਿਪਟਾਰਾ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਣ)**-ਜ਼ਿਲ੍ਹਾ ਤੇ ਸੈਸ਼ਨ ਜੱਜ ਰਾਜ ਕੁਮਾਰ ਗਰਗ ਦੇ ਦਿਸ਼ਾ ਨਿਰਦੇਸ਼ ਅਨੁਸਾਰ ਸਥਾਈ ਲੋਕ ਅਦਾਲਤ ਦੇ ਚੇਅਰਮੈਨ ਜਸਵਿੰਦਰ ਸਿੰਘ, ਮੈਂਬਰ ਪਰਮਪਾਲ ਸਿੰਘ ਮਾਨ ਤੇ ਮੈਂਬਰ ਭੁਪਿੰਦਰ ਕੌਰ ਪ੍ਰੀਤ ਵੱਲੋਂ ਲਾਈ ਸਥਾਈ ਲੋਕ ਅਦਾਲਤ ਵਿੱਚ 205 ਕੇਸ ਦਾਖਲ ਹੋਏ, ਜਿਨ੍ਹਾਂ ਵਿੱਚੋਂ 177 ਕੇਸਾਂ ਦਾ ਮੌਕੇ 'ਤੇ ਹੀ ਨਿਪਟਾਰਾ ਕਰਦਿਆਂ ਕਰੀਬ 26 ਲੱਖ ਦੇ ਐਵਾਰਡ ਪਾਸ ਕੀਤੇ ਗਏ।

ਇਸ ਮੌਕੇ ਜ਼ਿਲ੍ਹਾ ਤੇ ਸੈਸ਼ਨ ਜੱਜ ਰਾਜ ਕੁਮਾਰ ਗਰਗ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਦੀਵਾਨੀ ਝਗੜੇ ਸਥਾਈ ਲੋਕ ਅਦਾਲਤ ਵਿੱਚ ਲੈ ਕੇ ਆਉਣ, ਜਿਸ ਨਾਲ ਉਨ੍ਹਾਂ ਦਾ ਘੱਟ ਖਰਚੇ ਵਿੱਚ ਛੇਤੀ ਫੈਸਲਾ ਹੋਵੇਗਾ। ਉਨ੍ਹਾਂ ਦੱਸਿਆ ਕਿ ਸਥਾਈ ਲੋਕ ਅਦਾਲਤ ਵਿੱਚ ਕੇਸ ਲਾਉਣ ਵਾਸਤੇ ਦੋਹਾਂ ਧਿਰਾਂ ਦੀ ਸਹਿਮਤੀ ਹੋਣੀ ਚਾਹੀਦੀ ਹੈ। ਸਥਾਈ ਲੋਕ ਅਦਾਲਤ ਵੱਲੋਂ ਕੀਤੇ ਗਏ ਫੈਸਲੇ ਉੱਪਰ ਕੋਈ ਅਪੀਲ ਨਾ ਹੋਣ ਕਰਕੇ ਇਹ ਫੈਸਲਾ ਸਥਾਈ ਹੁੰਦਾ ਹੈ। ਇਸ ਤਰ੍ਹਾਂ ਦੋਹਾਂ ਧਿਰਾਂ ਨੂੰ ਵਾਰ-ਵਾਰ ਪ੍ਰੇਸ਼ਾਨੀ ਨਹੀਂ ਹੁੰਦੀ।

# ਆਪ ਸਰਕਾਰ ਲੋਕਾਂ ਨੂੰ ਬਣਦੀਆਂ ਸਹੂਲਤਾਂ ਦੇ ਰਹੀ ਹੈ : ਚੇਅਰਮੈਨ ਜੱਸੀ ਸੋਹੀਆਂ ਵਾਲਾ



ਚੇਅਰਮੈਨ ਜੱਸੀ ਸੋਹੀਆਂ ਵਾਲਾ ਦਾ ਸਨਮਾਨ ਕਰਦੇ ਪਿੰਡ ਵਾਸੀ।

**ਨਾਭਾ, (ਵਰਿੰਦਰ ਵਰਮਾ)**-ਪੰਜਾਬ ਸਰਕਾਰ ਆਪਣੀ ਜ਼ਿੰਮੇਵਾਰੀ ਪੂਰੀ ਇਮਾਨਦਾਰੀ ਤੇ ਤਨਦੇਹੀ ਦੇ ਨਾਲ ਨਿਭਾਅ ਕੇ ਲੋਕਾਂ ਨੂੰ ਬਣਦੀਆਂ ਬੁਨਿਆਦੀ ਸਹੂਲਤਾਂ ਦੇਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਤੇ ਚੋਣਾਂ ਸਮੇਂ ਆਮ ਆਦਮੀ ਪਾਰਟੀ ਵੱਲੋਂ ਸਰਕਾਰ ਬਣਨ ਉਪਰੰਤ ਹਰ ਸਾਲ ਸੂਬੇ ਵਿੱਚ 25000 ਨੌਕਰੀਆਂ ਦੇਣ ਦਾ ਜੋ ਵਾਅਦਾ ਕੀਤਾ ਸੀ, ਉਹ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸਿਰਫ 9 ਮਹੀਨਿਆਂ ਵਿੱਚ ਹੀ ਪੂਰਾ ਕਰ ਦਿੱਤਾ ਗਿਆ ਹੈ। ਇਨ੍ਹਾਂ ਦਾ ਪ੍ਰਗਟਾਵਾ ਜ਼ਿਲ੍ਹਾ ਯੋਜਨਾ ਬੋਰਡ ਪਟਿਆਲਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਪਿੰਡ ਛੱਜੂਭੱਟ ਵਿਖੇ ਕਰਵਾਏ ਗਏ ਧਾਰਮਿਕ ਸਮਾਗਮ ਵਿੱਚ ਸ਼ਮੂਲੀਅਤ ਕਰਨ ਮੌਕੇ ਕੀਤਾ। ਉਨ੍ਹਾ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚੱਲ ਰਹੀ ਸੂਬਾ ਸਰਕਾਰ ਵੱਲੋਂ ਬੇਰੁਜ਼ਗਾਰ ਡਿਗਰੀਆਂ ਪ੍ਰਾਪਤ ਨੌਜਵਾਨਾਂ ਨੂੰ ਵੱਡੀ ਪੱਧਰ 'ਤੇ ਰੁਜ਼ਗਾਰ ਮੁਹੱਈਆ ਕਰਵਾਇਆ ਜਾ ਰਿਹਾ ਹੈ ਤੇ ਚੰਗੀਆਂ ਸਿਹਤ ਅਤੇ ਸਿੱਖਿਆ ਸੇਵਾਵਾਂ ਤੋਂ ਇਲਾਵਾ ਲੋਕਾਂ ਨੂੰ ਹੋਰ ਬਹੁਤ ਸਾਰੀਆਂ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਇਸ ਮੌਕੇ ਰਵਿਦਾਸ ਸੁਸਾਇਟੀ ਦੇ ਮੈਂਬਰਾਂ ਵੱਲੋਂ ਚੇਅਰਮੈਨ ਜੱਸੀ ਸੋਹੀਆਂ ਵਾਲਾ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਦੀਨਾ ਜੋਸ਼ੀ, ਹਰਜਿੰਦਰ ਸਿੰਘ ਖਾਲਸਾ, ਕ੍ਰਿਸ਼ਨ ਸਿੰਘ ਆਦਿ ਮੌਜੂਦ ਸਨ।

## Court Notice

In the Court of Ms. Aman Sharma Civil Judge (Senior Division), Pathankot.

CNR No. PBPO02-001671-2021

Next Date : 3.4.2023

Union of India

Versus

Harpreet Singh

Suit for Permanent Injunction restraining defendant, his employees, agents, assignees, representatives, from raising any sort of construction upto 1000 yards (914. 40 M) meters from the outer periphery/perimeter of 2 ASD (18 FAD) C/o 56 APO at Construction opposite site DAV Public School, Mission road, Pathankot, Tehsil and Distt.

Publication issued to : Harpreet Singh Father S/o Sh. Sarup Singh R/o Mission Road, Pathankot.

In above titled case, the defendant (s)/respondent (s) could not be served. It is ordered that defendant (s)/respondent (s) should appear in person or through counsel on 3.4.2023 at 10.00 a.m.

For details logon to https://highcourtchd.gov.in/?trs=district notice&district=Pathankot

Civil Judge (Senior Division), Pathankot.

Dated, this day of 8.2.2023

# ਕਲਾਸੀਫਾਈਡ ਇਸ਼ਤਿਹਾਰ

## Public Notice

I Sandeep Handa s/o sh vishwa Mitter Handa R/o H,No, 192 .South City Colony phase _1 Batala Distt Gurdaspur declare that I am a as Sandeep & Sandeep Handa that above two mentioned names are belongs to me only and both are same and one person please all note

We, Balwinder Singh S/o Piara Singh and Lakhvir Kaur W/o Balwinder Singh both R/o Village Raowali, Po. Nurpur, Distt. Jalandhar declare that our son-in-law Virpal Singh is out of our control. We disinherit him from our moveable and immovable properties. We and our family members shall not be held responsible for any of his acts, deeds and things. All please note.

I, Garib Dass S/o Pakhar Ram R/o H.No. BXI-515/12, Village Chugitti, Distt. Jalandhar declare that my son Pawan Kumar and his wife Anju Bala and their child Shaksi are out of my control. I disinherit them from my moveable and immovable properties. I and my family members shall not be held responsible for any of them acts, deeds and things. All please note.

## ਆਮ ਸੂਚਨਾ

ਮੈਂ, ਜਸਵੀਰ ਕੌਰ ਵਿਧਵਾ ਜਗਤਾਰ ਸਿੰਘ ਵਾਸੀ ਨੱਲ੍ਹ ਤਹਿ: ਸ਼ਾਹਕੋਟ, ਜ਼ਿਲ੍ਹਾ ਜਲੰਧਰ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਰਵਿੰਦਰ ਸਿੰਘ ਅਤੇ ਮੇਰੀ ਨੂੰਹ ਗੁਰਪ੍ਰੀਤ ਕੌਰ ਦੋਨੋਂ ਮੇਰੇ ਕਹਿਣੇਕਾਰ ਤੋਂ ਬਾਹਰ ਸਨ, ਪਰ ਹੁਣ ਇਹ ਦੋਨੋਂ ਮੇਰੇ ਕਹਿਣੇ 'ਚ ਹਨ। ਇਸ ਲਈ ਮੈਂ ਇਹਨਾਂ ਦੋਨਾਂ ਦੀ ਬੇਦਖਲੀ ਵਾਪਸ ਲੈਂਦੀ ਹਾਂ। (ਅਰਪਿਤ)

## ਬੇਦਖਲੀ ਨੋਟਿਸ

ਮੈਂ, ਮੇਜਰ ਸਿੰਘ ਮੱਟੂ ਪੁੱਤਰ ਅਜੈਬ ਸਿੰਘ ਵਾਸੀ ਪਿੰਡ ਦਿਲਾਵਰਪੁਰ, ਤਹਿ: ਖਡੂਰ ਸਾਹਿਬ, ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦਾ ਹਾਂ ਕਿ ਮੇਰੇ ਦੋ ਲੜਕੇ ਤੇ ਉਹਨਾਂ ਦੀਆਂ ਪਤਨੀਆਂ ਹਰਜੀਤ ਸਿੰਘ ਮੱਟੂ ਤੇ ਬਲਜਿੰਦਰ ਕੌਰ, ਬਲਜੀਤ ਸਿੰਘ ਮੱਟੂ ਤੇ ਮੋਨਿਕਾ ਸ਼ੰਕਰ ਇਹ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਆਪਣੇ ਦੋਵਾਂ ਪੁੱਤਰਾਂ ਤੇ ਆਪਣੀਆਂ ਦੋਵਾਂ ਨੂੰਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਹਨਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। (ਰਮਨ ਚੱਢਾ)

ਮੈਂ, ਉਮ ਪ੍ਰਕਾਸ਼ ਪੁੱਤਰ ਸ੍ਰੀ ਬਾਬੂ ਰਾਮ ਵਾਸੀ ਪਿੰਡ ਕੇ ਡਾਕ: ਬਿਆਨਪੁਰ, ਤਹਿ: ਦੀਨਾਨਗਰ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਸੁਰਜੀਤ ਸਿੰਘ ਅਤੇ ਉਸ ਦੀ ਪਤਨੀ ਕਾਂਤਾ ਦੇਵੀ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਹਨਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਇਸ ਵਿੱਚ ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। (ਡੋਗਰਾ)

ਮੈਂ, ਸੁਰਿੰਦਰ ਕੌਰ ਪਤਨੀ ਲੇਟ ਜਗਤ ਰਾਮ ਵਾਸੀ ਕਾਨਪੁਰ, ਜ਼ਿਲ੍ਹਾ ਜਲੰਧਰ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਲਾਲ ਚੰਦ ਵਾ ਉਸ ਦੀ ਪਤਨੀ ਅੰਜੂ ਰਾਣੀ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਹਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਹਨਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਅਤੇ ਮੇਰੇ ਪਰਵਾਰ ਵਾਲਿਆਂ ਦਾ ਇਹਨਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ। ਭਵਿੱਖ ਵਿੱਚ ਇਨ੍ਹਾਂ ਦੀ ਔਲਾਦ ਨਾਲ ਵੀ ਮੇਰਾ ਅਤੇ ਮੇਰੇ ਪਰਵਾਰ ਦਾ ਕੋਈ ਰਿਸ਼ਤਾ ਨਹੀਂ ਹੋਵੇਗਾ। (ਅਰਪਿਤ)

ਮੈਂ, ਸੰਤੋਸ਼ ਕੁਮਾਰ ਖਾ ਪੁੱਤਰ ਪਰਮਾਨੰਦ ਖਾ ਵਾਸੀ ਮਕਾਨ ਨੰ: 460, ਨਜ਼ਦੀਕ ਐੱਚ ਡੀ ਐੱਫ ਸੀ ਬੈਂਕ, ਬਸਤੀ ਬਾਵਾ ਖੇਲ, ਜਲੰਧਰ ਹਾਲ ਵਾਸੀ ਗੁਰੂ ਰਾਮਦਾਸ ਨਗਰ, ਨਜ਼ਦੀਕ ਨਾਖਾਂ ਵਾਲਾ ਬਾਗ, ਜਲੰਧਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਅਜੇ ਕੁਮਾਰ ਅਤੇ ਉਸ ਦੀ ਪਤਨੀ ਮਨੀਸ਼ਾ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਹਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਹਨਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਅਤੇ ਮੇਰੇ ਪਰਵਾਰ ਵਾਲਿਆਂ ਦਾ ਇਹਨਾਂ ਨਾਲ ਕੋਈ ਤਲਕ-ਵਾਸਤਾ ਨਹੀਂ। (ਅਰਪਿਤ)

## ਬੇਦਖਲੀ ਨੋਟਿਸ

ਮੈਂ ਮੁਖਤਿਆਰ ਕੌਰ ਪਤਨੀ ਮਹਿੰਦਰ ਸਿੰਘ ਵਾਸੀ ਦਾਨ ਸਿੰਘ ਵਾਲਾ (ਬਠਿੰਡਾ) ਬਿਆਨ ਕਰਦੀ ਹਾਂ ਕਿ ਮੇਰਾ ਬੇਟਾ ਪਰਮਜੀਤ ਸਿੰਘ ਅਤੇ ਨੂੰਹ ਰਜਨੀ ਪਤਨੀ ਪਰਮਜੀਤ ਸਿੰਘ ਮੇਰੇ ਕਹਿਣ ਤੋ ਬਾਹਰ ਹਨ। ਮੈਂ ਇਨ੍ਹਾਂ ਦੋਵਾਂ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਸਬੰਧਤ ਨੋਟ ਕਰਨ।

ਮੈਂ ਦਿਲਸਾਦ ਪੁੱਤਰ ਮਹਿੰਦਰ ਪਿੰਡ ਲਖਣਪੁਰ ਡਾਕਖਾਨਾ ਘੋੜੇਵਾਹ ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਪ੍ਰਿਆ, ਉਮਰ 23 ਸਾਲ ਮੇਰੇ ਅਤੇ ਮੇਰੇ ਪਰਿਵਾਰ ਦੇ ਕਹਿਣੇ ਤੋਂ ਬਾਹਰ ਹੈ। ਇਸ ਨੂੰ ਮੈਂ ਆਪਣੀ ਸਾਰੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਮੇਰਾ ਅਤੇ ਮੇਰੇ ਪਰਿਵਾਰ ਦਾ ਕੋਈ ਵਾਸਤਾ ਨਹੀਂ ਰਿਹਾ। ਇਸਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਬੰਧਤ ਨੋਟ ਕਰਨ। (Dogra)

## Change of Name

I Wilson S/o Mahinga Ram R/o V.PO.Gakhal DIstt.jalandhar have changed my name from Wilson to Wilson Masih. (Arpit)

I, Jasbir Kaur W/O Sh. Harbans Singh R/O Village Kangniwal PO Hazara Distt. Jalandhar have changed the spelling of my name from Jasbir Kaur to JASVIR KAUR. (Arpit)

I Geeta W/o Wilson Masih R/O V.PO.Gakhal DISTT Jalandhar have changed my name from Geeta to Geeta Masih. (Arpit)

I CAPTAIN SINGH S/O BALDEV SINGH VILL MURADPURA P.O Bal Khurd DISTT AMRITSAR HAVE DECLARED THAT CAPTAIN IS MY GIVEN NAME AND SINGH IS MY SUR NAME.ALL CONCERNED PLEASE NOTE. (Sourabh)

I, VISHAL S/O AJAY PAL SINGH R/O MOHALLA SUNDER NAGAR, VPO. ALAWALPUR, DISTT. JALANDHAR HAVE CHANGED MY NAME FROM VISHAL TO KUMAR VISHAL (KUMAR IS SURNAME). (Arpit)

I, Jitendra Yadav S/o Parmanand Yadav R/o TA-42, Sarai Khwaja, Amarnagar, Faridabad, Haryana-121003. have changed the name of my minor Son Vikrant Yadav aged about 11 years and He shall hereafter be known as Vedant Yadav. All please note.

I, Gurpreet Kaur @ Harpreet Kaur W/o Sukhpreet Singh R/o 41, A, Near Power Grid, Ghaso Khana, Bathinda, Punjab-151509. have changed my name as Gurpreet Kaur. All please note.

I, Mandeep Kaur W/o Karanjit Singh R/o VPO. Begowal, Ward No. 11, Tehsil Bholath, Distt. Kapurthala have changed my minor son name from Panthjit Singh to Singh Panthjit (Surname as Singh) All please note.

I, Mukhtiar Singh S/o Balvir Singh R/o H.No. 2444, Vikas Nagar, Shahkot, Jalandhar have changed my name from Mukhtiar Singh to Singh Mukhtiar (Surname as Singh) All please note.

I, Palwinder Kaur W/o Mukhtiar Singh R/o H.No. 2444, Vikas Nagar, Shahkot, Jalandhar have changed my name from Palwinder Kaur to Kaur Palwinder (Surname as Kaur) All please note.

I, Akashdeep S/o Swaran Ram R/o VPO. Uppal Jagir, Tehsil Phillaur, Distt. Jalandhar have changed my name from Akashdeep to Singh Akashdeep (Surname as Singh) All please note.

I, Karandeep Kumar s/o Deepak Kumar R/o 13, Wariana, Jalandhar-144013, Punjab have changed my name to Karandeep Kumar. All please note.

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਲੁੱਟਾਂ-ਖੋਹਾਂ ਕਰਨ ਵਾਲੇ ਗਰੋਹ ਦੇ 8 ਮੈਂਬਰ ਹਥਿਆਰਾਂ ਸਮੇਤ ਕਾਬੂ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**
ਜ਼ਿਲ੍ਹਾ ਪੁਲਿਸ ਮੁਖੀ ਡਾ. ਰਵਜੋਤ ਗਰੇਵਾਲ ਦੀ ਅਗਵਾਈ ਹੇਠ ਗੈਰ ਸਮਾਜਿਕ ਅਨਸਰਾਂ ਖਿਲਾਫ ਚਲਾਈ ਜਾ ਰਹੀ ਮੁਹਿੰਮ ਤਹਿਤ ਮੰਡੀ ਗੋਬਿੰਦਗੜ੍ਹ ਪੁਲਸ ਵੱਲੋਂ ਲੁੱਟਾਂ-ਖੋਹਾਂ ਕਰਨ ਵਾਲੇ ਗਿਰੋਹ ਦੇ 8 ਮੈਂਬਰਾਂ ਨੂੰ ਗ੍ਰਿਫ਼ਤਾਰ ਕਰਦਿਆਂ ਉਨ੍ਹਾਂ ਦੇ ਕਬਜ਼ੇ 'ਚੋਂ ਕਈ ਹਥਿਆਰ, ਮੋਬਾਈਲ ਫੋਨ, ਮੋਟਰਸਾਈਕਲ ਤੇ ਕਾਰ ਬਰਾਮਦ ਕੀਤੇ ਜਾਣ ਦਾ ਦਾਅਵਾ ਕੀਤਾ ਗਿਆ ਹੈ।

ਡੀ.ਐਸ.ਪੀ. ਅਮਲੋਹ ਜੰਗਜੀਤ ਸਿੰਘ ਨੇ ਦੱਸਿਆ ਕਿ ਥਾਣਾ ਮੰਡੀ ਗੋਬਿੰਦਗੜ੍ਹ ਦੇ ਐਸ.ਐਚ.ਓ. ਅਕਾਸ਼ ਦੱਤ ਨੂੰ ਮੁਖਬਰੀ ਮਿਲੀ ਸੀ ਕਿ ਮੰਡੀ ਗੋਬਿੰਦਗੜ੍ਹ ਦੇ ਵੱਖ-ਵੱਖ ਇਲਾਕਿਆਂ 'ਚ ਰਹਿ ਰਹੇ ਕਥਿਤ ਵਿਅਕਤੀ ਮਨਵੀਰ ਉਰਫ ਮੋਹਨੀ, ਗੁਰਜੰਟ ਸਿੰਘ ਉਰਫ ਲੰਡਾਰੂ, ਤਰੁਨ ਕੁਮਾਰ ਉਰਫ ਨੋਨਾ, ਧਰਮਪ੍ਰੀਤ ਸਿੰਘ ਉਰਫ਼ ਬੰਟੀ, ਮਨਜੀਤ ਸਿੰਘ ਉਰਫ ਮੀਤੀ, ਸਾਹਿਲ, ਵਿਸ਼ਾਲ ਉਰਫ ਮਨੀ ਤੇ ਵਿਕਰਮ ਕੁਮਾਰ ਉਰਫ ਵਿੱਕੀ ਲੁੱਟਾਂ-ਖੋਹਾਂ ਕਰਨ ਦੇ ਆਦੀ ਹਨ, ਜੋ ਇਸ ਸਮੇਂ ਮਾਰੂ ਹਥਿਆਰਾਂ ਨਾਲ ਲੈੱਸ ਹੋ ਕੇ ਪਿੰਡ ਚਤਰਪੁਰਾ ਵਿਖੇ ਇਕੱਠੇ ਹੋ ਕੇ ਡਕੈਤੀ ਦੀ ਯੋਜਨਾ ਬਣਾ ਰਹੇ ਹਨ।

ਉਨ੍ਹਾਂ ਦੱਸਿਆ ਕਿ ਥਾਣਾ ਮੰਡੀ ਗੋਬਿੰਦਗੜ੍ਹ ਵਿਖੇ ਅ/ਧ 399, 402 ਆਈ.ਪੀ.ਸੀ. ਤਹਿਤ ਮੁਕੱਦਮਾ ਦਰਜ ਕਰਕੇ ਐਸ.ਐਚ.ਓ. ਅਕਾਸ਼ ਦੱਤ ਦੀ ਅਗਵਾਈ ਵਾਲੀ ਪੁਲਸ ਪਾਰਟੀ ਵੱਲੋਂ ਦੱਸੇ ਟਿਕਾਣੇ 'ਤੇ ਛਾਪੇਮਾਰੀ ਕਰਦਿਆਂ ਉਪਰੋਕਤ ਵਿਅਕਤੀਆਂ ਨੂੰ ਮਾਰੂ ਹਥਿਆਰਾਂ ਸਮੇਤ ਗ੍ਰਿਫ਼ਤਾਰ ਕਰ ਲਿਆ ਗਿਆ, ਜਿਨ੍ਹਾਂ ਦੇ ਕਬਜ਼ੇ 'ਚੋਂ ਇੱਕ ਦੇਸੀ ਪਿਸਤੌਲ .32 ਬੋਰ, 5 ਦਾਹ ਲੋਹਾ, 3 ਗੰਡਾਸੀਆਂ, 2 ਰਾਡ ਲੋਹਾ, 22 ਮੋਬਾਈਲ ਫੋਨ, 5 ਮੋਟਰਸਾਈਕਲ ਤੇ ਇਕ ਕਾਰ ਵੀ ਬਰਾਮਦ ਕੀਤੀ ਗਈ। ਉਨ੍ਹਾਂ ਦੱਸਿਆ ਕਿ ਉਕਤ ਵਿਅਕਤੀਆਂ ਤੋਂ ਪੁੱਛਗਿੱਛ ਜਾਰੀ ਹੈ, ਜਿਸ ਦੌਰਾਨ ਹੋਰ ਵੀ ਖੁਲਾਸੇ ਹੋਣ ਦੀ ਸੰਭਾਵਨਾ ਹੈ।

# ਵਿਦੇਸ਼ ਜਾਣ ਦੇ ਚੱਕਰ 'ਚ ਲੱਖਾਂ ਰੁਪਏ ਦੀ ਠੱਗੀ ਦਾ ਸ਼ਿਕਾਰ ਹੋਇਆ ਨੌਜਵਾਨ

## ■ ਔਰਤ ਖ਼ਿਲਾਫ ਧੋਖਾਧੜੀ ਦਾ ਮਾਮਲਾ ਦਰਜ

**ਮਾਨਸਾ (ਰੀਤਵਾਲ)**-ਜ਼ਿਲ੍ਹੇ ਦੇ ਪਿੰਡ ਅਕਲੀਆ ਦਾ ਇੱਕ ਨੌਜਵਾਨ ਵਿਦੇਸ਼ ਜਾਣ ਦੇ ਚੱਕਰ 'ਚ ਲੱਖਾਂ ਰੁਪਏ ਦੀ ਠੱਗੀ ਦਾ ਸ਼ਿਕਾਰ ਹੋ ਜਾਣ ਦਾ ਸਮਾਚਾਰ ਹੈ। ਇਸ ਸਬੰਧੀ ਜੋਗਾ ਪੁਲਸ ਤੋਂ ਮਿਲੀ ਜਾਣਕਾਰੀ ਅਨੁਸਾਰ ਕੈਨੇਡਾ ਜਾਣ ਦੇ ਚਾਹਵਾਨ ਹਰਮਨ ਸਿੰਘ ਵਾਸੀ ਅਕਲੀਆ ਆਪਣੀ ਰਿਸ਼ਤੇਦਾਰੀ 'ਚੋਂ ਲੱਗਦੇ ਆਪਣੇ ਮਾਮਾ ਹਰਜੀਤ ਸਿੰਘ ਵਾਸੀ ਪਿੰਡ ਬੁਰਜ ਢਿੱਲਵਾਂ ਦੇ ਰਾਹੀਂ ਅਮਨਦੀਪ ਕੌਰ ਵਾਸੀ ਬਠਿੰਡਾ ਨੂੰ ਮਿਲਿਆ, ਜਿਸ ਨੇ ਉਸ ਨੂੰ ਦੱਸਿਆ ਕਿ ਉਹ ਬਠਿੰਡਾ ਵਿਖੇ ਆਈਲਟਸ ਸੈਂਟਰ ਚਲਾਉਂਦੀ ਹੈ ਅਤੇ ਉਹ ਉਸ ਨੂੰ ਪੀ.ਟੀ.ਈ. ਦਾ ਕੋਰਸ ਕਰਵਾ ਕੇ ਚੰਗੇ ਬੈਂਡ ਦਿਵਾ ਕੇ ਕੈਨੇਡਾ ਭੇਜ ਦੇਵੇਗੀ ਅਤੇ ਇਸ ਲਈ 24 ਲੱਖ ਰੁਪਏ ਦਾ ਖ਼ਰਚ ਹੋਵੇਗਾ।

ਪੀੜਤ ਵਿਅਕਤੀ ਨੇ ਦੱਸਿਆ ਕਿ ਉਸ ਨੇ ਵਿਸ਼ਵਾਸ 'ਚ ਆ ਕੇ ਉਕਤ ਔਰਤ ਦੇ ਕਹਿਣ ਅਨੁਸਾਰ 29 ਮਾਰਚ 2022 ਨੂੰ ਪਹਿਲਾਂ 6 ਲੱਖ ਰੁਪਏ ਉਸ ਨੂੰ ਨਗਦ ਦਿੱਤੇ ਅਤੇ ਫਿਰ 16 ਜੁਲਾਈ 2022 ਨੂੰ ਉਸ ਨੇ ਬਠਿੰਡਾ ਵਿਖੇ ਪੁੱਜ ਕੇ ਉਸ ਔਰਤ ਦੇ ਕਹਿਣ 'ਤੇ ਐਕਸਿਸ ਬੈਂਕ 'ਚ ਖਾਤਾ ਖੁੱਲ੍ਹਵਾਇਆ ਅਤੇ 15 ਹਜ਼ਾਰ ਰੁਪਏ ਜਮ੍ਹਾਂ ਕਰਵਾ ਦਿੱਤੇ ਅਤੇ 18 ਜੁਲਾਈ 2022 ਨੂੰ 6 ਲੱਖ 50 ਹਜ਼ਾਰ ਰੁਪਏ ਫਿਰ ਜਮ੍ਹਾਂ ਕਰਵਾਏ। ਪੀੜਤ ਨੇ ਆਪਣੀ ਸ਼ਿਕਾਇਤ 'ਚ ਅੱਗੇ ਦੱਸਿਆ ਕਿ ਉਕਤ ਔਰਤ ਨੇ ਐਕਸਿਸ ਬੈਂਕ 'ਚੋਂ ਮੇਰੇ ਨਾਮ ਚੈੱਕ ਬੁੱਕ ਜਾਰੀ ਕਰਵਾ ਕੇ ਮੇਰੇ ਕੋਲੋਂ ਦੋ ਖਾਲੀ ਚੈੱਕਾਂ 'ਤੇ ਦਸਤਖਤ ਕਰਵਾ ਕੇ ਆਪਣੇ ਕੋਲ ਰੱਖ ਲਏ ਅਤੇ 20 ਜੁਲਾਈ 2022 ਨੂੰ ਫਿਰ ਮੈਨੂੰ ਮੈਸੇਜ ਆਇਆ ਕਿ 6 ਲੱਖ 18 ਹਜ਼ਾਰ ਰੁਪਏ ਮੇਰੇ ਖਾਤੇ 'ਚੋਂ ਨਿੱਕਲ ਚੁੱਕੇ ਹਨ ਅਤੇ ਜਦ ਮੈਂ ਇਸ ਸਬੰਧੀ ਉਕਤ ਔਰਤ ਨੂੰ ਪੁੱਛਿਆ ਤਾਂ ਉਸ ਨੇ ਕਿਹਾ ਕਿ ਇਸ ਰਕਮ ਦਾ ਜੀ ਆਈ ਸੀ ਕਰਵਾਇਆ ਹੈ, ਪਰ ਮੇਰੇ ਪਤਾ ਕਰਨ 'ਤੇ ਮਾਲੂਮ ਹੋਇਆ ਕਿ ਅਜਿਹਾ ਉਸ ਨੇ ਕੁੱਝ ਨਹੀਂ ਕੀਤਾ। ਇਸ ਤਰ੍ਹਾਂ ਕਰਕੇ ਉਸ ਨੇ ਮੇਰੇ ਨਾਲ 12 ਲੱਖ 18 ਹਜ਼ਾਰ ਰੁਪਏ ਦੀ ਠੱਗੀ ਮਾਰੀ ਹੈ। ਇਸ ਮਾਮਲੇ ਦੀ ਜਾਂਚ ਕਰਵਾਉਣ ਉਪਰੰਤ ਜੋਗਾ ਪੁਲਸ ਨੇ ਅਮਨਦੀਪ ਕੌਰ ਵਾਸੀ ਬਠਿੰਡਾ ਦੇ ਵਿਰੁੱਧ ਧੋਖਾਧੜੀ ਦਾ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਜਾਰੀ ਕਰ ਦਿੱਤੀ ਹੈ।

# 'ਹਮ ਦੇਖੇਂਗੇ, ਲਾਜ਼ਿਮ ਹੈ ਕਿ ਹਮ ਦੇਖੇਂਗੇ, ਜੋ ਲੌਹੇ ਅਜਲ ਪੇ ਲਿਖਾ ਹੈ...'



**ਸਮਰਾਲਾ (ਸੁਰਜੀਤ ਸਿੰਘ)**-ਲੇਖਕ ਮੰਚ ਦੀ ਮਾਸਿਕ ਮੀਟਿੰਗ ਪ੍ਰਧਾਨ ਮਾਸਟਰ ਤਰਲੋਚਨ ਸਿੰਘ ਦੀ ਪ੍ਰਧਾਨਗੀ ਹੇਠ ਸਥਾਨਕ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਹੋਈ, ਜਿਸ ਵਿੱਚ ਲੇਖਕਾਂ ਵੱਲੋਂ ਪੇਸ਼ ਕੀਤੀਆਂ ਰਚਨਾਵਾਂ ਦਾ ਲੰਮਾਂ ਤੇ ਦਿਲਚਸਪ ਦੌਰ ਚੱਲਿਆ। ਪ੍ਰੋਗ੍ਰਾਮ ਦਾ ਆਗਾਜ਼ ਮਾਸਟਰ ਤਰਲੋਚਨ ਸਿੰਘ ਵੱਲੋਂ ਪਾਕਿਸਤਾਨ ਦੇ ਉੱਘੇ ਸ਼ਾਇਰ ਫੈਜ਼ ਅਹਿਮਦ ਫੈਜ਼ ਦੇ ਜਨਮ ਦਿਨ ਮੌਕੇ ਉਨ੍ਹਾਂ ਬਾਰੇ ਜਾਣ ਪਛਾਣ ਕਰਾਉਂਦਿਆਂ ਇਕਬਾਲ ਬਾਨੋ ਵੱਲੋਂ ਕਾਲੇ ਕੱਪੜੇ ਪਹਿਨ ਕੇ ਗਾਈ ਗਈ ਤੇ ਫੈਜ਼ ਦੀ ਲਿਖੀ ਰਿਕਾਰਡ ਕੀਤੀ ਮਸ਼ਹੂਰ ਗ਼ਜ਼ਲ "ਹਮ ਦੇਖੇਂਗੇ, ਲਾਜ਼ਿਮ ਹੈ ਕਿ ਹਮ ਦੇਖੇਂਗੇ, ਜੋ ਲੌਹੇ ਅਜਲ ਪੇ ਲਿਖਾ ਹੈ ਹਮ ਦੇਖੇਂਗੇ, ਜਬ ਜ਼ੁਲਮੋ ਸਿਤਮ ਕੇ ਕੋਹੇ ਗ੍ਰਾਂ ਰੂਈ ਕੀ ਤਰਹ ਉੜ ਜਾਏਂਗੇ" ਪੇਸ਼ ਕੀਤੀ ਗਈ। ਮਸ਼ਹੂਰ ਬਾਲ ਲੇਖਕ ਕਮਲਜੀਤ ਸਿੰਘ ਨੀਲੋਂ ਨੇ ਆਪਣੀ ਸੱਜਰੀ ਕਹਾਣੀ 'ਜੜ੍ਹਾਂ' ਤੋਂ ਇਲਾਵਾ ਮਸ਼ਹੂਰ ਗ਼ਜ਼ਲਗੋ ਤੇ ਆਪਣੇ ਪਿਤਾ ਕੁਲਵੰਤ ਸਿੰਘ ਨੀਲੋਂ ਨਾਲ ਜੁੜੀਆਂ ਯਾਦਾਂ ਪੇਸ਼ ਕਰਕੇ ਹਾਜ਼ਰ ਸਾਰੇ ਲੇਖਕਾਂ ਦਾ ਮਾਹੌਲ ਭਾਵੁਕ ਬਣਾ ਦਿੱਤਾ। ਨੀਲੋਂ ਦੀ ਪੇਸ਼ਕਾਰੀ ਨੂੰ ਲੇਖਕਾਂ ਵੱਲੋਂ ਭਰਪੂਰ ਦਾਦ ਮਿਲੀ। ਮੈਨੇਜਰ ਕਰਮ ਚੰਦ ਨੇ ਆਪਣੀ ਕਵਿਤਾ 'ਬਦਲਦੇ ਮੌਸਮਾਂ ਦਾ ਨਾਂਅ ਹੈ ਜ਼ਿੰਦਗੀ' ਪੇਸ਼ ਕੀਤੀ। ਮਾਸਟਰ ਤਰਲੋਚਨ ਸਿੰਘ ਤੇ ਮੰਚ ਦੇ ਪ੍ਰਧਾਨ ਨੇ ਆਪਣੀ ਰਚਨਾ "ਮੇਰੀ ਮੁੱਕੀ ਨਾ ਤਲਾਸ਼, ਮਾਰੂਥਲਾਂ ਦੀ ਪਿਆਸ, ਮੈਂ ਤਾਂ ਵਕਤ ਦੀ ਗਰਦ 'ਚੋਂ ਬਾਪੂ ਬੋਲਦਾਂ" ਪੇਸ਼ ਕੀਤੀ। ਰੁਪਿੰਦਰਪਾਲ ਸਿੰਘ ਗਿੱਲ ਨੇ "ਜੋਟੀ" ਮਿੰਨੀ ਕਹਾਣੀ, ਸੁਰਜੀਤ ਮੰਡ ਨੇ ਗ਼ਜ਼ਲਾਂ, ਨੌਜਵਾਨ ਸ਼ਾਇਰ ਤੇ ਗੀਤਕਾਰ ਅਮਨਦੀਪ ਸਿੰਘ ਨੇ ਗੀਤ 'ਅੱਧੀ ਜਵਾਨੀ ਨਸ਼ਾ ਖਾ ਗਿਆ, ਅੱਧੀ ਖਾ ਗਿਆ ਫੋਨ' ਪੇਸ਼ ਕੀਤਾ। ]

ਪੇਸ਼ ਕੀਤੀਆਂ ਸਾਰੀਆਂ ਰਚਨਾਵਾਂ 'ਤੇ ਬਹਿਸ ਵਿੱਚ ਭਾਗ ਲੈਣ ਵਾਲਿਆਂ ਵਿੱਚ ਮੁੱਖ ਤੌਰ 'ਤੇ ਪ੍ਰਿੰਸੀਪਲ ਡਾ. ਪਰਮਿੰਦਰ ਸਿੰਘ ਬੈਨੀਪਾਲ, ਕਮਲਜੀਤ ਸਿੰਘ ਨੀਲੋਂ, ਮਾਸਟਰ ਤਰਲੋਚਨ ਸਿੰਘ, ਕਰਮ ਚੰਦ ਤੇ ਸੁਰਜੀਤ ਮੰਡ ਸਨ।

ਇਸ ਮੌਕੇ ਹਾਜ਼ਰ ਸ਼ਾਇਰ ਮਾਸਟਰ ਤਰਲੋਚਨ ਸਿੰਘ ਪ੍ਰਧਾਨ ਲੇਖਕ ਮੰਚ, ਸੁਰਜੀਤ ਸਿੰਘ 'ਵਿਸਾਦ' ਜਨਰਲ ਸਕੱਤਰ, ਪ੍ਰਿੰਸੀਪਲ ਡਾ. ਪ੍ਰਮਿੰਦਰ ਸਿੰਘ ਬੈਨੀਪਾਲ ਸਰਪ੍ਰਸਤ, ਬਾਲ ਲੇਖਕ ਕਮਲਜੀਤ ਸਿੰਘ ਨੀਲੋਂ, ਗ਼ਜ਼ਲਗੋ ਸੁਰਜੀਤ ਮੰਡ, ਰੁਪਿੰਦਰਪਾਲ ਸਿੰਘ ਗਿੱਲ, ਅਮਨਦੀਪ ਸਿੰਘ, ਕਰਮ ਚੰਦ ਮੈਨੇਜਰ, ਰਾਜਦੀਪ ਸਿੰਘ ਦਿੱਗਪਾਲ ਤੇ ਅਵਤਾਰ ਸਿੰਘ ਉਟਾਲਾਂ ਹਾਜ਼ਰ ਸਨ। ਮੰਚ ਦੇ ਪ੍ਰਧਾਨ ਮਾਸਟਰ ਤਰਲੋਚਨ ਸਿੰਘ ਨੇ ਅੰਤ ਵਿੱਚ ਆਏ ਸਾਰੇ ਲੇਖਕਾਂ ਦਾ ਧੰਨਵਾਦ ਕੀਤਾ। ਮੰਚ ਸੰਚਾਲਨ ਸੁਰਜੀਤ ਸਿੰਘ 'ਵਿਸਾਦ' ਨੇ ਬਖੂਬੀ ਕੀਤਾ।

## ਕਾਤਰਾਂ

### ਇੰਗਲੈਂਡ ਦਾ ਸਟੱਡੀ ਵੀਜ਼ਾ ਲਵਾਇਆ




**ਬੱਧਨੀ ਕਲਾਂ/ਅਜੀਤਵਾਲ (ਨਛੱਤਰ ਸੰਧੂ)**-ਗਲੋਬਲ ਫਲਾਇਰਜ਼ ਆਈਲੈਟਸ ਤੇ ਇਮੀਗ੍ਰੇਸ਼ਨ ਸੰਸਥਾ ਵੱਲੋਂ ਲਵਪ੍ਰੀਤ ਸਪੁੱਤਰ ਪਾਲ ਰਾਮ ਵਾਸੀ ਕੋਟਕਪੂਰਾ (ਫ਼ਰੀਦਕੋਟ) ਦਾ ਇੰਗਲੈਂਡ ਦਾ ਵੀਜ਼ਾ ਲਵਾਇਆ ਗਿਆ ਹੈ। ਗਲੋਬਲ ਫਲਾਇਅਰਜ ਦੇ ਚੇਅਰਮੈਨ ਰਜਤ ਪਲਤਾ ਨੇ ਦੱਸਿਆ ਕਿ ਸੰਸਥਾ ਵੱਲੋਂ ਕਾਨੂੰਨੀ ਤੇ ਪਾਰਦਰਸ਼ੀ ਤਰੀਕੇ ਨਾਲ ਫਾਇਲ ਤਿਆਰ ਕਰਕੇ ਹੀ ਕਨੇਡਾ, ਯੂ.ਕੇ, ਅਸਟ੍ਰੇਲੀਆ ਜਾਣ ਲਈ ਅੰਬੈਸੀ ਕੋਲ ਕੇਸ ਅਪਲਾਈ ਕੀਤਾ ਜਾਦਾ ਹੈ ਤਾਂ ਜੁ ਕਿਸੇ ਵੀ ਤਰ੍ਹਾਂ ਦੀ ਮੁਸਕਲ ਪੇਸ਼ ਨਾ ਆਵੇ।

### ਖ਼ੂਨਦਾਨ ਕੈਂਪ 'ਚ ਦੋ ਦਰਜਨ ਤੋਂ ਵੱਧ ਬਲੱਡ ਯੂਨਿਟ ਇਕੱਤਰ

**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਸਥਾਨਕ ਜਸਵਿੰਦਰ ਸਿੰਘ ਢਿੱਲੋਂ ਮੈਮੋਰੀਅਲ ਵੈੱਲਫੇਅਰ ਸੁਸਾਇਟੀ ਫਰੀਦਕੋਟ ਤੇ ਓਵਰਸੀਜ਼ ਐਜੂਕੇਸ਼ਨ ਫਰੀਦਕੋਟ ਵੱਲੋਂ ਸਥਾਨਕ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਤਾਲ, ਫਰੀਦਕੋਟ ਦੇ ਬਲੱਡ ਬੈਂਕ ਵਿਖੇ ਖ਼ੂਨਦਾਨ ਕੈਂਪ 'ਚ ਦੋ ਦਰਜਨ ਤੋਂ ਵੱਧ ਬਲੱਡ ਯੂਨਿਟ ਇਕੱਤਰ ਕੀਤੇ ਗਏ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸੁਸਾਇਟੀ ਦੇ ਗੁਰਜੀਤ ਸਿੰਘ ਢਿੱਲੋਂ (ਸ਼ੇਖ ਫਰੀਦ ਵੋਕੇਸ਼ਨਲ ਸੈਂਟਰ, ਫਰੀਦਕੋਟ) ਨੇ ਦੱਸਿਆ ਕਿ ਕੈਂਪ ਵਿੱਚ 25 ਤੋਂ 30 ਖ਼ੂਨਦਾਨੀਆਂ ਤੇ ਸਮਾਜਸੇਵੀਆਂ ਨੇ ਹਿੱਸਾ ਲਿਆ ਅਤੇ ਜ਼ਰੂਰਤਮੰਦ ਮਰੀਜ਼ਾਂ ਦੀ ਜਾਨ ਬਚਾਉਣ ਲਈ ਖ਼ੂਨ ਦਾਨ ਕੀਤਾ। ਇਸ ਮੌਕੇ ਕੈਂਪ ਦੇ ਵਿਸ਼ੇਸ਼ ਸਹਿਯੋਗੀ ਗਗਨਦੀਪ ਸਿੰਘ (ਓਵਰਸੀਜ਼ ਐਜੂਕੇਸ਼ਨ ਫਰੀਦਕੋਟ) ਨੇ ਕਿਹਾ ਕਿ ਇਨਸਾਨੀਅਤ ਨੂੰ ਜਿਉਂਦੇ ਰੱਖਣ ਲਈ ਸਾਨੂੰ ਹਮੇਸ਼ਾ ਲੋੜਵੰਦ ਲੋਕਾਂ ਦੀ ਸਹਾਇਤਾ ਕਰਦੇ ਰਹਿਣਾ ਚਾਹੀਦਾ ਹੈ। ਕੈਂਪ ਦੌਰਾਨ ਖ਼ੂਨਦਾਨੀਆਂ ਨੂੰ ਸਰਟੀਫਿਕੇਟ ਤੇ ਮੋਮੈਂਟੋ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਕਲਮਾਂ ਦੇ ਰੰਗ ਸਾਹਿਤ ਸਭਾ ਦੇ ਚੇਅਰਮੈਨ ਪ੍ਰੋ. ਬੀਰਇੰਦਰ ਸਰਾਂ, ਕਲਮਾਂ ਦੇ ਰੰਗ ਸਾਹਿਤ ਸਭਾ ਦੇ ਪ੍ਰਧਾਨ ਸ਼੍ਰੀ ਸ਼ਿਵਨਾਥ ਦਰਦੀ, ਗਗਨ ਮੱਤਾ, ਗੁਰਕਿਰਪਾਲ ਸਿੰਘ, ਜਸਪਾਲ ਸਿੰਘ, ਗੁਰਸੇਵਕ ਸਿੰਘ, ਤੇਜਿੰਦਰ ਸਿੰਘ ਆਦਿ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

### ਨਗਰ ਕੀਰਤਨ ਅੱਜ

**ਮਮਦੋਟ (ਜਸਬੀਰ ਸਿੰਘ ਕੰਬੋਜ)**-ਨਜ਼ਦੀਕੀ ਗੁਰਦੁਆਰਾ ਨਾਨਕਸਰ ਠਾਠ ਛਾਂਗਾ ਖੁਰਦ ਵਿਖੇ ਬਾਬਾ ਕੁੰਦਨ ਸਿੰਘ ਦੀ ਬਰਸੀ ਨੂੰ ਸਮਰਪਤ 13 ਫਰਵਰੀ ਨੂੰ ਮਹਾਨ ਨਗਰ ਕੀਰਤਨ ਸਜਾਇਆ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਬਾਬਾ ਸੁੱਚਾ ਸਿੰਘ ਨਾਨਕਸਰ ਠਾਠ ਛਾਂਗਾ ਨੇ ਦੱਸਿਆ ਕਿ ਇਹ ਨਗਰ ਕੀਰਤਨ ਸਵੇਰੇ 8 ਵਜੇ ਨਾਨਕਸਰ ਛਾਂਗਾ ਤੋਂ ਆਰੰਭ ਹੋ ਕੇ ਵੱਖ ਵੱਖ ਪਿੰਡਾਂ ਵਿੱਚੋਂ ਹੁੰਦਾ ਹੋਇਆ ਸ਼ਾਮ ਨੂੰ ਗੁਰਦੁਆਰਾ ਨਾਨਕਸਰ ਠਾਠ ਛਾਂਗਾ ਵਿਖੇ ਪਹੁੰਚੇਗਾ। ਇਸ ਨਗਰ ਕੀਰਤਨ 'ਚ ਮੋਟਰਸਾਈਕਲ ਤੇ ਇਕੱਲਾ ਟਰੈਕਟਰ ਲੈ ਕੇ ਆਉਣ ਦੀ ਸਖ਼ਤ ਮਨਾਹੀ ਕੀਤੀ। ਉਨ੍ਹਾ ਦੱਸਿਆ ਕਿ ਧੰਨ ਧੰਨ ਬਾਬਾ ਕੁੰਦਨ ਸਿੰਘ ਦੀ ਬਰਸੀ ਦੀ ਯਾਦ ਵਿੱਚ 15 ਫਰਵਰੀ ਨੂੰ ਕੀਰਤਨ ਦਰਬਾਰ ਵਿੱਚ ਪੰਥ ਪ੍ਰਸਿੱਧ ਰਾਗੀ ਜਥੇ ਹਾਜ਼ਰੀ ਭਰਨਗੇ।

### 35 ਕਿੱਲੋ ਭੁੱਕੀ ਸਮੇਤ ਦੋ ਕਾਬੂ

**ਸਮਰਾਲਾ (ਸੁਰਜੀਤ ਸਿੰਘ)**-ਸਮਰਾਲਾ ਪੁਲਸ ਵੱਲੋਂ ਮਾੜੇ ਅਨਸਰਾਂ ਖਿਲਾਫ ਚਲਾਈ ਮੁਹਿੰਮ ਨੂੰ ਉਸ ਵੇਲੇ ਸਫਲਤਾ ਮਿਲੀ, ਜਦੋਂ ਸਮਰਾਲਾ ਪੁਲਸ ਵੱਲੋਂ ਪੁਲਸ ਚੌਕੀ ਹੇਡੋਂ ਸਾਹਮਣੇ ਸਹਾਇਕ ਥਾਣੇਦਾਰ ਬਲਦੇਵ ਰਾਜ ਦੀ ਟੀਮ ਵੱਲੋਂ ਨਾਕਾਬੰਦੀ ਕਰਕੇ ਵਹੀਕਲਾਂ ਦੀ ਚੈਕਿੰਗ ਕੀਤੀ ਜਾ ਰਹੀ ਸੀ ਤਾਂ ਚੰਡੀਗੜ੍ਹ ਸਾਈਡ ਤੋਂ ਆ ਰਹੀ ਇੱਕ ਕਾਰ ਨੂੰ ਰੋਕ ਕੇ ਉਸ ਦੀ ਤਲਾਸ਼ੀ ਲਈ ਤਾਂ ਕਾਰ ਵਿੱਚ ਸਵਾਰ ਮੁਦਦਿਤ ਕੁਮਾਰ ਮਲਿਕ ਵਾਸੀ ਕਸੇਰੂ ਖੇੜਾ ਡਿੱਗੀ ਮੁਹੱਲਾ ਮੇਰਠ ਯੂ.ਪੀ. ਤੇ ਉਸ ਦੇ ਨਾਲ ਬੈਠਾ ਵਿਅਕਤੀ ਸੁਭਾਸ਼ ਚੰਦ ਵਾਸੀ ਸ਼ਰਧਾਪੁਰੀ ਕੰਕੜ ਖੇੜਾ ਮੇਰਠ ਯੂ.ਪੀ. ਪਾਸੋਂ ਤਲਾਸ਼ੀ ਦੌਰਾਨ 35 ਕਿੱਲੋ ਭੁੱਕੀ ਬਰਾਮਦ ਕੀਤੀ ਗਈ। ਪੁਲਸ ਨੇ ਇਨ੍ਹਾਂ ਵਿਰੁੱਧ ਕੇਸ ਦਰਜ ਕਰਕੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

### ਕਿੱਲੋ ਅਫੀਮ ਸਮੇਤ ਨੌਜਵਾਨ ਕਾਬੂ

**ਨਾਭਾ (ਵਰਿੰਦਰ ਵਰਮਾ)**-ਐੱਸ ਐੱਸ ਪੀ ਪਟਿਆਲਾ ਵਰੁਣ ਸ਼ਰਮਾ ਦੇ ਹੁਕਮਾਂ ਅਨੁਸਾਰ ਨਸ਼ਾ ਤਸਕਰਾਂ ਖਿਲਾਫ ਕਾਰਵਾਈ ਕਰਦੇ ਹੋਏ ਨਾਭਾ ਕੋਤਵਾਲੀ ਪੁਲਸ ਵੱਲੋਂ ਇੱਕ ਕਿੱਲੋ ਅਫੀਮ ਸਮੇਤ ਇੱਕ ਨੌਜਵਾਨ ਨੂੰ ਗ੍ਰਿਫਤਾਰ ਕੀਤਾ ਹੈ। ਇਸ ਮੌਕੇ ਜਾਣਕਾਰੀ ਦਿੰਦੇ ਹੋਏ ਨਾਭਾ ਕੋਤਵਾਲੀ ਦੇ ਐੱਸ ਐੱਚ ਓ ਹੈਰੀ ਬੋਪਾਰਾਏ ਨੇ ਦੱਸਿਆ ਕਿ ਇੱਕ ਨੌਜਵਾਨ ਹਰਮੇਲ ਸਿੰਘ ਵਾਸੀ ਥਾਣਾ ਜੁਲਕਾਂ ਨੂੰ ਇੱਕ ਕਿੱਲੋ ਅਫੀਮ ਸਮੇਤ ਗ੍ਰਿਫਤਾਰ ਕੀਤਾ ਹੈ। ਉਕਤ ਮੁਲਜ਼ਮ 'ਤੇ ਮਾਮਲਾ ਦਰਜ ਕਰ ਲਿਆ ਹੈ। ਉਨ੍ਹਾ ਕਿਹਾ ਕਿ ਇਸ ਨੌਜਵਾਨ ਖਿਲਾਫ ਪਹਿਲਾਂ ਵੀ ਥਾਣਾ ਜੁਲਕਾਂ ਵਿਖੇ ਪਰਚਾ ਦਰਜ ਹੈ।

# ਮੂਸੇਵਾਲੇ ਦੀ ਮਾਤਾ ਦਾ ਗੋਲਡ ਮੈਡਲ ਤੇ ਸ਼ੁਭਦੀਪ ਮਮਤਾ ਐਵਾਰਡ ਨਾਲ ਸਨਮਾਨ



**ਮਾਨਸਾ (ਰੀਤਵਾਲ)**
ਮਾਲਵਾ ਸੱਭਿਆਚਾਰਕ ਮੰਚ ਪੰਜਾਬ ਵੱਲੋਂ ਮੰਚ ਦੇ ਚੇਅਰਮੈਨ ਕ੍ਰਿਸ਼ਨ ਕੁਮਾਰ ਬਾਵਾ ਤੇ ਸਾਬਕਾ ਮੰਤਰੀ ਗੁਰਕੀਰਤ ਸਿੰਘ ਕੋਟਲੀ, ਮਲਕੀਤ ਸਿੰਘ ਦਾਖਾ ਦੀ ਅਗਵਾਈ ਹੇਠ ਸਮੂਹ ਅਹੁਦੇਦਾਰਾਂ ਨੇ ਪਿੰਡ ਮੂਸਾ ਵਿਖੇ ਪਹੁੰਚ ਕੇ ਸਿੱਧੂ ਮੂਸੇਵਾਲੇ ਦੀ ਮਾਤਾ ਦਾ ਗੋਲਡ ਮੈਡਲ ਤੇ ਸ਼ੁਭਦੀਪ ਮਮਤਾ ਐਵਾਰਡ ਨਾਲ ਸਨਮਾਨ ਕੀਤਾ। ਇਸ ਮੌਕੇ ਬੋਲਦਿਆਂ ਮੰਚ ਦੇ ਚੇਅਰਮੈਨ ਚੇਅਰਮੈਨ ਕ੍ਰਿਸ਼ਨ ਕੁਮਾਰ ਬਾਵਾ ਤੇ ਸਾਬਕਾ ਮੰਤਰੀ ਗੁਰਕੀਰਤ ਸਿੰਘ ਕੋਟਲੀ, ਮਲਕੀਤ ਸਿੰਘ ਦਾਖਾ ਨੇ ਕਿਹਾ ਕਿ ਸਿੱਧੂ ਮੂਸੇਵਾਲਾ ਉਹ ਹੀਰਾ ਸੀ, ਜਿਸ ਨੇ ਪੂਰੀ ਦੁਨੀਆ ਵਿੱਚ ਮਾਨਸਾ ਜ਼ਿਲ੍ਹੇ ਤੇ ਪੂਰੇ ਪੰਜਾਬ ਦਾ ਨਾਮ ਚਮਕਾਇਆ। ਉਨ੍ਹਾਂ ਕਿਹਾ ਕਿ ਸਿੱਧੂ ਮੂਸੇਵਾਲੇ ਨੇ ਪੰਜਾਬ, ਪੰਜਾਬੀ, ਪੰਜਾਬੀਅਤ ਦਾ ਝੰਡਾ ਪੂਰੀ ਦੁਨੀਆ 'ਚ ਬੁਲੰਦ ਕਰਕੇ ਪੰਜਾਬੀਆਂ ਦਾ ਸਿਰ ਉੱਚਾ ਕੀਤਾ ਹੈ। ਉਨ੍ਹਾਂ ਕਿਹਾ ਕਿ ਮਾਲਵਾ ਸੱਭਿਆਚਾਰਕ ਮੰਚ ਪੰਜਾਬ ਵੱਲੋਂ ਅਸੀਂ ਉਸ ਸਪੂਤ ਦੀ ਮਾਤਾ ਚਰਨ ਕੌਰ ਤੇ ਪਿਤਾ ਬਲਕੌਰ ਸਿੰਘ ਮੂਸਾ ਨੂੰ ਸ਼ਖ਼ਸੀਅਤ ਤੇ ਵਿਚਾਰਾਂ ਤੋਂ ਪ੍ਰਭਾਵਿਤ ਹੋ ਕੇ ਗੋਲਡ ਮੈਡਲ ਤੇ ਸ਼ੁਭਦੀਪ ਮਮਤਾ ਐਵਾਰਡ ਨਾਲ ਸਨਮਾਨ ਕਰਦੇ ਹੋਏ ਮਾਨ ਮਹਿਸੂਸ ਕਰਦੇ ਹਾਂ। ਉਨ੍ਹਾਂ ਮੂਸੇਵਾਲਾ ਦੇ ਪਰਿਵਾਰ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਹਮੇਸ਼ਾ ਪਰਿਵਾਰ ਦੇ ਨਾਲ ਖੜੇ ਰਹਿਣਗੇ ਤੇ ਜਿੱਥੇ ਵੀ ਪਰਿਵਾਰ ਉਨ੍ਹਾਂ ਨੇ ਯਾਦ ਕਰੇਗਾ, ਉਥੇ ਹਾਜ਼ਰ ਹੋ ਜਾਣਗੇ। ਸਿੱਧੂ ਮੂਸੇਵਾਲਾ ਦੀ ਮਾਤਾ ਚਰਨ ਕੌਰ, ਪਿਤਾ ਬਲਕੌਰ ਸਿੰਘ ਨੇ ਸਮੂਹ ਮੰਚ ਮੈਂਬਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਲਖਬੀਰ ਸਿੰਘ ਲੱਖਾ, ਬਿਕਰਮ ਸਿੰਘ ਮੋਫਰ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਮਾਨਸਾ, ਬਲਦੇਵ ਬਾਵਾ, ਉਮਰਾਓ ਸਿੰਘ, ਕਰਨੈਲ ਸਿੰਘ ਗਿੱਲ, ਅੰਗਰੇਜ਼ ਸਿੰਘ, ਮਨਜੀਤ ਸਿੰਘ ਹੰਭੜਾ, ਪ੍ਰੀਤਮ ਸਿੰਘ ਯੂ ਐੱਸ ਏ, ਅਮਰਜੀਤ ਸਿੰਘ ਕੈਨੇਡਾ, ਰਾਜਦੀਪ ਸਿੰਘ ਸੰਧੂ ਕੈਨੇਡਾ, ਰਣਜੀਤ ਸਿੰਘ ਗਿੱਲ, ਜਗਰੂਪ ਸਿੰਘ, ਗੁਰਮੁੱਖ ਸਿੰਘ ਕੈਨੇਡਾ, ਮਨਰਾਜ ਸਿੰਘ ਸੰਧੂ ਕੈਨੇਡਾ, ਮਨਦੀਪ ਸਿੰਘ ਗੋਰਾ, ਸਰਪੰਚ ਕੁਲਦੀਪ ਸਿੰਘ ਰਾਮਪੁਰ, ਜੱਸਾ ਰੋੜੀਆਂ, ਅਮਨਦੀਪ ਕੈਨੇਡਾ, ਰਾਕੇਸ਼ ਬਾਵਾ, ਲੱਕੀ ਰਾਮਪੁਰ, ਸੱਤਪਾਲ ਬਾਵਾ, ਸੁਖਦੇਵ ਸਿੰਘ, ਗੁਰਕੀਰਤ ਸਿੰਘ ਨਿਊਜ਼ੀਲੈਂਡ, ਸੌਰਵ ਨਿਊਜ਼ੀਲੈਂਡ, ਅਰਜਨ ਬਾਵਾ, ਨਵਜੋਤ ਸਿੰਘ ਆਦਿ ਹਾਜ਼ਰ ਸਨ।

# ਮਾਤਾ ਸਾਹਿਬ ਕੌਰ ਪਬਲਿਕ ਸਕੂਲ 'ਚ ਵਿਦਾਇਗੀ ਸਮਾਰੋਹ

## ■ ਨਵਜੋਤ ਸਿੰਘ ਹੁੰਦਲ ਮਿਸਟਰ ਤੇ ਨਵਜੋਤ ਕੌਰ ਮਿਸ ਫੇਅਰਵੈੱਲ ਬਣੇ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**
ਮਾਤਾ ਸਾਹਿਬ ਕੌਰ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਗੁਰੂ ਹਰਸਹਾਏ ਵਿਖੇ ਗਿਆਰਵੀਂ ਕਲਾਸ ਵੱਲੋਂ ਬਾਰਵੀਂ ਕਲਾਸ ਦੇ ਵਿਦਿਆਰਥੀਆਂ ਲਈ ਵਿਦਾਇਗੀ ਸਮਾਰੋਹ ਕੀਤਾ ਗਿਆ। ਇਸ ਦਾ ਆਰੰਭ ਗਿਆਰਵੀਂ ਕਲਾਸ ਦੇ ਵਿਦਿਆਰਥੀਆਂ ਨੇ ਬੜੀ ਖੁਸ਼ੀ ਦੇ ਨਾਲ ਬਾਰਵੀਂ ਕਲਾਸ ਦਾ ਸਵਾਗਤ ਕਰਦੇ ਹੋਏ ਕੀਤਾ। ਸਮਾਰੋਹ ਵਿੱਚ ਗਿਆਰਵੀਂ ਕਲਾਸ ਵੱਲੋਂ ਅਧਿਆਪਕ ਵਰਿੰਦਰ ਸਿੰਘ ਤੇ ਸਵਰਨ ਸਿੰਘ ਦੀ ਅਗਵਾਈ ਵਿੱਚ ਅਮਾਨਤਪ੍ਰੀਤ ਕੌਰ, ਰਜਿੰਦਰ ਕੌਰ, ਗੁਰਸਿਰਤ ਕੌਰ, ਸਹਿਜਪ੍ਰੀਤ ਕੌਰ, ਕਰਨਬੀਰ ਸਿੰਘ, ਕੋਮਲ ਕੰਬੋਜ, ਰਿਤਿਕਾ ਨੇ ਐਂਕਰ ਦੀ ਭੂਮਿਕਾ ਨਿਭਾਈ। ਗਿਆਰਵੀਂ ਕਲਾਸ ਦੇ ਵਿਦਿਆਰਥੀਆਂ ਨੇ ਬਾਰਵੀਂ ਕਲਾਸ ਦੇ ਵਿਦਿਆਰਥੀਆਂ ਲਈ ਮਨੋਰਜਨ, ਖੇਡਾਂ ਦਾ ਆਯੋਜਨ ਕੀਤਾ। ਇਸ ਤੋਂ ਬਾਅਦ ਉਨ੍ਹਾਂ ਦੀ ਪ੍ਰਤਿਭਾ ਨੂੰ ਦਰਸਾਉਂਦੇ ਹੋਏ ਉਨ੍ਹਾਂ ਨੂੰ ਵੱਖ-ਵੱਖ ਪ੍ਰਕਾਰ ਦੇ ਟਾਈਟਲ ਸਹਿਤ ਪੁਰਸਕਾਰ ਦਿੱਤੇ ਗਏ। ਗਿਆਰਵੀਂ ਕਲਾਸ ਦੇ ਵਿਦਿਆਰਥੀਆਂ ਨੇ ਸਮੂਹਕ ਭੰਗੜੇ, ਬਾਰਵੀਂ ਜਮਾਤ ਦੀਆਂ ਵਿਦਿਆਰਥਣਾਂ ਵੱਲੋ ਗਿੱਧੇ ਦਾ ਆਯੋਜਨ ਕੀਤਾ। ਬਾਰਵੀਂ ਕਲਾਸ ਵੱਲੋਂ ਐਂਕਰ ਦੀ ਭੂਮਿਕਾ ਨਾਜ਼ੀਆ ਸਚਦੇਵਾ, ਕਰਮਨਦੀਪ ਕੌਰ, ਖੁਸ਼ੀ, ਉਦੈ ਸਿੰਘ, ਰਮਨਦੀਪ ਕੌਰ ਤੇ ਰਣਦੀਪ ਕੌਰ ਨੇ ਨਿਭਾਈ। ਬਾਰਵੀਂ ਕਲਾਸ ਦੇ ਵਿਦਿਆਰਥੀਆਂ ਨੇ ਵਿਦਾਇਗੀ ਪਾਰਟੀ ਦੀ ਰਸਮ ਨਿਭਾਉਂਦੇ ਹੋਏ ਸਮੂਹ ਅਧਿਆਪਕ, ਸਮੂਹ ਸਟਾਫ, ਸਕੂਲ ਪ੍ਰਿੰਸੀਪਲ ਡਾ. ਪੰਕਜ ਧਮੀਜਾ, ਮੈਨੇਜਮੈਂਟ ਕਮੇਟੀ ਦੇ ਮੈਂਬਰਾਂ ਨੂੰ ਟਾਈਟਲ ਸਹਿਤ ਪੁਰਸਕਾਰ ਨਾਲ ਸਨਮਾਨਤ ਕੀਤਾ। ਬਾਰਵੀਂ ਕਲਾਸ ਲਈ ਮੌਡਲਿੰਗ ਤੇ ਪ੍ਰਸ਼ਨ-ਉੱਤਰ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਮਿਸਟਰ ਫੇਅਰਵੈੱਲ ਨਵਜੋਤ ਹੁੰਦਲ ਤੇ ਨਵਜੋਤ ਕੌਰ ਮਿਸ ਫੇਅਰਵੈੱਲ ਬਣੇ, ਜਗਸੀਰ ਸਿੰਘ ਸਨੈਪੀ ਡਰੈਸਰ, ਕੁਸ਼ਲਦੀਪ ਸਿੰਘ ਸਟਨਿੰਗ ਪ੍ਰਸਨੈਲਟੀ, ਰਣਜੀਤ ਸਿੰਘ ਬੈਸਟ ਟਰੈਡੀਸ਼ਨਲ, ਨਾਜ਼ੀਆ ਸਚਦੇਵਾ ਐਲੀਗੈਨਟ ਲੁੱਕ, ਉਦੈ ਸਿੰਘ ਸੈਨਜੀਜਨ, ਕਰਮਨਦੀਪ ਕੌਰ ਰੈਡੀਅਨਟ, ਜੀਵਨਜੋਤ ਸਿੰਘ ਮੈਥੋਡੀਕਲ ਨੂੰ ਟਾਈਟਲਾਂ ਨਾਲ ਸਨਮਾਨਤ ਕੀਤਾ ਗਿਆ।

# ਜੈ ਬਾਬੇ ਦੀ ਬਲੱਡ ਸੇਵਾ ਸੁਸਾਇਟੀ ਵੱਲੋਂ ਖ਼ੂਨਦਾਨ ਕੈਂਪ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਣ)**-ਸ੍ਰੀ ਮੁਕਤਸਰ ਸਾਹਿਬ ਦੀ ਖ਼ੂਨ ਦਾਨ ਨੂੰ ਸਮਰਪਤ ਸੰਸਥਾ ਜੈ ਬਾਬੇ ਦੀ ਬਲੱਡ ਸੇਵਾ ਸੁਸਾਇਟੀ ਵੱਲੋਂ ਮਾਈ ਭਾਗੋ ਆਯੁਰਵੈਦਿਕ ਕਾਲਜ ਵਿਖੇ ਖ਼ੂਨਦਾਨ ਕੈਂਪ ਲਾਇਆ ਗਿਆ, ਜਿਸ 'ਚ ਵਿਦਿਆਰਥੀਆਂ ਤੇ ਸਟਾਫ ਮੈਂਬਰਾਂ ਨੇ 22 ਯੂਨਿਟ ਖ਼ੂਨ ਦਾਨ ਕੀਤਾ। ਸੁਸਾਇਟੀ ਦੇ ਪ੍ਰਧਾਨ ਦੀਪਕ ਗਰਗ ਨੇ ਲੋਕਾਂ ਖਾਸਕਰ ਨੌਜਵਾਨਾਂ ਨੂੰ ਖ਼ੂਨ ਦਾਨ ਲਈ ਪ੍ਰੇਰਿਆ ਤੇ ਸਮੇਂ-ਸਮੇਂ ਸਿਰ ਖ਼ੂਨ ਦਾਨ ਕਰਦੇ ਰਹਿਣ ਦੀ ਗੱਲ 'ਤੇ ਜ਼ੋਰ ਦਿੱਤਾ। ਇਸ ਮੌਕੇ ਪ੍ਰਿੰਸੀਪਲ ਡਾ. ਵਿਨੋਦ ਰੰਗਾ, ਡਾ. ਸ਼ੈਲੀ ਛਾਬੜਾ, ਡਾ. ਅਜੈ ਛਾਬੜਾ, ਡਾ. ਸੁਰੇਸ਼, ਡਾ. ਅਮਿਤ ਛਾਬੜਾ, ਡਾ. ਸੁਰੇਸ਼, ਡਾ. ਅਮਿਤ ਛਾਬੜਾ, ਡਾ. ਜੰਨਤ, ਡਾ. ਆਰਿਆ, ਡਾ. ਤੇਜਿੰਦਰ ਤੋਂ ਇਲਾਵਾ ਸੁਸਾਇਟੀ ਵੱਲੋਂ ਗੌਰਵ ਖੁਰਾਣਾ, ਦੀਪਾਂਕੁਰ, ਗਗਨ ਆਹੂਜਾ, ਪ੍ਰਵੀਨ ਮਦਾਨ ਆਦਿ ਮੌਜੂਦ ਸਨ। ਸੰਸਥਾਪਕ ਦੀਪਕ ਗਰਗ ਨੇ ਦੱਸਿਆ ਕਿ ਸੁਸਾਇਟੀ ਨੂੰ ਸ਼ਹਿਰ ਦੇ ਹਰ ਕਾਲਜ ਵੱਲੋਂ ਸਮੇਂ ਸਮੇਂ 'ਤੇ ਖ਼ੂਨਦਾਨ ਕੈਂਪ ਲਈ ਫੋਨ ਆਉਂਦੇ ਰਹਿੰਦੇ ਨੇ, ਜਿਸ 'ਤੇ ਬਲੱਡ ਬੈਂਕ ਦੀ ਲੋੜ ਨੂੰ ਦੇਖਦੇ ਹੋਏ ਸੁਸਾਇਟੀ ਮੈਂਬਰ ਕੈਂਪ ਲਗਉਂਦੇ ਰਹਿੰਦੇ ਨੇ।

# ਡਾ. ਬਲਜੀਤ ਕੌਰ ਵੱਲੋਂ ਮੰਡੀ ਲੱਖੇਵਾਲੀ ਦੇ ਵਿਕਾਸ ਕਾਰਜਾਂ ਲਈ 70 ਲੱਖ ਦੀ ਗ੍ਰਾਂਟ ਜਾਰੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਣ)**-ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਦੀ ਭਲਾਈ ਲਈ ਲਗਾਤਾਰ ਯਤਨਸ਼ੀਲ ਹੈ। ਇਸ ਗੱਲ ਦਾ ਪ੍ਰਗਟਾਵਾ ਡਾ. ਬਲਜੀਤ ਕੌਰ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਪੰਜਾਬ ਨੇ ਵਿਧਾਨ ਸਭਾ ਹਲਕਾ ਮਲੋਟ ਵਿੱਚ ਪੈਂਦੀ ਮੰਡੀ ਲੱਖੇਵਾਲੀ ਦੇ ਵਿਕਾਸ ਕਾਰਜਾਂ ਲਈ 70 ਲੱਖ ਰੁਪਏ ਦੀ ਗਰਾਂਟ ਜਾਰੀ ਕਰਦਿਆਂ ਨਗਰ ਨਿਵਾਸੀਆਂ ਨੂੰ ਸੰਬੋਧਨ ਕਰਨ ਮੌਕੇ ਕੀਤਾ। ਕੈਬਨਿਟ ਮੰਤਰੀ ਨੇ ਕਿਹਾ ਕਿ ਲੋਕਾਂ ਦਾ ਜੀਵਨ ਪੱਧਰ ਉੱਪਰ ਚੁੱਕਣ ਲਈ ਸੂਬੇ ਵਿੱਚ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਤਾਂ ਜੋ ਲੋਕਾਂ ਨੂੰ ਬੁਨਿਆਦੀ ਸਹੂਲਤਾਵਾਂ ਦਾ ਲਾਭ ਮਿਲ ਸਕੇ। ਉਨ੍ਹਾਂ ਕਿਹਾ ਕਿ ਮੰਡੀ ਲੱਖੇਵਾਲੀ ਦੇ ਵਿਕਾਸ ਕਾਰਜਾਂ ਨੂੰ ਸਫਲਤਾ ਪੂਰਵਕ ਨੇਪਰੇ ਚੜ੍ਹਾਉਣ ਲਈ ਕਿਸੇ ਵੀ ਕਿਸਮ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਦੱਸਿਆ ਕਿ ਲੱਖੇਵਾਲੀ ਦੇ ਚਾਰ ਸਕੂਲਾਂ ਦੇ ਕਮਰਿਆਂ ਲਈ 50 ਲੱਖ ਰੁਪਏ, 13.50 ਲੱਖ ਰੁਪਏ ਗਿੱਲਾ ਤੇ ਸੁੱਕੇ ਕੂੜੇ ਦਾ ਨਿਪਟਾਰਾ ਕਰਨ ਲਈ ਪਲਾਂਟ ਲਗਾਉਣ ਵਾਸਤੇ, 5 ਲੱਖ ਰੁਪਏ ਗਲੀਆਂ-ਨਾਲੀਆਂ ਦੇ ਨਿਰਮਾਣ ਲਈ, ਜਦਕਿ 1.50 ਲੱਖ ਰੁਪਏ ਬਿਜਲੀ ਦੀਆਂ ਨੀਵੀਆਂ ਤਾਰਾਂ ਨੂੰ ਉੱਪਰ ਚੁੱਕਣ ਲਈ ਰਕਮ ਜਾਰੀ ਕੀਤੀ ਅਤੇ 1.5 ਲੱਖ ਰੁਪਏ ਵਿਕਾਸ ਕਾਰਜਾਂ ਲਈ ਜਾਰੀ ਕੀਤੇ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਆਮ ਆਦਮੀ ਕਲੀਨਿਕ ਖੋਲ੍ਹੇ ਜਾ ਰਹੇ ਹਨ ਤਾਂ ਜੋ ਲੋਕ ਆਪਣਾ ਇਲਾਜ ਕਰਵਾ ਸਕਣ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਸ਼ਨ ਬਰਾੜ ਜ਼ਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ, ਬਲਾਕ ਪ੍ਰਧਾਨ ਸਿਮਰਜੀਤ ਸਿੰਘ, ਦਿਲਬਾਗ ਸਿੰਘ, ਗੁਰਪ੍ਰੀਤ ਸਿੰਘ, ਗੁਰਸੇਵਕ ਸਿੰਘ, ਕੁਲਵੀਰ ਸਿੰਘ, ਰਣਧੀਰ ਸਿੰਘ, ਜੱਗਾ ਸਿੰਘ ਸਰਾਂ ਤੇ ਇਕਬਾਲ ਸਿੰਘ ਮੌਜੂਦ ਸਨ।

### ਚੇਅਰਮੈਨ ਘੁੱਲੀ ਦਾ ਵਿਸ਼ੇਸ਼ ਸਨਮਾਨ

**ਧੂਰੀ (ਸੁਖਦੇਵ ਧੂਰੀ)**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਰਾਜਵੰਤ ਸਿੰਘ ਘੁੱਲੀ ਨੂੰ ਪੰਜਾਬ ਸਰਕਾਰ ਵੱਲੋਂ ਮਾਰਕਿਟ ਕਮੇਟੀ ਧੂਰੀ ਦਾ ਚੇਅਰਮੈਨ ਲਗਾਉਣ 'ਤੇ ਧੂਰੀ ਹਲਕੇ ਪਿੰਡ ਕਹੇਰੂ ਵਿਖੇ ਅਜੀਤ ਸਿੰਘ ਅਮਰੀਕਾ ਵਾਲਿਆਂ ਦੇ ਘਰ ਚੇਅਰਮੈਨ ਘੁੱਲੀ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਮਾਰਕਿਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਸਰਕਾਰ ਵੱਲੋਂ ਮੈਨੂੰ ਜੋ ਜ਼ਿੰਮੇਵਾਰੀ ਦਿੱਤੀ ਗਈ ਹੈ, ਮੈਂ ਉਹ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਵਾਂਗਾ। ਉਨ੍ਹਾ ਕੀਤੇ ਗਏ ਸਨਮਾਨ 'ਤੇ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੇ ਨਾਲ ਕੀਤੇ ਗਏ ਵਾਅਦੇ ਪੂਰੇ ਕਰਨ ਲਈ ਯਤਨਸ਼ੀਲ ਹੈ, ਜਿਸ ਤਹਿਤ ਪੰਜਾਬ ਵਿਕਾਸ ਪੱਖੋਂ ਨੰਬਰ 1 ਸੂਬਾ ਹੋਵੇਗਾ। ਇਸ ਮੌਕੇ ਹਰਦੇਵ ਸਿੰਘ ਵੜੈਚ ਹਥਨ, ਜਗਦੀਪ ਸਿੰਘ ਧਾਲੀਵਾਲ ਕਹੇਰੂ, ਮਸਟਰ ਸਤਨਾਮ ਸਿੰਘ ਬਮਾਲ, ਲੱਖਾ ਪਟਵਾਰੀ ਘਨੌਰ, ਪ੍ਰੋ. ਜਗਤਾਰ ਸਿੰਘ ਕਹੇਰੂ, ਪ੍ਰਗਟ ਸਿੰਘ ਸਾਬਕਾ ਸਰਪੰਚ ਕਹੇਰੂ, ਸੁਖਦੇਵ ਸਿੰਘ ਬਮਾਲ ਤੇ ਗੁਰਜੀਤ ਸਿੰਘ ਨੰਬਰਦਾਰ ਬਮਾਲ ਤੋਂ ਇਲਾਵਾ ਹੋਰ ਵੀ ਕਈ ਸ਼ਖ਼ਸੀਅਤਾਂ ਹਾਜ਼ਰ ਸਨ।

# ਬਾਬਾ ਫੂਲਾ ਸਿੰਘ ਦੀ ਸ਼ਹੀਦੀ ਸ਼ਤਾਬਦੀ ਨੂੰ ਸਮਰਪਤ ਗੁਰਮਤਿ ਸਮਾਗਮ

## ■ ਅਕਾਲੀ ਬਾਬਾ ਫੂਲਾ ਸਿੰਘ ਖਾਲਸਾ ਰਾਜ ਦੇ ਥੰਮ੍ਹ ਸਨ : ਜਥੇਦਾਰ ਹਰਪ੍ਰੀਤ ਸਿੰਘ



ਸਿੰਘ ਸਾਹਿਬ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੂੰ ਸਨਮਾਨਤ ਕਰਦੇ ਹੋਏ ਪ੍ਰਬੰਧਕ।

**ਮੂਨਕ (ਰਾਜਪਾਲ ਸਿੰਗਲਾ)**
ਏਥੋਂ ਥੋੜ੍ਹੀ ਦੂਰ ਪਿੰਡ ਦੇਹਲਾਂ ਸ਼ੀਹਾਂ ਵਿਖੇ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਛੇਵੇਂ ਮੁਖੀ ਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਰਹੇ ਸਿੰਘ ਸਾਹਿਬ ਅਕਾਲੀ ਬਾਬਾ ਫੂਲਾ ਸਿੰਘ ਸ਼ਹੀਦ ਦੇ ਦੋ ਸੌ ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਤ ਦੂਜੀ ਸ਼ਹੀਦੀ ਸ਼ਤਾਬਦੀ ਵਿਸ਼ੇਸ਼ ਦੋ ਰੋਜ਼ਾ ਧਾਰਮਿਕ ਗੁਰਮਤਿ ਸਮਾਗਮ ਹੋਇਆ। ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਤੇ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਅਕਾਲੀ ਬਾਬਾ ਫੂਲਾ ਸਿੰਘ ਤੇ ਸ੍ਰ. ਹਰੀ ਸਿੰਘ ਨਲਵਾ ਖਾਲਸਾ ਰਾਜ ਦੇ ਥੰਮ੍ਹ ਸਨ। ਇਨ੍ਹਾਂ ਦੇ ਜੀਵਨ ਕਾਲ ਵਿੱਚ ਨਾ ਅੰਗਰੇਜ਼ ਤੇ ਨਾ ਡੋਗਰੇ ਆਪਣੀ ਮਨਸ਼ਾ ਪੂਰੀ ਕਰ ਸਕੇ, ਉਨ੍ਹਾਂ ਦੀ ਸ਼ਹੀਦੀ ਉਪਰੰਤ ਹੀ ਸਿੱਖ ਰਾਜ ਹੌਲੀ ਹੌਲੀ ਢਹਿੰਦਾ ਢਹਿੰਦਾ ਢਹਿ ਗਿਆ। ਉਨ੍ਹਾ ਕਿਹਾ ਕਿ ਮਹਾਰਾਜਾ ਰਣਜੀਤ ਸਿੰਘ ਡੋਗਰਿਆਂ ਦੀ ਸਲਾਹ ਵਿੱਚ ਹੀ ਘਿਰਿਆ ਰਿਹਾ। ਸਿੱਖ ਯੋਧੇ ਉਸ ਨੂੰ ਡੋਗਰਿਆਂ ਤੋਂ ਸੁਚੇਤ ਕਰਦੇ ਰਹੇ, ਪਰ ਮਹਾਰਾਜਾ ਰਣਜੀਤ ਸਿੰਘ ਦੇ ਅਵੇਸਲੇਪਣ ਕਾਰਨ ਖਾਲਸਾ ਰਾਜ ਦਾ ਪਤਨ ਹੋ ਗਿਆ। ਸਿੰਘ ਸਾਹਿਬ ਨੇ ਕਿਹਾ ਕਿ ਸੋਸ਼ਲ ਮੀਡੀਏ 'ਤੇ ਜੋ ਪਰੋਸਿਆ ਜਾ ਰਿਹਾ ਹੈ, ਉਹ ਇਤਿਹਾਸਕ ਕਸਵੱਟੀ 'ਤੇ ਪੂਰਾ ਨਹੀਂ ਉੱਤਰ ਰਿਹਾ। ਨੌਜਵਾਨ ਪੀੜ੍ਹੀ ਨੂੰ ਚੰਗੀਆਂ ਕਿਤਾਬਾਂ ਪੜ੍ਹਨੀਆਂ ਜ਼ਰੂਰੀ ਹਨ। ਜੇਕਰ ਸਿੱਖ ਆਪਣੇ ਇਤਿਹਾਸ ਨੂੰ ਕਾਇਮ ਰੱਖਣਾ ਚਾਹੁੰਦੇ ਹਨ ਤਾਂ ਪੁਰਾਤਨ ਗ੍ਰੰਥਾਂ ਨਾਲ ਸਾਂਝ ਬਣਾਈ ਰੱਖਣੀ ਲਾਜ਼ਮੀ ਹੈ। ਅਕਾਲੀ ਬਾਬਾ ਫੂਲਾ ਸਿੰਘ ਜੀ ਦਾ ਜਨਮ ਤੇ ਸ਼ਹੀਦੀ ਤੀਕ ਦਾ ਸਫ਼ਰ ਫ਼ਖ਼ਰ ਕਰਨ ਯੋਗ ਹੈ। ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਸਮਾਗਮ 'ਚ ਪੁੱਜੀਆਂ ਸੰਗਤਾਂ ਨੂੰ ਜੀ ਆਇਆਂ ਕਿਹਾ ਤੇ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।

ਇਸ ਧਾਰਮਿਕ ਦੀਵਾਨ ਵਿੱਚ ਕੌਮੀ ਵਿਦਵਾਨਾਂ, ਰਾਗੀ, ਢਾਡੀ, ਕਵੀਸ਼ਰ ਜਥਿਆਂ ਨੇ ਸ਼ਹੀਦ ਅਕਾਲੀ ਬਾਬਾ ਫੂਲਾ ਸਿੰਘ ਦੇ ਜੀਵਨ ਸੰਘਰਸ਼ ਤੇ ਜੰਗਾਂ ਯੁੱਧਾਂ ਵਿੱਚ ਨਿਭਾਈ ਭੂਮਿਕਾ ਦਾ ਹਾਲ ਸੰਗਤਾਂ ਨਾਲ ਸਾਂਝਾ ਕੀਤਾ। ਇਸ ਮੌਕੇ ਬੁੱਢਾ ਦਲ ਵੱਲੋਂ ਅੰਮ੍ਰਿਤ ਦਾ ਬਾਟਾ ਤਿਆਰ ਕੀਤਾ ਗਿਆ, ਜਿਸ ਵਿੱਚ ਵੱਡੀ ਗਿਣਤੀ 'ਚ ਪ੍ਰਾਣੀ ਗੁਰੂ ਦੇ ਲੜ ਲੱਗੀਆਂ ਗੁਰੂ ਲਾਡਲੀਆਂ ਫੌਜਾਂ ਵੱਲੋਂ ਗੱਤਕਾ ਮੁਕਾਬਲੇ ਕਰਵਾਏ ਗਏ ਤੇ ਜੇਤੂ ਟੀਮਾਂ ਨੂੰ ਬਾਬਾ ਬਲਬੀਰ ਸਿੰਘ ਅਕਾਲੀ ਵੱਲੋਂ ਵਿਸ਼ੇਸ਼ ਇਨਾਮ ਦਿੱਤੇ ਗਏ। ਸਮਾਗਮ ਵਿੱਚ ਪੁੱਜੀਆਂ ਵਿਸ਼ੇਸ਼ ਸ਼ਖ਼ਸੀਅਤਾਂ ਦਾ ਬੁੱਢਾ ਦਲ ਵੱਲੋਂ ਸਨਮਾਨ ਕੀਤਾ ਗਿਆ।

# ਛੀਨਾ ਨੇ ਗੈਮਸਾ ਐਕਸਪੋ 2023 'ਚ ਕੀਤੀ ਸ਼ਿਰਕਤ



**ਲੁਧਿਆਣਾ (ਐੱਮ ਐੱਸ ਭਾਟੀਆ, ਰੈਕਟਰ ਕਥੂਰੀਆ)**-ਵਿਧਾਇਕ ਛੀਨਾ ਨੇ ਗੈਮਸਾ ਐਕਸਪੋ 2023 ਵਿਖੇ ਜੈਕ ਸਿਲਾਈ ਮਸ਼ੀਨ ਦੇ ਸਟਾਲ ਦਾ ਰਿਬਨ ਕੱਟ ਕੇ ਉਦਘਾਟਨ ਕੀਤਾ। ਵਿਧਾਇਕ ਛੀਨਾ ਵੱਲੋਂ ਜੈਕ ਕੰਪਨੀ ਦੇ ਨਵੇਂ ਮਾਡਲਾਂ ਦਾ ਬਾਰੀਕੀ ਨਾਲ ਨਿਰੀਖਣ ਕੀਤਾ ਗਿਆ। ਉਦਘਾਟਨ ਮੌਕੇ ਕੰਪਨੀ ਦੇ ਖੇਤਰੀ ਮੁਖੀ ਵਿਕਾਸ ਪਾਂਡੇ ਨੇ ਵਿਧਾਇਕਾ ਨੂੰ ਗੁਲਦਸਤਾ ਦੇ ਕੇ ਸਨਮਾਨਤ ਕੀਤਾ। ਮੀਡੀਆ ਨੂੰ ਸੰਬੋਧਨ ਕਰਦਿਆਂ ਮੈਡਮ ਛੀਨਾ ਨੇ ਦੱਸਿਆ ਕਿ ਉਹ ਖੁਦ ਹੌਜ਼ਰੀ ਲਾਈਨ ਤੋਂ ਹਨ, ਇਸ ਲਈ ਉਹ ਇਸ ਕਾਰੋਬਾਰ ਨੂੰ ਦਰਪੇਸ਼ ਮੁਸ਼ਕਲਾਂ ਨੂੰ ਚੰਗੀ ਤਰ੍ਹਾਂ ਸਮਝਦੇ ਹਨ। ਲੁਧਿਆਣਾ ਹੌਜ਼ਰੀ ਦਾ ਧੁਰਾ ਹੋਣ ਕਰਕੇ ਉਨ੍ਹਾਂ ਸਮੂਹ ਉਦਯੋਗਪਤੀਆਂ ਨੂੰ ਇੱਥੇ ਆ ਕੇ ਨਿਵੇਸ਼ ਕਰਨ ਦੀ ਅਪੀਲ ਕੀਤੀ। ਉਨ੍ਹਾ ਦੱਸਿਆ ਕਿ ਉਹ ਜੈਕ ਸਿਲਾਈ ਮਸ਼ੀਨ ਤੋਂ ਪੁਰਾਣੇ ਜਾਣੂੰ ਹਨ ਤੇ ਇਹ ਆਪਣੀ ਗੁਣਵੱਤਾ ਦੇ ਅਧਾਰ 'ਤੇ ਦੁਨੀਆ ਦੀ ਸਭ ਤੋਂ ਵੱਡੀ ਤੇ ਭਰੋਸੇਮੰਦ ਕੰਪਨੀ ਹੈ।

ਇਸ ਮੌਕੇ ਕੰਪਨੀ ਦੇ ਪੰਜਾਬ ਰੀਜਨਲ ਹੈੱਡ ਵਿਕਾਸ ਪਾਂਡੇ ਨੇ ਮੈਡਮ ਛੀਨਾ ਨੂੰ ਜੈਕ ਦੀ ਨਵੀਂ ਲਾਂਚ ਕੀਤੀ ਸੀ 2 ਓਵਰਲਾਕ ਮਸ਼ੀਨ ਦੀਆਂ ਵਿਸ਼ੇਸ਼ਤਾਵਾਂ ਬਾਰੇ ਦੱਸਿਆ ਤੇ ਮੈਡਮ ਛੀਨਾ ਨੇ ਵੀ ਉਨ੍ਹਾਂ ਦੇ ਕਹਿਣ 'ਤੇ ਮਸ਼ੀਨ ਵੀ ਚਲਾ ਕੇ ਦੇਖੀ। ਇਸ ਮੌਕੇ ਹਰਪ੍ਰੀਤ ਸਿੰਘ, ਵਿਸ਼ਾਲ ਅਵਸਥੀ, ਅਮਿਤ, ਪੀ ਏ ਹਰਪ੍ਰੀਤ ਸਿੰਘ, ਅਜੇ ਮਿੱਤਲ, ਵਿਕਾਸ ਪਾਂਡੇ, ਦੀਪਕ ਮਹਿਤਾ, ਜਪਜੋਤ ਸਿੰਘ, ਕੁਲਜੀਤ ਸਿੰਘ, ਨਰੇਸ਼ ਢਾਕਾ, ਮਨੋਜ ਅਰੋੜਾ, ਮੂਲ ਚੰਦ ਆਦਿ ਹਾਜ਼ਰ ਸਨ।

# ਸਮਾਜਿਕ ਸਿੱਖਿਆ ਤੇ ਅੰਗਰੇਜ਼ੀ ਅਧਿਆਪਕਾਂ ਦੀ ਦੋ ਰੋਜ਼ਾ ਵਰਕਸ਼ਾਪ

## ■ ਬੱਚੇ ਦੀ ਮਾਨਸਿਕਤਾ ਨੂੰ ਸਮਝਣਾ ਬਹੁਤ ਜ਼ਰੂਰੀ : ਕੋਮਲ ਅਰੋੜਾ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**
ਡਾਇਰੈਕਟਰ ਐੱਸ ਸੀ ਈ ਆਰ ਟੀ ਮੋਹਾਲੀ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਉੱਚ ਸੰਸਥਾਨਾਂ ਵੱਲੋਂ ਸਕੂਲਾਂ ਨਾਲ ਭਾਈਵਾਲੀ ਵਿਸ਼ੇ ਉੱਪਰ ਸਮਾਜਿਕ ਸਿੱਖਿਆ ਤੇ ਅੰਗਰੇਜ਼ੀ ਵਿਸ਼ੇ ਦੇ ਅਧਿਆਪਕਾਂ ਦੀ ਦੋ ਰੋਜ਼ਾ ਵਰਕਸ਼ਾਪ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਫਿਰੋਜ਼ਪੁਰ ਕਮਲਜੀਤ ਸਿੰਘ ਧੰਜੂ, ਉੱਪ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਸਿੱਖਿਆ ਕੋਮਲ ਅਰੋੜਾ, ਪ੍ਰਿੰਸੀਪਲ ਡਾਈਟ ਫਿਰੋਜ਼ਪੁਰ ਸੀਮਾ ਦੀ ਅਗਵਾਈ ਹੇਠ ਦੇਵ ਸਮਾਜ ਕਾਲਜ ਐਜੂਕੇਸ਼ਨ ਫਾਰ ਵੂਮੈਨ ਫਿਰੋਜ਼ਪੁਰ ਵਿੱਚ ਲਗਾਈ ਗਈ। ਇਸ ਵਰਕਸ਼ਾਪ ਵਿੱਚ ਫਿਰੋਜ਼ਪੁਰ ਦੇ 86 ਸਕੂਲਾਂ ਵਿੱਚੋਂ 190 ਸਮਾਜਿਕ ਸਿੱਖਿਆ ਤੇ ਅੰਗਰੇਜ਼ੀ ਵਿਸ਼ੇ ਦੇ ਅਧਿਆਪਕਾਂ ਨੇ ਭਾਗ ਲਿਆ। ਉੱਪ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਸਿੱਖਿਆ ਕੋਮਲ ਅਰੋੜਾ ਨੇ ਅਧਿਆਪਕਾਂ ਨੂੰ ਸੰਬੋਧਨ ਕਰਦੇ ਹੋਏ ਸਰਕਾਰ ਦੁਆਰਾ ਸਿੱਖਿਆ ਵਿਭਾਗ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ ਤੇ ਅਧਿਆਪਕਾਂ ਨੂੰ ਸ਼ਤ ਪ੍ਰਤੀਸ਼ਤ ਨਤੀਜੇ ਦੇਣ ਲਈ ਪ੍ਰੇਰਿਤ ਕੀਤਾ। ਸੈਮੀਨਾਰ ਦੀ ਸ਼ੁਰੂਆਤ ਵਿੱਚ ਪ੍ਰਿੰਸੀਪਲ ਦੇਵ ਸਮਾਜ ਕਾਲਜ ਆਫ਼ ਐਜੂਕੇਸ਼ਨ ਡਾ. ਰਾਜਵਿੰਦਰ ਕੌਰ ਨੇ ਆਏ ਹੋਏ ਅਧਿਆਪਕਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਅਧਿਆਪਕਾਂ ਨੂੰ ਆਪ ਪ੍ਰਪੱਕ ਹੋ ਕੇ ਵਿਦਿਆਰਥੀਆਂ ਨੂੰ ਨਵੇਂ ਢੰਗਾਂ ਨਾਲ ਪੜ੍ਹਾਉਣ ਦੀ ਜ਼ਰੂਰਤ ਹੈ। ਇਸ ਸੈਮੀਨਾਰ ਵਿੱਚ ਦੇਵ ਸਮਾਜ ਕਾਲਜ ਆਫ ਐਜੂਕੇਸ਼ਨ ਫਾਰ ਵੂਮੈਨ ਦੇ ਪ੍ਰੋਫੈਸਰ ਪਰਮਵੀਰ ਸਿੰਘ ਤੇ ਡਾ. ਰਜਨੀ ਖੁੰਗਰ ਡੀ ਏ ਵੀ ਕਾਲਜ ਫਾਰ ਵੂਮੈਨ ਦੀ ਪ੍ਰੋਫੈਸਰ ਡਾ. ਅਨੁਰਾਧਾ, ਹਰਜੀਤ ਸੰਧੂ ਜ਼ਿਲ੍ਹਾ ਮੈਂਟਰ ਆਈ ਸੀ ਟੀ, ਸਤੀਸ਼ ਕੁਮਾਰ ਤੇ ਚੇਤਨ ਕੱਕੜ ਕੰਪਿਊਟਰ ਮਾਸਟਰ ਨੇ ਬਤੌਰ ਰਿਸੋਰਸ ਪਰਸਨ ਵੱਖ-ਵੱਖ ਵਿਸ਼ਿਆਂ ਉੱਪਰ ਜਿਵੇਂ ਨਵੀਂ ਸਿੱਖਿਆ ਨੀਤੀ, ਬੱਚਿਆਂ ਦੀ ਸਾਇਕੋਲੌਜੀ, ਐਜੂਕੇਸ਼ਨ ਟੈਕਨੋਲਜੀ ਕਪੈਸਟੀ ਬਿਲਡਿੰਗ ਤੇ ਸਾਈਬਰ ਧੋਖਾ-ਧੜੀ ਅਵੇਅਰਨੈੱਸ, ਸਟਰੈੱਸ ਮੈਨੇਜਮੈਂਟ, ਟਾਇਮ ਮੈਨੇਜਮੈਂਟ ਉੱਪਰ ਅਧਿਆਪਕਾਂ ਨਾਲ ਵਿਚਾਰ ਵਟਾਂਦਰਾ ਕੀਤਾ।

ਵਰਕਸ਼ਾਪ ਦੇ ਅੰਤ ਵਿੱਚ ਪ੍ਰਿੰਸੀਪਲ ਡਾਈਟ ਸੀਮਾ ਨੇ ਸਾਰੇ ਰਿਸੋਰਸ ਪਰਸਨ ਤੇ ਅਧਿਆਪਕਾਂ ਦਾ ਧੰਨਵਾਦ ਕੀਤਾ। ਇਸ ਵਰਕਸ਼ਾਪ ਨੂੰ ਸਹੀ ਢੰਗ ਨਾਲ ਚਲਾਉਣ ਲਈ ਡਾ. ਰਜਨੀ ਜੱਗਾ, ਆਰਤੀ ਸਚਦੇਵਾ, ਸੁਮਿਤ ਗਲਹੋਤਰਾ, ਗਗਨਦੀਪ ਗੱਖੜ, ਮਹਿਲ ਸਿੰਘ ਤੇ ਗੌਰਵ ਮੁੰਜ਼ਲ ਦਾ ਭਰਪੂਰ ਸਹਿਯੋਗ ਰਿਹਾ।

# ਗੰਦਗੀ ਦੇ ਢੇਰ ਤੋਂ ਉੱਠਦੀ ਬਦਬੂ ਰਾਹਗੀਰਾਂ ਲਈ ਬਣੀ ਮੁਸੀਬਤ



**ਜਲਾਲਾਬਾਦ (ਜੀਤ ਕੁਮਾਰ)**-ਸਥਾਨਕ 132 ਕੇ ਵੀ ਬਿਜਲੀ ਘਰ ਦੇ ਨਜ਼ਦੀਕ ਤੇ ਬਸਤੀ ਭਗਵਾਨਪੁਰਾ ਨੂੰ ਜਾਣ ਵਾਲੇ ਰਸਤੇ ਦੇ ਕੋਲ ਔਫ ਔਫ ਰੋਡ ਦੇ ਕਿਨਾਰੇ ਲੱਗੇ ਗੰਦਗੀ ਦੇ ਢੇਰਾਂ ਤੋਂ ਉੱਠਦੀ ਬਦਬੂ ਰਾਹਗੀਰਾਂ ਲਈ ਲੰਘਣ ਸਮੇਂ ਮੁਸੀਬਤ ਬਣੇ ਹੋਏ ਹਨ। ਲੋਕਾਂ ਦਾ ਕਹਿਣਾ ਹੈ ਕਿ ਇਥੇ ਕੁਝ ਲੋਕਾਂ ਵਲੋਂ ਗੰਦਗੀ ਸੁੱਟ ਦਿੱਤੀ ਜਾਂਦੀ ਹੈ, ਜਿਸ ਦੇ ਕਾਰਨ ਇਥੇ ਵੱਡਾ ਢੇਰ ਲੱਗਿਆ ਹੋਇਆ ਹੈ ਤੇ ਇਸ ਗੰਦਗੀ ਦੇ ਢੇਰ ਤੋਂ ਉਠਦੀ ਬਦਬੂ ਕਾਰਨ ਕਿਸੇ ਵੇਲੇ ਵੀ ਕੋਈ ਭਿਆਨਕ ਬੀਮਾਰੀ ਫੈਲਣ ਦਾ ਖਾਦਸ਼ਾ ਬਣਿਆ ਹੋਇਆ ਹੈ, ਜਿਸ ਦੇ ਚਲਦੇ ਇਥੋਂ ਲੰਘਣ ਵਾਲੇ ਰਾਹਗੀਰਾਂ ਲਈ ਵੀ ਬਦਬੂਦਾਰ ਬਣੇ ਵਾਤਾਵਰਣ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਲੋਕਾਂ ਨੇ ਪ੍ਰਸ਼ਾਸਨ ਕੋਲੋਂ ਮੰਗ ਕੀਤੀ ਹੈ ਕਿ ਇਥੇ ਸੁੱਟੀ ਜਾਣ ਵਾਲੀ ਗੰਦਗੀ ਨੂੰ ਚੁੱਕਵਾਇਆ ਜਾਵੇ ਤਾਂ ਜੋ ਇਥੇ ਬਦਬੂਦਾਰ ਬਣੇ ਹੋਏ ਮਾਹੌਲ ਤੋਂ ਰਾਹਤ ਮਿਲ ਸਕੇ।

# ਖੱਟਰ ਜੀ, 2020 'ਚ ਮੁਕੰਮਲ ਹੋਣ ਵਾਲਾ ਓਵਰਬ੍ਰਿਜ ਕਦੋਂ ਪੂਰਾ ਹੋਊ ?



ਮੰਡੀ ਕਾਲਾਂਵਾਲੀ ਦਾ ਅਧੂਰਾ ਪਿਆ ਓਵਰਬ੍ਰਿਜ।

**ਕਾਲਾਂਵਾਲੀ (ਸੁਰਿੰਦਰ ਪਾਲ ਸਿੰਘ)**-25 ਅਗਸਤ 2016 ਨੂੰ ਮੰਡੀ ਕਾਲਾਂਵਾਲੀ ਵਿਖੇ ਪੁੱਜੇ ਹਰਿਆਣਾ ਦੇ ਮੁੱਖ ਮੁੱਖ ਮੰਤਰੀ ਨੇ ਇੱਕ ਰੈਲੀ ਦੌਰਾਨ ਡੱਬਵਾਲੀ ਰੋਡ 'ਤੇ ਰੇਲਵੇ ਓਵਰਬ੍ਰਿਜ ਬਣਾਉਣ ਦਾ ਐਲਾਨ ਕੀਤਾ ਸੀ। ਉਨ੍ਹਾ ਕਿਹਾ ਸੀ ਕਿ ਇਹ ਓਵਰਬ੍ਰਿਜ 3 ਸਾਲ ਵਿੱਚ ਬਣ ਕੇ ਤਿਆਰ ਹੋ ਜਾਵੇਗਾ। ਕਰੀਬ 21 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਇਸ ਪੁਲ ਦੀ ਉਸਾਰੀ ਦਾ ਕੰਮ 30 ਜੁਲਾਈ 2018 ਨੂੰ ਸ਼ੁਰੂ ਕੀਤਾ ਗਿਆ ਸੀ, ਜੋ 2020 ਵਿੱਚ ਮੁਕੰਮਲ ਹੋਣਾ ਸੀ, ਪਰ ਇਸ ਓਵਰਬ੍ਰਿਜ ਦਾ ਕੰਮ 4 ਸਾਲ ਬਾਅਦ ਵੀ ਅਧੂਰਾ ਪਿਆ ਹੈ। ਡਾਇਵਰਸ਼ਨ ਸਿਸਟਮ ਤੋਂ ਬਿਨਾਂ ਸਮੁੱਚੀ ਟ੍ਰੈਫਿਕ ਵੀ ਸ਼ਹਿਰ ਦੇ ਮੱਧ ਤੋਂ ਲੰਘ ਰਹੀ ਹੈ, ਜਿਸ ਕਾਰਨ ਸ਼ਹਿਰ ਦੇ ਫਾਟਕਾਂ ਸਮੇਤ ਬਾਜ਼ਾਰਾਂ ਤੇ ਰਿਹਾਇਸ਼ੀ ਇਲਾਕਿਆਂ ਵਿੱਚ ਵਾਹਨਾਂ ਦੀਆਂ ਕਤਾਰਾਂ ਲੱਗਦੀਆਂ ਹਨ। ਜ਼ਿਆਦਾ ਟ੍ਰੈਫਿਕ ਤੇ ਜਾਮ ਦੀ ਸਥਿਤੀ ਕਾਰਨ ਸ਼ਹਿਰ ਵਾਸੀਆਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਲੋਕ ਨਿਰਮਾਣ ਵਿਭਾਗ ਤੇ ਰੇਲਵੇ ਵੱਲੋਂ ਪੁਲ ਦੀ ਉਸਾਰੀ ਦਾ ਕੰਮ ਪੂਰਾ ਕਰਨ ਵਿੱਚ ਜਾਣ-ਬੁੱਝ ਕੇ ਦੇਰੀ ਕੀਤੀ ਜਾ ਰਹੀ ਹੈ। ਦੂਜੇ ਪਾਸੇ ਵਿਭਾਗ ਦਾ ਇਹ ਹਾਲ ਹੈ ਕਿ ਪੁਲ ਦੇ ਠੇਕੇਦਾਰ ਖ਼ਿਲਾਫ਼ ਕਾਰਵਾਈ ਕਰਨ ਦੀ ਬਜਾਏ ਉਸ ਨੂੰ ਵਾਧਾ ਦਿੱਤਾ ਜਾ ਰਿਹਾ ਹੈ। ਪਹਿਲਾਂ ਜੋ ਵਾਧਾ ਕਰੋਨਾ ਸਮੇਂ ਦੌਰਾਨ ਦਿੱਤਾ ਗਿਆ ਸੀ ਤੇ ਹੁਣ 31 ਮਾਰਚ ਤੱਕ ਐਕਸਟੈਂਸ਼ਨ ਦਿੱਤੀ ਗਈ ਹੈ। ਇਸ ਦੇ ਬਾਵਜੂਦ ਓਵਰਬ੍ਰਿਜ ਦਾ ਕੰਮ ਕੀੜੀ ਦੀ ਚਾਲ ਚੱਲਣ ਸਦਕਾ ਮਹਿਜ਼ ਡੇਢ ਮਹੀਨੇ 'ਚ ਕੰਮ ਮੁਕੰਮਲ ਹੋਣ 'ਤੇ ਸ਼ੰਕਾ ਬਰਕਰਾਰ ਹੈ। ਪੁਲ ਉਸਾਰੀ ਦੀ ਰਫ਼ਤਾਰ ਮੱਠੀ ਹੋਣ ਕਾਰਨ ਭਾਰੀ ਵਾਹਨ ਚਾਲਕਾਂ ਨੂੰ ਬਹੁਤ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਦੂਜੇ ਪਾਸੇ ਸਾਰਾ ਟ੍ਰੈਫਿਕ ਸ਼ਹਿਰ ਵਿੱਚੋਂ ਲੰਘਦਾ ਹੋਣ ਕਾਰਨ ਸਮੁੱਚੇ ਸ਼ਹਿਰ ਵਾਸੀ ਪ੍ਰੇਸ਼ਾਨ ਹਨ ਤੇ ਇੱਥੇ ਅਕਸਰ ਹਾਦਸੇ ਵਾਪਰਦੇ ਰਹਿੰਦੇ ਹਨ। ਮੰਡੀ ਵਸੀਆਂ ਦਾ ਕਹਿਣਾ ਹੈ ਕਿ ਖੱਟਰ ਸਰਕਾਰ ਨੂੰ ਕਾਲਾਂਵਾਲੀ ਖੇਤਰ ਦੇ ਲੋਕਾਂ ਦੀਆਂ ਸਮੱਸਿਆਵਾਂ ਦੀ ਉੱਕਾ ਹੀ ਪ੍ਰਵਾਹ ਨਹੀਂ ਹੈ।

# ਲਤੀਫਪੁਰਾ : ਪੁਲਸ ਰੋਕਾਂ ਤੋੜ ਸੀਤਲ ਅੰਗੁਰਾਲ ਦੇ ਘਰ ਅੱਗੇ ਧਰਨਾ ਮੁਜ਼ਾਹਰਾ

**ਜਲੰਧਰ, (ਸੁਰਿੰਦਰ ਕੁਮਾਰ, ਸ਼ੈਲੀ ਐਲਬਰਟ)**

ਜ਼ਿਲ੍ਹਾ ਜਲੰਧਰ ਅੰਦਰਲੇ ਆਪ ਵਿਧਾਇਕਾਂ ਅਤੇ ਆਗੂਆਂ ਦੇ ਘਰਾਂ ਅੱਗੇ ਧਰਨੇ ਮੁਜ਼ਾਹਰਿਆਂ ਦੀ ਸ਼ੁਰੂਆਤ ਕਰਦਿਆਂ ਲਤੀਫਪੁਰਾ ਮੁੜ ਵਸੇਬਾ ਮੋਰਚਾ ਵੱਲੋਂ ਪੁਲਸ ਰੋਕਾਂ ਨੂੰ ਤੋੜਦੇ ਹੋਏ ਆਪ ਵਿਧਾਇਕ ਸੀਤਲ ਅੰਗੁਰਾਲ ਦੇ ਘਰ ਅੱਗੇ 4 ਘੰਟੇ ਧਰਨਾ ਮੁਜ਼ਾਹਰਾ ਕੀਤਾ ਗਿਆ। ਇਹ ਰੋਕਾਂ ਬਸਤੀ ਦਾਨਸ਼ਮੰਦਾਂ ਵਿੱਚ ਦਾਖਲ ਹੋਣ ਸਾਰ ਹੀ ਲਗਾਈਆਂ ਗਈਆਂ ਸਨ, ਜੋ ਮੁਜ਼ਾਹਰਾਕਾਰੀਆਂ ਦੇ ਗੁੱਸੇ ਅੱਗੇ ਟਿਕ ਨਾ ਸਕੀਆਂ। ਧਰਨੇ ਦੀ ਸਮਾਪਤੀ ਉਪਰੰਤ ਮੁੱਖ ਮੰਤਰੀ ਤੇ ਚੇਅਰਮੈਨ ਇੰਪਰੂਵਮੈਂਟ ਟਰੱਸਟ ਦਾ ਪੁਤਲਾ ਸਾੜ ਕੇ ਨਾਅਰੇਬਾਜ਼ੀ ਕੀਤੀ ਗਈ ਅਤੇ ਲਤੀਫਪੁਰਾ ਦੇ ਟੁੱਟੇ ਘਰਾਂ ਦੀ ਮਿੱਟੀ ਦੀ ਮਠਿਆਈ ਦਾ ਡੱਬਾ ਵਿਧਾਇਕ ਨੂੰ ਉਨ੍ਹਾ ਦੇ ਜਨਮ ਦਿਨ ਮੌਕੇ ਭੇਜਿਆ ਗਿਆ। ਇਸ ਤੋਂ ਪਹਿਲਾਂ ਧਰਨਾਕਾਰੀ ਲਤੀਫਪੁਰਾ ਮੋਰਚਾ ਸਥਾਨ ਵਿਖੇ ਇਕੱਠੇ ਹੋਏ, ਜਿੱਥੋਂ ਪੈਦਲ, ਮੋਟਰ ਸਾਈਕਲ, ਸਕਟੂਰਾਂ, ਟਰੈਕਟਰਾਂ ਅਤੇ ਹੋਰ ਮੋਟਰ ਗੱਡੀਆਂ ਉੱਤੇ ਸਵਾਰ ਹੋ ਕੇ ਮੁਜ਼ਾਹਰਾ ਕਰਦੇ ਹੋਏ ਸੀਤਲ ਅੰਗੂਰਾਲ ਦੇ ਘਰ ਨੇੜੇ ਧਰਨਾ ਸਥਾਨ ਉੱਤੇ ਪੁੱਜੇ। ਇਸ ਮੌਕੇ ਆਗੂਆਂ ਅਗਲੇ ਸੰਘਰਸ਼ ਦਾ ਐਲਾਨ ਕੀਤਾ ਕਿ 14 ਫਰਵਰੀ ਤੋਂ ਲੜੀਵਾਰ ਭੁੱਖ ਹੜਤਾਲ ਸ਼ੁਰੂ ਕੀਤੀ ਜਾਵੇਗੀ ਅਤੇ 21 ਫਰਵਰੀ ਨੂੰ ਆਪ ਆਗੂ ਸੁਰਿੰਦਰ ਸਿੰਘ ਸੋਢੀ ਦੇ ਘਰ ਅੱਗੇ ਧਰਨਾ ਮੁਜ਼ਾਹਰਾ ਕੀਤਾ ਜਾਵੇਗਾ ਅਤੇ ਪਾਰਲੀਮੈਂਟ ਜ਼ਿਮਨੀ ਚੋਣ ਵਿੱਚ ਆਪ ਸਰਕਾਰ ਨੂੰ ਲੋਕਾਂ ਦੇ ਗੁੱਸੇ ਦਾ ਸਾਹਮਣਾ ਕਰਨਾ ਪਵੇਗਾ। ਆਗੂਆਂ ਨੇ ਕਿਹਾ ਕਿ ਲਤੀਫਪੁਰਾ ਦੇ ਲੋਕਾਂ ਦੇ ਘਰਾਂ ਉੱਪਰ ਬੁਲਡੋਜ਼ਰ ਚਲਾ ਕੇ ਉਨ੍ਹਾਂ ਦਾ ਸਭ ਕੁਝ ਤਬਾਹ ਕਰ ਦਿੱਤਾ ਅਤੇ ਉਨ੍ਹਾਂ ਦੇ ਕੰਮ ਧੰਦੇ ਵੀ ਖੋਹ ਲਏ ਗਏ। ਇਸ ਹਾਲਾਤ ਵਿੱਚ ਲਤੀਫਪੁਰਾ ਦੇ ਉਜਾੜੇ ਘਰਾਂ ਦੀ ਮਿੱਟੀ ਹੀ ਉਹ ਵਿਧਾਇਕ ਨੂੰ ਜਨਮ ਦਿਨ ਮੌਕੇ ਦੇ ਸਕਦੇ ਸਨ, ਜੋ ਉਨ੍ਹਾਂ ਵਿਧਾਇਕ ਨੂੰ ਮਠਿਆਈ ਵਾਲੇ ਡੱਬੇ ਵਿੱਚ ਭੇਜੀ। ਆਗੂਆ ਕਿਹਾ ਕਿ ਲਤੀਫਪੁਰਾ ਲੋਕਾਂ ਦੇ ਉਜਾੜੇ ਵਾਲੀ ਜਗ੍ਹਾ ਮੁੜ ਵਸੇਬਾ ਕਰਵਾਉਣ, ਹੋਏ ਨੁਕਸਾਨ ਦਾ ਢੁੱਕਵਾਂ ਮੁਆਵਜ਼ਾ ਦਿਵਾਉਣ, ਦਰਜ ਝੂਠੇ ਕੇਸ ਰੱਦ ਕਰਵਾਉਣ, ਡਵੀਜ਼ਨ ਨੰਬਰ 6 ਵਿਖੇ ਦਰਜ ਮੁਕੱਦਮਾ ਨੰਬਰ 23/2023 ਨਾਲ ਸੰਬੰਧਤ ਜ਼ਿੰਮੇਵਾਰ ਲੋਕਾਂ ਖਿਲਾਫ ਸਖਤ ਕਾਰਵਾਈ ਕਰਾਉਣ ਅਤੇ ਕਮੇਟੀ ਮੈਂਬਰ ਮਿੰਟੂ ਦੇ ਆਰਜ਼ੀ ਘਰ ਦੀ ਕੰਧ ਟੱਪਣ, ਗੇਟ ਨੂੰ ਨੁਕਸਾਨ ਪਹੁੰਚਾਉਣ ਅਤੇ ਡਰਾਉਣ ਧਮਕਾਉਣ ਵਾਲੇ ਪੁਲਸ ਅਧਿਕਾਰੀਆਂ ਖਿਲਾਫ ਕਾਰਵਾਈ ਕਰਵਾਉਣ ਤੱਕ ਸੰਘਰਸ਼ ਜਾਰੀ ਰਹੇਗਾ। ਉਨਾਂ ਕਿਹਾ ਕਿਸੇ ਵੀ ਪਰਵਾਰ ਦਾ ਉਜਾੜਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਮੌਕੇ ਮੋਰਚੇ ਦੇ ਆਗੂ ਸੰਤੋਖ ਸਿੰਘ ਸੰਧੂ, ਜਸਕਰਨ ਸਿੰਘ ਕਾਹਨ ਸਿੰਘ ਵਾਲਾ, ਕਸ਼ਮੀਰ ਸਿੰਘ ਘੁੱਗਸ਼ੋਰ, ਡਾਕਟਰ ਗੁਰਦੀਪ ਸਿੰਘ ਭੰਡਾਲ, ਕਸ਼ਮੀਰ ਸਿੰਘ ਜੰਡਿਆਲਾ, ਸੁਖਜੀਤ ਸਿੰਘ ਡਰੋਲੀ, ਗੁਰਨਾਮ ਸਿੰਘ ਤੱਗੜ, ਅਨੀਤਾ ਸੰਧੂ, ਹਰਪ੍ਰੀਤ ਕੌਰ ਨੁੱਸੀ, ਪਿੰਦੂ ਬਾਸੀ, ਬਲਜਿੰਦਰ ਕੌਰ,ਚੰਨਣ ਸਿੰਘ ਬੁੱਟਰ, ਜਸਵੀਰ ਕੌਰ ਜੱਸੀ, ਸੁੱਖਪ੍ਰੀਤ ਕੌਰ, ਹਰਜਿੰਦਰ ਕੌਰ ਬਾਠ, ਮਿੰਟੂ, ਪਲਵਿੰਦਰ ਸਿੰਘ, ਵਿਜੈ ਯਾਦਵ, ਮਨਜਿੰਦਰ ਸਿੰਘ ਕਪੂਰਥਲਾ , ਲਖਵੀਰ ਸਿੰਘ ਸੌਂਟੀ, ਬਲਕਾਰ ਸਿੰਘ ਧੰਨੋਵਾਲੀ ਅਤੇ ਰਵਿੰਦਰ ਸਿੰਘ ਕੋਲੀਆਂਵਾਲ ਆਦਿ ਨੇ ਸੰਬੋਧਨ ਕੀਤੀ।



# ਫਿਰੌਤੀ ਮੰਗਣ ਵਾਲੇ ਅੰਤਰਰਾਜੀ ਗਰੋਹ ਦਾ ਪਰਦਾਫਾਸ਼, 1 ਗ੍ਰਿਫਤਾਰ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ , ਰਾਜਵੀਰ ਸਿੰਘ)**

ਕਪੂਰਥਲਾ ਪੁਲਸ ਨੂੰ ਵੱਡੀ ਕਾਮਯਾਬੀ ਉਸ ਵੇਲੇ ਮਿਲੀ ਜਦੋਂ ਨਵਨੀਤ ਸਿੰਘ ਬੈਂਸ, ਐੱਸ ਐੱਸ ਪੀ ਕਪੂਰਥਲਾ ਦੀਆਂ ਹਦਾਇਤਾਂ 'ਤੇ ਅਤੇ ਹਰਵਿੰਦਰ ਸਿੰਘ ਪੁਲਸ ਕਪਤਾਨ, ਤਫਤੀਸ਼ ਕਪੂਰਥਲਾ ਦੀ ਅਗਵਾਈ ਹੇਠ ਅਤੇ ਸੁਖਵਿੰਦਰ ਸਿੰਘ, ਉਪ ਪੁਲਸ ਕਪਤਾਨ ਸਬ ਡਵੀਜ਼ਨ ਸੁਲਤਾਨਪੁਰ ਲੋਧੀ ਅਤੇ ਰਜਿੰਦਰ ਸਿੰਘ ਪੀ ਪੀ ਐਸ ਡੀ ਐਸ ਪੀ ਤਫਤੀਸ਼ ਦੇ ਦਿਸ਼ਾ ਨਿਰਦੇਸ਼ਾਂ 'ਤੇ ਇਸਪੈਕਟਰ ਜਸਪਾਲ ਸਿੰਘ ਮੁੱਖ ਅਫਸਰ ਥਾਣਾ ਸੁਲਤਾਨਪੁਰ ਲੋਧੀ ਨੇ ਕਾਰਵਾਈ ਕਰਦਿਆਂ ਉੱਘੇ ਕਾਰੋਬਾਰੀ ਅਤੇ ਹੋਰ ਉਦਯੋਗਪਤੀਆ ਨੂੰ ਵੱਖ ਵੱਖ ਵਿਦੇਸ਼ੀ ਵਟਸਐਪ ਨੰਬਰਾਂ ਤੋਂ ਫੋਨ ਕਰਕੇ ਡਰਾ ਧਮਕਾ ਕੇ ਫਿਰੌਤੀ ਦੀ ਮੰਗ ਕਰਦੇ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਦੇਣ ਵਾਲੇ ਇੱਕ ਅੰਤਰਰਾਜੀ ਖਤਰਨਾਕ ਗੈਂਗ ਦਾ ਪਰਦਾਫਾਸ਼ ਕਰਦੇ ਹੋਇਆ ਇੱਕ ਦੋਸ਼ੀ ਨੂੰ ਗ੍ਰਿਫਤਾਰ ਕੀਤਾ ਅਤੇ 3 ਹੋਰ ਦੋਸ਼ੀਆਂ ਨੂੰ ਨਾਮਜ਼ਦ ਕੀਤਾ ਹੈ। ਪਿਛਲੇ ਦਿਨੀਂ ਸਲਤਾਨਪੁਰ ਲੋਧੀ ਵਿਖੇ ਇੱਕ ਫਾਇਨਾਂਸਰ ਨੂੰ 2 ਵਿਦੇਸ਼ੀ ਵਟਸਐਪ ਨੰਬਰਾਂ 'ਤੇ ਅਣਜਾਣ ਵਿਅਕਤੀਆਂ ਵੱਲੋਂ ਫੋਨ ਕਰਕੇ ਧਮਕਾਇਆ ਗਿਆ ਕਿ 10 ਲੱਖ ਰੁਪਏ ਦੇਵੋਂ ਨਹੀਂ ਤਾਂ ਉਹ ਗੋਲੀ ਮਾਰ ਦੇਣਗੇ। ਉਹਨਾਂ ਨੂੰ ਸਭ ਪਤਾ ਹੈ ਕਿ ਉਸ ਦੇ ਬੱਚੇ ਕਿਥੇ ਪੜ੍ਹਦੇ ਹਨ ਅਤੇ ਕਦੋਂ ਘਰੋਂ ਨਿਕਲਦੇ ਹਨ, ਇਸ ਤੋਂ ਇਲਾਵਾ ਇਹਨਾਂ ਵੱਲੋਂ ਆਪਣੇ ਆਪ ਨੂੰ ਗੈਂਗਸਟਰ ਹਰਵਿੰਦਰ ਸਿੰਘ ਰਿੰਦਾ ਦੇ ਸਾਥੀ ਦੱਸਿਆ ਅਤੇ ਕਿਹਾ ਕਿ ਪਿਛਲੇ ਦਿਨੀਂ ਨਕੋਦਰ ਵਿੱਚ ਜੋ ਉਦਯੋਗਪਤੀ ਮਾਰਿਆ ਸੀ ਉਹ ਕੰਮ ਵੀ ਉਹਨਾਂ ਕੀਤਾ ਹੈ। ਜਿਸ 'ਤੇ ਤੁਰੰਤ ਉਕਤ ਫਾਇਨਾਂਸਰ ਜਸਵਿੰਦਰ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਪਿੰਡ ਅਦਾਲਤ ਚੱਕ ਥਾਣਾ ਸੁਲਤਾਨਪੁਰ ਲੋਧੀ ਦੇ ਬਿਆਨਾਂ ਦੇ ਅਧਾਰ 'ਤੇ ਮੁਕੱਦਮਾ ਥਾਣਾ ਸੁਲਤਾਨਪੁਰ ਲੋਧੀ ਦਰਜ ਰਜਿਸਟਰ ਕਰਕੇ ਉਕਤ ਵੱਟਸਐਪ ਨੰਬਰਾਂ +306937596183 ਅਤੇ +306934802341 ਬਾਰੇ ਟੈਕਨੀਕਲ ਸੈਲ ਦੀ ਮਦਦ ਨਾਲ ਡਾਟਾ ਹਾਸਲ ਕੀਤਾ ਗਿਆ, ਜੋ ਇਹ ਨੰਬਰ ਵਿਦੇਸ਼ ਇਟਲੀ ਵਿਖੇ ਚੱਲਦੇ ਪਾਏ ਗਏ। ਜਿਸ 'ਤੇ ਟੈਕਨੀਕਲ ਐਕਸਪਰਟ ਦੀ ਮਦਦ ਹਾਸਲ ਕਰਕੇ ਇਹਨਾਂ ਵਟਸਐਪ ਨੰਬਰਾਂ ਦਾ ਕਾਲ ਡਾਟਾ ਹਾਸਲ ਕੀਤਾ ਗਿਆ, ਜਿਸ ਤੋਂ ਪੰਜਾਬ ਦੇ ਨੰਬਰਾਂ 'ਤੇ ਹੋਈਆਂ ਕਾਲਾਂ ਬਾਰੇ ਪਤਾ ਲੱਗਾ। ਜਿਸ ਦੇ ਅਧਾਰ 'ਤੇ ਇੱਕ ਦੋਸ਼ੀ ਬਲਵਿੰਦਰ ਸਿੰਘ ਉਰਫ ਬਿੱਲਾ ਪੁੱਤਰ ਬਲਬੀਰ ਸਿੰਘ ਵਾਸੀ ਪਿੰਡ ਜੱਬੋਵਾਲ ਥਾਣਾ ਸੁਲਤਾਨਪੁਰ ਲੋਧੀ ਨੂੰ ਉਕਤ ਮੁਕੱਦਮੇ ਵਿੱਚ ਨਾਮਜ਼ਦ ਕਰਕੇ ਗ੍ਰਿਫਤਾਰ ਕੀਤਾ ਗਿਆ, ਜਿਸ ਤੋਂ ਪੁੱਛਗਿੱਛ ਦੌਰਾਨ ਖੁਲਾਸਾ ਕੀਤਾ ਗਿਆ ਕਿ ਉਸ ਨੇ ਆਪਣੇ ਵਿਦੇਸ਼ ਇਟਲੀ ਵਿਖੇ ਰਹਿੰਦੇ ਅਤੇ ਇੱਕ ਪੰਜਾਬ ਦੇ ਸਾਥੀ ਮਾਸਟਰ ਮਾਈਂਡ ਜਸਵੀਰ ਸਿੰਘ ਜੱਸਾ ਪੁੱਤਰ ਲਖਵੀਰ ਸਿੰਘ ਵਾਸੀ ਪਿੰਡ ਗਿੱਲ ਥਾਣਾ ਸਦਰ ਨਕੋਦਰ ਜ਼ਿਲ੍ਹਾ ਜਲੰਧਰ ਨਾਲ ਮਿਲ ਕੇ ਫਾਇਨਾਂਸਰ ਜਸਵਿੰਦਰ ਸਿੰਘ ਪਾਸੋਂ 10 ਲੱਖ ਰੁਪਏ ਦੀ ਫਿਰੌਤੀ ਦੀ ਮੰਗ ਕੀਤੀ ਸੀ । ਜਿਸ ਵਿੱਚ ਉਸ ਦੇ ਵਿਦੇਸ਼ ਇਟਲੀ ਵਿੱਚ ਰਹਿੰਦੇ ਸਾਥੀ ਸੂਰਜ ਸਰਮਾ ਉਰਫ ਭਾਲੂ ਪੁੱਤਰ ਮਨਦੀਪ ਕੁਮਾਰ ਵਾਸੀ ਜਵਾਲਾ ਸਿੰਘ ਨਗਰ ਸੁਲਤਾਨਪੁਰ ਲੋਧੀ ਹਾਲ ਵਾਸੀ ਵਿਦੇਸ਼ ਇਟਲੀ ਅਤੇ ਹਰਜੀਤ ਸਿੰਘ ਉਰਫ ਭੰਡਾਲ ਪੁੱਤਰ ਹਰਬੰਸ ਸਿੰਘ ਵਾਸੀ ਪਿੰਡ ਚਿੱਟੀ ਥਾਣਾ ਲਾਂਬੜਾ ਹਾਲ ਵਾਸੀ ਵਿਦੇਸ਼ ਇਟਲੀ ਨੂੰ ਉਕਤ ਮੁਕੱਦਮਾ ਵਿੱਚ ਨਾਮਜ਼ਦ ਕਰਕੇ ਤਫਤੀਸ਼ ਅਮਲ ਵਿੱਚ ਲਿਆਂਦੀ ਗਈ ਹੈ। ਜ਼ਿਕਰਯੋਗ ਹੈ ਕਿ ਇਹਨਾਂ ਦੋਸ਼ੀਆਂ ਉਪਰ ਪਹਿਲਾਂ ਵੀ ਲੁੱਟਖੋਹਾਂ ਅਤੇ ਹੋਰ ਮੁਕੱਦਮੇ ਦਰਜ ਹਨ। ਬਾਕੀ ਦੋਸ਼ੀਆਂ ਦੀ ਗ੍ਰਿਫਤਾਰੀ ਵੀ ਜਲਦ ਕੀਤੀ ਜਾਵੇਗੀ।


ਜਾਣਕਾਰੀ ਦਿੰਦੇ ਹੋਏ ਪੁਲਸ ਅਧਿਕਾਰੀ

# ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ ਨਗਰ ਕੀਰਤਨ ਸਜਾਏ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਪਿੰਡ ਰਾਜਪੁਰ ਭਾਈਆਂ ਵਿਖੇ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਜੀ ਦੇ ਅਸਥਾਨ ਤੋਂ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਜਗਤ ਗੁਰੂ ਸ੍ਰੀ ਗੁਰੂ ਰਵਿਦਾਸ ਜੀ ਦੇ 646 ਵੇਂ ਪ੍ਰਕਾਸ਼ ਪੁਰਬ ਮੌਕੇ ਵਿਸ਼ਾਲ ਨਗਰ ਕੀਰਤਨ ਸਜਾਏ ਗਏ। ਇਸ ਮੌਕੇ ਪ੍ਰਧਾਨ ਕਰਨੈਲ ਸਿੰਘ ਪੰਚ ਨੇ ਦੱਸਿਆ ਕਿ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਨਾਲ ਵਿਸ਼ਾਲ ਨਗਰ ਕੀਰਤਨ ਸਜਾਏ ਗਏ। ਇਸ ਮੌਕੇ ਵਿਸ਼ਾਲ ਨਗਰ ਕੀਰਤਨ ਦੌਰਾਨ ਪੰਜ ਪਿਆਰੇ, ਪੰਜ ਨਿਸ਼ਾਨਚੀ, ਗਤਕਾ ਪਾਰਟੀਆਂ, ਫੌਜੀ ਬੈਂਡ, ਸ਼ਬਦੀ ਜਥੇ ਪਾਲਕੀ ਸਾਹਿਬ ਨਾਲ ਨਾਲ ਚੱਲ ਰਹੇ ਸਨ। ਨਗਰ ਕੀਰਤਨ ਦੌਰਾਨ ਵੱਖ ਵੱਖ ਪੜਾਵਾਂ 'ਤੇ ਸਵਾਗਤੀ ਗੇਟ ਲਗਾ ਕੇ ਸੰਗਤਾਂ ਵੱਲੋਂ ਸ਼ਾਨਦਾਰ ਸਵਾਗਤ ਕੀਤਾ ਗਿਆ ਅਤੇ ਫੁੱਲਾਂ ਦੀ ਵਰਖਾ ਕਰਕੇ ਸਵਾਗਤ ਕੀਤਾ ਗਿਆ। ਨਗਰ ਕੀਰਤਨ ਦੌਰਾਨ ਵੱਖ ਵੱਖ ਪੜਾਵਾਂ 'ਤੇ ਲੰਗਰ ਲਗਾਏ ਗਏ। ਉਨ੍ਹਾਂ ਦੱਸਿਆ ਕਿ ਵਿਸ਼ਾਲ ਨਗਰ ਕੀਰਤਨ ਦੌਰਾਨ ਭਾਈ ਅਮਰਜੀਤ ਸਿੰਘ ਬਾਵਕਪੁਰ ਬੀਬੀਆਂ ਢਾਡੀ ਜਥਾ, ਪ੍ਰਭਾਤ ਫੇਰੀ ਜਥਾ ਆਦਿ ਨੇ ਗੁਰਬਾਣੀ ਗੁਰਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਕਰਨੈਲ ਸਿੰਘ ਪੰਚ ਨੇ ਨਗਰ ਕੀਰਤਨ ਦੌਰਾਨ ਸਹਿਯੋਗ ਦੇਣ 'ਤੇ ਸੰਗਤਾਂ ਦਾ ਧੰਨਵਾਦ ਕੀਤਾ। ਇਹ ਨਗਰ ਕੀਰਤਨ ਵੱਖ ਵੱਖ ਪੜਾਵਾਂ ਤੋਂ ਹੁੰਦਾ ਹੋਇਆ ਸ਼ਾਮ ਨੂੰ ਸਮਾਪਤੀ ਹੋਈ। ਇਸ ਮੌਕੇ ਪ੍ਰਧਾਨ ਕਰਨੈਲ ਸਿੰਘ ਪੰਚ, ਮਾਸਟਰ ਰਾਮ ਦਾਸ, ਮੋਹਣ ਸਿੰਘ ਖਜ਼ਾਨਚੀ, ਭਾਈ ਸੁਰਿੰਦਰ ਸਿੰਘ, ਨੰਦ ਲਾਲ ਸਾਬਕਾ ਸਰਪੰਚ, ਸੇਵਾ ਦਾਸ, ਨਰਿੰਦਰ ਕੁਮਾਰ, ਬਾਬਾ ਕੇਵਲ ਰਾਮ, ਸੁਰਿੰਦਰ ਸਿੰਘ, ਹੌਲਦਾਰ ਦੇਵ ਰਾਜ, ਡਾਕਟਰ ਪਰਮਜੀਤ ਸਿੰਘ ਬੱਬੂ ਪੰਚ, ਜਸਵਿੰਦਰ ਸਿੰਘ ਤੋਤੂ, ਸੰਦੀਪ ਕੁਮਾਰ, ਕੇਵਲ ਸਿੰਘ ਆਦਿ ਹਾਜ਼ਰ ਸਨ।



# ਧੋਖਾਧੜੀ ਕਰਨ ਦੇ ਦੋਸ਼ਾਂ ਤਹਿਤ ਪਤੀ, ਪਤਨੀ ਤੇ ਪੁੱਤਰ ਵਿਰੁੱਧ ਮਾਮਲਾ ਦਰਜ

**ਨੂਰਪੁਰਬੇਦੀ, (ਸੁਰਜੀਤ ਸਿੰਘ ਕਾਹਲੋਂ)**

ਸਥਾਨਕ ਪੁਲਸ ਨੇ ਇਹ ਇਕ ਵਿਅਕਤੀ ਦੀ ਸ਼ਿਕਾਇਤ 'ਤੇ ਨੌਕਰੀ ਲਗਵਾਉਣ ਦਾ ਝਾਂਸਾ ਦੇ ਕੇ ਠੱਗੀ ਮਾਰਨ ਦੇ ਦੋਸ਼ ਤਹਿਤ ਪਤੀ ਪਤਨੀ ਤੇ ਪੁੱਤਰ ਵਿਰੁਧ ਮਾਮਲਾ ਦਰਜ ਕੀਤਾ ਹੈ। ਧੋਖਾਧੜੀ ਦਾ ਸ਼ਿਕਾਰ ਹੋਏ ਦਰਖਾਸਤਕਰਤਾ ਅਰਜਣ ਸਿੰਘ ਪੁੱਤਰ ਭਗਤ ਰਾਮ ਸਿੰਘ ਕੁੰਭੇਵਾਲ ਨੇ ਪੁਲਸ ਨੂੰ ਦਿੱਤੀ ਦਰਖਾਸਤ ਵਿਚ ਦੱਸਿਆ ਕਿ ਉਹ ਅਤੇ ਹੇਮਰਾਜ ਫਰਵਰੀ 2019 ਵਿਚ ਰਾਕੇਸ਼ ਕੁਮਾਰ ਨੂੰ ਮਿਲਿਆ ਸੀ ਜਿਸ ਨੇ ਕਿਹਾ ਸੀ ਕਿ ਉਹ ਉਨ੍ਹਾਂ ਦੇ ਲੜਕਿਆਂ ਨੂੰ ਰੇਲਵੇ ਵਿਭਾਗ ਵਿਚ ਨੌਕਰੀ ਲੱਗਵਾ ਸਕਦਾ ਹੈ ਕਿਉਂਕਿ ਉਸ ਦੀ ਜਾਣ ਪਛਾਣ ਰੇਲਵੇ ਵਿਭਾਗ 'ਚ ਕਾਫੀ ਹੈ। ਉਸਨੇ ਕਿਹਾ ਕਿ ਉਹ ਉਕਤ ਵਿਅਕਤੀਆਂ ਦੀਆਂ ਗੱਲਾਂ ਵਿੱਚ ਆ ਗਏ ਅਤੇ ਦੋਵਾਂ ਦੀ ਗੱਲ ਪੰਜ ਲੱਖ ਰੁਪਏ ਪ੍ਰਤੀ ਨੌਕਰੀ ਤੈਅ ਹੋ ਗਈ। ਜਿਸ ਦੇ ਬਾਅਦ ਅਰਜਨ ਸਿੰਘ ਅਤੇ ਹੇਮਰਾਜ ਨੇ ਪਹਿਲਾਂ ਪੰਜਾਹ ਪੰਜਾਹ ਹਜ਼ਾਰ ਰੁਪਏ ਮੰਗਣ ਤੇ ਰਾਕੇਸ਼ ਕੁਮਾਰ ਨੂੰ ਦੇ ਦਿੱਤੇ ਜਿਸ ਨੇ ਆਪਣੀ ਘਰਵਾਲੀ ਸਰੋਜ ਅਤੇ ਪੁੱਤਰ ਸੰਜੇ ਕੁਮਾਰ ਨਾਲ ਸਾਂਠ ਗਾਂਠ ਕਰਕੇ ਸਾਡੇ ਨਾਲ ਕੁੱਲ ਇੱਕ ਲੱਖ ਰੁਪਏ ਦੀ ਠੱਗੀ ਮਾਰੀ ਹੈ। ਉਸ ਤੋਂ ਬਾਅਦ ਰਾਕੇਸ ਕੁਮਾਰ ਲੰਬਾ ਸਮਾਂ ਤੱਕ ਉਨ੍ਹਾਂ ਨੂੰ ਟਾਲ-ਮਟੋਲ ਕਰਦਾ ਰਿਹਾ ਅਤੇ ਬਾਕੀ ਪੈਸੇ ਨੌਕਰੀ ਮਿਲਣ ਤੋਂ ਬਾਅਦ ਦੇਣ ਲਈ ਕਿਹਾ ਗਿਆ ਜਿਸ ਤੋਂ ਬਾਅਦ ਨਾ ਤਾਂ ਰਾਕੇਸ਼ ਕੁਮਾਰ ਵੱਲੋਂ ਨੌਕਰੀ ਦਿਵਾਈ ਗਈ ਅਤੇ ਨਾ ਹੀ ਪੈਸੇ ਵਾਪਸ ਕੀਤੇ ਗਏ। ਰਕੇਸ ਕੁਮਾਰ ਦੀ ਘਰਵਾਲੀ ਸਰੋਜ ਅਤੇ ਲੜਕੇ ਸੰਜੇ ਵੱਲੋਂ ਦਰਖਾਸਤਕਰਤਾ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਵੀ ਦਿੱਤੀਆਂ ਗਈਆਂ। ਪੁਲਸ ਨੇ ਰਾਕੇਸ ਕੁਮਾਰ ਪੁੱਤਰ ਓਮ ਪ੍ਰਕਾਸ਼ ਉਸ ਦੀ ਪਤਨੀ ਸਰੋਜ ਅਤੇ ਉਸ ਦੇ ਲੜਕੇ ਸੰਜੇ ਕੁਮਾਰ ਵਾਸੀ ਨੂਰਪੁਰ ਖੁਰਦ ਵਿਰੁੱਧ ਆਈ ਪੀ ਸੀ ਦੀ ਧਾਰਾ 420 120ਬੀ ਤਹਿਤ ਮਾਮਲਾ ਦਰਜ ਕੀਤਾ ਹੈ।

# ਸਾਈਕਲਿਸਟ ਜਗਤਾਰ ਸਿੰਘ ਦਾ ਸ੍ਰੀ ਚਮਕੌਰ ਸਾਹਿਬ ਪਹੁੰਚਣ 'ਤੇ ਸਵਾਗਤ

**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)**

ਤੇਰ੍ਹਾਂ ਹਜ਼ਾਰ ਕਿਲੋਮੀਟਰ ਤੋਂ ਵੱਧ ਲੰਮੇ ਧਾਰਮਿਕ ਸਾਈਕਲ ਸਫਰ ਉਤੇ ਯਾਤਰਾ ਕਰ ਰਹੇ ਜਗਤਾਰ ਸਿੰਘ ਦਾ ਸ੍ਰੀ ਚਮਕੌਰ ਸਾਹਿਬ ਅੱਪੜਨ 'ਤੇ ਜ਼ਿਲ੍ਹਾ ਸਾਈਕਲਿੰਗ ਐਸੋਸੀਏਸ਼ਨ ਦੇ ਵਿੱਤ ਸਕੱਤਰ ਮਨਦੀਪ ਕੁਮਾਰ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਇਸ ਸੰਬੰਧੀ ਵਿਸਥਾਰਪੂਰਵਕ ਪ੍ਰੈਸ ਬਿਆਨ ਜਾਰੀ ਕਰਦਿਆਂ ਜ਼ਿਲ੍ਹਾ ਸਾਈਕਲਿੰਗ ਐਸੋਸੀਏਸ਼ਨ ਦੇ ਪ੍ਰੈਸ ਸਕੱਤਰ ਧਰਮਿੰਦਰ ਸਿੰਘ ਭੰਗੂ ਨੇ ਦੱਸਿਆ ਕਿ ਜਗਤਾਰ ਸਿੰਘ ਵੱਲੋਂ ਬੀਤੇ 8 ਨਵੰਬਰ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਗੁਰਪੁਰਬ ਵਾਲੇ ਦਿਨ ਸ੍ਰੀ ਪਟਨਾ ਸਾਹਿਬ ਤੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਸਫਰ ਨੂੰ ਸਪਰਪਤ ਸਾਈਕਲ ਯਾਤਰਾ ਸ਼ੁਰੂ ਕੀਤੀ ਗਈ ਸੀ। ਇਸ ਯਾਤਰਾ ਦੌਰਾਨ ਜਗਤਾਰ ਸਿੰਘ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਚਰਨ ਛੋਹ ਪ੍ਰਾਪਤ ਗੁਰੂ ਘਰਾਂ ਦੀ ਯਾਤਰਾ ਕਰ ਰਹੇ ਹਨ। ਸ੍ਰੀ ਚਮਕੌਰ ਸਾਹਿਬ ਵਿਖੇ ਪਹੁੰਚਣ ਤੋਂ ਪਹਿਲਾਂ ਸੰਸਥਾ ਦੇ ਮੈਂਬਰਾਂ ਗੁਰਪ੍ਰੀਤ ਸਿੰਘ ਹੀਰਾ, ਲੈਕਚਰਾਰ ਅਵਤਾਰ ਸਿੰਘ ਧਨੋਆ ਨਾਲ ਵਿਸ਼ੇਸ਼ ਗੱਲਬਾਤ ਕਰਦਿਆਂ ਜਗਤਾਰ ਸਿੰਘ ਨੇ ਇਸ ਯਾਤਰਾ ਦੇ ਤਜਰਬੇ ਸਾਂਝੇ ਕਰਦਿਆਂ ਦੱਸਿਆ ਕਿ ਬਿਹਾਰ ਦੀ ਸਿੱਖ ਸੰਗਤ ਗਰੀਬੀ ਦੇ ਬਾਵਜੂਦ ਆਪਣੀ ਨਵੀਂ ਪੀੜ੍ਹੀ ਨੂੰ ਗੁਰੂ ਸਾਹਿਬ ਵੱਲੋਂ ਦਰਸਾਏ ਜੀਵਨ ਮਾਰਗ ਉੱਤੇ ਤੋਰਨ ਵਿੱਚ ਵੱਡੀ ਪੱਧਰ 'ਤੇ ਸਫਲ ਆਖੀ ਜਾ ਸਕਦੀ ਹੈ। ਜਗਤਾਰ ਸਿੰਘ ਇਸ ਸਫਰ ਦੌਰਾਨ ਗੁਰੂ ਗੋਬਿੰਦ ਜੀ ਨਾਲ ਸੰਬੰਧਤ ਗੁਰੂ ਘਰਾਂ ਵਿਖੇ ਹੀ ਪ੍ਰਮੁੱਖ ਤੌਰ 'ਤੇ ਰਾਤਰੀ ਪੜਾਅ ਕਰਦੇ ਹਨ। ਉਹਨਾਂ ਦੱਸਿਆ ਕਿ ਸਫਰ ਦੌਰਾਨ ਉਹਨਾਂ ਖੋਜ ਕੀਤੀ ਕਿ ਗੁਰੂ ਸਾਹਿਬ ਨਾਲ ਸੰਬੰਧਤ ਕਾਫੀ ਗੁਰੂ ਘਰ ਜਾਂ ਅਲੋਪ ਹੋ ਚੁੱਕੇ ਹਨ ਜਾਂ ਸੰਬੰਧਤ ਥਾਂ ਤੋਂ ਬਦਲਵੀਂ ਜਗ੍ਹਾ ਉਸਾਰੇ ਗਏ ਹਨ। ਉਹਨਾਂ ਜ਼ੋਰ ਦੇ ਕੇ ਕਿਹਾ ਕਿ ਸਿੱਖ ਸੰਸਥਾਵਾਂ ਨੂੰ ਇਸ ਪਾਸੇ ਖੋਜ ਲਈ ਵਿਸ਼ੇਸ਼ ਯਤਨ ਕਰਨੇ ਚਾਹੀਦੇ ਹਨ। ਜਗਤਾਰ ਸਿੰਘ ਆਪਣੇ ਇਸ ਸਾਈਕਲ ਸਫਰ ਨੂੰ ਆਪਣੇ ਯੂ-ਟਿਊਬ ਚੈਨਲ ਰਾਹੀਂ ਬਾਖੂਬੀ ਸੰਗਤਾਂ ਨਾਲ ਸਾਂਝਾ ਕਰ ਰਹੇ ਹਨ।



# ਤਖਤਗੜ੍ਹ 'ਚ ਗੁਰੂ ਰਵਿਦਾਸ ਗੁਰਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ

**ਨੂਰਪੁਰਬੇਦੀ (ਸੁਰਜੀਤ ਸਿੰਘ ਕਾਹਲੋਂ)**

ਗੁਰੂ ਰਵਿਦਾਸ ਮਹਾਰਾਜ ਜੀ ਦਾ 646ਵਾਂ ਪ੍ਰਗਟ ਦਿਵਸ ਗੁਰੂ ਰਵਿਦਾਸ ਪਬੰਧਕ ਕਮੇਟੀ, ਯੁਵਾ ਸ਼ਕਤੀ ਯੂਥ ਕਲੱਬ ਤਖਤਗੜ੍ਹ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਧੂਮਧਾਮ ਨਾਲ ਮਨਾਇਆ ਗਿਆ। ਕਈ ਦਿਨ ਪਹਿਲਾਂ ਤੋਂ ਗੁਰੂ ਮਹਾਰਾਜ ਦੀ ਮਹਿਮਾ ਕੀਰਤਨ ਕਰਦੀ ਗੁਰੂ ਰਵਿਦਾਸ ਕੀਰਤਨ ਮੰਡਲੀ ਵੱਲੋਂ ਪ੍ਰਭਾਤ ਫੇਰੀਆਂ ਅਤੇ ਸ਼ਾਮ ਫੇਰੀਆਂ ਕੱਢੀਆਂ ਗਈਆਂ। ਗੁਰਪੁਰਬ ਵਾਲੇ ਦਿਨ ਪੂਰੇ ਨਗਰ ਦੀ ਪਰਿਕਰਮਾ ਕਰਦੇ ਹੋਏ ਸ਼ੋਭਾ ਯਾਤਰਾ ਕੱਢੀ ਗਈ, ਜਿਸ ਦਾ ਥਾਂ-ਥਾਂ 'ਤੇ ਨਗਰ ਦੀਆਂ ਸੰਗਤਾਂ ਨੇ ਸਵਾਗਤ ਕਰਕੇ ਆਪਣੀ ਸ਼ਰਧਾ ਭਾਵਨਾ ਅਤੇ ਏਕਤਾ ਦਾ ਪ੍ਰਗਟਾਵਾ ਕੀਤਾ। ਦੂਸਰੇ ਦਿਨ ਸਮੇਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਉਪਰੰਤ ਇੰਟਰਨੈਸ਼ਨਲ ਢਾਢੀ ਜਥਾ ਗਿਆਨੀ ਕਿਸ਼ੋਰ ਸਿੰਘ ਬੰਗੜ ਨੇ ਢਾਢੀ ਵਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਉਪਰੰਤ ਕਮੇਟੀ ਵੱਲੋਂ ਵੱਖ ਖੇਤਰਾਂ ਵਿੱਚ ਨਾਮਣਾ ਖੱਟਣ ਵਾਲੇ ਬੱਚਿਆਂ ਨੂੰ ਹਰ ਸਾਲ ਦੀ ਤਰ੍ਹਾਂ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਗੁਰੂ ਕਾ ਲੰਗਰ ਅਟੁੱਟ ਵਰਤਿਆ। ਰਾਤ ਨੂੰ ਪੰਜਾਬ ਮਸ਼ਹੂਰ ਗਾਇਕ ਕੁਲਦੀਪ ਮਾਹੀ ਨੇ "ਐਸੀ ਲਾਲ ਤੁਝ ਬਿਨ ਕਉਣ ਕਰੇ ", ਜਨਮ ਗੁਰੂ ਰਵਿਦਾਸ ਦਾ, ਜਗਮਗ ਹੋ ਗਈ ਏ, ਗਾਇਕ ਹਰਪ੍ਰੀਤ ਹੈਰੀ ਵਲੋਂ " ਰਵੀ ਅਵਤਾਰ, ਉਹ ਗੰਢਦਾ ਤਕਦੀਰਾਂ" ਨੂੰ ਨਾਲ ਸੰਗਤਾਂ ਨੂੰ ਮੰਤਰ ਮੁਗਧ ਕੀਤਾ। ਇਸ ਉਪਰੰਤ ਸਰਪੰਚ ਕੇਵਲ ਕ੍ਰਿਸ਼ਨ ਹੈਪੀ ਦੁਆਰਾ ਆਈਆਂ ਸੰਗਤਾਂ ਦਾ ਧੰਨਵਾਦ ਕਰਦਿਆਂ ਸਮੂਹ ਸੰਗਤਾਂ ਨੂੰ ਵਧਾਈਆਂ ਦਿੱਤੀਆਂ ਗਈਆਂ। ਇਸ ਮੌਕੇ ਨਰੈਣ ਸਿੰਘ, ਗੁਰਪ੍ਰੀਤ ਸਿੰਘ, ਰਾਮ ਲਾਲ, ਸੁਖਦੇਵ ਸਿੰਘ, ਚਰਨ ਦਾਸ, ਨੰਦ ਸਿੰਘ, ਲਖਵੀਰ ਸਿੰਘ, ਗੁਰਪ੍ਰੀਤ ਘੇਲੂ, ਸ਼ਿੰਗਾਰਾ ਸਿੰਘ, ਵਿਜੇ ਕੁਮਾਰ, ਲਖਵੀਰ ਬਿਲਾ, ਸਗਲੀ ਰਾਮ, ਹਿੰਮਤ ਰਾਏ, ਬੇਅੰਤ ਰਾਮ (ਸੂਬੇਦਾਰ ਮੇਜਰ), ਸੁਰਿੰਦਰ ਪਾਲ ਦਾਨੂ, ਪ੍ਰੇਮ ਚੰਦ, ਸੁਰਜੀਤ ਸਿੰਘ, ਚੰਨਣ ਸਿੰਘ, ਪਰਵਿੰਦਰ ਭੀਮ, ਗੁਰਮੁੱਖ ਸਿੰਘ ਰਵੀ, ਮਨਜੋਤ, ਕਾਲੂ ਪਾਲੂ ਆਦਿ ਹਾਜ਼ਰ ਸਨ।



# 75ਵਾਂ ਸਰਵੋਦਯ ਮੇਲਾ ਮਨਾਇਆ




**ਫਿਲਯਰ (ਬੀ ਐਸ ਕੈਨੇਡੀ)**- ਸਤਲੁਜ ਦਰਿਆ ਕੰਢੇ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦੀ ਯਾਦ 'ਚ 75ਵਾਂ ਸਰਵੋਦਯ ਮੇਲਾ ਮਨਾਇਆਂ ਗਿਆ। ਦੂਰ ਦੂਰ ਤੋਂ ਆਏ ਸਰਵੋਦਯ ਵਰਕਰਾ ਨੇ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਨੂੰ ਸ਼ਰਧਾ ਦੇ ਫੁੱਲ ਅਰਪਿਤ ਕੀਤੇ। ਇਸ ਮੌਕੇ ਅਜ਼ਾਦੀ ਘੁਲਾਟੀਏ ਸਵ ਉਜਾਗਰ ਸਿੰਘ ਬਿਲਗਾ ਦੇ ਸਪੁੱਤਰ ਸੀ ਪੀ ਐਸ ਗੁਲਸ਼ਨ ਅਵਾਰਡੀ ਭਾਰਤੀਆ ਸਮਾਜ ਰਤਨਾਂ ਲਾਇਫ ਟਾਈਮ ਆਚੀਵਮਿੰਟ ਨੇ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਨੂੰ ਸ਼ਰਧਾ ਦੇ ਫੁੱਲ ਅਰਪਿਤ ਕਰਦੇ ਹੋਏ ਕਿਹਾ ਸਾਨੂੰ ਗਾਂਧੀ ਦੇ ਦਿਖਾਏ ਰਸਤੇ 'ਤੇ ਚੱਲਣਾ ਚਾਹੀਦਾ ਹੈ। ਇਸ ਮੌਕੇ ਅਸ਼ੋਕ ਕੁਮਾਰ, ਹਰੀ ਉਮ, ਮਹਿੰਦਰ ਪਾਲ ਪ੍ਰਧਾਨ ਨਗਰ ਕੌਂਸਲ ਫਿਲੌਰ ਅਤੇ ਵੱਖ ਵੱਖ ਸਕੂਲੀ ਬੱਚਿਆਂ ਨੇ ਬਾਪੂ ਦੇ ਭਜਨ ਗਾ ਕੇ ਸ਼ਰਧਾ ਦੇ ਫੁੱਲ ਅਰਪਿਤ ਕੀਤੇ।

# ਮਾਤਾ ਗੁਜਰੀ ਖ਼ਾਲਸਾ ਕਾਲਜ 'ਚ ਅੰਤਰ ਹਾਊਸ ਖੇਡ ਮੁਕਾਬਲੇ

**ਕਰਤਾਰਪੁਰ (ਹਰਮੇਸ਼ ਦੱਤ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਚੱਲ ਰਹੇ ਮਾਤਾ ਗੁਜਰੀ ਖ਼ਾਲਸਾ ਕਾਲਜ ਕਰਤਾਰਪੁਰ ਵਿਖੇ ਅੰਤਰ ਹਾਊਸ ਖੇਡ ਮੁਕਾਬਲੇ ਡਾ. ਹਰਮਨਦੀਪ ਸਿੰਘ ਗਿੱਲ ਦੀ ਸਰਪ੍ਰਸਤੀ ਅਤੇ ਪ੍ਰੋ. ਰਾਜਬੀਰ ਸਿੰਘ ਅਸਿਸਟੈਂਟ ਪ੍ਰੋਫ਼ੈਸਰ ਇਨ ਫਿਜ਼ੀਕਲ ਐਜੂਕੇਸ਼ਨ ਦੀ ਅਗਵਾਈ ਹੇਠ ਕਰਵਾਏ ਗਏ। ਜਿਸ ਵਿੱਚ ਮੁੱਖ ਮਹਿਮਾਨ ਡਾ. ਅਮਰੀਕ ਸਿੰਘ ਐਸੋਸੀਏਟ ਪ੍ਰੋਫ਼ੈਸਰ, (ਇੰਟਰਨੈਸ਼ਨਲ ਕਬੱਡੀ ਕੋਚ), ਖ਼ਾਲਸਾ ਕਾਲਜ ਬੇਗੋਵਾਲ ਨੇ ਸ਼ਿਰਕਤ ਕੀਤੀ। ਡਾ. ਸੁਚੇਤਾ ਰਾਣੀ ਮੁਖੀ ਕਾਮਰਸ ਵਿਭਾਗ ਨੇ ਮੁੱਖ ਮਹਿਮਾਨ ਨੂੰ ਜੀ ਆਇਆਂ ਨੂੰ ਆਖਦੇ ਹੋਏ ਉਹਨਾਂ ਦਾ ਕਾਲਜ ਨੂੰ ਆਪਣਾ ਕੀਮਤੀ ਸਮਾਂ ਦੇਣ ਲਈ ਧੰਨਵਾਦ ਕੀਤਾ। ਇਹਨਾਂ ਵੱਖ-ਵੱਖ ਖੇਡ ਮੁਕਾਬਲਿਆਂ 'ਚ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਵੱਖ ਵੱਖ ਮੁਕਾਬਲਿਆਂ 'ਚ ਜੇਤੂ ਵਿਦਿਆਰਥੀਆਂ 'ਚ 100 ਮੀ. ਅਤੇ 200 ਮੀ. (ਲੜਕਿਆਂ) 'ਚ ਜਸਦੀਪ ਸਿੰਘ ਨੇ ਪਹਿਲਾ ਅਤੇ ਹਰਸ਼ਦੀਪ ਸਿੰਘ ਨੇ ਦੂਜਾ ਸਥਾਨ, 400 ਮੀ. (ਲੜਕੇ) 'ਚ ਮੋਹਿਤ ਨੇ ਪਹਿਲਾ ਅਤੇ ਹਰਸ਼ਦੀਪ ਨੇ ਦੂਜਾ ਸਥਾਨ, 800 ਮੀ.(ਲੜਕੇ) ਮੋਹਿਤ ਨੇ ਪਹਿਲਾ ਅਤੇ ਰਾਜਪ੍ਰੀਤ ਨੇ ਦੂਜਾ ਸਥਾਨ, ਸੈਕ ਰੇਸ (ਲੜਕੇ) 'ਚ ਹਰਸ਼ਦੀਪ ਸਿੰਘ ਨੇ ਪਹਿਲਾ ਅਤੇ ਅਰਸ਼ਪ੍ਰੀਤ ਸਿੰਘ ਨੇ ਦੂਜਾ ਸਥਾਨ, ਥ੍ਰੀ ਲੈੱਗ ਰੇਸ (ਲੜਕੇ) ਵਿੱਚ ਅਮਿਤ/ਮਨਪ੍ਰੀਤ ਨੇ ਪਹਿਲਾ ਅਤੇ ਫਰਿਆਦ ਅਲੀ/ਦੀਪਾਂਸ਼ੂ ਨੇ ਦੂਜਾ ਸਥਾਨ, 100 ਮੀ., 200 ਮੀ. ਅਤੇ 400 ਮੀ. (ਲੜਕੀਆਂ) ਵਿਚ ਗੁਰਵਿੰਦਰ ਕੌਰ ਨੇ ਪਹਿਲਾ ਸਥਾਨ ਅਤੇ ਤੀਸ਼ਾ ਨੇ ਦੂਜਾ ਸਥਾਨ, ਸ਼ਾਟਪੁੱਟ (ਲੜਕੇ) ਵਿਚ ਤਾਨਿਸ਼ ਨੇ ਪਹਿਲਾ ਅਤੇ ਰਿਸ਼ੀ ਨੇ ਦੂਜਾ ਸਥਾਨ, ਸ਼ਾਟਪੁੱਟ (ਲੜਕੀਆਂ) ਰਾਜਵੀਰ ਕੌਰ ਅਤੇ ਮਮਤਾ ਨੇ ਦੂਜਾ ਸਥਾਨ, ਸੈਕ ਰੇਸ (ਲੜਕੀਆਂ) ਸਿਮਰਨ ਕੌਰ ਨੇ ਪਹਿਲਾ ਅਤੇ ਮਾਨਿਆ ਨੇ ਦੂਜਾ ਸਥਾਨ, ਥ੍ਰੀ ਲੈੱਗ ਰੇਸ ਵਿੱਚ ਸਿਮਰਨਜੀਤ/ਮਨਦੀਪ ਗਿੱਲ ਨੇ ਪਹਿਲਾ ਅਤੇ ਹਰਮਨਪ੍ਰੀਤ/ਸਿਮਰਨ ਨੇ ਦੂਜਾ ਸਥਾਨ ਹਾਸਲ ਕੀਤਾ। ਇਹਨਾਂ ਖੇਡ ਮੁਕਾਬਲਿਆਂ ਵਿੱਚ ਬੈਸਟ ਅਥਲੀਟ (ਲੜਕਾ) ਮੋਹਿਤ ਅਤੇ ਬੈਸਟ ਅਥਲੀਟ (ਲੜਕੀ) ਗੁਰਵਿੰਦਰ ਕੌਰ ਰਹੇ। ਇਹਨਾਂ ਖੇਡ ਮੁਕਾਬਲਿਆਂ ਵਿੱਚ ਸਾਹਿਬਜ਼ਾਦਾ ਫਤਹਿ ਸਿੰਘ ਹਾਊਸ ਨੂੰ ਬੈਸਟ ਹਾਊਸ ਦਾ ਇਨਾਮ ਦੇ ਕੇ ਨਿਵਾਜਿਆ ਗਿਆ।



# ਫਾਰਮੇਸੀ ਕਾਲਜ ਬੇਲਾ ਵਿਖੇ ਨੈਸ਼ਨਲ ਕਾਨਫਰੰਸ




**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)**

ਸੋਸਾਇਟੀ ਆਫ ਫਾਰਮਾਸਿਊਟੀਕਲ ਐਜੂਕੇਸ਼ਨ ਐਂਡ ਰਿਸਰਚ ਦੇ ਸਹਿਯੋਗ ਨਾਲ ਅਮਰ ਸ਼ਹੀਦ ਬਾਬਾ ਅਜੀਤ ਸਿੰਘ ਜੁਝਾਰ ਸਿੰਘ ਮੈਮੋਰੀਅਲ ਕਾਲਜ ਆਫ ਫਾਰਮੇਸੀ (ਇੱਕ ਆਟੋਨੋਮਸ ਕਾਲਜ), ਬੇਲਾ ਵਿਖੇ ਇੱਕ ਰੋਜ਼ਾ ਰਾਸ਼ਟਰੀ ਕਾਨਫਰੰਸ ਦਾ ਆਯੋਜਨ ਕੀਤਾ ਗਿਆ। ਇਹ ਕਾਨਫਰੰਸ ਫਾਰਮਾਸਿਊਟੀਕਲ ਰੈਗੂਲੇਟਰੀ ਮਾਮਲੇ: ਤਾਜਾ ਮੁੱਦੇ ਅਤੇ ਚੁਣੌਤੀਆਂ ਵਿਸ਼ੇ 'ਤੇ ਆਯੋਜਿਤ ਕੀਤੀ ਗਈ ਸੀ। ਕਾਨਫਰੰਸ ਦੇ ਕਨਵੀਨਰ ਅਤੇ ਡਾਇਰੈਕਟਰ ਡਾ: ਸੈਲੇਸ਼ ਸ਼ਰਮਾ ਨੇ ਸਾਰੇ ਡੈਲੀਗੇਟਾਂ ਅਤੇ ਸਰੋਤ ਵਿਅਕਤੀਆਂ ਦਾ ਸਵਾਗਤ ਕੀਤਾ। ਕਾਨਫਰੰਸ ਵਿੱਚ ਵੱਖ-ਵੱਖ ਰਾਜਾਂ ਤੋਂ ਲਗਭਗ 350 ਡੈਲੀਗੇਟਾਂ ਨੇ ਭਾਗ ਲਿਆ। ਸੁਸ਼ੀਲ ਬਾਂਸਲ, ਐਗਜ਼ੀਕਿਊਟਿਵ ਕੌਂਸਲ ਮੈਂਬਰ ਫਾਰਮੇਸੀ ਕੌਂਸਲ ਆਫ ਇੰਡੀਆ ਅਤੇ ਪੰਜਾਬ ਰਾਜ ਫਾਰਮੇਸੀ ਕੌਂਸਲ ਦੇ ਪ੍ਰਧਾਨ ਨੇ ਡੈਲੀਗੇਟਾਂ ਨੂੰ ਫਾਰਮੇਸੀ ਪ੍ਰੋਗਰਾਮ ਦੇ ਨਵੇਂ ਨਿਯਮਾਂ ਬਾਰੇ ਜਾਣੂ ਕਰਵਾਇਆ। ਜਤਿੰਦਰ ਸਿੰਘ, ਇਨੋਵਾ ਕੈਪਟੈਬ ਲਿਮਟਿਡ, ਭਾਰਤ ਤੋਂ ਡਰੱਗ ਰੈਗੂਲੇਟਰੀ ਮਾਮਲੇ ਦੇ ਮੁਖੀ, ਕਾਨਫਰੰਸ ਦੇ ਮੁੱਖ ਬੁਲਾਰੇ ਸਨ, ਨੇ ਫਾਰਮਾਸਿਊਟੀਕਲ ਰੈਗੂਲੇਟਰੀ ਵਿਗਿਆਨ ਦੇ ਹਾਲ ਹੀ ਦੇ ਮੁੱਦਿਆਂ ਅਤੇ ਚੁਣੌਤੀਆਂ ਬਾਰੇ ਡੈਲੀਗੇਟਾਂ ਨੂੰ ਪ੍ਰਗਟ ਕੀਤਾ। ਚਿਤਕਾਰਾ ਯੂਨੀਵਰਸਿਟੀ ਤੋਂ ਦੂਜੇ ਬੁਲਾਰੇ (ਪ੍ਰੋ.) ਡਾ: ਚੰਦਰ ਪ੍ਰਕਾਸ਼ ਨੇ ਨਵੀਆਂ ਦਵਾਈਆਂ ਅਤੇ ਕਲੀਨੀਕਲ ਟਰਾਇਲਾਂ ਦੇ ਨਿਯਮਾਂ ਬਾਰੇ ਗੱਲ ਕੀਤੀ। ਕਾਨਫਰੰਸ ਦੇ ਤੀਜੇ ਬੁਲਾਰੇ (ਪ੍ਰੋ.) ਡਾ: ਉਪੇਂਦਰ ਨਾਗਾਇਚ ਐਮਿਟੀ ਇੰਸਟੀਚਿਊਟ ਆਫ ਫਾਰਮੇਸੀ, ਨੋਇਡਾ ਨੇ ਰੈਗੂਲੇਟਰੀ ਇੰਟੈਲੀਜੈਂਸ 'ਤੇ ਭਾਸ਼ਣ ਦਿੱਤਾ। ਕਾਨਫਰੰਸ ਵਿੱਚ ਡੈਲੀਗੇਟਾਂ ਵੱਲੋਂ ਵੱਖ-ਵੱਖ ਵਿਸ਼ਿਆਂ 'ਤੇ 60 ਦੇ ਕਰੀਬ ਪੋਸਟਰ ਪੇਸ਼ ਕੀਤੇ ਗਏ। ਕਾਨਫਰੰਸ ਵਿੱਚ ਪੰਜਾਬ ਅਤੇ ਨੇੜਲੇ ਰਾਜਾਂ ਦੇ ਫਾਰਮੇਸੀ ਕਾਲਜਾਂ ਦੇ ਡੀਨ, ਪ੍ਰਿੰਸੀਪਲ, ਫੈਕਲਟੀ ਮੈਂਬਰ ਸ਼ਾਮਲ ਹੋਏ। ਇਸ ਸਮਾਗਮ ਵਿੱਚ ਪੰਜਾਬ ਸਪਰ ਟੀਮ ਦੇ ਨਵੇਂ ਚੁਣੇ ਗਏ ਮੈਂਬਰਾਂ ਦਾ ਵੀ ਸਵਾਗਤ ਕੀਤਾ ਗਿਆ। ਕਾਨਫਰੰਸ ਦੇ ਆਰਗੇਨਾਈਜ਼ਿੰਗ ਸਕੱਤਰ ਡਾ: ਸੰਦੀਪ ਕੁਮਾਰ ਨੇ ਸਮੂਹ ਰਿਸੋਰਸ ਪਰਸਨਜ਼, ਸਪਰ-ਟੀਮ ਅਤੇ ਡੈਲੀਗੇਟਾਂ ਦਾ ਧੰਨਵਾਦ ਕੀਤਾ।

# ਡੈਮੋਕ੍ਰੈਟਿਕ ਪੈਰਾਮੈਡੀਕਲ ਯੂਨੀਅਨ ਚੋਣ 'ਚ ਬਲਾਕ ਪੱਧਰੀ 15 ਮੈਂਬਰੀ ਟੀਮ ਦੀ ਚੋਣ




**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਜ਼ਿਲ੍ਹਾ (ਹੁਸ਼ਿਆਰਪੁਰ ਪੀ ਐਚ ਸੀ ਚੱਕੋਵਾਲ ਦੀ ਇੱਕ ਬਲਾਕ ਪੱਧਰੀ ਮੀਟਿੰਗ ਪ੍ਰਦੀਪ ਸੈਣੀ ਜ਼ਿਲ੍ਹਾ ਆਗੂ ਡੈਮੋਕ੍ਰੈਟਿਕ ਪੈਰਾਮੈਡੀਕਲ ਯੂਨੀਅਨ ਦੀ ਪ੍ਰਧਾਨਗੀ ਹੇਠ ਕੀਤੀ ਗਈ, ਜਿਸ 'ਚ ਪ੍ਰਮੋਦ ਗਿੱਲ ਜ਼ਿਲ੍ਹਾ ਪ੍ਰਧਾਨ ਡੈਮੋਕ੍ਰੈਟਿਕ ਮੁਲਾਜ਼ਮ ਫੈਡਰੇਸ਼ਨ , ਰਾਜਦੀਪ ਸਿੰਘ ਜ਼ਿਲ੍ਹਾ ਪ੍ਰਧਾਨ ਮਲਟੀਪਰਪਜ਼ ਹੈਲਥ ਵਰਕਰ ਯੂਨੀਅਨ , ਸਤਿੰਦਰ ਸਿੰਘ ਫਾਰਮੇਸੀ ਅਫਸਰ ਸਟੇਟ ਆਗੂ, ਨਰਿੰਦਰ ਸਿੰਘ ਬਲਾਕ ਪ੍ਰਧਾਨ ਮੰਡ ਪੰਧੇਰ , ਬਲਵਿੰਦਰ ਪਾਲ ਸਿੰਘ ਕਨਵੀਨਰ ਮਲਟੀਪਰਪਜ਼ ਬੁਢਾਬੜ ਅਤੇ ਬਲਜਿੰਦਰ ਸਿੰਘ ਮੁੱਖ ਸਕੱਤਰ ਮਲਟੀਪਰਪਜ਼ ਬੁਢਾਬੜ ਵਿਸ਼ੇਸ਼ ਤੌਰ 'ਤੇ ਪਹੁੰਚੇ ਅਤੇ ਮੀਟਿੰਗ ਵਿੱਚ ਸਰਵਸੰਮਤੀ ਨਾਲ ਜਸਪ੍ਰੀਤ ਕੌਰ ਸਟਾਫ ਨਰਸ ਨੂੰ ਪ੍ਰਧਾਨ, ਰੇਖਾ ਦੇਵੀ ਮ ਪ ਹ ਵ ਸੀਨੀਅਰ ਮੀਤ ਪ੍ਰਧਾਨ, ਨਵੀਤ ਕੁਮਾਰ ਕਲਰਕ, ਡਾ. ਵਰੁਣ ਵਸ਼ਿਸ਼ਟ ਕਮਿਊਨਿਟੀ ਹੈਲਥ ਅਫਸਰ ਮੀਤ ਪ੍ਰਧਾਨ, ਵਿਪਨ ਕੁਮਾਰ ਮ ਪ ਹ ਵ (ਮੇਲ ) ਜਨਰਲ ਸੱਕਤਰ, ਪਰਮਿੰਦਰ ਕੌਰ ਮ ਪ ਹ ਵ ਸੰਯੁਕਤ ਸਕੱਤਰ, ਹਰਮੇਸ਼ ਕੁਮਾਰ ਇਨਫਰਮੇਸ਼ਨ ਸਹਾਇਕ ਸੰਯੁਕਤ ਸਕੱਤਰ, ਧਰਮਵੀਰ ਦਰਜਾ ਚਾਰ ਸੰਯੁਕਤ ਸਕੱਤਰ, ਹਰਦਿਆਲ ਲੈਬੋਰੇਟਰੀ ਟੈਕਨੀਸ਼ਨ ਵਿੱਤ ਸਕੱਤਰ, ਸ਼ਮਸ਼ੇਰ ਸਿੰਘ ਮ ਪ ਹ ਵ (ਮੇਲ ), ਅਮਰਜੀਤ ਕੁਮਾਰ ਕੈਂਥ ਹੈਲਥ ਇੰਸਪੈਕਟਰ ਪ੍ਰੈਸ ਸਕੱਤਰ, ਹਰਦੀਪ ਸਿੰਘ ਮੁੱਖ ਸਲਾਹਕਾਰ, ਊਸ਼ਾ ਰਾਣੀ ਐਲ ਐਚ ਵੀ ਮੁੱਖ ਸਲਾਹਕਾਰ, ਸਤੀਸ਼ ਕੁਮਾਰ ਸੀਨੀਅਰ ਸਹਾਇਕ ਸੁਪਰਡੈਂਟ ਮੁੱਖ ਸਲਾਹਕਾਰ, ਪ੍ਰਦੀਪ ਸੈਣੀ ਮ ਪ ਹ ਵ (ਮੇਲ ) ਮੁੱਖ ਸਲਾਹਕਾਰ ਆਦਿ ਚੁਣੇ ਗਏ।

# ਸਾਲਾਨਾ ਇਨਾਮ ਵੰਡ ਸਮਾਰੋਹ



**ਟਾਂਡਾ ਉੜਮੁੜ, (ਓਂਕਾਰ ਸਿੰਘ, ਜਸਵਿੰਦਰ ਸੰਧੂ)**

ਸਿੱਖਿਆ ਵਿਭਾਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਪ੍ਰਿੰਸੀਪਲ ਬਲਜੀਤ ਸਿੰਘ ਦੀ ਯੋਗ ਅਗਵਾਈ ਹੇਠ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਲੇਮਪੁਰ ਵਿਖੇ ਸਾਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ। ਇਸ ਮੌਕੇ ਸਕੂਲ ਮੈਨੇਜਮੈਂਟ ਕਮੇਟੀ ਅਤੇ ਵਿਦਿਆਰਥੀਆਂ ਦੇ ਮਾਤਾ ਪਿਤਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਬੱਚਿਆਂ ਨੇ ਸ਼ਬਦ ਗਾਇਨ ਨਾਲ ਕੀਤੀ। ਇਸ ਉਪਰੰਤ ਸਕੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ। ਪ੍ਰਿੰਸੀਪਲ ਬਲਜੀਤ ਸਿੰਘ ਨੇ ਵਿੱਦਿਅਕ ਅਤੇ ਸਹਿ ਵਿੱਦਿਅਕ ਕਿਰਿਆਵਾਂ 'ਚ ਪੁਜੀਸ਼ਨਾਂ ਲੈਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਅਤੇ ਭਵਿੱਖ ਵਿੱਚ ਹੋਰ ਮਿਹਨਤ ਕਰਨ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਅੰਜੂ ਸ਼ਰਮਾ, ਅਮਰ ਸਿੰਘ, ਕਮਲਜੀਤ ਕੌਰ, ਸਤਪਾਲ ਸਿੰਘ, ਸੁਖਵਿੰਦਰ ਸਿੰਘ, ਜਤਿੰਦਰ ਸਿੰਘ, ਜਸਵੰਤ ਸਿੰਘ, ਬਲਜਿੰਦਰ ਕੌਰ, ਅਨੀਤਾ, ਕੋਮਲ ਬਾਲਾ, ਗੁਰਪ੍ਰੀਤ ਕੌਰ, ਨਿਰਮਲਜੀਤ ਕੌਰ, ਗੁਰਪ੍ਰੀਤ ਕੌਰ, ਅਜਾਇਬ ਸਿੰਘ, ਜਗੀਰ ਸਿੰਘ, ਕੁਲਵਿੰਦਰ ਸਿੰਘ, ਰੇਖਾ ਆਦਿ ਹਾਜ਼ਰ ਸਨ।

# ਸਰਕਾਰਾਂ ਕੌਮੀ ਇਨਸਾਫ ਮੋਰਚੇ ਨੂੰ ਬਦਨਾਮ ਕਰਨ ਤੋਂ ਬਾਜ ਆਉਣ : ਜਥੇ. ਗੁਰਦੇਵ ਸਿੰਘ

**ਮਾਹਿਲਪੁਰ (ਸਫਰੀ)**

ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਦੀਆਂ ਬਰੂਹਾਂ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਲਗਾਤਾਰ ਚੱਲ ਰਹੇ ਕੌਮੀ ਇਨਸਾਫ ਮੋਰਚੇ ਨੂੰ ਬਦਨਾਮ ਕਰਨ ਤੇ ਫੇਲ੍ਹ ਕਰਨ ਲਈ ਕੇਂਦਰ ਤੇ ਸੂਬਾ ਸਰਕਾਰਾਂ ਨਿੱਤ ਨਵੀਆਂ ਸਾਜ਼ਿਸ਼ਾਂ ਘੜ ਰਹੀਆਂ ਹਨ ਤੇ ਤਸ਼ਦਦ ਢਾਹ ਰਹੀਆਂ ਹਨ। ਪੂਰੀਆਂ ਸਜਾਵਾਂ ਭੁਗਤਣ ਦੇ ਬਾਵਜੂਦ ਜੇਲ੍ਹਾਂ 'ਚ ਗੈਰਕਾਨੂੰਨੀ ਤਰੀਕੇ ਨਾਲ ਬੰਦ ਕੈਦੀਆਂ ਦੀ ਰਿਹਾਈ ਦੀ ਮੰਗ ਨੂੰ ਵਿਸ਼ਵ ਪੱਧਰ 'ਤੇ ਇਨਸਾਫ ਪਸੰਦ ਤੇ ਮਨੁੱਖੀ ਅਧਿਕਾਰਾਂ ਦੇ ਅਲੰਬਰਦਾਰ ਲੋਕਾਂ ਦਾ ਦਿਲੋਂ ਹੁੰਗਾਰਾ ਮਿਲ ਰਿਹਾ ਹੈ। ਬੁਖਲਾਹਟ 'ਚ ਆਈਆਂ ਸਰਕਾਰੀ ਏਜੰਸੀਆਂ ਪੁਲਸ ਬਲਾਂ ਦੀ ਦੁਰਵਰਤੋਂ ਕਰਕੇ ਧੱਕੇਸ਼ਾਹੀ ਨਾਲ ਮੋਰਚਾ ਖਤਮ ਕਰਵਾਉਣ ਲਈ ਨਿੱਤ ਨਵੇਂ ਮਨਸੂਬੇ ਘੜ ਰਹੀਆਂ ਹਨ। ਜਿਨ੍ਹਾਂ ਨੂੰ ਸਮਝਣ ਤੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਦੀਆਂ ਸਿੱਖਿਆਵਾਂ ਅਨੁਸਾਰ ਮੋਰਚੇ ਨੂੰ ਸੇਧਿਤ ਕਰਨ ਦੀ ਜਰੂਰਤ ਹੈ, ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਾਹਿਬਜ਼ਾਦਾ ਬਾਬਾ ਅਜੀਤ ਦੇ ਪ੍ਰਕਾਸ਼ ਪੁਰਬ ਸੰਬੰਧੀ ਗੁਰਦੁਆਰਾ ਸਹੀਦਾਂ ਲੱਧੇਵਾਲ ਤੋਂ ਕੱਢੇ ਮਹਾਨ ਨਗਰ ਕੀਰਤਨ 'ਚ ਸ਼ਾਮਲ ਹੋਣ ਮਾਹਿਲਪੁਰ ਪਹੁੰਚੇ ਜਥੇਦਾਰ ਬਾਬਾ ਗੁਰਦੇਵ ਮੁਖੀ ਮਿਸਲ ਸ਼ਹੀਦਾਂ ਤਰਨਾ ਦਲ ਬਾਬਾ ਫਤਿਹ ਸਿੰਘ ਛਾਉਣੀ ਨਿਹੰਗ ਸਿੰਘਾਂ ਬਜਵਾੜਾ ਕਲਾਂ ਨੇ ਸੰਯੁਕਤ ਕਿਸਾਨ ਮੋਰਚੇ ਦੇ ਸਮੂਹ ਸਮਰਥਕਾਂ ਨਾਲ ਇੱਕ ਮੀਟਿੰਗ ਦੌਰਾਨ ਕੀਤਾ। ਉਨ੍ਹਾਂ ਨਗਰ ਕੀਰਤਨ 'ਚ ਸ਼ਾਮਲ ਸਮੁੱਚੀਆਂ ਸੰਗਤਾਂ ਨੂੰ ਸਾਹਿਬਜਾਦਾ ਬਾਬਾ ਅਜੀਤ ਸਿੰਘ ਦੇ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੱਤੀਆਂ ਤੇ ਉਨ੍ਹਾਂ ਦੇ ਦਰਸਾਏ ਮਾਰਗ 'ਤੇ ਚੱਲਦਿਆਂ ਜਬਰ ਜੁਲਮ ਵਿਰੁੱਧ ਡੱਟਨ ਲਈ ਕਿਹਾ। ਉਨ੍ਹਾਂ ਕਿਹਾ ਕਿ ਪੰਜਾਬੀਆਂ ਦਾ ਵਿਰਸਾ ਤੇ ਇਤਿਹਾਸ ਕੁਰਬਾਨੀਆਂ ਭਰਿਆ ਹੋਇਆ ਹੈ ਪਰ ਸਮੇਂ ਸਮੇਂ ਦੀਆਂ ਆਪਣੀਆਂ ਤੇ ਬਿਗਾਨੀਆਂ ਹਕੂਮਤਾਂ ਨੇ ਹਮੇਸ਼ਾ ਪੰਜਾਬੀਆਂ ਨੂੰ ਬਦਨਾਮ ਕਰਨ ਤੇ ਜਬਰ ਨਾਲ ਦਬਾਉਣ ਲਈ ਪੂਰਾ ਜੋਰ ਲਗਾਇਆ ਪਰ ਮੁਗਲ ਜਾਬਰ ਬਾਬਰ ਤੋਂ ਲੈ ਕੇ ਅੱਜ ਤੱਕ ਨਾ ਕੋਈ ਸਰਕਾਰ ਪੰਜਾਬੀਆਂ ਨੂੰ ਡਰਾ ਦਬਾ ਸਕੀ ਹੈ ਤੇ ਨਾ ਹੀ ਆਉਣ ਵਾਲੇ ਸਮੇਂ 'ਚ ਵੀ ਕੋਈ ਜਾਲਮ, ਧੋਖੇਬਾਜ ਤੇ ਫਿਰਕਾਪ੍ਰਸਤ ਹਕੂਮਤ ਪੰਜਾਬੀਆਂ ਨੂੰ ਦਬਾ ਜਾਂ ਝੁਕਾ ਸਕੇਗੀ ਪੰਜਾਬੀਆਂ ਦੀ ਹਰ ਮੈਦਾਨ ਫਤਿਹ ਹੋਵੇਗੀ। ਉਨ੍ਹਾਂ ਕਿਹਾ ਕਿ ਅੱਜ ਸਭ ਤੋਂ ਵੱਧ ਲੋੜ ਸਰਕਾਰਾਂ ਦੀਆਂ ਚਾਲਾਂ ਨੂੰ ਸਮਝਣ ਤੇ ਕੌਮੀ ਇਨਸਾਫ ਮੋਰਚੇ ਦੇ ਸੰਚਾਲਕਾਂ ਨੂੰ ਸਾਂਤੀਪੂਰਵਕ ਤੇ ਅਨੁਸਾਸ਼ਨਬੱਧ ਸਹਿਯੋਗ ਦੇਣ ਦੀ ਹੈ ਤਾਂ ਹੀ ਜੇਲਾਂ 'ਚ ਬੰਦ ਕੈਦੀਆਂ ਦੀ ਰਿਹਾਈ ਸੰਭਵ ਹੋ ਸਕੇਗੀ। ਉਨ੍ਹਾਂ ਸਮੁੱਚੇ ਪੰਜਾਬ ਵਾਸੀਆਂ ਨੂੰ ਕੌਮੀ ਇਨਸਾਫ ਮੋਰਚੇ ਦੀ ਸਫਲਤਾ ਲਈ ਸਹਿਯੋਗ ਦੇਣ ਤੇ ਭਾਈਚਾਰਕ ਸਾਂਝ ਬਣਾਈ ਰੱਖਣ ਲਈ ਵੀ ਕਿਹਾ। ਉਨ੍ਹਾਂ ਕਿਹਾ ਕਿ ਸਰਕਾਰੀ ਹਿੰਸਾ, ਝੂਠੇ ਪੁਲਸ ਮੁਕਾਬਲਿਆਂ ਤੇ ਦਿੱਲੀ ਦੰਗਿਆਂ ਨੇ ਪਹਿਲਾਂ ਹੀ ਪੰਜਾਬੀਆਂ ਨੂੰ ਬਹੁਤ ਵੱਡਾ ਨੁਕਸਾਨ ਪਹੁੰਚਾਇਆ ਹੈ, ਆਉਣ ਵਾਲੇ ਸਮੇਂ 'ਚ ਇਹੋ ਜਿਹੀ ਕੋਈ ਮੰਦਭਾਗੀ ਘਟਨਾ ਨਾ ਵਾਪਰੇ ਇਸ ਲਈ ਸਾਰਿਆਂ ਨੂੰ ਸੂਝ, ਸਿਆਣਪ, ਸਿਦਕ, ਸਬਰ ਤੋਂ ਕੰਮ ਲੈਣਾ ਪਵੇਗਾ। ਇਸ ਮੌਕੇ ਬਾਬਾ ਗੁਰਪਾਲ ਸਿੰਘ, ਹਰਪ੍ਰੀਤ ਸਿੰਘ ਖਾਲਸਾ,ਦੀਪਕ ਸਿੰਘ,ਮਨਜਿੰਦਰ ਸਿੰਘ ਖਾਲਸਾ,ਹਰਮਨਪਾਲ ਸਿੰਘ, ਤਨਵੀਰ ਸਿੰਘ,ਚਰਨਜੀਤ ਸਿੰਘ ਖਾਲਸਾ,ਹਰਗੁਨ ਸਿੰਘ, ਬਾਬਾ ਸੁਖਦੇਵ ਸਿੰਘ, ਇੰਦਰਜੀਤ ਸਿੰਘ ਚਾਵਲਾ,ਗੁਰਮਿੰਦਰ ਸਿੰਘ ਕੈਂਡੋਵਾਲ, ਜਸਵਿੰਦਰ ਸਿੰਘ ਬੰਗਾ, ਅਮਨਦੀਪ ਸਿੰਘ ਕੰਮੋਵਾਲ,ਪਰਮਿੰਦਰ ਸਿੰਘ ਪਿੰਦਾ,ਗੁਰਦੀਪ ਸਿੰਘ ਬੂੜੋ ਬਾੜੀ,ਅਮਨ ਸਹੋਤਾ, ਇਕਬਾਲ ਸਿੰਘ ਸਰਪੰਚ ਢੱਕੋਂ,ਮਨੀ ਬਿਹਾਲਾ,ਖੁਸਵੰਤ ਸਿੰਘ,ਵਿੱਕੀ ਕਹਾਰਪੁਰ, ਦਲਬੀਰ ਪੰਡਤ, ਜਸਮੀਤ ਸਿੰਘ ਹੀਰ, ਸੁਖਵੀਰ ਸਿੰਘ ਸੋਢੀ ਤੇ ਵੱਡੀ ਗਿਣਤੀ 'ਚ ਕੌਮੀ ਇਨਸਾਫ ਮੋਰਚੇ ਦੇ ਸਮਰੱਥਕ ਹਾਜ਼ਰ ਸਨ।



# ਵਪਾਰਕ ਬਾਰਡਰ ਤੁਰੰਤ ਖੋਲ੍ਹਣ ਭਾਰਤ-ਪਾਕਿਸਤਾਨ ਸਰਕਾਰਾਂ : ਮਾਨਸ਼ਾਹੀਆ

**ਹੁਸ਼ਿਆਰਪੁਰ (ਓ ਪੀ ਰਾਣਾ)**

ਸੋਸ਼ਲਿਸਟ ਪਾਰਟੀ ਇੰਡੀਆ ਦੇ ਪੰਜਾਬ ਯੂਨਿਟ ਦੀ ਮੀਟਿੰਗ ਪਾਰਟੀ ਦੇ ਦਫ਼ਤਰ ਵਿੱਚ ਸੂਬਾ ਪ੍ਰਧਾਨ ਓਮ ਸਿੰਘ ਸਟਿਆਣਾ ਦੀ ਪ੍ਰਧਾਨਗੀ ਵਿੱਚ ਹੋਈ। ਮੀਟਿੰਗ ਮੁੱਖ ਤੌਰ 'ਤੇ ਸੀਨੀਅਰ ਤੇ ਬਜ਼ੁਰਗ ਆਗੂ ਬਲਵੰਤ ਸਿੰਘ ਖੇੜਾ, ਕੌਮੀ ਜਨਰਲ ਸਕੱਤਰ ਹਰਿੰਦਰ ਸਿੰਘ ਮਾਨਸ਼ਾਹੀਆ, ਬਲਰਾਜ ਸਿੰਘ ਨੰਗਲ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਮੀਟਿੰਗ ਨੂੰ ਸੰਬੋਧਨ ਕਰਦਿਆਂ ਕੌਮੀ ਜਨਰਲ ਸਕੱਤਰ ਹਰਿੰਦਰ ਸਿੰਘ ਮਨਸ਼ਾਹੀਆ ਨੇ ਦੱਸਿਆ ਕਿ ਏਸ਼ੀਆ ਦੇ ਦੇਸ਼ਾਂ ਦਰਮਿਆਨ ਦੋਸਤਾਨਾ ਸਬੰਧਾਂ ਅਤੇ ਵਪਾਰਕ ਰਿਸ਼ਤਿਆਂ ਵਿੱਚ ਬੇਹਤਰੀ ਲਿਆਉਣ ਅਤੇ ਸਰਹੱਦਾਂ ਖੋਹਲਣ ਲਈ ਸੋਸ਼ਲਿਸਟ ਐਕਟੀਵਿਸਟ ਆਪਣੇ ਆਪਣੇ ਦੇਸ਼ਾਂ ਵਿੱਚ ਸਰਗਰਮ ਹੋ ਰਹੇ ਹਨ। ਦੋਵਾਂ ਦੇਸ਼ਾਂ ਦੇ ਆਵਾਮ ਨੂੰ ਖਾਸ ਕਰਕੇ ਦੋਵੇਂ ਪੰਜਾਬਾਂ ਦੇ ਵਸਨੀਕਾਂ ਨੂੰ ਸਮੇਂ ਦੀ ਲੋੜ ਮੁਤਾਬਕ ਵਪਾਰਕ ਸਰਹੱਦ ਖੋਲ੍ਹੀ ਜਾਣ ਦੀ ਬੇਹੱਦ ਜਰੂਰਤ ਹੈ ਕਿਉਂਕਿ ਸਾਡੇ ਦੇਸ਼ ਵਿੱਚ ਬਹੁਤ ਸਾਰੀਆਂ ਅਜਿਹੀਆਂ ਉਤਪਾਦਕ ਵਸਤੂਆਂ ਹਨ ਜੋ ਬਾਫ਼ਿਰ ਹਨ ਅਤੇ ਉਨ੍ਹਾਂ ਦੇ ਸਹੀ ਭਾਅ ਨਹੀਂ ਮਿਲ ਰਹੇ ਹਨ ਅਤੇ ਉਨ੍ਹਾਂ ਦੀ ਗੁਆਂਢੀ ਦੇਸ਼ ਨੂੰ ਸਖ਼ਤ ਜਰੂਰਤ ਹੈ ।ਸਰਹੱਦਾਂ ਦੇ ਖੁੱਲ੍ਹ ਜਾਣ ਨਾਲ ਦੋਵੇਂ ਦੇਸ਼ਾਂ ਵਿੱਚ ਖੇਡੀ ਜਾ ਰਹੀ ਨਫ਼ਰਤ ਦੀ ਰਾਜਨੀਤੀ ਨੂੰ ਵੀ ਠੱਲ੍ਹ ਪਾਈ ਜਾ ਸਕੇਗੀ। ਪਾਰਟੀ ਦੇ ਸੀਨੀਅਰ ਬਜ਼ੁਰਗ ਨੇਤਾ ਬਲਵੰਤ ਸਿੰਘ ਖੇੜਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਤਕਰੀਬਨ ਇੱਕ ਦਹਾਕੇ ਤੋਂ ਦੇਸ਼ ਤੇ ਕਾਬਜ਼ ਹਾਕਮ ਧਿਰ ਨੇ ਦੇਸ਼ ਦੇ ਆਵਾਮ ਨੂੰ ਨਫ਼ਰਤ ਦੀ ਭੱਠੀ ਵਿੱਚ ਝੋਂਕ ਕੇ ਦੇਸ਼ ਦੇ ਸਾਰੇ ਸਾਧਨਾਂ ਨੂੰ ਚਾਂਦੀ ਦੀ ਥਾਲ਼ੀ ਵਿੱਚ ਪਰੋਸਕੇ ਕਾਰਪੋਰੇਟ ਘਰਾਣਿਆਂ ਦੀ ਝੋਲੀ ਵਿੱਚ ਉਲਟਾ ਦਿੱਤਾ ਹੈ ਜਿਸ ਨਾਲ 70 ਸਾਲਾਂ ਦੇ ਇਤਿਹਾਸ ਵਿੱਚ ਦੇਸ਼ ਦਾ ਲੋਕਤੰਤਰ ਇਸ ਦਹਾਕੇ ਵਿੱਚ ਸਭ ਤੋਂ ਵੱਧ ਨਿਘਾਰ ਵੱਲ ਗਿਆ ਹੈ। ਸੂਬਾ ਜਨਰਲ ਸਕੱਤਰ ਬਲਰਾਜ ਸਿੰਘ ਨੰਗਲ ਵਲੋਂ ਪਾਕਿਸਤਾਨ ਸਥਿਤ ਸਿੱਖਾਂ ਦੇ ਮੱਕੇ-ਮਦੀਨੇ ਦਾ ਦਰਜ਼ਾ ਰਖਦੇ ਪਵਿੱਤਰ ਸਥਾਨ ਸ੍ਰੀ ਕਰਤਾਰਪੁਰ ਸਾਹਿਬ ਦੀ ਯਾਤਰਾ ਤੇ ਜਾਣ ਵਾਲ਼ੀ ਸੰਗਤ ਤੋਂ 20 ਡਾਲਰਾਂ ਦੀ ਫ਼ੀਸ ਅਤੇ ਪਾਸਪੋਰਟ ਦੀ ਸ਼ਰਤ ਹਟਾਕੇ ਆਧਾਰ ਕਾਰਡ 'ਤੇ ਯਾਤਰਾ ਦੀ ਮੰਗ ਜ਼ੋਰਦਾਰ ਸ਼ਬਦਾਂ ਵਿੱਚ ਉਠਾਈ ਗਈ । ਐਡਵੋ.ਕੁਲਦੀਪ ਪਰਮਾਰ ਨੇ ਉਨ੍ਹਾਂ ਵਲੋਂ ਤਿਆਰ ਕੀਤੀ ਇੱਕ ਵਿਸ਼ੇਸ਼ ਪਰਿਵਾਰ ਦੇ ਕਾਬਜ਼ ਹੋਣ ਕਾਰਨ ਸ਼੍ਰੋਮਣੀ ਅਕਾਲੀ ਦਲ ਦੇ ਸੁਨਹਿਰੇ ਇਤਿਹਾਸ ਦੇ ਪੰਨਿਆਂ ਨੂੰ ਕਾਲ਼ੇ ਪੰਨਿਆਂ ਵਿੱਚ ਬਦਲਦੇ ਇਤਿਹਾਸ ਬਾਰੇ ਡਾਕੂਮੈਂਟਰੀ 'ਓੜਕ ਸੱਚ ਰਹੀ' ਬਾਰੇ ਵਿਸਥਾਰ ਨਾਲ ਚਾਨਣਾ ਪਾਇਆ।ਸੂਬਾ ਪ੍ਰਧਾਨ ਓਮ ਸਿੰਘ ਸਟਿਆਣਾ ਨੇ ਦੱਸਿਆ ਕਿ ਸੋਸ਼ਲਿਸਟ ਪਾਰਟੀ ਪੰਜਾਬ ਵਿੱਚ ਹਰ ਜਿਲ੍ਹੇ ਵਿੱਚ ਇਕਾਈਆਂ ਸਥਾਪਤ ਕਰਨ ਲਈ ਪੂਰੇ ਤਾਣ ਨਾਲ ਸਰਗਰਮ ਹੈ ਅਤੇ ਨਵੀਂ ਮੈਂਬਰਸ਼ਿਪ ਦੀ ਭਰਤੀ ਲਈ ਮੁਹਿੰਮ ਆਰੰਭ ਕਰ ਰਹੀ ਹੈ ਅਤੇ ਆਉਣ ਵਾਲੀ ਲੋਕ ਸਭਾ ਚੋਣ 2024 ਲਈ ਹਮਖ਼ਿਆਲ ਪਾਰਟੀਆਂ ਨਾਲ ਰਲਕੇ ਫ਼ਿਰਕਾਪ੍ਰਸਤ ਅਤੇ ਸਮਾਜਿਕ ਫੁੱਟਪਾਊ ਤਾਕਤਾਂ ਵਿਰੁੱਧ ਮੈਦਾਨ ਵਿੱਚ ਉੱਤਰੇਗੀ। ਮੀਟਿੰਗ ਵਿੱਚ ਵਾਈਸ ਪ੍ਰਧਾਨ ਹੁਕਮ ਚੰਦ ਸੁਨਕਰ, ਜਿਲ੍ਹਾ ਪ੍ਰਧਾਨ ਸੱਤਪਾਲ ਡਡਿਆਣਾ ਨੇ ਕਿਹਾ ਗਿਆ ਕਿ ਪਾਰਟੀ ਦੀ ਸੋਚ ਨੂੰ ਲੋਕਾਂ ਵਿੱਚ ਲੈ ਕੇ ਜਾਣ ਦੀ ਜਰੂਰਤ ਹੈ ਇਸ ਵਾਸਤੇ ਪਾਰਟੀ ਦੇ ਕਾਰਕੁਨਾਂ ਨੂੰ ਮਿਹਨਤ ਕਰਨ ਦੀ ਲੋੜ ਹੈ। ਇਸ ਮੌਕੇ ਸੀਨੀਅਰ ਤੇ ਬਜ਼ੁਰਗ ਆਗੂ ਬਲਵੰਤ ਸਿੰਘ ਖੇੜਾ ਨੇ ਦੱਸਿਆ ਗਿਆ ਕਿ ਮਾਨਯੋਗ ਸੁਪਰੀਮ ਕੋਰਟ ਆਫ਼ ਇੰਡੀਆ ਵਲੋਂ ਬਾਦਲਾਂ ਵਿਰੁੱਧ ਦੋ ਸੰਵਿਧਾਨ ਵਾਲ਼ੇ ਕੇਸਾਂ ਵਿੱਚ 28 ਫ਼ਰਵਰੀ ਦੀ ਸੁਣਵਾਈ ਦੀ ਤਾਰੀਖ ਨਿਰਧਾਰਿਤ ਕੀਤੀ ਗਈ ਹੈ ।ਇਸ ਮੀਟਿੰਗ ਵਿੱਚ ਜਿਲ੍ਹਾ ਹੁਸ਼ਿਆਰਪੁਰ ਪ੍ਰਧਾਨ ਸਤਪਾਲ ਸਿੰਘ ਡਡਿਆਣਾ, ਬਲਦੇਵ ਸਿੰਘ, ਬਲਬੀਰ ਸਿੰਘ ਅਬਰਾਹੀਮਪੁਰ, ਸਵਰਨ ਸਿੰਘ, ਜਸਵੰਤ ਸਿੰਘ, ਨਵਜੀਤ ਸਿੰਘ ਆਦਿ ਵੀ ਹਾਜ਼ਰ ਸਨ।

# ਐਨ ਪੀ ਐਸ ਮੁਲਾਜ਼ਮਾਂ ਸਾੜੀਆਂ ਅਧੂਰੇ ਨੋਟੀਫਿਕੇਸ਼ਨ ਦੀਆਂ ਕਾਪੀਆਂ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਪੰਜਬ ਦੇ ਕਾਰਕੁੰਨਾਂ ਵੱਲੋਂ ਰੋਸ ਵਜੋਂ ਪੁਰਾਣੀ ਪੈਨਸ਼ਨ ਬਹਾਲੀ ਦੇ ਅਧੂਰੇ ਨੋਟੀਫਿਕੇਸ਼ਨ ਦੀਆਂ ਜ਼ਿਲ੍ਹਾ ਪੱਧਰੀ ਕਾਪੀਆਂ ਸਾੜ ਕੇ ਰੋਸ਼ ਜਾਹਰ ਕੀਤਾ ਗਿਆ। ਜ਼ਿਕਰਯੋਗ ਹੈ ਕਿ ਐਨ ਪੀ ਐਸ ਖਾਤਿਆਂ ’ਚ ਪਿਆ ਮੁਲਾਜ਼ਮਾਂ ਦਾ ਪੈਸਾ ਐਲ ਆਈ ਸੀ, ਐਸ ਬੀ ਆਈ ਅਤੇ ਯੂ ਟੀ ਆਈ ਦੇ ਫੰਡਾਂ ਚ ਲਾਇਆ ਜਾਂਦਾ ਹੈ। ਇਸ ਪੈਸੇ ਦਾ ਵੱਡਾ ਹਿੱਸਾ ਇਨ੍ਹਾਂ ਵਿੱਤੀ ਅਦਾਰਿਆਂ ਵੱਲੋਂ ਅਡਾਨੀ ਗਰੁੱਪ ’ਚ ਲਾਇਆ ਗਿਆ ਸੀ। ਪਿਛਲੇ ਦਿਨੀਂ ਅਡਾਨੀ ਗਰੁੱਪ ਦੇ ਸ਼ੇਅਰ ਮੂਧੇ ਮੂੰਹ ਡਿੱਗਣ ਨਾਲ ਐਨ ਪੀ ਐਸ ਮੁਲਾਜ਼ਮ ਡਰ ’ਚ ਹਨ, ਕਿਤੇ ਐਨ ਪੀ ਐਸ ਖਾਤਿਆਂ ’ਚ ਜਮ੍ਹਾਂ ਪੈਸਾ ਡੁੱਬ ਹੀ ਨਾ ਜਾਵੇ। ਪਿਛਲੇ ਸਮੇਂ ਮੀਡੀਆ ਨੂੰ ਵਰਤ ਕੇ ਇੱਕ ਨੈਰੇਟਿਵ ਸਿਰਜਿਆ ਗਿਆ ਕਿ ਪੁਰਾਣੀ ਪੈਨਸ਼ਨ ਬਹਾਲ ਕਰਨ ਨਾਲ ਸਰਕਾਰੀ ਖਜਾਨੇ ਤੇ ਵਿੱਤੀ ਬੋਝ ਵਧੇਗਾ। ਹੁਣ ਸਰਕਾਰੀ ਵਿੱਤੀ ਅਦਾਰਿਆਂ ਦਾ ਪੈਸਾ ਅਡਾਨੀ ਗਰੁੱਪ ’ਚ ਲੱਗਾ ਹੋਣ ਕਰਕੇ ਜੋ ਜੋਖਮ ਹੈ ਅਤੇ ਜੋ ਨੁਕਸਾਨ ਹੈ ਉਸ ਬਾਰੇ ਅਖੌਤੀ ਬੁੱਧੀਜੀਵੀਆਂ ਦੀ ਜੁਬਾਨ ਨੂੰ ਤੰਦੂਆ ਪੈ ਗਿਆ ਲੱਗਦਾ ਹੈ। ਇਸ ਪ੍ਰਦਸ਼ਨ ਦੌਰਾਨ ਆਗੂਆਂ ਦੱਸਿਆ ਕਿ ਦੋ ਮਹੀਨੇ ਦਾ ਲੰਮਾਂ ਸਮਾਂ ਬੀਤ ਜਾਣ ਤੋਂ ਬਾਅਦ ਵੀ ਅਜੇ ਤੱਕ ਐਨ ਪੀ ਐਸ ਮੁਲਾਜਮਾਂ ਨੂੰ ਨਾ ਤਾਂ ਜੀ ਪੀ ਐਫ ਨੰਬਰ ਹੀ ਅਲਾਟ ਹੋਇਆ ਅਤੇ ਨਾ ਹੀ ਇਸਦੀ ਕਟੌਤੀ ਹੋਣੀ ਸ਼ੁਰੂ ਹੋਈ ਹੈ। ਇਸ ਦੇ ਨਾਲ ਹੀ ਪੰਜਾਬ ਸਰਕਾਰ ਤੋਂ ਇਹ ਮੰਗ ਵੀ ਕੀਤੀ ਗਈ ਕਿ ਕੇਂਦਰ ਸਰਕਾਰ ਦੀ ਤਰਜ਼ ਉੱਪਰ 20 ਸਾਲ ਦੀ ਸੇਵਾ ਨੂੰ , ਪੈਨਸ਼ਨ ਗਣਨਾ ਸਮੇਂ ਪੂਰੇ ਲਾਭ ਦਿੱਤੇ ਜਾਣ। ਇਸ ਸਮੇਂ ਇਹ ਮੰਗ ਵੀ ਉਠਾਈ ਗਈ ਕਿ ਬੋਰਡਾਂ ਤੇ ਕਾਰਪੋਰੇਸ਼ਨਾਂ ਦੇ ਕਰਮਚਾਰੀਆਂ ਨੂੰ ਵੀ ਪੈਨਸ਼ਨ ਦਿੱਤੀ ਜਾਵੇ। ਜਿਲ੍ਹਾ ਪ੍ਰੀਸ਼ਦ ਅਤੇ ਐੱਸ ਐੱਸ ਏ/ ਰਸਮਾ ਅਧੀਨ ਕੀਤੀ ਨੌਕਰੀ ਦੇ ਸਮਾਂਕਾਲ ਨੂੰ ਪੈਨਸ਼ਨ ਦਾ ਲਾਭ ਗਿਣਦੇ ਸਮੇਂ ਰੈਗੂਲਰ ਨੌਕਰੀ ਦੇ ਸਮੇਂ ਵਿੱਚ ਜੋੜਿਆ ਜਾਵੇ। ਇਸ ਮੁਜ਼ਾਹਰੇ ਵਿੱਚ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਸੂਬਾ ਕਨਵੀਨਰ ਜਸਵੀਰ ਤਲਵਾੜਾ, ਜ਼ਿਲ੍ਹਾ ਕਨਵੀਨਰ ਸੰਜੀਵ ਧੂਤ,



ਜੀ ਟੀ ਯੂ ਦੇ ਜ਼ਿਲ੍ਹਾ ਪ੍ਰਧਾਨ ਪ੍ਰਿੰਸੀਪਲ ਅਮਨਦੀਪ ਸ਼ਰਮਾ ਨੇ ਦੱਸਿਆ ਕਿ ਐਨ ਪੀ ਐਸ ਅਧੀਨ ਆਉਂਦੇ ਅੱਜ ਦੇ ਮੁਲਾਜ਼ਮਾਂ ਨੇ ਅਪਣੀ ਸੇਵਾਕਾਲ ਦੇ ਮੁੱਢਲੇ ਤਿੰਨ ਤੋਂ ਪੰਜ ਸਾਲ ਠੇਕਾ ਅਧਾਰ ’ਤੇ ਨਿਗੁਣੀਆਂ ਤਨਖਾਹਾਂ ਤੇ ਲਾਏ ਹਨ। ਇਹਨਾ ਮੁਲਾਜਮਾਂ ਦੀ ਪੈਨਸਨ ਤੈਅ ਕੀਤੀ ਜਾਣੀ ਹੈ ਤਾਂ ਸਿਰਫ ਰੈਗੂਲਰ ਸੇਵਾ ਦੇ ਸਮੇ ਨੂੰ ਹੀ ਗਿਣਿਆ ਜਾਵੇਗਾ। ਰੈਗੂਲਰ ਸੇਵਾ ਦਾ ਸਮਾਂ ਘੱਟ ਰਹਿ ਜਾਣ ਕਾਰਨ ਬਹੁਤ ਸਾਰੇ ਮੁਲਾਜਮ ਸਾਥੀ ਪੈਨਸ਼ਨ ਦਾ ਪੂਰਾ ਲਾਭ ਨਹੀਂ ਲੈ ਸਕਣਗੇ। ਇਸ ਤਰਾਂ ਅੱਜ ਦੇ ਐਨ ਪੀ ਐਸ ਮੁਲਾਜਮ ਦੋਹਰੀ ਮਾਰ ਹੇਠ ਹਨ ਇੱਕ ਤਾਂ ਠੇਕੇ ਦੀ ਸੇਵਾ ਦੌਰਾਨ ਨਿਗੁਣੀਆਂ ਤਨਖਾਹਾਂ ਉਤੋਂ ਠੇਕੇ ਦੌਰਾਨ ਨਿਭਾਈ ਸੇਵਾ ਦਾ ਨਾ ਗਿਣਿਆ ਜਾਣਾ। ਇਸ ਲਈ ਸਰਕਾਰ ਪੈਨਸ਼ਨ ਦਾ ਲਾਭ ਮਿਥਦੇ ਸਮੇਂ ਸਾਡੇ ਦੁਆਰਾ ਰੈਗੂਲਰ ਸੇਵਾਕਾਲ ਦੇ ਨਾਲ ਨਾਲ ਠੇਕੇ ਉੱਪਰ ਕੀਤੀ ਸਰਵਿਸ ਦੀ ਗਣਨਾ ਕਰਨ ਦਾ ਵੀ ਪ੍ਰਾਵਧਾਨ ਰੱਖੇ। ਇਸ ਮੌਕੇ ਐਨ ਪੀ ਐੱਸ ਤੋਂ ਪੀੜਤ ਮੁਲਾਜ਼ਮਾਂ ਵੱਲੋਂ ਪੰਜਾਬ ਸਰਕਾਰ ਵੱਲੋਂ ਪੁਰਾਣੀ ਪੈਨਸ਼ਨ ਬਹਾਲੀ ਦੇ ਜਾਰੀ ਅਧੂਰੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜ ਕੇ ਆਪਣਾ ਰੋਸ ਪ੍ਰਦਰਸ਼ਨ ਕੀਤਾ ਇਸ ਮੌਕੇ ਹਰਵਿੰਦਰ ਸਿੰਘ,ਜ਼ਿਲ੍ਹਾ ਜਨਰਲ ਸਕੱਤਰ ਤਿਲਕ ਰਾਜ, ਪ੍ਰਿਤਪਾਲ ਸਿੰਘ ਚੌਟਾਲਾ, ਸੁਨੀਲ ਸ਼ਰਮਾ, ਵਰਿੰਦਰ ਵਿੱਕੀ,ਪ੍ਰਿੰਸ ਗੜ੍ਹਦੀਵਾਲਾ,ਵਿਕਾਸ ਸ਼ਰਮਾ ਆਗੂਆਂ ਨੇ ਅੱਗੇ ਦੱਸਿਆ ਕਿ ਜੇਕਰ ਸਰਕਾਰ ਵੱਲੋਂ ਟਾਲ-ਮਟੋਲ ਇਸੇ ਤਰ੍ਹਾਂ ਜਾਰੀ ਰਹੀ ਤਾਂ ਆਉਣ ਵਾਲੀ 26 ਫਰਵਰੀ ਨੂੰ ਧੂਰੀ ਵਿਖੇ ਸੂਬਾ ਪੱਧਰੀ ਵਿਸ਼ਾਲ ਰੈਲੀ ਕਰਕੇ ਸੰਘਰਸ਼ ਨੂੰ ਹੋਰ ਵੀ ਤਿੱਖਾ ਕੀਤਾ ਜਾਵੇਗਾ। ਇਸ ਮੌਕੇ ਤੇ ਲੈਕਚਰਾਰ ਸਰਬਜੀਤ ਸਿੰਘ, ਹਰਦੀਪ ਸਿੰਘ, ਮਨਮੋਹਨ ਸਿੰਘ, ਚਮਨ ਲਾਲ, ਰਮਨ ਚੌਧਰੀ,ਵਰਿੰਦਰ ਸਿੰਘ ਨਿਮਾਣਾ,ਰਜਤ ਮਹਾਜਨ, ਸਤੀਸ਼ ਕੁਮਾਰ, ਹਰਜਿੰਦਰ ਸਿੰਘ, ਦਵਿੰਦਰ ਸਿੰਘ, ਸੰਜੀਵ ਕੁਮਾਰ, ਗੁਰਮੇਲ ਸਿੰਘ,ਨਰਿੰਦਰ ਅਜਨੋਹਾ, ਸੱਤਪਾਲ, ਪਰਮਜੀਤ ਸਿੰਘ, ਗੁਰਨਾਮ ਸਿੰਘ, ਦਵਿੰਦਰ ਸਿੰਘ, ਬਲਦੇਵ ਸਿੰਘ, ਅਸ਼ੋਕ ਕੁਮਾਰ, ਜਗਵਿੰਦਰ ਸਿੰਘ, ਕਮਲਦੀਪ ਸਿੰਘ, ਬਲਜਿੰਦਰ ਸਿੰਘ, ਸੁਖਦੇਵ ਕਾਜਲ, ਹਰਭਜਨ ਸਿੰਘ,ਸਚਿਨ ਕੁਮਾਰ, ਸੰਦੀਪ ਸ਼ਰਮਾ, ਕਮਲ ਛਾਬੜਾ, ਵਿਕਾਸ ਅਰੋੜਾ, ਪਰਮਜੀਤ ਨਾਂਰਗ,ਗੁਰਜੀਤ ਕੌਰ, ਮੰਜੂ ਭਾਟੀਆ, ਗੀਤਾ ਦੇਵੀ, ਅਮਨਦੀਪ ਕੌਰ,ਸੁਖਵਿੰਦਰ ਕੌਰ,ਜਸਦੀਪ ਕੌਰ, ਭੁਪਿੰਦਰਜੀਤ ਕੌਰ, ਦਿਲਰਾਜ ਕੌਰ, ਪੁਨੀਤ ਕੌਰ, ਪਿੰਕੀ, ਪ੍ਰਭਜੋਤ ਕੌਰ, ਰਤਨਜੀਤ ਕੌਰ, ਰਾਜ ਕੌਰ ਸਹਿਤ ਵੱਡੀ ਗਿਣਤੀ ’ਚ ਮੁਲਾਜ਼ਮ ਹਾਜ਼ਰ ਹੋਏ।

# ਸਾਂਝਾ ਫਰੰਟ ਵੱਲੋਂ ਜ਼ਿਲ੍ਹਾ ਪੱਧਰੀ ਰੈਲੀ 15 ਨੂੰ

**ਜਲੰਧਰ (ਰਾਜੇਸ਼ ਥਾਪਾ)**

ਪੰਜਾਬ-ਯੂ.ਟੀ.ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ, ਜ਼ਿਲ੍ਹਾ ਜਲੰਧਰ ਦੀ ਹੰਗਾਮੀ ਮੀਟਿੰਗ ਸੁਖਜੀਤ ਸਿੰਘ, ਨਵਪ੍ਰੀਤ ਸਿੰਘ ਬੱਲੀ, ਪਿਆਰਾ ਸਿੰਘ ਅਤੇ ਤੀਰਥ ਸਿੰਘ ਬਾਸੀ ਦੀ ਪ੍ਰਧਾਨਗੀ ਹੇਠ ਸਹਿਕਾਰਤਾ ਭਵਨ ਜਲੰਧਰ ਵਿਖੇ ਹੋਈ। ਵੱਖ-ਵੱਖ ਆਗੂਆਂ ਨੇ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੀ ਜੁਮਲਿਆਂ ਦੀ ਸਰਕਾਰ ਹੀ ਸਾਬਤ ਹੋ ਰਹੀ ਹੈ। ਹਿਮਾਚਲ ਅਤੇ ਗੁਜਰਾਤ ਦੀਆਂ ਚੋਣਾਂ ਵਿੱਚ ਲਾਭ ਲੈਣ ਲਈ ਪੁਰਾਣੀ ਪੈਨਸਨ ਬਹਾਲ ਕਰਨ ਲਈ ਅਧੂਰਾ ਜਿਹਾ ਨੋਟੀਫਿਕੇਸ਼ਨ ਜਾਰੀ ਕਰਕੇ ਮੁਲਾਜ਼ਮਾਂ ਅਤੇ ਆਮ ਲੋਕਾਂ ਨੂੰ ਗੁੰਮਰਾਹ ਹੀ ਕੀਤਾ ਹੈ, ਇਸ ਤੋਂ ਵੱਧ ਕੁਝ ਵੀ ਦਿਖਾਈ ਨਹੀਂ ਦਿੰਦਾ। ਸਗੋਂ ਪੁਰਾਣੀ ਪੈਨਸ਼ਨ ਬਹਾਲੀ ਦੇ ਮਸਲੇ ਨੂੰ ਠੰਢੇ ਬਸਤੇ ਵਿੱਚ ਪਾਉਣ ਅਤੇ ਲੰਬਾ ਸਮਾਂ ਲਟਕਾਈ , ਰੱਖਣ ਲਈ ਸਮੀਖਿਆ ਕਮੇਟੀ ਬਣਾ ਕੇ ਮੁਲਾਜ਼ਮਾਂ ਨੂੰ ਹੋਰ ਵੀ ਨਿਰਾਸ਼ ਕੀਤਾ ਹੈ। ਜਿਸ ਕਰਕੇ ਹਰ ਪ੍ਰਕਾਰ ਦੇ ਮੁਲਾਜ਼ਮਾਂ ਦੇ ਮਨਾਂ ਵਿੱਚ ਸਰਕਾਰ ਦੇ ਵਤੀਰੇ ਪ੍ਰਤੀ ਅਥਾਹ ਗੁੱਸਾ ਭਰਿਆ ਪਿਆ ਹੈ। ਆਗੂਆਂ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਨੂੰ ਮੁਲਾਜ਼ਮਾਂ ਦੀਆਂ ਮੰਗਾਂ ਵੱਲ ਜਲਦੀ ਤੋਂ ਜਲਦੀ ਧਿਆਨ ਦੇਣ ਲਈ ਮਜਬੂਰ ਕਰਨ ਲਈ 22 ਜਨਵਰੀ ਦੀ ਸਾਂਝਾ ਫਰੰਟ ਦੀ ਲੁਧਿਆਣਾ ਕਨਵੈਨਸ਼ਨ ਦੇ ਫੈਸਲਿਆਂ ਅਨੁਸਾਰ 15 ਫਰਵਰੀ ਨੂੰ ਸਮੁੱਚੇ ਪੰਜਾਬ ਵਿੱਚ ਜ਼ਿਲ੍ਹਾ ਪੱਧਰੀ ਰੋਸ ਰੈਲੀਆਂ ਕਰਕੇ ਡਿਪਟੀ ਕਮਿਸ਼ਨਰਾਂ ਰਾਹੀਂ ਮੰਗ ਪੱਤਰ ਭੇਜੇ ਜਾ ਰਹੇ ਹਨ। 19 ਫਰਵਰੀ ਨੂੰ ਚੰਡੀਗੜ੍ਹ ਵਿਖੇ ਵਿਸ਼ਾਲ ਸੂਬਾਈ ਰੈਲੀ ਕਰਕੇ ਸਰਕਾਰ ਨੂੰ ਘੇਰਿਆ ਜਾਵੇਗਾ। ਆਗੂਆਂ ਨੇ ਦੱਸਿਆ ਕਿ ਪੰਦਰਾਂ ਫਰਵਰੀ ਦੀ ਜ਼ਿਲ੍ਹਾ ਪੱਧਰੀ ਰੈਲੀ ਲਈ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ ਅਤੇ ਮੁਲਾਜ਼ਮਾਂ ਨੂੰ ਰੈਲੀ ਵਿੱਚ ਸ਼ਾਮਲ ਕਰਵਾਉਣ ਲਈ ਵੱਖ-ਵੱਖ ਧਿਰਾਂ ਦੇ ਆਗੂਆਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ ਅਤੇ ਮੁਲਾਜ਼ਮਾਂ ਦਾ ਧਿਰਾਂ ਵਾਇਜ਼ ਕੋਟਾ ਲਗਾ ਦਿੱਤਾ ਗਿਆ ਹੈ। ਆਗੂਆਂ ਨੇ ਦੱਸਿਆ ਕਿ ਜ਼ਿਲ੍ਹਾ ਪੱਧਰੀ ਰੈਲੀ ਡਿਪਟੀ ਕਮਿਸ਼ਨਰ ਦਫਤਰ ਦੇ ਸਾਹਮਣੇ ਪੁੱਡਾ ਗਰਾਊਂਡ ਵਿੱਚ ਇੱਕ ਵਜੇ ਤੋਂ ਚਾਰ ਵਜੇ ਤੱਕ ਹੋਵੇਗੀ। ਮੁਲਾਜਮ ਮੰਗਾਂ ਦਾ ਜ਼ਿਕਰ ਕਰਦਿਆਂ ਆਗੂਆਂ ਨੇ ਕਿਹਾ ਕਿ ਪੁਰਾਣੀ ਪੈਨਸ਼ਨ ਬਹਾਲੀ ਦਾ ਪੂਰਾ ਨੋਟੀਫਿਕੇਸ਼ਨ ਤੁਰੰਤ ਜਾਰੀ ਕੀਤਾ ਜਾਵੇ,ਵੱਖ-ਵੱਖ ਵਿਭਾਗਾਂ ਵਿੱਚ ਵੱਖ-ਵੱਖ ਸਕੀਮਾਂ ਵਿੱਚ ਕੰਮ ਕਰਦੇ ਸਮੂਹ ਕੱਚੇ ਮੁਲਾਜ਼ਮਾਂ ਨੂੰ ਤੁਰੰਤ ਰੈਗੂਲਰ ਕੀਤਾ ਜਾਵੇ, ਪੈਨਸ਼ਨਰਾਂ ਨੂੰ ਪੈਨਸ਼ਨ ਰੀਵਾਈਜ਼ ਲਈ 2.59 ਦਾ ਗੁਣਾਂਕ ਦਿੱਤਾ ਜਾਵੇ, 01/01/2016 ਤੋਂ 30/06/2021 ਤੱਕ ਪੇ ਕਮਿਸ਼ਨ ਦੇ ਬਣਦੇ ਬਕਾਏ ਤੁਰੰਤ ਨਗਦ ਦਿੱਤੇ ਜਾਣ, ਮੈਡੀਕਲ ਭੱਤਾ 2000/-ਰੁਪਏ ਕੀਤਾ ਜਾਵੇ,200/—ਰੁਪਏ ਮਹੀਨਾ ਦੀ ਜਬਰੀ ਜਜ਼ੀਆ ਕਟੌਤੀ ਬੰਦ ਕੀਤੀ ਜਾਵੇ,ਹਰ ਪ੍ਰਕਾਰ ਦੇ ਮਾਣ ਭੱਤਾ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਸਮੇਂ ਤੱਕ ਘੱਟੋ ਘੱਟ ਉਜਰਤ ਦੇ ਘੇਰੇ ਵਿੱਚ ਲਿਆ ਕੇ 18000 ਰੁਪਏ ਮਹੀਨਾ ਤਨਖਾਹ ਦਿੱਤੀ ਜਾਵੇ, ਸਮੂਹ ਵਿਭਾਗਾਂ ਦੀਆਂ ਖਾਲੀ ਆਸਾਮੀਆਂ ਨੂੰ ਤੁਰੰਤ ਪੂਰੇ ਗਰੇਡਾਂ ਵਿੱਚ ਭਰਿਆ ਜਾਵੇ, ਅੱਠਵੇਂ ਕੇਂਦਰੀ ਤਨਖਾਹ ਕਮਿਸ਼ਨ ਦਾ ਗਠਨ ਕਰਵਾਉਣ ਲਈ ਆਦਿ ਮੰਗਾਂ ਨੂੰ ਰੈਲੀ ਦੌਰਾਨ ਜੋਰਦਾਰ ਢੰਗ ਨਾਲ ਉਭਾਰਿਆ ਜਾਵੇਗਾ। ਆਗੂਆਂ ਨੇ ਕਿਹਾ ਕਿ ਜੇਕਰ ਭਗਵੰਤ ਮਾਨ ਸਰਕਾਰ ਨੇ ਤੁਰੰਤ ਮੰਗਾਂ ਦੇ ਨਿਪਟਾਰੇ ਲਈ ਯੋਗ ਕਦਮ ਨਾ ਚੁੱਕੇ ਤਾਂ ਬਜਟ ਸੈਸ਼ਨ ਦੇ ਦੌਰਾਨ ਸਮਾਨੰਤਰ ਐਕਸ਼ਨ ਦੀ ਕਾਰਵਾਈ ਚਲਾ ਕੇ ਪੰਜਾਬ ਸਰਕਾਰ ਦੇ ਮੁਲਾਜ਼ਮਾਂ ਅਤੇ ਆਮ ਲੋਕਾਂ ਵਿਰੋਧੀ ਚਿਹਰੇ ਨੂੰ ਲੋਕਾਂ ਵਿੱਚ ਲਗਾਤਾਰ ਨੰਗਾ ਕੀਤਾ ਜਾਵੇਗਾ। ਆਗੂਆਂ ਨੇ ਸਮੂਹ ਮੁਲਾਜ਼ਮਾਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਰੈਲੀ ਵਿੱਚ ਸ਼ਾਮਲ ਹੋਣ ਦੀ ਪੁਰਜ਼ੋਰ ਅਪੀਲ ਵੀ ਕੀਤੀ। ਇਸ ਸਮੇਂ ਹੋਰਨਾਂ ਤੋਂ ਇਲਾਵਾ ਅਮਨਦੀਪ ਸਿੰਘ, ਤੇਜਿੰਦਰ ਸਿੰਘ, ਪ੍ਰੇਮ ਲਾਲ, ਭਾਰਤ ਭੂਸ਼ਨ, ਜਾਗੀਰ ਸਿੰਘ, ਠੌਰੂ ਸਿੰਘ, ਕੁਲਵਿੰਦਰ ਸਿੰਘ ਜੋਸਨ, ਹਰਿੰਦਰ ਸਿੰਘ ਚੀਮਾ ਆਦਿ ਹਾਜ਼ਰ ਹੋਏ।

# ਬਿਜਲੀ ਦੀਆਂ ਤਾਰਾਂ ਚੋਰੀ ਕਰਨ ਵਾਲਾ ਗ੍ਰਿਫ਼ਤਾਰ



**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਉਂਕਾਰ ਸਿੰਘ )**-ਟਾਂਡਾ ਪੁਲਸ ਨੇ ਇਕ ਵਿਅਕਤੀ ਨੂੰ ਨਸ਼ੀਲੇ ਪਦਾਰਥ ਸਮੇਤ ਕਾਬੂ ਕੀਤਾ ਹੈ ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਮੁਖੀ ਟਾਂਡਾ ਐਸ.ਆਈ ਮਲਕੀਅਤ ਸਿੰਘ ਨੇ ਦੱਸਿਆ ਕਿ ਜਿਲਾ ਪੁਲਸ ਮੁਖੀ ਸਰਤਾਜ ਸਿੰਘ ਚਾਹਲ ਦੇ ਦਿਸ਼ਾ-ਨਿਰਦੇਸਾਂ ਤੇ ਜਿਲ੍ਹੇ ਅੰਦਰ ਨਸ਼ਾ ਵੇਚਣ ਵਾਲੇ ਮਾੜੇ ਅਨਸਰਾਂ ਉੱਪਰ ਕਾਬੂ ਪਾਉਣ ਲਈ ਵਿਸ਼ੇਸ਼ ਮੁਹਿੰਮ ਚਲਾਈ ਹੋਈ ਹੈ ਇਸੇ ਦੌਰਾਨ ਡੀ ਐਸ ਪੀ ਟਾਂਡਾ ਕੁਲਵੰਤ ਸਿੰਘ ਦੀ ਅਗਵਾਈ ਹੇਠ ਟਾਂਡਾ ਪੁਲਸ ਉਸ ਵੇਲੇ ਵੱਡੀ ਸਫਲਤਾ ਹਾਸਲ ਹੋਈ ਜਦੋਂ ਏ ਐਸ ਆਈ ਰਾਜੇਸ਼ ਕੁਮਾਰ, ਚੌਕੀ ਇੰਚਾਰਜ ਸਰਾ, ਥਾਣਾ ਟਾਂਡਾ ਨੇ ਚੋਰੀਆਂ ਕਰਨ ਵਾਲੇ ਹਰਮਨ ਸਿੰਘ ਪੁੱਤਰ ਗੁਰਦੀਪ ਸਿੰਘ ਵਾਸੀ ਮਾੜੀ ਪੰਨਵਾਂ ਥਾਣਾ ਸ੍ਰੀ ਹਰਗੋਬਿੰਦਪੁਰ ਗੁਰਦਾਸਪੁਰ ਨੂੰ ਕਾਬੂ ਕਰਕੇ ਉਸ ਪਾਸੋਂ ਚੋਰੀ ਸੁਦਾ ਮੋਟਰਸਾਈਕਲ 08 0241, ਬਿਜਲੀ ਦੀਆ ਤਾਰਾਂ ਤੇ ਪਲਾਸ ਲੋਹਾ ਬਰਾਮਦ ਕੀਤਾ ਹੈ।

# ਪੁਲਸ ਨੇ ਪ੍ਰਵਾਸੀ ਮਜ਼ਦੂਰ ਦੇ ਅੰਨ੍ਹੇ ਕਤਲ ਦੀ ਗੁੱਥੀ ਨੂੰ ਸੁਲਝਾਇਆ, 5 ਗ੍ਰਿਫ਼ਤਾਰ

**ਜਲੰਧਰ (ਸੁਰਿੰਦਰ ਕੁਮਾਰ)**

ਸਥਾਨਕ ਜਲੰਧਰ ਸ਼ਹਿਰੀ ਕਮਿਸ਼ਨਰ ਦੀ ਪੁਲਸ ਨੇ ਇੱਕ ਪ੍ਰਵਾਸੀ ਮਜ਼ਦੂਰ ਦੇ ਹੋਏ ਕਤਲ ਦੇ ਮਾਮਲੇ ਨੂੰ ਹੱਲ ਕੀਤਾ ਹੈ। ਇਸ ਸੰਬੰਧ ਵਿੱਚ ਪੰਜ ਦੋਸ਼ੀਆਂ ਨੂੰ ਕੀਤਾ ਕਾਬੂ ਹੈ। ਇਸ ਸੰਬੰਧ ਵਿੱਚ ਜਲੰਧਰ ਦੇ ਪੁਲਸ ਕਮਿਸ਼ਨਰ ਕੁਲਦੀਪ ਸਿੰਘ ਚਾਹਲ ਵੱਲੋਂ ਮਾੜੇ ਅਨਸਰਾਂ ਖਿਲਾਫ ਚਲਾਈ ਗਈ ਮੁਹਿੰਮ ਤਹਿਤ ਜਸਕਿਰਨਜੀਤ ਸਿੰਘ ਤੇਜਾ ਦੀ ਯੋਗ ਅਗਵਾਈ ਅਤੇ ਕੰਵਲਪ੍ਰੀਤ ਸਿੰਘ, ਪਰਮਜੀਤ ਸਿੰਘ ਅਤੇ ਦਮਨਵੀਰ ਸਿੰਘ ਦੀ ਨਿਗਰਾਨੀ ਹੇਠ ਇੰਸ. ਇੰਦਰਜੀਤ ਸਿੰਘ, ਇੰਚਾਰਜ ਸਪੈਸ਼ਲ ਅਪਰੇਸ਼ਨ ਯੂਨਿਟ ਅਤੇ ਇੰਸ. ਕਮਲਜੀਤ ਸਿੰਘ ਮੁੱਖ ਅਫਸਰ ਥਾਣਾ ਡਵੀਜ਼ਨ ਨੰ. 3 ਜਲੰਧਰ ਵੱਲੋਂ ਮਿਤੀ 09.02.2023 ਦੀ ਰਾਤ ਨੂੰ ਰੇਲਵੇ ਸਟੇਸ਼ਨ ਜਲੰਧਰ ਤੋਂ ਟਰੇਨ ’ਚੋਂ ਉਤਰ ਕੇ ਆਏ 3 ਪ੍ਰਵਾਸੀ ਮਜ਼ਦੂਰਾਂ ਪਾਸੋਂ ਦਮੋਰੀਆ ਪੁਲ ਥੱਲੇ ਲੁੱਟਖੋਹ ਦੇ ਇਰਾਦੇ ਨਾਲ ਉਹਨਾਂ ’ਤੇ ਕਾਤਲਾਨਾ ਹਮਲਾ ਕਰਕੇ ਚਾਕੂ ਨਾਲ ਇੱਕ ਪ੍ਰਵਾਸੀ ਮਜ਼ਦੂਰ ਪ੍ਰਵੀਨ ਸ਼ੁਕਲਾ ਉਮਰ 28 ਸਾਲ ਦਾ ਕਤਲ ਕਰਨ ਉਪਰੰਤ 300 ਰੁਪਏ ਦੀ ਖੋਹ ਕਰਨ ਵਾਲੇ ਨਾਮਲੂਮ ਦੋਸ਼ੀਆਂ ਨੂੰ ਟਰੇਸ ਕਰਕੇ ਇਸ ਅੰਨ੍ਹੇ ਕਤਲ ਦੀ ਵਾਰਦਾਤ ਨੂੰ ਅੰਜਾਮ ਦੇਣ ਵਾਲੇ 5 ਦੋਸ਼ੀਅਨ ਨੂੰ ਗ੍ਰਿਫਤਾਰ ਕਰਨ ਵਿੱਚ ਵੱਡੀ ਸਫਲਤਾ ਹਾਸਲ ਕੀਤੀ ਹੈ। ਇਸ ਸੰਬੰਧੀ ਮੁੱਕਦਮਾ ਥਾਣਾ ਡਵੀਜ਼ਨ ਨੰ. 3 ਜਲੰਧਰ ਦਰਜ ਰਜਿਸਟਰ ਹੈ। ਮੁਦਈ ਮੁੱਕਦਮਾ ਲਲੂ ਪੁੱਤਰ ਮੋਤੀ ਲਾਲ ਵਾਸੀ ਪਿੰਡ ਤਲਵਾਨੀ (ਉੱਤਰ ਪ੍ਰਦੇਸ਼) ਸਮੇਤ ਇੱਕ ਬਜ਼ੁਰਗ ਪਿਆਰੇ ਅਤੇ ਮੁਦਈ ਦੇ ਚਾਚੇ ਦਾ ਲੜਕਾ ਪ੍ਰਵੀਨ ਸ਼ੁਕਲਾ ਉਮਰ 28 ਸਾਲ ਇਹ ਤਿੰਨੇ ਜ਼ਿਲ੍ਹਾ ਗੋਂਡਾ ਉਤਰ ਪ੍ਰਦੇਸ਼ ਤੋਂ ਟਰੇਨ ਰਾਹੀਂ ਮਿਤੀ 09.02.2023 ਨੂੰ ਵਕਤ 10:30 ਰਾਤ ਰੇਲਵੇ ਸਟੇਸ਼ਨ ਜਲੰਧਰ ਪੁੱਜੇ ਸਨ। ਜਦੋਂ ਇਹ ਤਿੰਨੇ ਰੇਲਵੇ ਸਟੇਸਨ ਤੋਂ ਪੈਦਲ ਪਟੇਲ ਚੌਕ ਵੱਲ ਨੂੰ ਜਾ ਰਹੇ ਸਨ ਤਾਂ ਵਕਤ ਕਰੀਬ 11:10 ਰਾਤ ਇਹ ਜਦੋਂ ਦਮੋਰੀਆ ਪੁਲ ਹੇਠਾਂ ਪੁੱਜੇ ਤਾਂ ਸਾਹਮਣੇ ਤੋਂ 2 ਨੌਜਵਾਨ ਆਏ ਜਿਹਨਾਂ ਨੇ ਲੁੱਟਖੋਹ ਕਰਨ ਦੇ ਇਰਾਦੇ ਨਾਲ ਇਹਨਾਂ ਨਾਲ ਹੱਥੋਪਾਈ ਕੀਤੀ ਤੇ ਇੱਕ ਨੌਜਵਾਨ ਨੇ ਪ੍ਰਵੀਨ ਸ਼ੁਕਲਾ ਦੀ ਖੱਬੀ ਵੱਖੀ ਅਤੇ ਛਾਤੀ ਵਿੱਚ ਸੱਜੇ ਪਾਸੇ ਚਾਕੂ ਨਾਲ ਵਾਰ ਕਰਕੇ ਉਸ ਨੂੰ ਜ਼ਖਮੀ ਕਰ ਦਿੱਤਾ ਅਤੇ ਪ੍ਰਵੀਨ ਦੀ ਜੇਬ ਵਿੱਚੋਂ 300 ਰੁਪਏ ਕੱਢ ਕੇ ਮੌਕੇ ਤੋਂ ਫਰਾਰ ਹੋ ਗਏ। ਪ੍ਰਵੀਨ ਸ਼ੁਕਲਾ ਨੂੰ ਸਿਵਲ ਹਸਪਤਾਲ ਜਲੰਧਰ ਵਿਖੇ ਇਲਾਜ ਲਈ ਲਿਜਾਇਆ ਗਿਆ ਜਿਥੇ ਡਾਕਟਰ ਨੇ ਉਸ ਨੂੰ ਮ੍ਰਿਤਕ ਘੋਸ਼ਤ ਕੀਤਾ। ਜਿਸ ਸਬੰਧੀ ਮੁੱਦਈ ਲਲੂ ਦੇ ਬਿਆਨ ’ਤੇ ਇੰਸ. ਕਮਲਜੀਤ ਸਿੰਘ ਮੁੱਖ ਅਫਸਰ ਥਾਣਾ ਡਵੀਜ਼ਨ ਨੰ. 3 ਜਲੰਧਰ ਵੱਲੋਂ ਮੁੱਕਦਮਾ ਉਕਤ ਬਰਖਿਲਾਫ ਨਾਮਲੂਮ ਵਿਅਕਤੀਆਂ ਦਰਜ ਰਜਿਸਟਰ ਕੀਤਾ ਗਿਆ। ਇਸ ਕਤਲ ਦੀ ਵਾਰਦਾਤ ਨੂੰ ਟਰੇਸ ਕਰਨ ਅਤੇ ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਲਈ ਇੰਸਪੈਕਟਰ ਇੰਦਰਜੀਤ ਸਿੰਘ, ਇੰਚਾਰਜ ਸਪੈਸ਼ਲ ਅਪਰੇਸ਼ਨ ਯੂਨਿਟ ਅਤੇ ਇੰਸ. ਕਮਲਜੀਤ ਸਿੰਘ ਮੁੱਖ ਅਫਸਰ ਥਾਣਾ ਡਵੀਜ਼ਨ ਨੰ. 3 ਜਲੰਧਰ ਦੀਆਂ ਵੱਖ-ਵੱਖ ਟੀਮਾਂ ਦਾ ਗਠਨ ਕੀਤਾ ਗਿਆ ਸੀ, ਜਿਹਨਾਂ ਵੱਲੋਂ ਇਸ ਕਤਲ ਦੀ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਹੇਠ ਲਿਖੇ ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਗਿਆ। ਜੋ ਦੋਸ਼ੀਅਨ ਪਾਸੋਂ ਪੁੱਛਗਿੱਛ ਦੌਰਾਨ ਇਸ ਗੱਲ ਦਾ ਖੁਲਾਸਾ ਹੋਇਆ ਕਿ ਦੋਸ਼ੀ ਸੁਰੇਸ਼ ਕੁਮਾਰ ਅਤੇ ਰਵੀ ਕੁਮਾਰ ਵੱਲੋਂ ਮੁਦਈ ਮੁਕੱਦਮਾ ਅਤੇ ਇਸ ਦੇ ਸਾਥੀਆਂ ’ਤੇ ਹਮਲਾ ਕਰਕੇ ਇਹਨਾਂ ਦੋਸ਼ੀਆਂ ਵੱਲੋਂ ਪ੍ਰਵੀਨ ਸ਼ੁਕਲਾ ਦੇ ਚਾਕੂ ਮਾਰ ਕੇ ਉਸ ਦਾ ਕਤਲ ਕੀਤਾ ਅਤੇ ਇਹਨਾਂ ਨਾਲ ਵਾਰਦਾਤ ਵਿੱਚ ਸ਼ਾਮਲ 3 ਦੋਸ਼ੀਅਨ ਮੂਰਤੀ, ਮਨੋਜ ਕੁਮਾਰ ਅਤੇ ਰਵੀ ਜੋ ਕਿ ਥੋੜ੍ਹੀ ਦੂਰੀ ਘਰ ਹੀ ਤਿਆਰ ਉਕਤ ਦੋਨੋਂ ਦੋਸ਼ੀਆਂ ਦੀ ਮਦਦ ਲਈ ਖੜ੍ਹੇ ਸਨ। ਦੋਸ਼ੀਆਂ ਨੂੰ ਪੇਸ਼ ਅਦਾਲਤ ਕਰਕੇ ਇਹਨਾਂ ਦਾ ਰਿਮਾਂਡ ਹਾਸਲ ਕਰਨ ਉਪਰੰਤ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ, ਜਿਸ ਤੋਂ ਹੋਰ ਦੀ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।

# ਡਾ. ਪਾਲ ਸਿੰਘ ਮੁੜ ਤੋਂ ਤੀਜੀ ਵਾਰ ਪ੍ਰਧਾਨ ਚੁਣੇ



**ਮੋਰਿੰਡਾ (ਜੈਜੀ ਸਰਦਾਰ)**-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਮੋਰਿੰਡਾ ਦੀ ਚੋਣ ਮੀਟਿੰਗ ਹੋਈ ਜਿਸ ਵਿੱਚ ਪੁਰਾਣੀ ਕਮੇਟੀ ਨੂੰ ਭੰਗ ਕਰਕੇ ਨਵੀਂ ਕਮੇਟੀ ਚੁਣੀ ਗਈ ਇਸ ਮੀਟਿੰਗ ਵਿੱਚ ਡਾਕਟਰ ਪਾਲ ਸਿੰਘ ਉਹਨਾਂ ਨੂੰ ਮੁੜ ਤੋਂ ਤੀਸਰੀ ਵਾਰ ਬਲਾਕ ਮੋਰਿੰਡਾ ਦੀ ਮੈਡੀਕਲ ਪ੍ਰੈਕਟੀਸਨਰਜ ਐਸੋਸੀਏਸ਼ਨ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ। ਡਾਕਟਰ ਕਰਨੈਲ ਸਿੰਘ ਨੂੰ ਬਲਾਕ ਚੇਅਰਮੈਨ ਅਤੇ ਡਾਕਟਰ ਰਾਜ ਮਸਾਲ ਨੂੰ ਬਲਾਕ ਦਾ ਜਰਨਲ ਸਕੱਤਰ ਤੇ ਡਾਕਟਰ ਜਸਵੰਤ ਸਿੰਘ ਨੂੰ ਖਜਾਨਚੀ ਨਿਯੁਕਤ ਕੀਤਾ ਗਿਆ। ਇਸ ਮੌਕੇ ਡਾਕਟਰ ਸੀਤਾ ਰਾਮ ਰਾਣਾ ਜੀ ਦਾ 60ਵਾਂ ਜਨਮ ਦਿਨ ਵੀ ਮਨਾਇਆ ਗਿਆ ਅਤੇ ਪੂਰੀ ਟੀਮ ਨੇ ਡਾਕਟਰ ਸੀਤਾ ਰਾਮ ਰਾਣਾ ਜੀ ਦੀ ਲੰਬੀ ਉਮਰ ਅਤੇ ਤਰੱਕੀ ਦੀ ਮੁਬਾਰਕਾਂ ਦਿੱਤੀਆਂ ਗਈ। ਇਸ ਮੌਕੇ ਡਾ .ਜਸਵਿੰਦਰ ਸਿੰਘ ਗੜਾਂਗਾ, ਡਾ.ਜਸਵਿੰਦਰ ਸਿੰਘ ਮੋਰਿੰਡਾ, ਡਾ. ਮਹਿੰਦਰਪਾਲ ਸਿੰਘ, ਡਾ. ਰਾਕੇਸ਼ ਕੁਮਾਰ ਕੋਟਲੀ, ਡਾ. ਸਨੀ, ਡਾ. ਅਜੀਤ ਸਿੰਘ, ਡਾ. ਅਵਤਾਰ ਸਿੰਘ, ਡਾ. ਕੁਲਦੀਪ ਸਿੰਘ, ਡਾ.ਨਵਦੀਪ ਸਿੰਘ, ਡਾ. ਰਾਜਵਿੰਦਰ ਸਿੰਘ ਰਾਜੂ, ਡਾ.ਰਮੇਸ਼ ਸ਼ਰਮਾ ਹਾਜ਼ਰ ਸਨ।

# 42 ਸਾਲਾ ਵਿਅਕਤੀ ਨੇ ਅੱਗ ਲਾ ਕੇ ਕੀਤੀ ਖੁਦਕੁਸ਼ੀ

**ਮਾਹਿਲਪੁਰ (ਸਫਰੀ)**-ਥਾਣਾ ਮਾਹਿਲਪੁਰ ਅਧੀਨ ਆਉਂਦੇ ਪਿੰਡ ਹੱਲੂਵਾਲ ਦੇ ਇਕ ਵਿਅਕਤੀ ਨੇ ਆਪਣੇ ਆਪ ਨੂੰ ਅੱਗ ਦੇ ਹਵਾਲੇ ਕਰਕੇ ਕੀਤੀ ਜੀਵਨ ਲੀਲਾ ਖਤਮ। ਮੌਕੇ ’ਤੇ ਪਹੁੰਚੀ ਥਾਣਾ ਮਾਹਿਲਪੁਰ ਦੀ ਪੁਲਸ ਨੇ ਮ੍ਰਿਤਕ ਰਘਬੀਰ ਸਿੰਘ ਪੁਤਰ ਗੁਲਜਾਰ ਸਿੰਘ ਵਾਸੀ ਹੱਲੂਵਾਲ ਥਾਣਾ ਮਾਹਿਲਪੁਰ ਜਿਲ੍ਹਾ ਹੁਸ਼ਿਆਰਪੁਰ ਦੇ ਭਰਾ ਬਲਵੀਰ ਸਿੰਘ ਨੇ ਦੱਸਿਆ ਕਿ ਮੇਰਾ ਭਰਾ ਦਿਮਾਗੀ ਪ੍ਰੇਸ਼ਾਨ ਸੀ ਤੇ ਸ਼ਰਾਬ ਪੀਣ ਦਾ ਆਦੀ ਸੀ। ਤਕਰੀਬਨ ਤਿੰਨ ਚਾਰ ਦਿਨ ਤੋਂ ਘਰੋਂ ਲਾਪਤਾ ਸੀ। ਅਸੀਂ ਸਾਰੀ ਰਿਸ਼ਤੇਦਾਰੀ ਵਿੱਚ ਲੱਭਣ ਦੀ ਕੋਸ਼ਿਸ਼ ਕੀਤੀ ਪਰ ਕੋਈ ਸੁਰਾਗ ਨਹੀਂ ਲੱਗਾ। ਇਹ ਪਹਿਲਾਂ ਵੀ ਕਾਫੀ ਕਾਫੀ ਸਮਾਂ ਬਿਨਾਂ ਦੱਸੇ ਤੋਂ ਰਿਸ਼ਤੇਦਾਰਾਂ ਦੇ ਚਲਾ ਜਾਂਦਾ ਸੀ ਤੇ ਆਪਣੇ ਆਪ ਹੀ ਘਰ ਵਾਪਸ ਆ ਜਾਂਦਾ ਸੀ। ਹੁਣ ਤਿੰਨ ਚਾਰ ਦਿਨ ਤੋਂ ਘਰੋਂ ਲਾਪਤਾ ਹੋਣ ਤੋਂ ਬਾਅਦ ਸਵੇਰੇ ਸਾਨੂੰ ਪਤਾ ਲੱਗਾ ਕਿ ਰਘਵੀਰ ਸਿੰਘ ਦੀ ਲਾਸ਼ ਪਿੰਡ ਹੱਲੂਵਾਲ ਦੀ ਕੰਢੀ ਨਹਿਰ ਵਿਚ ਅੱਗ ਨਾਲ ਸੜੀ ਪਈ ਹੈ। ਜਿਸ ਦੇ ਕੋਲ ਪਾਈਆ ਕੋ ਸ਼ਰਾਬ ਅਤੇ ਇਕ ਬੋਤਲ ’ਚ ਥੋਹੜਾ ਜਿਹਾ ਡੀਜਲ ਪਿਆ ਸੀ। ਥਾਣਾ ਮਾਹਿਲਪੁਰ ਦੀ ਪੁਲਸ ਨੇ ਮੌਕੇ ’ਤੇ ਪਹੁੰਚ ਕੇ ਭਰਾ ਬਲਵੀਰ ਸਿੰਘ ਦੇ ਬਿਆਨਾਂ ’ਤੇ ਬਣਦੀ ਕਾਰਵਾਈ ਕਰਕੇ ਲਾਸ਼ ਪੋਸਟਮਾਰਟਮ ਲਈ ਭੇਜ ਦਿੱਤੀ ਹੈ।

# ਬਹਿਰਾਮਪੁਰ ਬੇਟ ਦੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਦੇ ਨਵੇਂ ਕਮਰੇ ਦਾ ਨੀਂਹ ਪੱਥਰ ਰੱਖਿਆ



**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)**

ਨਜ਼ਦੀਕੀ ਕਸਬਾ ਬਹਿਰਾਮਪੁਰ ਬੇਟ ਦੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਦੇ ਨਵੇਂ ਕਮਰੇ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਪੰਚ ਰਾਜਿੰਦਰ ਸਿੰਘ ਨੇ ਦੱਸਿਆ ਕਿ ਪਿੰਡ ਦੀ ਪੰਚਾਇਤ ਅਤੇ ਸਿੱਖਿਆ ਵਿਭਾਗ ਦੇ ਯਤਨਾਂ ਸਦਕਾ ਸਮੱਗਰ ਸਿੱਖਿਆ ਅਧੀਨ ਜਾਰੀ ਹੋਈ ਗ੍ਰਾਂਟ ਦੇ ਤਹਿਤ ਅੱਜ ਸ਼ਾਨਦਾਰ ਕਮਰੇ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਦਵਿੰਦਰਪਾਲ ਸਿੰਘ ਬੇਦੀ, ਸਰਪੰਚ ਐਡਵੋਕੇਟ ਕੁਲਦੀਪ ਸਿੰਘ ਰਾਣਾ, ਬੀ. ਐੱਮ. ਟੀ ਦਲਜੀਤ ਸਿੰਘ ਜਟਾਣਾਂ, ਸੀ ਐੱਚ ਟੀ ਮੈਡਮ ਜਸਵੀਰ ਕੌਰ, ਮੈਡਮ ਕਮਲਜੀਤ ਕੌਰ, ਮੈਡਮ ਰੇਖਾ ਰਾਣੀ, ਮੈਡਮ ਸੰਧਿਆ, ਕੁਲਵਿੰਦਰ ਸਿੰਘ, ਕਰਨਪ੍ਰੀਤ ਸਿੰਘ, ਸ਼ਮਸ਼ੇਰ ਸਿੰਘ, ਗੁਰਦੀਪ ਸਿੰਘ ਤੋਂ ਇਲਾਵਾ ਪਿੰਡ ਦੀ ਪੰਚਾਇਤ ਅਤੇ ਪਤਵੰਤਿਆਂ ਵਿਚ ਪਰਮਜੀਤ ਸਿੰਘ ਰਾਣਾ, ਰਾਮ ਸਿੰਘ, ਗੁਰਨਾਮ ਸਿੰਘ, ਮੋਹਣ ਸਿੰਘ, ਮਦਨ ਲਾਲ ਪੰਚ, ਨਰਿੰਦਰ ਸਿੰਘ ਪੰਚ, ਹਰਭਜਨ ਸਿੰਘ, ਗੁਰਮੀਤ ਸਿੰਘ ਐੱਲ ਆਈ ਸੀ ਅਡਵਾਈਜ਼ਰ ਅਤੇ ਬਲਜਿੰਦਰ ਸਿੰਘ ਹਾਜ਼ਰ ਸਨ।

# ਵਿਦਿਆਰਥੀਆਂ ਦੀਆਂ ਹੱਕੀ ਮੰਗਾਂ ਦੇ ਹੱਕ ’ਚ 14 ਮਾਰਚ ਨੂੰ ਮੁਜ਼ਾਹਰਾ

**ਰੋਪੜ (ਬਿੰਦਰਾ)**

ਵਿਦਿਆਰਥੀਆਂ ਦੀਆਂ ਹੱਕੀ ਮੰਗਾਂ ਦੇ ਹੱਕ ’ਚ ਮੁੱਖ ਮੰਤਰੀ ਦੇ ਗ੍ਰਹਿ ਸੰਗਰੂਰ ਅੱਗੇ ਧਰਨਾ ਤੇ ਮੁਜ਼ਾਹਰਾ 24 ਮਾਰਚ ਨੂੰ ਕੀਤਾ ਜਾਵੇਗਾ। ਇਹ ਐਲਾਨ ਪੰਜਾਬ ਸਟੂਡੈਂਟਸ ਯੂਨੀਅਨ ਦੇ ਪ੍ਰਧਾਨ ਰਣਵੀਰ ਸਿੰਘ ਰੰਧਾਵਾ ਨੇ ਇਥੇ ਸਰਕਾਰੀ ਕਾਲਜ ਰੋਪੜ ਦੀ ਯੂਨੀਅਨ ਮੀਟਿੰਗ ਵਿੱਚ ਬੋਲਦਿਆਂ ਕੀਤਾ। ਪੰਜਾਬ ਸਟੂਡੈਂਟਸ ਯੂਨੀਅਨ ਸਰਕਾਰੀ ਕਾਲਜ ਰੋਪੜ ਦੀ ਮੀਟਿੰਗ ਅਮਨਦੀਪ ਸਿੰਘ ਭਲਿਆਨ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿਚ ਬੋਲਦਿਆਂ ਰੰਧਾਵਾ ਨੇ ਕਿਹਾ ਕਿ ਇਕ ਸਮਸਟਰ ਵਿੱਚ 90 ਦਿੰਨ ਦੀਆਂ ਕਲਾਸਾਂ ਨੂੰ ਜਰੂਰੀ ਬਣਾਉਣ, ਘੱਟ ਗਿਣਤੀ ਦੇ ਬਚਿਆਂ ਦੀ ਵਜੀਫਾ ਸਕੀਮ ਅਤੇ ਜਨਰਲ ਵਰਗ ਲਈ ਮੁੱਖ ਮੰਤਰੀ ਦੀ ਵਜੀਫਾ ਸਕੀਮ ਲਾਗੂ ਕਰਵਾਉਣ, ਆਈ ਟੀ ਆਈ ਵਿੱਚ ਅਧਿਆਪਕਾਂ ਦੀ ਭਰਤੀ ਕਰਨ, ਵਿਦਿਆਰਥੀਆਂ ਨੂੰ ਟ੍ਰੇਨਿੰਗ ਦੌਰਾਨ ਟ੍ਰੇਨਿੰਗ ਭੱਤਾ ਦੇਣ ਆਦਿ ਮੰਗਾਂ ਨੂੰ ਲੈਕੇ 22 ਮਾਰਚ ਨੂੰ ਸੰਗਰੂਰ ਵਿਖੇ ਮੁੱਖ ਮੰਤਰੀ ਦੀ ਕੋਠੀ ਅੱਗੇ ਮੁਜਾਹਰਾ ਕੀਤਾ ਜਾਵੇ ਗਾ ਅਤੇ ਧਰਨਾ ਜਾਵੇਗਾ। ਇਸ ਮੌਕੇ ਰੋਹਿਤ ਕੁਮਾਰ ਨੂੰ ਜਿਲ੍ਹਾ ਪ੍ਰਧਾਨਗੀ ਤੋਂ ਵਿਦਾਇਗੀ ਦਿੱਤੀ ਗਈ ਅਤੇ ਉਹਨਾਂ ਦੇ ਕਮ ਦੀ ਸ਼ਲਾਘਾ ਕੀਤੀ ਗਈ। ਰਾਣਾ ਪਰਤਾਪ ਰੰਗੀਲਪੁਰ ਨੂੰ ਨਵਾਂ ਪ੍ਰਧਾਨ ਚੁਣਿਆ ਗਿਆ। ਇਸ ਅਵਸਰ ਤੇ ਪੀਐੱਸਯੂ ਦੇ ਮੈਂਬਰ ਕੇਸਵ ਬਾਵਾ, ਅਮਨਦੀਪ ਸਿੰਘ ਅਸਮਾਨ ਪੁਰ, ਆਕਾਸ, ਗੋਬਿੰਦ, ਜਸਪ੍ਰੀਤ ਕੌਰ, ਰਮਨਦੀਪ ਕੌਰ, ਸਰੁਤੀ, ਜਸਪਿੰਦਰ ਸਿੰਘ, ਬਲਵਿੰਦਰ ਕੌਰ, ਮਨਪ੍ਰੀਤ ਕੌਰ, ਅਰਪਨਾ ਆਦਿ ਹਾਜ਼ਰ ਸਨ।

# ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਭੰਗੀ ਚੋਅ ਨੂੰ ਬਣਾਇਆ ਜਾਵੇਗਾ ਕੂੜਾ ਮੁਕਤ : ਤਿਵਾੜੀ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਨਗਰ ਨਿਗਮ ਵੱਲੋਂ ਹੁਸ਼ਿਆਰਪੁਰ ਦੇ ਭੰਗੀ ਚੋਅ ਨੂੰ ਕੂੜਾ ਮੁਕਤ ਬਣਾਉਣ ਲਈ ਚਲਾਈ ਗਈ ਮੁਹਿੰਮ ਤਹਿਤ ਧੋਬੀ ਘਾਟ ਰੋਡ ਦੀ ਸਫਾਈ ਕਰਵਾਈ ਗਈ ਅਤੇ ਬੂਟੇ ਲਗਾ ਕੇ ਇਸ ਦਾ ਸੁੰਦਰੀਕਰਨ ਕੀਤਾ ਗਿਆ। ਸਹਾਇਕ ਕਮਿਸ਼ਨਰ ਨਗਰ ਨਿਗਮ ਸੰਦੀਪ ਤਿਵਾੜੀ ਨੇ ਦੱਸਿਆ ਕਿ ਇਸ ਮੁਹਿੰਮ ਨੂੰ ਸ਼ਹਿਰ ਵਾਸੀਆਂ ਵੱਲੋਂ ਭਰਪੂਰ ਸਹਿਯੋਗ ਮਿਲ ਰਿਹਾ ਹੈ ਅਤੇ ਉਨ੍ਹਾਂ ਨੂੰ ਭਰੋਸਾ ਹੈ ਕਿ ਇਸ ਮੁਹਿੰਮ ਤਹਿਤ ਭੰਗੀ ਚੋਅ ਨੂੰ ਕੂੜਾ ਮੁਕਤ ਬਣਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਅੱਜ ਦੀ ਮੁਹਿੰਮ ਵਿੱਚ ਸੰਕਰ ਨਗਰ ਵੈਲਫੇਅਰ ਸੁਸਾਇਟੀ, ਅਗਰਵਾਲ ਸੇਵਾ ਸੰਘ ਅਤੇ ਸੇਵਾ ਪਰਮੋ ਧਰਮ ਐਨ ਜੀ ਓ ਵੱਲੋਂ ਹਿੱਸਾ ਲਿਆ ਗਿਆ। ਸਹਾਇਕ ਕਮਿਸ਼ਨਰ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸ਼ਹਿਰ ਨੂੰ ਸਾਫ ਸੁਥਰਾ ਰੱਖਣ ਵਿੱਚ ਯੋਗਦਾਨ ਪਾਉਣ ਅਤੇ ਭੰਗੀ ਚੋਅ ਵਿੱਚ ਕੂੜਾ ਨਾ ਸੁੱਟਣ। ਉਨ੍ਹਾਂ ਕਿਹਾ ਕਿ ਕੂੜਾ ਸੁੱਟਣ ਵਾਲਿਆਂ ਖਿਲਾਫ ਨਗਰ ਨਿਗਮ ਵੱਲੋਂ ਸਖਤ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਚੀਫ ਸੈਨੇਟਰੀ ਇੰਸਪੈਕਟਰ ਸਰਬਜੀਤ ਸਿੰਘ, ਸੈਨੇਟਰੀ ਇੰਸਪੈਕਟਰ ਗੁਰਵਿੰਦਰ ਸਿੰਘ, ਜਨਕ ਰਾਜ, ਰਾਜੇਸ ਕੁਮਾਰ, ਐਮ ਆਈ ਐਸ ਗੌਰਵ ਕੁਮਾਰ ਵੀ ਹਾਜ਼ਰ ਸਨ।

# 100 ਬਿਸਤਰਿਆਂ ਵਾਲੇ ਅਤਿ-ਆਧੁਨਿਕ ਕ੍ਰਿਟੀਕਲ ਕੇਅਰ ਯੂਨਿਟ ਦਾ ਨਿਰਮਾਣ ਜਲਦ ਹੋਵੇਗਾ ਸ਼ੁਰੂ : ਡਿਪਟੀ ਕਮਿਸ਼ਨਰ

**ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**-ਡਿਪਟੀ ਕਮਿਸ਼ਨਰ ਜਸਪ੍ਰੀਤ ਸਿੰਘ ਨੇ ਦੱਸਿਆ ਕਿ ਸ਼ਹੀਦ ਬਾਬੂ ਲਾਭ ਸਿੰਘ ਸਿਵਲ ਹਸਪਤਾਲ ਵਿਖੇ ਨਵੇਂ ਕ੍ਰਿਟੀਕਲ ਕੇਅਰ ਯੂਨਿਟ ਦੇ ਨਿਰਮਾਣ ਦਾ ਕੰਮ ਤਿੰਨ ਮਹੀਨਿਆਂ ’ਚ ਸ਼ੁਰੂ ਹੋ ਜਾਵੇਗਾ ਅਤੇ ਇਸ ਪ੍ਰਾਜੈਕਟ ਦੇ ਟੈਂਡਰ ਇੱਕ ਮਹੀਨੇ ਦੇ ਅੰਦਰ-ਅੰਦਰ ਜਾਰੀ ਕੀਤੇ ਜਾਣ ਸੰਭਾਵਨਾ ਹੈ। ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਲੋਕ ਨਿਰਮਾਣ ਵਿਭਾਗ ਨਵੇਂ ਅਤਿ-ਆਧੁਨਿਕ ਕ੍ਰਿਟੀਕਲ ਕੇਅਰ ਯੂਨਿਟ ਦੀ ਉਸਾਰੀ ਦਾ ਕੰਮ ਜਲਦ ਤੋਂ ਜਲਦ ਸ਼ੁਰੂ ਕਰਨ ਦੀ ਤਿਆਰੀ ਵਿੱਚ ਹੈ। ਉਨ੍ਹਾਂ ਕਿਹਾ ਕਿ 100 ਬਿਸਤਰਿਆਂ ਵਾਲਾ ਇਹ ਨਵਾਂ ਕ੍ਰਿਟੀਕਲ ਕੇਅਰ ਯੂਨਿਟ ਜਿਲ੍ਹੇ ਵਿੱਚ ਗੰਭੀਰ ਮਰੀਜਾਂ ਦੇ ਮਿਆਰੀ ਇਲਾਜ ਲਈ ਰਾਹ ਪੱਧਰਾ ਕਰੇਗਾ। ਉਨ੍ਹਾਂ ਦੱਸਿਆ ਕਿ ਇਸ ਪ੍ਰਾਜੈਕਟ ਦਾ ਖਾਕਾ ਤਿਆਰ ਕਰਨ ਦਾ ਕੰਮ ਅੰਤਿਮ ਪੜਾਅ ’ਚ ਹੈ ਅਤੇ ਇਕ ਮਹੀਨੇ ਦੇ ਅੰਦਰ-ਅੰਦਰ ਟੈਂਡਰ ਜਾਰੀ ਕੀਤੇ ਜਾਣ ਦੀ ਸੰਭਾਵਨਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਇਸ ਪ੍ਰਾਜੈਕਟ ਦੀ ਕੁੱਲ ਲਾਗਤ 44.50 ਕਰੋੜ ਰੁਪਏ ਹੈ, ਜੋ ਕਿ ਸੂਬਾ ਅਤੇ ਕੇਂਦਰ ਸਰਕਾਰ ਦੋਵਾਂ ਵੱਲੋਂ ਸਾਂਝੇ ਤੌਰ ’ਤੇ ਸਹਿਣ ਕੀਤੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਇਹ ਵੀ ਦੱਸਿਆ ਕਿ ਪ੍ਰਾਜੈਕਟ ਲਈ ਕੁੱਲ ਤਿੰਨ ਥਾਵਾਂ ਦੀ ਸਨਾਖਤ ਕੀਤੀ ਗਈ ਸੀ ਅਤੇ ਵਿਚਾਰ-ਵਟਾਂਦਰੇ ਤੋਂ ਬਾਅਦ ਕਮੇਟੀ ਵੱਲੋਂ ਮੌਜੂਦਾ ਸਿਵਲ ਸਰਜਨ ਦਫਤਰ ਦੀ ਚੋਣ ਕੀਤੀ ਗਈ। ਉਨ੍ਹਾਂ ਦੱਸਿਆ ਕਿ ਲੋਕਾਂ ਨੂੰ ਸਸਤੀਆਂ ਪੈਥੋਲੋਜੀਕਲ ਸੇਵਾਵਾਂ ਮੁਹੱਈਆ ਕਰਵਾਉਣ ਲਈ ਏਕੀਕ੍ਰਿਤ ਪਬਲਿਕ ਹੈਲਥ ਲੈਬੋਰੇਟਰੀ ਸਥਾਪਤ ਕਰਨ ਦਾ ਵੀ ਪ੍ਰਸਤਾਵ ਹੈ। ਉਨ੍ਹਾਂ ਅੱਗੇ ਦੱਸਿਆ ਕਿ ਪ੍ਰਾਜੈਕਟ ਦੀ ਲਾਗਤ ਵਿੱਚ ਲੋੜੀਂਦੀ ਮਨੁੱਖੀ ਸਕਤੀ ਅਤੇ ਸਾਜੋ-ਸਾਮਾਨ ਦੀ ਖਰੀਦ ਲਈ ਫੰਡ ਵੀ ਸ਼ਾਮਲ ਹਨ। ਇਸ ਸੰਬੰਧੀ ਹੋਰ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਰਮਨ ਸ਼ਰਮਾ ਨੇ ਕਿਹਾ ਕਿ ਇਹ ਕ੍ਰਿਟੀਕਲ ਕੇਅਰ ਯੂਨਿਟ ਜਿਲ੍ਹੇ ਭਰ ਦੇ ਐਡਵਾਂਸ ਮੈਡੀਕਲ ਸੇਵਾਵਾਂ ਦੀ ਲੋੜ ਵਾਲੇ ਲੋਕਾਂ ਦੀ ਜ਼ਰੂਰਤ ਨੂੰ ਪੂਰਾ ਕਰੇਗਾ। ਉਨ੍ਹਾਂ ਦੱਸਿਆ ਕਿ ਸਿਵਲ ਸਰਜਨ ਦਫਤਰ ਦੀ ਮੌਜੂਦਾ ਇਮਾਰਤ ਨੂੰ ਢਾਹ ਕੇ ਇੱਥੇ ਨਵਾਂ ਕ੍ਰਿਟੀਕਲ ਕੇਅਰ ਯੂਨਿਟ ਬਣਾਇਆ ਜਾਵੇਗਾ। ਉਨ੍ਹਾਂ ਇਹ ਵੀ ਦੱਸਿਆ ਕਿ ਸਿਵਲ ਸਰਜਨ ਦਫਤਰ ਨੂੰ ਤਬਦੀਲ ਕਰਨ ਦੀ ਪ੍ਰਕਿਰਿਆ ਇੱਕ ਦੋ ਦਿਨਾਂ ਵਿੱਚ ਸ਼ੁਰੂ ਕਰ ਦਿੱਤੀ ਜਾਵੇਗੀ।

# ਨੈਸ਼ਨਲ ਲੋਕ ਅਦਾਲਤ ’ਚ 4886 ਕੇਸਾਂ ਦਾ ਮੌਕੇ ’ਤੇ ਨਿਪਟਾਰਾ

**ਹੁਸ਼ਿਆਰਪੁਰ (ਓ ਪੀ ਰਾਣਾ, ਬੀ ਐਸ ਸੈਣੀ)**

ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੀਆਂ ਹਦਾਇਤਾਂ ’ਤੇ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਜਿਲ੍ਹੇ ’ਚ ਇਸ ਸਾਲ ਦੀ ਪਹਿਲੀ ਕੌਮੀ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ। ਇਸ ਲੋਕ ਅਦਾਲਤ ਵਿਚ ਦੀਵਾਨੀ ਕੇਸ, ਰੈਂਟ ਕੇਸ, ਐਮ.ਏ.ਸੀ.ਟੀ., 138 ਨੈਗੋਸੀਏਬਲ ਇੰਸਟਰੂਮੈਂਟ ਐਕਟ, ਪਰਵਾਰਕ ਮਾਮਲੇ, ਲੇਬਰ ਮਾਮਲੇ, ਬੈਂਕ ਮਾਮਲੇ, ਬਿਜਲੀ ਅਤੇ ਪਾਣੀ ਦੇ ਬਿੱਲ, ਟ੍ਰੈਫਿਕ ਚਲਾਨ, ਅਦਾਲਤਾਂ ਵਿੱਚ ਲੰਬਿਤ ਅਤੇ ਮੁਕੱਦਮੇਬਾਜ਼ੀ ਦੇ ਨਿਪਟਾਰਾ ਕਰਵਾਉਣ ਸਬੰਧੀ ਕੇਸ ਰੱਖੇ ਗਏ। ਜਾਣਕਾਰੀ ਦਿੰਦਿਆਂ ਸੀ ਜੇ ਐਮ -ਕਮ-ਸਕੱਤਰ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਅਪਰਾਜਿਤਾ ਜੋਸ਼ੀ ਨੇ ਦੱਸਿਆ ਕਿ ਜਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦਿਲਬਾਗ ਸਿੰਘ ਜੌਹਲ ਦੀ ਅਗਵਾਈ ਹੇਠ ਲਗਾਈ ਗਈ ਲੋਕ ਅਦਾਲਤ ’ਚ ਕੁੱਲ 29 ਬੈਂਚਾਂ ਦਾ ਗਠਨ ਕੀਤਾ ਗਿਆ। ਜਿਲ੍ਹਾ ਗਿਆ। ਜਿਨ੍ਹਾਂ ’ਚੋਂ ਹੁਸ਼ਿਆਰਪੁਰ ਜੁਡੀਸ਼ੀਅਲ ਕੋਰਟ ’ਚ 11, ਮਾਲ ਅਦਾਲਤ ’ਚ 6, ਖਪਤਕਾਰ ਅਦਾਲਤ ’ਚ 1, ਸਬ-ਡਵੀਜਨ ਦਸੂਹਾ ’ਚ 5, ਮੁਕੇਰੀਆਂ ’ਚ 3 ਅਤੇ ਗੜ੍ਹਸ਼ੰਕਰ ਵਿੱਚ 3 ਬੈਂਚਾਂ ਦਾ ਗਠਨ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਲੋਕ ਅਦਾਲਤਾਂ ’ਚ 7475 ਕੇਸਾਂ ਦੀ ਸੁਣਵਾਈ ਹੋਈ ਅਤੇ 4886 ਕੇਸਾਂ ਦਾ ਮੌਕਾ ’ਤੇ ਨਿਪਟਾਰਾ ਕੀਤਾ ਗਿਆ ਅਤੇ ਕੁੱਲ 12,96,55,644 ਰੁਪਏ ਦੇ ਅਵਾਰਡ ਪਾਸ ਕੀਤੇ ਗਏ। ਇਸ ਨੈਸਨਲ ਲੋਕ ਅਦਾਲਤ ਦੌਰਾਨ ਅੱਜ ਸਪੈਸਲ ਜੇਲ ਲੋਕ ਅਦਾਲਤ/ ਕੈਂਪ ਕੋਰਟ ਵੀ ਲਗਾਈ ਗਈ। ਲੋਕ ਅਦਾਲਤ/ਕੈਂਪ ਕੋਰਟ ’ਚ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ 12 ਕੇਸਾਂ ਦਾ ਮੌਕੇ ’ਤੇ ਹੀ ਨਿਪਟਾਰਾ ਕੀਤਾ ਗਿਆ। ਮਧੂ ਬਾਲਾ ਅਤੇ ਹੋਰ ਬਨਾਮ ਅੰਮ੍ਰਿਤ ਪਾਲ ਸਿੰਘ ਕਾਕੀ ਅਤੇ ਹੋਰ ਦੇ ਮਾਮਲੇ ’ਚ 15 ਲੱਖ ਰੁਪਏ ਦੇ ਨਾਲ ਇਸ ਕੇਸ ਨੂੰ ਸਮਝੌਤੇ ਨਾਲ ਨਿਪਟਾਇਆ ਗਿਆ। ਦੂਸਰਾ ਕੇਸ ਸਤਪਾਲ ਸਿੰਘ ਅਤੇ ਹੋਰ ਬਨਾਮ ਅੰਮ੍ਰਿਤ ਪਾਲ ਸਿੰਘ ਅਤੇ ਹੋਰਾਂ ਦੇ ਮਾਮਲੇ ’ਚ 14 ਲੱਖ, 50 ਹਜ਼ਾਰ ਰੁਪਏ ’ਚ ਸਮਝੌਤੇ ਰਾਹੀਂ ਕੇਸ ਦਾ ਨਿਪਟਾਰਾ ਹੋਇਆ। ਇਹ ਦੋਵੇਂ ਕੇਸ ਚੋਲਾਮੰਡਲਮ ਕੰਪਨੀ ਦੇ ਸਨ, ਜਿਨ੍ਹਾਂ ਦਾ ਨਿਪਟਾਰਾ ਲੋਕ ਅਦਾਲਤ ਬੈਂਚ ਨੰਬਰ 01 ਵਿੱਚ ਵਧੀਕ ਜਿਲ੍ਹਾ ਤੇ ਸੈਸ਼ਨ ਜੱਜ ਜਤਿੰਦਰਪਾਲ ਸਿੰਘ ਖੁਰਮੀ ਦੀ ਤਰਫੋਂ ਅੰਤਿਮ ਫੈਸਲਾ ਸੁਣਾ ਕੇ ਕੀਤਾ ਗਿਆ।



# ਬਾਬਾ ਬਾਲਕ ਨਾਥ ਦੀ ਪ੍ਰਭਾਤ ਫੇਰੀ ਦੌਰਾਨ ਜੋਤ ਜਗਾਈ



**ਫਿਲੌਰ, (ਨਿਰਮਲ)**

ਬਾਬਾ ਬਾਲਕ ਨਾਥ ਜੀ ਦੇ ਸੇਵਾਦਾਰਾਂ ਵੱਲੋਂ ਪ੍ਰਭਾਤ ਫੇਰੀਆਂ ਕੱਢੀਆਂ ਜਾ ਰਹੀਆਂ ਹਨ। ਇਨ੍ਹਾਂ ਪ੍ਰਭਾਤ ਫੇਰੀਆਂ ਵਿੱਚ ਵੱਡੀ ਗਿਣਤੀ ’ਚ ਸੰਗਤਾਂ ਸ਼ਾਮਲ ਹੋ ਕੇ ਬਾਬਾ ਬਾਲਕ ਨਾਥ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ ਜਾਂਦਾ ਹੈ। ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਮਲਕੀਤ ਸਿੰਘ ਸੋਨੂੰ ਲੁਧਿਆਣਾ ਵਾਲੇ ਦੇ ਗ੍ਰਹਿ ਵਿਖੇ ਪ੍ਰਭਾਤ ਫੇਰੀ ਦੀ ਸੰਗਤ ਵੱਲੋਂ ਫੇਰਾ ਪਾਇਆ ਗਿਆ। ਜਿਸ ਦੌਰਾਨ ਭਗਤ ਤਰਸੇਮ ਲਾਲ ਵੱਲੋਂ ਬਾਬਾ ਬਾਲਕ ਨਾਥ ਜੀ ਦੀ ਜੋਤ ਜਗਾਈ ਗਈ। ਇਸ ਮੌਕੇ ਇੰਦਰਜੀਤ ਸਿੰਘ, ਰਾਹੁਲ, ਜਸਕੀਰਤ ਸਿੰਘ, ਜਰਨੈਲ ਸਿੰਘ, ਚਮਕੌਰ ਸਿੰਘ, ਪ੍ਰਦੀਪ ਕੁਮਾਰ, ਬੱਬਲੂ, ਸਰਬਜੀਤ ਕੌਰ ਸੀਮਾ, ਬੇਬੀ, ਕੁਲਵਿੰਦਰ ਕੌਰ, ਟੀਨਾ, ਦਵਿੰਦਰ ਸਿੰਘ, ਲੱਕੀ, ਗੋਗੀ ਅਤੇ ਹੋਰ ਵੱਡੀ ਗਿਣਤੀ ’ਚ ਸੰਗਤਾਂ ਹਾਜ਼ਰ ਸਨ।

# ਰਾਸ਼ਟਰੀ ਲੋਕ ਅਦਾਲਤ ਦੌਰਾਨ 9973 ਕੇਸਾਂ ਦਾ ਨਿਪਟਾਰਾ

**ਮੋਹਾਲੀ (ਗੁਰਜੀਤ ਬਿੱਲਾ)**

ਕੌਮੀ ਕਾਨੂੰਨੀ ਸੇਵਾਵਾਂ ਅਥਾਰਟੀ, ਨਵੀਂ ਦਿੱਲੀ ਵੱਲੋਂ ਭੇਜੇ ਗਏ ਪ੍ਰੋਗਰਾਮ ਅਨੁਸਾਰ ਮਾਨਯੋਗ ਜਸਟਿਸ ਤੇਜਿੰਦਰ ਸਿੰਘ ਢੀਂਡਸਾ ਜੱਜ ਪੰਜਾਬ ਅਤੇ ਹਰਿਆਣਾ ਹਾਈਕੋਰਟ ਅਤੇ ਕਾਰਜਕਾਰੀ ਚੇਅਰਮੈਨ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਸਰਪ੍ਰਸਤੀ ਅਤੇ ਹਰਪਾਲ ਸਿੰਘ, ਜਿਲ੍ਹਾ ਅਤੇ ਸੈਸ਼ਨਜ ਜੱਜ, ਐਸ.ਏ.ਐਸ ਨਗਰ ਜੀਆਂ ਦੀ ਅਗਵਾਈ ਵਿਚ ਕੌਮੀ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ। ਇਸ ਲੋਕ ਅਦਾਲਤ ਵਿਚ ਕ੍ਰਿਮੀਨਲ ਕੰਪਾਉਂਡੇਬਲ ਔਫੈਂਸਜ, ਐਨ.ਆਈ. ਐਕਟ ਕੇਸ ਅੰਡਰ ਸੈਕਸਨ 138, ਬੈਂਕ ਰਿਕਵਰੀ ਕੇਸ, ਐਮ.ਏ.ਸੀ.ਟੀ ਕੇਸ, ਮੈਟ੍ਰੀਮੋਨੀਅਲ, ਲੇਬਰ ਡਿਸਪਿਊਟਸ, ਲੈਂਡ ਐਕਿਉਜਸ਼ਿਨ ਕੇਸ, ਇਲੈਕਟ੍ਰੀਸਿਟੀ ਐਂਡ ਵਾਟਰ ਬਿੱਲ (ਐਕਸਕਲੂਡਿੰਗ ਨੌਨ-ਕੰਪਾਉਂਡਏਬਲ ਥੈਫਟ ਕੇਸ), ਸਰਵਿਸਜ ਮੈਟਰ ਰਿਲੇਟਿੰਗ ਟੂ ਪੇਅ ਐਂਡ ਅਲਾਊਂਸ ਐਂਡ ਰਿਟ੍ਰਾਇਲ ਬੈਨੇਫਿਟਜ, ਰੇਵਿਨਊ ਕੇਸ ਅਤੇ ਹੋਰ ਸਿਵਲ ਕੇਸ (ਰੈਂਟ, ਈਜਮੈਂਟਰੀ ਰਾਈਟਸ, ਇਨਜੰਕਸਨ ਸੂਟਸ, ਸਪੈਸਿਫਿਕ ਪਰਫੋਰਮੈਂਸ) ਕੇਸ ਨਿਪਟਾਰੇ ਲਈ ਰੱਖੇ ਗਏ। ਇਸ ਕੌਮੀ ਲੋਕ ਅਦਾਲਤ ਲਈ ਜਿਲ੍ਹਾ ਅਦਾਲਤ ਮੋਹਾਲੀ ਵਿੱਚ 15 ਜੁਡੀਸ਼ੀਅਲ ਅਧਿਕਾਰੀਆਂ ਦੇ ਬੈਂਚਾਂ ਦਾ ਗਠਨ ਕੀਤਾ ਗਿਆ ਜਿਨ੍ਹਾਂ ਦੀ ਪ੍ਰਧਾਨਗੀ ਸੰਦੀਪ ਕੁਮਾਰ ਸਿੰਗਲਾ, ਵਧੀਕ ਜਿਲ੍ਹਾ ਅਤੇ ਸੈਸਨ ਜੱਜ ਪਰਮਿੰਦਰ ਸਿੰਘ ਗਰੇਵਾਲ, ਵਧੀਕ ਜਿਲ੍ਹਾ ਅਤੇ ਸੈਸਨ ਜੱਜਸ ਸ੍ਰੀ ਅਵਤਾਰ ਸਿੰਘ ਬਾਰਦਾ, ਵਧੀਕ ਜਿਲ੍ਹਾ ਅਤੇ ਸੈਸਨ ਜੱਜਸ ਸ੍ਰੀ ਬਰਜਿੰਦਰ ਪਾਲ ਸਿੰਘ, ਪ੍ਰਿੰਸੀਪਲ ਜੱਜ, ਫੈਮਲੀ ਕੋਰਟਸ ਵਿਨੀਤ ਕੁਮਾਰ ਨਾਰੰਗ, ਸਿਵਲ ਜੱਜ (ਸੀਨੀਅਰ ਡਵੀਜਨ) ਸ੍ਰੀਮਤੀ ਹਰਪ੍ਰੀਤ ਕੌਰ, ਚੀਫ ਜੁਡੀਸ਼ੀਅਲ ਮੈਜਿਸਟ੍ਰੇਟਸ ਸ੍ਰੀਮਤੀ ਸੋਨਾਲੀ ਸਿੰਘ, ਵਧੀਕ ਸਿਵਲ ਜੱਜ (ਸੀਨੀਅਰ ਡਵੀਜਨ) ਸ੍ਰੀ ਜਗਜੀਤ ਸਿੰਘ, ਸਿਵਲ ਜੱਜ (ਜੂਨੀਅਰ ਡਵੀਜਨ) ਸ੍ਰੀ ਮੁਕੇਸ ਕੁਮਾਰ ਸਿੰਗਲਾ, ਸਿਵਲ ਜੱਜ (ਜੂਨੀਅਰ ਡਵੀਜਨ) ਦੇਵਨੂਰ ਸਿੰਘ, ਸਿਵਲ ਜੱਜ (ਜੂਨੀਅਰ ਡਵੀਜਨ) ਸ੍ਰੀਮਤੀ ਵਿਸਵਜਯੋਤੀ, ਸਿਵਲ ਜੱਜ (ਜੂਨੀਅਰ ਡਵੀਜਨ)ਸ੍ਰੀਮਤੀ ਵੈਸਨਵੀ ਸਿੱਕਾ, ਸਿਵਲ ਜੱਜ (ਜੂਨੀਅਰ ਡਵੀਜਨ), ਕੁਲਜੀਤ ਪਾਲ ਸਿੰਘ, ਚੇਅਰਮੈਨ, ਸਥਾਈ ਲੋਕ ਅਦਾਲਤ (ਜਨ ਉਪਯੋਗੀ ਸੇਵਾਵਾਂ) ਕੇ.ਐਸ. ਸੂਲਰ, ਪ੍ਰਜਾਈਡਿੰਗ ਅਫਸਰ, ਇੰਡਸਟਰੀਅਲ ਟ੍ਰਿਬਊਨਲਸ ਸੰਜੀਵ ਦੱਤ ਸ਼ਰਮਾ, ਪ੍ਰੈਜੀਡੈਂਟ ਜਿਲ੍ਹਾ ਕੰਜ਼ਿਊਮਰ ਫੋਰਮ ਵੱਲੋਂ ਕੀਤੀ ਗਈ। ਇਸ ਤੋਂ ਇਲਾਵਾ 4 ਮਾਲ ਅਧਿਕਾਰੀਆਂ ਦੇ ਬੈਂਚਾਂ ਦਾ ਵੀ ਗਠਨ ਕੀਤਾ ਗਿਆ। ਇਸ ਤੋਂ ਇਲਾਵਾ ਸਬ-ਡਵੀਜਨ, ਡੇਰਾਬੱਸੀ ਵਿਖੇ 2 ਜੁਡੀਸੀਅਲ ਅਧਿਕਾਰੀਆਂ ਰਮੇਸ਼ ਕੁਮਾਰ, ਸਿਵਲ ਜੱਜ (ਜੂਨੀਅਰ ਡਵੀਜਨ) ਸ੍ਰੀਮਤੀ ਮਨਜੋਤ ਕੌਰ, ਸਿਵਲ ਜੱਜ (ਜੂਨੀਅਰ ਡਵੀਜਨ) ਅਤੇ 4 ਰੈਵੇਨਿਊ ਅਧਿਕਾਰੀਆਂ ਦੇ ਬੈਂਚ ਗਠਤ ਕੀਤੇ ਗਏ, ਖਰੜ ਵਿਖੇ 3 ਜੁਡੀਸ਼ੀਅਲ ਅਧਿਕਾਰੀਆਂ ਸ੍ਰੀਮਤੀ ਗੀਤਾ ਰਾਣੀ, ਸਿਵਲ ਜੱਜ (ਜੂਨੀਅਰ ਡਵੀਜਨ)ਸ੍ਰੀਮਤੀ ਸੁਦੀਪਾ ਕੌਰ, ਸਿਵਲ ਜੱਜ (ਜੂਨੀਅਰ ਡਵੀਜਨ) ਸ੍ਰੀਮਤੀ ਮੰਜਰਾ ਦੱਤਾ, ਸਿਵਲ ਜੱਜ (ਜੂਨੀਅਰ ਡਵੀਜਨ) ਅਤੇ 4 ਬੈਂਚ ਰੈਵੇਨਿਊ ਅਧਿਕਾਰੀਆਂ ਦੇ ਗਠਤ ਕੀਤੇ ਗਏ।

ਹਰਪਾਲ ਸਿੰਘ, ਜਿਲ੍ਹਾ ਅਤੇ ਸੈਸ਼ਨਜ ਜੱਜ, ਐਸ.ਏ.ਐਸ. ਨਗਰ ਨੇ ਬੈਂਚਾਂ ਵਿਚ ਜਾ ਕੇ ਲੋਕਾਂ ਨੂੰ ਰਾਜੀਨਾਮੇ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਕਿਹਾ ਕਿ ਲੋਕ ਅਦਾਲਤ ਦਾ ਫੈਸਲਾ ਦੋਵਾਂ ਧਿਰਾਂ ਲਈ ਖੁਸੀ ਲੈ ਕੇ ਆਉਂਦਾ ਹੈ ਕਿਉਂਕਿ ਇਸ ਵਿਚ ਦੋਵਾਂ ਧਿਰਾਂ ਦੀ ਜਿੱਤ ਹੁੰਦੀ ਹੈ। ਇਸ ਤੋਂ ਇਲਾਵਾ ਲੋਕਾਂ ਵਿਚ ਆਪਸੀ ਭਾਈਚਾਰਾ ਵਧਦਾ ਹੈ ਜੋ ਕਿ ਸਮਾਜ ਦੀ ਤਰੱਕੀ ਲਈ ਬਹੁਤ ਹੀ ਜਰੂਰੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਲੋਕ ਅਦਾਲਤ ਵਿਚ ਫੈਸਲਾ ਹੋਣ ਤੇ ਕੇਸਾਂ ਵਿੱਚ ਲੱਗੀ ਹੋਈ ਕੋਰਟ ਫੀਸ ਵੀ ਵਾਪਿਸ ਹੋ ਜਾਂਦੀ ਹੈ। ਇਸ ਰਾਸ਼ਟਰੀ ਲੋਕ ਅਦਾਲਤ ਲਈ ਐਸ.ਏ.ਐਸ.ਨਗਰ, ਡੇਰਾਬੱਸੀ ਅਤੇ ਖਰੜ ਦੀਆਂ ਸਾਰੀਆਂ ਅਦਾਲਤਾਂ ਨੇ ਵੱਧ ਤੋਂ ਵੱਧ ਕੇਸ ਰਾਜੀਨਾਮੇ ਦੇ ਅਧਾਰ ਤੇ ਨਿਪਟਾਰੇ ਲਈ ਰੱਖੇ। ਜਿਲ੍ਹੇ ਅਤੇ ਸਬ-ਡਵੀਜਨਾਂ ਦੀਆਂ ਸਾਰੀਆਂ ਅਦਾਲਤਾਂ ਵੱਲੋਂ ਵੱਖ ਵੱਖ ਧਿਰਾਂ ਦੀ ਸਹਿਮਤੀ ਨਾਲ ਕੌਮੀ ਲੋਕ ਅਦਾਲਤ ਵਿਚ ਕੇਸ ਰਾਜੀਨਾਮੇ ਲਈ ਰੱਖੇ ਗਏ ਅਤੇ ਇਨ੍ਹਾਂ ਦਾ ਨਿਪਟਾਰਾ ਕਰਵਾਇਆ ਗਿਆ। ਇਸ ਕੌਮੀ ਲੋਕ ਅਦਾਲਤ ਦੀ ਸਫਲਤਾ ਲਈ ਹਰਪਾਲ ਸਿੰਘ, ਮਾਨਯੋਗ ਜਿਲ੍ਹਾ ਅਤੇ ਸੈਸਨ ਜੱਜ-ਕਮ-ਚੇਅਰਮੈਨ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ ਨਗਰ ਜੀਆਂ ਵਲੋਂ ਸਮੇਂ-ਸਮੇਂ ਤੇ ਵੱਖ-ਵੱਖ ਮੀਟਿੰਗਾਂ ਬੁਲਾਈਆਂ ਗਈਆਂ ਸਨ ਜਿਸ ਵਿੱਚ ਸਾਰੇ ਜੱਜ ਸਹਿਬਾਨਾਂ ਨੂੰ ਕੌਮੀ ਲੋਕ ਅਦਾਲਤ ਵਿੱਚ ਵੱਧ ਤੋਂ ਵੱਧ ਕੇਸਾਂ ਦੇ ਨਿਪਟਾਰੇ ਲਈ ਉਤਸਾਹਿਤ ਕੀਤਾ ਗਿਆ। ਜਿਲ੍ਹਾ ਅਤੇ ਸੈਸਨ ਜੱਜ ਜੀਆਂ ਵਲੋਂ ਬਾਰ ਐਸੋਸੀਏਸਨ ਐਸ.ਏ.ਐਸ.ਨਗਰ, ਡੇਰਾਬੱਸੀ ਅਤੇ ਖਰੜ ਦੇ ਪ੍ਰਧਾਨ ਅਤੇ ਸਕੱਤਰਾਂ ਨੂੰ ਵੀ ਆਪਣੇ ਪੱਧਰ ਤੇ ਇਸ ਕੌਮੀ ਲੋਕ ਅਦਾਲਤ ਦਾ ਪ੍ਰਚਾਰ ਕਰਨ ਲਈ ਉਤਸਾਹਿਤ ਕਰਨ ਦੇ ਨਾਲ ਨਾਲ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਜਿਵੇਂ ਕਿ ਬੈਂਕ, ਬਿਜਲੀ ਵਿਭਾਗ, ਲੇਬਰ ਵਿਭਾਗ ਅਤੇ ਇੰਸੋਰੈਂਸ ਕੰਪਨੀਆਂ ਆਦਿ ਨੂੰ ਇਸ ਕੌਮੀ ਲੋਕ ਅਦਾਲਤ ਬਾਰੇ ਜਾਣੂ ਕਰਵਾਇਆ ਗਿਆ ਅਤੇ ਉਹਨਾਂ ਨੂੰ ਦੱਸਿਆ ਗਿਆ ਕਿ ਜੋ ਵੀ ਕੇਸ ਰਾਜੀਨਾਮੇ ਦੇ ਅਧਾਰ ਤੇ ਨਿਪਟਾਏ ਜਾ ਸਕਦੇ ਹਨ, ਉਹ ਇਸ ਕੌਮੀ ਲੋਕ ਅਦਾਲਤ ਵਿਚ ਲਗਾਏ ਜਾਣ। ਇਸ ਮੌਕੇ ਬਲਜਿੰਦਰ ਸਿੰਘ, ਸਕੱਤਰ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ ਨਗਰ ਨੇ ਦੱਸਿਆ ਕਿ ਅੱਜ ਦੀ ਇਸ ਕੌਮੀ ਲੋਕ ਅਦਾਲਤ ਵਿੱਚ ਕੁੱਲ 15478 ਕੇਸ ਨਿਪਟਾਰੇ ਲਈ ਰੱਖੇ ਗਏ ਜਿਨ੍ਹਾਂ ਵਿੱਚੋਂ 9973 ਕੇਸਾਂ ਦਾ ਨਿਪਟਾਰਾ ਕਰਕੇ ਕੁੱਲ 75,91,93,270 ਕੀਮਤ ਦੇ ਅਵਾਰਡ ਪਾਸ ਕੀਤੇ ਗਏ। ਉਨ੍ਹਾਂ ਨੇ ਦੱਸਿਆ ਕਿ ਇਸ ਲੋਕ ਅਦਾਲਤ ਵਿਚ 12 ਵਿਆਹਤਾ ਜੋੜਿਆਂ, ਜੋ ਕਿ ਆਪਸੀ ਮਨ-ਮੁਟਾਅ ਕਾਰਨ ਅਲੱਗ-ਅਲੱਗ ਰਹਿ ਰਹੇ ਸਨ, ਦੇ ਕੇਸਾਂ ਦੀ ਸੁਣਵਾਈ ਕੀਤੀ ਗਈ। ਸ੍ਰੀ ਬਰਜਿੰਦਰਪਾਲ ਸਿੰਘ, ਪ੍ਰਿੰਸੀਪਲ ਜੱਜ, ਫੈਮਲੀ ਕੋਰਟ ਦੇ ਯਤਨਾਂ ਸਦਕਾ ਇੱਕ ਵਿਆਹੁਤਾ ਜੋੜਾ, ਜਿਹੜਾ ਕਿ ਆਪਸੀ ਮਤਭੇਦਾਂ ਕਾਰਨ ਪਿਛਲੇ 11 ਸਾਲ ਤੋਂ ਅਦਾਲਤੀ ਝਗੜਿਆਂ ਵਿਚ ਪਿਆ ਹੋਇਆ ਸੀ, ਇਕੱਠੇ ਰਹਿਣ ਲਈ ਤਿਆਰ ਹੋ ਗਿਆ। ਬਾਲ ਮੁਕੰਦ ਸ਼ਰਮਾ, ਮਸ਼ਹੂਰ ਪੰਜਾਬੀ ਕਾਮੇਡੀਅਨ ਵਲੋਂ ਵੀ ਇਸ ਲੋਕ ਅਦਾਲਤ ਦੇ ਫੈਮਲੀ ਕੋਰਟ ਬੈਂਚ ਵਿਚ ਆਪਣੀਆਂ ਸੇਵਾਵਾਂ ਦਿੱਤੀਆਂ ਅਤੇ ਕਈ ਪਰਵਾਰਾਂ ਦੇ ਝਗੜਿਆਂ ਨੂੰ ਸਹਿਮਤੀ ਨਾਲ ਸੁਲਝਾਉਣ ਲਈ ਮਨਾਇਆ ਤਾਂ ਕਿ ਉਹ ਆਪਣੇ ਪਰਿਵਾਰ ਅਤੇ ਬੱਚਿਆਂ ਦਾ ਭਵਿੱਖ ਬਚਾਅ ਸਕਣ।

# ਸਿਖਿਆਰਥਣਾਂ ਵੱਲੋਂ ਟ੍ਰੇਨਿੰਗ ਦੌਰਾਨ ਤਿਆਰ ਸੀਤੇ ਕੱਪੜਿਆਂ ਦੀ ਪ੍ਰਦਰਸ਼ਨੀ

**ਜਲੰਧਰ (ਰਾਜੇਸ਼ ਥਾਪਾ)**

ਚੜ੍ਹਦੀ ਕਲਾ ਸਪੋਰਟਸ ਐਂਡ ਯੂਥ ਕਲੱਬ ਕੋਟ ਖੁਰਦ ਵੱਲੋਂ ਨਹਿਰੂ ਯੁਵਾ ਕੇਂਦਰ ਜਲੰਧਰ ਦੀ ਰਹਿਨੁਮਾਈ ਹੇਠ ਚਲਾਏ ਜਾ ਰਹੇ ਕਟਿੰਗ ਐਂਡ ਟੇਲਰਿੰਗ ਪ੍ਰੋਗਰਾਮ ਦੀ ਕਾਰਗੁਜਾਰੀ ਨੂੰ ਦੇਖਣ ਅਤੇ ਸਿੱਖਿਆਰਥੀਆਂ ਦੀ ਹੌਸਲਾ ਅਫਜਾਈ ਲਈ ਐੱਨ ਵਾਈ ਕੇ ਦਿੱਲੀ ਦੀ ਟੀਮ ਵੱਲੋਂ ਅਚਾਨਕ ਸਰਵੇਖਣ ਕੀਤਾ ਗਿਆ। ਜਿਸਦੀ ਅਗਵਾਈ ਐਨ ਵਾਈ ਕੇ ਸਕੱਤਰ ਆਫਿਸ ਦਿੱਲੀ ਤੋਂ ਮੈਡਮ ਸ਼੍ਰੀਮਤੀ ਨੀਲਮ ਅਰੋੜਾ ਨੇ ਕੀਤੀ। ਉਹਨਾ ਦੇ ਨਾਲ ਐੱਨ ਵਾਈ ਕੇ ਦਫਤਰ ਜਲੰਧਰ ਤੋਂ ਨਿੱਤਿਆਨੰਦ ਯਾਦਵ ਅਤੇ ਗੁਰਦਾਸਪੁਰ ਤੋਂ ਮੈਡਮ ਸੰਦੀਪ ਕੁਮਾਰੀ ਵਿਸ਼ੇਸ਼ ਤੌਰ ’ਤੇ ਹਾਜ਼ਰ ਹੋਏ। ਇਸ ਸ਼ੁਭ ਮੌਕੇ ਕਟਿੰਗ ਐਂਡ ਟੇਲਰਿੰਗ ਪ੍ਰੋਗਰਾਮ ਦੀਆਂ ਸਿਖਿਆਰਥਣਾਂ ਵੱਲੋਂ ਟ੍ਰੇਨਿੰਗ ਦੌਰਾਨ ਤਿਆਰ ਕੀਤੇ ਗਏ ਵੰਨ-ਸੁਵੰਨੇ ਕੱਪੜਿਆਂ ਦੀ ਪ੍ਰਦਰਸ਼ਨੀ ਵੀ ਲਗਾਈ ਗਈ। ਜਿਨਾਂ ਨੂੰ ਇਲਾਕਾ ਨਿਵਾਸੀਆਂ ਅਤੇ ਆਈ ਹੋਈ ਮਹਿਮਾਨਾਂ ਵੱਲੋਂ ਬਹੁਤ ਪਸੰਦ ਕੀਤਾ ਗਿਆ। ਸਿਖਿਆਰਥਣਾਂ ਵੱਲੋਂ ਆਏ ਹੋਏ ਮਹਿਮਾਨਾਂ ਦਾ ਰੀਬਨ ਕੱਟ ਕੇ ਸਵਾਗਤ ਕੀਤਾ ਗਿਆ ਅਤੇ ਜਸਪ੍ਰੀਤ ਕੌਰ ਵੱਲੋਂ ਕਲੱਬ ਦੀ ਕਾਰਗੁਜਾਰੀ ਰਿਪੋਰਟ ਪੇਸ਼ ਕੀਤੀ ਗਈ। ਕਲੱਬ ਦੀ ਪ੍ਰਧਾਨ ਮੈਡਮ ਗੁਰਪਵਨ ਕੌਰ, ਸੀ ਐੱਸ ਸੀ ਇੰਚਾਰਜ ਮੈਡਮ ਹਰਿਵੰਦਰ ਕੌਰ,



ਸਾਬਕਾ ਸਰਪੰਚ ਮੈਡਮ ਗੁਰਮੀਤ ਕੌਰ, ਪੰਚ ਮੈਡਮ ਬਲਵੀਰ ਕੌਰ ਅਤੇ ਪੰਚ ਮੈਡਮ ਸੁਖਵਿੰਦਰ ਕੌਰ ਜੀ ਨੇ ਆਏ ਹੋਏ ਵਿਸ਼ੇਸ਼ ਮਹਿਮਾਨਾਂ ਦਾ ਸਵਾਗਤ ਕੀਤਾ। ਵਿਸ਼ੇਸ਼ ਮਹਿਮਾਨ ਮੈਡਮ ਨੀਲਮ ਅਰੋੜਾ ਅਤੇ ਨਿੱਤਿਆਨੰਦ ਯਾਦਵ ਨੇ ਟ੍ਰੇਨਰ ਮੈਡਮ ਜਸਵਿੰਦਰ ਕੌਰ ਅਤੇ ਸਿੱਖਿਆਰਥੀਆਂ ਦੀ ਹੌਸਲਾ ਅਫਜਾਈ ਕੀਤੀ।

# ਸੜਕ 'ਤੇ ਫੈਲਿਆ ਸੀਵਰੇਜ ਦਾ ਗੰਦਾ ਪਾਣੀ ਦੇ ਰਿਹੈ ਬਿਮਾਰੀਆਂ ਨੂੰ ਸੱਦਾ

## ਨਗਰ ਕੌਂਸਲ ਇਹ ਮੰਜਰ ਦੇਖ ਕੇ ਵੀ ਬਣੀ ਅਣਜਾਣ


ਸਮਰਾਲਾ-ਖੰਨਾ ਰੋਡ 'ਤੇ ਸੀਵਰੇਜ ਦੇ ਖੜੇ ਗੰਦੇ ਪਾਣੀ ਦੀਆਂ ਤਸਵੀਰਾਂ।

**ਸਮਰਾਲਾ (ਸੁਰਜੀਤ ਸਿੰਘ)**
ਸ਼ਹਿਰ ਦੀ ਖੰਨਾ ਰੋਡ 'ਤੇ ਪੁਰਾਣੀ ਚੂੰਗੀ ਨੇੜੇ ਮੇਨ ਹੋਲ ਦਾ ਗੰਦਾ ਪਾਣੀ ਸੜਕ ਉੱਤੇ ਖੜਾ ਹੋਣ ਕਾਰਨ ਮੁਹੱਲਾ ਵਾਸੀਆਂ ਤੇ ਆਉਣ-ਜਾਣ ਵਾਲੇ ਲੋਕਾਂ ਲਈ ਮੁਸੀਬਤ ਬਣੀ ਹੋਈ ਹੈ। ਜਦੋਂ ਸੜਕ ਤੋਂ ਲੰਘਦੇ ਵਾਹਨ ਇਸ ਗੰਦੇ ਪਾਣੀ ਤੋਂ ਗੁਜ਼ਰਦੇ ਹਨ ਤਾਂ ਉਸ ਦੇ ਛਿੱਟੇ ਦੂਰ ਦੂਰ ਤੱਕ ਫੈਲ ਜਾਂਦੇ ਹਨ, ਜਿਸ ਨਾਲ ਪੂਰਾ ਵਾਤਾਵਰਣ ਬਦਬੂ ਨਾਲ ਭਰ ਜਾਂਦਾ ਹੈ। ਹੈਰਾਨੀ ਦੀ ਗੱਲ ਤਾਂ ਇਹ ਹੈ ਕਿ ਸਥਾਨਕ ਨਗਰ ਕੌਂਸਲ ਇਸ ਮੰਜਰ ਨੂੰ ਦੇਖ ਕੇ ਵੀ ਅਨਜਾਣ ਬਣੀ ਹੋਈ ਹੈ। ਮੁਹੱਲਾ ਨਿਵਾਸੀਆਂ ਵੱਲੋਂ ਸ਼ਹਿਰ 'ਚ ਗੰਦੇ ਪਾਣੀ ਦੇ ਨਿਕਾਸ, ਸਟਰੀਟ ਲਾਇਟਾਂ ਚਾਲੂ ਕਰਨ ਤੇ ਆਵਾਰਾ ਪਸ਼ੂਆਂ ਦਾ ਢੁੱਕਵਾਂ ਪ੍ਰਬੰਧ ਕਰਨ ਲਈ ਵਫਦ ਦੇ ਰੂਪ ਵਿਚ ਐੱਸ.ਡੀ.ਐੱਮ. ਸਮਰਾਲਾ ਨੂੰ ਮਿਲਿਆ। ਲੋਕ ਸੰਘਰਸ਼ ਕਮੇਟੀ ਦੇ ਕਰਨਵੀਨਰ ਸਿਕੰਦਰ ਸਿੰਘ ਤੇ ਕੋ-ਕਨਵੀਨਰ ਕੁਲਵੰਤ ਸਿੰਘ ਤਰਕ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਦੱਸਿਆ ਕਿ ਖੰਨਾ ਰੋਡ ਸਮਰਾਲਾ 'ਤੇ ਪੁਰਾਣੀ ਚੁੰਗੀ ਦੇ ਸਾਹਮਣੇ ਵਾਲੇ ਮੇਨ ਹੋਲ ਵਿੱਚ ਪਿਛਲੇ ਲੰਮੇ ਸਮੇਂ ਤੋਂ ਗੰਦਾ ਪਾਣੀ ਨਿੱਕਲ ਕੇ ਸੜਕ 'ਤੇ ਖੜਾ ਹੋਣ ਕਾਰਨ ਸੜਕ ਟੁੱਟ ਭੱਜ ਗਈ ਹੈ, ਡੂੰਘੇ ਟੋਏ ਪੈ ਰਹੇ ਹਨ, ਹਰ ਇੱਕ ਆਉਣ-ਜਾਣ ਵਾਲੇ ਲੋਕਾਂ, ਵਹੀਕਲਾਂ ਨੂੰ ਲਗਾਤਾਰ ਸਮੱਸਿਆ ਆ ਰਹੀ ਹੈ। ਦੁਕਾਨਾਂ ਵਾਲਿਆਂ ਦੇ ਕਾਰੋਬਾਰ 'ਤੇ ਮਾੜਾ ਅਸਰ ਪੈ ਰਿਹਾ ਹੈ। ਘਰਾਂ 'ਚ ਪਾਣੀ ਵੜ ਕੇ ਘਾਤਕ ਬਿਮਾਰੀਆਂ ਫੈਲਣ ਦਾ ਡਰ ਬਣਿਆ ਹੋਇਆ ਹੈ। ਇਸ ਸਮੱਸਿਆ ਨੂੰ ਹੱਲ ਕਰਨ ਲਈ ਜਥੇਬੰਦੀ ਪਿਛਲੇ ਲੰਬੇ ਸਮੇਂ ਤੋਂ ਵੱਖ ਵੱਖ ਸਮੇਂ ਹੋਂਦ 'ਚ ਆਈਆਂ ਅਕਾਲੀ-ਭਾਜਪਾ, ਕਾਂਗਰਸ ਦੀਆਂ ਸਰਕਾਰਾਂ ਤੇ ਪ੍ਰਸ਼ਾਸਨ ਤੋਂ ਮੰਗ ਕਰਦੀਆਂ ਆ ਰਹੀਆਂ ਹਨ ਤੇ ਲਗਾਤਾਰ ਆਵਾਜ਼ ਬੁਲੰਦ ਕਰਦੀ ਰਹੀ ਹੈ, ਪਰ ਅਜੇ ਤੱਕ ਕੋਈ ਹੱਲ ਨਹੀਂ ਕੀਤਾ ਗਿਆ। ਸੀਵਰੇਜ ਅਜੇ ਤੱਕ ਅਧੂਰਾ ਪਿਆ ਹੈ। ਹੁਣ 'ਆਪ' ਸਰਕਾਰ ਵੱਲੋਂ ਵੀ ਸ਼ਹਿਰ ਦੀਆਂ ਇਨ੍ਹਾਂ ਸਮੱਸਿਆਵਾਂ ਦਾ ਕੋਈ ਹੱਲ ਨਹੀਂ ਕੀਤਾ ਜਾ ਰਿਹਾ। ਇਸ ਸਬੰਧੀ ਈ. ਓ. ਸਮਰਾਲਾ ਤੇ ਸਬੰਧਤ ਐੱਮ.ਐੱਲ.ਏ. ਦੇ ਵੀ ਧਿਆਨ 'ਚ ਵੀ ਲਿਆਂਦਾ ਜਾ ਚੁੱਕਾ ਹੈ। ਇਸੇ ਤਰ੍ਹਾਂ ਆਵਾਰਾ ਪਸ਼ੂਆਂ ਆਦਿ ਦਾ ਵੀ ਕੋਈ ਢੁੱਕਵਾਂ ਪ੍ਰਬੰਧ ਨਹੀਂ ਕੀਤਾ ਗਿਆ, ਜਦੋਂਕਿ ਇਨ੍ਹਾਂ ਸਮੱਸਿਆਵਾਂ ਕਰਕੇ ਲੋਕਾਂ ਦੇ ਜਾਨੀ-ਮਾਲੀ ਨੁਕਸਾਨ ਹੋਣ ਦਾ ਡਰ ਬਣਿਆ ਹੋਇਆ ਹੈ। ਕਈ ਵਾਰੀ ਮੰਦਭਾਗੀਆਂ ਘਟਨਾਵਾਂ ਵੀ ਵਾਪਰ ਚੁੱਕੀਆਂ ਹਨ, ਪਰ ਕਿਸੇ ਵੀ ਸਰਕਾਰ ਤੇ ਪ੍ਰਸ਼ਾਸਨ ਵੱਲੋਂ ਸ਼ਹਿਰ ਦੀਆਂ ਸਮੱਸਿਆਵਾਂ ਦਾ ਕੋਈ ਹੱਲ ਨਹੀਂ ਕੀਤਾ ਗਿਆ। ਲੋਕਾਂ ਦੇ ਮਨਾਂ 'ਚ ਆਏ ਰੋਜ਼ ਰੋਸ ਵਧ ਰਿਹਾ ਹੈ। ਆਗੂ ਨੇ ਕਿਹਾ ਕਿ ਐੱਸ.ਡੀ.ਐੱਮ. ਸਮਰਾਲਾ ਨੇ ਵਫਦ ਨੂੰ ਭਰੋਸਾ ਦਿੱਤਾ ਕਿ ਇਨ੍ਹਾਂ ਮਸਲਿਆਂ ਤੇ ਸਮੱਸਿਆਵਾਂ ਦਾ ਹੱਲ ਜਲਦ ਕੀਤਾ ਜਾਵੇਗਾ। ਉਪਰੋਕਤ ਤੋਂ ਇਲਾਵਾ ਵਫਦ 'ਚ ਹਰਜੋਤ ਕੁਮਾਰ, ਸੰਤੋਖ ਸਿੰਘ ਨਾਗਰਾ, ਬਲਦੇਵ ਸਿੰਘ, ਅਮਰਜੀਤ ਸਿੰਘ ਬਾਲਿਓਂ, ਜਗਦੀਪ ਸਿੰਘ ਤੇ ਸਰਫ਼ਰੋਜ਼ ਅਲੀ ਆਦਿ ਵਿਸ਼ੇਸ਼ ਤੌਰ 'ਤੇ ਸ਼ਾਮਲ ਸਨ।

# ਅਕਾਲੀ ਦਲ ਵੱਲੋਂ ਤੇਲ ਦੀਆਂ ਵਧੀਆਂ ਕੀਮਤਾਂ ਖਿਲਾਫ ਰੋਸ ਦਾ ਪ੍ਰਗਟਾਵਾ


ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਦੇਣ ਜਾਂਦੇ ਹੋਏ ਅਕਾਲੀ ਆਗੂ।

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਣ)**-ਡੀਜ਼ਲ ਅਤੇ ਪੈਟਰੋਲ ਦੀਆਂ ਕੀਮਤਾਂ 'ਚ ਕੀਤੇ ਵਾਧੇ ਲਈ ਪੰਜਾਬ ਸਰਕਾਰ ਨੂੰ ਜ਼ਿੰਮੇਵਾਰ ਠਹਿਰਾਉਂਦਿਆਂ ਅਕਾਲੀ ਦਲ ਵੱਲੋਂ ਇਹ ਵਾਧਾ ਵਾਪਸ ਲੈਣ ਲਈ ਡਿਪਟੀ ਕਮਿਸ਼ਨਰ ਦੇ ਨਾਂਅ ਮੰਗ ਪੱਤਰ ਭੇਟ ਕਰਦਿਆਂ ਆਗੂਆਂ ਨੇ ਕਿਹਾ ਕਿ ਈਂਧਣ ਦੀਆਂ ਕੀਮਤਾਂ ਵਧਣ ਨਾਲ ਕਿਸਾਨੀ ਤੇ ਹੋਰ ਵਰਗਾਂ ਉਪਰ ਸਿੱਧਾ ਤੇ ਅਸਿੱਧਾ ਭਾਰੀ ਆਰਥਕ ਬੋਝ ਪੈਂਦਾ ਹੈ। ਇਸ ਮੌਕੇ ਅਕਾਲੀ ਦਲ ਦੇ ਜ਼ਿਲਾ ਯੂਥ ਪ੍ਰਧਾਨ ਅਕਾਸ਼ਦੀਪ ਸਿੰਘ ਮਿੱਡੂ ਖੇੜਾ, ਸ਼ਹਿਰੀ ਜ਼ਿਲ੍ਹਾ ਪ੍ਰਧਾਨ ਲਵਪ੍ਰੀਤ ਸਿੰਘ ਈਨਾਖੇੜਾ, ਗੁਰਵੀਰ ਸਿੰਘ ਕਾਕੂ ਸੀਰਵਾਲੀ ਜਨਰਲ ਸਕੱਤਰ, ਬਿੰਦਰ ਗੋਨੇਆਣਾ, ਪੂਰ ਸਿੰਘ ਸਰਪੰਚ ਲੰਡੇ ਰੋੜੇ, ਗੁਰਮੇਲ ਸਿੰਘ ਲੱਖੇਵਾਲੀ, ਜਗਤਾਰ ਸਿੰਘ ਬਰਾੜ, ਮੰਨੂ ਬਰਾੜ, ਜਗਰੂਪ ਸਿੰਘ, ਖੁਸ਼ਵੀਰ ਸਿੰਘ ਥਰਾਜਵਾਲਾ, ਜਗਮੀਤ ਸਿੰਘ ਨਾਨਕਪੁਰਾ ਅਤੇ ਪੁਸ਼ਪਿੰਦਰ ਸਿੰਘ ਹੋਰਾਂ ਨੇ ਕਿਹਾ ਕਿ ਚੋਣਾਂ ਤੋਂ ਪਹਿਲਾਂ ਆਪ ਸਰਕਾਰ ਨੇ ਲੋਕਾਂ ਨੂੰ ਸਹੂਲਤਾਂ ਦੇਣ ਅਤੇ ਮਹਿੰਗਾਈ ਘੱਟ ਕਰਨ ਦਾ ਵਾਅਦਾ ਕੀਤਾ ਸੀ ਪਰ ਹੁਣ ਉਹ ਤੇਲ ਕੀਮਤਾਂ ਵਧਾ ਕੇ ਆਪਣੇ ਵਾਅਦੇ ਤੋਂ ਮੁੱਕਰ ਰਹੀ ਹੈ। ਉਨ੍ਹਾਂ ਚਿਤਾਵਨੀ ਦਿੱਤੀ ਹੈ ਕਿ ਜੇਕਰ ਸਰਕਾਰ ਨੇ ਵਾਧਾ ਵਾਪਸ ਨਾ ਲਿਆ ਤਾਂ ਉਹ ਕਰੜਾ ਸੰਘਰਸ਼ ਵਿੱਢਣ ਲਈ ਮਜਬੂਰ ਹੋਣਗੇ। ਇਸ ਮੌਕੇ ਵੱਡੀ ਗਿਣਤੀ 'ਚ ਅਕਾਲੀ ਆਗੂ ਤੇ ਵਰਕਰ ਮੌਜੂਦ ਸਨ।

# ਪੰਜਾਬ 'ਚ ਕਿਸੇ ਵੀ ਕੀਮਤ 'ਤੇ ਸਮਾਰਟ ਪ੍ਰੀ-ਪੇਡ ਮੀਟਰ ਨਹੀਂ ਲੱਗਣ ਦਿਆਂਗੇ : ਸੰਧੂ



**ਮਮਦੋਟ (ਹਰਪਾਲ ਸਿੰਘ ਸੋਢੀ)**-ਭਾਰਤੀ ਕਿਸਾਨ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਫੁਰਮਾਨ ਸਿੰਘ ਸੰਧੂ ਨੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਪੰਜਾਬ ਵਿੱਚ ਕਿਸੇ ਵੀ ਕੀਮਤ 'ਤੇ ਸਮਾਰਟ ਪ੍ਰੀ-ਪੇਡ ਮੀਟਰ ਨਹੀਂ ਲੱਗਣ ਦਿਆਂਗੇ। ਭਗਵੰਤ ਮਾਨ ਦੀ ਸਰਕਾਰ ਵੀ ਨਿੱਜੀਕਰਨ ਨੂੰ ਪ੍ਰਫੁਲਤ ਕਰਨ ਵਾਸਤੇ ਅੰਦਰੋਂ ਅੰਦਰੀ ਇਹੋ ਜਿਹੀਆਂ ਵਿਉਂਤਾਂ ਘੜ ਰਹੀ ਹੈ। ਇਹ ਇੱਕ ਬਹਾਨਾ ਹੈ ਕਿ ਸਿਰਫ ਸਰਕਾਰੀ ਬਿਜਲੀ ਕੁਨੈਕਸ਼ਨਾਂ 'ਤੇ ਸਮਾਰਟ ਪ੍ਰੀ-ਪੇਡ ਮੀਟਰ ਹੀ ਲਾਏ ਜਾਣਗੇ। ਉਨ੍ਹਾਂ ਨੇ ਸਰਕਾਰ ਉੱਪਰ ਦੋਸ਼ ਲਾਉਂਦੇ ਦੱਸਿਆ ਕਿ ਪਹਿਲਾਂ ਸਰਕਾਰੀ ਦਫਤਰਾਂ ਵਿੱਚ ਪ੍ਰੀ-ਪੇਡ ਮੀਟਰ ਲਾ ਕੇ ਫਿਰ ਲੋਕਾਂ ਦੇ ਘਰਾਂ ਤੇ ਖੇਤਾਂ ਵਿੱਚ ਪ੍ਰੀ-ਪੇਡ ਮੀਟਰ ਲਾ ਕੇ ਨਿੱਜੀਕਰਨ ਦਾ ਰਾਹ ਪੱਧਰਾ ਕਰੇਗੀ। ਕਿਸਾਨ ਜਥੇਬੰਦੀ ਇਸ ਸਕੀਮ ਨੂੰ ਮੁੱਢੋਂ ਖਾਰਜ ਕਰਦੀ ਹੈ। ਜ਼ਰੂਰਤ ਪਈ ਤਾਂ ਸੜਕਾਂ ਉੱਤੇ ਵੀ ਆਵਾਂਗੇ। ਫੁਰਮਾਨ ਸਿੰਘ ਸੰਧੂ ਬੀ ਕੇ ਯੂ ਪੰਜਾਬ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਦੇ ਸਰਕਾਰੀ ਢਾਂਚੇ ਨੂੰ ਬਿਹਤਰ ਬਣਾਉਣ ਦੀ ਥਾਂ ਤਹਿਸ-ਨਹਿਸ ਕਰਨ ਲਈ ਕੰਮ ਕਰ ਰਹੀ ਹੈ। ਉਨ੍ਹਾ ਕਿਹਾ ਕਿ ਸੂਬੇ ਦੇ ਸਰਕਾਰੀ ਸਕੂਲ ਤੇ ਸਰਕਾਰੀ ਹਸਪਤਾਲ ਗਰੀਬ ਲੋਕਾਂ ਦਾ ਇੱਕ ਮਾਤਰ ਸਹਾਰਾ ਹਨ ਅਤੇ ਇਹ ਸਰਕਾਰੀ ਅਦਾਰੇ ਸਰਕਾਰ ਦੀ ਬੇਰੁਖੀ ਦਾ ਸ਼ਿਕਾਰ ਹੋ ਰਹੇ ਹਨ। ਇਸ ਮੌਕੇ ਇਨ੍ਹਾਂ ਨਾਲ ਪ੍ਰੈੱਸ ਸਕੱਤਰ ਪੰਜਾਬ ਜਸਵਿੰਦਰ ਸਿੰਘ ਭੁਲੇਰੀਆਂ, ਕੈਪਟਨ ਪਿਆਰਾ ਸਿੰਘ ਬਗੇਵਾਲਾ ਪ੍ਰਚਾਰ ਸਕੱਤਰ ਪੰਜਾਬ, ਸੁਖਦੇਵ ਸਿੰਘ ਸੋਢੀ ਲਖਮੀਰ ਕੇ ਜ਼ਿਲ੍ਹਾ ਪ੍ਰਚਾਰ ਸਕੱਤਰ, ਰਛਪਾਲ ਸਿੰਘ ਰਹੀਮੇ ਕੇ ਵਾਈਸ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ, ਸੁਖਚੈਨ ਢੀਂਗਰਾ ਬਲਾਕ ਪ੍ਰਧਾਨ ਮਮਦੋਟ ਵੀ ਸ਼ਾਮਲ ਸਨ।

## ਕਾਤਰਾਂ

### ਐੱਸ ਐੱਫ ਸੀ ਪਬਲਿਕ ਸਕੂਲ 'ਚ ਮੈਥ ਪ੍ਰਤੀਯੋਗਤਾ ਕਰਾਈ




**ਮੋਗਾ (ਅਮਰਜੀਤ ਬੱਬਰੀ)**-ਐੱਸ ਐੱਫ ਸੀ ਪਬਲਿਕ ਸਕੂਲ ਜਲਾਲਾਬਾਦ ਮੋਗਾ 'ਚ ਮੈਥ ਵਿਸ਼ੇ ਸਬੰਧੀ ਇੱਕ ਪ੍ਰਤੀਯੋਗਤਾ ਕਰਵਾਈ ਗਈ। ਪ੍ਰਤੀਯੋਗਤਾ ਵਿੱਚ ਬੱਚਿਆਂ ਦੇ ਚਾਰ ਹਾਊਸ ਲਾਲ ਹਾਊਸ, ਹਰਾ ਹਾਊਸ, ਸੰਤਰੀ ਹਾਊਸ ਤੇ ਪੀਲਾ ਹਾਊਸ ਬਣਾਏ ਗਏ। ਹਰ ਹਾਊਸ ਦੇ ਦੋ ਦੋ ਵਿਦਿਆਰਥੀਆਂ ਨੇ ਪ੍ਰਤੀਯੋਗਤਾ ਵਿੱਚ ਹਿੱਸਾ ਲਿਆ। ਅਧਿਆਪਕਾਂ ਨੇ ਬੱਚਿਆਂ ਤੋਂ ਰੌਚਕ ਤੇ ਗਿਆਨ ਸਬੰਧੀ ਪ੍ਰਸ਼ਨ ਪੁੱਛੇ। ਸਾਰੇ ਵਿਦਿਆਰਥੀਆਂ ਨੇ ਬੜੇ ਪ੍ਰਭਾਵਤ ਢੰਗ ਤੇ ਉਤਸ਼ਾਹ ਨਾਲ ਸਾਰੇ ਪ੍ਰਸ਼ਨਾਂ ਦੇ ਉੱਤਰ ਦਿੱਤੇ। ਪ੍ਰਤੀਯੋਗਤਾ ਦੌਰਾਨ ਚਾਰੇ ਹਾਊਸਾਂ ਵਿੱਚ ਉਤਸ਼ਾਹ ਦੇਖਣ ਨੂੰ ਮਿਲਿਆ ਹੈ, ਪਰ ਹਰਾ ਹਾਊਸ ਨੇ ਸਟੀਕ ਉੱਤਰ ਦੇ ਕੇ ਬਾਜ਼ੀ ਮਾਰ ਲਈ। ਇਸ ਮੌਕੇ ਸਕੂਲ ਡਾਇਰੈਕਟਰ ਅਭਿਸ਼ੇਕ ਸਿੰਘ ਤੇ ਪ੍ਰਿੰਸੀਪਲ ਸ੍ਰੀਮਤੀ ਸੀਨਮ ਜਿੰਦਲ ਨੇ ਜੇਤੂ ਟੀਮ ਨੂੰ ਵਧਾਈ ਦਿੱਤੀ ਅਤੇ ਦੂਜੀਆਂ ਟੀਮਾਂ ਦੇ ਵਿਦਿਆਰਥੀਆਂ ਨੂੰ ਅੱਗੇ ਵਧਣ ਲਈ ਪ੍ਰੇਰਿਤ ਕੀਤਾ।

### ਸੀ ਪੀ ਆਈ ਵੱਲੋਂ ਮੁਜ਼ਾਹਰਾ ਅੱਜ

**ਲੁਧਿਆਣਾ (ਪ੍ਰਦੀਪ ਸ਼ਰਮਾ)**-ਐੱਮ ਐੱਸ ਭਾਟੀਆ ਸਕੱਤਰ ਭਾਰਤੀ ਕਮਿਊਨਿਸਟ ਪਾਰਟੀ ਲੁਧਿਆਣਾ (ਸ਼ਹਿਰੀ) ਨੇ ਜਾਰੀ ਬਿਆਨ ਵਿੱਚ ਦੱਸਿਆ ਕਿ ਪਾਰਟੀ ਦੀ ਲੁਧਿਆਣਾ ਸ਼ਹਿਰੀ ਇਕਾਈ ਵੱਲੋਂ ਮੋਦੀ ਸਰਕਾਰ ਦੇ ਲੋਕ ਵਿਰੋਧੀ ਤੇ ਦੇਸ਼ ਵਿਰੋਧੀ ਬਜਟ ਦੇ ਵਿਰੁੱਧ ਤੇ ਅਡਾਨੀ ਖ਼ਿਲਾਫ਼ ਜਾਂਚ ਲਈ ਸਾਂਝੀ ਸੰਸਦੀ ਕਮੇਟੀ ਗਠਨ ਕਰਨ ਦੀ ਮੰਗ ਨੂੰ ਲੈ ਕੇ ਰੋਸ ਮੁਜ਼ਾਹਰਾ 13 ਫਰਵਰੀ ਨੂੰ ਸਵੇਰੇ 9.30 ਵਜੇ ਡਿਪਟੀ ਕਮਿਸ਼ਨਰ ਦੇ ਦਫਤਰ ਸਾਹਮਣੇ ਕੀਤਾ ਜਾਵੇਗਾ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੁਤਲਾ ਫੂਕਿਆ ਜਾਵੇਗਾ। ਇਸ ਤੋਂ ਪਹਿਲਾਂ ਪੰਜਾਬੀ ਭਵਨ ਦੇ ਬਾਹਰ ਪੈਟਰੋਲ ਪੰਪ ਕੋਲ ਇਕੱਠੇ ਹੋ ਕੇ ਡਿਪਟੀ ਕਮਿਸ਼ਨਰ ਦੇ ਦਫਤਰ ਵੱਲ ਮਾਰਚ ਕੀਤਾ ਜਾਵੇਗਾ।

### ਬੀ ਕੇ ਯੂ ਏਕਤਾ ਉਗਰਾਹਾਂ ਵੱਲੋਂ ਰੋਸ ਪ੍ਰਦਰਸ਼ਨ ਅੱਜ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਦੀ ਮੀਟਿੰਗ ਗੁਰਦਵਾਰਾ ਅਕਾਲਗੜ੍ਹ ਸਾਹਿਬ ਵਿਖੇ ਅਮਰੀਕ ਸਿੰਘ ਦੀ ਅਗਵਾਈ ਵਿੱਚ ਹੋਈ, ਜਿਸ ਵਿੱਚ ਜਥੇਬੰਦੀ ਦੇ ਬਲਾਕ ਤੇ ਪਿੰਡ ਪੱਧਰੀ ਇਕਾਈਆਂ ਦੇ ਆਗੂਆਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਵਿੱਚ ਜਥੇਬੰਦੀ ਦੇ ਜ਼ਿਲ੍ਹਾ ਆਗੂ ਜਗਮੇਲ ਸਿੰਘ ਗਰੇਵਾਲ ਤੇ ਹਰਦੇਵ ਸਿੰਘ ਨੇ ਕਿਹ ਕਿ ਵੱਖ-ਵੱਖ ਜੇਲ੍ਹਾਂ ਵਿੱਚ ਬੰਦ ਬੰਦੀ ਸਿੰਘ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਹਨ, ਉਨ੍ਹਾਂ ਨੂੰ ਫੇਰ ਵੀ ਜੇਲ੍ਹਾਂ ਵਿੱਚ ਡੱਕੀ ਰੱਖਣਾ ਭਾਰਤੀ ਸੰਵਿਧਾਨ ਦੀ ਸਰੇਆਮ ਉਲੰਘਣਾ ਹੈ, ਜਿਸ ਦੇ ਵਿਰੋਧ 'ਚ ਜਥੇਬੰਦੀ ਵੱਲੋਂ 13 ਫਰਵਰੀ ਨੂੰ ਡੀ ਸੀ ਦਫ਼ਤਰ ਪਟਿਆਲਾ ਅੱਗੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਵਿੰਦਰ ਸਿੰਘ ਘੱਗਾ, ਬਲਕਾਰ ਸਿੰਘ, ਜਸਵਿੰਦਰ ਸਿੰਘ, ਗੁਰਜੰਟ ਸਿੰਘ ਨਨਹੇੜਾ, ਬਲਜਿੰਦਰ ਸਿੰਘ ਚੁਪਕੀ, ਚਰਨਜੀਤ ਸਿੰਘ ਖੇੜੀ, ਦਰਸ਼ਨ ਸਿੰਘ ਬਰਾਸ, ਬਾਬੂ ਸਿੰਘ ਬੁਰੜ, ਭੋਲਾ ਸਿੰਘ ਨਿਆਲ, ਮਾਘ ਸਿੰਘ ਬਨਵਾਲਾ, ਮੁਖਤਿਆਰ ਸਿੰਘ ਅਰਨੋਂ ਆਦਿ ਹਾਜ਼ਰ ਸਨ।

### ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ 25 ਤੇ 26 ਨੂੰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਵਿਸ਼ਵ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਦੀ 25 ਤੇ 26 ਫਰਵਰੀ ਨੂੰ ਹੋਣ ਜਾ ਰਹੇ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸਬੰਧੀ ਵਿਸ਼ੇਸ਼ ਇਕੱਤਰਤਾ ਸੁਸਾਇਟੀ ਦੇ ਪ੍ਰਧਾਨ ਹਰਪਾਲ ਸਿੰਘ ਭੁੱਲਰ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਮੋਹਨ ਸਿੰਘ, ਹਰਜੀਤ ਸਿੰਘ, ਸਰਬਜੀਤ ਸਿੰਘ ਛਾਬੜਾ, ਦਲਜੀਤ ਸਿੰਘ ਸਰਪੰਚ, ਹਰਦੀਪ ਸਿੰਘ ਸਰਪੰਚ, ਬਰਜਿੰਦਰ ਸਿੰਘ ਹੁਸੈਨੀਵਾਲਾ ਆਦਿ ਨੇ ਸ਼ਮੂਲੀਅਤ ਕੀਤੀ। ਮੀਟਿੰਗ ਉਪਰੰਤ ਸੁਸਾਇਟੀ ਦੇ ਪ੍ਰਧਾਨ ਹਰਪਾਲ ਸਿੰਘ ਭੁੱਲਰ ਨੇ ਦੱਸਿਆ ਕਿ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਮੌਕੇ 25 ਫਰਵਰੀ ਨੂੰ ਸ਼ਾਮ 5 ਵਜੇ ਤੋਂ ਰਾਤ 10 ਵਜੇ ਤੱਕ ਤੇ 26 ਫਰਵਰੀ ਨੂੰ ਸਵੇਰੇ 10 ਤੋਂ ਸ਼ਾਮ 4 ਵਜੇ ਤੱਕ ਦੀਵਾਨ ਸਜਣਗੇ, ਜਿਸ ਵਿੱਚ ਉੱਚ ਕੋਟੀ ਦੇ ਰਾਗੀ ਤੇ ਕਥਾ ਵਾਚਕ ਪਹੁੰਚ ਰਹੇ ਹਨ। ਉਨ੍ਹਾ ਦੱਸਿਆ ਕਿ ਇਸ ਸਮਾਗਮ 'ਚ ਹਾਜ਼ਰੀਆਂ ਭਰਨ ਲਈ ਡਾ. ਐੱਸ ਪੀ ਸਿੰਘ ਉਬਰਾਏ, ਸੰਤ ਬਲਬੀਰ ਸਿੰਘ ਸੀਚੇਵਾਲ, ਬਾਬਾ ਸਰਬਜੋਤ ਸਿੰਘ ਬੇਦੀ, ਯੂ ਕੇ ਦੀਆਂ ਜੰਮਪਲ ਉੱਚ ਸ਼ਖ਼ਸੀਅਤਾਂ ਪੀਟਰ ਵਿਰਦੀ ਤੇ ਜਸਪਾਲ ਸਿੰਘ ਨਾਲ ਵੀ ਰਾਬਤਾ ਬਣਾਇਆ ਜਾ ਰਿਹਾ ਹੈ।

### ਨਗਰ ਪਾਲਿਕਾ ਸਫਾਈ ਕਰਮਚਾਰੀਆਂ ਵੱਲੋਂ ਰੋਸ ਪ੍ਰਦਰਸ਼ਨ

**ਕਾਲਾਂਵਾਲੀ (ਸੁਰਿੰਦਰ ਪਾਲ ਸਿੰਘ)**-ਨਗਰ ਪਾਲਿਕਾ ਕਾਲਾਂਵਾਲੀ ਦੇ ਸਫਾਈ ਕਰਮਚਾਰੀਆਂ ਵੱਲੋਂ ਮੰਗਾਂ ਨੂੰ ਲੈ ਕੇ ਵਿਭਾਗ ਪ੍ਰਤੀ ਆਪਣੀ ਨਾਰਾਜ਼ਗੀ ਜ਼ਾਹਰ ਕਰਦੇ ਹੋਏ ਰੋਸ ਧਰਨਾ ਦਿੱਤਾ ਗਿਆ। ਸਫਾਈ ਕਰਮਚਾਰੀਆਂ ਨੇ ਧਰਨੇ ਦੌਰਾਨ ਖੱਟਰ ਸਰਕਾਰ ਦੀਆਂ ਮਜ਼ਦੂਰ ਵਿਰੋਧੀ ਗਤੀਵਿਧੀਆਂ ਦੀ ਜ਼ੋਰਦਾਰ ਨਿੰਦਾ ਕੀਤੀ। ਇਸ ਮੌਕੇ ਯੂਨੀਅਨ ਦੇ ਪ੍ਰਧਾਨ ਸਿਕੰਦਰ ਸਮੇਤ ਸਫਾਈ ਮੁਲਾਜ਼ਮ ਰਘੁਵੀਰ, ਅਨਿਲ, ਹੁਸ਼ਿਆਰ, ਸੋਨੂੰ, ਰਾਜੇਸ਼, ਸੰਨੀ ਨੇ ਦੱਸਿਆ ਕਿ ਪਿਛਲੇ 11 ਮਹੀਨਿਆਂ ਤੋਂ ਮੁਲਾਜ਼ਮਾਂ ਦੇ ਈ ਪੀ ਐੱਫ ਖਾਤੇ ਬੰਦ ਹੋ ਗਏ ਹਨ ਅਤੇ ਈ ਪੀ ਐੱਫ ਕਢਵਾਉਣ ਵਿੱਚ ਦਿੱਕਤ ਆ ਰਹੀ ਹੈ।ਕਰੋਨਾ ਦੇ ਦੌਰ ਵਿੱਚ ਸਰਕਾਰ ਨੇ ਇੱਕ ਲੀਟਰ ਤੇਲ ਤੇ ਚਾਰ ਸਾਬਣ ਦੇਣ ਦੀ ਵਿਵਸਥਾ ਕੀਤੀ ਸੀ। ਉਹ ਵੀ ਮੁਲਾਜ਼ਮਾਂ ਦਾ 10 ਮਹੀਨਿਆਂ ਤੋਂ ਬਕਾਇਆ ਹੈ। ਮੁਲਾਜ਼ਮਾਂ ਨੂੰ 3 ਸਾਲਾਂ ਤੋਂ ਏਰੀਅਲ ਵੀ ਨਹੀਂ ਮਿਲਿਆ ਤੇ ਨਾ ਹੀ ਕੋਈ ਭੱਤਾ ਦਿੱਤਾ ਗਿਆ। ਮੁਲਾਜ਼ਮਾਂ ਨੂੰ 11 ਦਿਨਾਂ ਦੀ ਤਨਖਾਹ ਵੀ ਨਹੀਂ ਮਿਲੀ। ਉਨ੍ਹਾਂ ਪ੍ਰਸ਼ਾਸਨ ਨੂੰ ਚਿਤਾਵਨੀ ਦਿੱਤੀ ਹੈ ਕਿ ਜੇਕਰ ਪ੍ਰਸ਼ਾਸਨ ਨੇ 3 ਦਿਨਾਂ ਵਿੱਚ ਉਨ੍ਹਾਂ ਦੀ ਸਮੱਸਿਆ ਦਾ ਕੋਈ ਹੱਲ ਨਾ ਕੱਢਿਆ ਤਾਂ ਉਹ ਫਿਰ ਕੰਮ ਠੱਪ ਕਰਕੇ ਰੋਸ ਪ੍ਰਦਰਸ਼ਨ ਕਰਨਗੇ।ਨਗਰ ਕੌਂਸਲ ਦੇ ਸਕੱਤਰ ਗਿਰਧਾਰੀ ਲਾਲ ਨੇ ਮੌਕੇ 'ਤੇ ਪਹੁੰਚ ਕੇ ਸਫ਼ਾਈ ਕਰਮਚਾਰੀਆਂ ਨੂੰ ਉਨ੍ਹਾਂ ਦੀਆਂ ਮੰਗਾਂ ਜਲਦੀ ਪੂਰੀਆਂ ਕਰਨ ਦਾ ਭਰੋਸਾ ਦਿੱਤਾ, ਜਿਸ ਤੋਂ ਬਾਅਦ ਸਫ਼ਾਈ ਕਰਮਚਾਰੀਆਂ ਨੇ ਸ਼ਹਿਰ ਵਿੱਚ ਜਾ ਕੇ ਸਫ਼ਾਈ ਵਿਵਸਥਾ ਦਾ ਜਾਇਜ਼ਾ ਲਿਆ।

# ਪੀ ਐੱਫ਼ ਆਈ ਵੱਲੋਂ ਪੱਤਰਕਾਰ ਨੂੰ ਗੱਡੀ ਹੇਠ ਦਰੜਣ ਦੀ ਨਿੰਦਾ



**ਧੂਰੀ (ਬਿੰਨੀ ਗਰਗ)**-ਪ੍ਰੈੱਸ ਫ਼ੈਡਰੇਸ਼ਨ ਆਫ਼ ਇੰਡੀਆ ਦੇ ਚੇਅਰਮੈਨ ਵਿਵੇਕ ਸਿੰਧਵਾਨੀ ਤੇ ਪ੍ਰਧਾਨ ਐਡਵੋਕੇਟ ਰਾਜੇਸ਼ਵਰ ਚੌਧਰੀ ਨੇ ਮਹਾਂਰਾਸ਼ਟਰ ਦੇ ਰਤਨਾਗਿਰੀ ਜ਼ਿਲ੍ਹੇ ਦੇ ਰਾਜਾਪੁਰ ਖੇਤਰ ਵਿੱਚ ਪੱਤਰਕਾਰ ਸ਼ਸ਼ੀਕਾਂਤ ਵਾਰਿਸੇ ਨੂੰ ਇੱਕ ਗੱਡੀ ਹੇਠ ਦਰੜ ਕੇ ਸ਼ਹੀਦ ਕਰਨ ਦੀ ਨਿੰਦਾ ਕਰਦਿਆਂ ਇਸ ਨੂੰ ਪੱਤਰਕਾਰਾਂ ਦੀ ਸੁਰੱਖਿਆ ਦੀ ਘਾਟ ਦੱਸਿਆ ਹੈ। ਆਗੂਆਂ ਨੇ ਮਹਾਂਰਾਸ਼ਟਰ ਸਰਕਾਰ ਤੋਂ ਮੁਲਜ਼ਮਾਂ ਵਿਰੁੱਧ ਸਖਤ ਕਾਰਵਾਈ ਦੀ ਮੰਗ ਕਰਦਿਆਂ ਸ਼ਹੀਦ ਪੱਤਰਕਾਰ ਪਰਵਾਰ ਨੂੰ ਘੱਟੋ-ਘੱਟ ਇੱਕ ਕਰੋੜ ਰੁਪਏ ਮੁਆਵਜ਼ੇ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਭਾਵੇਂ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ, ਪਰ ਭਵਿੱਖ ਵਿੱਚ ਪੱਤਰਕਾਰਾਂ ਦੀ ਸੁਰੱਖਿਆ ਲਈ ਸਖਤ ਕਦਮ ਚੁੱਕੇ ਜਾਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਇਹ ਕੋਈ ਪਹਿਲਾਂ ਮੌਕਾ ਨਹੀਂ, ਜਦੋਂ ਕਿਸੇ ਪੱਤਰਕਾਰ ਨੂੰ ਕਿਸੇ ਖ਼ਬਰ ਪ੍ਰਕਾਸ਼ਤ ਕਰਨ ਤੋਂ ਬਾਅਦ ਬੇਰਹਿਮੀ ਨਾਲ ਸ਼ਹੀਦ ਕਰ ਦਿੱਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਮੀਡੀਆ ਅਦਾਰਿਆਂ ਵਿੱਚੋਂ ਕਾਰਪੋਰੇਟ ਘਰਾਣਿਆਂ ਦੀ ਮਨੌਪਲੀ ਤੋੜਨ ਦੀ ਲੋੜ ਨਹੀਂ ਤਾਂ ਸਾਨੂੰ ਕੋਈ ਆਸ ਨਹੀਂ ਦਿਖਾਈ ਦਿੰਦੀ। ਇਸ ਦੇ ਨਾਲ ਹੀ ਪਬਲਿਕ ਬਰੋਡਕਾਸਟ ਨੂੰ ਤਾਕਤ ਦਿੱਤੀ ਜਾਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪੱਤਰਕਾਰਾਂ ਦੇ ਹੱਕਾਂ ਨੂੰ ਦਬਾਇਆ ਜਾ ਰਿਹਾ ਹੈ। ਪੱਤਰਕਾਰ ਜਥੇਬੰਦੀਆਂ ਨੂੰ ਮਜ਼ਬੂਤ ਹੋ ਕੇ ਅੱਗੇ ਆਉਣ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਮੀਡੀਆ ਕਮਿਸ਼ਨ ਤੇ ਜਰਨਲਿਸਟ ਐਕਟ ਬਨਾਉਣ ਦੀ ਮੰਗ ਕੀਤੀ। ਇਸ ਨਾਲ ਪੱਤਰਕਾਰਾਂ 'ਤੇ ਹੋ ਰਹੀ ਧੱਕੇਸ਼ਾਹੀ ਤੇ ਪੱਤਰਕਾਰਾਂ ਦੇ ਅਧਿਕਾਰਾਂ ਬਾਰੇ ਸਭ ਕੁਝ ਸਪੱਸ਼ਟ ਕੀਤਾ ਜਾ ਸਕੇਗਾ।

# ਕਿਸਾਨ ਕੁਲਬੀਰ ਸਿੰਘ ਸਰਾਂ ਨੂੰ 'ਨਵੀਨਤਾਕਾਰੀ ਕਿਸਾਨ ਐਵਾਰਡ' ਨਾਲ ਕੀਤਾ ਸਨਮਾਨਤ




**ਮਲੋਟ (ਗੁਰਮੀਤ ਸਿੰਘ ਮੱਕੜ)**
ਬੀਤੇ ਦਿਨੀਂ ਭਾਰਤੀ ਕਣਕ ਅਤੇ ਜੌਂ ਖੋਜ ਸੰਸਥਾਨ ਕਰਨਾਲ (ਹਰਿਆਣਾ) ਵੱਲੋਂ ਆਪਣਾ 9ਵਾਂ ਸਥਾਪਨਾ ਦਿਹਾੜਾ ਮਨਾਇਆ ਗਿਆ, ਜਿਸ ਵਿਚ ਮੁੱਖ ਮਹਿਮਾਨ ਦੇ ਤੌਰ 'ਤੇ 'ਪਦਮ ਸ਼੍ਰੀ ਐਵਾਰਡ' ਨਾਲ ਨਿਵਾਜੇ ਗਏ ਖੇਤੀ ਵਿਗਿਆਨਿਕ ਡਾ. ਆਰ. ਐੱਸ. ਪਰੋਦਾ ਨੇ ਸ਼ਿਰਕਤ ਕੀਤੀ ਗਈ। ਇਸ ਸਮਾਗਮ ਦੌਰਾਨ ਮਲੋਟ ਬਲਾਕ ਦੇ ਪਿੰਡ ਵਿਰਕ ਖੇੜਾ ਦੇ ਅਗਾਂਹਵਧੂ ਕਿਸਾਨ, ਸੁਸਾਇਟੀ ਫ਼ਾਰ ਕਾਟਨ ਇੰਪਰੂਵਮੈਂਟ (ਮੁੰਬਈ) ਦੇ ਮੈਂਬਰ, ਯੰਗ ਫ਼ਾਰਮਰਸ ਐਸੋਸੀਏਸ਼ਨ ਪੰਜਾਬ (ਪਟਿਆਲਾ) ਦੇ ਮੈਂਬਰ, ਪੈਸਟੀਸਾਈਡ ਯੂਨੀਅਨ ਮਲੋਟ ਦੇ ਸਾਬਕਾ ਪ੍ਰਧਾਨ, ਪੀ.ਏ.ਯੂ. ਕਿਸਾਨ ਕਲੱਬ ਲੁਧਿਆਣਾ ਦੇ ਐਸੋਸੀਏਟ ਸੈਕਟਰੀ ਕੁਲਵੀਰ ਸਿੰਘ ਸਰਾਂ ਨੂੰ ਕਣਕ ਦੇ ਬੀਜ਼ਾਂ ਦੀਆਂ ਨਵੀਆਂ ਕਿਸਮਾਂ ਦੇ ਉਤਪਾਦ ਕਿਸਾਨਾਂ ਨੂੰ ਉਪਲੱਬਧ ਕਰਵਾਏ ਜਾਣ ਵਜੋਂ 'ਨਵੀਨਤਾਕਾਰੀ ਕਿਸਾਨ ਐਵਾਰਡ' ਨਾਲ ਮੁੱਖ ਮਹਿਮਾਨ ਡਾ. ਆਰ. ਐੱਸ. ਪਰੋਦਾ ਵੱਲੋਂ ਸਨਮਾਨਤ ਕੀਤਾ ਗਿਆ। ਕਿਸਾਨ ਕੁਲਬੀਰ ਸਿੰਘ ਸਰਾਂ ਇਸ ਐਵਾਰਡ ਨਾਲ ਸਨਮਾਨੇ ਜਾਣ ਵਾਲੇ ਪੰਜਾਬ ਦੇ ਇਕਲੌਤੇ ਕਿਸਾਨ ਬਣੇ ਹਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕਿਸਾਨ ਕੁਲਬੀਰ ਸਿੰਘ ਸਰਾਂ ਨੇ ਦੱਸਿਆ ਕਿ ਇਸ ਸਮਾਗਮ ਦੌਰਾਨ ਵੱਖ ਵੱਖ ਕਿਸਾਨਾਂ ਵਲੋਂ ਕਿਸਾਨੀ ਸਬੰਧੀ ਆਪਣੇ ਆਪਣੇ ਵਿਚਾਰ ਤੇ ਤਜਰਬੇ ਸਾਂਝੇ ਕੀਤੇ ਗਏ ਤਾਂ ਜੋ ਹੋਰ ਕਿਸਾਨ ਵੀ ਇਨ੍ਹਾਂ ਨੂੰ ਅਪਣਾ ਸਕਣ। ਕਿਸਾਨ ਕੁਲਬੀਰ ਸਿੰਘ ਸਰਾਂ ਇਸ ਸਨਮਾਨ ਲਈ ਮੁੱਖ ਮਹਿਮਾਨ ਖੇਤੀ ਵਿਗਿਆਨਿਕ ਡਾ. ਆਰ. ਐੱਸ. ਪਰੋਦਾ ਤੇ ਸਮਾਗਮ ਵਿੱਚ ਸ਼ਾਮਲ ਸਮੂਹ ਖੇਤੀਬਾੜੀ ਅਧਿਕਾਰੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

# ਸੈਨਿਕ ਵੈੱਲਫੇਅਰ ਕਲੱਬ ਭਲਾਈਆਣਾ ਵੱਲੋਂ ਅੱਖਾਂ ਦਾ ਮੁਫਤ ਚੈੱਕਅੱਪ ਕੈਂਪ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਣ)**
ਸੈਨਿਕ ਵੈੱਲਫੇਅਰ ਕਲੱਬ ਭਲਾਈਆਣਾ ਦੇ ਸਮੂਹ ਸੈਨਿਕ ਵੀਰਾਂ ਵੱਲੋਂ ਪਿੰਡ ਭਲਾਈਆਣਾ 'ਚ 'ਸ਼ਹੀਦ ਲੈਫਟੀਨੈਂਟ ਮੰਨੂ ਅੰਖੂਰੀ' ਯਾਦਗਾਰੀ ਪਾਰਕ ਵਿਖੇ ਅੱਖਾਂ ਦਾ ਮੁਫਤ ਚੈੱਕਅਪ ਕੈਂਪ ਲਗਾਇਆ ਗਿਆ। ਕੈਂਪ ਵਿੱਚ ਮੁਕਤਸਰ ਤੋਂ ਅੱਖਾਂ ਦੇ ਮਾਹਰ ਡਾਕਟਰ ਯੁਵਰਾਜ ਮਾਰਕਨ ਨੇ ਆਪਣੀ ਟੀਮ ਨਾਲ ਕੈਂਪ 'ਚ ਪੁੱਜੇ ਲੋਕਾਂ ਦੀਆਂ ਅੱਖਾਂ ਦਾ ਚੈੱਕਅਪ ਕੀਤਾ। ਇਸ ਕੈਂਪ 'ਚ ਪਿੰਡ ਦੇ ਕਰੀਬ 200 ਲੋਕਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ ਤੇ ਮਰੀਜ਼ਾਂ ਨੂੰ ਮੁਫਤ ਦਵਾਈਆਂ ਵੀ ਦਿੱਤੀਆਂ ਗਈਆਂ। ਇਸ ਮੌਕੇ ਜਾਣਕਾਰੀ ਦਿੰਦਿਆਂ ਸੈਨਿਕ ਜਸਪ੍ਰੀਤ ਸਿੰਘ, ਗਗਨਦੀਪ ਸਿੰਘ, ਬੋਹੜ ਸਿੰਘ, ਮਨਦੀਪ ਸਿੰਘ, ਗੁਰਵਿੰਦਰ ਸਿੰਘ, ਅਮਰਜੀਤ ਸਿੰਘ, ਮੋਹਨ ਸਿੰਘ, ਵਕੀਲ ਸਿੰਘ ਅਤੇ ਬਲਦੇਵ ਸਿੰਘ ਨੇ ਦੱਸਿਆ ਕਿ ਪਿੰਡ ਦੇ ਮੌਜੂਦਾ ਅਤੇ ਸਾਬਕਾ ਸੈਨਿਕਾਂ ਵੱਲੋਂ ਇਸ ਕਲੱਬ ਦਾ ਗਠਨ ਕੀਤਾ ਗਿਆ ਹੈ, ਜਿਸ ਦਾ ਮਕਸਦ ਸਾਰੇ ਸੈਨਿਕ ਭਰਾਵਾਂ ਨੂੰ ਇਕੱਠੇ ਕਰਕੇ ਲੋਕ ਭਲਾਈ ਦੇ ਕੰਮ ਕਰਨਾ ਹੈ। ਉਨ੍ਹਾਂ ਦੱਸਿਆ ਕਿ ਸੈਨਿਕ ਵੈੱਲਫੇਅਰ ਕਲੱਬ ਦਾ ਦਫਤਰ 'ਸ਼ਹੀਦ ਲੈਫਟੀਨੈਂਟ ਮੰਨੂ ਅੰਖੂਰੀ' ਯਾਦਗਾਰੀ ਪਾਰਕ ਵਿਖੇ ਬਣਾਇਆ ਗਿਆ ਹੈ, ਜਿਸ ਦਾ ਉਦਘਾਟਨ ਸਾਬਕਾ ਸੈਨਿਕ ਅਧਿਕਾਰੀ ਫਲੇਲ ਸਿੰਘ, ਪਾਲਾ ਸਿੰਘ, ਜਗਸੀਰ ਸਿੰਘ, ਬਲਵੀਰ ਸਿੰਘ ਕੋਟਭਾਈ ਅਤੇ ਦਰਸ਼ਨ ਸਿੰਘ ਵੱਲੋਂ ਕੀਤਾ ਗਿਆ। ਇਨ੍ਹਾਂ ਅਧਿਕਾਰੀਆਂ ਨੂੰ ਕਲੱਬ ਵੱਲੋਂ ਯਾਦਗਰੀ ਚਿੰਨ੍ਹ ਦੇ ਕੇ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਬਕਾ ਸਰਪੰਚ ਗੁਰਚਰਨ ਸਿੰਘ, ਸਾਬਕਾ ਸਰਪੰਚ ਠਾਣਾ ਸਿੰਘ, ਨੰਬਰਦਾਰ ਪੋਹਲਾ ਸਿੰਘ, ਮਾਸਟਰ ਰਣਜੀਤ ਸਿੰਘ ਤੋਂ ਇਲਾਵਾ ਪਿੰਡ ਦੀ ਸਮੁੱਚੀ ਪੰਚਾਇਤ ਹਾਜ਼ਰ ਸੀ।

# ਨਵ-ਨਿਯੁਕਤ ਚੇਅਰਮੈਨ ਸੁਰਿੰਦਰ ਸ਼ਰਮਾ ਦਾ ਸਨਮਾਨ



**ਨਾਭਾ (ਵਰਿੰਦਰ ਵਰਮਾ)**-ਮੁਹੱਲਾ ਸੁਧਾਰ ਕਮੇਟੀ ਰਜਿ ਪਾਂਡੂਸਰ ਚੇਅਰਮੈਨ ਜਗਦੀਸ਼ ਸਿੰਘ ਬੱਗਾ ਤੇ ਪ੍ਰਧਾਨ ਸੁਭਾਸ਼ ਭੋਗਲ ਦੀ ਅਗਵਾਈ ਹੇਠ ਸਮੂਹ ਮੈਂਬਰਾਂ ਵੱਲੋਂ ਸੁਰਿੰਦਰ ਸ਼ਰਮਾ ਨੂੰ ਨਵ ਨਿਯੁਕਤ ਇੰਪਰੂਵਮੈਂਟ ਟਰੱਸਟ ਦਾ ਚੈਅਰਮੈਨ ਬਣਾਏ ਜਾਣ ਤੇ ਪੁਰਾਣਾ ਹਾਈਕੋਰਟ ਗਰਾਊਂਡ ਵਿਖੇ ਸਨਮਾਨ ਕੀਤਾ ਗਿਆ। ਉਨ੍ਹਾਂ ਨਾਲ ਆਮ ਆਦਮੀ ਪਾਰਟੀ ਦੇ ਸ਼ਹਿਰੀ ਬਲਾਕ ਪ੍ਰਧਾਨ ਦੇ ਸ਼ਹਿਰੀ ਪ੍ਰਧਾਨ ਸ੍ਰੀ ਅਸ਼ੋਕ ਅਰੋੜਾ, ਹਰਮੀਰ ਸਿੰਘ ਢੀਂਡਸਾ ਸਕੱਤਰ, ਫਾਊਂਡਰ ਮੈਂਬਰ ਜਸਵੰਤ ਸਿੰਘ ਕਪੂਰ ਆਦਿ ਉਨ੍ਹਾਂ ਨਾਲ ਹਾਜ਼ਰ ਸਨ। ਜਗਦੀਸ਼ ਬੱਗਾ ਤੇ ਸੁਭਾਸ਼ ਭੋਗਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਪਾਰਟੀ ਪ੍ਰਤੀ ਵਧੀਆ ਸੇਵਾਵਾਂ ਨਿਭਾਉਣ ਵਾਲੇ ਆਗੂਆਂ ਤੇ ਵਰਕਰਾਂ ਨੂੰ ਬਣਦਾ ਮਾਣ-ਸਨਮਾਨ ਦਿੱਤਾ ਜਾ ਰਿਹਾ ਹੈ, ਜਿਸ ਨੂੰ ਲੈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਇਮਾਨਦਾਰ ਤੇ ਮਿਹਨਤੀ ਆਗੂ ਸੁਰਿੰਦਰ ਪਾਲ ਸ਼ਰਮਾ ਨੂੰ ਚੇਅਰਮੈਨ ਨਿਯੁਕਤ ਕੀਤਾ ਹੈ। ਸਨਮਾਨਤ ਹੋਣ ਉਪਰੰਤ ਸੁਰਿੰਦਰ ਸਰਮਾ ਨੇ ਕਮੇਟੀ ਦੇ ਸਮੂਹ ਮੈਂਬਰਾਂ ਦਾ ਧੰਨਵਾਦ ਕੀਤਾ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕਮੇਟੀ ਦੇ ਸਮੂਹ ਮੈਂਬਰਾਂ ਵੱਲੋਂ ਪੁਰਾਣਾ ਹਾਈਕੋਰਟ ਗਰਾਊਂਡ ਦੀ ਦੇਖਭਾਲ ਕੀਤੀ ਜਾਂਦੀ ਹੈ। ਇਸ ਮੌਕੇ ਮੁਹੱਲਾ ਸੁਧਾਰ ਕਮੇਟੀ ਦੇ ਚੇਅਰਮੈਨ ਜਗਦੀਸ਼ ਸਿੰਘ ਬੱਗਾ, ਪ੍ਰਧਾਨ ਸੁਭਾਸ਼ ਭੋਗਲ, ਵਾਇਸ ਚੇਅਰਮੈਨ ਡਾਕਟਰ ਪ੍ਰੀਤਮ ਸਿੰਘ ਬੱਤਰਾ, ਖ਼ਜ਼ਾਨਚੀ ਸੰਦੀਪ ਬਾਂਗਾ, ਸਕੱਤਰ ਅਮਨ ਕੌਂਸਲ, ਅਗਜੈਕਟਿਵ ਮੈਂਬਰ ਸ਼ੇਰ ਸਿੰਘ, ਗੁਰਵਿੰਦਰ ਸਿੰਘ ਸਾਹਨੀ, ਲਲਿਤ ਮਿੰਟੂ ਤੋਂ ਇਲਾਵਾ ਸ਼ਹਿਰ ਦੇ ਪਤਵੰਤੇ ਸੱਜਣ ਨਰਿੰਦਰ ਢੀਂਗਰਾ, ਜੈ ਸਿੰਘ ਬੱਤਰਾ, ਡਾ. ਭੁਪਿੰਦਰ ਸਿੰਘ ਬੱਤਰਾ, ਡਾਕਟਰ ਪ੍ਰਤਾਪ ਸਿੰਘ ਬੱਤਰਾ, ਸਵਿੰਦਰ ਰਾਵਲ ਪ੍ਰਾਪਰਟੀ ਡੀਲਰ, ਟੈਕਸੇਸ਼ਨ ਸਲਾਹਕਾਰ ਵਜੀਰ ਤੇ ਯੂ ਟੀ ਆਈ (ਐਮ ਐਫ) ਦੇ ਰਜਿੰਦਰ ਕੁਮਾਰ, ਕੈਂਡੀ, ਜ਼ਖ਼ਮੀ ਤੇ ਸੰਜੇ ਕੁਮਾਰ ਵਰਮਾ ਆਦਿ ਹਾਜ਼ਰ ਸਨ।

## ਦੀ ਰੈਵੀਨਿਊ ਰਿਟਾਇਰਡ ਕਾਨੂੰਗੋ-ਪਟਵਾਰੀ ਵੈੱਲਫੇਅਰ ਐਸੋ. ਦੀ ਮੀਟਿੰਗ



**ਸੰਗਰੂਰ (ਪ੍ਰਵੀਨ ਸਿੰਘ)**-ਦੀ ਰੈਵੀਨਿਊ ਰਿਟਾਇਰਡ ਕਾਨੂੰਗੋ ਪਟਵਾਰੀ ਵੈੱਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਸੰਗਰੂਰ ਦੀ ਮਹੀਨਾਵਾਰ ਮੀਟਿੰਗ ਸ: ਮਹਿੰਦਰ ਸਿੰਘ ਤਕੀਪੁਰ ਜ਼ਿਲ੍ਹਾ ਪ੍ਰਧਾਨ ਸੰਗਰੂਰ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਸੰਗਰੂਰ ਵਿਖੇ ਹੋਈ, ਜਿਸ ਵਿੱਚ ਸੇਵਾ ਮੁਕਤ ਸਾਥੀਆਂ ਦੀਆਂ ਮੁਸ਼ਕਲਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਤੋਂ ਇਲਾਵਾ ਜਿਹੜੇ ਸਾਥੀਆਂ ਦੇ ਜਨਮ ਦਿਨ ਜਨਵਰੀ 2023 ਵਿੱਚ ਆਏ ਉਨ੍ਹਾ ਦੇ ਜਨਮ ਦਿਨ ਮਨਾ ਕੇ ਖੁਸ਼ੀ ਸਾਂਝੀ ਕੀਤੀ ਗਈ। ਮੀਟਿੰਗ ਵਿੱਚ ਜਗਰਾਜ ਸਿੰਘ ਰਟੌਲ, ਹਰਮੇਲ ਸਿੰਘ, ਗੁਰਬਖਸ਼ ਸਿੰਘ, ਮਨਮੋਹਨ ਲਾਲ ਧੂਰੀ, ਭਗਵਾਨ ਸਿੰਘ, ਅਸ਼ੋਕ ਕੁਮਾਰ, ਲਾਭ ਸਿੰਘ, ਦਰਸ਼ਨ ਸਿੰਘ, ਸਵਰਨ ਸਿੰਘ, ਪੁਸ਼ਪਿੰਦਰ ਸਿੰਘ ਮੰਗਵਾਲ, ਜਸਪਾਲ ਸਿੰਘ, ਗੁਲਜਾਰ ਸਿੰਘ, ਹਰਦਿਆਲ ਸਿੰਘ, ਸਤਪਾਲ ਸਿੰਘ, ਹੰਸਰਾਜ ਸਿੰਘ, ਅਵਤਾਰ ਦਾਸ, ਬਿਕਰਮਜੀਤ ਸਿੰਘ, ਰਾਜਿੰਦਰਪਾਲ, ਸੁਖਦੇਵ ਸਿੰਘ, ਹਰਬੰਸ ਸਿੰਘ ਗੁਰੂ, ਰਣਜੀਤ ਸਿੰਘ ਮੂਣਕ, ਦਰਸ਼ਨ ਸਿੰਘ ਰੋੜੇਵਾਲ, ਕਰਮ ਸਿੰਘ ਵਗੈਰਾ ਸਾਥੀਆਂ ਨੇ ਭਾਗ ਲਿਆ।

# ਹਰਦਿਆਲ ਸਿੰਘ ਜੈਦਕਾ ਦੀ ਯਾਦ 'ਚ ਬੱਚੇ ਸਨਮਾਨਤ



**ਨਿਹਾਲ ਸਿੰਘ ਵਾਲਾ (ਨਛੱਤਰ ਸੰਧੂ)**
ਸਮਾਜਸੇਵੀ ਸਵ: ਹਰਦਿਆਲ ਸਿੰਘ ਜੈਦਕਾ (ਸਾਬਕਾ ਮੁੱਖ ਅਧਿਆਪਕ) ਵੱਲੋਂ ਸਰਕਾਰੀ ਹਾਈ ਸਕੂਲ ਦੀਨਾ ਸਾਹਿਬ ਦੇ ਪਹਿਲੇ, ਦੂਜੇ, ਤੀਜੇ ਸਥਾਨ 'ਤੇ ਰਹਿਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕਰਨ ਦੀ ਪਾਈ ਪਿਰਤ ਨੂੰ ਅੱਗੇ ਤੋਰਦੇ ਹੋਏ ਅੱਜ ਉਨ੍ਹਾਂ ਦੀ ਬਰਸੀ 'ਤੇ ਹਾਈ ਤੇ ਪ੍ਰਾਇਮਰੀ ਸਕੂਲ ਦੇ ਬੱਚਿਆਂ ਨੂੰ ਹੌਸਲਾ ਦਿੱਤਾ ਤੇ ਉਨ੍ਹਾਂ ਨੂੰ ਯਾਦ ਕੀਤਾ। ਉਨ੍ਹਾਂ ਦੀ ਮਿੱਠੀ ਯਾਦ ਨੂੰ ਤਾਜ਼ਾ ਕਰਦਿਆਂ ਸਾਬਕਾ ਸੈਨਿਕ ਮੁਖਤਿਆਰ ਸਿੰਘ, ਵਾਤਾਵਰਨ ਪ੍ਰੇਮੀ ਤੋਤਾ ਸਿੰਘ ਦੀਨਾ, ਆਮ ਆਦਮੀ ਪਾਰਟੀ ਦੇ ਬੁਲਾਰੇ ਅੰਮ੍ਰਿਤਪਾਲ ਸਿੰਘ ਖਾਲਸਾ, ਡਾਕਟਰ ਗੁਰਪ੍ਰੀਤ ਸਿੰਘ, ਜੋਗਿੰਦਰ ਸਿੰਘ ਵੱਲੋਂ ਸਮੂਹ ਸਟਾਫ ਦੀ ਹਾਜ਼ਰੀ ਵਿੱਚ ਚਰਨਪ੍ਰੀਤ ਸਿੰਘ, ਪਵਨਜੋਤ ਕੌਰ, ਰੂਪਜੋਤ ਕੌਰ, ਰਵਿੰਦਰ ਸਿੰਘ, ਪਾਇਲ ਜੈਨ, ਰਮਨਦੀਪ ਕੌਰ, ਸਮੇਤ ਕੁੱਲ 31 ਬੱਚਿਆਂ ਨੂੰ ਇਨਾਮ ਦੇ ਕੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ ਗਈ। ਇਸ ਮੌਕੇ ਇੰਚਾਰਜ ਜਗਦੀਪ ਸਿੰਘ, ਮਨਜੀਤ ਕੌਰ, ਹਰਿੰਦਰ ਜੀਤ ਸਿੰਘ, ਪਰਮਜੀਤ ਸਿੰਘ ਪੀ ਟੀ ਈ ਤੇ ਸਕੂਲ ਦਾ ਸਮੂਹ ਸਟਾਫ ਹਾਜ਼ਰ ਸੀ।

# ਸਿਖਿਆਰਥੀਆਂ ਨੂੰ ਸਿਲਾਈ-ਕਢਾਈ ਦੇ ਸਰਟੀਫਿਕੇਟ ਵੰਡੇ




**ਬਰੇਟਾ (ਗੋਬਿੰਦ ਸ਼ਰਮਾ)**-ਸਰਬੱਤ ਦਾ ਭਲਾ ਚੈਰੀਟੇਬਲ ਟੱਰਸਟ ਦੇ ਮੈਨੇਜਿੰਗ ਟਰੱਸਟੀ ਡਾ. ਐੱਸ. ਪੀ. ਸਿੰਘ ਓਬਰਾਏ ਦੇ ਦਿਸ਼ਾ ਨਿਰਦੇਸ਼ਾਂ ਤੇ ਕੌਮੀ ਪ੍ਰਧਾਨ ਜੱਸਾ ਸਿੰਘ ਸੰਧੂ, ਐਜੂਕੇਸ਼ਨ ਡਾਇਰੈਕਟਰ ਇੰਦਰਜੀਤ ਕੌਰ ਗਿੱਲ ਤੇ ਜ਼ਿਲ੍ਹਾ ਪ੍ਰਧਾਨ ਬਲਜਿੰਦਰ ਸਿੰਘ ਘਾਲੀ ਦੀ ਅਗਵਾਈ ਹੇਠ ਨੇੜਲੇ ਪਿੰਡ ਬਹਾਦਰਪੁਰ ਵਿਖੇ ਚੱਲ ਰਹੇ ਸਿਲਾਈ ਸੈਂਟਰ ਦੇ ਛੇ ਮਹੀਨੇ ਪੂਰੇ ਹੋਣ ਉਪਰੰਤ ਪੇਪਰ ਲਿਆ ਗਿਆ ਸੀ, ਉਨ੍ਹਾਂ ਸਿਖਿਆਰਥੀਆਂ ਨੂੰ ਜ਼ਿਲ੍ਹਾ ਖਜ਼ਾਨਚੀ ਮਦਨ ਲਾਲ ਕੁਸ਼ਲਾ ਦੀ ਨਿਗਰਾਨੀ ਹੇਠ ਕਿੱਤਾ ਸਰਟੀਫਿਕੇਟ ਵੰਡੇ ਗਏ। ਇਸ ਮੌਕੇ ਬਿੱਗ ਹੋਪ ਫਾਊਂਡੇਸ਼ਨ ਦੇ ਮਨਿੰਦਰ ਸਿੰਗਲਾ ਵੱਲੋਂ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੈਨੇਜਿੰਗ ਟਰੱਸਟੀ ਡਾ. ਐੱਸ ਪੀ ਸਿੰਘ ਓਬਰਾਏ ਵੱਲੋਂ ਨਿਭਾਈਆਂ ਗਈਆਂ ਸੇਵਾਵਾਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਸੰਸਥਾ ਵੱਲੋਂ ਸ਼ਹੀਦ ਕਿਸਾਨਾਂ ਤੇ ਮਜ਼ਦੂਰਾਂ ਦੇ ਪਰਿਵਾਰਾਂ ਨੂੰ ਪੈਨਸ਼ਨਾਂ ਤੇ ਉਨ੍ਹਾਂ ਦੇ ਬੱਚਿਆਂ ਨੂੰ ਮੁਫ਼ਤ ਵਿੱਦਿਆ ਦੇ ਕੇ ਇੱਕ ਸ਼ਲਾਘਾਯੋਗ ਕੰਮ ਕੀਤਾ ਜਾ ਰਿਹਾ ਹੈ। ਬੱਚਿਆਂ ਨੂੰ ਆਤਮ ਨਿਰਭਰ ਬਣਾਉਣ ਲਈ ਸੰਸਥਾ ਵੱਲੋਂ ਵੱਖ ਵੱਖ ਪਿੰਡਾਂ ਵਿੱਚ ਕੰਪਿਊਟਰ ਸੈਂਟਰ ਤੇ ਸਿਲਾਈ ਸੈਂਟਰ ਖੋਲ੍ਹੇ ਜਾ ਰਹੇ ਹਨ। ਇਸ ਮੌਕੇ ਬਿੱਗ ਹੋਪ ਫਾਊਂਡੇਸ਼ਨ ਦੇ ਮਨਿੰਦਰ ਕੁਮਾਰ, ਸ਼ੰਕਰ ਕੁਮਾਰ, ਸਾਬਕਾ ਸਰਪੰਚ ਗੁਰਜੀਤ ਸਿੰਘ, ਅਜੈਬ ਸਿੰਘ (ਆਸਰਾ ਫਾਊਂਡੇਸ਼ਨ ਬਰੇਟਾ) ਤੋਂ ਇਲਾਵਾ ਅਧਿਆਪਕ ਪੰਮੀ ਕੌਰ ਵੀ ਸ਼ਾਮਲ ਸਨ।

# ਮਿੱਡ ਡੇਅ ਮੀਲ ਕੁੱਕ ਯੂਨੀਅਨ ਦਾ ਕੈਲੰਡਰ ਜਾਰੀ


ਏਡੀਸੀ ਮਿੱਡ ਡੇਅ ਮੀਲ ਕੁੱਕ ਯੂਨੀਅਨ ਦਾ ਕੈਲੰਡਰ ਰਿਲੀਜ਼ ਕਰਦੇ ਹੋਏ।

**ਮੋਗਾ (ਅਮਰਜੀਤ ਬੱਬਰੀ)**
ਭਾਰਤੀਆ ਮਜ਼ਦੂਰ ਸੰਘ ਨਾਲ ਸਬੰਧਤ ਮਿਡ ਡੇ ਮੀਲ ਕੁੱਕ ਯੂਨੀਅਨ ਪੰਜਾਬ ਦਾ ਸਾਲ 2023 ਦਾ ਕੈਲੰਡਰ ਰਸਮੀ ਤੌਰ 'ਤੇ ਏਡੀਸੀ ਸੁਭਾਸ਼ ਚੰਦਰ ਨੇ ਜਾਰੀ ਕੀਤਾ। ਇਸ ਮੌਕੇ ਭਾਰਤੀਆ ਮਜ਼ਦੂਰ ਸੰਘ ਦੇ ਜ਼ਿਲ੍ਹਾ ਪ੍ਰਧਾਨ ਵਿਜੇ ਧੀਰ ਐਡਵੋਕੇਟ, ਮਿਡ ਡੇਅ ਮੀਲ ਕੁੱਕ ਯੂਨੀਅਨ ਦੇ ਸੂਬਾ ਪ੍ਰਧਾਨ ਕਰਮ ਚੰਦ ਚੰਡਾਲੀਆ, ਸਾਬਕਾ ਮੈਂਬਰ ਪਾਰਲੀਮੈਂਟ ਕੇਵਲ ਸਿੰਘ, ਕ੍ਰਾਂਤੀਕਾਰੀ ਭੱਠਾ ਮਜ਼ਦੂਰ ਯੂਨੀਅਨ ਪੰਜਾਬ ਦੇ ਪ੍ਰਧਾਨ ਪ੍ਰਵੀਨ ਕੁਮਾਰ ਸ਼ਰਮਾ ਤੋਂ ਇਲਾਵਾ ਮਿਡ ਡੇ ਮੀਲ ਕੁੱਕ ਯੂਨੀਅਨ ਦੇ ਆਹੁਦੇਦਾਰ ਕਮਲਜੀਤ ਕੌਰ ਮੱਦੋ ਕੇ, ਅਮਰਜੀਤ ਕੌਰ, ਕਮਲਜੀਤ ਕੌਰ ਕਲਿਆਨ, ਸਰੋਜ, ਸ਼ਸ਼ੀ ਦੇਵੀ, ਗੁਰਜੀਤ ਕੌਰ, ਭਜਨਾ, ਰੇਖਾ, ਬਿੰਦੂ, ਚੰਪਾ, ਕਰਮਜੀਤ ਕੌਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਮੌਕੇ ਅਡੀਸ਼ਨਲ ਡਿਪਟੀ ਕਮਿਸ਼ਨਰ ਸੁਭਾਸ਼ ਚੰਦਰ ਨੇ ਕਿਹਾ ਕਿ ਇਸ ਸ਼ਾਨਦਾਰ ਕੈਲੰਡਰ ਤੋਂ ਮੁਲਾਜ਼ਮਾਂ ਨੂੰ ਸਾਲ ਭਰ ਦੀਆਂ ਛੁੱਟੀਆਂ ਦਾ ਪਤਾ ਚੱਲੇਗਾ, ਉਥੇ ਇਹ ਕੈਲੰਡਰ ਮਿਡ ਡੇ ਮੀਲ ਕੁੱਕ ਯੂਨੀਅਨ ਦੇ ਸੂਬਾ ਪ੍ਰਧਾਨ ਕਰਮ ਚੰਦ ਚੰਡਾਲੀਆ ਦੀ ਅਗਵਾਈ ਵਿੱਚ ਯੂਨੀਅਨ ਦੀਆਂ ਗਤੀਵਿਧੀਆਂ ਦੀ ਝਲਕ ਵੀ ਪੇਸ਼ ਕਰਦਾ ਹੈ।

ਇਸ ਮੌਕੇ ਭਾਰਤੀਆ ਮਜ਼ਦੂਰ ਸੰਘ ਦੇ ਜ਼ਿਲ੍ਹਾ ਪ੍ਰਧਾਨ ਵਿਜੇ ਧੀਰ ਐਡਵੋਕੇਟ ਨੇ ਕਿਹਾ ਕਿ ਮਿਡ ਡੇ ਮੀਲ ਕੁੱਕ ਯੂਨੀਅਨ ਭਾਰਤੀਯ ਮਜ਼ਦੂਰ ਸੰਘ ਦੀ ਇੱਕ ਸੰਗਠਿਤ ਤੇ ਮਜ਼ਬੂਤ ਸੂਬਾ ਪੱਧਰੀ ਯੂਨੀਅਨ ਹੈ। ਇਸ ਮੌਕੇ ਸਾਬਕਾ ਮੈਂਬਰ ਪਾਰਲੀਮੈਂਟ ਕੇਵਲ ਸਿੰਘ ਨੇ ਕਿਹਾ ਕਿ ਅਜਿਹੇ ਕੈਲੰਡਰ ਦਾ ਜਾਰੀ ਕਰਨ ਨਾਲ ਯੂਨੀਅਨ ਦੀ ਮਜ਼ਬੂਤੀ ਤੇ ਸੰਗਠਨ ਸ਼ਕਤੀ ਨੂੰ ਦਰਸਾਉਂਦੀ ਹੈ। ਇਸ ਮੌਕੇ ਕ੍ਰਾਂਤੀਕਾਰੀ ਭੱਠਾ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਪ੍ਰਵੀਨ ਕੁਮਾਰ ਸ਼ਰਮਾ ਨੇ ਮਿਡ ਡੇ ਮੀਲ ਕੁੱਕ ਯੂਨੀਅਨ ਨੂੰ ਕੈਲੰਡਰ ਜਾਰੀ ਕਰਨ ਤੋਂ ਵਧਾਈ ਦਿੰਦਿਆਂ ਕਿਹਾ ਕਿ ਸਮੂਹ ਭਾਰਤੀਆ ਮਜ਼ਦੂਰ ਸੰਘ ਮਿਡ ਡੇਅ ਮੀਲ ਕੁੱਕ ਯੂਨੀਅਨ ਦੀ ਸੇਵਾ ਵਿੱਚ ਦਿਨ-ਰਾਤ ਹਾਜ਼ਰ ਹੈ।

# 'ਹਾਲਾਤ-ਏ-ਪੰਜਾਬ' ਤੋਂ ਬਾਅਦ 'ਗੱਲ ਪੰਜਾਬ ਦੀ' ਲੈ ਕੇ ਹਾਜ਼ਰ ਹੋ ਰਿਹੈ ਦੇਵ ਰੁਪਾਣਾ



**ਕੋਟਕਪੂਰਾ (ਰਛਪਾਲ ਭੁੱਲਰ)**-ਕਿਸਾਨ ਅੰਦੋਲਨ ਮੌਕੇ 'ਹਾਲਾਤ-ਏ-ਪੰਜਾਬ' ਗੀਤ ਰਾਹੀਂ ਪੰਜਾਬ ਦੇ ਦੁਖਾਂਤ ਨੂੰ ਨਿਵੇਕਲੇ ਢੰਗ ਨਾਲ ਪੇਸ਼ ਕਰਨ ਨਾਲ ਚਰਚਾ ਵਿੱਚ ਆਏ ਨੌਜਵਾਨ ਦੇਵ ਰੁਪਾਣਾ ਨੇ ਹੁਣ 'ਗੱਲ ਪੰਜਾਬ ਦੀ' ਗੀਤ ਰਾਹੀਂ ਪੰਜਾਬ ਦੇ ਦੁਖਾਂਤ ਨੂੰ ਫਿਰ ਵੱਖਰੇ ਢੰਗ ਨਾਲ ਪੇਸ਼ ਕਰਨ ਦੀ ਕੋਸ਼ਿਸ਼ ਕੀਤੀ ਹੈ। ਉਸਾਰੂ ਸੋਚ ਰੱਖਣ ਵਾਲੇ ਚਿੰਤਕ ਤੇ ਉਤਸ਼ਾਹੀ ਨੌਜਵਾਨ ਦੇਵ ਰੁਪਾਣਾ ਦੇ ਯੂ ਟਿਊਬ ਉੱਪਰ 12 ਫਰਵਰੀ ਨੂੰ ਰਿਲੀਜ਼ ਹੋਣ ਵਾਲੇ 'ਗੱਲ ਪੰਜਾਬ ਦੀ' ਗੀਤ ਦਾ ਟਰੇਲਰ ਦੇਖ ਕੇ ਹੀ ਇਨਸਾਨੀਅਤ ਦਾ ਦਰਦ ਸਮਝਣ ਵਾਲਿਆਂ ਨੇ ਮਹਿਸੂਸ ਕੀਤਾ ਹੈ ਕਿ ਅਜਿਹੇ ਨੌਜਵਾਨ ਭਵਿੱਖ ਵਿੱਚ ਬਹੁਤ ਤਰੱਕੀ ਕਰਦੇ ਹਨ। ਕੁਝ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੇਵ ਰੁਪਾਣਾ ਨੇ ਦੱਸਿਆ ਕਿ ਗੈਂਗਸਟਰਵਾਦ, ਗੈਂਗਵਾਰ, ਸਿੱਖ ਸ਼ਕਲਾਂ ਵਿੱਚ ਘੁਸਪੈਠੀਏ, ਪੱਤਰਕਾਰਤਾ ਦੇ ਖੇਤਰ ਵਿੱਚ ਕਾਲੀਆਂ ਭੇਡਾਂ, ਡੇਰਾਵਾਦ, ਡਰਾਮੇਬਾਜ਼ੀ, ਸਿਆਸਤਦਾਨਾਂ ਤੇ ਕਲਾਕਾਰਾਂ ਦਾ ਦੋਗਲਾ ਕਿਰਦਾਰ, ਗਾਇਕੀ ਨੂੰ ਨਸ਼ੇ ਵੱਲ ਧਕੇਲਣ ਵਰਗੀਆਂ ਅਲਾਮਤਾਂ ਸਮੇਤ ਝੂਠੀ ਖੁਸ਼ਾਮਦ ਤੇ ਚਾਪਲੂਸੀ ਕਰਨ ਵਾਲਿਆਂ ਦੇ ਮੁਖੌਟੇ ਉਤਾਰਨ ਦੀ ਕੋਸ਼ਿਸ਼ ਕੀਤੀ ਗਈ ਹੈ। ਦੇਵ ਰੁਪਾਣਾ ਨੇ ਦੱਸਿਆ ਕਿ ਉਕਤ ਗੀਤ 'ਦੇਵ ਰੁਪਾਣਾ' ਦੇ ਆਫੀਸ਼ਲ ਪੇਜ 'ਤੇ ਵੀ ਸੁਣਿਆ, ਦੇਖਿਆ ਤੇ ਪ੍ਰਤੀਕਰਮ ਵੀ ਕੀਤਾ ਜਾ ਸਕਦਾ ਹੈ।

# ਵਰਲਡ 'ਵਰਸਿਟੀ ਵਿਖੇ 26ਵੀਂ ਪੰਜਾਬ ਸਾਇੰਸ ਕਾਂਗਰਸ ਸੰਪੰਨ



ਸਮਾਪਤੀ ਸਮਾਰੋਹ ਦੌਰਾਨ ਬੁਲਾਰਿਆਂ ਨੂੰ ਸਨਮਾਨਤ ਕਰਨ ਦਾ ਦ੍ਰਿਸ਼।

**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪੰਜਾਬ ਅਕੈਡਮੀ ਆਫ ਸਾਇੰਸਜ਼ ਦੇ ਸਹਿਯੋਗ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ 26ਵੀਂ ਪੰਜਾਬ ਸਾਇੰਸ ਕਾਂਗਰਸ ਨਵੀਂਆਂ ਬੁਲੰਦੀਆਂ ਨੂੰ ਛੋਂਹਦੀ ਹੋਈ ਤੇ ਵਿਗਿਆਨ ਦੇ ਖੇਤਰ ਵਿੱਚ ਕਈ ਨਵੇਂ ਸਵਾਲ ਉਭਾਰਦੀ ਹੋਈ ਅੱਜ ਸਮਾਪਤ ਹੋ ਗਈ ਹੈ। ਤਿੰਨ ਰੋਜ਼ਾ ਕਾਂਗਰਸ ਦੇ ਅਖੀਰਲੇ ਦਿਨ ਇਕ ਪਲੈਨਰੀ ਸੈਸ਼ਨ, ਇਕ ਟੈਕਨੀਕਲ ਸੈਸ਼ਨ ਤੇ ਵਿਦਾਇਗੀ ਸੈਸ਼ਨ ਹੋਏ। ਕਾਂਗਰਸ ਦੇ ਵਿਦਾਇਗੀ ਸੈਸ਼ਨ ਵਿੱਚ ਪੰਜਾਬ ਦੇ ਉੱਘੇ ਸਾਇੰਸਦਾਨ ਤੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਸਾਬਕਾ ਵਾਈਸ-ਚਾਂਸਲਰ ਪ੍ਰੋ. ਆਰ. ਸੀ. ਸੋਬਤੀ ਨੇ ਵਿਦਾਇਗੀ ਭਾਸ਼ਣ ਦਿੱਤਾ ਅਤੇ ਕਿਹਾ ਕਿ ਇਹ ਵਰਲਡ ਯੂਨੀਵਰਸਿਟੀ ਦਾ ਵਿਗਿਆਨ ਦੇ ਖੇਤਰ ਵਿੱਚ ਅਹਿਮ ਉਪਰਾਲਾ ਹੈ, ਜਿਸ ਨਾਲ ਵਿਗਿਆਨ ਦੇ ਵੱਖੋ-ਵੱਖਰੇ ਖੇਤਰਾਂ ਵਿੱਚ ਖੋਜ ਕਰ ਰਹੇ ਖੋਜਾਰਥੀ ਨਵੇਂ ਵਿਸ਼ਿਆਂ ਤੇ ਖੋਜ-ਵਿਧੀਆਂ ਨਾਲ ਰੂਬਰੂ ਹੋਣਗੇ। ਪ੍ਰੋ. ਸੋਬਤੀ ਨੇ ਜ਼ੋਰ ਦੇ ਕੇ ਕਿਹਾ ਕਿ ਦੁਨੀਆ ਭਰ ਵਿੱਚ ਵਿਗਿਆਨ ਦੇ ਵੱਖੋ-ਵੱਖ ਖੇਤਰਾਂ ਵਿੱਚ ਬਹੁਤ ਮਹੀਨ ਪੱਧਰ 'ਤੇ ਖੋਜ ਹੋ ਰਹੀ ਹੈ, ਪਰ ਪੰਜਾਬ ਤੇ ਏਸ਼ੀਆ ਦੇ ਹੋਰ ਖਿੱਤੇ ਇਸ ਦੌੜ ਵਿੱਚ ਕੁਝ ਪੱਛੜ ਕੇ ਚੱਲ ਰਹੇ ਹਨ। ਉਨ੍ਹਾ ਕਿਹਾ ਕਿ ਅਜਿਹੀਆਂ ਉੱਚ ਵਿੱਦਿਅਕ ਸੰਸਥਾਵਾਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਆਪਣੇ ਲੋਕਾਂ ਨੂੰ ਹਰ ਖੇਤਰ ਦੀ ਖੋਜ ਦੇ ਨਵੇਂ ਪ੍ਰਤੀਮਾਨਾਂ ਨਾਲ ਜੋੜਨ ਦੇ ਉਪਰਾਲੇ ਕਰਨ। ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਪ੍ਰੋ. ਅਜਾਇਬ ਸਿੰਘ ਬਰਾੜ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਅਤੇ ਉਨ੍ਹਾਂ ਨੇ ਆਪਣੇ ਭਾਸ਼ਣ ਦੌਰਾਨ ਕਿਹਾ ਕਿ ਦੁਨੀਆ ਭਰ ਦੇ ਹਰ ਦੇਸ਼ ਵਿਚ ਹੁਣ ਸਿੱਖਿਆ ਤੇ ਖੋਜ ਆਪਸ ਵਿੱਚ ਜੁੜ ਰਹੀਆਂ ਹਨ, ਪਰ ਭਾਰਤ ਵਿੱਚ ਖੋਜ ਤੇ ਸਿੱਖਿਆ ਇਕ ਲੀਹ 'ਤੇ ਨਹੀਂ ਆ ਰਹੀਆਂ। ਨਵੀਂ ਸਿੱਖਿਆ ਨੀਤੀ ਵਿੱਚ ਵਿੱਦਿਆ ਤੇ ਖੋਜ ਨੂੰ ਅੰਤਰ-ਸਬੰਧਤ ਕਰਨ ਦੇ ਜਿਹੜੇ ਨਵੇਂ ਮਾਪਦੰਡ ਦੱਸੇ ਗਏ ਹਨ ਵਰਲਡ ਯੂਨੀਵਰਸਿਟੀ ਉਨ੍ਹਾਂ ਉੱਪਰ ਪਹਿਲਕਦਮੀ ਨਾਲ ਚੱਲ ਰਹੀ ਹੈ। ਉਨ੍ਹਾ ਕਿਹਾ ਕਿ ਵਰਲਡ ਯੂਨੀਵਰਸਿਟੀ ਅਕਾਦਮਿਕ ਸਾਲ 2023-24 ਤੋਂ ਨਵੀਂ ਖੁੱਲ੍ਹੀ ਤੇ ਚੋਣਵੀਂ ਬਹੁ-ਵਿਸ਼ਾਵੀ ਵਿੱਦਿਅਕ ਪ੍ਰਣਾਲੀ ਸ਼ੁਰੂ ਕਰਨ ਜਾ ਰਹੀ ਹੈ, ਜਿਸ ਰਾਹੀਂ ਵਿਦਿਆਰਥੀ ਵਿਗਿਆਨ, ਆਰਟਸ, ਭਾਸ਼ਾਵਾਂ ਤੇ ਸਮਾਜਕ ਵਿਗਿਆਨਾਂ ਆਦਿ ਵਿੱਚੋਂ ਆਪਣੀ ਮਰਜ਼ੀ ਦੇ ਪਸੰਦੀਦਾ ਤੇ ਰੌਚਕ ਖੇਤਰ ਚੁਣ ਸਕਦਾ ਹੈ। ਇਸ ਨਾਲ ਖੋਜ ਦੇ ਨਵੇਂ ਖੇਤਰ ਖੁੱਲ੍ਹਣਗੇ ਤੇ ਨਵੇਂ ਰੁਜ਼ਗਾਰ ਪੈਦਾ ਹੋਣਗੇ। ਇਸ ਮੌਕੇ ਵਾਈਸ-ਚਾਂਸਲਰ ਪ੍ਰੋ. ਪ੍ਰਿਤਪਾਲ ਸਿੰਘ ਨੇ ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਕਿਹਾ ਕਿ ਯੂਨੀਵਰਸਿਟੀ ਦਾ ਮੁੱਖ ਉਦੇਸ਼ ਸ੍ਰੀ ਗੁਰੂ ਗ੍ਰੰਥ ਸਾਹਿਬ ਦੀਆਂ ਸਿੱਖਿਆਵਾਂ ਦਾ ਸੰਚਾਰ ਕਰਨਾ ਤੇ ਲੋਕਾਂ ਨੂੰ ਇਸ ਮਾਰਗ ਉਪਰ ਤੁਰਨ ਲਈ ਪ੍ਰੇਰਤ ਕਰਨ ਵਾਸਤੇ ਨਵੇਂ ਦਿਸਹੱਦੇ ਤਲਾਸ਼ਣਾ ਹੈ। ਉਨ੍ਹਾ ਕਿਹਾ ਕਿ 26ਵੀਂ ਪੰਜਾਬ ਸਾਇੰਸ ਕਾਂਗਰਸ ਵਿਗਿਆਨ ਤੇ ਧਰਮ ਦੇ ਸੁਮੇਲ ਵਿੱਚੋਂ ਨਵੇਂ ਰਾਹ ਤਲਾਸ਼ਣ ਵਿੱਚ ਸਫਲ ਹੋਈ ਹੈ। ਇਸ ਮੌਕੇ ਪੰਜਾਬ ਅਕੈਡਮੀ ਆਫ ਸਾਇੰਸਿਜ ਦੇ ਸਕੱਤਰ ਪ੍ਰੋ. ਤਰਲੋਕ ਸਿੰਘ ਨੇ ਵਿਸ਼ੇਸ਼ ਭਾਸ਼ਣ ਵਿੱਚ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਤੇ ਵਾਈਸ-ਚਾਂਸਲਰ ਨੂੰ ਕਾਨਫਰੰਸ ਦੀ ਸਫਲਤਾ ਲਈ ਵਧਾਈ ਦਿੱਤੀ। ਵਿਦਾਇਗੀ ਸੈਸ਼ਨ ਦੌਰਾਨ ਕਾਨਫਰੰਸ ਦੀ ਰਿਪੋਰਟ ਯੂਨੀਵਰਸਿਟੀ ਦੇ ਡੀਨ ਅਕਾਦਮਿਕ ਮਾਮਲੇ ਪ੍ਰੋ. ਸੁਖਵਿੰਦਰ ਸਿੰਘ ਬਿਲਿੰਗ ਨੇ ਪੇਸ਼ ਕੀਤੀ। ਕਾਨਫਰੰਸ ਦੀ ਭਰਪੂਰ ਸਫਲਤਾ 'ਤੇ ਪ੍ਰੋ. ਬਿਲਿੰਗ ਨੇ ਜਿਥੇ ਤਸੱਲੀ ਪ੍ਰਗਟਾਈ, ਉਥੇ ਪੰਜਾਬ ਅਕੈਡਮੀ ਆਫ ਸਾਇੰਸਿਜ਼ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸਹਿਯੋਗ ਲਈ ਧੰਨਵਾਦ ਕੀਤਾ। ਅੰਤ ਵਿੱਚ ਕਾਨਫਰੰਸ ਦੀ ਪ੍ਰਬੰਧਕੀ ਕਮੇਟੀ ਦੇ ਕਨਵੀਨਰ ਡਾ. ਯਾਦਵਿੰਦਰ ਸਿੰਘ ਵੱਲੋਂ ਰਸਮੀ ਤੌਰ 'ਤੇ ਧੰਨਵਾਦ ਦਾ ਮਤਾ ਪੇਸ਼ ਕੀਤਾ ਗਿਆ ਜਿਸ ਵਿਚ ਉਨ੍ਹਾਂ ਵਲੋਂ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਪ੍ਰੋ. ਅਜਾਇਬ ਸਿੰਘ ਬਰਾੜ, ਵਾਈਸ-ਚਾਂਸਲਰ ਪ੍ਰੋ. ਪਰਿਤ ਪਾਲ ਸਿੰਘ ਅਤੇ ਡੀਨ ਆਕਦਮਿਕ ਮਾਮਲੇ ਪ੍ਰੋ. ਸੁਖਵਿੰਦਰ ਸਿੰਘ ਬਿਲਿੰਗ ਦਾ ਯੋਗ ਰਹਿਨੁਮਾਈ ਲਈ ਅਤੇ ਪੰਜਾਬ ਅਕੈਡਮੀ ਆਫ ਸਾਇੰਸਿਜ਼ ਦੇ ਸਮੂਹ ਅਧਿਕਾਰੀਆਂ ਦਾ ਸਹਿਯੋਗ ਲਈ ਧੰਨਵਾਦ ਕੀਤਾ।

# ਅਧਿਆਪਕਾਂ ਦੀ ਚਾਰ ਰੋਜ਼ਾ ਵਰਕਸ਼ਾਪ ਸਫਲਤਾਪੂਰਵਕ ਸੰਪੰਨ

**ਬਰਨਾਲਾ (ਰਜਿੰਦਰ ਬਰਾੜ, ਰਾਕੇਸ਼ ਨੀਟਾ)**-ਬਰਨਾਲਾ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਵਿਖੇ ਜ਼ਿਲ੍ਹਾ ਸਿੱਖਿਆ ਅਫਸਰ ਮੈਡਮ ਰੇਨੂੰ ਬਾਲਾ ਤੇ ਉੱਪ ਜ਼ਿਲ੍ਹਾ ਸਿੱਖਿਆ ਅਫਸਰ ਮੈਡਮ ਹਰਕੰਵਲਜੀਤ ਕੌਰ ਦੇ ਦਿਸ਼ਾ-ਨਿਰਦੇਸ਼ ਅਧੀਨ ਤੇ ਪ੍ਰਿੰਸੀਪਲ ਹਰੀਸ਼ ਬਾਂਸਲ ਦੀ ਅਗਵਾਈ ਵਿੱਚ ਚੱਲ ਰਹੀ ਚਾਰ ਰੋਜ਼ਾ ਵਰਕਸ਼ਾਪ ਸਫਲਤਾਪੂਰਵਕ ਸਮਾਪਤ ਹੋ ਗਈ। ਇਸ ਮੌਕੇ ਲੇਖਕ ਤੇ ਐਡਵੋਕੇਟ ਚੇਤਨ ਸ਼ਰਮਾ ਵੱਲੋਂ ਅਧਿਆਪਕਾਂ ਦੇ ਰੂ-ਬ-ਰੂ ਹੋ ਕੇ ਜ਼ਿੰਦਗੀ ਨੂੰ ਸਫਲ ਬਣਾਉਣ, ਜੀਵਨ ਵਿੱਚ ਪ੍ਰਸੰਨਤਾ ਤੇ ਆਨੰਦ ਦੀ ਸਥਿਤੀ ਕਿਵੇਂ ਲਿਆਂਦੀ ਜਾਵੇ, ਬਾਰੇ ਆਪਣੇ ਮਹੱਤਵਪੂਰਨ ਵਿਚਾਰ ਪੇਸ਼ ਕੀਤੇ। ਉਨ੍ਹਾ ਅਧਿਆਪਕਾਂ ਨੂੰ ਆਪਣੇ ਵਿਦਿਆਰਥੀਆਂ ਪ੍ਰਤੀ ਸਕਾਰਾਤਮਕ ਸੋਚ ਅਪਣਾਉਣ ਤੇ ਉਨ੍ਹਾਂ ਨੂੰ ਮੋਬਾਈਲ ਦੀ ਸਹੀ ਤੇ ਸਾਰਥਕ ਵਰਤੋਂ ਕਰਨ ਲਈ ਸੇਧ ਦੇਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਅਧਿਕਾਰਾਂ ਦੇ ਨਾਲ-ਨਾਲ ਸਮਾਜ ਤੇ ਦੇਸ ਪ੍ਰਤੀ ਆਪਣੇ ਫਰਜ਼ ਸਮਝਦੇ ਆਪਣੇ ਕਰਤੱਵਾਂ ਨੂੰ ਵੀ ਸੰਜੀਦਗੀ ਨਾਲ ਨਿਭਾਉਣ ਦੀ ਗੱਲ ਕੀਤੀ। ਲੈਕਚਰਾਰ ਰਮਨਦੀਪ ਸਿੰਘ, ਮੈਡਮ ਮਨਦੀਪ ਸ਼ਰਮਾ ਤੇ ਡੀ ਐੱਮ ਕਮਲਦੀਪ ਵੱਲੋਂ ਯੋਗਤਾ ਸੁਧਾਰ ਲਈ ਸਿੱਖਿਆ ਤਕਨੀਕਾਂ ਦੀ ਵਰਤੋਂ, ਨਵੀਂ ਸਿੱਖਿਆ ਨੀਤੀ-2020, ਸਟ੍ਰੈੱਸ ਮੈਨੇਜਮੈਂਟ ਤੇ ਪ੍ਰਭਾਵਸ਼ਾਲੀ ਸੰਚਾਰ ਦੇ ਵਿਸ਼ਿਆਂ 'ਤੇ ਭਾਸ਼ਣ ਪੇਸ਼ ਕੀਤਾ। ਜ਼ਿਲ੍ਹਾ ਮੁਲਾਂਕਣ ਤੇ ਸਮਰਥਨ ਟੀਮ ਦੇ ਇੰਚਾਰਜ ਪ੍ਰਿੰਸੀਪਲ ਬਰਜਿੰਦਰਪਾਲ ਸਿੰਘ ਤੇ ਬਲਾਕ ਨੋਡਲ ਅਫਸਰ ਮੈਡਮ ਸੁਰੇਸ਼ਟਾ ਸ਼ਰਮਾ ਨੇ ਅਧਿਆਪਕਾਂ ਨੂੰ ਮਿਸ਼ਨ ਮੈਰਿਟ ਤੇ ਮਿਸ਼ਨ ਸਤ ਪ੍ਰਤੀਸ਼ਤ ਦਾ ਟੀਚਾ ਹਾਸਲ ਕਰਨ ਲਈ ਇਸ ਵਰਕਸ਼ਾਪ ਤੋਂ ਭਰਪੂਰ ਲਾਹਾ ਲੈਣ ਲਈ ਪ੍ਰੇਰਿਤ ਕੀਤਾ। ਜ਼ਿਲ੍ਹਾ ਸਿੱਖਿਆ ਅਫਸਰ ਮੈਡਮ ਰੇਨੂੰ ਬਾਲਾ ਨੇ ਅਧਿਆਪਕਾਂ ਨੂੰ ਵਰਕਸ਼ਾਪ ਵਿੱਚ ਪ੍ਰਾਪਤ ਕੀਤੇ ਗਿਆਨ ਨੂੰ ਸੁਚਾਰੂ ਢੰਗ ਨਾਲ ਸਿੱਖਣ ਸਿਖਾਉਣ ਦੀ ਪ੍ਰਕਿਰਿਆ ਵਿੱਚ ਲਾਗੂ ਕਰਨ 'ਤੇ ਜ਼ੋਰ ਦਿੱਤਾ। ਇਸ ਮੌਕੇ ਡ ਐੱਮ ਅਮਨਿੰਦਰ ਕੁਠਾਲਾ, ਜ਼ਿਲ੍ਹਾ ਮੀਡੀਆ ਕੋਆਰਡੀਨੇਟਰ ਹਰਵਿੰਦਰ ਰੋਮੀ, ਡੀ ਐੱਮ ਆਈ ਸੀ ਟੀ ਮੋਹਿੰਦਰਪਾਲ, ਬੀ ਐੱਮ ਤੇਜਿੰਦਰ ਸਰਮਾ, ਜਗਦੀਸ਼ ਬਰਾੜ, ਸੁਖਪਾਲ ਢਿੱਲੋਂ, ਰਾਜੇਸ਼ ਕੁਮਾਰ, ਨਵਦੀਪ ਮਿੱਤਲ, ਜ਼ਿਲ੍ਹਾ ਮੁਲਾਂਕਣ ਟੀਮ ਮੈਂਬਰ ਨਵਦੀਪ ਸਿੰਘ ਤੇ ਮਨਪ੍ਰੀਤ ਸਿੰਘ ਹਾਜ਼ਰ ਰਹੇ।

13-FEB-2023-page-11-Majha.qxd 2/12/2023 9:33 PM Page 1



# ਕੇਂਦਰ ਸਰਕਾਰ ਖਿਲਾਫ ਭੁੱਲਰ ਦੀ ਅਗਵਾਈ 'ਚ ਹਰੀਕੇ ਤੋਂ ਚੰਡੀਗੜ੍ਹ ਲਈ ਵੱਡਾ ਜਥਾ ਰਵਾਨਾ



ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਕੇਂਦਰ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਤੇ ਆਪਹੁਦਰੀਆਂ ਦੇ ਖਿਲਾਫ ਭਾਜਪਾ ਦੇ ਚੰਡੀਗੜ੍ਹ ਦਫਤਰ ਦੇ ਘਿਰਾਓ ਲਈ ਸੂਬਾ ਸਰਕਾਰ ਦੇ ਸੱਦੇ 'ਤੇ ਪੱਟੀ ਤੋਂ ਵਿਧਾਇਕ ਤੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਦੀ ਅਗਵਾਈ ਵਿੱਚ ਭਾਜਪਾ ਦੇ ਮੁੱਖ ਦਫਤਰ ਦੇ ਘਿਰਾਉ ਲਈ ਵਿਧਾਨ ਸਭਾ ਹਲਕਾ ਤੋਂ ਵਲੰਟੀਅਰਾਂ ਦਾ ਵੱਡਾ ਕਾਫਲਾ ਹਰੀਕੇ ਪੱਤਣ ਤੋਂ ਰਵਾਨਾ ਹੋਇਆ। ਰਵਾਨਾ ਹੋਣ ਸਮੇਂ ਲਾਲਜੀਤ ਸਿੰਘ ਭੁੱਲਰ ਨੇ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ ਦੇਸ਼ ਅੰਦਰ ਕਾਰਪੋਰੇਟ ਘਰਾਣਿਆਂ ਨੂੰ ਮਾਲਾਮਾਲ ਕਰਨ ਖਾਤਰ ਦੇਸ਼ ਨੂੰ ਕੰਗਾਲ ਕਰਨ 'ਚ ਕੋਈ ਕਸਰ ਨਹੀਂ ਛੱਡੀ ਜਾ ਰਹੀ।

ਗੌਤਮ ਅਡਾਨੀ ਦੀਆਂ ਕੰਪਨੀਆਂ ਨੂੰ ਸਰਕਾਰੀ ਬੈਂਕਾਂ, ਐੱਲਆਈਸੀ ਅਤੇ ਹੋਰ ਵਿੱਤੀ ਅਦਾਰਿਆਂ ਦਾ ਪੈਸਾ ਕਰਜ਼ੇ ਦੇ ਰੂਪ ਵਿੱਚ ਦੇ ਕੇ ਦੇਸ਼ ਦੀ ਆਰਥਿਕਤਾ ਨੂੰ ਖੋਰਾ ਲਾਇਆ ਜਾ ਰਿਹਾ ਹੈ ਜੋ ਨਾਬਰਦਾਸ਼ਤਯੋਗ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਕੇਂਦਰ ਦੀਆਂ ਨੀਤੀਆਂ ਖਿਲਾਫ ਭਾਰਤੀ ਜਨਤਾ ਪਾਰਟੀ ਦੇ ਚੰਡੀਗੜ੍ਹ ਸਥਿਤ ਮੁਖ ਦਫਤਰ ਦਾ ਘਿਰਾਉ ਕੀਤਾ ਜਾ ਰਿਹਾ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਪੰਜਾਬ ਦੀ ਸੱਤਾ 'ਤੇ ਮਾਨ ਸਰਕਾਰ ਦੇ ਲੋਕ ਪੱਖੀ ਫੈਸਲਿਆਂ ਤੋਂ ਸੂਬੇ ਦੇ ਲੋਕ ਪੂਰਨ ਤੌਰ 'ਤੇ ਖੁਸ਼ ਹਨ। ਉਨ੍ਹਾਂ ਕਿਹਾ ਕਿ ਜਿਥੇ ਪਹਿਲਾਂ ਰਵਾਇਤੀ ਪਾਰਟੀਆਂ ਚੋਣ ਮਨੋਰਥ ਪੱਤਰ ਦੇ ਵਾਅਦੇ ਪੂਰੇ ਕਰਨ ਦੀ ਬਜਾਏ ਟਾਲਮਟੋਲ ਕਰਦੀਆਂ ਰਹਿੰਦੀਆਂ ਸਨ ਉਥੇ ਹੀ ਆਮ ਆਦਮੀ ਪਾਰਟੀ ਵੱਲੋ ਸੱਤਾ ਸੰਭਾਲਦੇ ਸਾਰ ਹੀ ਗਾਰੰਟੀਆਂ ਨੂੰ ਪੂਰਾ ਕਰਨ ਦੀ ਕਵਾਇਦ ਆਰੰਭ ਕਰ ਦਿੱਤੀ ਸੀ ਜਿਸ ਨੂੰ ਲੈ ਕੇ ਹਰ ਵਰਗ ਵਿੱਚ ਖੁਸ਼ੀ ਅਤੇ ਬੱਚਿਆਂ ਦੇ ਚੰਗੇਰੇ ਭਵਿੱਖ ਲਈ ਆਸ ਦੀ ਕਿਰਨ ਦਿਖਾਈ ਦੇ ਰਹੀ ਹੈ।

ਇਸ ਮੌਕੇ ਬੀਸੀ ਵਿੰਗ ਜ਼ਿਲ੍ਹਾ ਪ੍ਰਧਾਨ ਕੁਲਵੰਤ ਸਿੰਘ ਕਲਸੀ, ਦਿਲਬਾਗ ਸਿੰਘ ਪੀਏ, ਮੀਡੀਆ ਇੰਚਾਰਜ ਅਵਤਾਰ ਸਿੰਘ ਢਿੱਲੋਂ, ਗੁਰਪਿੰਦਰ ਸਿੰਘ ਉੱਪਲ, ਵਰਿੰਦਰ ਸਿੰਘ ਭੁੱਲਰ, ਜ਼ਿਲਾ ਜਰਨਲ ਸਕੱਤਰ ਰਜਿੰਦਰ ਸਿੰਘ ਉਸਮਾਂ, ਹਰਮਨ ਸਿੰਘ, ਜੰਗਸ਼ੇਰ ਸਿੰਘ, ਬਲਾਕ ਪ੍ਰਧਾਨ ਅਵਤਾਰ ਸਿੰਘ, ਪ੍ਰਧਾਨ ਰਾਜਬੀਰ ਸਿੰਘ ਆੜ੍ਹਤੀਆ, ਨਿੰਦਰ ਸਿੰਘ, ਅਮਨਦੀਪ ਸਿੰਘ, ਜਗਦੀਪ ਸਿੰਘ ਲੌਹੁਕਾ, ਰਵੀ, ਗੁਰਲਾਲ ਸਿੰਘ ਆੜ੍ਹਤੀਆ, ਲਖਵਿੰਦਰ ਸਿੰਘ ਢੋਟੀਆ, ਜਸਬੀਰ ਸਿੰਘ, ਡਾ. ਜਗਦੀਸ਼ ਸਿੰਘ, ਹਰਜੀਤ ਸਿੰਘ ਨੱਥੂਚੱਕ, ਗੁਰਲਾਲ ਸਿੰਘ ਜੌੜਾ, ਸੁਖਦੇਵ ਸਿੰਘ, ਬਿੱਕਰ ਸਿੰਘ, ਲਖਵਿੰਦਰ ਸਿੰਘ ਸਭਰਾ, ਲਾਡੀ ਬੁਰਜ ਰਾਏਕੇ, ਗੁਰਜੀਤ ਸਿੰਘ ਠੱਕਰਪੁਰਾ, ਹਰਚੰਦ ਸਿੰਘ, ਸਤਨਾਮ ਸਿੰਘ, ਰਾਜਪਾਲ ਸਿੰਘ, ਅੰਮਿਤਪਾਲ ਸਿੰਘ, ਕਾਰਜ ਸਿੰਘ, ਸਾਬ ਸਿੰਘ, ਅਮਰੀਕ ਸਿੰਘ, ਹਰਮਨ ਮੈਣੀ, ਗੁਰਪ੍ਰੀਤ ਸਿੰਘ ਨੌਸ਼ਹਿਰਾ, ਜੰਗ ਬੂਹ, ਹਰਦੇਵ ਸਿੰਘ, ਦਲਬੀਰ ਸਿੰਘ, ਲਵ, ਜੱਗਾ, ਸ਼ਿੰਦਾ ਦਦੇਹਰ ਸਾਹਿਬ, ਭੋਲਾ ਕੋਟ ਬੁੱਢਾ, ਨਿਹਾਲ ਸਿੰਘ, ਜਸਬੀਰ ਸਿੰਘ ਗੋਪੀ, ਜਸਪਾਲ ਸਿੰਘ ਕਿਰਤੋਵਾਲ, ਗੋਰਾ ਭਲਵਾਨ ਸੀਤੋ, ਗੁਰਬਿੰਦਰ ਸਿੰਘ ਗਿੱਲ, ਨਿਸ਼ਾਨ ਸਿੰਘ ਬੁੱਟਰ ਪ੍ਰਧਾਨ ਟਰੱਕ ਯੂਨੀਅਨ, ਪ੍ਰਗਟ ਸਿੰਘ ਹਰੀਕੇ, ਪਰਮਜੀਤ ਸਿੰਘ ਕਰੀਰ, ਅੰਗਰੇਜ਼ ਸਿੰਘ ਗਿੱਲ, ਸੁਖਵਿੰਦਰ ਸਿੰਘ, ਧਰਮਵੀਰ ਸਿੰਘ ਗੀਕੂ, ਨਿਰਵੈਲ ਸਿੰਘ, ਸ਼ਿਵਮ ਪੁਰੀ, ਗਗਨਦੀਪ ਸਿੰਘ ਭਾਟੀਆ, ਸ਼ਾਲੂ ਹਰੀਕੇ, ਸ਼ੇਰਬੀਰ ਸਿੰਘ, ਪਰਮਜੀਤ ਸਿੰਘ ਮੁਨੀਮ ਅਤੇ ਬਿਕਰਮਜੀਤ ਸਿੰਘ ਆਦਿ ਹਾਜ਼ਰ ਸਨ।

# ਕਾਰ ਤੇ ਟਰੈਕਟਰ ਦੀ ਟੱਕਰ 'ਚ ਦੋ ਬੱਚੇ ਜ਼ਖਮੀ

**ਪਾਤੜਾਂ (ਭੁਪਿੰਦਰ ਮੌਲਵੀਵਾਲਾ)**

ਪਾਤੜਾਂ-ਸਮਾਣਾ ਸੜਕ 'ਤੇ ਪਿੰਡ ਨਿਆਲ ਦੇ ਨਜ਼ਦੀਕ ਕਾਰ ਅਤੇ ਟਰੈਕਟਰ ਦੀ ਆਹਮੋ ਸਾਹਮਣੀ ਟੱਕਰ ਚ ਦੋ ਬੱਚੇ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਤਰੰਤ ਪਾਤੜਾਂ ਦੇ ਕਮਿਊਨਿਟੀ ਹੈਲਥ ਸੈਂਟਰ ਦਾਖਲ ਕਰਵਾਇਆ ਗਿਆ, ਜਿੱਥੇ ਮੌਜੂਦ ਡਾਕਟਰਾਂ ਦੀ ਟੀਮ ਵੱਲੋਂ ਮੁੱਢਲੀ ਸਹਾਇਤਾ ਦੇ ਕੇ ਪਟਿਆਲਾ ਰੈਫਰ ਕਰ ਦਿੱਤਾ । ਹਾਦਸਾ ਉਸ ਸਮੇਂ ਵਾਪਰਿਆ ਜਦੋਂ ਕਾਰ 'ਚ ਸਵਾਰ ਇੱਕ ਪਰਿਵਾਰ ਪਾਤੜਾਂ ਤੋਂ ਪਟਿਆਲਾ ਜਾ ਰਿਹਾ ਸੀ, ਤਾਂ ਨਿਆਲ ਦੇ ਨਜ਼ਦੀਕ ਪਹੁੰਚਦੇ ਹੀ ਸਾਹਮਣੇ ਤੋਂ ਆ ਰਹੇ ਟਰੈਕਟਰ ਅਤੇ ਕਾਰ ਅਚਾਨਕ ਆਪਸ ਵਿੱਚ ਟਕਰਾ ਗਏ, ਜਿਸ ਕਾਰਨ ਕਾਰ ਦਾ ਅਗਲਾ ਹਿੱਸਾ ਬੁਰੀ ਤਰਾਂ ਨੁਕਸਾਨਿਆ ਗਿਆ । ਟੱਕਰ ਇੰਨੀ ਜ਼ਬਰਦਸਤ ਸੀ ਕਿ ਕਾਰ ਦੇ ਦੋਨੋਂ ਏਅਰਬੈਗ ਖੁਲਣ ਕਾਰਨ ਕਾਰ 'ਚ ਸਵਾਰ ਵਿਅਕਤੀ ਦਾ ਬਚਾਅ ਹੋ ਗਿਆ, ਪਰੰਤੂ ਹੋਈ ਭਿਆਨਕ ਟੱਕਰ ਚ ਦੋ ਬੱਚੇ ਦਿਕਸਾਤ 2 ਅਤੇ ਹਰਿਤਕਾ 4 ਸਾਲ ਜ਼ਖਮੀ ਹੋ ਗਏ ।

# ਲੁੱਟ-ਖੋਹ ਕਰਨ ਵਾਲੇ 5 ਮੈਂਬਰੀ ਗਿਰੋਹ ਦਾ ਪਰਦਾਫਾਸ਼, 3 ਕਾਬੂ



ਤਰਨਤਾਰਨ (ਸਾਗਰਦੀਪ ਸਿੰਘ ਅਰੋੜਾ)-ਗੁਰਮੀਤ ਸਿੰਘ ਚੌਹਾਨ ਐੱਸਐੱਸਪੀ ਤਰਨਤਾਰਨ ਵੱਲੋਂ ਮਾੜੇ ਅਨਸਰਾਂ ਨੂੰ ਨੱਥ ਪਾਉਣ ਅਤੇ ਕਾਨੂੰਨ ਵਿਵਸਥਾ ਨੂੰ ਕਾਇਮ ਰੱਖਣ ਲਈ ਲਗਾਤਾਰ ਠੋਸ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਹਰ ਗਤੀਵਿਧੀ 'ਤੇ ਨਜ਼ਰ ਰੱਖੀ ਜਾ ਰਹੀ ਹੈ ਜਿਸ ਦੇ ਤਹਿਤ ਵਿਸ਼ਾਲਜੀਤ ਸਿੰਘ ਪੀਪੀਐੱਸ ਐੱਸਪੀ ਇਨਵੈਸਟੀਗੇਸ਼ਨ ਤਰਨਤਾਰਨ, ਜਸਪਾਲ ਸਿੰਘ ਡੀਐੱਸਪੀ (ਸਿਟੀ) ਤਰਨਤਾਰਨ ਦੀ ਨਿਗਰਾਨੀ ਹੇਠ ਇੰਸਪੈਕਟਰ ਹਰਪ੍ਰੀਤ ਸਿੰਘ ਮੁੱਖ ਅਫਸਰ ਥਾਣਾ ਸਿਟੀ ਤਰਨਤਾਰਨ ਸਮੇਤ ਪੁਲਸ ਟੀਮ ਸਿਟੀ ਤਰਨਤਾਰਨ ਵੱਲੋਂ ਸ਼ਹਿਰ ਵਿੱਚ ਵੱਧ ਰਹੀਆਂ ਲੁੱਟਾਂ-ਖੋਹਾਂ ਅਤੇ ਚੋਰੀ ਦੀਆਂ ਵਾਰਦਾਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਵਿਸ਼ੇਸ਼ ਮੁਹਿੰਮ ਚਲਾਈ ਗਈ ਜਿਸ ਦੌਰਾਨ ਚੌਕੀ ਇੰਚਾਰਜ ਬੱਸ ਸਟੈਂਡ ਨਿਰਮਲ ਸਿੰਘ ਵੱਲੋਂ ਇਤਲਾਹ ਮਿਲਣ 'ਤੇ ਸਮੇਤ ਪੁਲਸ ਪਾਰਟੀ ਪੁਲ ਡਰੇਨ ਨੇੜੇ ਮੋਲਸਰੀ ਪੈਲੇਸ ਦੇ ਕੋਲ ਮਾਰੂ ਹਥਿਆਰਾਂ ਨਾਲ ਲੈਸ ਹੋ ਕੇ ਡਾਕਾ ਮਾਰਨ ਦੀ ਯੋਜਨਾ ਬਣਾ ਰਹੇ ਤਿੰਨ ਨੌਜਵਾਨਾਂ ਧੰਮੀ ਉਰਫ ਕਰਨ ਪੁੱਤਰ ਅਸ਼ੋਕ, ਬਲਜਿੰਦਰ ਸਿੰਘ ਉਰਫ ਬਿੱਟੂ ਪੁੱਤਰ ਚਰਨ ਸਿੰਘ ਵਾਸੀ ਪੱਤੀ ਬਾਬਾ ਜੀਵਨ ਸਿੰਘ ਭਿੱਖੀਵਿੰਡ ਹਾਲ ਹਰੀਕੇ ਅਤੇ ਅੰਗਦ ਸਿੰਘ ਪੁੱਤਰ ਜਸਪਾਲ ਸਿੰਘ ਵਾਸੀ ਹੋਠੀਆਂ ਨੂੰ ਕਾਬੂ ਕੀਤਾ ਜਦਕਿ ਦੋ ਨੌਜਵਾਨ ਹਨੇਰੇ ਦਾ ਫਾਇਦਾ ਉਠਾਉਂਦੇ ਹੋਏ ਭੱਜਣ ਵਿੱਚ ਕਾਮਯਾਬ ਹੋ ਗਏ ਜਿਨ੍ਹਾਂ 'ਤੇ ਮੁਕੱਦਮਾ ਨੰ 28 ਮਿਤੀ 11.02.2023 ਜੁਰਮ 399,402,379ਬੀ,379 ਭਦਸ ਦਰਜ ਰਜਿਸਟਰ ਕੀਤਾ ਗਿਆ। ਦੌਰਾਨੇ ਪੁੱਛਗਿੱਛ ਦੋਸ਼ੀਆਂ ਨੇ ਇੰਕਸ਼ਾਫ ਕੀਤਾ ਕਿ ਉਹ ਆਪਸ ਵਿੱਚ ਮਿਲ ਕੇ ਰਾਹਗੀਰਾਂ ਪਾਸੋਂ ਮੋਬਾਇਲ ਫੋਨ, ਪਰਸ, ਮੋਟਰਸਾਈਕਲ ਦੀ ਖੋਹ, ਏਸੀ ਦੀਆਂ ਤਾਰਾਂ, ਤਾਂਬੇ ਦੇ ਪਾਇਪ ਆਦਿ ਵੀ ਚੋਰੀ ਕਰਦੇ ਹਨ ਅਤੇ ਭੱਜਣ ਵਾਲੇ ਦੋਸ਼ੀਆਂ ਦਾ ਨਾਮ ਵੈਲੀ ਉਰਫ ਸੂਰਜ ਅਤੇ ਗੁਰਪ੍ਰੀਤ ਸਿੰਘ ਹਨ ਜਿਨ੍ਹਾਂ ਨੂੰ ਗ੍ਰਿਫਤਾਰ ਕਰਨ ਲਈ ਰੇਡ ਕੀਤੇ ਜਾ ਰਹੇ ਹਨ।

ਗ੍ਰਿਫਤਾਰ ਦੋਸ਼ੀਆਂ ਨੂੰ ਪੇਸ਼ ਅਦਾਲਤ ਕਰਕੇ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ। ਦੌਰਾਨੇ ਰਿਮਾਂਡ ਹੋਰ ਵੀ ਖੁਲਾਸੇ ਹੋਣ ਦੀ ਸੰਭਾਵਨਾ ਹੈ। ਉਨ੍ਹਾਂ ਦੱਸਿਆ ਕਿ ਦੋਸ਼ੀਆਂ ਪਾਸੋਂ ਦੋ ਕ੍ਰਿਪਾਨਾਂ, ਇੱਕ ਬੇਸਬਾਲ, ਦਾਤਰ, ਐਕਟਿਵਾ ਅਤੇ ਇੱਕ ਪਰਸ ਵੀ ਬਰਾਮਦ ਹੋਇਆ ਹੈ।

# ਸੰਤ ਬਾਬਾ ਤਾਰਾ ਸਿੰਘ ਤੇ ਸੰਤ ਬਾਬਾ ਚਰਨ ਸਿੰਘ ਦਾ ਬਰਸੀ ਸਮਾਗਮ ਆਯੋਜਿਤ



**ਸਰਹਾਲੀ ਕਲਾਂ (ਹਰਪ੍ਰੀਤ ਸਿੰਘ ਚੰਬਾ)**-ਸੰਪਰਦਾਇ ਕਾਰ ਸੇਵਾ ਸੰਤ ਬਾਬਾ ਤਾਰਾ ਸਿੰਘ ਜੀ ਪ੍ਰਬੰਧ ਅਧੀਨ ਚੱਲ ਰਹੇ ਗੁ ਦਸਮੇਸ਼ ਦਰਬਾਰ ਇਗਤਪੁਰੀ ਜ਼ਿਲ੍ਹਾ ਨਾਸਿਕ, ਮੁਬੰਈ ਨਾਸਿਕ ਹਾਈਵੇ ਮਹਾਂਰਾਸ਼ਟਰ ਵਿਖੇ ਮਹਾਂਪੁਰਖ ਸੰਤ ਬਾਬਾ ਤਾਰਾ ਸਿੰਘ ਅਤੇ ਮਹਾਂਪੁਰਖ ਸੰਤ ਬਾਬਾ ਚਰਨ ਜੀ ਦਾ ਸਾਲਾਨਾ ਬਰਸੀ ਸਮਾਗਮ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਮੁਬੰਈ, ਨਾਸਿਕ, ਤਾਰਾਗੜ੍ਹ, ਇਗਤਪੁਰੀ, ਗੋਟੀ ਆਦਿ ਸ਼ਹਿਰਾਂ ਤੋਂ ਸੰਗਤਾਂ ਨੇ ਹਾਜ਼ਰੀਆਂ ਭਰੀਆਂ। ਭੋਗ ਪੈਣ ਉਪਰੰਤ ਕੀਰਤਨ ਦੀਵਾਨ ਸਜਾਏ ਗਏ। ਕਥਾਵਾਚਕਾਂ ਨੇ ਸੰਗਤਾਂ ਨੂੰ ਗੁਰੂ ਘਰ ਨਾਲ ਜੋੜਿਆ ਅਤੇ ਪੰਜਾਬ ਤੋਂ ਕਵੀਸ਼ਰ ਤੇਜਬੀਰ ਸਿੰਘ ਰਾਮਦਾਸ ਵਾਲੇ ਅਤੇ ਹੋਰ ਜਥਿਆਂ ਨੇ ਸੰਗਤਾਂ ਨੂੰ ਗੁਰ ਜੱਸ ਸੁਣਾ ਕੇ ਨਿਹਾਲ ਕੀਤਾ।

ਇਸ ਮੌਕੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ। ਇਸ ਮੌਕੇ ਮਹਾਂਪੁਰਖ ਸੰਤ ਬਾਬਾ ਸੁੱਖਾ ਸਿੰਘ ਨੇ ਆਪਣੇ ਜਥੇ ਸਮੇਤ ਹਾਜ਼ਰੀਆਂ ਭਰੀਆਂ ਅਤੇ ਸ਼ਾਮ ਨੂੰ ਜ਼ਿਲ੍ਹਾ ਤਰਨ ਤਾਰਨ ਅਤੇ ਗੁਰਦਾਸਪੁਰ ਵਿਚਕਾਰ ਕਬੱਡੀ ਦੇ ਫਸਵੇਂ ਮੈਚ ਹੋਏ। ਸਟੇਜ ਸੈਕਟਰੀ ਦੀ ਸੇਵਾ ਹਰਭਜਨ ਸਿੰਘ ਸਾਬਕਾ ਇੰਸਪੈਕਟਰ ਐੱਸਜੀਪੀਸੀ ਨੇ ਨਿਭਾਈ।

ਇਸ ਮੌਕੇ ਸੇਠ ਸਾਬ ਸਿੰਘ ਮੁਬੰਈ, ਸੇਠ ਬੱਬਾ ਮੁਬੰਈ, ਸੇਠ ਬਿਕਰਮਜੀਤ ਸਿੰਘ ਯੋਲਾ, ਸੇਠ ਬਲਰਾਜ ਸਿੰਘ ਯੋਲਾ, ਸਤੀਸ਼, ਕਿਰਨ ਬਾਈ, ਵਿਜੂ ਗੁਪਤਾ, ਸੁਭਾਸ਼ ਸ਼ਰਮਾ, ਗ੍ਰੀਸ਼ ਬੁਤੜਾ, ਮੋਹਣ ਰਾਵਤ, ਕਿਰਨ ਮੋਰੇ, ਚੰਦਰ ਬਾਨ ਵਾਜੇ, ਸਤੀਸ਼ ਮੋਰਵਾਲ, ਘਨਸ਼ਾਮ ਰਾਵਤ, ਕੁਮਾਰ ਜ਼ਿਲ੍ਹਾ ਪ੍ਰੀਸ਼ਦ, ਕੁਲਦੀਪ ਸਿੰਘ, ਪਾਲ ਸਿੰਘ , ਨਿਖਿਲ ਜ਼ਿਲ੍ਹਾ ਪ੍ਰਧਾਨ ਆਦਿ ਸੰਗਤਾਂ ਨੇ ਹਾਜ਼ਰੀਆ ਭਰੀਆਂ।

# ਕਿਸਾਨ ਜਥੇਬੰਦੀ ਵੱਲੋਂ ਪਿੰਡ ਜੋਤੀ ਸ਼ਾਹ 'ਚ ਨਵੀਂ ਕਮੇਟੀ ਗਠਿਤ



ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਪਿੰਡ ਜੋਤੀ ਸ਼ਾਹ ਵਿਖੇ ਕਿਸਾਨ ਸੰਘਰਸ਼ ਕਮੇਟੀ ਪੰਜਾਬ ਕੋਟ ਬੁੱਢਾ ਦੀ ਮੀਟਿੰਗ ਕਸ਼ਮੀਰ ਸਿੰਘ ਦੇ ਗ੍ਰਹਿ ਵਿਖੇ ਹੋਈ। ਮੀਟਿੰਗ ਦੌਰਾਨ ਨਵੀਂ ਇਕਾਈ 15 ਮੈਂਬਰੀ ਦਾ ਗਠਨ ਕੀਤਾ ਗਿਆ। ਅਹੁਦਿਆਂ ਦੀ ਵੰਡ ਕਰਦੇ ਹੋਏ ਪ੍ਰਧਾਨ ਕਸ਼ਮੀਰ ਸਿੰਘ, ਪ੍ਰਤਾਪ ਸਿੰਘ, ਮੰਗਲ ਸਿੰਘ, ਨਿਰਵੈਲ ਸਿੰਘ, ਅੰਗਰੇਜ਼ ਸਿੰਘ, ਹੀਰਾ ਸਿੰਘ, ਬਲਦੇਵ ਸਿੰਘ, ਜਤਿੰਦਰ ਸਿੰਘ, ਪਰਮਜੀਤ ਸਿੰਘ, ਨਛੱਤਰ ਸਿੰਘ ਆਦਿ ਵੱਖ-ਵੱਖ ਅਹੁਦੇਦਾਰ ਐਲਾਨੇ ਗਏ। ਮੀਟਿੰਗ ਵਿੱਚ ਕਿਸਾਨਾਂ ਨੂੰ ਸੰਬੋਧਨ ਹੋਏ ਸਾਹਿਬ ਸਿੰਘ, ਸੋਹਣ ਸਿੰਘ ਸਭਰਾ , ਵਿਰਸਾ ਸਿੰਘ ਭੰਗਾਲਾ ਅਤੇ ਸੂਬਾ ਪ੍ਰਧਾਨ ਇੰਦਰਜੀਤ ਸਿੰਘ ਕੋਟ ਬੁੱਢਾ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਦਿੱਲੀ ਵਿਖੇ ਤਿੰਨ ਕਾਲੇ ਕਾਨੂੰਨ ਰੱਦ ਕਰਨ ਉਪਰੰਤ ਕਿਸਾਨਾਂ ਨਾਲ ਲਿਖਤੀ ਵਾਅਦਾ ਕੀਤਾ ਸੀ ਕਿ ਫਸਲਾਂ ਦੀ ਐਮਐੱਸਪੀ, ਕਿਸਾਨਾਂ ਸਿਰ ਚੜ੍ਹਿਆ ਕਰਜ਼ਾ ਮਾਫ ਕਰਨਾ, 2022 ਬਿਜਲੀ ਸੋਧ ਬਿੱਲ ਅਤੇ ਬਾਕੀ ਰਹਿੰਦੀਆਂ ਮੰਗਾਂ ਪੂਰੀਆਂ ਕੀਤੀਆਂ ਜਾਣਗੀਆਂ ਪਰ ਜ਼ਮੀਨੀ ਪੱਧਰ 'ਤੇ ਕੋਈ ਅਮਲ ਨਹੀਂ ਹੋਇਆ ਜਿਸਦੇ ਵਿਰੋਧ 'ਚ ਦੇਸ਼ ਭਰ ਵਿੱਚ ਕਿਸਾਨ ਬਚਾਓ ਪਿੰਡ ਪਿੰਡ ਮੁਹਿੰਮ ਜਲਦੀ ਸ਼ੁਰੂ ਕੀਤੀ ਜਾਵੇਗੀ। ਆਉਣ ਵਾਲੇ ਸਮੇਂ ਵਿੱਚ ਕਿਸੇ ਵੱਡੇ ਅੰਦੋਲਨ ਦੀ ਵਿਉਂਤਬੰਦੀ ਕੀਤੀ ਜਾਵੇਗੀ। ਵੱਖ-ਵੱਖ ਪਿੰਡਾਂ ਵਿੱਚੋਂ ਹਾਜ਼ਰ ਕਿਸਾਨ ਬਲਵਿੰਦਰ ਸਿੰਘ, ਬਲਜਿੰਦਰ ਸਿੰਘ, ਸਰਵਨ ਸਿੰਘ, ਧਰਮਪ੍ਰੀਤ ਸਿੰਘ, ਬਲਦੇਵ ਸਿੰਘ, ਮਾਨ ਸਿੰਘ, ਧਰਮ ਸਿੰਘ, ਹਰਵੰਤ ਸਿੰਘ, ਗੁਰਜੀਤ ਸਿੰਘ ਸਭਰਾ, ਨਿਰਵੈਲ ਸਿੰਘ ਅਤੇ ਮੇਜਰ ਸਿੰਘ ਭੰਗਾਲਾ ਆਦਿ ਹਾਜ਼ਰ ਸਨ।

# ਸਕਾਊਟਿੰਗ ਐਂਡ ਰਾਈਡਿੰਗ 'ਚ ਕੌਮੀ ਪੱਧਰ 'ਤੇ ਜੇਤੂ ਬੱਚਿਆਂ ਦਾ ਸਨਮਾਨ



**ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-18ਵੀਂ ਰਾਸ਼ਟਰੀ ਜੰਬੂਰੀ ਵਿੱਚ ਵੱਖ-ਵੱਖ ਮੁਕਾਬਲਿਆਂ 'ਚ ਮੱਲਾਂ ਮਾਰਨ ਵਾਲੇ ਸਕਾਊਟਸ ਐਂਡ ਰਾਈਡਰਜ਼ ਦਾ ਸਨਮਾਨ ਸਮਾਰੋਹ ਸ੍ਰੀ ਗੁਰੂ ਗੋਬਿੰਦ ਸਿੰਘ ਸ. ਸੈ. ਸਕੂਲ ਕੈਰੋਂ ਵਿਖੇ ਕਰਵਾਇਆ ਗਿਆ। 4 ਤੋਂ 10 ਜਨਵਰੀ ਤੱਕ ਰਾਜਸਥਾਨ ਦੇ ਪਾਲੀ ਜ਼ਿਲ੍ਹੇ ਵਿਚ 18ਵੀਂ ਰਾਸ਼ਟਰੀ ਜੰਬੂਰੀ ਦਾ ਆਯੋਜਨ ਕੀਤਾ ਗਿਆ ਸੀ ਜਿਸਦਾ ਉਦਘਾਟਨ ਦੇਸ਼ ਦੀ ਰਾਸ਼ਟਰਪਤੀ ਦਰੋਪਦੀ ਮੁਰਮੂ ਨੇ ਕੀਤਾ ਸੀ ਜਿਸ ਵਿਚ ਭਾਰਤ ਦੇ 37000 ਤੋਂ ਵੱਧ ਬੱਚਿਆਂ ਨੇ ਭਾਗ ਲਿਆ।

ਇਸ ਕੈਂਪ ਵਿਚ ਪੰਜਾਬ ਦੇ 850 ਸਕਾਊਟਸ ਐਂਡ ਰਾਈਡਰਜ਼ ਨੇ ਭਾਗ ਲਿਆ। ਇਨ੍ਹਾਂ ਨਾਲ 120 ਦੇ ਕਰੀਬ ਅਧਿਆਪਕਾਂ ਨੇ ਵੀ ਸ਼ਮੂਲੀਅਤ ਕੀਤੀ। ਇਸ ਕੈਂਪ ਵਿਚ ਤਰਨਤਾਰਨ ਜ਼ਿਲ੍ਹੇ ਦੇ 68 ਦੇ ਕਰੀਬ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਭਾਗ ਲਿਆ। ਇਨ੍ਹਾਂ ਬੱਚਿਆ ਨੇ ਉਥੇ ਵੱਖ-ਵੱਖ ਮੁਕਾਬਲਿਆਂ ਵਿਚ ਮੱਲਾਂ ਮਾਰੀਆਂ।

ਇਨ੍ਹਾਂ ਸਕਾਊਟਸ ਐਂਡ ਰਾਈਡਜ਼ ਨੂੰ ਸਨਮਾਨਿਤ ਕਰਨ ਲਈ ਜ਼ਿਲ੍ਹਾ ਸਿੱਖਿਆ ਅਫਸਰ ਸਤਨਾਮ ਸਿੰਘ ਦੀ ਯੋਗ ਅਗਵਾਈ ਹੇਠ ਪ੍ਰੋਗਰਾਮ ਸ੍ਰੀ ਗੁਰੂ ਗੋਬਿੰਦ ਸਿੰਘ ਸਰਕਾਰੀ ਹਾਈ ਸਕੂਲ ਕੈਰੋਂ ਵਿਖੇ ਰੱਖਿਆ ਗਿਆ। ਇਸ ਮੌਕੇ ਮੁੱਖ ਮਹਿਮਾਨ ਵੱਜੋਂ ਲਾਲਜੀਤ ਸਿੰਘ ਭੁੱਲਰ ਟਰਾਂਸਪੋਰਟ ਮੰਤਰੀ ਪੰਜਾਬ ਨੇ ਬੱਚਿਆ ਨੂੰ ਵਧਾਈ ਦਿੱਤੀ ਤੇ ਸਰਟੀਫਿਕੇਟ ਤੇ ਮੈਡਲਾਂ ਨਾਲ ਸਨਮਾਨਿਤ ਕੀਤਾ। ਉਨ੍ਹਾਂ ਬੱਚਿਆ ਨੂੰ ਚੰਗੀ ਵਿੱਦਿਆ ਪ੍ਰਾਪਤ ਕਰਨ ਅਤੇ ਤੰਦਰੁਸਤ ਰਹਿਣ ਲਈ ਗਰਾਊਂਡ ਨਾਲ ਜੁੜਨ ਦਾ ਸੰਦੇਸ ਵੀ ਦਿੱਤਾ ਤਾਂ ਜੋ ਤੰਦਰੁਸਤ ਨੌਜਵਾਨ ਪੰਜਾਬ ਦੀ ਖੁਸ਼ਹਾਲੀ ਵਿਚ ਆਪਣਾ ਯੋਗਦਾਨ ਪਾ ਸਕਣ। ਓਂਕਾਰ ਸਿੰਘ ਚੀਮਾ ਸਟੇਟ ਆਰਗੇਨਾਈਜ਼ਿੰਗ ਕਮਿਸ਼ਨਰ ਪੰਜਾਬ ਵੀ ਉਚੇਚੇ ਤੌਰ 'ਤੇ ਪਹੁੰਚੇ। ਉਨ੍ਹਾਂ ਸਕਾਊਟਿੰਗ ਰਾਹੀਂ ਤੰਦਰੁਸਤ ਪੰਜਾਬ ਸਿਰਜਣ ਦਾ ਸੁਨੇਹਾ ਦਿੱਤਾ। ਇਸ ਮੌਕੇ ਸੰਦੀਪ ਪੁਰੀ ਓਐੱਸਡੀ ਨੇ ਸਕੂਲ ਦੇ ਇਤਿਹਾਸ ਬਾਰੇ ਚਾਨਣਾ ਪਾਇਆ। ਸਕੂਲ ਇੰਚਾਰਜ ਗੁਰਪ੍ਰਤਾਪ ਸਿੰਘ ਧਨੋਆ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਨੂੰ ਕਿਹਾ ਅਤੇ ਸਕੂਲ ਦੀਆਂ ਪ੍ਰਾਪਤੀਆਂ ਤੋਂ ਜਾਣੂ ਕਰਵਾਇਆ।

ਇਸ ਮੌਕੇ ਪ੍ਰੋਗਰਾਮ ਵਿਚ ਐੱਸਟੀਸੀ ਹਿੰਮਤ ਕੁਮਾਰ, ਪ੍ਰਿੰ. ਰਵਿੰਦਰ ਕੌਰ, ਕੁਆਰਡੀਨੇਟਰ ਹਰਅੰਮ੍ਰਿਤਪਾਲ ਸਿੰਘ, ਡੀਓਸੀ ਹਰਪਾਲ ਸਿੰਘ, ਸੰਦੀਪ ਪੁਰੀ ਓਐੱਸਡੀ, ਦਿਲਬਾਗ ਸਿੰਘ ਪੀਏ, ਮੀਡੀਆ ਇੰਚਾਰਜ ਅਵਤਾਰ ਸਿੰਘ ਢਿੱਲੋਂ, ਕੁਲਵੰਤ ਸਿੰਘ ਕਲਸੀ ਜ਼ਿਲ੍ਹਾ ਪ੍ਰਧਾਨ, ਗੁਰਪਿੰਦਰ ਸਿੰਘ ਉੱਪਲ, ਗੁਰਬਿੰਦਰ ਸਿੰਘ ਕਾਲੇਕੇ, ਗੁਰਸੇਵਕ ਸਿੰਘ ਐਸੀ ਚੇਅਰਮੈਨ ਪੰਜਾਬ, ਇੰਦਰਜੀਤ ਸਿੰਘ ਚੇਅਰਮੈਨ, ਲਖਵਿੰਦਰ ਸਿੰਘ ਸਭਰਾ, ਹਸਨ ਤਲਵੰਡੀ, ਨਿਸ਼ਾਨ ਸਿੰਘ, ਸਕਾਊਟ ਮਾਸਟਰ ਨਵਤੇਜ ਸਿੰਘ, ਪਰਮਦੀਪ ਸਿੰਘ, ਪਰਮਿੰਦਰ ਸਿੰਘ, ਰਜਵੰਤ ਕੌਰ, ਜਸਪ੍ਰੀਤ ਕੌਰ, ਮੋਨਿਕਾ, ਰਾਜਬੀਰ ਕੌਰ, ਕੰਵਲਜੀਤ ਕੌਰ, ਬਲਰਾਜ ਸਿੰਘ ਨੰਬਰਦਾਰ ਅਤੇ ਸਕੂਲ ਸਟਾਫ ਆਦਿ ਹਾਜ਼ਰ ਸਨ।

# ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਨੇ ਕੇਂਦਰੀ ਬਜਟ ਨੂੰ ਦੱਸਿਆ ਗਰੀਬ ਵਿਰੋਧੀ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)- ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੀ ਮੀਟਿੰਗ ਪਿੰਡ ਗਗੜੇਵਾਲ ਵਿਖੇ ਹੋਈ। ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਕਨਵੀਨਰ ਕਾਮਰੇਡ ਗੁਰਦਿਆਲ ਸਿੰਘ ਖਡੂਰ ਸਾਹਿਬ ਤੇ ਕਾਮਰੇਡ ਜਸਵੰਤ ਸਿੰਘ ਖਡੂਰ ਸਾਹਿਬ ਨੇ ਕਿਹਾ ਕਿ ਮੋਦੀ ਸਰਕਾਰ ਨੇ ਜੋ ਬਜਟ ਪੇਸ਼ ਕੀਤਾ ਹੈ ਉਹ ਗਰੀਬ ਵਿਰੋਧੀ ਹੈ। ਮੋਦੀ ਸਰਕਾਰ ਨੇ ਇਸ ਬਜਟ ਰਾਹੀ ਸਰਮਾਏਦਾਰ ਜਮਾਤ ਨੂੰ ਖੁਸ਼ ਕੀਤਾ ਹੈ। ਨਰੇਗਾ

# ਅਧਿਆਪਕਾਂ ਦੀ ਦੋ ਰੋਜ਼ਾ ਵਰਕਸ਼ਾਪ ਸਫਲਤਾਪੂਰਵਕ ਸੰਪੰਨ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿੱ) ਗੁਰਦਾਸਪੁਰ ਅਮਰਜੀਤ ਸਿੰਘ ਭਾਟੀਆ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲੇ ਦੇ ਵੱਖ-ਵੱਖ ਬਲਾਕਾਂ ਦੇ ਸਾਇੰਸ ਅਤੇ ਸਮਾਜਿਕ ਸਿੱਖਿਆ ਵਿਸ਼ੇ ਦੇ ਅਧਿਆਪਕਾਂ ਦੀ ਦੋ ਰੋਜ਼ਾ ਵਰਕਸ਼ਾਪ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਗੁਰਦਾਸਪੁਰ ਵਿਖੇ ਲਗਾਈ ਗਈ ਜਿਸ ਵਿੱਚ ਸਾਇੰਸ ਅਤੇ ਸਮਾਜਿਕ ਸਿੱਖਿਆ ਵਿਸ਼ੇ ਦੇ ਅਧਿਆਪਕਾਂ ਨੇ ਹਿੱਸਾ ਲਿਆ। ਇਸ ਵਰਕਸ਼ਾਪ ਦਾ ਉਦਘਾਟਨ ਉੱਪ ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿੱ) ਗੁਰਦਾਸਪੁਰ ਲਖਵਿੰਦਰ ਸਿੰਘ ਨੇ ਕੀਤਾ। ਇਸ ਮੌਕੇ ਪ੍ਰਿੰਸੀਪਲ ਰਮੇਸ਼ ਠਾਕੁਰ ਵਿਸ਼ੇਸ ਰੂਪ ਵਿੱਚ ਹਾਜ਼ਰ ਸਨ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਵਰਕਸ਼ਾਪ ਕੋਆਰਡੀਨੇਟਰ ਅਮਰਜੀਤ ਸਿੰਘ ਪੁਰੇਵਾਲ ਨੇ ਦੱਸਿਆ ਕਿ ਇਸ ਵਰਕਸ਼ਾਪ ਦੌਰਾਨ ਅਧਿਆਪਕਾਂ ਦੀ ਮੈਂਟਰਿੰਗ ਉਚੇਰੀ ਸਿੱਖਿਆ ਸੰਸਥਾਵਾਂ ਵਲੋਂ ਕਰਵਾਈ ਗਈ। ਇਸ ਵਰਕਸ਼ਾਪ ਵਿੱਚ ਸਰਦਾਰ ਬੇਅੰਤ ਸਿੰਘ ਸਟੇਟ ਯੂਨੀਵਰਸਿਟੀ ਗੁਰਦਾਸਪੁਰ ਦੇ ਮੋਹਿਤ ਮਰਵਾਹਾ ਅਤੇ ਤਰਨ ਮਹਾਜਨ ਤੋਂ ਇਲਾਵਾ ਜ਼ਿਲਾ ਭਾਸ਼ਾ ਅਫਸਰ ਪਰਮਜੀਤ ਸਿੰਘ ਕਲਸੀ ਅਤੇ ਰਮੇਸ਼ ਠਾਕੁਰ ਪ੍ਰਿੰਸੀਪਲ ਨੇ ਅਹਿਮ ਭੂਮਿਕਾ ਨਿਭਾਈ। ਇਸ ਵਰਕਸ਼ਾਪ ਵਿੱਚ ਬਲਾਕ ਦੋਰਾਂਗਲਾ, ਦੀਨਾਨਗਰ, ਗੁਰਦਾਸਪੁਰ, ਕਲਾਨੌਰ, ਧਾਰੀਵਾਲ, ਕਾਹਨੂੰਵਾਨ ਤੋਂ ਕੁੱਲ 124 ਅਧਿਆਪਕਾਂ ਨੇ ਹਿੱਸਾ ਲਿਆ ਅਤੇ ਹੁਣ ਇਹ ਅਧਿਆਪਕ ਆਪਣੇ ਆਪਣੇ ਸਕੂਲਾਂ ਦੇ ਵਿਦਿਆਰਥੀਆਂ ਦੇ ਮੈਂਟਰ ਬਣ ਕੇ ਸਿੱਖਿਆ ਦਾ ਪੱਧਰ ਉੱਚਾ ਚੁੱਕਣ ਵਿੱਚ ਅਹਿਮ ਰੋਲ ਅਦਾ ਕਰਨਗੇ। ਉੱਪ ਜ਼ਿਲਾ ਸਿੱਖਿਆ ਅਫਸਰ ਨੇ ਕਿਹਾ ਕਿ ਅਧਿਆਪਕਾਂ ਨੂੰ ਕੋਈ ਵੀ ਕੰਮ ਕਰਨ ਤੋਂ ਪਹਿਲਾਂ ਸਟਰੈੱਸ ਨਹੀਂ ਲੈਣਾ ਚਾਹੀਦਾ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਸੈਮੀਨਾਰ ਅਧਿਆਪਕਾਂ ਲਹੀ ਲਾਹੇਵੰਦ ਸਾਬਤ ਹੋਣਗੇ। ਪ੍ਰਿੰ. ਰਮੇਸ਼ ਠਾਕੁਰ ਨੇ ਵਿਦਿਅਕ ਪਾਲਿਸੀ 2020 ਪ੍ਰਤੀ ਵਿਸਥਾਰਤ ਜਾਣਕਾਰੀ ਸਾਂਝੀ ਕੀਤੀ। ਅੰਤ ਵਿੱਚ ਅਧਿਆਪਕਾਂ ਕੋਲੋਂ ਫੀਡਬੈਕ ਵੀ ਲਈ ਗਈ।

# ਗੁਰਦੁਆਰਾ ਬਾਉਲੀ ਸਾਹਿਬ ਵਿਖੇ ਪੁਰਾਣੀ ਸਰਾਂ ਦੀ ਕਾਰਸੇਵਾ ਆਰੰਭ



ਸ੍ਰੀ ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲ੍ਹੀ)-ਬਾਬਾ ਘੋਲਾ ਸਿੰਘ ਸੰਪਰਦਾਇ ਸਰਹਾਲੀ ਸਾਹਿਬ ਦੀ ਰਹਿਨੁਮਾਈ ਹੇਠ ਗੁਰਦੁਆਰਾ ਬਾਉਲੀ ਸਾਹਿਬ ਵਿਖੇ ਚੱਲ ਰਹੀਆਂ ਸੇਵਾਵਾਂ ਤਹਿਤ ਗੁਰਦੁਆਰਾ ਸਾਹਿਬ ਵਿਖੇ ਸਥਿਤ ਪੁਰਾਣੀ ਰਿਹਾਇਸ਼ੀ ਸਰਾਂ ਦੇ ਨਵ-ਨਿਰਮਾਣ ਅਤੇ ਸੰਗਤ ਲਈ ਨਵੇਂ ਬਣਾਏ ਜਾ ਰਹੇ ਬਾਥਰੂਮ ਦੀ ਚੱਲ ਰਹੀ ਕਾਰਸੇਵਾ ਤਹਿਤ ਇਨ੍ਹਾਂ ਇਮਾਰਤਾਂ ਦੇ ਲੈਂਟਰ ਪਾਏ ਗਏ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਬਾਬਾ ਘੋਲਾ ਸਿੰਘ ਵੱਲੋਂ ਅਰਦਾਸ ਉਪਰੰਤ ਜੈਕਾਰਿਆਂ ਦੀ ਗੂੰਜ ਵਿੱਚ ਲੈਂਟਰ ਪਾਉਣ ਦੀ ਸੇਵਾ ਦੀ ਆਰੰਭਤਾ ਕੀਤੀ ਗਈ। ਇਸ ਚੱਲ ਰਹੀ ਕਾਰਸੇਵਾ ਵਿੱਚ ਵੱਖ-ਵੱਖ ਪਿੰਡਾਂ, ਕਸਬਿਆਂ ਤੋਂ ਆਈਆਂ ਸੰਗਤਾਂ ਵੱਲੋਂ ਬੜੇ ਉਤਸ਼ਾਹਤ ਨਾਲ ਸੇਵਾ ਕਰਦਿਆਂ ਆਪਣਾ ਯੋਗਦਾਨ ਪਾਇਆ ਗਿਆ। ਗੁਰਦੁਆਰਾ ਬਾਉਲੀ ਸਾਹਿਬ ਵਿਖੇ ਵੱਖ-ਵੱਖ ਕਾਰਜਾਂ ਲਈ ਚੱਲ ਰਹੀਆਂ ਸੇਵਾਵਾਂ ਦੀ ਦੇਖਰੇਖ ਕਰ ਰਹੇ ਬਾਬਾ ਗੁਰਨਾਮ ਸਿੰਘ ਯੂਪੀ ਵਾਲਿਆਂ ਦੇ ਮੁੱਖ ਸੇਵਾਦਾਰ ਬਾਬਾ ਦਵਿੰਦਰ ਸਿੰਘ ਸੋਨੂੰ ਨੇ ਦੱਸਿਆ ਕਿ ਅੱਜ ਜਿਨ੍ਹਾਂ ਇਮਾਰਤਾਂ ਦੇ ਲੈਂਟਰ ਪਾਏ ਗਏ ਹਨ ਉਨ੍ਹਾਂ ਵਿੱਚ ਗੁਰਦੁਆਰਾ ਬਾਉਲੀ ਸਾਹਿਬ ਵਿਖੇ ਸਥਿਤ ਗੁਰੂ ਅਮਰਦਾਸ ਜੀ ਨਿਵਾਸ ਸਰਾਂ ਜਿਸ ਦੀ ਪੁਰਾਣੀ ਇਮਾਰਤ ਦੀ ਮੁਰੰਮਤ ਦੀ ਸੇਵਾ ਨਾਲ ਇਸ ਸਰਾਂ ਦਾ ਘੇਰਾ ਵਧਾਇਆ ਗਿਆ ਹੈ, ਉੱਥੇ ਹੀ ਪੁਰਾਣੇ ਬਾਥਰੂਮਾਂ ਨੂੰ ਢਾਹ ਕੇ ਨਵੇਂ ਬਾਥਰੂਮ ਦਾ ਨਿਰਮਾਣ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਦੇਸ਼ਾਂ ਵਿਦੇਸ਼ਾਂ ਵਿੱਚ ਵੱਸਦੀਆਂ ਸਿੱਖ ਸੰਗਤਾਂ ਦੇ ਸਹਿਯੋਗ ਨਾਲ ਬਾਬਾ ਘੋਲਾ ਸਿੰਘ ਸੰਪਰਦਾਇ ਸਰਹਾਲੀ ਸਾਹਿਬ ਵਾਲਿਆ ਵੱਲੋਂ ਕਰਵਾਇਆ ਜਾ ਰਿਹਾ ਹੈ।

ਬਾਬਾ ਦਵਿੰਦਰ ਸਿੰਘ ਸੋਨੂੰ ਨੇ ਦੱਸਿਆ ਕਿ ਇਸ ਕਾਰਸੇਵਾ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਕਾਰਸੇਵਾ ਵਿੱਚ ਸ਼ਮੂਲੀਅਤ ਕੀਤੀ ਜਿਸ ਲਈ ਉਹ ਸਮੂਹ ਸੰਗਤ ਦਾ ਧੰਨਵਾਦ ਕਰਦੇ ਹਨ।

# ਵਿਸ਼ੇਸ਼ ਟੀਕਾਕਰਨ ਸਪਤਾਹ ਸਬੰਧੀ ਸੀ ਐੱਚ ਸੀ ਸਰਹਾਲੀ ਵਿਖੇ ਤਿਆਰੀਆਂ ਮੁਕੰਮਲ: ਡਾ. ਗਿੱਲ



ਸਰਹਾਲੀ ਕਲਾਂ (ਹਰਪ੍ਰੀਤ ਸਿੰਘ ਚੰਬਾ)-ਸਿਹਤ ਵਿਭਾਗ ਪੰਜਾਬ ਵੱਲੋ ਜਾਰੀ ਹੁਕਮਾਂ ਮੁਤਾਬਿਕ ਜ਼ਿਲ੍ਹੇ ਭਰ ਵਿਚ ਵਿਸ਼ੇਸ ਟੀਕਾਕਰਨ ਹਫਤਾ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਸੀਨੀਅਰ ਮੈਡੀਕਲ ਅਫਸਰ ਸੀਐੱਚਸੀ ਸਰਹਾਲੀ ਡਾ। ਜਤਿੰਦਰ ਸਿੰਘ ਗਿੱਲ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਸਿਹਤ ਵਿਭਾਗ ਦੇ ਹੁਕਮਾਂ ਮੁਤਾਬਿਕ 13 ਫਰਵਰੀ ਦਿਨ ਸੋਮਵਾਰ ਤੋ 17 ਫਰਵਰੀ ਤੱਕ ਵਿਸ਼ੇਸ ਟੀਕਾਕਰਨ ਹਫਤਾ ਮਨਾਇਆ ਜਾ ਰਿਹਾ ਹੈ ਜਿਸ ਦਾ ਮੁੱਖ ਉਦੇਸ਼ 0 ਤੋ 5 ਸਾਲ ਤੱਕ ਦੇ ਬੱਚਿਆਂ ਅਤੇ ਗਰਭਵਤੀ ਔਰਤਾਂ ਦੇ ਟੀਕਾਕਰਨ ਦੀ ਕਵਰੇਜ ਨੂੰ ਮਜਬੂਤ ਕਰਨਾ ਹੈ। ਇਸ ਲਈ 5 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਅਤੇ ਗਰਭਵਤੀ ਔਰਤਾਂ ਜਿਨ੍ਹਾਂ ਦਾ ਟੀਕਾਕਰਨ ਅਧੂਰਾ ਹੈ, ਨੂੰ ਪੂਰਾ ਕੀਤਾ ਜਾਵੇਗਾ। ਡਾ. ਗਿੱਲ ਨੇ ਦੱਸਿਆ ਕਿ ਉਨ੍ਹਾਂ ਖੇਤਰਾਂ ਵੱਲ ਵਿਸ਼ੇਸ਼ ਤੌਰ 'ਤੇ ਧਿਆਨ ਦਿੱਤਾ ਜਾਵੇਗਾ। ਜਿਵੇ ਕਿ ਉਚ ਜੋਖਮ ਵਾਲੇ ਖੇਤਰ ਪ੍ਰਵਾਸੀ ਅਬਾਦੀ, ਖਾਨਾਬਦੋਸ਼ ਸਾਈਟਾਂ, ਇੱਟਾਂ ਦੇ ਭੱਠਿਆਂ ਆਦਿ ਤੇ ਰਹਿਣ ਵਾਲੇ ਲੋਕਾਂ ਦੇ ਬੱਚਿਆਂ ਅਤੇ ਗਰਭਵਤੀ ਔਰਤਾਂ ਦਾ ਵਿਸ਼ੇਸ਼ ਤੌਰ 'ਤੇ ਧਿਆਨ ਰੱਖਿਆ ਜਾਵੇਗਾ। ਇਸ ਤੋਂ ਇਲਾਵਾ ਜਿਹੜੇ ਬੱਚੇ ਘਰਾਂ ਵਿਚ ਪੈਦਾ ਹੁੰਦੇ ਹਨ ਅਤੇ ਉਨ੍ਹਾਂ ਬੱਚਿਆਂ ਦੀਆਂ ਜਨਮ ਖੁਰਾਕਾਂ ਵੀ ਰਹਿ ਜਾਂਦੀਆ ਹਨ, ਉਹ ਬੱਚੇ ਵੀ ਇਸ ਮੁਹਿੰਮ ਵਿਚ ਸ਼ਾਮਲ ਕੀਤੇ ਜਾਣਗੇ। ਜਿਹੜੇ ਖੇਤਰਾਂ ਜਾਂ ਪਿੰਡਾਂ ਵਿਚ ਸਰਕਾਰੀ ਸਿਹਤ ਸਹੂਲਤ ਨਹੀਂ ਹਨ ਉਨ੍ਹਾਂ ਪਿੰਡਾਂ ਅਤੇ ਖੇਤਰਾਂ ਵਿਚ ਵੀ ਵਿਸ਼ੇਸ਼ ਤੌਰ ਤੇ ਕੈਂਪ ਲਗਾਏ ਜਾਣਗੇ। ਇਸ ਮੌਕੇ ਹਰਦੀਪ ਸਿੰਘ ਬੀਈਈ ਨੇ ਦੱਸਿਆ ਕਿ ਇਸ ਮੁਹਿੰਮ ਦੀਆਂ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ। ਮੁਹਿੰਮ ਤਹਿਤ ਕੈਂਪਾਂ ਦਾ ਨਿਰੀਖਣ ਕੀਤਾ ਜਾਵੇਗਾ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਲੈਣ।

# ਪਰਮਜੀਤ ਸਿੰਘ ਨੂੰ ਸਦਮਾ, ਮਾਤਾ ਦਾ ਦਿਹਾਂਤ



ਚੋਹਲਾ ਸਾਹਿਬ (ਰਮਨ ਚੱਢਾ)-ਸੰਧੂ ਖਾਦ ਸਟੋਰ ਅਤੇ ਟੈਂਟ ਹਾਊਸ ਚੋਹਲਾ ਸਾਹਿਬ ਦੇ ਮਾਲਕ ਪਰਮਜੀਤ ਸਿੰਘ ਸੰਧੂ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ ਜਦ ਉਨ੍ਹਾਂ ਦੀ ਮਾਤਾ ਚਰਨ ਕੌਰ (80) ਸਵੇਰੇ ਅਚਾਨਕ ਦਿਲ ਦੀ ਧੜਕਣ ਬੰਦ ਹੋਣ ਕਾਰਨ ਸੰਦੀਵੀ ਵਿਛੋੜਾ ਦੇ ਗਏ। ਇਸ ਸਮੇਂ ਸੰਧੂ ਪਰਿਵਾਰ ਨਾਲ ਦੁੱਖ ਪ੍ਰਗਟ ਕਰਨ ਲਈ ਹਲਕਾ ਖਡੂਰ ਸਾਹਿਬ ਦੇ ਸਾਬਕਾ ਵਿਧਾਇਕ ਰਵਿੰਦਰ ਸਿੰਘ ਬ੍ਰਹਮਪੁਰਾ, ਸਤਨਾਮ ਸਿੰਘ ਸੱਤਾ ਬਲਾਕ ਸੰਮਤੀ ਮੈਂਬਰ ਚੋਹਲਾ ਸਾਹਿਬ, ਸਾਬਕਾ ਸਰਪੰਚ ਅਮਰੀਕ ਸਿੰਘ, ਮਾਸਟਰ ਗੁਰਨਾਮ ਸਿੰਘ, ਮਾਸਟਰ ਦਲਬੀਰ ਸਿੰਘ, ਸਾਬਕਾ ਸਰਪੰਚ ਰਾਏ ਦਵਿੰਦਰ ਸਿੰਘ, ਦੁਸੰਧਾ ਸਿੰਘ ਸਾਬਕਾ ਮੈਂਬਰ ਪੰਜਾਬ ਮੋਟਰਜ਼ ਵਾਲੇ, ਪ੍ਰਦੀਪ ਢਿਲੋਂ ਖਾਦ ਸਟੋਰ ਵਾਲੇ, ਗੁਰਮੁੱਖ ਸਿੰਘ, ਰਿਟਾ: ਬੀਡੀਪੀਓ ਬਲਦੇਵ ਰਾਜ, ਪ੍ਰਧਾਨ ਬੀਸੀਸੈੱਲ ਦਾ ਪ੍ਰਧਾਨ ਮਨਜਿੰਦਰ ਸਿੰਘ ਲਾਟੀ, ਜਤਿੰਦਰ ਸਿੰਘ ਮੈਡੀਕਲ ਸਟੋਰ, ਪ੍ਰਧਾਨ ਦਿਲਬਰ ਸਿੰਘ, ਪ੍ਰਧਾਨ ਗੁਰਦੇਵ ਸਿੰਘ, ਪ੍ਰਧਾਨ ਪ੍ਰੈਸ ਕਲੱਬ ਮਨਜੀਤ ਸਿੰਘ ਚੰਬਾ, ਪ੍ਰਧਾਨ ਬਲਵਿੰਦਰ ਸਿੰਘ, ਰਾਕੇਸ਼ ਨਈਅਰ ਪ੍ਰਧਾਨ, ਸਮਾਜ ਬਚਾਓ ਮਿਸ਼ਨ ਕਮੇਟੀ ਦੇ ਕੌਮੀ ਪ੍ਰਧਾਨ ਬਲਕਾਰ ਸਿੰਘ ਵਿਲੋਂ, ਰਣਜੀਤ ਸਿੰਘ ਆੜ੍ਹਤੀਆ, ਡਾਇਰੈਕਟਰ ਬਲਬੀਰ ਸਿੰਘ, ਸਾਬਕਾ ਸਰਪੰਚ ਦਲਬੀਰ ਸਿੰਘ, ਸਰਪੰਚ ਲਖਬੀਰ ਸਿੰਘ ਲੱਖਾ, ਗੁਰਚਰਨ ਸਿੰਘ ਮਸਕਟ, ਮੈਂਬਰ ਤਰਸੇਮ ਸਿੰਘ, ਨੰਬਰਦਾਰ ਗੁਰਜਿੰਦਰ ਸਿੰਘ, ਮੈਂਬਰ ਪਿਆਰਾ ਸਿੰਘ, ਅਜਮੇਰ ਸਿੰਘ, ਭੁਪਿੰਦਰ ਸਿੰਘ, ਸਰਬਜੀਤ ਸਿੰਘ, ਬਲਜੀਤ ਸਿੰਘ, ਪੁਸ਼ਪਿੰਦਰ ਸਿੰਘ, ਪ੍ਰਭਦੀਪ ਸਿੰਘ, ਸੁਖਚੈਨ ਸਿੰਘ, ਤਰਸੇਮ ਸਿੰਘ, ਗੁਰਪ੍ਰਤਾਪ ਸਿੰਘ ਤੁੜ, ਇੰਦਰਜੀਤ ਸਿੰਘ ਸੋਨੀ, ਜ਼ਿਲਾ ਜਰਨਲ ਸਕੱਤਰ ਸਕੱਤਰ ਆਮ ਆਦਮੀ ਪਾਰਟੀ ਕੇਵਲ ਕ੍ਰਿਸ਼ਨ, ਫੂਡ ਸਪਲਾਈ ਇੰਚਾਰਜ ਆਮ ਆਦਮੀਂ ਪਾਰਟੀ ਗੁਰਪ੍ਰੀਤ ਸਿੰਘ ਗੋਪੀ, ਫੌਜੀ ਗੁਰਵਿੰਦਰ ਸਿੰਘ ਚੋਹਲਾ ਸਾਹਿਬ ਆਦਿ ਉਹਨਾਂ ਦੇ ਗ੍ਰਹਿ ਵਿਖੇ ਪਹੁੰਚੇ।

# ਭ੍ਰਿਸ਼ਟ ਬਲਾਕ ਅਧਿਕਾਰੀਆਂ ਨੂੰ ਮਿਸਾਲੀ ਸਜ਼ਾ ਦੇਣ ਦੀ ਮੰਗ



ਮਜੀਠਾ (ਮਨਮੋਹਨ ਸਿੰਘ ਢਿੱਲੋਂ)-ਸਮਾਜਿਕ ਨਿਆਂ, ਅਧਿਕਾਰਤਾ ਵੈੱਲਫੇਅਰ ਐਸੋਸੀਏਸ਼ਨ ਅੰਮ੍ਰਿਤਸਰ (ਪੰਜਾਬ) ਦੀ ਇੱਕ ਹੰਗਾਮੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਸਤਿੰਦਰ ਸਿੰਘ ਸਰਕਾਰੀਆ ਦੀ ਪ੍ਰਧਾਨਗੀ ਹੇਠ ਦਫਤਰ (ਕੰਪਲੈਕਸ) ਜ਼ਿਲ੍ਹਾ ਪ੍ਰੀਸ਼ਦ ਅੰਮ੍ਰਿਤਸਰ ਵਿਖੇ ਹੋਈ। ਇਸ ਮੌਕੇ ਮੀਟਿੰਗ ਵਿਚ ਜਥੇਬੰਦਕ ਆਗੂਆਂ ਵੱਲੋਂ ਵੱਖ-ਵੱਖ ਸਮਾਜਿਕ ਮੁੱਦਿਆਂ, ਮੁਲਾਜ਼ਮਾਂ ਸਮੇਤ ਵਿਦਿਆਰਥੀਆਂ ਅਤੇ ਬੇਰੁਜ਼ਗਾਰੀ ਦੇ ਮਸਲੇ ਨੂੰ ਲੈ ਕੇ ਭਰਪੂਰ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਉਕਤ ਦਰਪੇਸ਼ ਸਮੱਸਿਆਵਾਂ ਦੇ ਹੱਲ ਕਰਨ ਬਾਬਤ ਵੀ ਵੱਖ-ਵੱਖ ਬੁਲਾਰਿਆਂ ਨੇ ਆਪੋ-ਆਪਣੇ ਸੁਝਾਅ ਪੇਸ਼ ਕੀਤੇ। ਇਸ ਮੌਕੇ ਸਮਾਜਿਕ ਨਿਆਂ, ਅਧਿਕਾਰਤਾ ਵੈੱਲਫੇਅਰ ਐਸੋਸੀਏਸ਼ਨ ਪੰਜਾਬ ਦੇ ਸੂਬਾ ਚੇਅਰਮੈਨ ਬਲਕਾਰ ਸਿੰਘ ਸਫਰੀ ਨੇ ਪ੍ਰੀ-ਪ੍ਰਾਇਮਰੀ ਦੇ ਬੱਚਿਆਂ ਲਈ ਪਹਿਲੀ ਵਾਰ ਆਈਆਂ ਮੁਫਤ ਵਰਦੀਆਂ 'ਚ ਹੋਏ ਲੱਖਾਂ ਰੁਪਏ ਦੇ ਘਪਲੇ ਦੀ ਸਖਤ ਸ਼ਬਦਾਂ ਵਿਚ ਨਿਖੇਧੀ ਕਰਦੇ ਹੋਏ ਭ੍ਰਿਸ਼ਟ ਬਲਾਕ ਅਧਿਕਾਰੀਆਂ ਖਿਲਾਫ ਕਾਨੂੰਨੀ ਕਾਰਵਾਈ ਕਰਵਾਉਣ ਲਈ ਮਤਾ ਪੇਸ਼ ਕੀਤਾ ਜਿਸਨੂੰ ਸਰਬ ਪ੍ਰਵਾਨਤ ਕਰਦੇ ਵੈੱਲਫੇਅਰ ਐਸੋਸੀਏਸ਼ਨ ਆਗੂਆਂ ਨੇ ਸਰਕਾਰ ਪਾਸੋਂ ਉਕਤ ਮਾਮਲੇ 'ਚ ਭ੍ਰਿਸ਼ਟ ਅਫਸਰਾਂ ਨੂੰ ਮਿਸਾਲੀ ਸਜ਼ਾ ਦੇਣ ਦੀ ਜ਼ੋਰਦਾਰ ਮੰਗ ਕੀਤੀ। ਇਸੇ ਦੌਰਾਨ ਹੀ ਸੂਬਾ ਸਲਾਹਕਾਰ ਮਨਜੀਤ ਸਿੰਘ ਵਿਰਕ ਨੇ ਆਪਣੇ ਸੰਬੋਧਨ ਮੌਕੇ ਕਿਹਾ ਕਿ ਬੇਕਸੂਰ ਬੱਚਿਆਂ ਨੂੰ ਨਿਯਮਾਂ ਅਨੁਸਾਰ ਫੌਰੀ ਵਰਦੀਆਂ ਦਿਵਾਉਣ ਲਈ ਜ਼ਿਲ੍ਹਾ ਸਿੱਖਿਆ ਅਫਸਰ (ਐਲੀ) ਅੰਮ੍ਰਿਤਸਰ ਰਾਜੇਸ਼ ਸ਼ਰਮਾ ਨਾਲ ਐਸੋਸੀਏਸ਼ਨ ਵੱਲੋਂ ਜਲਦ ਮੀਟਿੰਗ ਕੀਤੀ ਜਾਵੇਗੀ। ਇਸ ਮੌਕੇ ਮੀਟਿੰਗ 'ਚ ਹੋਰਨਾਂ ਤੋਂ ਇਲਾਵਾ ਚੀਫ ਆਰਗੇਨਾਈਜ਼ਰ ਕਰਨਰਾਜ ਸਿੰਘ ਗਿੱਲ, ਸੂਬਾ ਪ੍ਰੈੱਸ ਸਕੱਤਰ ਹਰਬਿੰਦਰ ਸਿੰਘ ਰਾਣਾ (ਖੁਸ਼ੀਪੁਰ), ਜ਼ਿਲ੍ਹਾ ਜਨਰਲ ਸਕੱਤਰ ਕੁਲਜੀਤ ਸਿੰਘ ਵੇਰਕਾ, ਸਲਾਹਕਾਰ ਹਰਮਨਦੀਪ ਸਿੰਘ ਛੀਨਾ, ਖਜਾਨਚੀ ਹਰਪਾਲ ਸਿੰਘ ਓਠੀਆਂ, ਅਮਰੀਕ ਸਿੰਘ ਬੱਲ, ਬਲਬੀਰ ਸਿੰਘ ਝਾਮਕਾ (ਦੋਵੇਂ ਸਾਬਕਾ ਬੀਪੀਓ) ਦਲਬੀਰ ਸਿੰਘ ਪੱਟੀ, ਜਗਜੀਤ ਸਿੰਘ ਹਰੀਪੁਰਾ, ਅਮਰਿੰਦਰ ਸਿੰਘ ਛੀਨਾ, ਨਿਰਮਲਜੀਤ ਸਿੰਘ, ਬੀਰ ਸਿੰਘ ਮਜੀਠਾ, ਸਰਪੰਚ ਕਸ਼ਮੀਰ ਸਿੰਘ ਪੱਧਰੀ ਖੁਰਦ, ਗੁਰਮੇਜ ਸਿੰਘ, ਪ੍ਰੇਮ ਕੁਮਾਰ ਵੇਰਕਾ, ਸੁਖਬੀਰ ਸਿੰਘ ਕੋਟ ਖਾਲਸਾ, ਸਰਪੰਚ ਜਸਵੰਤ ਸਿੰਘ ਲੁੱਧੜ, ਨਿਸ਼ਾਨ ਸਿੰਘ ਅਤੇ ਬੀਬੀ ਪਰਮਜੀਤ ਕੌਰ ਆਦਿ ਆਗੂ ਵੀ ਹਾਜ਼ਰ ਸਨ।

# ਬਰਸਾਤ ਨਾਲ ਤਬਾਹ ਫਸਲਾਂ ਦਾ ਮੁਆਵਜ਼ਾ ਲੈਣ ਲਈ ਸਾਂਝੀਆਂ ਕਿਸਾਨ ਜਥੇਬੰਦੀਆਂ ਦੀ ਮੀਟਿੰਗ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ) ਸਾਲ 2021 ਵਿੱਚ ਗੜੇਮਾਰੀ ਤੇ ਬੇਮੌਸਮੀ ਬਰਸਾਤ ਨਾਲ ਤਬਾਹ ਝੋਨੇ ਅਤੇ ਬਾਸਮਤੀ ਦੀ ਫਸਲ ਦੇ ਮੁਆਵਜ਼ੇ ਦੇ ਨਾਂਅ ਉੱਪਰ ਇਲਾਕਾ ਡੇਰਾ ਬਾਬਾ ਨਾਨਕ ਦੇ ਕਿਸਾਨਾਂ ਨਾਲ ਕੀਤੇ ਜਾ ਰਹੇ ਕੋਝੇ ਮਜ਼ਾਕ ਤੋਂ ਬਚਾਅ ਦੇ ਵਿਰੋਧ ਵਿੱਚ ਅਤੇ ਇਸ ਮੁਆਵਜ਼ੇ ਦੀ ਪ੍ਰਾਪਤੀ ਲਈ ਕਾਰਜ ਯੋਜਨਾ ਉਲੀਕਣ ਵਾਸਤੇ ਡੇਰਾ ਬਾਬਾ ਨਾਨਕ ਵਿੱਚ ਸਰਗਰਮ ਸਮੂਹ ਸੰਘਰਸ਼ਸ਼ੀਲ ਕਿਸਾਨ ਜਥੇਬੰਦੀਆਂ ਦੇ ਨੁਮਾਇੰਦਿਆਂ ਦੀ ਇੱਕ ਸਾਂਝੀ ਮੀਟਿੰਗ ਸਥਾਨਕ ਗੁਰਦੁਆਰਾ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਿਖੇ ਸ਼੍ਰੋਮਣੀ ਕਮੇਟੀ ਮੈਂਬਰ ਅਮਰੀਕ ਸਿੰਘ ਸ਼ਾਹਪੁਰ ਗੋਰਾਇਆ ਦੀ ਅਗਵਾਈ ਹੇਠ ਹੋਈ। ਇਸ ਮੀਟਿੰਗ ਵਿੱਚ ਕੁੱਲ ਹਿੰਦ ਕਿਸਾਨ ਸਭਾ (ਅਜੇ ਭਵਨ) ਵੱਲੋਂ ਕਾਮਰੇਡ ਗੁਲਜ਼ਾਰ ਸਿੰਘ ਬਸੰਤਕੋਟ ਅਤੇ ਮਨਜੀਤ ਸਿੰਘ ਰਾਊਵਾਲ, ਭਾਰਤੀ ਕਿਸਾਨ ਯੂਨੀਅਨ ਕਰਾਂਤੀਕਾਰੀ ਵਲੋਂ ਕੁਲਵਿੰਦਰ ਸਿੰਘ ਅਠਵਾਲ, ਸਰਬਜੀਤ ਸਿੰਘ ਰਾਊਵਾਲ, ਪੰਜਾਬ ਕਿਸਾਨ ਯੂਨੀਅਨ ਵੱਲੋਂ ਅਸ਼ਵਨੀ ਕੁਮਾਰ ਲੱਖਣ ਕਲਾਂ, ਸੁਰਜੀਤ ਸਿੰਘ ਅਤੇ ਬਲਵਿੰਦਰ ਸਿੰਘ ਸਿੰਘਪੁਰਾ, ਕਿਸਾਨ ਤੇ ਜਵਾਨ ਭਲਾਈ ਯੂਨੀਅਨ ਵੱਲੋਂ ਪਰਮਪਾਲ ਸਿੰਘ ਮੇਤਲਾ, ਗੁਰਪ੍ਰੀਤ ਸਿੰਘ ਖਾਸਾਵਾਲੀ ਤੇ ਸਤਿੰਦਰ ਸਿੰਘ ਭਗਠਾਣਾ ਤੁੱਲੀਆਂ, ਭਾਰਤੀ ਕਿਸਾਨ ਯੂਨੀਅਨ ਵੱਲੋਂ ਅਮਰੀਕ ਸਿੰਘ ਤੇ ਕਲਵੰਤ ਸਿੰਘ ਭਗਠਾਣਾ ਤੁਲੀਆਂ, ਕੁੱਲ ਹਿੰਦ ਕਿਸਾਨ ਸਭਾ (ਗਰੇਵਾਲ) ਵੱਲੋਂ ਨਰਿੰਦਰ ਸਿੰਘ ਰੰਧਾਵਾ ਅਤੇ ਪੰਜਾਬ ਕਿਸਾਨ ਮਜ਼ਦੂਰ ਯੂਨੀਅਨ ਵੱਲੋਂ ਜੋਗਿੰਦਰ ਸਿੰਘ ਖੰਨਾ ਚਮਾਰਾਂ, ਦਲਬੀਰ ਸਿੰਘ ਸ਼ਹਿਜ਼ਾਦਾ, ਸਰਵਣ ਸਿੰਘ ਰਾੜੇਵਾਲੀ, ਗੁਰਮੀਤ ਸਿੰਘ, ਗੁਰਮੇਜ ਸਿੰਘ ਖੋਦੇ ਬੇਟ ਅਤੇ ਕਸ਼ਮੀਰ ਸਿੰਘ ਸੈਕਟਰੀ ਸ਼ਾਮਲ ਹੋਏ। ਇਸ ਮੀਟਿੰਗ ਵਿੱਚ ਸਰਬ ਸੰਮਤੀ ਨਾਲ ਮਤਾ ਪਾਸ ਕਰਕੇ ਸਰਕਾਰ ਵੱਲੋਂ ਤਰ੍ਹਾਂ-ਤਰ੍ਹਾਂ ਦੇ ਬਹਾਨੇ ਲਾ ਕੇ ਪੀੜਤ ਕਿਸਾਨਾਂ ਨੂੰ ਮੁਆਵਜ਼ਾ ਦੇਣ ਦੇ ਅਮਲ ਨੂੰ ਅੱਗੇ ਤੋ ਅੱਗੇ ਪਾਏ ਜਾਣ ਦੀ ਸਖਤ ਸ਼ਬਦਾਂ ਵਿਚ ਨਿਖੇਧੀ ਕੀਤੀ ਗਈ ਅਤੇ ਮੁਆਵਜ਼ਾ ਪ੍ਰਾਪਤੀ ਲਈ ਸਾਂਝੀ ਸਰਗਰਮੀ ਸੰਘਰਸ਼ ਲਾਮਬੰਦ ਕਰਨ ਦਾ ਫੈਸਲਾ ਕੀਤਾ ਗਿਆ ।

ਸਾਂਝੇ ਸੰਘਰਸ਼ ਨੂੰ ਤਿੱਖੇ ਰੂਪ ਵਿੱਚ ਸੁਰੂ ਕਰਨ ਤੋਂ ਪਹਿਲਾਂ ਜਥੇਬੰਦੀਆਂ ਦਾ ਸਾਂਝਾ ਵਫਦ ਲੈ ਕੇ ਐੱਸਡੀਐੱਮ ਡੇਰਾ ਬਾਬਾ ਨਾਨਕ ਨਾਲ ਇਸ ਮੁੱਦੇ ਸਬੰਧੀ ਮੁਲਾਕਾਤ ਕਰਨ ਦਾ ਕਾਰਜ ਉਲੀਕਿਆ ਗਿਆ। ਮੀਟਿੰਗ ਵਿੱਚ ਸਾਮਲ ਸਮੂਹ ਕਿਸਾਨ ਆਗੂਆਂ ਨੇ ਇੱਕ ਆਵਾਜ਼ ਹੋ ਕੇ ਮੰਗ ਕੀਤੀ ਕਿ ਪੀੜਤ ਕਿਸਾਨਾਂ ਨੂੰ ਤਬਾਹ ਹੋਈ ਸਾਲ 2021ਦੀ ਝੋਨੇ ਬਾਸਮਤੀ ਦੀ ਫਸਲ ਦਾ ਮੁਆਵਜ਼ਾ ਤੁਰੰਤ ਅਦਾ ਕੀਤਾ ਜਾਵੇ ।

ਉਨ੍ਹਾਂ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਇਹ ਮੰਗ ਪੂਰੀ ਨਾ ਕੀਤੀ ਗਈ ਤਾਂ ਮੁਆਵਜ਼ਾ ਪ੍ਰਾਪਤੀ ਲਈ ਤਿੱਖਾ ਸੰਘਰਸ ਕਰਕੇ ਸਰਕਾਰ ਨੂੰ ਮੁਆਵਜ਼ਾ ਅਦਾ ਕਰਨ ਲਈ ਮਜਬੂਰ ਕਰ ਦਿੱਤਾ ਜਾਵੇਗਾ। ਇਸ ਮੌਕੇ ਨਿਰਮਲ ਸਿੰਘ ਮੇਘਾ, ਮਹਿੰਦਰ ਸਿੰਘ ਖੰਨਾ ਚਮਾਰਾਂ, ਕਸ਼ਮੀਰ ਸਿੰਘ ਫੌਜੀ ਸ਼ਹਿਜ਼ਾਦਾ ਤੋ ਇਲਾਵਾ ਵੱਡੀ ਗਿਣਤੀ ਵਿੱਚ ਕਿਸਾਨ ਆਗੂ ਆਦਿ ਹਾਜ਼ਰ ਸਨ ।

# ਨਸ਼ਿਆਂ ਖਿਲਾਫ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਪਿੰਡ 'ਚ ਝੰਡਾ ਮਾਰਚ



ਤਰਨਤਾਰਨ (ਪ੍ਰਿਤਪਾਲ ਸਿੰਘ)-ਇਸ ਮੌਕੇ ਘਰ ਘਰ ਜਾ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਨਸ਼ਾ ਵੇਚਣ ਅਤੇ ਕਰਨ ਵਾਲਿਆਂ ਦਾ ਬਾਈਕਾਟ ਕਰਨ ਤਾਂ ਕਿ ਅਸੀਂ ਆਪਣੀਆਂ ਆਉਣ ਵਾਲੀਆਂ ਨਸਲਾਂ ਬਚਾਈਏ।

ਇਸ ਮੌਕੇ ਅਵਤਾਰ ਸਿੰਘ ਨੇ ਦੱਸਿਆ ਕਿ ਸਾਡੇ ਪਿੰਡ ਦੇ ਨੌਜਵਾਨਾਂ ਵੱਲੋਂ 11 ਜਨਵਰੀ ਨੂੰ ਨਸ਼ਾ ਛੁਡਾਊ ਕਮੇਟੀ ਦਾ ਗਠਨ ਕੀਤਾ ਗਿਆ ਸੀ ਜਿਸ ਵਿਚ ਪ੍ਰਸ਼ਾਸਨ ਅਤੇ ਦੋਹਾਂ ਪਿੰਡਾਂ ਦੀਆਂ ਪੰਚਾਇਤ ਵੱਲੋਂ ਇਸ ਕਮੇਟੀ ਨੂੰ ਸਮਰਥਨ ਦਿੱਤਾ ਗਿਆ ਸੀ ਅਤੇ ਪਿਛਲੇ ਇਕ ਮਹੀਨੇ ਤੋਂ ਲਗਾਤਾਰ ਪਿੰਡ ਦੇ ਨੌਜਵਾਨਾਂ ਵੱਲੋਂ ਪਿੰਡ ਦੇ ਆਉਣ ਵਾਲੇ ਸਾਰੇ ਰਾਹ ਉੱਤੇ ਲਗਾਤਾਰ ਪਹਿਰਾ ਦਿੱਤਾ ਜਾ ਰਿਹਾ ਹੈ ਕਿ ਕੋਈ ਬਾਹਰਲਾ ਵਿਅਕਤੀ ਪਿੰਡ ਵਿਚ ਨਸ਼ਾ ਵੇਚਣ ਅਤੇ ਖਰੀਦਣ ਨਾ ਆ ਸਕੇ ਪਿੰਡ ਵਾਲੇ ਇਸ ਨੂੰ ਪੂਰੀ ਗੰਭੀਰਤਾ ਨਾਲ ਲੈ ਰਹੇ ਹਨ। ਦੋ ਵਾਰ ਹਲਕਾ ਵਿਧਾਇਕ ਨਾਲ ਮੀਟਿੰਗ ਵੀ ਕਰ ਚੁੱਕੇ ਹਨ ਅਤੇ ਲਗਾਤਾਰ ਪੁਲਸ ਪ੍ਰਸ਼ਾਸਨ ਦੇ ਸੰਪਰਕ ਵਿੱਚ ਹਨ।

ਇਸ ਮੌਕੇ ਕਿਸਾਨ ਆਗੂ ਸੁਖਦੇਵ ਸਿੰਘ ਨੇ ਕਿਹਾ ਕਿ ਜਥੇਬੰਦੀ ਦੇ ਨਾਅਰੇ 'ਆਪਣੀ ਰਾਖੀ ਆਪ ਕਰੋ ਸਰਕਾਰਾਂ ਤੋਂ ਨਾ ਝਾਕ ਕਰੋ' ਅਨੁਸਾਰ ਸਾਰਾ ਨਗਰ ਖੁਦ ਆਪਣੇ ਨਗਰ ਦੀ ਆਪ ਰਾਖੀ ਕਰ ਰਿਹਾ ਹੈ। ਇਸ ਮੌਕੇ ਨਸ਼ਾ ਰੋਕੂ ਕਮੇਟੀ ਦੇ ਮੈਂਬਰ ਗੁਰਲਾਬ ਸਿੰਘ ਫੌਜੀ, ਸੁਰਿੰਦਰ ਸਿੰਘ ਫੌਜੀ, ਸਤਨਾਮ ਸਿੰਘ ਫੌਜੀ, ਦਿਲਬਾਗ ਸਿੰਘ ਫੌਜੀ, ਪਰਮਜੀਤ ਸਿੰਘ ਪੰਮਾ, ਪ੍ਰਧਾਨ ਤਜਿੰਦਰਪਾਲ ਸਿੰਘ, ਅਮਨਪ੍ਰੀਤ ਸਿੰਘ, ਸਤਨਾਮ ਸਿੰਘ, ਗੁਰਸਾਹਿਬ ਸਿੰਘ, ਗੁਰਵਿੰਦਰ ਸਿੰਘ, ਸੁਖਬੀਰ ਸਿੰਘ ਨੰਨੀ, ਗੁਰਦੀਪ ਸਿੰਘ ਮਾੜੂ, ਸਿਮਰਜੀਤ ਸਿੰਘ ਲਾਲੀ, ਸੁਖਵਿੰਦਰ ਸਿੰਘ, ਵਰਿੰਦਰ ਸਿੰਘ, ਨਿਸ਼ਾਨ ਸਿੰਘ ਫੌਜੀ, ਸਿਕੰਦਰ ਸਿੰਘ ਸੇਰੋਂ, ਕੈਪਟਨ ਬਲਜਿੰਦਰ ਸਿੰਘ, ਮਹਿੰਦਰ ਸਿੰਘ ਗਿੱਲ, ਗੁਰਮੀਤ ਸਿੰਘ ਗਿੱਲ., ਗੁਰਮਿੰਦਰ ਸਿੰਘ, ਹਰਜੀਤ ਸਿੰਘ ਪੰਨੂ, ਹਰਦੀਪ ਸਿੰਘ ਪੰਨੂੰ, ਬੀਬੀ ਕਿਰਨਪ੍ਰੀਤ ਕੌਰ, ਜਗੀਰ ਕੌਰ, ਸ਼ਰਨਪ੍ਰੀਤ ਕੌਰ, ਕਮਲਜੀਤ ਕੌਰ, ਸੁਖਵਿੰਦਰ ਕੌਰ ਅਤੇ ਰਾਜਬੀਰ ਕੌਰ ਆਦਿ ਹਾਜ਼ਰ ਸਨ।

# ਮੋਦੀ ਤੇ ਕੇਜਰੀਵਾਲ ਦੇ ਬੰਦੀ ਸਿੰਘਾਂ ਨੂੰ ਰਿਹਾਅ ਕਰਨ ਵਾਲੇ ਵਾਅਦੇ ਅਜੇ ਤੱਕ ਪੂਰੇ ਨਹੀਂ ਹੋਏ: ਭੱਟੀ



ਪੈਰਿਸ/ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਪੈਰਿਸ ਤੋਂ ਮਨੁੱਖੀ ਅਧਿਕਾਰਾਂ ਦੀ ਸੰਸਥਾ ਔਰਰ ਡਾਨ (ਰਜਿ.ਫਰਾਂਸ) ਦੇ ਫਾਊਂਡਰ ਇਕਬਾਲ ਸਿੰਘ ਭੱਟੀ ਨੇ ਜਾਰੀ ਪ੍ਰੈੱਸ ਬਿਆਨ ਵਿੱਚ ਕਿਹਾ ਕਿ ਬੰਦੀ ਸਿੰਘਾਂ ਦੀ ਰਿਹਾਈ ਦਾ ਮਸਲਾ ਦਿਨੋ-ਦਿਨ ਪੇਚੀਦਾ ਹੁੰਦਾ ਜਾ ਰਿਹਾ ਹੈ। ਵੈਸੇ ਦੇਖਿਆ ਜਾਵੇ ਤਾਂ ਇਹ ਬੰਦੀ ਸਿੰਘ ਜਿਨ੍ਹਾਂ ਨੂੰ ਸਿਆਸੀ ਕੈਦੀ ਵੀ ਕਿਹਾ ਜਾ ਸਕਦਾ ਹੈ, ਇਨ੍ਹਾਂ ਨੇ ਆਪਣੀਆਂ ਬਣਦੀਆਂ ਸਜ਼ਾਵਾਂ ਤੋਂ ਦੋ ਤਿੰਨ ਗੁਣਾ ਵਾਧੂ ਸਜ਼ਾ ਕੱਟ ਲੈਣ ਦੇ ਬਾਵਜੂਦ ਰਿਹਾਅ ਨਹੀਂ ਕੀਤਾ ਜਾ ਰਿਹਾ, ਜਦਕਿ ਬਲਾਤਕਾਰ ਅਤੇ ਕਤਲੇਆਮ ਦਾ ਦੋਸ਼ੀ ਰਾਮ ਰਹੀਮ ਕਰੀਬ ਡੇਢ ਸਾਲ ਦੇ ਵਕਫੇ ਵਿੱਚ ਚਾਰ ਵਾਰੀ ਪੈਰੋਲ 'ਤੇ ਰਿਹਾਅ ਹੋ ਚੁੱਕਾ ਹੈ। ਦੂਜੇ ਪਾਸੇ ਵਕਤ ਦੀਆਂ ਹਕੂਮਤਾਂ ਸਿੱਖਾਂ ਨਾਲ ਦੋਗਲੀ ਰਾਜਨੀਤੀ ਖੇਡ ਰਹੀਆਂ ਹਨ, ਜਿਸਨੂੰ ਕਿਸੇ ਤਰੀਕੇ ਵੀ ਵਾਜਿਬ ਨਹੀਂ ਠਹਿਰਾਇਆ ਜਾ ਸਕਦਾ। 2019 'ਚ ਜਦੋਂ ਸ੍ਰੀ ਗੁਰੂ ਤੇਗੁ ਬਹਾਦੁਰ ਜੀ ਦਾ ਪ੍ਰਕਾਸ਼ ਪੁਰਬ ਸਰਕਾਰੀ ਤੌਰ 'ਤੇ ਕੇਂਦਰ ਸਰਕਾਰ ਵੱਲੋਂ ਮਨਾਇਆ ਗਿਆ ਸੀ ਤਾਂ ਉਸ ਵਕਤ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸਟੇਜ ਤੋਂ ਸੰਗਤਾਂ ਨੂੰ ਸੰਬੋਧਨ ਹੁੰਦੇ ਹੋਏ ਅੱਠ ਕੈਦੀਆਂ ਨੂੰ ਰਿਹਾਅ ਕਰਨ ਦਾ ਵਾਅਦਾ ਕੀਤਾ ਸੀ ਜਦਕਿ ਅਰਵਿੰਦ ਕੇਜਰੀਵਾਲ ਨੇ ਦਿੱਲੀ ਦੇ ਮੁੱਖ ਮੰਤਰੀ ਦੀ ਹੈਸੀਅਤ ਵਿੱਚ 2014 ਦੌਰਾਨ ਉਨ੍ਹਾਂ (ਇਕਬਾਲ ਸਿੰਘ ਭੱਟੀ) ਵਲੋਂ ਸਿੱਖ ਕੈਦੀਆਂ ਦੀ ਰਿਹਾਈ ਵਾਸਤੇ ਦਿੱਲੀ ਵਿੱਚ ਜੰਤਰ ਮੰਤਰ ਵਿਖੇ ਰੱਖੀ ਅਣਮਿੱਥੇ ਸਮੇਂ ਦੀ ਭੁੱਖ ਹੜਤਾਲ 57 ਦਿਨਾਂ ਬਾਅਦ ਇਹ ਭਰੋਸਾ ਦੇ ਕੇ ਲਿਖਤੀ ਵਾਅਦਾ ਕਰਕੇ ਤੁੜਵਾਈ ਸੀ ਕਿ ਉਹ ਐੱਸ ਆਈ ਟੀ ਬਣਾ ਕੇ ਕੈਦੀਆਂ ਦੀ ਸਕਰੀਨਿੰਗ ਕਰਨਗੇ ਤਾਂ ਕਿ ਬੰਦੀ ਸਿੰਘਾਂ ਨੂੰ ਰਿਹਾਅ ਕੀਤਾ ਜਾ ਸਕੇ। ਦੱਸਣਯੋਗ ਹੈ ਕਿ ਇਸ ਲਿਖਤੀ ਸਮਝੌਤੇ ਦੀ ਕਾਪੀ ਸਬੂਤ ਦੇ ਤੌਰ 'ਤੇ ਇਕਬਾਲ ਸਿੰਘ ਭੱਟੀ ਕੋਲ ਪਈ ਹੋਈ ਹੈ। ਹੁਣ ਦੇਖਣਾ ਇਹ ਬਣਦਾ ਹੈ ਕਿ ਮੋਦੀ ਅਤੇ ਕੇਜਰੀਵਾਲ ਸਿਆਸੀ ਲਾਹਾ ਲੈਣ ਵਾਸਤੇ ਫੋਕੀ ਬਿਆਨਬਾਜ਼ੀ ਕਿਉਂ ਕਰਦੇ ਹਨ, ਜੇਕਰ ਇਹ ਚਾਹੁਣ ਤਾਂ ਬੰਦੀ ਸਿੰਘ ਰਿਹਾਅ ਕਰਨੇ ਇਨ੍ਹਾਂ ਵਾਸਤੇ ਕਾਨੂੰਨੀ ਅੜਚਨ ਵੀ ਨਹੀਂ ਹਨ। ਰਾਮ ਰਹੀਮ ਨੂੰ ਪਰੋਲ ਤੇ ਰਿਹਾਅ ਕਰਨ ਵਾਸਤੇ ਹਰਿਆਣਾ ਸਰਕਾਰ ਚੰਗੇ ਆਚਰਨ ਦਾ ਬਹਾਨਾ ਬਣਾ ਸਕਦੀ ਹੈ ਤਾਂ ਕੇਂਦਰ ਸਰਕਾਰ ਸਮੇਤ ਪੰਜਾਬ ਅਤੇ ਦਿੱਲੀ ਦੀਆਂ ਸਰਕਾਰਾਂ ਕਿਉਂ ਨਹੀ? ਇਹ ਇੱਕ ਬਹੁਤ ਵੱਡਾ ਸੁਆਲ ਸਿੱਖਾਂ ਦੇ ਮਨਾ ਵਿੱਚ ਹੈ, ਜਿਸਦਾ ਜੁਆਬ ਹਕੂਮਤ ਵੱਲੋਂ ਦੇਣਾ ਬਣਦਾ ਹੈ।

13-Feb-PAGE-12.qxd 2/12/2023 8:37 PM Page 1



# ਪੱਤਰਕਾਰ ਸੋਹੀ 'ਤੇ ਜਾਨਲੇਵਾ ਹਮਲਾ, ਵਾਲ-ਵਾਲ ਬਚੇ



**ਕਪੂਰਥਲਾ (ਪ੍ਰੀਤ ਸੰਗੋਜਲਾ)**

ਬੀਤੀ ਦੇਰ ਰਾਤ ਥਾਣਾ ਸੁਭਾਨਪੁਰ ਅਧੀਨ ਆਉਂਦੇ ਪਿੰਡ ਹਮੀਰਾ ਦੇ ਵਾਸੀ ਪੱਤਰਕਾਰ ਸੁਖਵਿੰਦਰ ਸੋਹੀ ਜ਼ਿਲ੍ਹਾ ਜਨਰਲ ਸਕੱਤਰ ਕਪੂਰਥਲਾ ਜਰਨਲਿਸਟ ਪ੍ਰੈੱਸ ਕਲੱਬ (ਰਜਿ) ਪੰਜਾਬ ਤੇ ਉਸ ਦਾ ਭਰਾ ਕੰਮ ਵਾਸਤੇ ਹਮੀਰਾ ਫੈਕਟਰੀ ਜਾ ਰਹੇ ਸੀ ਕਿ ਨੇੜਲੇ ਹੀ ਪਿੰਡ ਦੇ ਪੱਤਰਕਾਰ ਨਾਲ ਰੰਜਿਸ਼ ਰੱਖਦੇ ਕੁਝ ਨੌਜਵਾਨਾਂ ਨੇ ਜਾਨੋਂ ਮਾਰਨ ਦੀ ਨੀਅਤ ਨਾਲ ਫਾਇਰਿੰਗ ਕੀਤੀ । ਪਰ ਕੋਈ ਜਾਨੀ ਨੁਕਸਾਨ ਨਹੀਂ ਹੋਇਆ। ਇਸ ਦੌਰਾਨ ਥਾਣਾ ਸੁਭਾਨਪੁਰ ਦੀ ਪੁਲਸ ਪਾਰਟੀ ਮੌਕੇ 'ਤੇ ਪੁੱਜੀ ਤੇ ਤਫਤੀਸ਼ ਸ਼ੁਰੂ ਕੀਤੀ। ਇਸ ਸੰਬੰਧੀ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਪੱਤਰਕਾਰ ਸੁਖਵਿੰਦਰ ਸਿੰਘ ਸੋਹੀ ਵਾਸੀ ਹਮੀਰਾ ਨੇ ਦੱਸਿਆ ਕਿ ਮੇਰਾ ਭਰਾ ਬਲਵਿੰਦਰ ਸਿੰਘ ਸੋਹੀ ਪੁੱਤਰ ਜਸਵੀਰ ਸਿੰਘ 'ਤੇ ਪਹਿਲਾਂ ਵੀ ਤਿੰਨ ਵਾਰ ਜਾਨਲੇਵਾ ਹਮਲਾ ਹੋ ਚੁੱਕਾ ਹੈ, ਜਿਸ ਦੀ ਐਫ ਆਈ ਆਰ ਨੰਬਰ 103/22 115/22, 6/23 ਥਾਣਾ ਸੁਭਾਨਪੁਰ ਵਿਖੇ ਦਰਜ ਹੈ ਅਤੇ ਮੇਰਾ ਭਰਾ ਬਲਵਿੰਦਰ ਸਿੰਘ ਸੋਹੀ ਜੋ ਕਿ ਹਮੀਰਾ ਫੈਕਟਰੀ ਵਿੱਚ ਬਤੌਰ ਠੇਕੇਦਾਰੀ ਦਾ ਕੰਮ ਕਰਦਾ ਹੈ ਤੇ ਅਸੀਂ ਰਾਤ 11:45 ਵਜੇ ਘਰੋਂ ਹਮੀਰਾ ਫੈਕਟਰੀ ਨੂੰ ਲੇਬਰ ਅੰਦਰ ਲੰਘਾਉਣ ਵਾਸਤੇ ਗਏ ਸੀ ਅਤੇ ਰਾਤੀਂ 11-55 'ਤੇ ਸਾਡੇ ਮਗਰ ਆਲਟੋ ਕਾਰ ਨੇ ਪਿੱਛਾ ਕੀਤਾ। ਜਦੋਂ ਅਸੀਂ ਆਪਣੀ ਗੱਡੀ ਫੈਕਟਰੀ ਦੇ ਗੇਟ ਮੋਹਰੇ ਖੜ੍ਹੀ ਕੀਤੀ ਤੇ ਉਤਰੇ ਤੇ ਆਲਟੋ ਕਾਰ ਵਿੱਚੋਂ ਪੰਜ ਆਦਮੀ ਬਾਹਰ ਨਿਕਲੇ, ਉਹਨਾਂ ਨੇ ਸਾਡੇ 'ਤੇ ਫਾਇਰਿੰਗ ਕਰਨੀ ਸ਼ੁਰੂ ਕਰ ਦਿੱਤੀ ਤੇ ਅਸੀ ਭੱਜ ਕੇ ਆਪਣੀ ਜਾਨ ਬਚਾਈ ਤੇ ਫੈਕਟਰੀ ਅੰਦਰ ਵੜ ਗਏ। ਉਪਰੋਕਤ ਆਦਮੀ ਗੋਲੀਆਂ ਚਲਾ ਕੇ ਮੌਕੇ 'ਤੇ ਉੱਥੇ ਭੱਜ ਗਏ। ਉਹਨਾਂ ਦੱਸਿਆ ਕਿ ਸਾਡੇ 'ਤੇ ਗੋਲੀਆਂ ਚਲਾਉਣ ਵਾਲੇ ਆਲਟੋ ਕਾਰ ਜਿਸ ਦਾ ਰੰਗ ਸਿਲਵਰ ਸੀ , ਵਿੱਚ ਪੰਜ ਤੋਂ ਛੇ ਵਿਆਕਤੀ ਸਵਾਰ ਸਨ, ਜਿਨ੍ਹਾਂ ਵਿੱਚ ਰਾਜ ਕੁਮਾਰ ਉਰਫ ਰਾਜਾ ਪੁੱਤਰ ਕਾਲੀ, ਧਰੁਵ ਕਾਲੀਆ ਉਰਫ ਕਾਲੀਆ ਪੁੱਤਰ ਵਿਪਨ ਕੁਮਾਰ , ਰਾਮ ਨਾਥ ਪੁੱਤਰ ਨਾਮਾਲੂਮ, ਵਿਪਨ ਕੁਮਾਰ ਪੁੱਤਰ ਨਾਮਾਲੂਮ, ਸਾਰੇ ਵਾਸੀ ਪਿੰਡ ਮੁਰਾਰ ਦੇ ਸਨ ਅਤੇ ਉਹਨਾਂ ਨਾਲ ਦੋ ਹੋਰ ਅਣਪਛਾਤੇ ਵਿਅਕਤੀ ਇਹਨਾਂ ਦੇ ਨਾਲ ਸੀ। ਇਹ ਪਹਿਲਾਂ ਮਿਤੀ 10 ਫਰਬਰੀ ਨੂੰ ਰਾਤੀਂ ਲਗਭਗ 10:20 ਦੇ ਦਰਮਿਆਨ ਸਾਡੇ ਘਰ ਦੇ ਬਾਹਰ ਗੇੜੇ ਮਾਰ ਰਹੇ ਸਨ। ਪੁਲਸ ਨੇ ਸ਼ਿਕਾਇਤ ਦੇ ਅਧਾਰ 'ਤੇ ਅਗਲੀ ਕਾਰਵਾਈ ਆਰੰਭ ਕਰ ਦਿੱਤੀ ਹੈ।

# 41ਵਾਂ ਹਰੀ ਮਾਨਵ ਏਕਤਾ ਸੰਤ ਸੰਮੇਲਨ ਸ਼ਰਧਾਪੂਰਵਕ ਮਨਾਇਆ

**ਆਦਮਪੁਰ (ਪਰਮਜੀਤ ਸਿੰਘ)**

ਬੀਤੇ ਦਿਨ ਸਮੂਹ ਇਲਾਕਾ ਨਿਵਾਸੀ ਸਾਧ ਸੰਗਤ ਵੱਲੋਂ ਸੰਤ ਹਰੀ ਦਾਸ ਉਦਾਸੀਨ ਆਸ਼ਰਮ ਕੂਪਰ ਅੱਡਾ ਕਠਾਰ ਵਿਖੇ ਵੱਖ-ਵੱਖ ਸੰਪਰਦਾਵਾਂ ਦੇ ਸੰਤ ਮਹਾਂਪੁਰਸ਼ਾ ਦੀ ਸ਼ਮੂਲੀਅਤ ਤੇ ਵਿਸ਼ੇਸ਼ ਕਰਕੇ ਡੇਰਾ ਸੱਚਖੰਡ ਬੱਲਾਂ ਦੇ ਮੌਜੂਦਾ ਗੱਦੀਨਸ਼ੀਨ ਸੰਤ ਨਿਰੰਜਣ ਦਾਸ ਮਹਾਰਾਜ ਚੇਅਰਮੈਨ ਸ੍ਰੀ ਗੁਰੂ ਰਵਿਦਾਸ ਜਨਮ ਅਸਥਾਨ ਮੰਦਰ ਪਬਲਿਕ ਚੈਰੀਟੇਬਲ ਟਰੱਸਟ ਵਾਰਾਨਸੀ ਯੂ.ਪੀ ਵਾਲਿਆਂ ਦੇ ਆਸ਼ੀਰਵਾਦ ਨਾਲ 41ਵਾਂ ਹਰੀ ਮਾਨਵ ਏਕਤਾ ਸੰਤ ਸੰਮੇਲਨ ਮੌਕੇ ਬ੍ਰਹਮਲੀਨ ਸੰਤ ਹਰੀ ਦਾਸ ਮਹਾਰਾਜ ਤੇ ਬ੍ਰਹਮਲੀਨ ਸੰਤ ਸੁਰਿੰਦਰ ਦਾਸ ਮਹਾਰਾਜ ਦੇ ਸਾਲਾਨਾ ਬਰਸੀ ਸਮਾਗਮ ਬੜੀ ਸ਼ਰਧਾ ਤੇ ਸਤਿਕਾਰ ਸਹਿਤ ਮਨਾਏ ਗਏ। ਇਸ ਮੌਕੇ ਗੁਰਬਾਣੀ ਪਾਠ ਦੇ ਭੋਗ ਪਾਏ ਜਾਣ ਤੇ ਸਰਬੱਤ ਦੇ ਭੱਲੇ ਦੀ ਅਰਦਾਸ ਉਪਰੰਤ ਸੰਤ ਸੰਮੇਲਨ ਮੌਕੇ ਵਿਸਾਲ ਕੀਰਤਨ ਦਰਬਾਰ ਸਜਾਏ ਗਏ . ਇਸ ਮੌਕੇ ਬ੍ਰਹਮਲੀਨ ਸੰਤ ਹਰੀਦਾਸ ਮਹਾਰਾਜ ਜੀ ਤੇ ਬ੍ਰਹਮਲੀਨ ਸੰਤ ਸੁਰਿੰਦਰ ਦਾਸ ਮਹਾਰਾਜ ਜੀ ਨੂੰ ਨਿੱਘੀਆ ਸਰਧਾਂਜਲੀਆ ਭੇਟ ਕਰਦਿਆ ਸੰਤ ਨਿਰੰਜਣ ਦਾਸ ਮਹਾਰਾਜ ਜੀ ਨੇ ਉਚੇਚੇ ਤੌਰ ਤੇ ਆਖਿਆ ਕਿ ਇਹਨਾਂ ਦੋਨੋਂ ਸੰਤ ਮਹਾਂਪੁਰਸਾਂ ਵੱਲੋਂ ਆਪਣਾ ਸਮੁੱਚਾ ਜੀਵਨ ਸਤਿਗੁਰੂ ਰਵਿਦਾਸ ਮਹਾਰਾਜ ਦੇ ਜੀਵਨ ਮਿਸ਼ਨ ਪ੍ਰਚਾਰ ਪ੍ਰਸਾਰ, ਸਤਿਗੁਰੂ ਰਵਿਦਾਸ ਜਨਮ ਅਸਥਾਨ ਮੰਦਰ ਕਾਂਸੀ ਬਨਾਰਸ ਮੰਦਰ ਦੇ ਨਾਲ-ਨਾਲ ਡੇਰਾ ਬ੍ਰਹਮਲੀਨ ਸੰਤ ਸਰਵਣ ਦਾਸ ਮਹਾਰਾਜ ਲਈ ਨਿਸ਼ਕਾਮ ਸੇਵਾਵਾਂ ਨਿਭਾਉਂਦਿਆ ਅਰਪਨ ਕਰ ਦਿੱਤਾ। ਇਸ ਲਈ ਆਪ ਸਤਿਗੁਰੂ ਰਵਿਦਾਸ ਮਿਸ਼ਨ ਪ੍ਰਚਾਰ ਪ੍ਰਸਾਰ ਹਿੱਤ ਨਿਭਾਈਆ ਨਿਸ਼ਕਾਮ ਸੇਵਾਵਾਂ ਲਈ ਰਹਿੰਦੀ ਦੁਨੀਆਂ ਤੱਕ ਯਾਦ ਕੀਤੇ ਜਾਣਗੇ। ਇਸ ਮੌਕੇ ਵੱਖ-ਵੱਖ ਰਾਜਾਂ ਤੋਂ ਆਏ ਹੋਏ ਵੱਖ-ਵੱਖ ਧਾਰਮਿਕ ਸੰਪਰਦਾਵਾਂ ਦੇ ਸੰਤ ਮਹਾਂਪੁਰਸ਼ਾਂ ਅਤੇ ਵੱਖ-ਵੱਖ ਸਿਆਸੀ ਪਾਰਟੀਆਂ ਦੇ ਆਗੂਆਂ ਵੱਲੋਂ ਇਹਨਾਂ ਦੋਨੋਂ ਬ੍ਰਹਮਲੀਨ ਸੰਤ ਮਹਾਂਪੁਰਸਾਂ ਨੂੰ ਨਿੱਘੀਆਂ ਸ਼ਰਧਾਂਜਲੀਆਂ ਭੇਟ ਕਰਦਿਆ ਆਖਿਆ ਕਿ ਆਪ ਸਤਿਗੁਰੂ ਰਵਿਦਾਸ ਮਿਸ਼ਨ ਨੂੰ ਦੁਨੀਆਂ ਦੇ ਕੋਨੇ-ਕੋਨੇ ਤੱਕ ਪਹੁਚਾਉਣ ਹਿੱਤ ਹਮੇਸ਼ਾਂ ਯਤਨਸ਼ੀਲ ਤੇ ਤੱਤਪਰ ਰਹੇ। ਇਸ ਮੌਕੇ ਸੰਤ ਨਿਰੰਜਣ ਦਾਸ ਮਹਾਰਾਜ ਪਾਸੋਂ ਸੰਤ ਪ੍ਰਦੀਪ ਦਾਸ ਵੱਲੋਂ ਆਏ ਹੋਏ ਸੰਤ ਮਹਾਂਪੁਰਸ਼ਾਂ, ਸਿਆਸੀ ਆਗੂਆਂ ਤੇ ਸੇਵਾਦਾਰਾਂ ਨੂੰ ਸਿਰੋਪਾਓ ਭੇਟ ਕਰਵਾ ਕੇ ਸਨਮਾਨਤ ਕਰਵਾਇਆ ਗਿਆ। ਇਸ ਮੌਕੇ ਹੋਰਾਂ ਤੋਂ ਇਲਾਵਾ ਸੰਤ ਹਰਚਰਨ ਦਾਸ ਸਾਮਚੁਰਾਸੀ, ਸੰਤ ਨਿਰਮਲ ਦਾਸ ਬਾਬੇ ਜੌੜੇ, ਸੰਤ ਮਹਿੰਦਰ ਦਾਸ ਮੇਘੋਵਾਲ, ਸੰਤ ਰਮੇਸ਼ਵਰਾ ਨੰਦ ਲੁਧਿਆਣਾ, ਸੰਤ ਲੱਖਵਿੰਦਰ ਸਿੰਘ ਕਡਿਆਣਾ, ਸੰਤ ਲੇਖਰਾਜ ਨੂਰਪੁਰ, ਸੰਤ ਸਤਪਾਲ ਦਾਸ ਚਾਹੜਵਾਲਾ, ਸੰਤ ਬੀਬੀ ਸਰੀਫਾ ਉਦੇਸੀਆ ਵਾਲੇ, ਸੰਤ ਬਾਬਾ ਜਨਕ ਸਿੰਘ ਤੇ ਸੰਤ ਸਰਵਣ ਸਿੰਘ ਜੱਬੜ੍ਹ ਮਾਣਕੋ ਵਾਲੇ, ਸੰਤ ਸੁਖਵਿੰਦਰ ਦਾਸ ਢੱਡੇ, ਸੇਵਾਦਾਰ ਦਵਿੰਦਰ ਦਾਸ, ਕੈਲਾਸ ਚੰਦਰ, ਸਮਸੇਰ ਸਿੰਘ ਦੂਲੋ ਮੈਂਬਰ ਰਾਜ ਸਭਾ, ਡਾ. ਰਵਜੋਤ ਸਿੰਘ ਵਿਧਾਇਕ ਸ਼ਾਮ ਚੁਰਾਸੀ, ਪਵਨ ਕੁਮਾਰ ਟੀਨੂੰ ਸਾਬਕਾ ਵਿਧਾਇਕ, ਸੈਸ਼ਨ ਜੱਜ ਕਿਸ਼ੋਰੀ ਲਾਲ, ਤਹਿਸੀਲਦਾਰ ਮਨੋਹਰ ਲਾਲ ਸਰੋਆ, ਸਰਵਣ ਬੰਗੜ ਯੂ.ਕੇ., ਮਨਜੀਤ ਬਾਲੀ, ਬਲਜੀਤ ਸਿੰਘ ਬਹੁਦੀਨਪੁਰ, ਡੀ.ਸੀ.ਭਾਟੀਆ, ਦਿਲਬਾਗ ਰਾਏ ਪਰਸਰਾਮਪੁਰ, ਜਗਦੀਸ ਲਾਲ ਸੇਵਾਮੁਕਤ ਸਬਇਸੰਪੈਕਟਰ, ਜਸਵਿੰਦਰ ਸਿੰਘ, ਬੂਟਾ ਰਾਮ, ਸੰਸਾਰ ਚੰਦ, ਪਰਸੋਤਮ ਵਿੱਕੀ, ਡਾ. ਜਗਦੀਸ ਚੰਦਰ, ਹਰਭਜਨ ਸਿੰਘ, ਨਰਿੰਦਰ ਨੰਦਾ, ਸਰਪੰਚ ਕਮਲੇਸ ਰਾਣੀ, ਦੌਲਤ ਰਾਮ, ਗਿਆਨੀ ਪਰਮਜੀਤ ਸਿੰਘ ਮਾਣਕਰਾਏ ਆਦਿ ਵਿਸੇਸ ਤੌਰ ਤੇ ਹਾਜ਼ਰ ਸਨ। ਸਮੁੱਚੇ ਸਮਾਗਮ ਦੌਰਾਨ ਮੰਚ ਸੰਚਾਲਨ ਦੀਆਂ ਸੇਵਾਵਾਂ ਬੀ ਪੀ ਈ ਓ ਬੀ.ਕੇ. ਮਹਿਮੀ ਵੱਲੋਂ ਬਾਖੂਬੀ ਨਿਭਾਈਆ ਗਈਆਂ। ਸਮਾਗਮ ਦੇ ਅਖੀਰ 'ਚ ਸੰਗਤ ਲਈ ਲੰਗਰ ਅਤੇ ਮਹਾਂਪੁਰਸ਼ਾਂ ਦੇ ਆਦਰ ਸਤਿਕਾਰ ਦੀਆਂ ਵਿਸ਼ੇਸ਼ ਸੇਵਾਵਾਂ ਰਾਮ ਕਿਸਨ ਮਹਿਮੀ (ਕੌਂਸਲਰ) ਯੂ ਕੇ ਵਲੋਂ ਨਿਭਾਈਆਂ ਗਈਆਂ



# ਸਿਲਵਰ ਓਕ ਸਕੂਲ ਵਿਖੇ ਮਾਨਸਿਕ ਸਿਹਤ ਸੰਬੰਧੀ ਜਾਗਰੂਕਤਾ ਸੈਮੀਨਾਰ



**ਟਾਂਡਾ ਉੜਮੁੜ, (ਓਂਕਾਰ ਸਿੰਘ, ਜਸਵਿੰਦਰ ਸੰਧੂ)**

ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸਾਹਬਾਜਪੁਰ ਵਿਖੇ ਮਾਨਸਿਕ ਸਿਹਤ ਸਬੰਧੀ ਜਾਗਰੂਕਤਾ ਸੈਮੀਨਾਰ ਦੌਰਾਨ ਮਾਹਿਰਾਂ ਨੇ ਬੱਚਿਆਂ ਨੂੰ ਤਣਾਅ ਮੁਕਤ ਰਹਿ ਕੇ ਪੜ੍ਹਾਈ ਕਰਨ ਅਤੇ ਪ੍ਰੀਖਿਆ ਦੀ ਤਿਆਰੀ ਕਰਨ ਲਈ ਪ੍ਰੇਰਿਤ ਕੀਤਾ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸਾ ਸੰਗਰ ਦੀ ਅਗਵਾਈ ਹੇਠ ਕਰਵਾਏ ਗਏ ਇਸ ਸੈਮੀਨਾਰ ਵਿਚ ਵੱਖ-ਵੱਖ ਅਧਿਆਪਕਾਂ ਨੂੰ ਇਸ ਵਿਸੇ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਪ੍ਰਿੰਸੀਪਲ ਸੰਗਰ ਨੇ ਦੱਸਿਆ ਕਿ ਤੰਦਰੁਸਤ ਸਰੀਰ ਤੰਦਰੁਸਤ ਮਨ ਨਾਲ ਹੀ ਸੰਭਵ ਹੈ। ਇਸ ਲਈ ਵਿਦਿਆਰਥੀਆਂ ਨੂੰ ਤਣਾਅ ਤੋਂ ਦੂਰ ਰਹਿਣ ਅਤੇ ਦਿਲਚਸਪੀ ਨਾਲ ਪੜ੍ਹਾਈ ਕਰਨ ਦਾ ਸੱਦਾ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਅਧਿਆਪਕ ਹੀ ਬੱਚਿਆਂ ਦੇ ਮਨੋਵਿਗਿਆਨ ਨੂੰ ਵਧੀਆ ਤਰੀਕੇ ਨਾਲ ਸਮਝ ਸਕਦੇ ਹਨ, ਇਸ ਲਈ ਅਧਿਆਪਕਾਂ ਵੱਲੋਂ ਬੱਚਿਆਂ ਦੇ ਮਨੋਵਿਗਿਆਨ ਨੂੰ ਸਮਝ ਕੇ ਪੜ੍ਹਾਈ ਅਤੇ ਪੜ੍ਹਾਈ ਨਾਲ ਸਬੰਧਤ ਸਮੱਸਿਆਵਾਂ ਨੂੰ ਦੂਰ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸੈਮੀਨਾਰ ਦਾ ਉਦੇਸ਼ ਮਾਨਸਿਕ ਸਿਹਤ ਸਬੰਧੀ ਮੁੱਦਿਆਂ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਅਤੇ ਮਾਨਸਿਕ ਸਿਹਤ ਨੂੰ ਉਤਸਾਹਿਤ ਕਰਨ ਲਈ ਕੀਤੇ ਜਾ ਰਹੇ ਯਤਨਾਂ ਦੀ ਹਮਾਇਤ ਕਰਨਾ ਹੈ। ਇਸ ਮੌਕੇ ਵਿਦਿਆਰਥੀਆਂ ਨੇ ਮਾਹਿਰ ਅਧਿਆਪਕਾਂ ਨੂੰ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਸਵਾਲ ਵੀ ਪੁੱਛੇ। ਇਸ ਮੌਕੇ ਮੈਨੇਜਰ ਕਰਨਜੀਤ ਸੈਣੀ, ਤਰਨ ਸੈਣੀ, ਬਿਕਰਮਜੀਤ ਸਿੰਘ ਭੇਲਾ, ਸੰਜੀਵ ਸਰਮਾ, ਜਗਬੰਧਨ, ਰਾਜਵੀਰ ਕੌਰ, ਰਾਜਵਿੰਦਰ ਕੌਰ, ਕੰਚਨ, ਪਰਮਜੀਤ ਕੌਰ, ਕੁਲਵਿੰਦਰ ਕੌਰ, ਅਮਰਜੀਤ ਕੌਰ, ਸੰਦੀਪ ਕੌਰ ਆਦਿ ਹਾਜ਼ਰ ਸਨ।



ਨਗਰ ਵਿਖੇ ਸੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਉਤਸਵ ਮੌਕੇ ਵਿਸ਼ਾਲ ਨਗਰ ਕੀਰਤਨ ਦੀ ਅਗਵਾਈ ਕਰਦੇ ਹੋਏ 108 ਸੰਤ ਪਰਮਜੀਤ ਦਾਸ ਗੱਦੀਨਸ਼ੀਨ ਨਗਰ ਗੁਰਬਿੰਦਰ ਸਿੰਘ ਅਟਵਾਲ ਸਾਬਕਾ ਮੰਤਰੀ ਪੰਜਾਬ ਨੂੰ ਸਨਮਾਨਤ ਕਰਦੇ ਹੋਏ, ਨਾਲ ਨਿਰਮਲ ਭੱਟੀ, ਦਰਸ਼ਨ ਰਾਮ ਸਾਬਕਾ ਸਰਪੰਚ ਸੈਫਾਬਾਦ, ਸਤਪਾਲ ਸੁਮਨ, ਕਾਮਰੇਡ ਪੰਮਾ ਤੇ ਹੋਰ।
(ਫੋਟੋ ਤੇ ਵੇਰਵਾ : ਬੀ ਐਸ ਕੈਨੇਡੀ, ਫਿਲੌਰ)

# ਗੁਰੂ ਰਵਿਦਾਸ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਕੀਰਤਨ ਦਰਬਾਰ



**ਅੱਡਾ ਸਰਾਂ, (ਕਾਜਲ)**

ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 646ਵੇਂ ਪ੍ਰਕਾਸ਼ ਪੁਰਬ ਦੇ ਸੰਬੰਧ 'ਚ ਪਿੰਡ ਕੰਧਾਲੀ ਨਰੰਗਪੁਰ 'ਚ ਕੀਰਤਨ ਦਰਬਾਰ ਕਰਵਾਇਆ ਗਿਆ । ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਪ੍ਰਬੰਧਕ ਕਮੇਟੀ ਵੱਲੋਂ ਨਗਰ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਕਰਵਾਏ ਗਏ ਇਸ ਸਮਾਗਮ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ 'ਚ ਧਾਰਮਿਕ ਦੀਵਾਨ ਸਜਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ 'ਚ ਸੰਗਤਾਂ ਨੇ ਹਾਜ਼ਰੀ ਲੁਆਈ। ਕੀਰਤਨ ਦਰਬਾਰ 'ਚ ਗਿਆਨੀ ਤਜਿੰਦਰ ਸਿੰਘ ਦੇਹਰੀਵਾਲ, ਢਾਡੀ ਅਮਰਜੀਤ ਸਿੰਘ ਬਾਬਕ, ਬਾਬਾ ਹਰਭਜਨ ਸਿੰਘ ਸੋਤਲੇ ਵਾਲਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਨਿਹਾਲ ਕਰਦੇ ਹੋਏ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੀਆਂ ਸਿੱਖਿਆਵਾਂ ਨਾਲ ਜੋੜਿਆ। ਰਾਗੀ ਜਥਿਆਂ ਨੇ ਆਖਿਆ ਕਿ ਗੁਰੂ ਰਵਿਦਾਸ ਜੀ ਨੇ ਇੱਕ ਐਸੇ ਆਦਰਸ਼ ਸਮਾਜ ਸਿਰਜਣ ਦਾ ਉਪਦੇਸ਼ ਦਿੱਤਾ ਜਿਥੇ ਕਿਸੇ ਨੂੰ ਕਿਸੇ ਕਿਸਮ ਦੇ ਦੁੱਖ 'ਚੋਂ ਨਹੀਂ ਲੰਘਣਾ ਪੈਂਦਾ। ਉਨ੍ਹਾਂ ਸੰਗਤ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਸਿੱਖਿਆਵਾਂ ਅਤੇ ਫਲਸਫੇ 'ਤੇ ਅਧਾਰਤ ਸਮਾਜ ਦੀ ਉਸਾਰੀ ਲਈ ਉੱਦਮ ਕਰਨ ਦੀ ਪ੍ਰੇਰਨਾ ਦਿੱਤੀ । ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਆਦਰਸ਼ਾਂ ਨੂੰ ਅਪਨਾਉਣ ਦੀ ਜ਼ਰੂਰਤ ਹੈ, ਕਿਉਂਕਿ ਉਨ੍ਹਾਂ ਨੇ ਬਿਨਾਂ ਭੇਦਭਾਵ ਦੇ ਭਾਈਚਾਰੇ ਦਾ ਸੰਦੇਸ਼ ਦਿੱਤਾ ਹੈ। ਉਨ੍ਹਾਂ ਦੀਆਂ ਸਿੱਖਿਆਵਾਂ ਸਮੁੱਚੀ ਮਾਨਵਤਾ ਲਈ ਮਾਰਗ ਦਰਸ਼ਕ ਹਨ । ਇਸ ਮੌਕੇ ਅਜੀਤ ਸਿੰਘ, ਬੂਟਾ ਸਿੰਘ ਕਾਜਲ, ਸੁਖਵਿੰਦਰ ਸਿੰਘ, ਕੈਪਟਨ ਗੁਰਮੇਲ ਸਿੰਘ, ਮਲਕੀਤ ਸਿੰਘ, ਸੁਖਵਿੰਦਰ ਮੂਨਕ, ਸਰਪੰਚ ਸੁਖਵਿੰਦਰ ਬੰਟੂ, ਹਰਬੰਸ ਸਿੰਘ, ਰਣਜੀਤ ਸਿੰਘ ਜਾਤੀਕੇ, ਸੂਬੇਦਾਰ ਜੋਗਿੰਦਰ ਸਿੰਘ, ਗੁਰਨਾਮ ਸਿੰਘ, ਬਲਵਿੰਦਰ ਸਿੰਘ ਬਿੱਕੀ, ਸਰਬਜੀਤ ਸਿੰਘ, ਪ੍ਰਗਟ ਸਿੰਘ, ਸਤਪਾਲ ਸੋਨੂ, ਬਲਵਿੰਦਰ ਸਿੰਘ ਸਾਬੀ, ਮੌਲਾ, ਜਸਵੀਰ ਸ਼ੀਰਾ, ਬਹਾਦਰ ਸਿੰਘ, ਹਰਪ੍ਰੀਤ ਸਿੰਘ, ਕੁਲਵੰਤ ਸਿੰਘ, ਰੈਪੀ, ਹਰਮਿੰਦਰ ਸਿੰਘ, ਹੈਪੀ, ਜਸਵਿੰਦਰ ਸੋਢੀ, ਹਰਪ੍ਰੀਤ ਪੀਤਾ, ਸਤਨਾਮ ਸਿੰਘ, ਡਾ. ਕਮਲਜੀਤ ਸਿੰਘ, ਮਨਦੀਪ ਕਾਕਾ, ਗੁਰਦੀਪ ਸਿੰਘ, ਜਰਨੈਲ ਸਿੰਘ, ਅਵਤਾਰ ਸਿੰਘ, ਜਸਵੀਰ ਕਾਜਲ, ਲਖਵਿੰਦਰ ਕੌਰ, ਮਲਕੀਤ ਕੌਰ, ਮਹਿੰਦਰ ਕੌਰ ਕਾਜਲ ਅਤੇ ਪਿੰਡ ਦੀਆਂ ਸਮੂਹ ਸੰਗਤਾਂ ਨੇ ਹਾਜ਼ਰੀ ਲੁਆਈ।

# ਲਿਬੀਆ 'ਚ ਬੰਧਕ ਬਣਾਏ 12 ਨੌਜਵਾਨਾਂ 'ਚੋਂ 4 ਭਾਰਤ ਪੁੱਜੇ

**ਰੋਪੜ (ਬਿੰਦਰਾ)**- ਲਿਬੀਆ ਦੇ ਸ਼ਹਿਰ ਬੇਨਗਾਜੀ 'ਚ ਇੱਕ ਸੀਮੈਂਟ ਫੈਕਟਰੀ 'ਚ ਬੰਧਕ ਬਣਾਏ ਗਏ 12 ਨੌਜਵਾਨਾਂ 'ਚੋਂ 4 ਦੇਸ਼ ਪੁੱਜ ਗਏ। ਪੰਜਾਬ ਦੇ 9 ਅਤੇ ਹਿਮਾਚਲ ਪ੍ਰਦੇਸ਼, ਬਿਹਾਰ ਦੇ 3 ਨੌਜਵਾਨ ਜੋ ਇਕ ਏਜੰਟ ਰਾਹੀਂ ਲਿਬਿਆ ਰੁਜ਼ਗਾਰ ਲਈ ਗਏ ਸਨ ਅਤੇ ਉਹਨਾਂ ਨੂੰ ਬੰਧਕ ਬਣਾ ਇਕ ਸੀਮੈਂਟ ਫੈਕਟਰੀ ਵਿੱਚ ਬੰਦ ਕਰ ਦਿੱਤਾ ਗਿਆ ਸੀ। ਇਨ੍ਹਾਂ ਨੌਜਵਾਨਾਂ ਨੇ ਵੀਡੀਓ ਰਾਹੀਂ ਆਪਣੇ ਬਾਰੇ ਦਸਿਆ ਅਤੇ ਕਿਹਾ ਕਿ ਜੇ ਉਨ੍ਹਾਂ ਨੂੰ ਇਥੋਂ ਨਾਂ ਛੁਡਾਇਆ ਗਿਆ ਤਾਂ ਉਹ ਭੁਖੇ-ਪਿਆਸੇ ਮਰ ਜਾਣਗੇ। ਇਨ੍ਹਾਂ ਵਿਚ 9 ਰੋਪੜ ਜ਼ਿਲ੍ਹੇ ਦੇ ਸਨ। ਉਹਨਾਂ ਦੇ ਪਰਿਵਾਰਾਂ ਨੇ ਪੰਜਾਬ ਦੇ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਭਾਜਪਾ ਆਗੂ ਲਾਲਪੁਰਾ ਤੱਕ ਪਹੁੰਚ ਕੀਤੀ ਅਤੇ ਮਦਦ ਲਈ ਦੁਹਾਈ ਕੀਤੀ। ਪੰਜਾਬ ਸਰਕਾਰ ਨੇ ਅਤੇ ਸ੍ਰੀ ਲਾਲਪੁਰਾ ਨੇ ਵਿਦੇਸ ਮੰਤਰਾਲੇ ਨੂੰ ਇਸ ਬਾਰੇ ਕੁਝ ਕਰਨ ਦੀ ਅਪੀਲ ਕੀਤੀ। ਵਿਦੇਸ ਮੰਤਰਾਲੇ ਦੇ ਯਤਨਾਂ ਸਦਕਾ ਇਨ੍ਹਾਂ ਦੀ ਰਿਹਾਈ ਹੋਈ ਹੈ। ਨੌਜਵਾਨਾਂ ਅਨੁਸਾਰ ਉਹਨਾਂ ਨੂੰ ਛੱਡਣ ਲਈ 3/3 ਹਜ਼ਾਰ ਡਾਲਰ ਮੰਗੇ ਗਏ ਸਨ। ਇਨ੍ਹਾਂ ਨੌਜਵਾਨਾਂ ਨੂੰ ਰੁਜ਼ਗਾਰ ਲਈ ਐਲ ਸੀ ਸੀ ਫੈਕਟਰੀ ਬੇਨਗਾਜੀ ਭੇਜਿਆ ਗਿਆ ਸੀ। ਪਰ ਉਥੇ ਉਹਨਾਂ ਨੂੰ ਬੰਦੀ ਬਣਾ ਲਿਆ ਗਿਆ ਸੀ।

# ਲਵਲੀ ਪ੍ਰੋਫੈਸ਼ਨਲ 'ਵਰਸਿਟੀ ਦੇ ਵਿਦਿਆਰਥੀਆਂ ਨੂੰ ਫਾਰਚੂਨ ਕੰਪਨੀਆਂ 'ਚ 20 ਲੱਖ ਤੱਕ ਦੀ ਜੌਬ ਮਿਲੀ

**ਜਲੰਧਰ (ਸ਼ੈਲੀ ਐਲਬਰਟ)**

ਲਵਲੀ ਪ੍ਰੋਫੈਸਨਲ ਯੂਨੀਵਰਸਿਟੀ (ਐਲ ਪੀ ਯੂ) ਨੇ ਫੈਸਨ ਡਿਜ਼ਾਈਨ ਦੇ ਖੇਤਰ ਵਿੱਚ ਮਿਆਰੀ ਸਿੱਖਿਆ ਅਤੇ ਹੁਨਰ ਵਿਕਾਸ ਪ੍ਰਦਾਨ ਕਰਨ ਵਿੱਚ ਇੱਕ ਵਾਰ ਫਿਰ ਆਪਣੀ ਕਾਬਲੀਅਤ ਨੂੰ ਸਾਬਤ ਕੀਤਾ ਹੈ। 2022-23 ਬੈਚ ਦੇ ਇਸ ਦੇ ਲਗਭਗ 95% ਵਿਦਿਆਰਥੀਆਂ ਨੂੰ ਕੁਝ ਪ੍ਰਮੁੱਖ ਫਾਰਚੂਨ 500 ਕੰਪਨੀਆਂ ਵਿੱਚ ਜੋਬ 'ਤੇ ਰੱਖਿਆ ਗਿਆ ਹੈ। ਇਹ ਫੈਸਨ ਡਿਜ਼ਾਈਨ ਦੀ ਪ੍ਰਤੀਯੋਗੀ ਦੁਨੀਆ ਵਿੱਚ ਸਫਲ ਹੋਣ ਲਈ ਆਪਣੇ ਵਿਦਿਆਰਥੀਆਂ ਨੂੰ ਲੋੜੀਂਦੇ ਹੁਨਰ ਅਤੇ ਉਦਯੋਗਿਕ ਗਿਆਨ ਨਾਲ ਲੈਸ ਕਰਨ ਲਈ ਯੂਨੀਵਰਸਿਟੀ ਦੀ ਵਚਨਬੱਧਤਾ ਦਾ ਪ੍ਰਮਾਣ ਹੈ। ਇਸ ਦੇ ਇੱਕ ਵਿਦਿਆਰਥੀ, ਆਦਿਤਿਆ ਗਿਧੂਰੀ ਨੂੰ 20.50 ਲੱਖ ਰੁਪਏ ਦੇ ਤਨਖਾਹ ਪੈਕੇਜ ਦੇ ਨਾਲ ਸਿੰਬਾ ਫੈਸਨਜ਼ ਵਿੱਚ ਇੱਕ 'ਡਿਜ਼ਾਈਨ ਮਰਚੈਂਡਾਈਜ਼ਰ' ਵਜੋਂ ਰੱਖਿਆ ਗਿਆ ਹੈ। ਇਹ 1500 ਕਰੋੜ ਰੁਪਏ ਦਾ ਸਮੂਹ ਹੈ ਜਿਸ ਦੇ ਨਿਊਯਾਰਕ ਅਤੇ ਹਾਂਗਕਾਂਗ ਵਿੱਚ ਅਤੇ ਬੰਗਲਾਦੇਸ਼ ਵਿੱਚ ਵਿਸ਼ਾਲ ਉਤਪਾਦਨ ਸਹੂਲਤਾਂ ਵਾਲੇ ਮਾਰਕੀਟਿੰਗ ਦਫਤਰ ਹਨ। ਇਸੇ ਤਰ੍ਹਾਂ, ਫਾਰਚੂਨ 500 ਸਪੋਰਟਸ ਵੇਅਰ ਪਿਊਮਾ, ਇੱਕ ਜਰਮਨ ਬ੍ਰਾਂਡ ਨੇ ਐਲ ਪੀ ਯੂ ਦੇ ਬਹੁਤ ਸਾਰੇ ਵਿਦਿਆਰਥੀਆਂ ਨੂੰ ਸ਼ਾਨਦਾਰ ਪੈਕੇਜਾਂ 'ਤੇ ਭਰਤੀ ਕੀਤਾ ਹੈ। ਇਸੇ ਤਰਾਂ ਇੱਕ ਹੋਰ ਵਿਦਿਆਰਥੀ ਤੁਸ਼ਿਤਾ ਤ੍ਰਿਪਾਠੀ ਲਗਭਗ 10 ਲੱਖ ਦੇ ਸ਼ੁਰੂਆਤੀ ਪੈਕੇਜ 'ਤੇ ਫਾਰਚਿਊਨ 500, ਜਾਪਾਨੀ ਸਮੂਹ 'ਯੂਨੀਕਲੋ' ਵਿੱਚ ਸ਼ਾਮਲ ਹੋਈ ਹੈ। ਪ੍ਰੋਫੈਸਰ ਅਤੇ ਡੀਨ ਡਾ. ਭਾਸਕਰ ਮਿੱਤਰਾ ਨੇ ਕਿਹਾ: "ਐਲ ਪੀ ਯੂ ਦਾ ਫੈਸ਼ਨ ਡਿਜ਼ਾਈਨ ਪ੍ਰੋਗਰਾਮ ਵਿਦਿਆਰਥੀਆਂ ਨੂੰ ਉਦਯੋਗ ਦੀ ਵਿਆਪਕ ਸਮਝ ਪ੍ਰਦਾਨ ਕਰਨ ਲਈ ਤਿਆਰ ਕੀਤਾ ਗਿਆ ਹੈ, ਜਿਸ ਵਿੱਚ ਸੰਕਲਪ ਤੋਂ ਲੈ ਕੇ ਉਤਪਾਦਨ ਤੱਕ ਫੈਸ਼ਨ ਡਿਜ਼ਾਈਨ ਦੇ ਸਾਰੇ ਪਹਿਲੂਆਂ ਨੂੰ ਸ਼ਾਮਲ ਕੀਤਾ ਗਿਆ ਹੈ। ਪਲੇਸਮੈਂਟ ਸਲਾਹਕਾਰ ਫੈਸ਼ਨ, ਪ੍ਰੋ. ਰਜਤ ਭੱਟਾਚਾਰੀਆ ਨੇ ਜ਼ਿਕਰ ਕੀਤਾ ਕਿ ਅਸੀਂ ਆਪਣੇ ਵਿਦਿਆਰਥੀਆਂ ਨੂੰ ਅੰਤਰਰਾਸ਼ਟਰੀ ਬਜ਼ਾਰਾਂ ਜਿਵੇਂ ਕਿ ਯੂ ਏ ਈ , ਮਲੇਸ਼ੀਆ, ਇੰਡੋਨੇਸ਼ੀਆ, ਹਾਂਗਕਾਂਗ ਅਤੇ ਬੰਗਲਾਦੇਸ਼ ਵਿੱਚ ਰੱਖਣ ਦੀਆਂ ਹੋਰ ਸੰਭਾਵਨਾਵਾਂ ਦੀ ਖੋਜ ਕਰ ਰਹੇ ਹਾਂ। ਭਾਰਤੀ ਅਤੇ ਅੰਤਰਰਾਸ਼ਟਰੀ ਉਦਯੋਗਾਂ ਵਿੱਚ ਨੌਕਰੀਆਂ ਦੇ ਵੱਖ-ਵੱਖ ਖੇਤਰ ਵਪਾਰਕ ਵਿਸ਼ਲੇਸ਼ਕ, ਫੈਸ਼ਨ ਉਤਪਾਦ ਡਿਵੈਲਪਰ, ਉਤਪਾਦਨ ਯੋਜਨਾਕਾਰ, ਰਿਟੇਲ ਐਸੋਸੀਏਟ, ਫੈਸ਼ਨ ਅਤੇ ਸੋਰਸਿੰਗ ਵਪਾਰੀ, ਵਿਜ਼ੂਅਲ ਵਪਾਰੀ, ਮਾਰਕੀਟਿੰਗ ਮੈਨੇਜਰ, ਅਤੇ ਈ-ਕਾਮਰਸ ਮੈਨੇਜਰਾਂ ਲਈ ਹਨ।



# ਵੋਟਰ ਸੂਚੀਆਂ ਨੂੰ ਦਰੁਸਤ ਤੇ ਤਰੁੱਟੀ ਰਹਿਤ ਤਿਆਰ ਕਰਨ ਲਈ ਪਿੰਡਾਂ 'ਚ ਲੱਗੇ ਵਿਸ਼ੇਸ਼ ਕੈਂਪ

**ਨੂਰਪੁਰ ਬੇਦੀ, (ਸੁਰਜੀਤ ਸਿੰਘ ਕਾਹਲੋਂ)**

ਚੋਣ ਕਮਿਸ਼ਨ ਦੀਆਂ ਹਦਾਇਤਾਂ ਤਹਿਤ ਅੱਜ ਨੂਰਪੁਰਬੇਦੀ ਖੇਤਰ ਦੇ ਵੱਖ-ਵੱਖ ਪਿੰਡਾਂ 'ਚ ਸਥਿਤ ਪੋਲਿੰਗ ਬੂਥਾਂ 'ਤੇ ਵੋਟਰ ਕਾਰਡਾਂ ਨੂੰ ਆਧਾਰ ਕਾਰਡ ਨਾਲ ਲਿੰਕ ਕਰਨ, ਨਵੀਆਂ ਵੋਟਾਂ ਬਣਾਉਣ, ਵੋਟਰ ਸੂਚੀਆਂ ਨਾਲ ਸੰਬੰਧਤ ਹੋਰ ਕਾਰਜ ਮੁਕੰਮਲ ਕਰਕੇ ਤਰੁਟੀ ਰਹਿਤ ਵੋਟਰ ਸੂਚੀਆਂ ਤਿਆਰ ਕਰਨ ਲਈ ਵਿਸ਼ੇਸ਼ ਕੈਂਪ ਲਗਾਏ ਗਏ। ਇਨ੍ਹਾਂ ਕੈਂਪਾਂ ਦੌਰਾਨ ਸੰਬੰਧਤ ਪੋਲਿੰਗ ਬੂਥਾਂ ਦੇ ਬੂਥ ਲੈਵਲ ਅਧਿਕਾਰੀਆਂ (ਬੀ ਐੱਲ ਓਜ਼) ਵੱਲੋਂ ਸਮੁੱਚਾ ਕੰਮ ਮੁਕੰਮਲ ਕੀਤਾ ਗਿਆ। ਪਿੰਡ ਜੱਟਪੁਰ ਦੇ ਪੋਲਿੰਗ ਬੂਥ ਵਿਖੇ ਬੀ ਐੱਲ ਓਜ਼ ਅਮਰਜੀਤ ਸਿੰਘ ਤੇ ਮੁਕੇਸ਼ ਭੰਡਾਰੀ ਨੇ ਬੂਥ ਨੰਬਰ 42 ਅਤੇ 43, ਟੇਡੇਵਾਲ ਵਿਖੇ ਗੁਰਸੇਵਕ ਸਿੰਘ ਨੇ, ਬਾਹਮਣ ਮਾਜਰਾ ਵਿਖੇ ਨੀਰਜ ਕੁਮਾਰ, ਨੂਰਪੁਰਬੇਦੀ ਵਿਖੇ ਦਵਿੰਦਰ ਕੁਮਾਰ, ਗੁਰਪ੍ਰਤਾਪ ਸਿੰਘ, ਰਾਜੀਵ ਲੂੰਬਾ ਤੇ ਸੁਖਵਿੰਦਰ ਸਿੰਘ ਨੇ, ਸਿੰਬਲਮਾਜਰਾ ਵਿਖੇ ਸੈਕਟਰੀ ਸੁਰਜੀਤ ਸਿੰਘ ਨੇ ਕਰਤਾਰਪੁਰ ਵਿਖੇ ਹਰਕੇਸ਼ ਕੁਮਾਰ ਨੇ, ਨੂਰਪੁਰ ਖੁਰਦ ਵਿਖੇ ਦਵਿੰਦਰ ਖੋਸਲਾ ਜਦਕਿ ਪਿੰਡ ਸੈਣੀਮਾਜਰਾ ਵਿਖੇ ਮਹਿੰਦਰ ਸਿੰਘ ਤੇ ਅਮਰਜੀਤ ਸੈਣੀ ਨੇ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਲਗਾਏ ਇਸ ਵਿਸ਼ੇਸ਼ ਕੈਂਪ ਦੌਰਾਨ ਨਵੇਂ ਵੋਟਰਾਂ ਦੀਆਂ ਵੋਟਾਂ ਬਣਾਉਣ, ਆਧਾਰ ਕਾਰਡਾਂ ਨੂੰ ਵੋਟਰ ਕਾਰਡਾਂ ਨਾਲ ਲਿੰਕ ਕਰਨ, ਵੋਟਰ ਸੂਚੀ 'ਚ ਨਾਂਵਾਂ ਅਤੇ ਫੋਟੋਆਂ ਸਹਿਤ ਹੋਰ ਦਰੁਸਤੀ ਕਰਨ ਸੰਬੰਧੀ ਫਾਰਮ ਹਾਸਲ ਕਰਨ ਦਾ ਕੰਮ ਕੀਤਾ। ਉਕਤ ਬੀ ਐੱਲ ਓਜ਼ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਕਤ ਕਾਰਜ ਆਫ਼ਲਾਈਨ ਤੇ ਆਨਲਾਈਨ ਦੋਵੇਂ ਤਰੀਕਿਆਂ ਨਾਲ ਕੀਤਾ ਗਿਆ। ਉਨ੍ਹਾਂ ਕਿਹਾ ਕਿ ਅਗਰ ਕੋਈ ਨਾਗਰਿਕ ਉਕਤ ਕਾਰਜ ਕਰਵਾਉਣ ਤੋਂ ਰਹਿੰਦਾ ਹੈ ਤਾਂ ਉਹ ਆਮ ਦਿਨਾਂ 'ਚ ਵੀ ਉਨਾਂ ਕੋਲ ਪਹੁੰਚ ਕੇ ਇਸ ਦਾ ਲਾਭ ਹਾਸਲ ਕਰ ਸਕਦਾ ਹੈ। ਇਸ ਦੌਰਾਨ ਅਧਿਕਾਰੀਆਂ ਨੇ ਵੀ ਉਕਤ ਕੈਂਪਾਂ 'ਚ ਪਹੁੰਚ ਕੇ ਚੱਲ ਰਹੇ ਕਾਰਜਾਂ ਦਾ ਨਿਰੀਖਣ ਕੀਤਾ। ਉਨ੍ਹਾਂ ਦੱਸਿਆ ਕਿ ਆਧਾਰ ਕਾਰਡ ਲਿੰਕ ਕਰਵਾਉਣਾ ਸਵੈਇੱਛੁਕ ਹੈ ਨਾ ਕਿ ਲਾਜ਼ਮੀ। ਜੇਕਰ ਕਿਸੇ ਵੋਟਰ ਪਾਸ ਆਧਾਰ ਕਾਰਡ ਨਹੀਂ ਹੈ ਤਾਂ ਉਸ ਵੋਟਰ ਦੀ ਐਂਟਰੀ ਭਾਰਤ ਚੋਣ ਕਮਿਸ਼ਨ ਵੱਲੋਂ ਨਿਰਧਾਰਤ ਕੀਤੇ ਗਏ ਕੁੱਲ 11 ਦਸਤਾਵੇਜ਼ਾਂ 'ਚ ਸ਼ਾਮਲ ਡਰਾਈਵਿੰਗ ਲਾਇਸੈਂਸ, ਭਾਰਤੀ ਪਾਸਪੋਰਟ, ਮਨਰੇਗਾ ਨੌਕਰੀ ਕਾਰਡ, ਬੈਂਕ/ਡਾਕਖਾਨੇ ਵੱਲੋਂ ਜਾਰੀ ਕੀਤੀ ਪਾਸਬੁੱਕ, ਪੈਨ ਕਾਰਡ ਆਦਿ ਦੀ ਕਾਪੀ ਹਾਸਲ ਕਰਕੇ ਵੀ ਤਸਦੀਕ ਕੀਤੀ ਜਾ ਸਕਦੀ ਹੈ।



# ਚੈਰੀਟੇਬਲ ਹਸਪਤਾਲ 'ਚ ਇਕੱਠੇ 3 ਬੱਚਿਆਂ ਦਾ ਜਨਮ



**ਕਰਤਾਰਪੁਰ (ਹਰਮੇਸ਼ ਦੱਤ)**

ਕਰਤਾਰਪੁਰ ਦੇ ਆਪੀ ਚੈਰੀਟੇਬਲ ਹਸਪਤਾਲ ਵਿਖੇ ਇੱਕ ਮਹਿਲਾ ਨੇ ਇਕੱਠੇ ਤਿੰਨ ਬੱਚਿਆਂ ਨੂੰ ਜਨਮ ਦਿੱਤਾ। ਹਸਪਤਾਲ ਦੇ ਡਾ. ਨੀਰੂ ਬਾਲਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਕੱਠੇ ਹੀ ਤਿੰਨ ਬੱਚਿਆਂ ਨੇ ਜਨਮ ਲਿਆ, ਜਿਸ ਵਿੱਚ 2 ਲੜਕੀਆਂ ਅਤੇ 1 ਲੜਕੇ ਨੇ ਜਨਮ ਲਿਆ। ਬੱਚੇ ਬਿਲਕੁਲ ਤੰਦਰੁਸਤ ਹਨ। ਆਪੀ ਚੈਰੀਟੇਬਲ ਸੰਸਥਾ ਦੀ ਪ੍ਰਧਾਨ ਮੈਡਮ ਸੁਮਨ ਲਤਾ ਨੇ ਪਰਵਾਰ ਦੇ ਮੈਂਬਰਾਂ ਨੂੰ ਵਧਾਈ ਦਿੱਤੀ।

# ਜੈ ਕ੍ਰਿਸ਼ਨ ਸਿੰਘ ਰੌੜੀ ਦੀ ਅਗਵਾਈ 'ਚ ਪੰਚਾਇਤ ਤੇ ਕਿਸਾਨ ਆਗੂ 'ਆਪ' 'ਚ ਸ਼ਾਮਲ

**ਮਾਹਿਲਪੁਰ (ਸਫਰੀ)**

ਹਲਕਾ ਗੜ੍ਹਸ਼ੰਕਰ ਤੋਂ ਪੰਜਾਬ ਵਿਧਾਨ ਸਭਾ ਲਈ ਦੂਜੀ ਵਾਰ ਚੁਣੇ ਗਏ ਨੌਜਵਾਨ ਤੇ ਮਿਹਨਤੀ ਐਮ ਐਲ ਏ ਤੇ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੋੜੀ ਵਲੋਂ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਪੰਜਾਬ ਨੂੰ ਖੁਸ਼ਹਾਲ ਬਣਾਉਣ ਦੀਆਂ ਬਹੁਪੱਖੀ ਨੀਤੀਆਂ ਨੂੰ ਲਾਗੂ ਕਰਵਾਉਣ ਕਾਰਨ ਤੇ ਹਲਕੇ ਚ ਆਏ ਦਿਨ ਲਗਾਤਾਰ ਵੱਡੀ ਮਾਤਰਾ 'ਚ ਸ਼ੁਰੂ ਹੋ ਰਹੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਵੱਡੀ ਗਿਣਤੀ 'ਚ ਹਲਕੇ ਦੇ ਪੰਚ ਸਰਪੰਚ ਤੇ ਕਿਸਾਨ ਆਗੂ ਆਮ ਆਦਮੀ ਪਾਰਟੀ 'ਚ ਸ਼ਾਮਲ ਹੋ ਰਹੇ ਹਨ। ਇਸੇ ਲੜੀ ਤਹਿਤ ਹਲਕਾ ਗੜ੍ਹਸ਼ੰਕਰ ਅਧੀਨ ਪੈਂਦੇ ਪਿੰਡ ਬੋੜਾ ਦੀ ਗ੍ਰਾਂਮ ਪੰਚਾਇਤ ਦੇ ਸਰਪੰਚ ਕੁਲਦੀਪ ਸ਼ਰਮਾ, ਬੱਬੀ, ਗੋਰੀ, ਕਾਂਤਾ ਰਾਣੀ, ਨੀਲਮ ਰਾਣੀ, ਰਣਜੋਧ ਸਿੰਘ, ਬਲਵੀਰ ਸਿੰਘ ਪੰਚਾਇਤ ਮੈਂਬਰ, ਗ੍ਰਾਂਮ ਸਭਾ ਮੈਂਬਰ ਤੇ ਸ਼ੇਰ-ਏ-ਪੰਜਾਬ ਕਿਸਾਨ ਯੂਨੀਅਨ ਦੇ ਆਗੂ ਬਾਬਾ ਸਤਨਾਮ ਸਿੰਘ ਬੋੜਾ, ਨਿਰਮਲ ਸਿੰਘ, ਜਸਵੀਰ ਸਿੰਘ, ਲਖਵੀਰ ਸਿੰਘ ਕਾਸ਼ਵ ਦੀਨ, ਸੁਨੀਲ ਦੱਤ ਪ੍ਰਧਾਨ ਦੁਸਹਿਰਾ ਕਮੇਟੀ ਪ੍ਰਧਾਨ ਸਮੇਤ ਸੈਕੜਿਆਂ ਦੀ ਗਿਣਤੀ 'ਚ ਵੱਖ ਵੱਖ ਪਾਰਟੀਆਂ ਦੇ ਆਗੂਆਂ ਨੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਹੁਰਾਂ ਇਸ ਵਿਸ਼ੇਸ਼ ਪ੍ਰੋਗਰਾਮ 'ਚ ਸ਼ਾਮਲ ਭਾਰੀ ਇਕੱਠ ਨੂੰ ਸੰਬੋਧਨ ਕਰਦਿਆ ਕਿਹਾ ਕਿ ਪੰਜਾਬ ਸਰਕਾਰ ਦੇ ਉਸਾਰੂ ਕਾਰਜਾਂ ਕਾਰਨ ਹੀ ਅੱਜ ਪੰਜਾਬ ਹਿਤੈਸ਼ੀ ਹਰ ਆਮ ਤੇ ਖਾਸ ਵਿਅਕਤੀ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ। ਇਸ ਮੌਕੇ ਉਹਨਾਂ ਸ਼ਾਮਲ ਹੋਏ ਆਗੂਆ ਨੂੰ ਜੀ ਆਇਆ ਨੂੰ ਆਖਦਿਆ ਕਿਹਾ ਕਿ ਅਉਣ ਵਾਲੇ ਦਿਨਾਂ 'ਚ ਹਲਕੇ ਦੀਆ ਗ੍ਰਾਂਮ ਪੰਚਾਇਤਾਂ ਸਮੇਤ ਵੱਖ ਵੱਖ ਪਾਰਟੀਆ, ਕਿਸਾਨ ਯੂਨੀਅਨਾਂ ਅਤੇ ਸਮਾਜਸੇਵੀ ਸੰਸਥਾਵਾਂ ਦੇ ਆਗੂ ਵੀ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਕੇ ਪੰਜਾਬ ਨੂੰ ਖੁਸ਼ਹਾਲ ਬਣਾਉਣ ਲਈ ਆਪਣਾ ਵਿਸ਼ੇਸ਼ ਯੋਗਦਾਨ ਪਾਉਣ ਲਈ ਤਿਆਰ ਬੈਠੇ ਹਨ। ਇਸ ਮੌਕੇ ਚਰਨਜੀਤ ਸਿੰਘ ਚੰਨੀ ਓ ਐਸ ਡੀ/ ਮਾਨਯੋਗ ਡਿਪਟੀ ਸਪੀਕਰ, ਬਲਦੀਪ ਸਿੰਘ ਸਰਪੰਚ ਇਬ੍ਰਾਹਿਮਪੁਰ, ਚਾਂਦ ਬੋੜਾ ਤੋਂ ਇਲਾਵਾ ਭਾਰੀ ਗਿਣਤੀ 'ਚ ਆਪ ਵਲੰਟੀਅਰ ਤੇ ਪਿੰਡ ਵਾਸੀ ਹਾਜ਼ਰ ਸਨ।



# ਰੁੜਕਾ ਕਲਾਂ ਵਿਖੇ ਬੈਡਮਿੰਟਨ ਚੈਂਪੀਅਨਸ਼ਿਪ ਸ਼ੁਰੂ

**ਗੁਰਾਇਆ (ਬਿੰਦਰ ਸੁਮਨ)**

ਵਾਈ ਐਫ ਸੀ ਰੁੜਕਾ ਕਲਾਂ ਵੱਲੋਂ 10ਵੀ ਐਜੂਕੇਸ਼ਨਲ ਫੁੱਟਬਾਲ ਲੀਗ ਪਿਛਲੇ ਕਰੀਬ ਤਿੰਨ ਮਹੀਨੇ ਤੋਂ ਰੁੜਕਾ ਕਲਾਂ ਦੇ ਵਖ ਵਖ ਮੈਦਾਨਾਂ 'ਚ ਚੱਲ ਰਹੀ ਹੈ। ਜਿੱਥੇ ਫੁੱਟਬਾਲ ਮੁਕਾਬਲਿਆਂ ਤੋਂ ਇਲਾਵਾ ਪਿਛਲੀ ਦਿਨੀਂ ਵਾਈ ਐਫ ਸੀ ਕ੍ਰਿਕਟ ਦੇ ਸ਼ਾਨਦਾਰ ਮੁਕਾਬਲੇ ਕਰਵਾਏ ਗਏ ਸਨ। ਹੁਣ ਸ.ਸੀ.ਸੈ.ਸ. ਲੜਕੀਆਂ ਵਿਖੇ ਬਣੇ ਬੈਡਮਿੰਟਨ ਹਾਲ 'ਚ ਦੋ ਦਿਨਾ ਬੈਡਮਿੰਟਨ ਚੈਂਪੀਅਨਸ਼ਿਪ ਸ਼ੁਰੂ ਕਰਵਾਈ ਗਈ ਹੈ, ਜਿਸ 'ਚ ਪੁਰਸ਼ ਤੇ ਮਹਿਲਾ ਵਰਗ ਦੇ ਓਪਨ ਮੁਕਾਬਲੇ ਕਰਵਾਏ ਜਾ ਰਹੇ ਹਨ। ਜਿਸ 'ਚ ਸੀਨੀਅਰ ਵਰਗ ਤੇ ਉਮਰ ਵਰਗ ਦੇ ਮੁਕਾਬਲਿਆਂ 'ਚ ਹਜ਼ਾਰਾਂ ਰੁਪਏ ਦੇ ਇਨਾਮ ਵੰਡੇ ਜਾਣਗੇ। ਇਸ ਬੈਡਮਿੰਟਨ ਚੈਂਪੀਅਨਸ਼ਿਪ 'ਚ ਵੱਖ-ਵੱਖ ਪਿੰਡਾਂ ਤੋਂ ਟੀਮਾ ਭਾਗ ਲੈ ਰਹੀਆ ਹਨ, ਜਿਸ 'ਚ ਰੁੜਕਾ ਕਲਾਂ, ਨਕੋਦਰ, ਲੋਹੀਆ, ਗੁਰਾਇਆ, ਜਲੰਧਰ, ਬੁੱਟਰ, ਰੁੜਕਾ ਖੁਰਦ, ਅੱਪਰਾ ਆਦਿ ਹੋਰ ਟੀਮਾਂ ਵੀ ਭਾਗ ਲੈ ਰਹੀਆ ਹਨ। ਇਸ ਬੈਡਮਿੰਟਨ ਚੈਂਪੀਅਨਸ਼ਿਪ ਨੂੰ ਮੀਕਾ ਕਾਲੜਾ ਅਤੇ ਅਮਰੀਕ ਸਿੰਘ ਯੂ ਐੱਸ ਏ ਵੱਲੋਂ ਸਪੌਂਸਰ ਕੀਤਾ ਜਾ ਰਿਹਾ ਹੈ। ਬੈਡਮਿੰਟਨ ਚੈਂਪੀਅਨਸ਼ਿਪ ਦੇ ਉਦਘਾਟਨ ਮੌਕੇ ਪਿੰਡ ਦੇ ਪਤਵੰਤੇ ਸੱਜਣ ਤੇ ਗ੍ਰਾਮ ਪੰਚਾਇਤ ਮੈਂਬਰ ਹਾਜ਼ਰ ਸਨ। ਇਸ ਮੌਕੇ ਤੇ ਵਾਈ ਐਫ ਦੇ ਪ੍ਰਧਾਨ ਗੁਰਮੰਗਲ ਦਾਸ ਸੋਨੀ ਨੇ ਦੱਸਿਆ ਕਿ ਇਸ ਲੀਗ ਦਾ ਮਹਾਂਕੁੰਭ ਦਾ ਸਮਾਪਤੀ ਸਮਾਰੋਹ ਮਿਤੀ 19 ਫਰਵਰੀ,2023 ਦਿਨ ਐਤਵਾਰ ਨੂੰ ਹੋਵੇਗਾ।ਇਸ ਦੇ ਨਾਲ ਹੀ ਜਾਣਕਾਰੀ ਦਿੰਦੇ ਹੋਇਆ ਦੱਸਿਆ ਕਿ ਜਿਸ ਵਿੱਚ ਇਨਾਮ ਵੰਡ ਸਮਾਰੋਹ ਲੀਗ ਵਿੱਚ ਸ਼ਾਮਿਲ ਹਾਜ਼ਾਰਾ ਬੱਚਿਆ ਦਾ ਮਾਰਚ ਪਾਸਟ,ਕਬੱਡੀ ਸ਼ਹੀਦ ਸੰਦੀਪ ਨੰਗਲ ਅੰਬੀਆ ਨੂੰ ਸਮਰਪਿਤ ਮੇਜਰ ਕਬੱਡੀ ਕੱਪ ਤੇ ਪੰਜਾਬ ਦੇ ਨਾਮਵਾਰ ਕਲਾਕਾਰਾ ਵੱਲੋਂ ਸੱਭਿਆਚਾਰਕ ਪ੍ਰਗਰਾਮ ਪੇਸ਼ ਕੀਤਾ ਜਾਵੇਗਾ।



# ਡਰੋਲੀ ਕਾਲਜੀਏਟ ਸਕੂਲ ਵੱਲੋਂ ਅੰਤਰ ਸਕੂਲ ਐਥਲੈਟਿਕਸ ਸਪੋਰਟਸ ਮੁਕਾਬਲੇ ਕਰਵਾਏ



**ਆਦਮਪੁਰ, (ਪਰਮਜੀਤ ਸਿੰਘ)**

ਗੁਰੂ ਨਾਨਕ ਖਾਲਸਾ ਕਾਲਜ ਡਰੋਲੀ ਕਲਾਂ ਵਿਖੇ ਕਾਰਜਕਾਰੀ ਪ੍ਰਿੰਸੀਪਲ ਰਚਨਾ ਤੁਲੀ ਦੀ ਅਗਵਾਈ ਹੇਠ ਅੰਤਰ-ਸਕੂਲ ਐਥਲੈਟਿਕਸ ਸਪੋਰਟਸ ਮੁਕਾਬਲੇ ਕਰਵਾਏ ਗਏ। ਇਸ ਖੇਡ ਸਮਾਗਮ ਦੇ ਕੋਆਰਡੀਨੇਟਰ ਡਾ. ਰਕੇਸ਼ ਬਾਵਾ ਅਤੇ ਸੰਗਠਨਕਰਤਾ ਫਿਜ਼ੀਕਲ ਦੇ ਲੈਕਚਰਾਰ ਮੈਡਮ ਪਰਮਜੀਤ ਕੌਰ ਅਤੇ ਕੋਚ ਤਸਵੀਰ ਮੰਢਾਰ ਸਨ। ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਅੰਡਰ 17 ਅਤੇ 19 ਸਾਲ ਦੀ ਉਮਰ ਤੱਕ ਦੇ ਵਿਦਿਆਰਥੀ ਖਿਡਾਰੀਆਂ ਨੇ ਭਾਗ ਲਿਆ। ਖੇਡ ਸਮਾਗਮ ਦਾ ਉਦਘਾਟਨ ਮੁੱਖ ਮਹਿਮਾਨ ਵਜੋਂ ਪਹੁੰਚੇ ਪਾਲਦੀ ਪਿੰਡ ਦੇ ਕੈਨੇਡਾ ਵਾਸੀ ਕੁਲਦੀਪ ਸਿੰਘ ਮਨਹਾਸ ਨੇ ਝੰਡਾ ਲਹਿਰਾ ਕੇ ਕੀਤਾ। ਵਿਸ਼ੇਸ਼ ਮਹਿਮਾਨ ਵਜੋਂ ਰੋਟਰੀ ਇੰਟਰਨੈਸ਼ਨਲ ਕਲੱਬ ਦੇ ਸਹਾਇਕ ਗਵਰਨਰ ਗਗਨ ਪਸਰੀਚਾ ਹਾਜਰ ਹੋਏ। ਖੇਡ ਮੁਕਾਬਲਿਆਂ ਵਿਚ ਬੈਸਟ ਐਥਲੀਟ (ਅੰਡਰ 19) ਪੰਡੋਰੀ ਨਿੱਝਰਾਂ ਸਕੂਲ ਦੇ ਖਿਡਾਰੀ ਮੋਹਿਤ ਅਤੇ ਗੌਰਮਿੰਟ ਗਰਲਜ ਸੀਨੀਅਰ ਸੈਕੰਡਰੀ ਸਕੂਲ ਦੀ ਖਿਡਾਰਨ ਰੁਖਸਾਰ ਅਤੇ (ਅੰਡਰ 17) ਵਿੱਚ ਬੈਸਟ ਐਥਲੀਟ ਗੌਰਮਿੰਟ ਸੀਨੀਅਰ ਸੈਕੰਡਰੀ ਸਕੂਲ ਡਰੋਲੀ ਕਲਾਂ ਦੇ ਖਿਡਾਰੀ ਅਭੀਸ਼ੇਕ ਅਤੇ ਗੌਰਮਿੰਟ ਸੀਨੀਅਰ ਸੈਕੰਡਰੀ ਸਕੂਲ ਡਰੋਲੀ ਕਲਾਂ ਦੀ ਖਿਡਾਰਨ ਪਰਬੀਨਾ ਖਾਤੂਨ ਤੋਂ ਬਿਨਾਂ ਹਰ ਵਰਗ ਵਿੱਚ ਕ੍ਰਮਵਾਰ ਪਹਿਲੇ, ਦੂਜੇ ਅਤੇ ਤੀਜੇ ਸਥਾਨ ਉੱਤੇ ਰਹੇ ਖਿਡਾਰੀਆਂ ਅਤੇ ਖਿਡਾਰਨਾਂ ਨੂੰ ਤਗਮਿਆਂ ਨਾਲ ਸਨਮਾਨਿਤ ਕੀਤਾ ਗਿਆ। ਇਸ ਖੇਡ ਮੁਕਾਬਲੇ ਵਿੱਚ ਪਤਵੰਤੇ ਮਹਿਮਾਨਾਂ ਵਿੱਚ ਕੁਲਦੀਪ ਸਿੰਘ ਮਿਨਹਾਸ ਦੀ ਸੁਪਤਨੀ ਸੁਰਿੰਦਰ ਕੌਰ ਮਿਨਹਾਸ, ਪ੍ਰੋ. ਹਰਬੰਸ ਸਿੰਘ ਬੋਲੀਨਾ, ਡਾ. ਭੀਮ ਰਾਓ ਅੰਬੇਦਕਰ ਫਾਊਂਡੇਸਨ ਦੇ ਮੈਂਬਰ ਮਨਜੀਤ ਬਾਲੀ, ਸੁਖਬੀਰ ਸਿੰਘ ਕੁੱਕੀ,ਮਨੀਸ ਭੱਟੀ ਆਦਮਪੁਰ, ਬਾਬਾ ਮਤੀ ਕਮੇਟੀ ਦੇ ਪ੍ਰਧਾਨ ਜਥੇਦਾਰ ਮਨੋਹਰ ਸਿੰਘ, ਡਰੋਲੀ ਕਲਾਂ, ਪਿੰਡ ਦੇ ਸਰਪੰਚ ਰਛਪਾਲ ਸਿੰਘ, ਹਰੀਸ਼ ਕੁਮਾਰ, ਡਮੁੰਡਾ ਦੇ ਸਰਪੰਚ ਰਮੇਸ਼ ਕੁਮਾਰ ਸਨ।

# ਜਲੰਧਰ 'ਚ 2024 'ਚ ਹੋਣ ਵਾਲੀਆਂ ਪਾਰਲੀਮਾਨੀ ਚੋਣਾਂ ਦੀ ਤਿਆਰੀ ਲਈ ਮੀਟਿੰਗ

ਜਲੰਧਰ (ਸੁਰਿੰਦਰ ਕੁਮਾਰ) ਸਥਾਨਕ ਜਲੰਧਰ ਵਿੱਚ ਡੈਮੋਕ੍ਰੈਟਿਕ ਭਾਰਤੀਯ ਸਮਾਜ ਪਾਰਟੀ ਦੀ ਇੱਕ ਅਹਿਮ ਮੀਟਿੰਗ ਕੋਟਲਾ ਮੇਹਰ ਸਿੰਘ ਵਾਲਾ ਵਿਖੇ ਪੰਜਾਬ ਪ੍ਰਧਾਨ ਜੁਗਰਾਜ ਸਿੰਘ ਜੈਮਲ ਵਾਲਾ ਦੀ ਪ੍ਰਧਾਨਗੀ ਹੇਠ ਸੰਪੰਨ ਹੋਈ । ਇਸ ਮੀਟਿੰਗ ਵਿੱਚ ਪਾਰਟੀ ਦੇ ਬਹੁਤ ਸਾਰੇ ਵਰਕਰ ਸ਼ਾਮਲ ਹੋਏ । ਇਸ ਮੀਟਿੰਗ ਵਿੱਚ ਪਾਰਟੀ ਦੇ ਵਿਕਾਸ ਬਾਰੇ ਵਿਚਾਰ ਵਟਾਂਦਰੇ ਕੀਤੇ ਗਏ ।ਮੀਟਿੰਗ ਵਿੱਚ ਬਹੁਤ ਹੀ ਅਹਿਮ ਮੁੱਦਿਆਂ 'ਤੇ ਚਰਚਾ ਕੀਤੀ ਗਈ । 2024 ਦੀਆਂ ਚੋਣਾਂ ਨੂੰ ਦੇਖਦੇ ਹੋਏ ਰਾਸ਼ਟਰੀ ਪ੍ਰਧਾਨ ਰਾਜਿੰਦਰ ਗਿੱਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਲੋਕ ਧੜਾਧੜ ਡੈਮੋਕ੍ਰੈਟਿਕ ਭਾਰਤੀਯ ਸਮਾਜ ਪਾਰਟੀ ਵਿਚ ਸ਼ਾਮਲ ਹੋ ਰਹੇ ਹਨ । ਜੁਗਰਾਜ ਸਿੰਘ ਨੇ ਸੰਬੋਧਨ ਕੀਤਾ ਕਿ ਪੰਜਾਬ ਦੇ ਵੱਖ ਵੱਖ ਹਿਸਿਆਂ ਵਿੱਚ ਰੈਲੀਆਂ ਕੀਤੀਆਂ ਜਾਣਗੀਆਂ , ਪਾਰਟੀ ਨੂੰ ਕਾਮਯਾਬੀ ਦੀਆਂ ਬੁਲੰਦੀਆਂ 'ਤੇ ਪਹੁੰਚਾਇਆ ਜਾਵੇਗਾ ਅਤੇ ਵੱਧ ਤੋਂ ਵੱਧ ਲੋਕਾਂ ਨੂੰ ਇਸ ਪਾਰਟੀ ਨਾਲ ਜੋੜਿਆ ਜਾਵੇਗਾ । ਜਿਲ੍ਹਾ ਪ੍ਰਧਾਨ ਗੁਰਤੇਜ ਸਿੰਘ , ਅਰਜਨ ਗੀਤਾ , ਮਨਜੀਤ ਕੌਰ ਅਤੇ ਪਾਰਟੀ ਦੇ ਬਹੁਤ ਸਾਰੇ ਵਰਕਰ ਇਸ ਮੀਟਿੰਗ ਵਿਚ ਸ਼ਾਮਲ ਹੋਏ ।

# ਲੋਕ ਅਦਾਲਤ 'ਚ 35 ਸਾਲਾਂ ਤੋਂ ਲੰਬਿਤ ਕੇਸਾਂ ਦਾ ਨਿਪਟਾਰਾ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**

ਕੌਮੀ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਪੰਜਾਬ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਨਿਰਦੇਸ਼ਾਂ ਮੁਤਾਬਕ ਮੈਡਮ ਰੁਪਿੰਦਰਜੀਤ ਚਹਿਲ ਮਾਣਯੋਗ ਜਿਲ੍ਹਾ ਤੇ ਸੈਸਨਜ਼ ਜੱਜ ਕਮ ਚੇਅਰਮੈਨ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜਲੰਧਰ ਦੀ ਯੋਗ ਰਹਿਨੁਮਾਈ ਹੇਠ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਜਲੰਧਰ ਵੱਲੋਂ ਕੌਮੀ ਲੋਕ ਅਦਾਲਤ ਦਾ ਆਯੋਜਨ ਜੁਡੀਸੀਅਲ ਅਦਾਲਤਾਂ ਅਤੇ ਮਾਲ ਮਹਿਕਮੇ 'ਚ ਲੰਬਿਤ ਦੀਵਾਨੀ, ਵਿਵਾਹਿਕ ਝਗੜੇ, ਮੋਟਰ ਦੁਰਘਟਨਾ ਕਲੇਮ ਕੇਸ, ਬਿਜਲੀ ਕਾਨੂੰਨ ਦੇ ਕੰਪਾਂਉਡੇਬਲ, ਟ੍ਰੈਫਿਕ ਚਲਾਨ ਅਤੇ ਫੌਜਦਾਰੀ ਦੇ ਸਮਝੌਤਾ ਹੋ ਸਕਣ ਵਾਲੇ ਕੇਸਾਂ ਅਤੇ ਹੋਰ ਸੰਸਥਾਵਾ ਜਿਵੇਂ ਬੈਂਕਾਂ, ਬਿਜਲੀ ਵਿਭਾਗ, ਭਾਰਤ ਸੰਚਾਰ ਨਿਗਮ ਅਤੇ ਵਿਤੀ ਸੰਸਥਾਨਾਂ ਦੇ ਪ੍ਰੀਲਿਟੀਗੇਟਿਵ ਕੇਸਾਂ ਦਾ ਫੈਸਲਾ ਰਾਜੀਨਾਮੇ ਰਾਹੀਂ ਕਰਵਾਉਣ ਲਈ ਕੀਤਾ ਗਿਆ। ਇਸ ਸੰਬੰਧੀ ਜਾਣਕਾਰੀ ਦਿੰਦਿਆ ਮੈਡਮ ਰੁਪਿੰਦਰਜੀਤ ਚਹਿਲ ਮਾਣਯੋਗ ਜਿਲ੍ਹਾ ਤੇ ਸੈਸਨਜ਼ ਜੱਜ ਕਮ ਚੇਅਰਮੈਨ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜਲੰਧਰ ਨੇ ਦੱਸਿਆ ਕਿ ਜਿਲ੍ਹਾ ਜਲੰਧਰ ਵਿਖੇ 23, ਨਕੋਦਰ 'ਚ 3 ਅਤੇ ਫਿਲੌਰ ਵਿਖੇ 2 ਕੁੱਲ 28 ਬੈਂਚ ਸਥਾਪਿਤ ਕੀਤੇ ਗਏ ਸਨ। ਜਿਲ੍ਹਾ ਕਚਿਹਰੀਆਂ ਜਲੰਧਰ, ਨਕੋਦਰ ਅਤੇ ਫਿਲੌਰ ਵਿਖੇ ਉਪਰੋਕਤ ਸ਼੍ਰੇਣੀਆਂ ਨਾਲ ਸਬੰਧਤ ਕੁੱਲ 31305 ਕੇਸ ਸੁਣਵਾਈ ਲਈ ਰੱਖੇ ਗਏ ਸਨ ਜਿਨ੍ਹਾਂ 'ਚੋਂ 18916 ਕੇਸਾਂ ਦਾ ਨਿਪਟਾਰਾ ਮੌਕੇ 'ਤੇ ਹੀ ਰਾਜ਼ੀਨਾਮੇ ਰਾਹੀਂ ਕਰਵਾਇਆ ਗਿਆ। ਇਨ੍ਹਾਂ ਕੇਸਾਂ ਵਿੱਚ ਦਫਤਰ ਡਿਪਟੀ ਕਮਿਸ਼ਨਰ ਕੰਪਲੈਕਸ ਵਿਖੇ ਰੈਵੀਨਿਊ ਨਾਲ ਸੰਬੰਧਤ 10, 285 ਕੇਸ ਵੀ ਨਿਪਟਾਏ ਗਏ। ਜਲੰਧਰ ਵਿਖੇ ਲਗਾਏ ਗਏ 23 ਬੈਂਚਾ ਦਾ ਨਿਰੀਖਣ ਮੈਡਮ ਰੁਪਿੰਦਰਜੀਤ ਚਹਿਲ ਮਾਣਯੋਗ ਜਿਲ੍ਹਾ ਤੇ ਸੈਸਨਜ਼ ਜੱਜ ਕਮ ਚੇਅਰਮੈਨ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜਲੰਧਰ ਵੱਲੋਂ ਕੀਤਾ ਗਿਆ। ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜਲੰਧਰ ਦੇ ਉਪਰਾਲੇ ਸਦਕਾ ਟਰਾਂਸਜੈਂਡਰਜ ਦੀ ਭਲਾਈ ਲਈ ਕੰਮ ਕਰ ਰਹੀ ਸੰਸਥਾ ਸ਼ਾਨ ਫਾਊਂਡੇਸ਼ਨ ਦੇ ਸਰਪਰਸਤ ਦੀਪਕ ਰਾਣਾ ਨੂੰ ਲੋਕ ਅਦਾਲਤ ਦੇ ਇੱਕ ਬੈਂਚ ਦਾ ਮੈਂਬਰ ਬਣਾਇਆ ਗਿਆ ਸੀ, ਤਾਂ ਜੋ ਇਸ ਸ਼੍ਰੇਣੀ ਨੂੰ ਲੋੜੀਂਦਾ ਸਤਿਕਾਰ ਦਿੱਤਾ ਜਾ ਸਕੇ। ਇਸ ਮੌਕੇ ਡਾ. ਗਗਨਦੀਪ ਕੌਰ, ਸੀ.ਜੇ.ਐੱਮ. ਕਮ ਸਕੱਤਰ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜਲੰਧਰ ਨੇ ਦੱਸਿਆ ਕਿ ਕਾਨੂੰਨੀ ਸੇਵਾਵਾਂ ਅਥਾਰਟੀਆਂ ਵੱਲੋਂ ਸਮੇਂ ਸਮੇਂ ਤੇ ਇਹ ਲੋਕ ਅਦਾਲਤਾਂ ਕਰਵਾਈਆਂ ਜਾਂਦੀਆਂ ਹਨ ਤਾਂ ਜੋ ਆਪਸੀ ਗੱਲਬਾਤ ਰਾਹੀ ਸਮਝੌਤਾ ਹੋ ਕੇ ਸੁਚੱਜੇ ਹੱਲ ਰਾਹੀਂ ਝਗੜੇ ਦਾ ਨਿਪਟਾਰਾ ਕੀਤਾ ਜਾ ਸਕੇ। ਲੋਕ ਅਦਾਲਤ 'ਚ ਮਸਲਾ ਲਗਵਾਉਣ ਲਈ ਅਤੇ ਕਾਨੂੰਨੀ ਸੇਵਾਵਾਂ ਦੀਆਂ ਹੋਰ ਸੁਵਿਧਾਵਾਂ ਬਾਰੇ ਜਾਣਕਾਰੀ ਲੈਣ ਲਈ ਪੰਜਾਬ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਟੋਲ ਫ੍ਰੀ ਨੰਬਰ 1968 ਤੇ ਰਾਬਤਾ ਕੀਤਾ ਜਾ ਸਕਦਾ ਹੈ।

